ਸ਼ੁੱਕਰਵਾਰ, 25 ਸਤੰਬਰ, 2026
9 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 115

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 25 SEPTEMBER, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

# ਗਿਆਨੇਸ਼ ਨੂੰ 48 ਘੰਟੇ ਦਾ ਅਲਟੀਮੇਟਮ, ਨਹੀਂ ਤਾਂ ਜੰਤਰ-ਮੰਤਰ

## ਵੋਟ ਚੋਰੀ ਖਿਲਾਫ ਦੇਸ਼ ਭਰ 'ਚ ਰੋਹ ਪ੍ਰਚੰਡ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਵੀਰਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫੇ ਦੀ ਮੰਗ ਕਰਦੇ ਹੋਏ 48 ਘੰਟੇ ਦਾ ਅਲਟੀਮੇਟਮ ਦਿੱਤਾ ਹੈ ਤੇ ਕਿਹਾ ਹੈ ਕਿ ਜੇਕਰ ਉਹ ਅਹੁਦਾ ਛੱਡਣ ਵਿੱਚ ਅਸਫਲ ਰਹੇ ਤਾਂ ਸੰਗਠਨ ਦੇਸ਼ ਵਿਆਪੀ ਅੰਦੋਲਨ ਸ਼ੁਰੂ ਕਰੇਗਾ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੀਪਕੇ ਨੇ ਦੋਸ਼ ਲਾਇਆ ਕਿ ਕੁਮਾਰ ਦੀ ਅਗਵਾਈ ਹੇਠ ਚੋਣ ਕਮਿਸ਼ਨ ਦੇ ਕੰਮਕਾਜ ਨੇ ਵੋਟ ਪਾਉਣ ਦੇ ਅਧਿਕਾਰ ਨੂੰ ਕਮਜ਼ੋਰ ਕੀਤਾ ਹੈ ।ਦੀਪਕੇ ਨੇ ਵੋਟਰ ਸੂਚੀਆਂ ਵਿੱਚ ਹੇਰਾਫੇਰੀ ਕਰਨ ਦਾ ਦੋਸ਼ ਲਗਾਇਆ। ਸੀ ਜੇ ਪੀ ਕੁਮਾਰ ਦੇ ਅਸਤੀਫਾ ਦੇਣ ਤੱਕ ਆਪਣਾ ਅੰਦੋਲਨ ਜਾਰੀ ਰੱਖੇਗਾ। ਸੁਤੰਤਰ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਲਈ ਗਿਆਨੇਸ਼ ਕੁਮਾਰ ਨੂੰ ਅਸਤੀਫਾ ਦੇਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਜੇਕਰ 48 ਘੰਟਿਆਂ ਦੇ ਅੰਦਰ ਗਿਆਨੇਸ਼ ਕੁਮਾਰ ਅਸਤੀਫਾ ਨਹੀਂ ਦਿੰਦੇ ਤਾਂ ਕਾਕਰੋਚ ਜਨਤਾ ਪਾਰਟੀ ਦੇਸ਼ ਵਿਆਪੀ ਅੰਦੋਲਨ ਸ਼ੁਰੂ ਕਰੇਗੀ। ਅਸੀਂ ਉਦੋਂ ਤੱਕ ਪਿੱਛੇ ਨਹੀਂ ਹਟਾਂਗੇ, ਜਦੋਂ ਤੱਕ ਗਿਆਨੇਸ਼ ਕੁਮਾਰ ਅਸਤੀਫਾ ਨਹੀਂ ਦੇ ਦਿੰਦੇ। ਪ੍ਰਸਤਾਵਿਤ ਅੰਦੋਲਨ ਜੂਨ ਵਿੱਚ ਜੰਤਰ-ਮੰਤਰ 'ਤੇ ਕੀਤੇ ਗਏ ਆਪਣੇ ਵਿਰੋਧ ਪ੍ਰਦਰਸ਼ਨ ਦੀ ਤਰਜ਼ 'ਤੇ ਹੋਵੇਗਾ। ਦੀਪਕੇ ਦੀ ਇਹ ਮੰਗ ਚੋਣ ਕਮਿਸ਼ਨ ਦੇ ਵੋਟਰ ਸੂਚੀਆਂ ਦੇ ਵਿਸ਼ੇਸ਼ ਤੀਬਰ ਸੋਧ (ਐੱਸ ਆਈ ਆਰ) 'ਤੇ ਵਿਵਾਦ ਅਤੇ ਇੱਕ ਰਿਪੋਰਟ ਦੇ ਵਿਚਕਾਰ ਆਈ ਹੈ, ਜਿਸ ਵਿਚ ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ ਨੇ ਪਿਛਲੇ 10 ਮਹੀਨਿਆਂ ਦੌਰਾਨ ਐੱਸ ਆਈ ਆਰ ਦੇ ਕਈ ਪਹਿਲੂਆਂ 'ਤੇ ਇਤਰਾਜ਼ ਉਠਾਏ ਸਨ। ਦੋਵਾਂ ਚੋਣ ਕਮਿਸ਼ਨਰਾਂ ਨੇ ਵੋਟਰ ਜੋੜਨ, ਹਟਾਉਣ ਅਤੇ ਬਹਾਲ ਕਰਨ, ਫਾਰਮ 6 ਵਿੱਚ ਬਦਲਾਅ ਕਰਨ ਅਤੇ ਵੋਟਰ-ਰੋਲ ਡੇਟਾ ਦੇ ਪ੍ਰਬੰਧਨ ਦੇ ਪਹਿਲੂਆਂ ਸਮੇਤ ਮੁੱਦਿਆਂ 'ਤੇ 14 ਵਾਰ ਇਤਰਾਜ਼ ਕੀਤਾ ਸੀ। ਹਾਲਾਂ ਕਿ ਤਿੰਨਾਂ ਕਮਿਸ਼ਨਰਾਂ ਦੁਆਰਾ ਦਸਤਖਤ ਕੀਤੇ ਇੱਕ ਬਿਆਨ ਵਿੱਚ, ਚੋਣ ਕਮਿਸ਼ਨ ਨੇ ਕਿਹਾ ਕਿ ਵੱਖੋ-ਵੱਖਰੇ ਵਿਚਾਰ, ਲਿਖਤੀ ਨੋਟ ਅਤੇ ਅੰਦਰੂਨੀ ਜਾਂਚ ਵਿਚਾਰ-ਵਟਾਂਦਰੇ ਦਾ ਇੱਕ ਆਮ ਹਿੱਸਾ ਸਨ ਅਤੇ ਐੱਸ ਆਈ ਆਰ ਨਾਲ ਸੰਬੰਧਤ ਫੈਸਲੇ ਸਰਬਸੰਮਤੀ ਨਾਲ ਲਏ ਗਏ ਸਨ।

ਦੀਪਕੇ ਨੇ ਕੁਮਾਰ 'ਤੇ ਭਾਰਤ ਦੇ ਲੋਕਤੰਤਰ ਲਈ ਖ਼ਤਰਾ ਪੈਦਾ ਕਰਨ ਦਾ ਦੋਸ਼ ਲਗਾਇਆ ਕਿ ਉਨ੍ਹਾਂ ਦੇ ਅਧੀਨ ਚੋਣ ਕਮਿਸ਼ਨ ਨੇ ਸਰਕਾਰ ਨੂੰ ਇਹ ਫੈਸਲਾ ਕਰਨ ਦੀ ਪ੍ਰਭਾਵਸ਼ਾਲੀ ਢੰਗ ਨਾਲ ਇਜਾਜ਼ਤ ਦਿੱਤੀ ਸੀ ਕਿ ਕਿਸ ਨੂੰ ਵੋਟ ਪਾਉਣ ਦੀ ਇਜਾਜ਼ਤ ਦਿੱਤੀ ਜਾਵੇਗੀ।

ਉਹਨਾ ਕਿਹਾ ਕਿ ਗਿਆਨੇਸ਼ ਕੁਮਾਰ ਦੇਸ਼ ਦਾ ਸਭ ਤੋਂ ਵੱਡਾ ਰਾਸ਼ਟਰ ਵਿਰੋਧੀ ਹੈ। ਉਸ ਨੂੰ ਤੁਰੰਤ ਅਸਤੀਫਾ ਦੇ ਦੇਣਾ ਚਾਹੀਦਾ ਹੈ, ਕਿਉਂਕਿ ਉਹ ਭਾਰਤ ਦੇ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ ਹੈ। ਉਨ੍ਹਾ ਕਿਹਾ ਕਿ ਲੋਕਤੰਤਰ ਦਾ ਅਰਥ ਹੈ ਕਿ ਲੋਕ ਸਰਕਾਰ ਚੁਣਨਗੇ, ਗਿਆਨੇਸ਼ ਕੁਮਾਰ ਦੇ ਮੁੱਖ ਚੋਣ ਕਮਿਸ਼ਨਰ ਬਣਨ ਤੋਂ ਬਾਅਦ ਸਰਕਾਰ ਇਹ ਫੈਸਲਾ ਕਰ ਰਹੀ ਹੈ ਕਿ ਕਿਸ ਨੂੰ ਵੋਟ ਪਾਉਣ ਦੀ ਇਜਾਜ਼ਤ ਦਿੱਤੀ ਜਾਵੇਗੀ ਅਤੇ ਕਿਸ ਨੂੰ ਨਹੀਂ। ਕੀ ਇਹ ਲੋਕਤੰਤਰ ਹੈ? ਇਹ ਲੋਕਤੰਤਰ ਦੀ ਕਿਸ ਤਰ੍ਹਾਂ ਦੀ ਪਰਿਭਾਸ਼ਾ ਹੈ? ਤੁਸੀਂ ਲੋਕਤੰਤਰ ਦੀ ਪੂਰੀ ਧਾਰਨਾ ਨੂੰ ਉਲਟਾ ਦਿੱਤਾ ਹੈ। ਦੀਪਕੇ ਨੇ ਦੋਸ਼ ਲਗਾਇਆ ਕਿ 13 ਕਰੋੜ ਤੋਂ ਵੱਧ ਵੋਟਾਂ ਮਿਟਾ ਦਿੱਤੀਆਂ ਗਈਆਂ ਹਨ, ਇਹ ਸਵਾਲ ਕਰਦੇ ਹੋਏ ਕਿ ਕੀ ਮਿਟਾ ਦੇਣ ਦਾ ਉਦੇਸ਼ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਵਿਚਕਾਰ ਪਾੜਾ ਵਧਾਉਣਾ ਸੀ। ਕੁੱਲ ਮਿਲਾ ਕੇ 13 ਕਰੋੜ ਤੋਂ ਵੱਧ ਵੋਟਾਂ ਡਿਲੀਟ ਕੀਤੀਆਂ ਗਈਆਂ ਹਨ। ਇਹ ਕੋਈ ਛੋਟੀ ਗਿਣਤੀ ਨਹੀਂ ਹੈ। 2024 ਦੀਆਂ ਲੋਕ ਸਭਾ ਚੋਣਾਂ ਵਿੱਚ, ਵਿਰੋਧੀ ਧਿਰ ਅਤੇ ਸੱਤਾਧਾਰੀ ਪਾਰਟੀ (ਐੱਨ ਡੀ ਏ) ਵਿਚਕਾਰ ਫਰਕ ਸਿਰਫ਼ 2% ਸੀ। 13 ਕਰੋੜ ਵੋਟਾਂ ਡਿਲੀਟ ਕਰਨਾ ਕੁੱਲ ਵੋਟਾਂ ਦੇ ਲਗਭਗ 13% ਤੋਂ 14% ਡਿਲੀਟ ਕਰਨ ਦੇ ਬਰਾਬਰ ਹੈ। ਉਸ ਨੇ ਦੋਸ਼ ਲਗਾਇਆ ਕਿ ਵੋਟਰਾਂ ਨੂੰ ਡਿਲੀਟ ਕਰਨ ਨਾਲ ਵਿਰੋਧੀ ਆਗੂਆਂ ਅਤੇ ਪਾਰਟੀਆਂ 'ਤੇ ਅਸਰ ਪਿਆ ਹੈ। ਉਨ੍ਹਾ ਮਮਤਾ ਬੈਨਰਜੀ, ਐਮ ਕੇ ਸਟਾਲਿਨ, ਅਰਵਿੰਦ ਕੇਜਰੀਵਾਲ ਅਤੇ ਪਿਨਾਰਾਈ ਵਿਜਯਨ ਦਾ ਹਵਾਲਾ ਦਿੱਤਾ। ਦੀਪਕੇ ਨੇ ਕਿਹਾ, '2024 ਦੀਆਂ ਚੋਣਾਂ ਵਿੱਚ ਭਾਜਪਾ ਬਹੁਮਤ ਹਾਸਲ ਕਰਨ ਵਿੱਚ ਅਸਫਲ ਰਹੀ। ਜਦੋਂ ਉਹ ਉਸ ਬਹੁਮਤ ਤੋਂ ਘੱਟ ਰਹਿ ਗਏ ਤਾਂ ਘਬਰਾਹਟ ਦਾ ਬਟਨ ਦਬਾ ਦਿੱਤਾ ਗਿਆ।' 400 ਪਾਰ ਦਾ ਨਾਅਰਾ ਦੇਣ ਤੋਂ ਬਾਅਦ ਉਹ 240 ਸੀਟਾਂ 'ਤੇ ਆ ਗਏ। ਉਸ ਤੋਂ ਬਾਅਦ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਦੇਸ਼ ਦਾ ਮੂਡ ਬਦਲ ਰਿਹਾ ਹੈ ਅਤੇ ਖੇਤਰੀ ਤਾਕਤਾਂ ਬਹੁਤ ਮਜ਼ਬੂਤੀ ਨਾਲ ਉਭਰ ਰਹੀਆਂ ਹਨ।



## ਮੋਦੀ, ਸ਼ਾਹ ਤੇ ਗਿਆਨੇਸ਼ ਦੇਸ਼ਧ੍ਰੋਹੀ : ਰਾਹੁਲ ਗਾਂਧੀ

**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਵੀਰਵਾਰ ਨੂੰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇਸ਼ਧ੍ਰੋਹੀ ਹਨ ਕਿਉਂਕਿ ਉਨ੍ਹਾਂ ਨੇ ਭਾਰਤ ਦੀ ਵੋਟ ਨੂੰ ਬਰਬਾਦ ਕੀਤਾ ਹੈ। ਉਨ੍ਹਾਂ ਨੇ ਸੀ ਈ ਸੀ ਦੇ ਤੁਰੰਤ ਅਸਤੀਫੇ ਦੀ ਮੰਗ ਕੀਤੀ ਹੈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਜ਼ੋਰ ਦੇ ਕੇ ਕਿਹਾ ਕਿ ਮੋਦੀ ਅਤੇ ਸ਼ਾਹ ਵੱਲੋਂ ਕੀਤੇ ਕੰਮਾਂ ਦੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸੀ ਈ ਸੀ ਨੇ ਜੋ ਕੀਤਾ ਹੈ ਉਹ ਭਾਰਤੀ ਰਾਸ਼ਟਰ ਵਿਰੁੱਧ ਇੱਕ ਕਾਰਵਾਈ ਹੈ। ਇਹ ਸੰਵਿਧਾਨ ਅਤੇ ਦੇਸ਼ ਦੇ ਕਾਨੂੰਨੀ ਢਾਂਚੇ 'ਤੇ ਹਮਲਾ ਹੈ। ਰਾਹੁਲ ਗਾਂਧੀ ਨੇ ਇੱਥੇ ਇੰਦਰਾ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ "ਤੁਹਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਸੀ ਕਿ ਵੋਟ ਦੀ ਰੱਖਿਆ ਕੀਤੀ ਜਾਵੇ। ਸਾਡੇ ਕੋਲ ਸਾਬਤ ਕਰਨ ਲਈ ਕਾਫ਼ੀ ਜਾਣਕਾਰੀ ਹੈ। ਇਸ ਦੇ ਨਤੀਜੇ ਭੁਗਤਣੇ ਪੈਣਗੇ। ਅਸੀਂ ਲੋਕਤੰਤਰ ਨੂੰ ਤਬਾਹ ਨਹੀਂ ਹੋਣ ਦੇਵਾਂਗੇ ਅਤੇ ਚੁੱਪ ਨਹੀਂ ਬੈਠਣ ਦੇਵਾਂਗੇ। ਜ਼ਿੰਮੇਵਾਰ ਲੋਕਾਂ ਨੂੰ ਸਜ਼ਾ ਦਿੱਤੀ ਜਾਵੇਗੀ।" ਗਾਂਧੀ ਨੇ ਕਿਹਾ ਕਿ ਕੁਮਾਰ ਨੂੰ ਉਨ੍ਹਾਂ ਦਾ ਸੁਝਾਅ ਹੈ ਕਿ ਉਸ ਨੂੰ ਸਰਕਾਰੀ ਗਵਾਹ ਬਣਨਾ ਚਾਹੀਦਾ ਹੈ ਕਿਉਂਕਿ ਇਹ ਰਾਸ਼ਟਰਵਾਦ ਦਾ ਕੰਮ ਹੋਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਸ਼ਾਹ ਦੋਵਾਂ ਵੱਲੋਂ ਜੋ ਕੀਤਾ ਜਾ ਰਿਹਾ ਹੈ, ਉਸ ਦੀ ਜਾਂਚ ਕੀਤੀ ਜਾਵੇਗੀ, ਉਹ ਇਸ ਸਾਜ਼ਿਸ਼ ਦੇ ਸਿਖਰ 'ਤੇ ਹਨ। ਇੰਡੀਅਨ ਯੂਥ ਕਾਂਗਰਸ ਨੇ ਵੀਰਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਕਾਰਵਾਈ ਦੀ ਮੰਗ ਕਰਦੇ ਹੋਏ ਇੱਕ ਦੇਸ਼ ਵਿਆਪੀ ਆਨਲਾਈਨ ਨਾਗਰਿਕ ਪਟੀਸ਼ਨ ਸ਼ੁਰੂ ਕੀਤੀ ਹੈ।

• ਬਾਕੀ ਸਫਾ 2 'ਤੇ

## ਗਿਆਨੇਸ਼ ਨੂੰ ਬਰਖਾਸਤ ਕਰੋ : ਖੱਬੀਆਂ ਪਾਰਟੀਆਂ

### 26 ਤੋਂ 2 ਅਕਤੂਬਰ ਤੱਕ ਦੇਸ਼-ਵਿਆਪੀ ਪ੍ਰੋਟੈੱਸਟ

**ਲੁਧਿਆਣਾ (ਐੱਮ ਐੱਸ ਭਾਟੀਆ)**



ਦੇਸ਼ ਦੀਆਂ ਪੰਜ ਖੱਬੇ ਪੱਖੀ ਪਾਰਟੀਆਂ ਨੇ ਨਵੀਂ ਦਿੱਲੀ 'ਚ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਅਹੁਦੇ ਤੋਂ ਹਟਾਉਣ ਅਤੇ ਭਾਰਤੀ ਚੋਣ ਕਮਿਸ਼ਨ ਦੀ ਸਾਖ ਤੇ ਸੁਤੰਤਰਤਾ ਬਹਾਲ ਕਰਨ ਦੀ ਪੁਰਜ਼ੋਰ ਮੰਗ ਕੀਤੀ ਹੈ। ਖੱਬੀਆਂ ਧਿਰਾਂ ਨੇ ਦੋਸ਼ ਲਾਇਆ ਕਿ ਚੋਣ ਕਮਿਸ਼ਨ ਦੀ ਸੁਤੰਤਰਤਾ ਅਤੇ ਨਿਰਪੱਖਤਾ ਨਾਲ ਗੰਭੀਰ ਸਮਝੌਤਾ ਕੀਤਾ ਗਿਆ ਹੈ।ਸਾਂਝੇ ਬਿਆਨ ਵਿੱਚ 'ਇੰਡੀਅਨ ਐੱਕਸਪ੍ਰੈੱਸ' ਦੀ 23 ਸਤੰਬਰ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਦੱਸਿਆ ਗਿਆ ਕਿ ਬਾਕੀ ਦੋ ਚੋਣ ਕਮਿਸ਼ਨਰਾਂ ਨੇ ਹੀ ਮੌਜੂਦਾ ਚੀਫ਼ ਇਲੈਕਸ਼ਨ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਕੰਮਕਾਜ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਦੋਵਾਂ ਕਮਿਸ਼ਨਰਾਂ ਨੇ ਘੱਟੋ-ਘੱਟ 14 ਮੌਕਿਆਂ 'ਤੇ ਵੋਟਰ ਰਜਿਸਟ੍ਰੇਸ਼ਨ, ਨਾਂਅ ਕੱਟਣ, ਮੁੜ ਸ਼ਾਮਲ ਕਰਨ ਅਤੇ 'ਵਿਸ਼ੇਸ਼ ਸੰਘਣੇ ਸੁਧਾਰ' ਪ੍ਰਕਿਰਿਆ ਦੇ ਫੈਸਲਿਆਂ 'ਤੇ ਆਪਣੀਆਂ ਲਿਖਤੀ ਅਸਹਿਮਤੀਆਂ ਤੇ ਇਤਰਾਜ਼ ਦਰਜ ਕਰਵਾਏ ਹਨ।ਇਸ ਤੋਂ ਇਲਾਵਾ ਉਨ੍ਹਾਂ ਦੀ ਸਹਿਮਤੀ ਤੋਂ ਬਿਨਾਂ ਹੀ ਕਈ ਅਹਿਮ ਫੈਸਲੇ ਲਏ ਗਏ ਹਨ।ਖੱਬੀਆਂ ਧਿਰਾਂ ਅਨੁਸਾਰ ਇਹ ਖੁਲਾਸੇ ਵਿਰੋਧੀ ਧਿਰਾਂ ਅਤੇ ਸਿਵਲ ਸੁਸਾਇਟੀ ਵੱਲੋਂ ਪਹਿਲਾਂ ਤੋਂ ਜਤਾਏ ਜਾ ਰਹੇ ਖਦਸ਼ਿਆਂ ਦੀ ਪੁਸ਼ਟੀ ਕਰਦੇ ਹਨ।ਵੋਟਰ ਡਾਟਾਬੇਸ ਦਾ ਕੇਂਦਰੀਕਰਨ ਕਰਕੇ ਰਾਜ ਅਤੇ ਹਲਕਾ ਪੱਧਰੀ ਸੰਵਿਧਾਨਕ ਅਧਿਕਾਰੀਆਂ ਦੇ ਅਧਿਕਾਰਾਂ ਨੂੰ ਸੀਮਤ ਕੀਤਾ ਜਾ ਰਿਹਾ ਹੈ।ਬਿਆਨ ਵਿੱਚ ਗੋਆ ਦੀ ਮਿਸਾਲ ਦਿੰਦਿਆਂ ਦੱਸਿਆ ਗਿਆ ਕਿ ਉੱਥੇ ਸਾਫਟਵੇਅਰ ਦੀਆਂ ਰੋਕਾਂ ਕਾਰਨ ਚੋਣ ਰਜਿਸਟ੍ਰੇਸ਼ਨ ਅਧਿਕਾਰੀ 97 ਯੋਗ ਵੋਟਰਾਂ ਦੇ ਨਾਂਅ ਦਰਜ ਕਰਨ ਤੋਂ ਅਸਮਰੱਥ ਰਹੇ। ਖੱਬੀਆਂ ਧਿਰਾਂ ਵੱਲੋਂ ਮੰਗ ਕੀਤੀ ਜਾ ਰਹੀ ਹੈ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਤੁਰੰਤ ਅਹੁਦੇ ਤੋਂ ਹਟਾਇਆ ਜਾਵੇ, ਐੱਸ ਆਈ ਆਰ ਪ੍ਰਕਿਰਿਆ 'ਤੇ ਰੋਕ ਲਗਾਈ ਜਾਵੇ ਅਤੇ ਵੋਟਰ ਸੂਚੀਆਂ 'ਚੋਂ ਗਲਤ ਤਰੀਕੇ ਨਾਲ ਬਾਹਰ ਕੀਤੇ ਸਾਰੇ ਵੋਟਰਾਂ ਦੇ ਹੱਕ ਬਹਾਲ ਕੀਤੇ ਜਾਣ, ਚੋਣ ਕਮਿਸ਼ਨ ਦਾ ਸੁਤੰਤਰ ਅਤੇ ਲੋਕਤੰਤਰੀ ਕੰਮਕਾਜ ਬਹਾਲ ਕੀਤਾ ਜਾਵੇ, ਚੋਣ ਕਮਿਸ਼ਨਰਾਂ ਦੀ ਨਿਯੁਕਤੀ ਲਈ ਸੁਪਰੀਮ ਕੋਰਟ ਵੱਲੋਂ ਸੁਝਾਈ ਗਈ ਕਮੇਟੀ (ਜਿਸ ਵਿੱਚ ਪ੍ਰਧਾਨ ਮੰਤਰੀ, ਵਿਰੋਧੀ ਧਿਰ ਦਾ ਨੇਤਾ ਅਤੇ ਸੁਪਰੀਮ ਕੋਰਟ ਦੇ ਮੁੱਖ ਜੱਜ ਸ਼ਾਮਲ ਹੋਣ) ਵਾਲੀ ਪ੍ਰਣਾਲੀ ਲਾਗੂ ਕੀਤੀ ਜਾਵੇ।ਖੱਬੀਆਂ ਪਾਰਟੀਆਂ ਨੇ ਦੇਸ਼ ਭਰ ਵਿੱਚ ਆਪਣੇ ਕੇਡਰ ਨੂੰ 26 ਸਤੰਬਰ ਤੋਂ 2 ਅਕਤੂਬਰ ਤੱਕ 'ਵਿਰੋਧ ਹਫ਼ਤਾ' ਮਨਾਉਣ ਦਾ ਸੱਦਾ ਦਿੱਤਾ ਹੈ।ਇਸ ਦੌਰਾਨ 28 ਸਤੰਬਰ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ 2 ਅਕਤੂਬਰ ਨੂੰ ਮਹਾਤਮਾ ਗਾਂਧੀ ਦੇ ਜਨਮ ਦਿਹਾੜੇ ਨੂੰ ਸਮਰਪਤ ਪ੍ਰੋਗਰਾਮ ਉਲੀਕੇ ਜਾਣਗੇ, ਜਿਨ੍ਹਾਂ ਹਮੇਸ਼ਾ ਲੋਕਤੰਤਰ ਅਤੇ ਧਰਮ ਨਿਰਪੱਖਤਾ ਲਈ ਲੜਾਈ ਲੜੀ।ਪਾਰਟੀਆਂ ਨੇ ਸਾਰੀਆਂ ਗੈਰ-ਭਾਜਪਾ, ਧਰਮ ਨਿਰਪੱਖ ਤੇ ਲੋਕਤੰਤਰੀ ਧਿਰਾਂ ਅਤੇ ਆਮ ਸ਼ਹਿਰੀਆਂ ਨੂੰ ਇਸ ਅੰਦੋਲਨ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।ਇਹ ਸਾਂਝਾ ਬਿਆਨ ਡੀ ਰਾਜਾ (ਜਨਰਲ ਸਕੱਤਰ, ਸੀ ਪੀ ਆਈ), ਐੱਮ ਏ ਬੇਬੀ (ਜਨਰਲ ਸਕੱਤਰ, ਸੀ ਪੀ ਆਈ ਐੱਮ), ਦੀਪਾਂਕਰ ਭੱਟਾਚਾਰੀਆ (ਜਨਰਲ ਸਕੱਤਰ, ਸੀ ਪੀ ਆਈ ਐੱਮ ਐੱਲ-ਲਿਬਰੇਸ਼ਨ), ਜੀ. ਦੇਵਰਾਜਨ (ਜਨਰਲ ਸਕੱਤਰ, ਏ ਆਈ ਐੱਫ ਬੀ) ਅਤੇ ਮਨੋਜ ਭੱਟਾਚਾਰੀਆ (ਜਨਰਲ ਸਕੱਤਰ, ਆਰ ਐੱਸ ਪੀ) ਵੱਲੋਂ ਜਾਰੀ ਕੀਤਾ ਗਿਆ ਹੈ।

## ਜੰਗ ਹਿੰਦ ਮਹਾਸਾਗਰ ਤੱਕ ਪਹੁੰਚ ਸਕਦੀ : ਈਰਾਨ

**ਤਹਿਰਾਨ** : ਈਰਾਨ ਨੇ ਚੇਤਾਵਨੀ ਦਿੱਤੀ ਹੈ ਕਿ ਚੱਲ ਰਿਹਾ ਮੱਧ-ਪੂਰਬ ਟਕਰਾਅ ਹਿੰਦ ਮਹਾਂਸਾਗਰ ਤੱਕ ਫੈਲ ਸਕਦਾ ਹੈ। ਇਸ ਚਿਤਾਵਨੀ ਨੇ ਭਾਰਤ ਲਈ ਨਵੀਆਂ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ, ਕਿਉਂਕਿ ਦੇਸ਼ ਦੀ ਊਰਜਾ ਸਪਲਾਈ ਅਤੇ ਸਮੁੰਦਰੀ ਵਪਾਰ ਲਈ ਇਸ ਖੇਤਰ 'ਤੇ ਨਿਰਭਰਤਾ ਹੈ। ਈਰਾਨ ਦੇ ਸੁਪਰੀਮ ਲੀਡਰ ਮੋਜਤਬਾ ਖਮਨੇਈ ਦੇ ਸਲਾਹਕਾਰ ਯਾਹੀਆ ਰਹੀਮ ਸਫਾਵੀ ਨੇ ਵੀਰਵਾਰ ਨੂੰ ਕਿਹਾ ਕਿ ਜੇਕਰ ਅਮਰੀਕਾ ਜਾਂ ਇਜ਼ਰਾਈਲ ਹੋਰ ਹਮਲੇ ਕਰਦੇ ਹਨ ਤਾਂ ਤਹਿਰਾਨ ਸੰਘਰਸ਼ ਨੂੰ ਵਧਾ ਸਕਦਾ ਹੈ, ਕਿਉਂਕਿ ਟਕਰਾਅ ਫਾਰਸ ਦੀ ਖਾੜੀ ਅਤੇ ਹੋਰਮੁਜ਼ ਜਲਡਮਰੂ ਤੋਂ ਲਾਲ ਸਾਗਰ ਤੱਕ ਫੈਲ ਗਿਆ ਹੈ, ਇਸ ਲਈ ਇਹ ਸੰਭਵ ਹੈ ਕਿ ਹੋਰ ਯੁੱਧ ਦੇ ਜਵਾਬ ਵਿੱਚ ਮੋਰਚਾ ਹੋਰ ਵੀ ਫੈਲ ਜਾਵੇਗਾ, ਹਿੰਦ ਮਹਾਸਾਗਰ ਅਤੇ ਸ਼ਾਇਦ ਉਸ ਤੋਂ ਵੀ ਅੱਗੇ ਪਹੁੰਚ ਜਾਵੇਗਾ।

## ਨੌਜਵਾਨ ਨੇ ਥਾਣੇ 'ਚ ਜ਼ਹਿਰੀਲਾ ਪਦਾਰਥ ਨਿਗਲਿਆ



**ਬਰਨਾਲਾ** : ਇੱਥੋਂ ਦੇ ਇੱਕ ਨੌਜਵਾਨ ਵੱਲੋਂ ਵੀਰਵਾਰ ਸਵੇਰੇ ਧਨੌਲਾ ਪੁਲੀਸ ਥਾਣੇ ਵਿੱਚ ਕਥਿਤ ਤੌਰ 'ਤੇ ਜ਼ਹਿਰੀਲਾ ਪਦਾਰਥ ਨਿਗਲਣ ਦੀ ਘਟਨਾ ਵਾਪਰੀ ਹੈ। ਨੌਜਵਾਨ ਨੇ ਕੁੱਝ ਪੁਲੀਸ ਅਧਿਕਾਰੀਆਂ 'ਤੇ ਉਸ ਨੂੰ ਪਰੇਸ਼ਾਨ ਕਰਨ ਅਤੇ ਉਸ ਦੀ ਕਾਰ ਨਾਲ ਸਬੰਧਤ ਸ਼ਿਕਾਇਤ ਦੇ ਸਿਲਸਿਲੇ ਵਿੱਚ ਉਸ ਤੋਂ ਪੈਸੇ ਦੀ ਮੰਗ ਕਰਨ ਦਾ ਦੋਸ਼ ਲਾਇਆ। ਪਿੰਡ ਭੱਠਲਾਂ ਦੇ ਸਾਬਕਾ ਸਰਪੰਚ ਬਲਜਿੰਦਰ ਸਿੰਘ ਪੱਪੂ ਦੇ ਪੁੱਤਰ ਜੋਬਨ ਸਿੰਘ ਨੇ ਫੇਸਬੁੱਕ 'ਤੇ ਪਾਈ ਇਕ ਵੀਡੀਓ ਵਿੱਚ ਦੋਸ਼ ਲਾਇਆ ਕਿ ਉਸ ਦੀ ਕਾਰ ਨੂੰ ਲਗਪਗ 17 ਦਿਨ ਪਹਿਲਾਂ ਅੱਗ ਲੱਗ ਗਈ ਸੀ ਅਤੇ ਉਹ ਬੀਮਾ ਦਾਅਵਾ ਸ਼ੁਰੂ ਕਰਨ ਲਈ ਰੋਜ਼ਾਨਾ ਡਾਇਰੀ ਰਿਪੋਰਟ (ਡੀ.ਡੀ.ਆਰ.) ਦਰਜ ਕਰਵਾਉਣ ਲਈ ਪੁਲੀਸ ਸਟੇਸ਼ਨ ਦੇ ਲਗਾਤਾਰ ਗੇੜੇ ਮਾਰ ਰਿਹਾ ਸੀ। ਜੋਬਨ ਨੇ ਦੋਸ਼ ਲਾਇਆ ਕਿ ਇੱਕ ਮੁਨਸ਼ੀ ਪੰਮਾ ਨੇ ਉਸ 'ਤੇ ਵਾਹਨ ਨੂੰ ਜਾਣ ਬੁੱਝ ਕੇ ਅੱਗ ਲਗਾਉਣ ਦਾ ਦੋਸ਼ ਲਾਇਆ ਅਤੇ ਵੱਖ-ਵੱਖ ਮੌਕਿਆਂ 'ਤੇ ਉਸ ਤੋਂ ਪੈਸੇ ਦੀ ਮੰਗ ਕੀਤੀ। ਜੋਬਨ ਨੇ ਇਹ ਕਦਮ ਚੁੱਕਣ ਲਈ ਐੱਸ.ਐੱਚ.ਓ. ਮਨਜੀਤ ਸਿੰਘ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਹੈ।

## ਈ ਡੀ ਟੀਮਾਂ ਘੇਰੀਆਂ, ਮੋਦੀ ਨੇ ਦਿਹਾੜੀਦਾਰ ਡਾਕੂ ਪੰਜਾਬ ਘੱਲੇ : ਆਪ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਨੇ ਛਾਪੇਮਾਰੀ ਖਿਲਾਫ ਮੁਹਾਲੀ ਵਿਖੇ ਵੀਰਵਾਰ ਗਮਾਡਾ ਦਫ਼ਤਰ ਦੇ ਬਾਹਰ ਈ ਡੀ ਦੀਆਂ ਟੀਮਾਂ ਦਾ ਘੇਰਾਓ ਕੀਤਾ ਅਤੇ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ।'ਆਪ' ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਹੋਏ ਇਸ ਪ੍ਰਦਰਸ਼ਨ ਦੌਰਾਨ ਵੱਡੀ ਗਿਣਤੀ ਵਿੱਚ ਆਪ ਵਰਕਰ ਸ਼ਾਮਲ ਹੋਏ।ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਵਿੱਚ ਚੋਣਾਂ ਦਾ ਦੌਰ ਚੱਲ ਰਹਾ ਹੈ, ਪਰ ਭਾਜਪਾ ਨੇ ਈ ਡੀ ਦਾ ਦੌਰ ਜ਼ਿਆਦਾ ਵਧਾ ਦਿੱਤਾ ਹੈ, ਕਿਉਂਕਿ ਇਹ ਸਾਨੂੰ ਦਬਾਉਣਾ ਅਤੇ ਸਾਡੇ 'ਤੇ ਦਬਾਅ ਬਣਾਉਣਾ ਚਾਹੁੰਦੇ ਹਨ।ਇਹਨਾਂ ਨੂੰ ਲੱਗਦਾ ਹੈ ਕਿ ਇਹ ਨੂੰ ਜਿੰਨਾ ਪ੍ਰੇਸ਼ਾਨ ਕਰਨਗੇ, ਉਨ੍ਹਾਂ ਸਾਡਾ ਧਿਆਨ ਇਸ ਪਾਸੇ ਆਵੇਗਾ ਅਤੇ ਪ੍ਰਚਾਰ ਤੋਂ ਧਿਆਨ ਘੱਟ ਜਾਵੇਗਾ।ਦਿੱਲੀ ਵਿੱਚ ਵੀ ਇਹਨਾਂ ਨੇ ਚੋਣਾਂ ਨੂੰ ਪ੍ਰਭਾਵਤ ਕਰਨ ਦੀ ਕੋਸ਼ਿਸ਼ ਕੀਤੀ ਸੀ ਅਤੇ ਉਹੀ ਕੰਮ ਹੁਣ ਇੱਥੇ ਕਰ ਰਹੇ ਹਨ ਕਿ ਜਿਵੇਂ ਦਿੱਲੀ 'ਚ ਚੋਣਾਂ ਜਿੱਤੀਆਂ ਸਨ, ਉਵੇਂ ਇੱਥੇ ਵੀ ਜਿੱਤ ਲੈਣਗੇ।ਉਨ੍ਹਾ ਕਿਹਾ ਕਿ ਚੋਣਾਂ ਤੋਂ ਪਹਿਲਾਂ ਈ ਡੀ ਦੀ ਇਹ ਲਗਾਤਾਰ ਕਾਰਵਾਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਬੁਖਲਾਹਟ ਦੀ ਨਿਸ਼ਾਨੀ ਹੈ।ਉਨ੍ਹਾ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕ ਅਤੇ 'ਆਪ' ਵਰਕਰ ਭਾਜਪਾ ਦੀ ਇਸ ਧੱਕੇਸ਼ਾਹੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰਨਗੇ।

'ਆਪ' ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਕਿਹਾ, "ਅੱਜਕੱਲ੍ਹ ਦਿੱਲੀ ਵਿੱਚ ਬੈਠੇ ਤਾਨਾਸ਼ਾਹ ਨਰਿੰਦਰ ਮੋਦੀ ਨੇ ਪੰਜਾਬ ਵਿਰੁੱਧ ਜੰਗ ਛੇੜੀ ਹੋਈ ਹੈ। ਪੰਜਾਬ ਵਿਰੁੱਧ ਇਸ ਜੰਗ ਵਿੱਚ ਉਨ੍ਹਾ ਦਿੱਲੀ ਤੋਂ ਕੁਝ ਖਾਸ ਕਿਸਮ ਦੇ ਡਾਕੂ ਭੇਜੇ ਹਨ। ਅਧਿਕਾਰਤ ਤੌਰ 'ਤੇ ਉਨ੍ਹਾਂ ਦਾ ਨਾਂਅ ਐਨਫੋਰਸਮੈਂਟ ਡਾਇਰੈਕਟੋਰੇਟ ਹੈ, ਪਰ ਅਸਲ ਵਿੱਚ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਦਿਹਾੜੀਦਾਰ ਡਾਕੂ' ਹਨ। ਦਿੱਲੀ ਵਿੱਚ ਬੈਠੇ ਤਾਨਾਸ਼ਾਹ ਦਾ ਇੱਕੋ-ਇੱਕ ਮਕਸਦ ਪੰਜਾਬ ਵਿਰੁੱਧ ਇਸ ਜੰਗ ਨੂੰ ਅੱਗੇ ਵਧਾਉਣਾ ਅਤੇ ਪੰਜਾਬ ਨੂੰ ਪ੍ਰੇਸ਼ਾਨ ਕਰਦੇ ਰਹਿਣਾ ਹੈ। ਜਿਵੇਂ-ਜਿਵੇਂ ਪੰਜਾਬ ਚੋਣਾਂ ਨੇੜੇ ਆ ਰਹੀਆਂ ਹਨ, ਦਿੱਲੀ ਵਿੱਚ ਬੈਠੇ ਤਾਨਾਸ਼ਾਹ ਨੇ ਸਭ ਤੋਂ ਪਹਿਲਾਂ ਆਪਣੇ ਕਮਾਂਡਰ, ਆਪਣੀ ਪਾਰਟੀ ਦੇ ਪ੍ਰਧਾਨ ਨੂੰ ਯਾਤਰਾ ਕੱਢਣ ਲਈ ਪੰਜਾਬ ਭੇਜਿਆ, ਪਰ ਉਨ੍ਹਾਂ ਦੀ ਯਾਤਰਾ ਨੂੰ ਪੰਜਾਬ ਦੇ ਲੋਕਾਂ ਵੱਲੋਂ ਜਿਸ ਤਰ੍ਹਾਂ ਦਾ ਹੁੰਗਾਰਾ ਮਿਲਿਆ, ਉਸ ਤੋਂ ਇਹ ਸਾਫ਼ ਸੀ ਕਿ ਚਾਰ-ਪੰਜ ਵਿਧਾਨ ਸਭਾ ਹਲਕੇ ਮਿਲ ਕੇ ਵੀ 400 ਲੋਕ ਇਕੱਠੇ ਨਹੀਂ ਕਰ ਸਕੇ।"



'ਆਪ' ਦੇ ਸੀਨੀਅਰ ਨੇਤਾ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਈ ਡੀ ਦੀ ਕਾਰਵਾਈ ਨੇ ਪੂਰੇ ਪੰਜਾਬ ਵਿੱਚ ਤਿੰਨ ਦਿਨਾਂ ਤੋਂ ਸਰਕਾਰੀ ਕੰਮਕਾਜ ਨੂੰ ਪ੍ਰਭਾਵਤ ਕੀਤਾ ਹੈ, ਜਿਸ ਨਾਲ ਲੋਕਾਂ ਨੂੰ ਭਾਰੀ ਅਸੁਵਿਧਾ ਹੋਈ ਹੈ, ਜਦੋਂ ਕਿ ਛਾਪੇਮਾਰੀ ਵਿੱਚ ਕੁਝ ਵੀ ਹਾਸਲ ਨਹੀਂ ਹੋਇਆ।ਉਨ੍ਹਾ ਕਿਹਾ ਕਿ ਮੋਦੀ ਸਰਕਾਰ ਵੱਲੋਂ ਵਿਰੋਧੀ ਪਾਰਟੀਆਂ ਵਾਲੀਆਂ ਸਰਕਾਰਾਂ ਦੇ ਰਾਜਾਂ ਖ਼ਿਲਾਫ਼ ਈ ਡੀ, ਇਨਕਮ ਟੈਕਸ ਵਿਭਾਗ ਅਤੇ ਚੋਣ ਕਮਿਸ਼ਨ ਦੀ ਵਰਤੋਂ ਕਰਨਾ ਉਸ ਦਾ ਟਰੇਡਮਾਰਕ ਬਣ ਗਿਆ ਹੈ, ਪਰ ਪੰਜਾਬ ਡਰਨ ਵਾਲਾ ਨਹੀਂ ਹੈ ਅਤੇ ਤਿੰਨ ਕਰੋੜ ਪੰਜਾਬੀ ਭਾਜਪਾ ਨੂੰ ਲੋਕਤੰਤਰਿਕ ਤਰੀਕੇ ਨਾਲ ਜਵਾਬ ਦੇਣਗੇ।ਇੱਕ ਬਿਆਨ ਵਿੱਚ 'ਆਪ' ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਇਹ ਮਹਿਸੂਸ ਕਰਨ ਤੋਂ ਬਾਅਦ ਕਿ ਪੰਜਾਬ ਨੇ ਭਾਜਪਾ ਨੂੰ ਨਕਾਰ ਦਿੱਤਾ ਹੈ, ਹੁਣ ਪੰਜਾਬੀਆਂ ਨੂੰ ਪ੍ਰੇਸ਼ਾਨ ਕਰਕੇ ਬਦਲਾ ਲੈਣ ਲਈ ਕੇਂਦਰੀ ਏਜੰਸੀਆਂ ਦੀ ਵਰਤੋਂ ਕਰ ਰਹੇ ਹਨ। ਪਾਰਟੀ ਨੇ ਕਿਹਾ ਕਿ ਤਲਾਸ਼ੀ ਦੇ ਨਾਂਅ 'ਤੇ ਕੋਈ ਏਜੰਸੀ ਸਰਕਾਰੀ ਅਥਾਰਟੀ ਦੇ ਕੰਮਕਾਜ ਨੂੰ ਕਿਵੇਂ ਠੱਪ ਕਰ ਸਕਦੀ ਹੈ? ਈ ਡੀ ਦਾ ਅਪ੍ਰੇਸ਼ਨ 36 ਘੰਟਿਆਂ ਤੋਂ ਵੱਧ ਸਮੇਂ ਤੱਕ ਜਾਰੀ ਰਿਹਾ, ਜਿਸ ਦਾ ਸਿੱਧਾ ਅਸਰ ਗਮਾਡਾ ਦੇ ਕੰਮਕਾਜ 'ਤੇ ਪਿਆ।ਇਹ ਭਾਰਤ ਦੇ ਇਤਿਹਾਸ ਵਿੱਚ ਸਰਕਾਰੀ ਪ੍ਰਸ਼ਾਸਨ ਵਿੱਚ ਇੱਕ ਗੈਰ-ਸੰਵਿਧਾਨਕ ਅਤੇ ਅਣਸੁਖਾਵੀਂ ਦਖਲਅੰਦਾਜ਼ੀ ਹੈ।

ਚੀਮਾ ਨੇ ਕਿਹਾ, 'ਪਿਛਲੇ ਦੋ-ਤਿੰਨ ਦਿਨਾਂ

• ਬਾਕੀ ਸਫਾ 2 'ਤੇ

## ਭਾਜਪਾ 'ਚ ਸ਼ਾਮਲ ਹੋਣ ਲਈ ਮਜਬੂਰ ਕਰਨ ਵਾਸਤੇ ਕੀਤੀ ਛਾਪੇਮਾਰੀ : ਮੁੰਡੀਆਂ

**ਚੰਡੀਗੜ੍ਹ** : ਪੰਜਾਬ ਦੇ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਵੀਰਵਾਰ ਨੂੰ ਭਾਜਪਾ 'ਤੇ ਦੋਸ਼ ਲਾਇਆ ਕਿ ਉਹ ਉਸ ਨੂੰ ਡਰਾਉਣ ਅਤੇ 'ਆਪ' ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਲਈ ਮਜਬੂਰ ਕਰਨ ਵਾਸਤੇ ਐਨਫੋਰਸਮੈਂਟ ਡਾਇਰੈਕਟੋਰੇਟ ਦੀ ਵਰਤੋਂ ਕਰ ਰਹੀ ਹੈ। ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਵੱਲੋਂ ਲਾਏ ਗਏ ਦੋਸ਼ ਕਿ ਉਹ ਦੇਸ਼ ਛੱਡ ਕੇ ਭੱਜ ਗਿਆ ਹੈ, ਬਾਰੇ ਸਾਰੀਆਂ ਅਟਕਲਾਂ ਨੂੰ ਖ਼ਤਮ ਕਰਦਿਆਂ ਮੁੰਡੀਆਂ ਨੇ ਆਪਣੇ ਭਤੀਜੇ ਗੁਰਪ੍ਰੀਤ ਸਿੰਘ ਸੈਣੀ ਪ੍ਰਿੰਸ ਦੇ ਨਾਲ ਮੀਡੀਆ ਸਾਹਮਣੇ ਆ ਕੇ ਦੋਸ਼ ਲਾਇਆ ਕਿ ਬੁੱਧਵਾਰ ਪ੍ਰਿੰਸ ਦੇ

• ਬਾਕੀ ਸਫਾ 2 'ਤੇ

## ਜਿਨਪਿੰਗ ਜੋੜੇ ਦੇ ਸਵਾਗਤ ਲਈ ਟਰੰਪ ਜੋੜਾ ਏਅਰ ਬੇਸ 'ਤੇ ਪੁੱਜਾ



**ਵਾਸ਼ਿੰਗਟਨ** : ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਵੀਰਵਾਰ ਸਵੇਰੇ ਅਮਰੀਕਾ ਪਹੁੰਚੇ। ਪ੍ਰੋਟੋਕੋਲ ਤੋੜਦੇ ਹੋਏ ਅਮਰੀਕੀ ਰਾਸ਼ਟਰਪਤੀ ਟਰੰਪ ਨਿੱਜੀ ਤੌਰ 'ਤੇ ਉਨ੍ਹਾ ਦਾ ਸਵਾਗਤ ਕਰਨ ਲਈ ਜੁਆਇੰਟ ਬੇਸ ਐਂਡਰਿਊਜ਼ ਹਵਾਈ ਅੱਡੇ 'ਤੇ ਗਏ। ਟਰੰਪ ਦੇ ਨਾਲ ਪਹਿਲੀ ਮਹਿਲਾ ਮੇਲਾਨੀਆ ਟਰੰਪ ਵੀ ਸਨ, ਜਦੋਂ ਕਿ ਸ਼ੀ ਦੀ ਪਤਨੀ ਪੇਂਗ ਲਿਯੂਆਨ ਵੀ ਅਮਰੀਕਾ ਪਹੁੰਚੀ। ਟਰੰਪ ਅਤੇ ਜਿਨਪਿੰਗ ਇਕੱਠੇ ਰੈੱਡ ਕਾਰਪੇਟ 'ਤੇ ਚੱਲੇ। ਜਿਨਪਿੰਗ ਦੇ ਸਵਾਗਤ ਲਈ ਬੀ-1 ਬੰਬਾਰ ਜਹਾਜ਼ਾਂ ਨੇ ਉਡਾਣ ਭਰੀ। ਬੀ-1 ਬੰਬਾਰ ਨੂੰ ਦੇਖ ਕੇ ਟਰੰਪ ਨੇ ਸਲੂਟ ਮਾਰਿਆ, ਪਰ ਉੱਚੀ ਆਵਾਜ਼ ਤੋਂ ਉਹ ਘਬਰਾ ਗਏ। ਇਸ ਦੇ ਉਲਟ, ਜਿਨਪਿੰਗ ਸ਼ਾਂਤ ਰਹੇ। ਰਾਤ ਨੂੰ ਟਰੰਪ ਨੇ ਜਿਨਪਿੰਗ ਦੇ ਮਾਣ ਵਿੱਚ ਸਟੇਟ ਡਿਨਰ ਦੇਣਾ ਸੀ। ਹੁਣ ਤੱਕ ਦੋ ਭਾਰਤੀ ਪ੍ਰਧਾਨ ਮੰਤਰੀਆਂ ਨੂੰ ਇਹ ਸਨਮਾਨ ਮਿਲ ਚੁੱਕਾ ਹੈ। ਬਰਾਕ ਓਬਾਮਾ ਨੇ ਪਹਿਲੀ ਵਾਰ 2009 ਵਿੱਚ ਤੱਤਕਾਲੀ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਲਈ ਸਟੇਟ ਡਿਨਰ ਦੀ ਮੇਜ਼ਬਾਨੀ ਕੀਤੀ ਸੀ। ਇਸ ਤੋਂ ਬਾਅਦ ਜੋਅ ਬਿਡੇਨ ਨੇ ਪ੍ਰਧਾਨ ਮੰਤਰੀ ਮੋਦੀ ਦੇ ਸਨਮਾਨ ਵਿੱਚ ਸਟੇਟ ਡਿਨਰ ਦਾ ਆਯੋਜਿਤ ਕੀਤਾ।

## ਬੀੜੀਬਾਜ਼ਾਂ ਨੇ ਲਈਆਂ 9 ਜਾਨਾਂ

**ਨੋਇਡਾ (ਨ ਜ਼ ਸ)**

ਗ੍ਰੇਟਰ ਨੋਇਡਾ ਦੇ ਯਮੁਨਾ ਐੱਕਸਪ੍ਰੈੱਸਵੇਅ 'ਤੇ ਬੁੱਧਵਾਰ ਦੇਰ ਰਾਤ ਦਿੱਲੀ ਤੋਂ ਯੂ ਪੀ ਦੇ ਮਹੋਬਾ ਜਾ ਰਹੀ ਬੱਸ ਨੂੰ ਅੱਗ ਲੱਗਣ ਕਾਰਨ 9 ਯਾਤਰੀਆਂ ਦੀ ਮੌਤ ਹੋ ਗਈ। ਯਮੁਨਾ ਐੱਕਸਪ੍ਰੈੱਸਵੇਅ 'ਤੇ ਜੇਵਰ ਦੇ ਦਯਾਨਤਪੁਰ ਪਿੰਡ ਵਿੱਚ ਜਦੋਂ ਇਹ ਘਟਨਾ ਵਾਪਰੀ ਤਾਂ ਬੱਸ ਵਿੱਚ 35 ਯਾਤਰੀ ਸਵਾਰ ਸਨ। ਡਰਾਈਵਰ ਅਤੇ ਕੰਡਕਟਰ ਭੱਜ ਗਏ।

ਹਮੀਰਪੁਰ ਜ਼ਿਲ੍ਹੇ ਦੇ ਵਸਨੀਕ ਸੁਨੀਲ ਕੁਮਾਰ ਦੀ ਸ਼ਿਕਾਇਤ 'ਤੇ ਜੇਵਰ ਪੁਲਸ ਸਟੇਸ਼ਨ ਵਿੱਚ ਐੱਫ ਆਈ ਆਰ ਦਰਜ ਕੀਤੀ ਗਈ ਹੈ, ਜਿਸ ਨੇ ਕਿਹਾ ਕਿ ਉਹ ਬੁੱਧਵਾਰ ਰਾਤ 9 ਵਜੇ ਦੇ ਕਰੀਬ ਦਿੱਲੀ ਦੇ ਕਸ਼ਮੀਰੀ ਗੇਟ ਤੋਂ ਰਾਜ ਕਲਪਨਾ ਟਰੈਵਲਜ਼ ਬੱਸ ਵਿੱਚ ਚੜ੍ਹਿਆ ਸੀ। ਬੱਸ ਰਾਤ 11.30 ਵਜੇ ਦੇ ਕਰੀਬ ਯਮੁਨਾ ਐੱਕਸਪ੍ਰੈੱਸਵੇਅ 'ਤੇ 33 ਕਿੱਲੋਮੀਟਰ ਦੇ ਨਿਸ਼ਾਨ 'ਤੇ ਪਹੁੰਚੀ, ਜਦੋਂ ਯਾਤਰੀਆਂ ਨੇ ਡਰਾਈਵਰ ਦੇ ਕੈਬਿਨ ਵਿੱਚੋਂ ਸੜਨ ਦੀ ਬਦਬੂ ਆਉਂਦੀ ਦੇਖੀ। ਖਬਰਦਾਰ ਕਰਨ ਦੇ ਬਾਵਜੂਦ ਡਰਾਈਵਰ ਨੇ ਬੱਸ ਵਿੱਚੋਂ ਬਦਬੂ ਨੂੰ ਆਮ ਗੱਲ ਕਹਿ ਕੇ ਰੱਦ ਕਰ ਦਿੱਤਾ ਅਤੇ ਗੱਡੀ ਦੀ ਜਾਂਚ ਕਰਨ ਲਈ ਨਹੀਂ ਰੁਕਿਆ। ਡਰਾਈਵਰ ਅਤੇ ਕੰਡਕਟਰ ਕੈਬਿਨ ਵਿੱਚ ਬੀੜੀਆਂ ਅਤੇ ਸਿਗਰਟ ਪੀਂਦੇ ਰਹੇ ਅਤੇ ਥੋੜ੍ਹੀ ਦੇਰ ਬਾਅਦ ਡਰਾਈਵਰ ਦੀ ਸੀਟ ਦੇ ਨੇੜੇ ਅਚਾਨਕ ਅੱਗ ਦੀਆਂ ਲਪਟਾਂ ਉੱਠੀਆਂ। ਰੋਕਣ ਲਈ ਕਹਿਣ ਦੇ ਬਾਵਜੂਦ ਡਰਾਈਵਰ ਅਤੇ ਕੰਡਕਟਰ ਨੇ ਕਿਹਾ ਕਿ ਉਹ ਬੱਸ ਨਹੀਂ ਰੋਕਣਗੇ। ਜਦੋਂ ਤੱਕ ਬੱਸ ਰੁਕੀ, ਅੱਗ ਫੈਲ ਚੁੱਕੀ ਸੀ ਅਤੇ ਗੱਡੀ ਧੂੰਏਂ ਨਾਲ ਭਰ ਗਈ ਸੀ। ਕੁਮਾਰ ਨੇ ਦੱਸਿਆ ਕਿ ਉਹ ਅਤੇ ਕਈ ਹੋਰ ਯਾਤਰੀ ਬਾਹਰ ਛਾਲ ਮਾਰਨ ਵਿੱਚ ਕਾਮਯਾਬ ਹੋ ਗਏ, ਜਦੋਂ ਕਿ ਕੁਝ ਅੰਦਰ ਫਸੇ ਰਹੇ। ਬੱਸ ਮਾਲਕਾਂ ਖਿਲਾਫ 1.59 ਲੱਖ ਰੁਪਏ ਦੇ 17 ਚਲਾਨ ਪੈਂਡਿੰਗ ਹਨ।



## ਅੱਜ-ਨਾਮਾ

ਕਾਕਰੋਚ ਪਾਰਟੀ ਨੇ ਮੁੜ ਕੇ ਬੜ੍ਹਕ ਮਾਰੀ,
ਲੱਗੀ ਛੇੜਨ ਉਹ ਨਵੀਂ ਇੱਕ ਜੰਗ ਮੀਆਂ।
ਮੁਖੀਆ ਚੋਣ ਕਮਿਸ਼ਨ ਦਾ ਬੜਾ ਚਰਚਿਤ,
ਉਹਨੂੰ ਕੱਢਣ ਦੀ ਚੁੱਕੀ ਗਈ ਮੰਗ ਮੀਆਂ।
ਗੇੜਦਾ ਚੱਕੀ ਖੁਦ ਚੋਣ ਕਮਿਸ਼ਨ ਜਿਹੜੀ,
ਉਹਨੇ ਕੀਤਾ ਪਿਆ ਦੇਸ਼ ਆ ਤੰਗ ਮੀਆਂ।
ਹਰ ਥਾਂ ਹੁੰਦੀ ਬਦਨਾਮੀ ਜਦ ਆਖਰਾਂ ਦੀ,
ਨਾਹੀਂ ਕਮਿਸ਼ਨ ਦੇ ਮੁਖੀ ਨੂੰ ਸੰਗ ਮੀਆਂ।
ਕਾਕਰੋਚ ਜਦੋਂ ਮੈਦਾਨਾਂ ਵਿੱਚ ਆ ਨਿਕਲੇ,
ਹੋਣੀ ਉਹਦੀ ਹੈ ਧਮਕ ਕੁਝ ਅੱਡ ਮੀਆਂ।
ਮੰਤਰੀ ਇੱਕ ਨੇ ਕੁਰਸੀ ਆ ਜਿਵੇਂ ਛੱਡੀ,
ਇਹ ਵੀ ਭੱਜੂਗਾ ਕੁਰਸੀ ਨੂੰ ਛੱਡ ਮੀਆਂ।

-ਤੀਸ ਮਾਰ ਖਾਂ

## ਭਾਰਤ ਨੇ ਦੱਖਣੀ ਕੋਰੀਆ ਨੂੰ 8-2 ਨਾਲ ਦਿੱਤੀ ਮਾਤ



**ਨਵੀਂ ਦਿੱਲੀ** : ਭਾਰਤੀ ਪੁਰਸ਼ ਹਾਕੀ ਟੀਮ ਨੇ ਏਸ਼ੀਆਈ ਖੇਡਾਂ ਵਿੱਚ ਦੱਖਣੀ ਕੋਰੀਆ ਵਿਰੁੱਧ ਆਪਣਾ ਹੁਣ ਤੱਕ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਕਰਦਿਆਂ 8-2 ਨਾਲ ਸ਼ਾਨਦਾਰ ਜਿੱਤ ਦਰਜ ਕੀਤੀ ਅਤੇ ਏਸ਼ੀਆਈ ਖੇਡਾਂ 2026 ਲਈ ਆਪਣੀ ਮਜ਼ਬੂਤ ਸ਼ੁਰੂਆਤ ਜਾਰੀ ਰੱਖੀ। ਇਹ ਪੂਲ ਏ ਵਿੱਚ ਮੌਜੂਦਾ ਚੈਂਪੀਅਨ ਦੀ ਲਗਾਤਾਰ ਤੀਜੀ ਜਿੱਤ ਹੈ। ਭਾਰਤੀ ਟੀਮ ਨੇ ਜ਼ਿਆਦਾਤਰ ਮੈਚ ਦੌਰਾਨ ਖੇਡ 'ਤੇ ਦਬਦਬਾ ਬਣਾਇਆ ਅਤੇ ਸੈਮੀਫਾਈਨਲ ਵਿੱਚ ਜਗ੍ਹਾ ਪੱਕੀ ਕਰਨ ਵੱਲ ਇੱਕ ਹੋਰ ਕਦਮ ਵਧਾਇਆ। ਇਸ ਮੈਚ ਵਿੱਚ ਦਿਲਪ੍ਰੀਤ ਸਿੰਘ ਦੇ ਦੋ ਗੋਲਾਂ ਨੇ ਟੂਰਨਾਮੈਂਟ ਵਿੱਚ ਉਸ ਦੇ ਕੁੱਲ ਗੋਲ 9 ਕਰ ਦਿੱਤੇ, ਜੋ ਇਸ ਵੇਲੇ ਪੁਰਸ਼ ਮੁਕਾਬਲੇ ਵਿੱਚ ਸਭ ਤੋਂ ਵੱਧ ਗੋਲ ਕਰਨ ਵਾਲਿਆਂ ਵਿੱਚ ਸਭ ਤੋਂ ਵੱਧ ਹੈ। ਅਭਿਸ਼ੇਕ ਨੇ ਵੀ ਦੋ ਵਾਰ ਗੋਲ ਕੀਤੇ, ਜਦੋਂ ਕਿ ਕਪਤਾਨ ਹਰਮਨਪ੍ਰੀਤ ਸਿੰਘ, ਰਾਜਿੰਦਰ ਸਿੰਘ, ਸੁਖਜੀਤ ਸਿੰਘ ਅਤੇ ਸ਼ਿਲਾਨੰਦ ਲਾਕੜਾ ਨੇ ਇੱਕ-ਇੱਕ ਗੋਲ ਕੀਤਾ। ਭਾਰਤ ਨੇ ਚੌਥੇ ਮਿੰਟ ਵਿੱਚ ਸ਼ੁਰੂਆਤੀ ਦਬਾਅ ਦਾ ਫਾਇਦਾ ਉਠਾਇਆ। ਕੋਰੀਆਈ ਸਰਕਲ ਵਿੱਚ ਹਵਾ ਵਿੱਚ ਇੱਕ ਚੰਗੀ ਤਰ੍ਹਾਂ ਨਿਯੰਤਰਿਤ ਗੇਂਦ ਲਕੜਾ ਲਈ ਸੈੱਟ ਕੀਤੀ ਗਈ, ਜਿਸ ਨੇ ਇੱਕ ਸ਼ਾਨਦਾਰ ਗੋਲ ਕੀਤਾ। ਸੁਖਜੀਤ ਸਿੰਘ ਨੇ ਫਿਰ 10ਵੇਂ ਮਿੰਟ ਵਿੱਚ ਇੱਕ ਹੋਰ ਸਰਕਲ ਐਂਟਰੀ ਤੋਂ ਬਾਅਦ ਇੱਕ ਸ਼ਾਨਦਾਰ ਫਿਨਿਸ਼ ਨਾਲ ਲੀਡ ਨੂੰ ਦੁੱਗਣਾ ਕਰ ਦਿੱਤਾ। ਇੱਕ ਮਿੰਟ ਬਾਅਦ, ਹਰਮਨਪ੍ਰੀਤ ਸਿੰਘ ਨੇ ਪੈਨਲਟੀ ਕਾਰਨਰ ਨੂੰ 3-0 ਨਾਲ ਅੱਗੇ ਕਰ ਦਿੱਤਾ। ਅਭਿਸ਼ੇਕ ਥੋੜ੍ਹੀ ਦੇਰ ਬਾਅਦ ਇੱਕ ਹੋਰ ਗੋਲ ਕਰਨ ਤੋਂ ਖੁੰਝ ਗਿਆ, ਪਰ ਭਾਰਤ ਨੂੰ ਜ਼ਿਆਦਾ ਇੰਤਜ਼ਾਰ ਨਹੀਂ ਕਰਨਾ ਪਿਆ। 15ਵੇਂ ਮਿੰਟ ਵਿੱਚ, ਮਨਪ੍ਰੀਤ ਦੇ ਏਰੀਅਲ ਪਾਸ ਨੂੰ ਲਾਕੜਾ ਨੇ ਰੋਕਿਆ ਅਤੇ ਗੋਲ ਦੇ ਸਾਹਮਣੇ ਖੜ੍ਹੇ ਅਭਿਸ਼ੇਕ ਨੂੰ ਪਾਸ ਦਿੱਤਾ। ਉਸ ਨੇ ਕੋਈ ਗਲਤੀ ਨਹੀਂ ਕੀਤੀ, ਜਿਸ ਨਾਲ ਭਾਰਤ ਨੂੰ ਪਹਿਲੇ ਬ੍ਰੇਕ 'ਤੇ 4-0 ਦੀ ਬੜ੍ਹਤ ਮਿਲ ਗਈ। ਕੋਰੀਆ ਨੂੰ 42ਵੇਂ ਮਿੰਟ ਵਿੱਚ ਸਫਲਤਾ ਮਿਲੀ ਜਦੋਂ ਯਹੋ ਕਿਮ ਨੇ ਤੀਜੇ ਕੁਆਰਟਰ ਦੇ ਅੰਤ ਵਿੱਚ ਸਕੋਰ 7-1 ਕਰ ਦਿੱਤਾ। ਕੋਰੀਆ ਨੇ ਆਖਰੀ ਕੁਆਰਟਰ ਵਿੱਚ ਕਈ ਹੋਰ ਮੌਕੇ ਬਣਾਏ, ਪਰ ਭਾਰਤ ਦੇ ਡਿਫੈਂਸ ਅਤੇ ਗੋਲਕੀਪਰ ਮੋਹਿਤ ਨੇ ਉਨ੍ਹਾਂ ਨੂੰ ਦੂਰ ਰੱਖਿਆ। ਹਾਲਾਂ ਕਿ ਚਾਰ ਵਾਰ ਦੇ ਚੈਂਪੀਅਨ ਨੇ 52ਵੇਂ ਮਿੰਟ ਵਿੱਚ ਘਾਟੇ ਨੂੰ 7-2 ਤੱਕ ਘਟਾ ਦਿੱਤਾ ਜਦੋਂ ਯੋਂਗ ਬੋਕ ਕਿਮ ਨੇ ਹਰਮਨਪ੍ਰੀਤ ਸਿੰਘ ਦੇ ਇੱਕ ਢਿੱਲੇ ਡਿਫੈਂਸਿਵ ਚੁਣੌਤੀ ਦਾ ਫਾਇਦਾ ਉਠਾਇਆ ਅਤੇ ਇੱਕ ਫੀਲਡ ਗੋਲ ਕੀਤਾ।

## ਰਾਜਜੀਤ ਸਿੰਘ ਨੇ ਕੀਤਾ ਆਤਮ-ਸਮਰਪਣ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**



ਨਸ਼ਾ ਤਸਕਰੀ ਅਤੇ ਜਬਰੀ ਵਸੂਲੀ ਦੇ ਗੰਭੀਰ ਮਾਮਲਿਆਂ ਵਿੱਚ ਲੰਬੇ ਸਮੇਂ ਤੋਂ ਭਗੌੜੇ ਚੱਲ ਰਹੇ ਪੰਜਾਬ ਪੁਲਸ ਦੇ ਬਰਖ਼ਾਸਤ ਏ ਆਈ ਜੀ ਰਾਜਜੀਤ ਸਿੰਘ ਨੇ ਆਖ਼ਰਕਾਰ ਪਟਿਆਲਾ ਪੁਲਸ ਅੱਗੇ ਆਤਮ-ਸਮਰਪਣ ਕਰ ਦਿੱਤਾ ਹੈ।ਰਾਜਜੀਤ ਸਿੰਘ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ 'ਤੇ ਹੋਈ ਜਾਂਚ ਤੋਂ ਬਾਅਦ ਅਪ੍ਰੈਲ 2019 ਵਿੱਚ ਸੇਵਾ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਸੀ। ਜਾਂਚ ਦੌਰਾਨ ਬਰਖ਼ਾਸਤ ਇੰਸਪੈਕਟਰ ਇੰਦਰਜੀਤ ਸਿੰਘ ਨਾਲ ਉਸ ਦੀ ਮਿਲੀਭੁਗਤ ਸਾਹਮਣੇ ਆਈ ਸੀ, ਜੋ ਖ਼ੁਦ ਨਸ਼ਾ ਤਸਕਰੀ ਅਤੇ ਜਬਰੀ ਵਸੂਲੀ ਦੇ ਇੱਕ ਵੱਡੇ ਨੈੱਟਵਰਕ ਨਾਲ ਜੁੜਿਆ ਹੋਇਆ ਸੀ।ਹਾਈ ਕੋਰਟ ਦੇ ਰਿਕਾਰਡ ਮੁਤਾਬਕ ਜਾਂਚ ਵਿੱਚ ਇੰਦਰਜੀਤ ਸਿੰਘ, ਰਾਜਜੀਤ ਸਿੰਘ ਅਤੇ ਹੋਰ ਸੀਨੀਅਰ ਪੁਲਸ ਅਧਿਕਾਰੀਆਂ ਦੀ ਭੂਮਿਕਾ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਗਏ ਸਨ। ਸਾਲ 2019 ਵਿੱਚ ਰਾਜਜੀਤ ਸਿੰਘ ਖ਼ਿਲਾਫ਼ ਦੋ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਸਨ। ਪਹਿਲਾ ਕੇਸ ਵਿਜੀਲੈਂਸ ਬਿਊਰੋ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਤਹਿਤ ਦਰਜ ਕੀਤਾ ਗਿਆ ਸੀ, ਜਦ ਕਿ ਦੂਜਾ ਕੇਸ ਸਪੈਸ਼ਲ ਟਾਸਕ ਫੋਰਸ ਵੱਲੋਂ ਜਬਰੀ ਵਸੂਲੀ ਕਰਨ, ਨਿਰਦੋਸ਼ ਲੋਕਾਂ ਨੂੰ ਝੂਠੇ ਨਸ਼ਾ ਕੇਸਾਂ ਵਿੱਚ ਫਸਾਉਣ ਅਤੇ ਨਸ਼ਾ ਤਸਕਰਾਂ ਨੂੰ ਸਰਪ੍ਰਸਤੀ ਦੇਣ ਦੇ ਦੋਸ਼ਾਂ ਹੇਠ ਦਰਜ ਹੋਇਆ ਸੀ। ਹਾਈ ਕੋਰਟ ਵੱਲੋਂ ਜ਼ਮਾਨਤ ਅਰਜ਼ੀ ਖ਼ਾਰਜ ਕੀਤੇ ਜਾਣ ਮਗਰੋਂ ਰਾਜਜੀਤ ਸਿੰਘ ਰੂਪੋਸ਼ ਹੋ ਗਿਆ ਸੀ।ਮੋਹਾਲੀ ਦੀ ਵਿਸ਼ੇਸ਼ ਅਦਾਲਤ ਨੇ ਰਾਜਜੀਤ ਸਿੰਘ ਨੂੰ ਭਗੌੜਾ ਐਲਾਨ ਦਿੱਤਾ ਸੀ।

# ਨੌਜਵਾਨਾਂ ਨੂੰ ਤੰਦਰੁਸਤ ਤੇ ਨਸ਼ਾ-ਮੁਕਤ ਰੱਖਣ ਲਈ ਖੇਡ ਮੇਲੇ ਜ਼ਰੂਰੀ : ਰਣਜੋਧ ਹਡਾਣਾ

### ਨੈਣ ਕਲਾਂ ਦੇ ਕੁਸ਼ਤੀ ਦੰਗਲ 'ਚ ਹਲਕਾ ਇੰਚਾਰਜ ਨੇ ਭਰੀ ਹਾਜ਼ਰੀ



ਸਨੌਰ (ਰਾਜਿੰਦਰ ਸਿੰਘ ਥਿੰਦ)-ਪਿੰਡਾਂ ਅੰਦਰ ਖੇਡ ਸੱਭਿਆਚਾਰ ਨੂੰ ਉਤਸ਼ਾਹਤ ਕਰਨਾ ਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਨਾਲ ਜੋੜਨਾ ਅਜੋਕੇ ਸਮੇਂ ਦੀ ਮੁੱਖ ਲੋੜ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਨੇ ਬੀਤੇ ਦਿਨੀਂ ਨੇੜਲੇ ਪਿੰਡ ਨੈਣ ਕਲਾਂ ਵਿਖੇ ਕਰਵਾਏ ਗਏ ਸਾਲਾਨਾ ਵਿਸ਼ਾਲ ਕੁਸ਼ਤੀ ਦੰਗਲ ਦੌਰਾਨ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਦਿਆਂ ਕੀਤਾ।ਇਸ ਮੌਕੇ ਬਾਬਾ ਕਰਨੈਲ ਸਿੰਘ, ਚੇਅਰਮੈਨ ਹੈਪੀ ਪਹਾੜੀਪੁਰ, ਲਾਲੀ ਰਹਿਲ ਪੀ ਏ, ਸਰਪੰਚ ਰਾਜਾ ਧੰਜੂ, ਹਰਪਿੰਦਰ ਚੀਮਾ ਆਪ ਆਗੂ ਤੇ ਸਰਪੰਚ-ਪੰਚ ਤੋਂ ਇਲਾਵਾ ਆਪ ਦੇ ਕਈ ਅਹੁਦੇਦਾਰ ਮੌਜੂਦ ਸਨ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਕਿਹਾ ਕਿ ਖੇਡਾਂ ਜਿੱਥੇ ਸਰੀਰਕ ਤੰਦਰੁਸਤੀ ਪ੍ਰਦਾਨ ਕਰਦੀਆਂ ਹਨ, ਉੱਥੇ ਹੀ ਨੌਜਵਾਨਾਂ ਨੂੰ ਜ਼ਿੰਦਗੀ ਵਿੱਚ ਅਨੁਸ਼ਾਸਨ ਤੇ ਸਹੀ ਸੇਧ ਵੀ ਦਿੰਦੀਆਂ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨ ਲਈ ਵਚਨਬੱਧ ਹੈ ਤੇ ਪਿੰਡ ਪੱਧਰ 'ਤੇ ਅਜਿਹੇ ਰਵਾਇਤੀ ਕੁਸ਼ਤੀ ਦੰਗਲ ਕਰਵਾਉਣਾ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਪਹਿਲਵਾਨਾਂ ਦੇ ਹੱਥ ਮਿਲਾ ਕੇ ਕੁਸ਼ਤੀ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ ਤੇ ਜੇਤੂ ਪਹਿਲਵਾਨਾਂ ਨੂੰ ਇਨਾਮਾਂ ਦੀ ਵੰਡ ਕਰਦਿਆਂ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਖੇਡ ਪ੍ਰੇਮੀ ਤੇ ਨੇੜਲੇ ਪਿੰਡਾਂ ਤੋਂ ਸੈਂਕੜੇ ਪਿੰਡ ਵਾਸੀ ਮੌਜੂਦ ਸਨ।

# ਦੀ ਰੈਵੇਨਿਊ ਪਟਵਾਰ ਯੂਨੀਅਨ ਵੱਲੋਂ ਤਹਿਸੀਲ ਪੱਧਰੀ ਧਰਨਾ

### ਮੰਗਾਂ ਨਾ ਮੰਨਣ 'ਤੇ ਤਿੱਖੇ ਸੰਘਰਸ਼ ਦੀ ਚੇਤਾਵਨੀ



ਫਿਰੋਜ਼ਪੁਰ (ਅਸ਼ੋਕ ਸ਼ਰਮਾ)
ਦੀ ਰੈਵੇਨਿਊ ਪਟਵਾਰ ਯੂਨੀਅਨ ਪੰਜਾਬ ਦੇ ਸੂਬਾਈ ਸੱਦੇ 'ਤੇ ਤਹਿਸੀਲ ਫਿਰੋਜ਼ਪੁਰ ਵਿਖੇ ਸਮੂਹ ਪਟਵਾਰੀ ਸਾਥੀਆਂ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਤਹਿਸੀਲ ਪੱਧਰ 'ਤੇ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਪਟਵਾਰੀਆਂ, ਕਾਨੂੰਗੋਆਂ ਤੇ ਸੇਵਾਮੁਕਤ ਅਧਿਕਾਰੀਆਂ ਨੇ ਸ਼ਮੂਲੀਅਤ ਕਰਕੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਪਟਵਾਰੀ ਵਰਗ ਨੂੰ ਦਰਪੇਸ਼ ਮੁੱਦਿਆਂ ਨੂੰ ਜ਼ੋਰ-ਸ਼ੋਰ ਨਾਲ ਚੁੱਕਿਆ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਵੱਲੋਂ ਲਾਗੂ ਕੀਤੇ ਗਏ 'ਸਟੇਟ ਕੇਡਰ' ਨੂੰ ਤੁਰੰਤ ਰੱਦ ਕਰਕੇ ਪੁਰਾਣਾ 'ਜ਼ਿਲ੍ਹਾ ਕੇਡਰ' ਬਹਾਲ ਕੀਤਾ ਜਾਵੇ। ਇਸ ਤੋਂ ਇਲਾਵਾ 17 ਜੁਲਾਈ 2020 ਦੇ ਪੱਤਰ ਨੂੰ ਰੱਦ ਕਰਦਿਆਂ ਨਵੇਂ ਭਰਤੀ ਹੋਏ ਪਟਵਾਰੀਆਂ ਦੀਆਂ ਤਨਖਾਹਾਂ ਵਧਾ ਕੇ ਪੁਰਾਣੇ ਪਟਵਾਰੀਆਂ ਦੇ ਬਰਾਬਰ ਕਰਨ ਦੀ ਮੰਗ ਕੀਤੀ ਗਈ। ਬੁਲਾਰਿਆਂ ਨੇ ਪੰਜਾਬ ਸਰਕਾਰ ਵੱਲੋਂ 1056 ਪਟਵਾਰੀਆਂ ਦੀਆਂ ਘਟਾਈਆਂ ਗਈਆਂ ਅਸਾਮੀਆਂ ਨੂੰ ਤੁਰੰਤ ਮੁੜ ਬਹਾਲ ਕਰਨ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਯੂਨੀਅਨ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਆਖਿਆ ਕਿ ਜੇਕਰ ਉਨ੍ਹਾਂ ਦੀਆਂ ਇਹ ਮੰਗਾਂ ਜਲਦ ਪ੍ਰਵਾਨ ਨਾ ਕੀਤੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਹੜਤਾਲ ਤੇ ਸੰਘਰਸ਼ ਕਾਰਨ ਆਮ ਜਨਤਾ ਨੂੰ ਹੋਣ ਵਾਲੀ ਖੱਜਲ-ਖੁਆਰੀ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਰੋਸ ਪ੍ਰਦਰਸ਼ਨ ਵਿੱਚ ਰਿਟਾਇਰਡ ਨਾਇਬ ਤਹਿਸੀਲਦਾਰ ਬਲਜਿੰਦਰ ਸਿੰਘ, ਰਿਟਾਇਰਡ ਕਾਨੂੰਗੋ ਹਰਮੀਤ ਵਿਦਿਆਰਥੀ, ਸਾਬਕਾ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਸੈਣੀ, ਰਾਕੇਸ਼ ਕਪੂਰ, ਜਸਵਿੰਦਰ ਸਿੰਘ ਰਿਟਾਇਰਡ ਪਟਵਾਰੀ, ਜ਼ਿਲ੍ਹਾ ਪ੍ਰਧਾਨ ਵਿਜੇ ਚੌਧਰੀ, ਜ਼ਿਲ੍ਹਾ ਜਨਰਲ ਸਕੱਤਰ ਅਤੁਲ ਧਵਨ, ਤਹਿਸੀਲ ਪ੍ਰਧਾਨ ਅਨਿਲ ਕੁਮਾਰ, ਕਾਨੂੰਗੋ ਵਤਨਪ੍ਰੀਤ ਸਿੰਘ, ਗੁਰਦੇਵ ਸਿੰਘ, ਤਹਿਸੀਲ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਔਲਖ ਅਤੇ ਸਹਾਇਕ ਤਹਿਸੀਲ ਜਨਰਲ ਸਕੱਤਰ ਕਿਰਨਜੀਤ ਕੌਰ ਸਮੇਤ ਹੋਰ ਪਟਵਾਰੀ ਸਾਥੀ ਹਾਜ਼ਰ ਸਨ।

## ਐਡਵੋਕੇਟ ਮਾਨ ਚੇਤਨਾ ਮੰਚ ਧੂਰੀ ਦੇ ਚੇਅਰਮੈਨ ਨਿਯੁਕਤ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਚੇਤਨਾ ਮੰਚ ਧੂਰੀ ਦੇ ਪ੍ਰਧਾਨ ਜਗਦੀਸ਼ ਸ਼ਰਮਾ ਦੀ ਅਗਵਾਈ ਹੇਠ ਹੋਈ ਮੀਟਿੰਗ 'ਚ ਜਿੱਥੇ ਸ਼ਹਿਰ ਵਾਸੀਆਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਲਈ ਵਿਚਾਰ-ਵਟਾਂਦਰਾ ਕੀਤਾ ਗਿਆ, ਉੱਥੇ ਇਸ ਮੌਕੇ 11 ਮੈਂਬਰੀ ਟੀਮ ਦਾ ਗਠਨ ਕੀਤਾ ਗਿਆ।ਮੀਟਿੰਗ ਦੌਰਾਨ ਸਾਬਕਾ ਕੌਂਸਲਰ ਐਡਵੋਕੇਟ ਮਲਕੀਅਤ ਸਿੰਘ ਮਾਨ ਨੂੰ ਮੰਚ ਦਾ ਚੇਅਰਮੈਨ ਨਾਮਜ਼ਦ ਕੀਤਾ ਗਿਆ।ਵੱਖ ਵੱਖ ਬੁਲਾਰਿਆਂ ਨੇ ਆਪਣਾ ਮੰਤਵ ਸਪੱਸ਼ਟ ਕਰਦਿਆਂ ਕਿਹਾ ਕਿ ਚੇਤਨਾ ਮੰਚ ਦੇ ਅਹੁਦੇਦਾਰਾਂ ਨਾਲ ਤਾਲਮੇਲ ਕਰਕੇ ਸਮੱਸਿਆਵਾਂ ਦਾ ਹੱਲ ਕਰਨ ਲਈ ਯਤਨ ਕੀਤੇ ਜਾਣਗੇ। ਇਸ ਮੌਕੇ ਹਰਦੀਪ ਸਿੰਘ, ਪ੍ਰਲਾਦ ਕੁਮਾਰ, ਜਸਪਾਲ ਸਿੰਘ ਭੱਟੀ, ਜਗਦੀਸ਼ ਕੁਮਾਰ ਸੋਬਿਤ, ਮੇਜਰ ਸਿੰਘ, ਅਮਰੀਕ ਸਿੰਘ ਸਾਬਕਾ ਕੌਂਸਲਰ, ਮਲਕੀਅਤ ਸਿੰਘ ਮਾਨ ਸਾਬਕਾ ਕੌਂਸਲਰ, ਜਸਦੇਵ ਸਿੰਘ, ਅਮਰਜੀਤ ਸਿੰਘ, ਮੁਰਾਰੀ ਲਾਲ, ਨਾਜਰ ਸਿੰਘ, ਨਿਰਮਲ ਸਿੰਘ, ਹਰੀ ਚੰਦ ਵਰਮਾ, ਇੰਦਰਜੀਤ ਸ਼ਰਮਾ, ਰਾਮ ਲਾਲ, ਕਰਮਜੀਤ ਸਿੰਘ, ਪ੍ਰਕਾਸ਼ ਚੰਦ ਗੋਇਲ, ਸੀਤਾ ਸਿੰਘ, ਵਿਕਾਸ ਕੁਮਾਰ, ਜਗਦੀਸ਼ ਖੀਪਲ, ਗੁਰਮੇਲ ਸਿੰਘ ਤੋਂ ਇਲਾਵਾ ਬਹੁਤ ਸਾਰੇ ਮੈਂਬਰਾਂ ਨੇ ਭਾਗ ਲਿਆ। ਮੀਟਿੰਗ ਵਿਚ ਪ੍ਰਧਾਨ ਤੋਂ ਇਲਾਵਾ ਹਰਦੀਪ ਸਿੰਘ, ਅਮਰੀਕ ਸਿੰਘ, ਹਰਦੀਪ ਸਿੰਘ ਅਤੇ ਮਲਕੀਅਤ ਸਿੰਘ ਮਾਨ ਵੱਲੋਂ ਆਪਣੇ ਵਿਚਾਰ ਪੇਸ਼ ਕੀਤੇ ਗਏ।

# ਮਨੁੱਖ ਦੀ ਸੋਚ ਬਦਲਣ 'ਚ ਕਿਤਾਬਾਂ ਦੀ ਅਹਿਮ ਭੂਮਿਕਾ : ਮਨਜਿੰਦਰ ਸਿੰਘ

### ਡਾ. ਸੰਦੀਪ ਘੰਡ ਦੀ ਕਿਤਾਬ 'ਜੀਵਨ ਵਿਚਾਰ' ਲੋਕ ਅਰਪਣ



ਮਾਨਸਾ (ਆਤਮਾ ਸਿੰਘ ਪਮਾਰ)-ਐਡਵੋਕੇਟ ਸੰਦੀਪ ਘੰਡ ਦੀ ਨਵ-ਪ੍ਰਕਾਸ਼ਿਤ ਪੁਸਤਕ 'ਜੀਵਨ ਵਿਚਾਰ-ਸੋਚ ਬਦਲੋ, ਜੀਵਨ ਬਦਲੋ' ਦੀ ਲੋਕ ਅਰਪਣ ਰਸਮ ਜ਼ਿਲ੍ਹਾ ਤੇ ਸੈਸ਼ਨ ਜੱਜ ਮਾਨਸਾ ਸ੍ਰ. ਮਨਜਿੰਦਰ ਸਿੰਘ ਵੱਲੋਂ ਅਦਾ ਕੀਤੀ ਗਈ।ਇਸ ਮੌਕੇ ਉਨ੍ਹਾਂ ਕਿਹਾ ਕਿ ਕਿਤਾਬਾਂ ਮਨੁੱਖ ਦੀ ਸੋਚ ਨੂੰ ਪ੍ਰਭਾਵਿਤ ਕਰਨ ਦੇ ਨਾਲ-ਨਾਲ ਉਸ ਦੀ ਜ਼ਿੰਦਗੀ ਨੂੰ ਸਕਾਰਾਤਮਕ ਦਿਸ਼ਾ ਦੇਣ 'ਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਡਾ. ਘੰਡ ਨੂੰ ਕਿਤਾਬ ਦੇ ਪ੍ਰਕਾਸ਼ਨ 'ਤੇ ਵਧਾਈ ਦਿੰਦਿਆਂ ਕਿਹਾ ਕਿ ਸੇਵਾ ਮੁਕਤੀ ਤੋਂ ਬਾਅਦ ਵੀ ਉਹ ਪਰਿਵਾਰਕ ਸਮੱਸਿਆਵਾਂ ਦੇ ਹੱਲ ਤੇ ਲੋਕਾਂ ਨੂੰ ਚਿੰਤਾ ਮੁਕਤ ਕਰਨ ਲਈ ਆਪਣੀਆਂ ਸੇਵਾਵਾਂ ਦੇ ਰਹੇ ਹਨ।ਡਾ. ਘੰਡ ਨੇ ਦੱਸਿਆ ਕਿ 'ਜੀਵਨ ਵਿਚਾਰ' ਉਨ੍ਹਾਂ ਦੀ ਪੰਜਵੀਂ ਕਿਤਾਬ ਹੈ ਤੇ ਇਸ 'ਚ 40 ਅਧਿਆਇ ਸ਼ਾਮਲ ਹਨ।ਪੁਸਤਕ 'ਚ ਮਾਂ-ਪਿਉ, ਬਚਪਨ, ਅਧਿਆਪਕ, ਗੁਰੂ, ਕੰਮ, ਕ੍ਰੋਧ, ਲੋਭ, ਮੋਹ, ਅਹੰਕਾਰ, ਚਿੰਤਾ ਤੇ ਮੁਆਫ਼ੀ ਆਦਿ ਵਰਗੇ ਸੰਵੇਦਨਸ਼ੀਲ ਤੇ ਗੰਭੀਰ ਵਿਸ਼ਿਆਂ ਨੂੰ ਸ਼ਾਮਲ ਕੀਤਾ ਗਿਆ ਹੈ।ਇਸ ਮੌਕੇ ਸੀਨੀਅਰ ਐਡਵੋਕੇਟ ਨਵਲ ਕੁਮਾਰ, ਸਾਬਕਾ ਪ੍ਰਧਾਨ ਬਾਰ ਐਸੋਸੀਏਸ਼ਨ ਮਾਨਸਾ, ਹਰਪ੍ਰੀਤ ਸਿੰਘ ਰਮਦਿੱਤੇਆਵਾਲਾ, ਮੁਕੇਸ਼ ਕੁਮਾਰ ਗਰਗ ਜਤਿੰਦਰ ਕੁਮਾਰ ਬੁਢਲਾਡਾ ਤੇ ਡਾ. ਕੁਲਦੀਪ ਕੌਰ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਪੀ ਐੱਸ ਯੂ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਇਕੱਤਰਤਾ



ਬਠਿੰਡਾ (ਪਰਵਿੰਦਰਜੀਤ ਸਿੰਘ)-ਪੰਜਾਬੀ ਯੂਨੀਵਰਸਿਟੀ ਰੀਜਨਲ ਸੈਂਟਰ ਬਠਿੰਡਾ ਵਿੱਚ ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਇਕੱਤਰਤਾ ਕੀਤੀ ਗਈ ਤੇ ਪ੍ਰਦਰਸ਼ਨੀ ਲਗਾਈ ਗਈ।ਇਸ ਮੌਕੇ ਵਿਦਿਆਰਥੀ ਆਗੂ ਗੁਰਵਿੰਦਰ ਸਿੰਘ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਨੌਜਵਾਨਾਂ ਨੂੰ ਸ਼ਹੀਦ ਭਗਤ ਸਿੰਘ ਵੱਲੋਂ ਮੋੜਿਆ ਕਿਤਾਬ ਦਾ ਪੰਨਾ ਮੁੜ ਤੋਂ ਖੋਲ੍ਹਣ ਦੀ ਲੋੜ ਹੈ।ਇਨਕਲਾਬ ਜ਼ਿੰਦਾਬਾਦ ਤੇ ਸਾਮਰਾਜਵਾਦ ਮੁਰਦਾਬਾਦ ਦੇ ਨਾਹਰੇ ਨੂੰ ਬੁਲੰਦ ਕਰਨਾ ਸਮੇਂ ਦੀ ਅਣਸਰਦੀ ਲੋੜ ਹੈ।ਸ਼ਹੀਦ ਭਗਤ ਸਿੰਘ ਨੇ ਕਿਹਾ ਹੈ ਕਿ ਸਾਡੀ ਜੰਗ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਤੇ ਕੌਮਾਂ ਹੱਥੋਂ ਕੌਮਾਂ ਦੀ ਲੁੱਟ ਮੁਕੰਮਲ ਤੌਰ 'ਤੇ ਖਤਮ ਨਹੀਂ ਹੁੰਦੀ।ਸਾਮਰਾਜਵਾਦ ਅੱਜ ਪੂਰੀ ਦੁਨੀਆ 'ਚ ਕਿਰਤੀ ਲੋਕਾਂ ਦਾ ਮੁੱਖ ਦੁਸ਼ਮਣ ਹੈ।ਸਰਕਾਰੀ ਸੰਸਥਾਵਾਂ ਦਾ ਭੋਗ ਪਾਇਆ ਜਾ ਰਿਹਾ ਹੈ ਤੇ ਨਿੱਜੀਕਰਨ ਨੂੰ ਲਗਾਤਾਰ ਉਤਸ਼ਾਹਤ ਕੀਤਾ ਜਾ ਰਿਹਾ ਹੈ।ਨੌਜਵਾਨ ਵਿਦਿਆਰਥੀ ਬੇਰੁਜ਼ਗਾਰੀ ਦੇ ਵੱਡੇ ਸੰਕਟ ਵਿੱਚੋਂ ਲੰਘ ਰਹੇ ਹਨ।ਅੱਜ ਸ਼ਹੀਦ ਭਗਤ ਸਿੰਘ ਦੇ ਰਾਹ ਤੋਂ ਰੋਸ਼ਨੀ ਲੈਂਦਿਆਂ ਸਾਮਰਾਜ ਵਿਰੁੱਧ ਜਥੇਬੰਦ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਲੋੜ ਹੈ।ਇਸ ਮੌਕੇ ਵਿਦਿਆਰਥੀ ਆਗੂ ਤਾਲਿਕਾ, ਕਰਨ, ਅਕਾਸ਼ ਆਦਿ ਸ਼ਾਮਲ ਸਨ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਸੈਮੀਨਾਰ 27 ਨੂੰ

ਲੁਧਿਆਣਾ (ਸਤੀਸ਼ ਸਚਦੇਵਾ)-ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਸੈਮੀਨਾਰ 27 ਸਤੰਬਰ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ (ਲੁਧਿਆਣਾ) ਵਿਖੇ ਸਵੇਰੇ 10.30 ਵਜੇ ਸ਼ੁਰੂ ਹੋਵੇਗਾ। ਸੈਮੀਨਾਰ ਦਾ ਵਿਸ਼ਾ 'ਅਜੋਕੇ ਫਾਸ਼ੀਵਾਦੀ ਦੌਰ ਵਿੱਚ ਭਗਤ ਸਿੰਘ ਦੇ ਵਿਚਾਰਾਂ ਦੀ ਮਹੱਤਤਾ' ਹੋਵੇਗਾ , ਜਿਸ ਦੇ ਮੁੱਖ ਬੁਲਾਰੇ ਉੱਘੇ ਸਮਾਜ ਚਿੰਤਕ ਅਤੇ ਅਨੁਵਾਦਕ ਬਲਵੀਰ ਲੌਂਗੋਵਾਲ ਹੋਣਗੇ। ਸ਼ਹੀਦ ਭਗਤ ਸਿੰਘ ਦੇ ਭਾਣਜੇ ਪ੍ਰੋ ਜਗਮੋਹਨ ਸਿੰਘ ਸੂਬਾ ਪ੍ਰਧਾਨ ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਵੀ ਸ਼ਹੀਦ ਭਗਤ ਸਿੰਘ ਬਾਰੇ ਖੋਜ ਭਰਪੂਰ ਵਰਨਣ ਕੀਤਾ ਜਾਵੇਗਾ। ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦੇ ਜੱਥੇਬੰਦਕ ਮੁਖੀ ਜਸਵੰਤ ਜ਼ੀਰਖ ਅਤੇ ਮੀਡੀਆ ਮੁਖੀ ਹਰਚੰਦ ਭਿੰਡਰ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਇਸ ਸੈਮੀਨਾਰ ਵਿੱਚ ਸੁਸਾਇਟੀ ਦੀਆਂ ਇਕਾਈਆਂ ਕੋਹਾੜਾ, ਸੁਧਾਰ, ਜਗਰਾਓਂ, ਖੰਨਾ, ਮਲੇਰਕੋਟਲਾ, ਲੁਧਿਆਣਾ ਦੇ ਮੈਂਬਰ ਸ਼ਾਮਿਲ ਹੋਣਗੇ।

# ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ 'ਚ 799 ਮਰੀਜ਼ਾਂ ਦੀ ਜਾਂਚ



ਭਵਾਨੀਗੜ੍ਹ (ਰਾਜ ਖੁਰਮੀ)
ਆਯੁਸ਼ਮਾਨ ਆਰੋਗਿਆ ਕੇਂਦਰ ਕਾਹਨਗੜ੍ਹ ਵੱਲੋਂ ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ, ਡਾਇਰੈਕਟਰ ਹੋਮਿਓਪੈਥਿਕ ਪੰਜਾਬ ਡਾ. ਹਰਿੰਦਰਪਾਲ ਸਿੰਘ, ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਸੰਗਰੂਰ ਡਾ. ਸੀਮਾ ਜੈਨ ਤੇ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰਾਜੀਵ ਜਿੰਦੀਆ ਦੀ ਅਗਵਾਈ ਹੇਠ ਸ੍ਰੀ ਗੁਰਦੁਆਰਾ ਸਾਹਿਬ ਬਾਸੀਅਰਖ ਵਿਖੇ ਵਿਸ਼ਾਲ ਆਯੁਰਵੈਦਿਕ ਤੇ ਹੋਮਿਓਪੈਥਿਕ ਸਿਹਤ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਸੰਗਰੂਰ ਤੋਂ ਵਿਧਾਇਕਾ ਨਰਿੰਦਰ ਕੌਰ ਭਰਾਜ ਵੱਲੋਂ ਕੀਤਾ ਗਿਆ।ਕੈਂਪ ਦੌਰਾਨ ਕੁੱਲ 799 ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚ 473 ਮਰੀਜ਼ਾਂ ਦੀ ਜਾਂਚ ਆਯੁਰਵੈਦਿਕ ਡਾਕਟਰਾਂ ਤੇ 326 ਮਰੀਜ਼ਾਂ ਦੀ ਜਾਂਚ ਹੋਮਿਓਪੈਥਿਕ ਡਾਕਟਰਾਂ ਵੱਲੋਂ ਕੀਤੀ ਗਈ।ਕੈਂਪ ਦਾ ਸੰਚਾਲਨ ਸੀਨੀਅਰ ਫਿਜ਼ੀਸ਼ੀਅਨ ਡਾ. ਕੁਲਵਿੰਦਰ ਸ਼ਰਮਾ ਤੇ ਆਯੁਰਵੈਦਿਕ ਮੈਡੀਕਲ ਅਫ਼ਸਰ ਡਾ. ਲਲਿਤ ਕਾਂਸਲ ਵੱਲੋਂ ਕੀਤਾ ਗਿਆ। ਇਸ ਮੌਕੇ ਆਯੁਰਵੈਦਿਕ ਵਿਭਾਗ ਤੋਂ ਡਾ. ਮੀਨੂ ਵਾਹੀ ਤੇ ਡਾ. ਰੇਨੂੰ ਗੋਸਵਾਮੀ ਅਤੇ ਹੋਮਿਓਪੈਥੀ ਵਿਭਾਗ ਤੋਂ ਡਾ. ਜਸਦੀਪ ਸਿੰਘ ਤੇ ਡਾ. ਮਨਪ੍ਰੀਤ ਸਿੰਘ ਨੇ ਮਰੀਜ਼ਾਂ ਦੀ ਜਾਂਚ ਕੀਤੀ।

ਕੈਂਪ ਦੌਰਾਨ ਰਮੇਸ਼ ਕੁਮਾਰ, ਪਰਮਿੰਦਰ ਸਿੰਘ, ਮਨਪ੍ਰੀਤ ਸਿੰਘ, ਬਬੀਤਾ ਰਾਣੀ, ਕਰਨੈਲ ਸਿੰਘ, ਸੁਰਜੀਤ ਸਿੰਘ ਤੇ ਉਰਮਿਲਾ ਨੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ।ਯੋਗਾ ਇੰਸਟ੍ਰਕਟਰ ਗੁਰਪਿਆਰ ਸਿੰਘ, ਮਨਦੀਪ ਕੌਰ, ਰੁਬਲਪ੍ਰੀਤ ਕੌਰ ਤੇ ਸੁਰਿੰਦਰ ਸਿੰਘ ਨੇ ਲੋਕਾਂ ਨੂੰ ਵੱਖ-ਵੱਖ ਯੋਗ ਆਸਣਾਂ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ।ਇਸ ਤੋਂ ਇਲਾਵਾ ਕੈਂਪ ਦੌਰਾਨ ਬੀ.ਐੱਮ.ਡੀ. ਟੈਸਟ ਤੇ ਸ਼ੂਗਰ ਦੀ ਜਾਂਚ ਵੀ ਮੁਫ਼ਤ ਕੀਤੀ ਗਈ।ਇਸ ਮੌਕੇ ਇਲਾਕੇ ਦੇ ਪ੍ਰਮੁੱਖ ਵਿਅਕਤੀਆਂ ਸਾਹਿਬ ਸਿੰਘ, ਗੁਰਵਿੰਦਰ ਸਿੰਘ, ਬਲਕਾਰ ਸਿੰਘ ਤੇ ਮੁਹੰਮਦ ਰਿਆਜ਼ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

## ਦੁਕਾਨਦਾਰ ਦੀ ਕੁੱਟਮਾਰ ਕਰਨ ਵਾਲਾ ਅਜੇ ਵੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ



ਬਰੇਟਾ (ਰੀਤਵਾਲ)-ਬੀਤੀ 20 ਅਗਸਤ ਨੂੰ ਪਿੰਡ ਕੁਲਰੀਆਂ ਵਿਖੇ ਮੋਬਾਈਲ ਫੋਨਾਂ ਦੀ ਦੁਕਾਨ ਕਰ ਰਹੇ ਦੁਕਾਨਦਾਰ ਹਰਬੰਸ ਸਿੰਘ ਵਾਸੀ ਜੁਗਲਾਨ ਦੀ ਕੀਤੀ ਕੁੱਟਮਾਰ ਦੇ ਮਾਮਲੇ ਵਿੱਚ ਇੱਕ ਮਹੀਨੇ ਦਾ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਮੁਲਜ਼ਮ ਹਾਲੇ ਤੱਕ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹਨ, ਜਿਸ ਕਾਰਨ ਪੀੜਤ ਪਰਵਾਰ ਤੇ ਇਲਾਕੇ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਪਰਵਾਰ ਤੇ ਹੋਰਨਾਂ ਲੋਕਾਂ ਦਾ ਦੋਸ਼ ਹੈ ਕਿ ਸੰਬੰਧਤ ਥਾਣੇ ਦੀ ਪੁਲਸ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਨ ਵਿੱਚ ਜਾਣਬੁੱਝ ਕੇ ਢਿੱਲ ਵਰਤ ਰਹੀ ਹੈ ਅਤੇ 'ਕੁੱਤੀ ਚੋਰਾਂ ਨਾਲ ਰਲੀ' ਵਾਲੀ ਕਹਾਵਤ ਵਾਂਗ ਪੁਲਸ ਮੁਲਜ਼ਮ ਧਿਰ ਨਾਲ ਮਿਲੀ ਹੋਈ ਜਾਪਦੀ ਹੈ।ਪੀੜਤ ਪਰਵਾਰ ਦਾ ਕਹਿਣਾ ਹੈ ਕਿ ਵਾਰ-ਵਾਰ ਥਾਣੇ ਦੇ ਚੱਕਰ ਕੱਟਣ ਤੇ ਸ਼ਿਕਾਇਤਾਂ ਦੇਣ ਦੇ ਬਾਵਜੂਦ ਪੁਲਸ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਮੁਲਜ਼ਮਾਂ ਦੇ ਹੌਸਲੇ ਬੁਲੰਦ ਹਨ।ਇਸ ਢਿੱਲ-ਮੱਠ ਤੋਂ ਪ੍ਰੇਸ਼ਾਨ ਹੋ ਕੇ ਹੁਣ ਪੀੜਤ ਪਰਵਾਰ ਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਨੇ ਪਿੰਡ ਜੁਗਲਾਨ 'ਚ ਮੀਟਿੰਗ ਕਰਨ ਉਪਰੰਤ ਫੈਸਲਾ ਲੈਂਦਿਆਂ ਕਿਹਾ ਕਿ ਬਰੇਟਾ ਥਾਣੇ ਅੱਗੇ ਦੂਜੀ ਵਾਰ ਜਲਦ ਧਰਨਾ ਦਿੱਤਾ ਜਾਵੇਗਾ।ਜਥੇਬੰਦੀਆਂ ਦੇ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਦੋਸ਼ੀਆਂ ਦੀ ਗ੍ਰਿਫਤਾਰੀ ਨਹੀਂ ਹੁੰਦੀ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਪ੍ਰਸ਼ਾਸਨ ਤੇ ਉੱਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਤੇ ਮੁਲਜ਼ਮਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਕਾਨੂੰਨ ਮੁਤਾਬਕ ਸਖ਼ਤ ਸਜ਼ਾ ਦਿਵਾਈ ਜਾਵੇ। ਜਦ ਇਸ ਮਾਮਲੇ ਨੂੰ ਲੈ ਕੇ ਥਾਣਾ ਮੁਖੀ ਗਣੇਸ਼ਵਰ ਕੁਮਾਰ ਬਰੇਟਾ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਫੜਨ ਲਈ ਪੁਲਸ ਵੱਲੋਂ ਉਨ੍ਹਾਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ।

## ਹੇਡੋਂ ਬੇਟ ਦੰਗਲ 'ਚ ਸ਼ੇਰਾ ਫਲਾਹੀ ਨੇ ਮਿਰਜ਼ਾ ਈਰਾਨ ਨੂੰ ਚਿੱਤ ਕਰਕੇ ਜਿੱਤੀ ਝੰਡੀ

### ਜੇਤੂ ਪਹਿਲਵਾਨਾਂ ਨੂੰ ਦਿੱਤੇ ਬੁਲਿਟ ਮੋਟਰਸਾਈਕਲ ਤੇ ਹੋਰ ਇਨਾਮ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਪਿੰਡ ਹੇਡੋਂ ਬੇਟ ਵਿਖੇ ਗੁੱਗਾ ਜ਼ਾਹਰ ਵੀਰ ਦੀ ਯਾਦ ਨੂੰ ਸਮਰਪਤ ਦੋ-ਰੋਜ਼ਾ ਵਿਸ਼ਾਲ ਕੁਸ਼ਤੀ ਦੰਗਲ ਯਾਦਗਾਰੀ ਹੋ ਨਿੱਬੜਿਆ। ਗ੍ਰਾਮ ਪੰਚਾਇਤ, ਪ੍ਰਬੰਧਕ ਕਮੇਟੀ, ਨਗਰ ਨਿਵਾਸੀਆਂ ਤੇ ਐੱਨ.ਆਰ.ਆਈ. ਭਰਾਵਾਂ ਦੇ ਸਹਿਯੋਗ ਨਾਲ ਕਰਵਾਏ ਇਸ ਖੇਡ ਮੇਲੇ 'ਚ ਦੇਸ਼ ਭਰ ਤੋਂ ਆਏ 600 ਤੋਂ ਵੱਧ ਭਲਵਾਨਾਂ ਨੇ ਆਪਣੀ ਤਾਕਤ ਤੇ ਦਾਅ-ਪੇਚਾਂ ਦਾ ਮੁਜ਼ਾਹਰਾ ਕੀਤਾ। ਸਰਪੰਚ ਕਮਲਜੀਤ ਸਿੰਘ, ਅਮਰ ਸਿੰਘ ਆੜ੍ਹਤੀ ਤੇ ਜਸਪ੍ਰੀਤ ਸਿੰਘ ਜੱਸਾ ਨੇ ਦੱਸਿਆ ਕਿ ਬਾਬਾ ਦੀਪਾ ਫਲਾਹੀ ਤੇ ਹਰਨੇਕ ਸਿੰਘ ਦੀ ਸਰਪ੍ਰਸਤੀ ਹੇਠ ਹੋਈ ਪਹਿਲੇ ਨੰਬਰ ਦੀ ਝੰਡੀ ਦੀ ਕੁਸ਼ਤੀ ਵਿੱਚ ਸ਼ੇਰਾ ਬਾਬਾ ਫਲਾਹੀ ਨੇ ਮਿਰਜ਼ਾ ਈਰਾਨ ਨੂੰ ਪੁੜ ਚਣ ਕੇ ਖ਼ਿਤਾਬ 'ਤੇ ਕਬਜ਼ਾ ਕੀਤਾ। ਹੋਰਨਾਂ ਮੁਕਾਬਲਿਆਂ ਵਿੱਚ ਤਾਲਿਬ ਬਾਬਾ ਫਲਾਹੀ, ਪ੍ਰਿਤਪਾਲ ਫਗਵਾੜਾ ਤੇ ਜੋਟੀ ਗੁੱਜਰ ਨੇ ਕ੍ਰਮਵਾਰ ਅਭੀਨਾਇਲ ਯੂ.ਪੀ., ਬਿੰਨੀ ਜੰਮੂ ਤੇ ਛੋਟੇ ਸੁਦਾਮ ਨੂੰ ਹਰਾ ਕੇ ਜਿੱਤਾਂ ਦਰਜ ਕੀਤੀਆਂ। ਜੇਤੂ ਪਹਿਲਵਾਨਾਂ ਨੂੰ ਬੁਲਿਟ ਮੋਟਰਸਾਈਕਲ ਤੇ ਨਕਦ ਇਨਾਮਾਂ ਦੀ ਵੰਡ ਸਾਬਕਾ ਵਿਧਾਇਕ ਅਮਰੀਕ ਸਿੰਘ ਢਿੱਲੋਂ, ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਰੁਪਿੰਦਰ ਸਿੰਘ ਰਾਜਾ ਗਿੱਲ, ਪਰਮਜੀਤ ਸਿੰਘ ਢਿੱਲੋਂ, ਨਿਸ਼ੂ ਸ਼ਰਮਾ, ਕਰਜਿੰਦਰ ਸਿੰਘ ਬਬਲੂ ਲੋਪੋਂ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਹਰਜਿੰਦਰ ਸਿੰਘ ਖੇੜਾ ਤੇ ਜਸਪਾਲ ਸਿੰਘ ਜੱਜ ਸਮੇਤ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਅਦਾ ਕੀਤੀ। ਮੇਲੇ ਦੇ ਅਖੀਰ 'ਚ ਸਰਪੰਚ ਕਮਲਜੀਤ ਸਿੰਘ ਨੇ ਮੁੱਖ ਮਹਿਮਾਨਾਂ, ਪਹਿਲਵਾਨਾਂ ਤੇ ਦਰਸ਼ਕਾਂ ਦਾ ਧੰਨਵਾਦ ਕੀਤਾ। ਕਮੇਟੀ ਵੱਲੋਂ ਪੁੱਜੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕਰਦਿਆਂ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

# ਭਗਵੰਤ ਮਾਨ ਸਰਕਾਰ ਐੱਸ ਸੀ ਬਹੁਗਿਣਤੀ ਵਾਲੇ ਪਿੰਡਾਂ ਦੇ ਵਿਕਾਸ ਤੇ 750 ਕਰੋੜ ਤੋਂ ਵੱਧ ਰਾਸ਼ੀ ਖ਼ਰਚੇਗੀ

### ਹਰੇਕ ਪਿੰਡ ਨੂੰ ਸ਼ੁਰੂ ਵਿੱਚ ਬਿਨਾਂ ਕਿਸੇ ਸ਼ਰਤ ਦੇ 20 ਲੱਖ ਦੇ ਫੰਡ ਜਾਰੀ ਕੀਤੇ ਜਾਣਗੇ : ਮੁੱਖ ਮੰਤਰੀ



ਚੰਡੀਗੜ੍ਹ (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਉਨ੍ਹਾਂ 3,763 ਪਿੰਡਾਂ ਦੇ ਸਰਬਪੱਖੀ ਅਤੇ ਸਮੂਹਿਕ ਵਿਕਾਸ ਲਈ 750 ਕਰੋੜ ਰੁਪਏ ਤੋਂ ਵੱਧ ਦੇ ਵਿਆਪਕ ਪ੍ਰੋਜੈਕਟ ਦਾ ਐਲਾਨ ਕੀਤਾ ਹੈ, ਜਿੱਥੇ ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਦੀ ਆਬਾਦੀ 40 ਫ਼ੀਸਦੀ ਤੋਂ ਵੱਧ ਹੈ।ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਸਮਾਜਿਕ ਨਿਆਂ ਅਤੇ ਇਨ੍ਹਾਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਹਰੇਕ ਪਿੰਡ ਦੀਆਂ ਖਾਸ ਲੋੜਾਂ ਦੀ ਪਛਾਣ ਕਰਕੇ ਤਰਜੀਹ ਅਨੁਸਾਰ ਕੰਮ ਕਰਵਾਉਣਾ ਯਕੀਨੀ ਬਣਾਉਣਗੇ ਤਾਂ ਜੋ ਲੋਕਾਂ ਦੇ ਪੈਸੇ ਦੀ ਵਰਤੋਂ ਸਹੀ ਢੰਗ ਨਾਲ ਪਹਿਲਾਂ ਉਥੇ ਹੋ ਸਕੇ ਜਿੱਥੇ ਇਸ ਦੀ ਸਭ ਤੋਂ ਵੱਧ ਲੋੜ ਹੈ। ਉਨ੍ਹਾਂ ਕਿਹਾ, ਹਰੇਕ ਪਿੰਡ ਨੂੰ ਸ਼ੁਰੂ ਵਿੱਚ ਬਿਨਾਂ ਕਿਸੇ ਸ਼ਰਤ ਦੇ 20 ਲੱਖ ਰੁਪਏ ਦਾ ਫੰਡ ਜਾਰੀ ਕੀਤਾ ਜਾਵੇਗਾ ਅਤੇ ਫੰਡਾਂ ਦੀ ਸਹੀ ਵਰਤੋਂ ਅਤੇ ਵਾਧੂ ਲੋੜਾਂ ਦੇ ਮੁਲਾਂਕਣ ਤੋਂ ਬਾਅਦ ਇਸ ਰਕਮ ਵਿੱਚ ਵਾਧਾ ਕੀਤਾ ਜਾ ਸਕੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੇਂਡੂ ਵਿਕਾਸ ਵਿਭਾਗ ਨੇ ਇਨ੍ਹਾਂ ਫੰਡਾਂ ਦੀ ਪ੍ਰਭਾਵਸ਼ਾਲੀ ਅਤੇ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਪਹਿਲਾਂ ਹੀ ਵਿਆਪਕ ਰੂਪ-ਰੇਖਾ ਤਿਆਰ ਕਰ ਲਈ ਹੈ।ਉਨ੍ਹਾਂ ਕਿਹਾ, ਅਸੀਂ ਲੋਕਾਂ ਦੇ ਆਰਥਿਕ ਸਸ਼ਕਤੀਕਰਨ ਲਈ ਵਚਨਬੱਧ ਹਾਂ ਅਤੇ ਇਨ੍ਹਾਂ ਯਤਨਾਂ ਦੇ ਹਿੱਸੇ ਵਜੋਂ ਰੁਜ਼ਗਾਰ ਪੈਦਾ ਕਰਨ ਵਾਸਤੇ ਯੋਗ ਵਿਅਕਤੀਆਂ ਨੂੰ 50,000 ਰੁਪਏ ਦੀ ਗ੍ਰਾਂਟ-ਇਨ-ਏਡ ਪ੍ਰਦਾਨ ਕੀਤੀ ਜਾਵੇਗੀ, ਜੋ ਲਾਭਪਾਤਰੀਆਂ ਨੂੰ ਆਮਦਨ ਪੈਦਾ ਕਰਨ ਵਾਲੀਆਂ ਗਤੀਵਿਧੀਆਂ ਸਥਾਪਤ ਕਰਨ ਜਾਂ ਇਸਦੇ ਵਿਸਥਾਰ ਅਤੇ ਉਨ੍ਹਾਂ ਨੂੰ ਆਤਮ-ਨਿਰਭਰ ਬਣਨ ਦੇ ਯੋਗ ਬਣਾਏਗੀ।ਮੀਟਿੰਗ ਵਿੱਚ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ ਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

## ਦਸਮੇਸ਼ ਸਕੂਲ ਵਿਖੇ ਮਾਂ ਬੋਲੀ ਪੰਜਾਬੀ ਦਿਵਸ ਮਨਾਇਆ



ਤਲਵੰਡੀ ਸਾਬੋ (ਜਗਦੀਪ ਗਿੱਲ)-ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਵਿਖੇ ਮਾਂ ਬੋਲੀ ਪੰਜਾਬੀ ਦਿਵਸ ਬੜੇ ਉਤਸ਼ਾਹ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਪੰਜਾਬੀ ਭਾਸ਼ਾ ਦੀ ਮਹੱਤਤਾ ਨੂੰ ਦਰਸਾਉਂਦੀਆਂ ਪੰਜਾਬੀ ਸੱਭਿਆਚਾਰ ਤੇ ਵਿਰਸੇ ਨਾਲ ਸਬੰਧਤ ਕਵਿਤਾਵਾਂ, ਭਾਸ਼ਣ ਤੇ ਹੋਰ ਰਚਨਾਤਮਕ ਗਤੀਵਿਧੀਆਂ ਪੇਸ਼ ਕੀਤੀਆਂ।ਸਕੂਲ ਪ੍ਰਿੰਸੀਪਲ ਮੈਡਮ ਸਾਨੀਆ ਕਾਮਰਾ ਨੇ ਵਿਦਿਆਰਥੀਆਂ ਨੂੰ ਮਾਂ ਬੋਲੀ ਪੰਜਾਬੀ ਨਾਲ ਜੁੜੇ ਰਹਿਣ ਤੇ ਇਸ ਦੀ ਸੰਭਾਲ ਤੇ ਪ੍ਰਚਾਰ-ਪ੍ਰਸਾਰ ਲਈ ਯਤਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਮਾਂ ਬੋਲੀ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਕਿਹਾ ਕਿ ਪੰਜਾਬੀ ਸਾਡੀ ਪਹਿਚਾਣ, ਸੱਭਿਆਚਾਰ ਤੇ ਵਿਰਸੇ ਦੀ ਅਹਿਮ ਕੜੀ ਹੈ।ਇਸ ਲਈ ਸਾਨੂੰ ਪੰਜਾਬੀ ਭਾਸ਼ਾ ਦਾ ਸਤਿਕਾਰ ਕਰਨਾ ਚਾਹੀਦਾ ਹੈ।ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਪੀ ਐੱਸ ਪੀ ਸੀ ਐੱਲ ਦੇ ਸੀ ਐੱਮ ਡੀ ਵੱਲੋਂ ਮੁਲਾਜ਼ਮ ਮੰਗਾਂ 'ਤੇ ਚਰਚਾ

### 37 ਜਥੇਬੰਦੀਆਂ ਦੇ ਆਗੂਆਂ ਨਾਲ ਕੀਤੀ ਪਲੇਠੀ ਮੀਟਿੰਗ



ਪਟਿਆਲਾ (ਰਜਿੰਦਰ ਥਿੰਦ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਮੁੱਖ ਦਫ਼ਤਰ ਵਿਖੇ ਸੀ ਐੱਮ ਡੀ ਗੁਰਕੀਰਤ ਕਿਰਪਾਲ ਸਿੰਘ ਵੱਲੋਂ ਡਾਇਰੈਕਟਰਾਂ ਤੇ ਹੋਰ ਸੀਨੀਅਰ ਅਧਿਕਾਰੀਆਂ ਸਮੇਤ ਲਗਭਗ 37 ਜਥੇਬੰਦੀਆਂ ਦੇ ਆਗੂਆਂ ਨਾਲ ਵਿਸਥਾਰਪੂਰਵਕ ਮੀਟਿੰਗ ਕੀਤੀ ਗਈ।ਸੀ ਐੱਮ ਡੀ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਜਥੇਬੰਦੀਆਂ ਨਾਲ ਇਹ ਪਹਿਲੀ ਮੀਟਿੰਗ ਸੀ, ਜੋ ਸ਼ਾਂਤੀਪੂਰਨ ਤੇ ਸੁਹਿਰਦ ਮਾਹੌਲ ਵਿੱਚ ਹੋਈ।ਮੀਟਿੰਗ ਦੌਰਾਨ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਮੁਲਾਜ਼ਮਾਂ ਨਾਲ ਸਬੰਧਤ ਮੰਗਾਂ, ਸਮੱਸਿਆਵਾਂ ਤੇ ਲੰਬਿਤ ਮਾਮਲਿਆਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।ਆਗੂਆਂ ਵੱਲੋਂ ਖ਼ਾਸ ਤੌਰ 'ਤੇ ਤਰੱਕੀਆਂ (ਪ੍ਰਮੋਸ਼ਨ) ਨਾਲ ਸਬੰਧਤ ਮੰਗਾਂ ਦੇ ਜਲਦ ਨਿਪਟਾਰੇ ਦੀ ਮੰਗ ਰੱਖੀ ਗਈ।ਇਸ ਮੌਕੇ ਸੀ ਐੱਮ ਡੀ ਨੇ ਕਿਹਾ ਕਿ ਉਨ੍ਹਾਂ ਦੇ ਤਜਰਬੇ ਮੁਤਾਬਕ ਜਥੇਬੰਦੀਆਂ ਤੇ ਮੈਨੇਜਮੈਂਟ ਵਿਚਕਾਰ ਵੱਖ-ਵੱਖ ਮੁੱਦਿਆਂ 'ਤੇ ਵਿਚਾਰਾਂ ਦਾ ਅੰਤਰ ਰਹਿਣਾ ਸੁਭਾਵਿਕ ਹੈ, ਪਰ ਉਨ੍ਹਾਂ ਦੀ ਕੋਸ਼ਿਸ਼ ਹਮੇਸ਼ਾ ਇਹ ਰਹੇਗੀ ਕਿ ਕਿਸੇ ਵੀ ਮਸਲੇ ਨੂੰ ਸੰਘਰਸ਼ ਜਾਂ ਅੰਦੋਲਨ ਦੀ ਨੌਬਤ ਆਉਣ ਤੋਂ ਪਹਿਲਾਂ ਗੱਲਬਾਤ ਤੇ ਵਿਚਾਰ-ਵਟਾਂਦਰੇ ਰਾਹੀਂ ਹੱਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮਸਲੇ ਦਾ ਹੱਲ ਬਿਨਾਂ ਸੰਘਰਸ਼ ਦੇ ਮੁਲਾਜ਼ਮਾਂ ਦੇ ਹਿੱਤ ਵਿੱਚ ਕੀਤਾ ਜਾ ਸਕਦਾ ਹੈ ਤਾਂ ਉਸ ਦੀ ਖ਼ੁਸ਼ੀ ਹੀ ਵੱਖਰੀ ਹੁੰਦੀ ਹੈ।ਸੀ ਐੱਮ ਡੀ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਤਰੱਕੀਆਂ ਨਾਲ ਜੁੜੀਆਂ ਮੰਗਾਂ ਤੇ ਹੋਰ ਲੰਬਿਤ ਮਾਮਲਿਆਂ ਦੇ ਜਲਦ ਨਿਪਟਾਰੇ ਲਈ ਲੋੜੀਂਦੀ ਕਾਰਵਾਈ ਕਰਨ ਲਈ ਵੀ ਕਿਹਾ ਗਿਆ।ਮੀਟਿੰਗ ਦੌਰਾਨ ਜਥੇਬੰਦੀਆਂ ਦੇ ਆਗੂਆਂ ਨੇ ਵੀ ਕਾਰਪੋਰੇਸ਼ਨ ਦੀ ਮੈਨੇਜਮੈਂਟ ਨੂੰ ਆਪਣੇ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## ਸਿਲਵਰ ਓਕਸ ਸਕੂਲ 'ਚ ਵਿਸ਼ਵ ਪੰਜਾਬੀ ਦਿਵਸ ਮਨਾਇਆ



ਰਾਮਪੁਰਾ ਫੂਲ (ਦਰਸ਼ਨ ਸਿੰਘਲ)-ਸਿਲਵਰ ਓਕਸ ਸਕੂਲ ਰਾਮਪੁਰਾ ਰੋਡ ਬਠਿੰਡਾ ਵਿਖੇ ਵਿਸ਼ਵ ਪੰਜਾਬੀ ਦਿਵਸ ਬੜੇ ਉਤਸ਼ਾਹ ਅਤੇ ਮਾਣ ਨਾਲ ਮਨਾਇਆ ਗਿਆ। ਇਸ ਮੌਕੇ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰਕ ਵਿਰਾਸਤ ਦੀ ਅਮੀਰੀ ਨੂੰ ਉਜਾਗਰ ਕਰਦਿਆਂ ਵਿਦਿਆਰਥੀਆਂ ਨੂੰ ਆਪਣੀ ਮਾਂ-ਬੋਲੀ ਨਾਲ ਜੁੜਨ ਅਤੇ ਇਸ ਦੀ ਮਹੱਤਤਾ ਨੂੰ ਸਮਝਣ ਲਈ ਪ੍ਰੇਰਿਤ ਕੀਤਾ ਗਿਆ। ਵਿਸ਼ੇਸ਼ ਸਭਾ ਰਾਹੀਂ ਵਿਦਿਆਰਥੀਆਂ ਨੂੰ ਵਿਸ਼ਵ ਪੰਜਾਬੀ ਦਿਵਸ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਗਿਆ, ਜੋ ਮਹਾਨ ਸੂਫ਼ੀ ਕਵੀ ਬਾਬਾ ਫ਼ਰੀਦ ਦੇ ਆਗਮਨ ਦਿਵਸ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਪੰਜਾਬੀ ਭਾਸ਼ਾ, ਸਾਹਿਤ ਅਤੇ ਵਿਰਾਸਤ ਦੇ ਪ੍ਰਚਾਰ-ਪ੍ਰਸਾਰ ਲਈ ਇਸ ਦਿਵਸ ਨੂੰ ਮਨਾਉਣ ਦੀ ਪਹਿਲ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਸਾਲ 2025 ਵਿੱਚ ਕੀਤੀ ਗਈ ਸੀ।ਵਿਸ਼ੇਸ਼ ਸਭਾ ਵਿੱਚ ਮਾਂ-ਬੋਲੀ ਦੀ ਮਹੱਤਤਾ, ਪੰਜਾਬੀ ਕਵਿਤਾ, ਨ੍ਰਿਤ ਪੇਸ਼ਕਾਰੀ ਅਤੇ ਦਿਲਚਸਪ ਬੁਝਾਰਤਾਂ ਰਾਹੀਂ ਪੰਜਾਬੀ ਭਾਸ਼ਾ ਦੀ ਸੁੰਦਰਤਾ ਨੂੰ ਉਜਾਗਰ ਕੀਤਾ ਗਿਆ।ਸਭਾ ਤੋਂ ਬਾਅਦ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਨਾਲ ਜੁੜੀਆਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਰਾਹੀਂ ਵਿਦਿਆਰਥੀਆਂ ਨੇ ਪੰਜਾਬੀ ਨੂੰ ਸਿਰਫ਼ ਇੱਕ ਵਿਸ਼ੇ ਵਜੋਂ ਨਹੀਂ, ਸਗੋਂ ਸ਼ਬਦਾਂ, ਕਵਿਤਾ, ਸੰਗੀਤ, ਕਹਾਣੀਆਂ, ਸਿਰਜਣਾਤਮਕਤਾ ਅਤੇ ਪੇਸ਼ਕਾਰੀ ਰਾਹੀਂ ਮਹਿਸੂਸ ਕੀਤਾ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸ੍ਰੀਮਤੀ ਛਾਇਆ ਵਿਨੋਚਾ, ਪ੍ਰਿੰਸੀਪਲ, ਨੇ ਉਨ੍ਹਾਂ ਨੂੰ ਨਿਡਰਤਾ ਨਾਲ ਪੰਜਾਬੀ ਬੋਲਣ, ਪੰਜਾਬੀ ਸਾਹਿਤ ਪੜ੍ਹਨ ਅਤੇ ਆਪਣੀਆਂ ਭਾਸ਼ਾਈ ਤੇ ਸੱਭਿਆਚਾਰਕ ਜੜ੍ਹਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ।

## ਜਨਗਣਨਾ ਸੰਬੰਧੀ ਤਿੰਨ ਦਿਨਾ ਟ੍ਰੇਨਿੰਗ ਦਾ ਸਫਲ ਆਯੋਜਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਜਨਗਣਨਾ 2027 ਦੇ ਸਫਲ ਆਯੋਜਨ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਦੂਜੇ ਫੇਜ਼ ਤਹਿਤ 22 ਤੋਂ 24 ਸਤੰਬਰ ਤੱਕ ਤਿੰਨ ਦਿਨਾਂ ਫੀਲਡ ਟ੍ਰੇਨਰਜ਼ ਦੀ ਟ੍ਰੇਨਿੰਗ ਦਾ ਸਫਲ ਆਯੋਜਨ ਕੀਤਾ ਗਿਆ।ਇਸ ਟ੍ਰੇਨਿੰਗ ਵਿੱਚ ਮਾਸਟਰ ਟ੍ਰੇਨਰ ਹਰਪ੍ਰੀਤ ਸਿੰਘ ਵੱਲੋਂ ਸਮੂਹ ਫੀਲਡ ਟ੍ਰੇਨਰਾਂ ਨੂੰ ਜਨਗਣਨਾ 2027 ਦੇ ਦੂਜੇ ਫੇਜ਼ ਦੀ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ।ਡਿਪਟੀ ਈ ਐਸ ਏ ਰੁਪਿੰਦਰ ਸਿੰਘ ਅਤੇ ਜਨਗਣਨਾ ਅਫ਼ਸਰ ਪੰਕਜ ਕੁਮਾਰ ਵੱਲੋਂ ਹਦਾਇਤ ਕੀਤੀ ਗਈ ਕਿ ਜਨਗਣਨਾ 2027 ਦੇ ਕੰਮ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਸਾਰੀਆਂ ਡਿਊਟੀਆਂ ਪੂਰੀ ਨਿਸ਼ਠਾ, ਜ਼ਿੰਮੇਵਾਰੀ ਅਤੇ ਸਮੇਂ-ਸਿਰ ਨਿਭਾਈਆਂ ਜਾਣ।

## ਸੁਮੀਤ ਸੁਖੀਜਾ ਭਾਜਪਾ ਦੇ ਨਵੇਂ ਇੰਚਾਰਜ ਨਿਯੁਕਤ



ਕੋਟਕਪੂਰਾ (ਰਛਪਾਲ ਭੁੱਲਰ)-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਜ਼ਿਲ੍ਹਾ ਪ੍ਰਧਾਨ ਫਰੀਦਕੋਟ ਸੰਦੀਪ ਸਿੰਘ 'ਸੰਨੀ ਬਰਾੜ' ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਜਨਰਲ ਸਕੱਤਰ ਸੁਮੀਤ ਸੁਖੀਜਾ ਨੂੰ ਵਿਧਾਨ ਸਭਾ ਹਲਕਾ ਜੈਤੋ ਦਾ ਨਵਾਂ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਦੀ ਖ਼ੁਸ਼ੀ ਵਿੱਚ ਭਾਜਪਾ ਐੱਸ.ਸੀ. ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਜਸਪਾਲ ਸਿੰਘ ਪੰਜਗਰਾਈਂ ਅਤੇ ਉਨ੍ਹਾਂ ਦੀ ਹਲਕਾ ਟੀਮ ਵੱਲੋਂ ਸੁਮੀਤ ਸੁਖੀਜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਜਸਪਾਲ ਸਿੰਘ ਪੰਜਗਰਾਈਂ ਅਤੇ ਉਨ੍ਹਾਂ ਦੀ ਟੀਮ ਨੇ ਨਵ-ਨਿਯੁਕਤ ਹਲਕਾ ਇੰਚਾਰਜ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਨ੍ਹਾਂ ਨੂੰ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ।ਇਸ ਸਨਮਾਨ ਸਮਾਰੋਹ ਵਿੱਚ ਹਰਦੀਪ ਸ਼ਰਮਾ ਬਾਹਮਣ ਵਾਲਾ, ਡਾ. ਬਲਵਿੰਦਰ ਸਿੰਘ ਬਰਗਾੜੀ, ਜਗਮੀਤ ਸਿੰਘ ਢਿੱਲੋਂ ਡ਼ੱਖੜਵਾਲਾ, ਮਨਜੀਤ ਸਿੰਘ ਦਲ ਸਿੰਘ ਵਾਲਾ, ਜਸਪਾਲ ਸਿੰਘ ਦਲ ਸਿੰਘ ਵਾਲਾ ਅਤੇ ਨਿਰਮਲ ਸਿੰਘ ਲੰਬਵਾਲੀ ਆਦਿ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਮੋਦੀ, ਸ਼ਾਹ ਤੇ ਗਿਆਨੇਸ਼...

ਇਸ ਦੌਰਾਨ ਯੂਥ ਕਾਂਗਰਸ ਨੇ ਦੇਸ਼ ਦੇ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਨੂੰ ਚੋਣ ਪਾਰਦਰਸ਼ਤਾ, ਜਵਾਬਦੇਹੀ ਅਤੇ ਲੋਕਤੰਤਰੀ ਸੰਸਥਾਵਾਂ ਦੀ ਰੱਖਿਆ ਲਈ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਇਹ ਪਟੀਸ਼ਨ ਚੋਣ ਕਮਿਸ਼ਨ ਦੇ ਕੰਮਕਾਜ ਅਤੇ ਅੰਦਰੂਨੀ ਫੈਸਲਾ ਲੈਣ ਦੀਆਂ ਪ੍ਰਕਿਰਿਆਵਾਂ 'ਤੇ ਸਵਾਲ ਉਠਾਉਣ ਵਾਲੀਆਂ ਹਾਲੀਆ ਰਿਪੋਰਟਾਂ ਦੇ ਵਿਚਕਾਰ ਸ਼ੁਰੂ ਕੀਤੀ ਗਈ ਹੈ। ਯੂਥ ਕਾਂਗਰਸ ਨੇ ਕਿਹਾ ਕਿ ਜਦੋਂ ਸੰਸਥਾ ਦੇ ਕੰਮਕਾਜ ਬਾਰੇ ਸਵਾਲ ਉੱਠਦੇ ਹਨ, ਜੋ ਹਰ ਨਾਗਰਿਕ ਦੇ ਵੋਟ ਪਾਉਣ ਦੇ ਅਧਿਕਾਰ ਦੀ ਰੱਖਿਆ ਕਰਦੀ ਹੈ ਤਾਂ ਪੂਰੀ ਪਾਰਦਰਸ਼ਤਾ ਅਤੇ ਜਨਤਕ ਜਵਾਬਦੇਹੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਨਾਗਰਿਕ ਪਟੀਸ਼ਨ ਰਾਹੀਂ ਭਾਰਤੀ ਯੁਵਾ ਕਾਂਗਰਸ ਨੇ ਪੰਜ ਮੰਗਾਂ ਰੱਖੀਆਂ ਹਨ, ਜਿਨ੍ਹਾਂ ਵਿੱਚ ਗਿਆਨੇਸ਼ ਕੁਮਾਰ ਨੂੰ ਮੁੱਖ ਚੋਣ ਕਮਿਸ਼ਨਰ ਦੇ ਅਹੁਦੇ ਤੋਂ ਹਟਾਉਣ, ਗਿਆਨੇਸ਼ ਕੁਮਾਰ ਨੂੰ ਗ੍ਰਿਫ਼ਤਾਰ ਕਰਨ ਅਤੇ ਮੁਕੱਦਮਾ ਚਲਾਉਣ ਦੀ ਮੰਗ ਕੀਤੀ ਗਈ ਹੈ। ਵੋਟਰ ਸੂਚੀ ਅਤੇ ਸੰਬੰਧਤ ਪ੍ਰਕਿਰਿਆਵਾਂ ਸਮੇਤ ਪੂਰੀ ਵੋਟਿੰਗ ਲੜੀ ਅਤੇ ਚੋਣ ਪ੍ਰਕਿਰਿਆ ਦੀ ਵਿਆਪਕ ਜਾਂਚ ਕੀਤੀ ਜਾਣੀ ਚਾਹੀਦੀ ਹੈ। ਰਿਪੋਰਟਾਂ ਅਨੁਸਾਰ ਕਥਿਤ ਮੋਦੀ-ਸ਼ਾਹ-ਭਾਜਪਾ ਗੱਠਜੋੜ, ਜਿਸ ਦਾ ਇਸ ਮੁਹਿੰਮ ਵਿੱਚ ਜ਼ਿਕਰ ਕੀਤਾ ਗਿਆ ਹੈ, ਦੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਪੰਜਵੀਂ ਮੰਗ ਅਨੁਸਾਰ ਸਾਰੇ ਚੋਣ ਰਿਕਾਰਡ ਅਤੇ ਅੰਦਰੂਨੀ ਇਤਰਾਜ਼ ਜਨਤਕ ਕੀਤੇ ਜਾਣੇ ਚਾਹੀਦੇ ਹਨ, ਤਾਂ ਜੋ ਨਾਗਰਿਕ ਚੋਣ ਕਮਿਸ਼ਨ ਦੀ ਫੈਸਲਾ ਲੈਣ ਦੀ ਪ੍ਰਕਿਰਿਆ ਅਤੇ ਇਸ ਦੇ ਕੰਮਕਾਜ ਨੂੰ ਸਮਝ ਸਕਣ। ਯੂਥ ਕਾਂਗਰਸ ਦੇ ਕੌਮੀ ਇੰਚਾਰਜ ਮਨੀਸ਼ ਸ਼ਰਮਾ ਨੇ ਕਿਹਾ ਕਿ ਵੋਟ ਪਾਉਣ ਦਾ ਅਧਿਕਾਰ ਸਾਡੇ ਲੋਕਤੰਤਰ ਦੀ ਨੀਂਹ ਹੈ। ਚੋਣ ਕਮਿਸ਼ਨ ਕਿਸੇ ਸਰਕਾਰ ਜਾਂ ਵਿਅਕਤੀ ਦੀ ਜਾਇਦਾਦ ਨਹੀਂ ਹੈ। ਇਹ ਭਾਰਤ ਦੇ ਲੋਕਾਂ ਦੀ ਇੱਕ ਸੰਸਥਾ ਹੈ। ਜਦੋਂ ਇਸ ਸੰਸਥਾ ਦੇ ਕੰਮਕਾਜ ਬਾਰੇ ਸਵਾਲ ਉਠਦੇ ਹਨ, ਤਾਂ ਨਾਗਰਿਕਾਂ ਨੂੰ ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਮੰਗ ਕਰਨ ਦਾ ਪੂਰਾ ਅਧਿਕਾਰ ਹੈ।

### ਭਾਜਪਾ 'ਚ ਸ਼ਾਮਲ ਹੋਣ ...

ਸਾਹਨੇਵਾਲ ਸਥਿਤ ਘਰ 'ਤੇ ਈ.ਡੀ. ਦੀ ਛਾਪੇਮਾਰੀ ਦਾ ਮਕਸਦ ਸਿਰਫ਼ ਉਸ ਨੂੰ ਭਗਵਾਂ ਪਾਰਟੀ ਵਿੱਚ ਸ਼ਾਮਲ ਹੋਣ ਲਈ ਦਬਾਅ ਪਾਉਣਾ ਸੀ। ਈ ਡੀ ਨੇ ਕਿਹਾ ਕਿ ਸੈਣੀ ਦੇ ਵਿੱਤੀ ਲੈਣ-ਦੇਣ ਦੀ ਜਾਂਚ ਕੀਤੀ ਜਾ ਰਹੀ ਹੈ। ਮੁੰਡੀਆਂ ਸਤੰਬਰ 2024 ਤੋਂ ਮਕਾਨ ਉਸਾਰੀ ਮੰਤਰੀ ਹਨ ਅਤੇ ਈ ਡੀ ਪਿਛਲੇ ਕੁਝ ਸਾਲਾਂ ਦੌਰਾਨ ਗਮਾਡਾ ਵੱਲੋਂ ਕੀਤੇ ਗਏ ਜ਼ਮੀਨ ਗ੍ਰਹਿਣ ਕਰਨ, ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ ਅਤੇ ਹੋਰ ਸੌਦਿਆਂ ਦੀ ਜਾਂਚ ਕਰ ਰਹੀ ਹੈ। ਮੁੰਡੀਆਂ ਨੇ ਕਿਹਾ ਕਿ ਈ ਡੀ ਦੇ ਅਧਿਕਾਰੀ ਬੁੱਧਵਾਰ ਸਵੇਰੇ 11 ਵਜੇ ਪ੍ਰਿੰਸ ਦੇ ਘਰ ਪਹੁੰਚੇ ਅਤੇ ਮੈਨੂੰ ਭਾਜਪਾ ਵਿੱਚ ਸ਼ਾਮਲ ਹੋਣ ਲਈ ਮਜਬੂਰ ਕਰਨ ਵਾਸਤੇ ਪਰਵਾਰ ਦੀਆਂ ਔਰਤਾਂ ਉੱਤੇ ਦਬਾਅ ਬਣਾਉਂਦੇ ਰਹੇ। ਅਧਿਕਾਰੀ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੇ ਡਰਾਈਵਰ ਵੀ ਨਸ਼ੇ ਦੀ ਹਾਲਤ ਵਿੱਚ ਸਨ ਅਤੇ ਉਨ੍ਹਾਂ ਨੇ ਮੇਰੇ ਪਰਿਵਾਰ ਦੀਆਂ ਔਰਤਾਂ ਨੂੰ ਪਰੇਸ਼ਾਨ ਕੀਤਾ। ਉਨ੍ਹਾ ਨੂੰ ਤਲਾਸ਼ੀ ਮੁਹਿੰਮ ਦੌਰਾਨ ਕੁਝ ਨਹੀਂ ਮਿਲਿਆ । ਮੁੰਡੀਆਂ ਨੇ ਇਹ ਵੀ ਦੋਸ਼ ਲਾਇਆ ਕਿ ਈ ਡੀ ਅਧਿਕਾਰੀਆਂ ਨੇ ਆਪਣੀ 50 ਘੰਟੇ ਚੱਲੀ ਛਾਪੇਮਾਰੀ ਦੌਰਾਨ ਦਫ਼ਤਰਾਂ ਅਤੇ ਰਿਹਾਇਸ਼ਾਂ ਦੇ ਤਾਲੇ ਧੱਕੇ ਨਾਲ ਤੋੜੇ ਹਨ।

### ਈ ਡੀ ਟੀਮਾਂ ਘੇਰੀਆਂ...

ਦੌਰਾਨ ਅਧਿਕਾਰੀਆਂ ਨੇ ਤਾਲੇ ਤੋੜ ਕੇ ਬੰਦ ਅਤੇ ਖਾਲੀ ਘਰਾਂ ਵਿੱਚ ਵੀ ਪ੍ਰਵੇਸ਼ ਕੀਤਾ ਹੈ, ਪਰ ਇਹਨਾਂ ਥਾਵਾਂ ਤੋਂ ਕੁਝ ਵੀ ਬਰਾਮਦ ਨਹੀਂ ਹੋਇਆ।ਜੇਕਰ ਕੁਝ ਨਹੀਂ ਮਿਲਿਆ ਤਾਂ ਬੰਦ ਘਰਾਂ ਦੇ ਤਾਲੇ ਤੋੜਨ ਦਾ ਕੀ ਮਕਸਦ ਸੀ? ਉਨ੍ਹਾ ਕਿਹਾ ਕਿ ਤਲਾਸ਼ੀ ਦੌਰਾਨ ਅਧਿਕਾਰੀਆਂ ਦੇ ਰਵੱਈਏ ਨੇ ਵੀ ਗੰਭੀਰ ਚਿੰਤਾਵਾਂ ਖੜ੍ਹੀਆਂ ਕੀਤੀਆਂ ਹਨ।' ਉਨ੍ਹਾ ਕਿਹਾ—ਆਪ ਮੰਤਰੀ ਦੇ ਇੱਕ ਰਿਸ਼ਤੇਦਾਰ ਦੇ ਘਰ ਛਾਪੇਮਾਰੀ ਦੌਰਾਨ ਈ ਡੀ ਅਧਿਕਾਰੀਆਂ ਨੇ ਬੱਚਿਆਂ ਅਤੇ ਬਜ਼ੁਰਗ ਪਰਵਾਰਕ ਮੈਂਬਰਾਂ ਨੂੰ ਡਰਾਉਣ ਦੀ ਕੋਸ਼ਿਸ਼ ਕੀਤੀ।ਕੀ ਕੇਂਦਰੀ ਜਾਂਚ ਏਜੰਸੀ ਦਾ ਕੰਮ ਕਰਨ ਦਾ ਇਹ ਤਰੀਕਾ ਹੈ? ਅਜਿਹੇ ਦਬਾਅ ਦੀਆਂ ਰਣਨੀਤੀਆਂ ਦੀ ਵਰਤੋਂ ਪੰਜਾਬ ਦੇ ਲੋਕਾਂ ਨੂੰ ਡਰਾ ਨਹੀਂ ਸਕਦੀ।

'ਆਪ' ਪੰਜਾਬ ਦੇ ਸੀਨੀਅਰ ਆਗੂ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਅਜਿਹਾ ਦੌਰ ਪਹਿਲਾਂ ਕਦੇ ਨਹੀਂ ਦੇਖਿਆ ਗਿਆ, ਜਿੱਥੇ ਰਾਜਨੀਤਕ ਵਿਰੋਧੀਆਂ ਵਿਰੁੱਧ ਕੇਂਦਰੀ ਏਜੰਸੀਆਂ ਦੀ ਇਸ ਹੱਦ ਤੱਕ ਨੰਗੀ ਵਰਤੋਂ ਕੀਤੀ ਜਾ ਰਹੀ ਹੋਵੇ।ਉਨ੍ਹਾ ਕਿਹਾ ਕਿ ਇਹ ਮਹਿਜ਼ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਈ ਡੀ ਦਾ ਛਾਪਾ ਨਹੀਂ ਹੈ, ਸਗੋਂ ਇਹ 'ਦਿੱਲੀ ਦਾ ਪੰਜਾਬ 'ਤੇ ਹਮਲਾ' ਹੈ।ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਕਿਸੇ ਬਾਹਰੀ ਤਾਕਤ ਨੇ ਪੰਜਾਬ ਨੂੰ ਦਬਾਉਣ ਜਾਂ ਝੁਕਾਉਣ ਦੀ ਕੋਸ਼ਿਸ਼ ਕੀਤੀ ਹੈ, ਪੰਜਾਬੀਆਂ ਨੇ ਹਮੇਸ਼ਾ ਉਸ ਦਾ ਡਟ ਕੇ ਮੁਕਾਬਲਾ ਕੀਤਾ ਹੈ।ਭਾਜਪਾ ਇਹ ਭੁੱਲ ਰਹੀ ਹੈ ਕਿ ਨਾ ਤਾਂ ਆਮ ਆਦਮੀ ਪਾਰਟੀ ਦੇ ਨੇਤਾ ਅਤੇ ਨਾ ਹੀ ਪੰਜਾਬ ਦੇ ਲੋਕ ਉਨ੍ਹਾਂ ਦੀਆਂ ਅਜਿਹੀਆਂ ਗਿੱਦੜ ਭਬਕੀਆਂ ਤੋਂ ਡਰਨ ਵਾਲੇ ਹਨ।ਭਾਜਪਾ ਦੀ ਹਾਲੀਆ 'ਨਸ਼ਾ ਮੁਕਤ ਪੰਜਾਬ ਯਾਤਰਾ' 'ਤੇ ਤਨਜ਼ ਕੱਸਦਿਆਂ ਧਾਲੀਵਾਲ ਨੇ ਕਿਹਾ ਕਿ ਇਸ ਯਾਤਰਾ ਨੂੰ ਪੰਜਾਬ ਦੇ ਲੋਕਾਂ ਵੱਲੋਂ ਨਕਾਰ ਦਿੱਤੇ ਜਾਣ ਨਾਲ ਭਾਜਪਾ ਦੇ ਦਾਅਵਿਆਂ ਦੀ ਹਵਾ ਨਿਕਲ ਚੁੱਕੀ ਹੈ।ਉਨ੍ਹਾ ਸਵਾਲ ਕੀਤਾ ਕਿ ਜੋ ਭਾਜਪਾ ਪੰਜਾਬ ਵਿੱਚ ਨਸ਼ਾ ਮੁਕਤੀ ਦੇ ਡਰਾਮੇ ਕਰ ਰਹੀ ਹੈ, ਉਹ ਗੁਜਰਾਤ ਵੱਲ ਧਿਆਨ ਕਿਉਂ ਨਹੀਂ ਦਿੰਦੀ, ਜਿੱਥੇ ਆਏ ਦਿਨ ਹਜ਼ਾਰਾਂ ਕਰੋੜ ਰੁਪਏ ਦੇ ਨਸ਼ੇ ਫੜੇ ਜਾ ਰਹੇ ਹਨ।

## ਗੁਰੂ ਰਵਿਦਾਸ ਜੀ ਬਾਰੇ ਕਥਿਤ ਅਪਸ਼ਬਦ ਬੋਲਣ ਦਾ ਮਾਮਲੇ 'ਚ ਮੁਲਜ਼ਮ ਗ੍ਰਿਫ਼ਤਾਰ

ਰਾਏਕੋਟ (ਸੰਤੋਖ ਗਿੱਲ)-ਰਾਏਕੋਟ ਦੇ ਨੇੜਲੇ ਕਸਬਾ ਬੱਸੀਆਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਧਾਰਮਿਕ ਸਮਾਗਮ ਸਬੰਧੀ ਕਥਿਤ ਤੌਰ 'ਤੇ ਅਪਸ਼ਬਦ ਬੋਲਣ ਦੇ ਮਾਮਲੇ ਵਿੱਚ ਥਾਣਾ ਸਦਰ ਰਾਏਕੋਟ ਪੁਲਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ।ਮੁਲਜ਼ਮ ਦੀ ਪਛਾਣ ਪਿੰਡ ਬੱਸੀਆਂ ਵਾਸੀ ਵਿਸ਼ਵਜੀਤ ਸਿੰਘ ਵਜੋਂ ਹੋਈ ਹੈ। ਪੁਲਸ ਨੇ ਬੀ.ਐੱਨ.ਐੱਸ ਦੀ ਧਾਰਾ 299 ਅਤੇ ਐੱਸ.ਸੀ-ਐੱਸ.ਟੀ ਐਕਟ 1989 ਤਹਿਤ ਮਾਮਲਾ ਦਰਜ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬੱਸੀਆਂ ਵਾਸੀ ਇੱਕ ਵਿਅਕਤੀ ਨੂੰ ਉਸ ਦੇ ਦੋਸਤ ਵੱਲੋਂ ਵਿਵਾਦਿਤ ਫ਼ੋਨ ਕਾਲ ਦੀ ਕਥਿਤ ਗੱਲਬਾਤ ਦੀ ਆਡੀਓ ਰਿਕਾਰਡਿੰਗ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਸਬੰਧੀ ਅਪਸ਼ਬਦ ਬੋਲੇ ਜਾਣ ਦਾ ਦੋਸ਼ ਲਗਾਇਆ ਗਿਆ।ਇਹ ਆਡੀਓ ਅਗਲੇ ਦਿਨ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ।ਆਡੀਓ ਵਾਇਰਲ ਹੋਣ ਬਾਅਦ ਪਿੰਡ ਵਾਸੀਆਂ ਵਿੱਚ ਵਿਆਪਕ ਰੋਸ ਪੈਦਾ ਹੋ ਗਿਆ।ਇਸ ਮਾਮਲੇ ਨੂੰ ਲੈ ਕੇ ਪਿੰਡ ਵਿੱਚ ਇਕੱਠ ਕਰਕੇ ਪੁਲਸ ਤੋਂ ਮੁਲਜ਼ਮ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਗਈ।ਪਿੰਡ ਵਾਸੀਆਂ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਸਮਾਜ ਵਿੱਚੋਂ ਜਾਤਪਾਤ, ਊਚ-ਨੀਚ ਤੇ ਭੇਦਭਾਵ ਖ਼ਤਮ ਕਰਨ ਤੇ ਬਰਾਬਰੀ ਦਾ ਸੰਦੇਸ਼ ਦਿੱਤਾ ਸੀ, ਇਸ ਲਈ ਉਨ੍ਹਾਂ ਸਬੰਧੀ ਅਜਿਹੀ ਇਤਰਾਜ਼ਯੋਗ ਟਿੱਪਣੀਆਂ ਨਾਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ।ਗੁਰਦੁਆਰਾ ਸ੍ਰੀ ਰਵਿਦਾਸ ਭਗਤ ਜੀ ਦੇ ਗ੍ਰੰਥੀ ਰਾਜਵਿੰਦਰ ਸਿੰਘ ਦੇ ਬਿਆਨ ਦੇ ਅਧਾਰ 'ਤੇ ਪੁਲਸ ਨੇ ਕੇਸ ਦਰਜ ਕੀਤਾ ਹੈ।ਥਾਣਾ ਸਦਰ ਦੇ ਮੁਖੀ ਇੰਸਪੈਕਟਰ ਹੀਰਾ ਸਿੰਘ ਅਨੁਸਾਰ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਕੇ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਮਾਨਯੋਗ ਅਦਾਲਤ ਨੇ ਇਕ ਦਿਨ ਦਾ ਪੁਲਸ ਰਿਮਾਂਡ ਦੇ ਦਿੱਤਾ ਹੈ।

## ਚਾਰ ਪਿੰਡਾਂ 'ਚ ਦਿਖਾਈ ਦਸਤਾਵੇਜ਼ੀ ਫਿਲਮ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਸ੍ਰੀ ਮੁਕਤਸਰ ਸਾਹਿਬ ਵਿਧਾਨ ਸਭਾ ਹਲਕੇ ਦੇ ਪਿੰਡ ਗੁਲਾਬੇਵਾਲਾ, ਲੰਬੀ ਢਾਬ, ਕੋਟਲੀ ਦੇਵਨ ਅਤੇ ਉਦੇਕਰਨ ਵਿਖੇ ਪੁੱਜੀ।ਇਸ ਮੌਕੇ ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਦੇ ਜੀਵਨ, ਉਹਨਾਂ ਦੀ ਬਾਣੀ, ਸਮਾਜਕ ਬਰਾਬਰੀ, ਆਪਸੀ ਸਦਭਾਵਨਾ ਅਤੇ ਉਚ—ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਮਹਾਨ ਸੰਦੇਸ਼ 'ਤੇ ਆਧਾਰਿਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ।

## ਸੁਪਰੀਮ ਕਾਨਵੈਂਟ ਸਕੂਲ ਵਿਖੇ ਵਿਸ਼ਵ ਪੰਜਾਬੀ ਦਿਵਸ ਮਨਾਇਆ



ਹਠੂਰ (ਨਛੱਤਰ ਸੰਧੂ)-ਸੁਪਰੀਮ ਕਾਨਵੈਂਟ ਸਕੂਲ ਬਿਲਾਸਪੁਰ ਵਿਖੇ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਵਿਸ਼ਵ ਪੰਜਾਬੀ ਮਾਂ ਬੋਲੀ ਦਿਵਸ ਬੜੇ ਉਤਸ਼ਾਹ ਅਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਨਾਲ ਸਬੰਧਤ ਕਵਿਤਾਵਾਂ, ਭਾਸ਼ਣਾਂ, ਗੀਤਾਂ ਅਤੇ ਵੱਖ-ਵੱਖ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੇ ਪ੍ਰਧਾਨ ਚਰਨ ਸਿੰਘ ਤੇ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਸਾਡੀ ਪਹਿਚਾਣ, ਵਿਰਾਸਤ ਅਤੇ ਸੱਭਿਆਚਾਰ ਦੀ ਅਹਿਮ ਨਿਸ਼ਾਨੀ ਹੈ।ਸਾਨੂੰ ਆਪਣੀ ਮਾਂ ਬੋਲੀ 'ਤੇ ਮਾਣ ਕਰਦਿਆਂ ਇਸ ਦੀ ਸੰਭਾਲ ਅਤੇ ਪ੍ਰਸਾਰ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ।ਸਮਾਗਮ ਦੇ ਅੰਤ ਵਿੱਚ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੰਜਾਬੀ ਮਾਂ ਬੋਲੀ ਦੇ ਸਤਿਕਾਰ ਅਤੇ ਇਸ ਨੂੰ ਹੋਰ ਪ੍ਰਫੁੱਲਤ ਕਰਨ ਦਾ ਸੰਕਲਪ ਲਿਆ।

## ਬਲਾਕ ਖੇਤੀਬਾੜੀ ਅ.ਫਸਰ ਵੱਲੋਂ ਕਲੱਸਟਰ ਅ.ਫਸਰਾਂ ਤੇ ਬੇਲਰ ਮਾਲਕਾਂ ਨਾਲ ਮੀਟਿੰਗ



ਮਮਦੋਟ (ਜਸਬੀਰ ਸਿੰਘ ਕੰਬੋਜ)-ਪੰਜਾਬ ਸਰਕਾਰ ਵੱਲੋਂ ਪਰਾਲੀ ਨੂੰ ਅੱਗ ਨਾ ਲਾਉਣ ਸੰਬੰਧੀ ਜਿੱਥੇ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ, ਉਥੇ ਹੀ ਬਲਾਕ ਮਮਦੋਟ ਦੇ ਪਿੰਡਾਂ ਵਿੱਚ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਡਿਊਟੀ ਦੇ ਰਹੇ ਕਲੱਸਟਰ ਅਫ਼ਸਰਾਂ ਨਾਲ ਬਲਾਕ ਖੇਤੀਬਾੜੀ ਅਫ਼ਸਰ ਡਾ. ਨੀਰਜ ਸ਼ਰਮਾ ਵੱਲੋਂ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਕਲੱਸਟਰ ਅਫ਼ਸਰਾਂ ਨੂੰ ਸਪੈਸ਼ਲ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਜਾਵੇ।ਇਸ ਤੋਂ ਇਲਾਵਾ ਮੀਟਿੰਗ ਵਿੱਚ ਇਲਾਕੇ ਦੇ ਬੇਲਰ ਮਸ਼ੀਨ ਮਾਲਕਾਂ ਦਾ ਕਲੱਸਟਰ ਅਫ਼ਸਰਾਂ ਨਾਲ ਤਾਲਮੇਲ ਕਰਵਾਇਆ ਗਿਆ ਤਾਂ ਜੋ ਕਿਸਾਨਾਂ ਨੂੰ ਪਰਾਲੀ ਦੀਆਂ ਗੱਠਾ ਬਨਵਾਉਣ ਵਿੱਚ ਕਿਸੇ ਤਰ੍ਹਾਂ ਦੀ ਕੋਈ ਦਿੱਕਤ-ਪ੍ਰੇਸ਼ਾਨੀ ਨਾ ਆਵੇ।ਮੀਟਿੰਗ ਵਿੱਚ ਕਲੱਸਟਰ ਅਫ਼ਸਰਾਂ ਨੂੰ ਬੇਲਰ ਮਾਲਕਾਂ ਦੇ ਫੋਨ ਨੰਬਰਾਂ ਦੀ ਲਿਸਟ ਵੀ ਦਿੱਤੀ ਗਈ।ਇਸ ਮੌਕੇ ਮਿਸ ਅਰਪਿੰਦਰ ਕੌਰ (ਖੇਤੀਬਾੜੀ ਵਿਕਾਸ ਅਫਸਰ), ਅਮਿਤ ਬਜਾਜ (ਖੇਤੀਬਾੜੀ ਵਿਕਾਸ ਅਫਸਰ), ਅਸ਼ਵ ਬਜਾਜ (ਬੀ ਟੀ ਐੱਮ) ਨੇ ਵੀ ਕਲੱਸਟਰ ਅਫ਼ਸਰਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਨਾ ਲਾਉਣ ਸੰਬੰਧੀ ਵੱਧ ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਨੇ ਮੁੱਖ ਮੰਤਰੀ ਦੇ ਪਿੰਡ ਸਤੌਜ ਨੂੰ ਪਾਏ ਚਾਲੇ

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਆਲ ਇੰਡੀਆ ਯੂਨੀਅਨ ਏਟਕ ਪੰਜਾਬ ਆਸ਼ਾ ਵਰਕਰ ਫੈਸੀਲੀਟੇਟਰਜ਼, ਸੁਪਰਵਾਈਜ਼ਰ ਸਾਂਝਾ ਮੋਰਚਾ ਵੱਲੋਂ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਦੀ ਅਗਵਾਈ ਹੇਠ



ਮੁੱਖ ਮੰਤਰੀ ਦੇ ਪਿੰਡ ਸਤੌਜ ਨੂੰ ਤਿੰਨ ਬੱਸਾਂ ਰਾਹੀਂ ਚਾਲੇ ਪਾਏ। ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੂਬੇ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੱਤਾ ਸੰਭਾਲਣ ਸਮੇਂ ਉਨ੍ਹਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਗਏ ਸਨ। ਪਰ ਸੱਤਾ ਹਾਸਲ ਕਰਨ ਤੋਂ ਬਾਅਦ ਉਨ੍ਹਾਂ ਨਾਲ ਕੀਤੇ ਸਾਰੇ ਵਾਅਦੇ ਵਫਾ ਨਹੀਂ ਹੋਏ। ਮਨਜਿੰਦਰ ਕੌਰ ਨੇ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਆਖਿਆ ਕਿ ਸੂਬੇ ਦੇ ਮੁੱਖ ਮੰਤਰੀ ਵੱਲੋਂ ਮਾਂਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਸਟੇਜਾਂ 'ਤੇ ਕਹਿੰਦੇ ਨਜ਼ਰ ਆਉਂਦੇ ਹਨ ਕਿ ਉਸ ਨੂੰ ਸੂਬੇ ਦੀਆਂ ਮਾਂਵਾਂ ਭੈਣਾਂ ਨੂੰ ਸਤਿਕਾਰ ਦੇ ਕੇ ਮਨ ਨੂੰ ਖੁਸ਼ੀ ਮਿਲਦੀ ਹੈ, ਕੀ ਆਸ਼ਾ ਵਰਕਰ, ਫੈਸੀਲੀਟੇਟਰਜ਼, ਸੁਪਰਵਾਈਜ਼ਰਾਂ ਉਨ੍ਹਾਂ ਦੀਆਂ ਮਾਂਵਾਂ ਭੈਣਾਂ ਦੀ ਗਿਣਤੀ 'ਚ ਨਹੀਂ ਆਉਂਦੀਆਂ। ਬੀਤੇ ਚਾਰ ਮਹੀਨਿਆਂ ਤੋਂ ਨਾ ਤਾਂ ਉਨ੍ਹਾਂ ਨੂੰ ਫਿਕਸ ਭੱਤਾ ਅਤੇ ਨਾ ਹੀ ਕੰਮ ਦੇ ਪੈਸੇ ਨਾ ਮਿਲੇ। ਇਸ ਮੌਕੇ ਇੰਡੀਆ ਆਸ਼ਾ ਵਰਕਰਜ਼ ਅਤੇ ਫੈਸੀਲੀਟੇਟਰਜ਼ ਯੂਨੀਅਨ (ਪੰਜਾਬ) ਏਟਕ ਗਰੁੱਪ ਵੱਲੋਂ ਮੁੱਖ ਮੰਤਰੀ ਦੇ ਪਿੰਡ ਨੂੰ ਘੇਰਨ ਲਈ ਰਵਾਨਾ ਹੋਏ। ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਜ਼ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਤੁਰੰਤ ਡੀ.ਸੀ. ਰੇਟ ਦਿੱਤਾ ਜਾਵੇ ਅਤੇ ਸਿਹਤ ਵਿਭਾਗ ਵਿੱਚ ਪੱਕਾ ਕੀਤਾ ਜਾਵੇ। ਸਿਹਤ ਸੇਵਾਵਾਂ ਦੇਣ ਵਾਲਿਆਂ ਨੂੰ ਸੜਕਾਂ 'ਤੇ ਰੋਲਣਾ ਬੰਦ ਕਰੋ। ਵਾਅਦੇ ਪੂਰੇ ਕਰੋ, ਡੀ.ਸੀ. ਰੇਟ ਲਾਗੂ ਕਰੋ। ਸਮੂਹ ਸੁਪਰਵਾਈਜ਼ਰ ਅਤੇ ਆਸ਼ਾ ਵਰਕਰ ਦੀਆਂ ਮੰਗਾਂ ਮੰਨੋ ਨਹੀਂ ਤਾਂ ਲੜਾਈ ਆਰ-ਪਾਰ ਦੀ ਹੋਵੇਗੀ। ਹਰੀਕੇ ਨੇ ਦੱਸਿਆ ਕਿ ਅਜਿਹਾ ਵਿਚ ਸਿਵਲ ਸਰਜਨ ਤਰਨਤਾਰਨ ਤੇ ਐਸ.ਐਮ.ਓ. ਘਰਿਆਲਾ ਨੂੰ ਅਪੀਲ ਕਰ ਚੁੱਕੇ ਹਨ ਕਿ ਉਨ੍ਹਾਂ ਦੇ ਬਣਦੇ ਭੱਤੇ ਸਮੇਤ ਮਿਹਨਤਾਨਾ ਦਿੱਤਾ ਜਾਵੇ ਪਰ ਸਰਕਾਰ ਤੇ ਮਹਿਕਮੇ ਦੇ ਸਿਰ 'ਤੇ ਜੂੰ ਤੱਕ ਨਹੀਂ ਸਰਕਦੀ। ਉਨ੍ਹਾਂ ਦੇ ਸਾਂਝੇ ਮੋਰਚੇ ਵੱਲੋਂ ਸਰਕਾਰ ਤੇ ਮਹਿਕਮੇ ਖਿਲਾਫ ਰੋਸ ਵਜੋਂ ਪੱਕਾ ਮੋਰਚਾ ਲਾਉਣ ਦਾ ਐਲਾਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ, ਵੀਰਪਾਲ ਕੌਰ (ਸੈਕਟਰੀ), ਸੀਮਾ ਸਿੱਧ (ਵਿੱਤ ਸਕੱਤਰ), ਸਰਬਜੀਤ ਕੌਰ (ਮੀਤ ਪ੍ਰਧਾਨ), ਰਾਜਵਿੰਦਰ ਕੌਰ (ਖਜ਼ਾਨਚੀ), ਅਮਨਦੀਪ ਕੌਰ (ਬਲਾਕ ਪ੍ਰਧਾਨ), ਰਾਜਬੀਰ ਕੌਰ ਹਰੀਕੇ (ਵਾਇਸ ਚੇਅਰਮੈਨ) ਸੁਖਵਿੰਦਰ ਕੌਰ ਸੁਪਰਵਾਈਜ਼ਰ, ਰਾਜਬੀਰ ਸੁਪਰਵਾਈਜ਼ਰ, ਗੁਰਪ੍ਰੀਤ ਕੌਰ ਸੁਪਰਵਾਈਜ਼ਰ, ਗੁਰਜਿੰਦਰ ਕੌਰ ਸੁਪਰਵਾਈਜ਼ਰ, ਰਣਜੀਤ ਕੌਰ ਸੁਪਰਵਾਈਜ਼ਰ, ਮਨਜੀਤ ਕੌਰ, ਹਰਜੀਤ ਕੌਰ ਚੂਸਲੇਵੜ, ਮਮਤਾ ਹਰੀਕੇ ਆਦਿ ਹਾਜ਼ਰ ਸਨ।

# ਭਾਜਪਾ ਵਿਰੋਧੀਆਂ ਨੂੰ ਡਰਾਉਣ ਲਈ ਈ ਡੀ, ਸੀ ਬੀ ਆਈ ਤੇ ਚੋਣ ਕਮਿਸ਼ਨ ਦੀ ਦੁਰਵਰਤੋਂ ਕਰ ਰਹੀ : ਕਟਾਰੂ ਚੱਕ

ਚੰਡੀਗੜ੍ਹ- ਪੰਜਾਬ ਦੇ ਕੈਬਨਿਟ ਮੰਤਰੀ ਲਾਲਚੰਦ ਸਿੰਘ ਕਟਾਰੂਚੱਕ ਨੇ ਵੀਰਵਾਰ ਭਾਰਤੀ ਜਨਤਾ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਕੇਂਦਰ ਸਰਕਾਰ 'ਤੇ ਸਿਆਸੀ ਵਿਰੋਧੀਆਂ ਨੂੰ ਡਰਾਉਣ ਅਤੇ ਵਿਰੋਧੀ ਪਾਰਟੀਆਂ ਦੀਆਂ ਸਰਕਾਰਾਂ ਵਾਲੇ ਰਾਜਾਂ ਨੂੰ ਨਿਸ਼ਾਨਾ ਬਣਾਉਣ ਲਈ ਚੋਣ ਕਮਿਸ਼ਨ, ਸੀ ਬੀ ਆਈ ਅਤੇ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਵਰਗੀਆਂ ਸੰਸਥਾਵਾਂ ਦੀ ਦੁਰਵਰਤੋਂ ਕਰਨ ਦਾ ਦੋਸ਼ ਲਾਇਆ। ਕਟਾਰੂਚੱਕ ਨੇ ਕਿਹਾ ਕਿ ਭਾਜਪਾ 2014 ਵਿੱਚ ਹਰੇਕ ਖਾਤੇ ਵਿੱਚ 25 ਲੱਖ ਰੁਪਏ ਅਤੇ ਹਰ ਸਾਲ 2 ਕਰੋੜ ਨੌਕਰੀਆਂ ਦੇਣ ਵਰਗੇ ਵੱਡੇ ਵਾਅਦਿਆਂ ਨਾਲ ਸੱਤਾ ਵਿੱਚ ਆਈ ਸੀ, ਪਰ ਉਨ੍ਹਾਂ ਵਚਨਬੱਧਤਾਵਾਂ ਨੂੰ ਪੂਰਾ ਕਰਨ ਦੀ ਬਜਾਏ ਨਰਿੰਦਰ ਮੋਦੀ ਸਰਕਾਰ ਨੇ ਗੈਰ-ਸੰਵਿਧਾਨਕ ਤਰੀਕਿਆਂ ਅਤੇ ਕੇਂਦਰੀ ਸੰਸਥਾਵਾਂ ਦੀ ਦੁਰਵਰਤੋਂ 'ਤੇ ਨਿਰਭਰਤਾ ਵਧਾ ਦਿੱਤੀ ਹੈ।



ਉਨ੍ਹਾਂ ਕਿਹਾ ਕਿ ਜਿੱਥੇ ਵੀ ਭਾਜਪਾ ਆਪਣੇ ਆਪ ਨੂੰ ਸਿਆਸੀ ਤੌਰ 'ਤੇ ਖ਼ਤਰੇ ਵਿੱਚ ਮਹਿਸੂਸ ਕਰਦੀ ਹੈ, ਉੱਥੇ ਆਪਣੇ ਵਿਰੋਧੀਆਂ ਦਾ ਸਿਆਸੀ ਤੌਰ 'ਤੇ ਸਾਹਮਣਾ ਕਰਨ ਦੀ ਬਜਾਏ, ਉਹ ਵਿਰੋਧੀ ਨੇਤਾਵਾਂ ਅਤੇ ਕਰਮਚਾਰੀਆਂ ਵਿੱਚ ਡਰ ਪੈਦਾ ਕਰਨ ਅਤੇ ਦਬਾਅ ਬਣਾਉਣ ਲਈ ਈ ਡੀ ਅਤੇ ਚੋਣ ਕਮਿਸ਼ਨ ਵਰਗੀਆਂ ਏਜੰਸੀਆਂ ਨੂੰ ਭੇਜਦੀ ਹੈ। ਦਿੱਲੀ ਚੋਣਾਂ ਦਾ ਹਵਾਲਾ ਦਿੰਦਿਆਂ ਕਟਾਰੂਚੱਕ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਅਧਿਕਾਰੀਆਂ ਅਤੇ ਸਿਆਸੀ ਨੇਤਾਵਾਂ ਨੂੰ ਡਰਾਇਆ-ਧਮਕਾਇਆ ਗਿਆ ਅਤੇ ਜਾਣਬੁੱਝ ਕੇ ਡਰ ਦਾ ਮਾਹੌਲ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਆਪ ਨੇਤਾਵਾਂ ਖ਼ਿਲਾਫ਼ ਝੂਠੇ ਮਾਮਲੇ ਦਰਜ ਕੀਤੇ ਗਏ, ਜਿਨ੍ਹਾਂ ਨੂੰ ਮਹੀਨਿਆਂ ਅਤੇ ਸਾਲਾਂ ਤੱਕ ਜੇਲ੍ਹ ਵਿੱਚ ਰੱਖਿਆ ਗਿਆ, ਪਰ ਬਾਅਦ ਵਿੱਚ ਅਦਾਲਤਾਂ ਨੇ ਉਨ੍ਹਾਂ ਮਾਮਲਿਆਂ ਨੂੰ ਰੱਦ ਜਾਂ ਖਾਰਜ ਕਰ ਦਿੱਤਾ। ਕਟਾਰੂਚੱਕ ਨੇ ਚੋਣ ਕਮਿਸ਼ਨ ਨਾਲ ਸਬੰਧਤ ਤਾਜ਼ਾ ਵਿਵਾਦ ਦਾ ਵੀ ਹਵਾਲਾ ਦਿੰਦਿਆਂ ਕਿਹਾ ਕਿ ਜਨਤਾ ਨੇ ਸੰਸਥਾ ਦੀ ਕਾਰਜਪ੍ਰਣਾਲੀ 'ਤੇ ਗੰਭੀਰ ਸਵਾਲ ਖੜ੍ਹੇ ਹੁੰਦੇ ਦੇਖੇ ਹਨ। ਉਨ੍ਹਾਂ ਕਿਹਾ ਕਿ ਦੋ ਚੋਣ ਕਮਿਸ਼ਨਰਾਂ ਨੇ ਆਪਣੀ ਜਾਂਚ ਪ੍ਰਕਿਰਿਆ 'ਤੇ ਇਤਰਾਜ਼ ਜਤਾਉਂਦੇ ਹੋਏ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਵਾਰ-ਵਾਰ ਪੱਤਰ ਲਿਖੇ ਸਨ। ਲੁਧਿਆਣਾ ਵਿੱਚ ਇੱਕ ਆਪ ਮੰਤਰੀ ਦੇ ਰਿਸ਼ਤੇਦਾਰ ਦੇ ਘਰ ਹਾਲ ਹੀ ਵਿੱਚ ਮਾਰੇ ਗਏ ਛਾਪੇ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੇ ਪਰਿਵਾਰਕ ਮੈਂਬਰ ਦੀ ਗੈਰ-ਹਾਜ਼ਰੀ ਵਿੱਚ ਛਾਪੇਮਾਰੀ ਕੀਤੀ ਜਦੋਂ ਕਿ ਉਹਨਾਂ ਦੇ ਬਜ਼ੁਰਗ ਮਾਤਾ-ਪਿਤਾ ਮੌਜੂਦ ਸਨ, ਪਰ ਖ਼ਬਰਾਂ ਮੁਤਾਬਕ ਉਹ ਬਿਨਾਂ ਕੁਝ ਬਰਾਮਦ ਕੀਤੇ ਚਲੇ ਗਏ। ਕਟਾਰੂਚੱਕ ਨੇ ਕਿਹਾ ਕਿ ਪੰਜਾਬ ਅਜਿਹੀਆਂ ਕਾਰਵਾਈਆਂ ਤੋਂ ਡਰਨ ਵਾਲਾ ਨਹੀਂ ਹੈ। ਪਠਾਨਕੋਟ ਵਿੱਚ ਭਾਜਪਾ ਦੀ ਹਾਲੀਆ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਉੱਥੇ ਮਿਲੇ ਹੁੰਗਾਰੇ ਨੇ ਭਾਜਪਾ ਦੇ ਸਿਆਸੀ ਦਾਅਵਿਆਂ ਅਤੇ ਲੋਕਾਂ ਦੇ ਮੂਡ ਵਿਚਕਾਰ ਅੰਤਰ ਦਿਖਾ ਦਿੱਤਾ ਹੈ।

# ਡੇਂਗੂ ਸੰਬੰਧੀ ਲਾਰਵੇ ਦੀ ਜਾਂਚ ਕੀਤੀ



ਬਟਾਲਾ (ਤਰਲੋਕ ਬੱਗਾ)- ਹਰੇਕ ਸੋਮਵਾਰ ਡੇਂਗੂ ਤੇ ਵਾਰ ਤਹਿਤ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਸਿਵਲ ਸਰਜਨ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾਕਟਰ ਮਨਿੰਦਰਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਤਾਲ ਬਟਾਲਾ ਦੀ ਯੋਗ ਅਗਵਾਈ ਹੇਠ ਅਤੇ ਡਾਕਟਰ ਕੁਲਵਿੰਦਰ ਕੌਰ, ਪ੍ਰਿਤਪਾਲ ਸਿੰਘ ਸਹਾਇਕ ਮਲੇਰੀਆ ਅਫਸਰ ਅਤੇ ਹਰਵਿੰਦਰ ਸਿੰਘ ਸਹਾਇਕ ਮਲੇਰੀਆ ਅਫਸਰ ਦੇ ਸਹਿਯੋਗ ਨਾਲ ਵੱਖ ਵੱਖ ਟੀਮਾਂ ਦੁਆਰਾ ਬਟਾਲਾ ਸ਼ਹਿਰ ਅਧੀਨ ਪੈਂਦੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਵਿੱਚ ਜਾ ਕੇ ਡੇਂਗੂ ਸਬੰਧੀ ਲਾਰਵੇ ਦੀ ਜਾਂਚ ਕੀਤੀ ਗਈ ਅਤੇ ਜਿੱਥੇ ਕਿਤੇ ਵੀ ਲਾਰਵਾ ਪਾਇਆ ਗਿਆ ਉਸ ਨੂੰ ਮੌਕੇ 'ਤੇ ਨਸ਼ਟ ਕੀਤਾ ਗਿਆ ਅਤੇ ਲੋਕਾਂ ਨੂੰ ਡੇਂਗੂ ਬੁਖਾਰ ਦੇ ਚਿਹਨ ਲੱਛਣਾਂ ਬੁਖਾਰ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਿਤਪਾਲ ਸਿੰਘ ਸਹਾਇਕ ਮਲੇਰੀਆ ਅਫਸਰ ਨੇ ਸਕੂਲੀ ਬੱਚਿਆਂ ਅਤੇ ਟੀਚਰਾਂ ਨੂੰ ਦੱਸਿਆ ਕਿ ਕੋਈ ਵੀ ਬੁਖਾਰ ਹੋਣ ਦੇ ਸੂਰਤ ਵਿੱਚ ਸਰਕਾਰੀ ਹਸਪਤਾਲ ਵਿੱਚ ਜਾ ਕੇ ਟੈਸਟ ਜ਼ਰੂਰ ਕਰਵਾਇਆ ਜਾਵੇ। ਹਰੇਕ ਸਰਕਾਰੀ ਹਸਪਤਾਲ ਵਿੱਚ ਡੇਂਗੂ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਹੁੰਦਾ ਹੈ। ਇਸ ਮੌਕੇ ਲਖਬੀਰ ਸਿੰਘ ਹੈਲਥ ਇੰਸਪੈਕਟਰ, ਸੁਰਿੰਦਰ ਪਾਲ ਹੈਲਥ ਇੰਸਪੈਕਟਰ ਹਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਕਿਰਨਦੀਪ ਸਿੰਘ ਮਲਟੀਪਰਪਜ਼ ਹੈਲਥ ਵਰਕਰ ਅਤੇ ਨਰਸਿੰਗ ਸਟੂਡੈਂਟ ਵੀ ਹਾਜ਼ਰ ਸਨ।

# ਫੱਜੂਪੁਰ 'ਚ ਨਕਦੀ ਤੇ ਚਾਂਦੀ ਦੇ ਗਹਿਣੇ ਚੋਰੀ

ਧਾਰੀਵਾਲ (ਮਨਦੀਪ ਵਿੱਕੀ)- ਪਿੰਡ ਫੱਜੂਪੁਰ ਵਿੱਚ ਇੱਕ ਘਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਅਣਪਛਾਤੇ ਚੋਰਾਂ ਵੱਲੋਂ ਲਗਭਗ 60 ਹਜ਼ਾਰ ਰੁਪਏ ਦੀ ਨਕਦੀ ਅਤੇ ਚਾਂਦੀ ਦੇ ਗਹਿਣੇ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਚੋਰੀ ਦੀ ਇਹ ਪੂਰੀ ਵਾਰਦਾਤ ਇਲਾਕੇ ਵਿੱਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਪੀੜਤ ਗੁਲਸ਼ਨ ਪੁੱਤਰ ਵੀਰੂ ਵਾਸੀ ਪਿੰਡ ਫੱਜੂਪੁਰ ਨੇ ਦੱਸਿਆ ਕਿ ਉਹ ਰਾਜ ਮਿਸਤਰੀ ਦਾ ਕੰਮ ਕਰਦਾ ਹੈ। ਰੋਜ਼ਾਨਾ ਦੀ ਤਰ੍ਹਾਂ ਅੱਜ ਵੀ ਉਸ ਦੀ ਪਤਨੀ ਸ਼ਾਮ



ਤਕਰੀਬਨ ਸਾਢੇ ਸੱਤ ਵਜੇ ਦੇ ਕਰੀਬ ਉਸ ਲਈ ਦੁਕਾਨ 'ਤੇ ਚਾਹ ਦੇਣ ਕੇ ਆਈ ਸੀ। ਜਦੋਂ ਉਹ ਅੱਧੇ ਘੰਟੇ ਬਾਅਦ ਵਾਪਸ ਘਰ ਗਈ ਤਾਂ ਦੇਖਿਆ ਕਿ ਘਰ ਦੇ ਜਿੰਦਰੇ ਟੁੱਟੇ ਹੋਏ ਸਨ ਅਤੇ ਅੰਦਰ ਸਮਾਨ ਖਿਲਰਿਆ ਪਿਆ ਸੀ। ਉਨ੍ਹਾਂ ਨੇ ਦੱਸਿਆ ਕਿ ਜਦੋਂ ਉਸ ਨੇ ਘਰ ਆ ਕੇ ਜਾਂਚ ਕੀਤੀ ਤਾਂ ਅੰਦਰ ਰੱਖੇ ਲਗਭਗ 60 ਹਜ਼ਾਰ ਰੁਪਏ ਨਕਦ ਅਤੇ ਚਾਂਦੀ ਦੇ ਗਹਿਣੇ ਗਾਇਬ ਸਨ। ਇਸ ਘਟਨਾ ਸੰਬੰਧੀ ਪੁਲਸ ਥਾਣਾ ਧਾਰੀਵਾਲ ਵਿਖੇ ਸ਼ਿਕਾਇਤ ਦਰਜ ਕਰਵਾ ਦਿੱਤੀ ਹੈ। ਪੀੜਤ ਪਰਵਾਰ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੀ.ਸੀ.ਟੀ.ਵੀ. ਫੁਟੇਜ ਦੇ ਆਧਾਰ 'ਤੇ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਉਨ੍ਹਾਂ ਦਾ ਚੋਰੀ ਹੋਇਆ ਸਾਮਾਨ ਤੇ ਨਕਦੀ ਵਾਪਸ ਕਰਵਾਈ ਜਾਵੇ।

# ਨਸ਼ਾ ਮੁਕਤੀ ਯਾਤਰਾ ਦਾ ਰਾਜਵਿੰਦਰ ਕੌਰ ਨੇ ਕੀਤਾ ਜ਼ੋਰਦਾਰ ਸਵਾਗਤ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਬਪਾਲ ਸਿੰਘ)- ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਪਠਾਨਕੋਟ ਤੋਂ ਸ਼ੁਰੂ ਕੀਤੀ ਗਈ ਨਸ਼ਾ ਮੁਕਤੀ ਯਾਤਰਾ ਬੁੱਧਵਾਰ ਅੰਮ੍ਰਿਤਸਰ ਦੇ ਪੱਛਮੀ ਵਿਧਾਨ ਸਭਾ ਹਲਕਾ ਦੇ ਇੰਡੀਆ ਗੇਟ ਤੋਂ ਸ਼ੁਰੂ ਹੋਈ।

ਇਸ ਯਾਤਰਾ ਵਿਚ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਯਾਤਰਾ ਦਾ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੀ ਸੂਬਾ ਸਕੱਤਰ ਰਾਜਵਿੰਦਰ ਕੌਰ ਨੇ ਆਪਣੀ ਟੀਮ ਨਾਲ ਜ਼ੋਰਦਾਰ ਸਵਾਗਤ ਕੀਤਾ। ਇਸ ਮੌਕੇ ਰਾਜਵਿੰਦਰ ਕੌਰ ਨੇ ਕਿਹਾ ਕਿ ਮੌਜੂਦਾ ਸਮੇਂ ਵਿਚ ਨਸ਼ਾ ਦੇਸ਼ ਤੇ ਪੰਜਾਬ ਦੀ ਸਭ ਤੋਂ ਵੱਡੀ ਸਮੱਸਿਆ ਬਣਿਆ ਹੋਇਆ ਹੈ। ਗੁਆਂਢੀ ਮੁਲਕ ਪਾਕਿਸਤਾਨ ਸਾਡੇ ਨੌਜਵਾਨਾਂ ਨੂੰ ਗੁੰਮਰਾਹ ਕਰਕੇ ਇਸ ਸਥਿਤੀ ਦਾ ਪੂਰਾ-ਪੂਰਾ ਲਾਭ ਉਠਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ ਸੂਬੇ ਦੇ ਹਰ ਕੋਨੇ ਤਕ ਪੁੱਜ ਕੇ ਨਸ਼ਿਆਂ ਵਿਰੁੱਧ ਲੋਕ ਲਹਿਰ ਪੈਦਾ ਕਰੇਗੀ। ਉਨ੍ਹਾਂ ਕਿਹਾ ਕਿ ਨਸ਼ੇ ਤੇ ਗੈਂਗਸਟਰਵਾਦ ਤੋਂ ਪੰਜਾਬ ਤੇ ਸੂਬੇ ਦੀ ਨੌਜਵਾਨੀ ਨੂੰ ਸਿਰਫ ਤੇ ਸਿਰਫ ਭਾਜਪਾ ਹੀ ਬਚਾਅ ਸਕਦੀ ਹੈ।

ਇਸ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਸੂਬੇ ਦੇ ਲੋਕ ਪੰਜਾਬ ਵਿਚ ਭਾਜਪਾ ਦੀ ਸਰਕਾਰ ਲੈ ਕੇ ਆਉਣ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੀ ਜ਼ਿਲ੍ਹਾ ਸਕੱਤਰ ਬਲਵਿੰਦਰ ਕੌਰ, ਕੁਲਦੀਪ ਕੌਰ, ਗੁਰਮੀਤ ਕੌਰ ਆਦਿ ਵੀ ਮੌਜੂਦ ਸਨ।

# ਪੰਜਾਬ ਸਰਕਾਰਾਂ ਡੀ ਏ ਬਾਰੇ ਸਥਿਤੀ ਸਪੱਸ਼ਟ ਕਰੇ : ਉਦੀਪੁਰ

ਗੁਰਦਾਸਪੁਰ (ਜਨਕ ਮਹਾਜਨ)- ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਮਿਲਣ ਵਾਲੇ ਮਹਿੰਗਾਈ ਭੱਤੇ ਦੀ ਕਿਸ਼ਤ 8 ਫ਼ੀਸਦੀ ਵਾਧਾ ਕਰਨ ਬਾਰੇ 23 ਸਤੰਬਰ ਨੂੰ ਜਾਰੀ ਕੀਤਾ ਪੱਤਰ ਭੰਬਲਭੂਸੇ ਵਾਲਾ ਹੈ। ਇਹ ਜਾਣਕਾਰੀ ਦਿੰਦਿਆਂ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੇ ਟਰੇਡ ਯੂਨੀਅਨਾਂ ਦੇ ਆਗੂ ਕਾਮਰੇਡ ਬਲਵਿੰਦਰ ਸਿੰਘ ਉਦੀਪੁਰ ਨੇ ਦੱਸਿਆ ਕਿ ਜਨਵਰੀ 2023 ਦੀ ਕਿਸ਼ਤ 4 ਫ਼ੀਸਦੀ ਅਤੇ ਜੁਲਾਈ 2023 ਦੀ ਕਿਸ਼ਤ 4 ਫ਼ੀਸਦੀ ਦੀਆਂ ਦੋ ਕਿਸ਼ਤਾਂ 8 ਫ਼ੀਸਦੀ ਬਣਦੀਆਂ ਹਨ ਜਿਨ੍ਹਾਂ ਦਾ ਪੱਤਰ ਵਿੱਚ ਕੋਈ ਜ਼ਿਕਰ ਨਹੀਂ। ਇਹ ਮਹਿੰਗਾਈ ਭੱਤਾ ਸਤੰਬਰ ਦੀ ਤਨਖਾਹ ਨਾਲ ਦੇਣ ਦਾ ਫੈਸਲਾ ਕੀਤਾ ਗਿਆ ਹੈ ਪਰ ਪਿਛਲੇ ਬਕਾਇਆ ਏਰੀਅਰ ਬਾਰੇ ਪੱਤਰ ਵਿਚ ਕੁਝ ਵੀ ਨਹੀਂ ਲਿਖਿਆ ਗਿਆ ਅਤੇ ਇਹ ਵੀ ਨਹੀਂ ਲਿਖਿਆ ਗਿਆ, ਇਹ ਕਿਹੜੇ ਸਮੇਂ ਦੀਆਂ



ਕਿਸ਼ਤਾਂ ਦਿੱਤੀਆਂ ਗਈਆਂ ਜਿਸ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਡੀ ਏ ਸੰਬੰਧੀ ਜਾਰੀ ਪੱਤਰ ਬਾਰੇ ਭੰਬਲਭੂਸੇ ਵਾਲੀ ਸਥਿਤੀ ਬਣੀ ਹੋਈ ਹੈ। ਸਾਥੀ ਉਦੀਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਡੀ. ਏ. ਕੇਂਦਰ ਨਾਲੋਂ ਡੀ ਲਿੰਕ ਕਰਨ ਦੀ ਕੋਸ਼ਿਸ਼ ਪੰਜਾਬ ਸਰਕਾਰ ਵਲੋਂ ਕੀਤੀ ਗਈ ਹੈ ਜਿਸ ਨੂੰ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਸਹਿਣ ਨਹੀਂ ਕਰਨਗੇ। ਮੁਲਾਜ਼ਮ ਆਗੂਆਂ ਨੇ ਮੰਗ ਕੀਤੀ ਹੈ ਕਿ ਪੰਜਾਬ ਸਰਕਾਰਾਂ ਡੀ ਏ ਬਾਰੇ ਸਥਿਤੀ ਸਪੱਸ਼ਟ ਕਰੇ।

# ਟੌਂਗ ਵੱਲੋਂ ਵਜ਼ੀਰ ਭੁੱਲਰ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ





ਬਿਆਸ (ਪਰਮਜੀਤ ਸਿੰਘ ਰੱਖੜਾ)- ਹਲਕਾ ਬਾਬਾ ਬਕਾਲਾ ਸਾਹਿਬ ਦੇ ਇਤਿਹਾਸਕ ਪਿੰਡ ਵਜ਼ੀਰ ਭੁੱਲਰ ਤੋਂ ਬੀਤੇ ਦਿਨੀਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਗਈ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਸ਼ਰਧਾਲੂ ਸੰਗਤਾਂ ਦੀ ਬੱਸ ਨੂੰ ਅਨੰਦਪੁਰ ਸਾਹਿਬ ਤੇ ਨੈਣਾ ਦੇਵੀ ਦੇ ਪਾਵਨ ਦਰਸ਼ਨਾਂ ਲਈ ਸ਼ਰਧਾ ਅਤੇ ਉਤਸ਼ਾਹ ਨਾਲ ਰਵਾਨਾ ਕੀਤਾ ਗਿਆ। ਇਸ ਮੌਕੇ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਗੁਰੂ ਘਰ ਦੇ ਦਰਸ਼ਨਾਂ ਦੀ ਤਾਂਘ ਅਤੇ ਸੰਗਤਾਂ ਦੇ ਚਿਹਰਿਆਂ 'ਤੇ ਖੁਸ਼ੀ ਇਸ ਪਾਵਨ ਯਾਤਰਾ ਨੂੰ ਹੋਰ ਵੀ ਯਾਦਗਾਰ ਬਣਾ ਰਹੀ ਹੈ। ਮਾਨ ਸਰਕਾਰ ਦਾ ਇਹ ਉਪਰਾਲਾ ਸੰਗਤਾਂ ਦੀ ਆਸਥਾ ਦਾ ਸਤਿਕਾਰ ਕਰਦਿਆਂ ਉਨ੍ਹਾਂ ਨੂੰ ਗੁਰੂ ਘਰਾਂ ਦੇ ਦਰਸ਼ਨਾਂ ਨਾਲ ਜੋੜ ਰਿਹਾ ਹੈ।

ਇਸ ਮੌਕੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ, ਕਰਮਜੀਤ ਸਿੰਘ ਪੀ ਏ, ਸਰਪੰਚ ਫੌਜ਼ਾਨਾ ਯੋਗਬੀਰ ਸਿੰਘ ਜੱਜੀ, ਵਾਇਸ ਚੇਅਰਮੈਨ ਬਲਾਕ ਸੰਮਤੀ ਰਈਆ, ਬਲਵਿੰਦਰ ਸਿੰਘ ਕਲਕੱਤਾ, ਭਗਵੰਤ ਸਿੰਘ, ਕਪੂਰ ਸਿੰਘ ਭੁੱਲਰ, ਸੁਬੇਦਾਰ ਸਰਦੂਲ ਸਿੰਘ, ਕਵਲਜੀਤ ਸਿੰਘ, ਹਰਜੀਤ ਸਿੰਘ, ਸੁਖਵਿੰਦਰ ਸਿੰਘ ਮਿੰਟੂ, ਸਰਵਜਿੰਦਰ ਸਿੰਘ, ਗੁਰਪ੍ਰੀਤ ਸਿੰਘ ਛੁੱਟੇ ਤੋਂ ਹੋਰ ਪਤਵੰਤੇ ਹਾਜ਼ਰ ਸਨ।

# ਗ਼ਜ਼ਲ-ਸੰਗ੍ਰਹਿ 'ਚੁੱਪ ਦਾ ਅਨੁਵਾਦ' 'ਤੇ ਵਿਚਾਰ-ਗੋਸ਼ਟੀ ਭਲਕੇ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਸਾਹਿਤ ਸੰਗਮ ਦੀਨਾਨਗਰ ਦੇ ਜਨਰਲ ਸਕੱਤਰ ਦਵਿੰਦਰ ਮਗਰਾਲਾ ਵੱਲੋਂ ਜਾਰੀ ਬਿਆਨ ਵਿਚ ਦੱਸਿਆ ਗਿਆ ਕਿ ਮੰਗਤ ਚੰਚਲ ਦੇ ਨਵੇਂ ਛਪ ਕੇ ਆਏ ਗ਼ਜ਼ਲ-ਸੰਗ੍ਰਹਿ 'ਚੁੱਪ ਦਾ ਅਨੁਵਾਦ' 'ਤੇ ਸਾਹਿਤ ਸੰਗਮ ਦੀਨਾਨਗਰ ਵੱਲੋਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ 26 ਸਤੰਬਰ ਨੂੰ ਐੱਸ ਐੱਸ ਐੱਮ ਕਾਲਜ ਦੀਨਾਨਗਰ ਵਿਖੇ ਵਿਚਾਰ-ਗੋਸ਼ਟੀ ਅਤੇ ਕਵੀ-ਦਰਬਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਾਹਿਤਕ ਸਮਾਰੋਹ ਦਾ ਸਮਾਂ 10-30 ਵਜੇ ਸਵੇਰ ਤੋਂ 1-30 ਵਜੇ ਦੁਪਿਹਰ ਤੱਕ ਹੋਵੇਗਾ।

ਇਸ ਪ੍ਰੋਗਰਾਮ ਵਿੱਚ ਪੰਜਾਬ ਦੇ ਉੱਘੇ ਵਿਦਵਾਨ, ਚਿੰਤਕ ਅਤੇ ਕਵੀ ਸ਼ਿਰਕਤ ਕਰਨਗੇ। ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਨੂੰ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਹਿਤ ਸਨੇਹ ਲਬਰੇਜ਼ ਸੱਦਾ ਦਿੱਤਾ ਜਾਂਦਾ ਹੈ।

# ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਖਰੀਦ ਕੀਤੇ ਜਾ ਰਹੇ ਝੋਨੇ ਦੇ ਪ੍ਰਬੰਧਾਂ ਸੰਬੰਧੀ ਮੀਟਿੰਗ

ਗੁਰਦਾਸਪੁਰ (ਜਨਕ ਮਹਾਜਨ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਪ੍ਰਧਾਨਗੀ ਹੇਠ ਖਰੀਫ ਸੀਜ਼ਨ 2026-27 ਦੌਰਾਨ ਖਰੀਦ ਕੀਤੇ ਜਾ ਰਹੇ ਝੋਨੇ ਦੇ ਪ੍ਰਬੰਧਾਂ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਵਿਚ ਅਮਨਜੀਤ ਸਿੰਘ



ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਗੁਰਦਾਸਪੁਰ ਸਮੂਹ ਜ਼ਿਲ੍ਹਾ ਮੈਨੇਜਰ (ਮਾਰਕਫੈਡ, ਪਨਸਪ, ਵੇਅਰ ਹਾਊਸ ਅਤੇ ਐਫ.ਸੀ.ਆਈ) ਖਰੀਦ ਏਜੰਸੀਆਂ ਗੁਰਦਾਸਪੁਰ ਅਤੇ ਜ਼ਿਲ੍ਹਾ ਮੰਡੀ ਅਫਸਰ ਗੁਰਦਾਸਪੁਰ ਹਾਜ਼ਰ ਹੋਏ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨ ਵਲੋਂ ਜ਼ਿਲ੍ਹਾ ਮੈਨੇਜਰ ਐਫ.ਸੀ.ਆਈ ਨੂੰ ਕਿਹਾ ਗਿਆ ਕਿ ਜਿਨ੍ਹਾਂ ਮੰਡੀਆਂ ਅਤੇ ਰਾਈਸ ਮਿੱਲਾਂ ਵਿਚ ਰੱਬੀ ਸਾਲ 2026-27 ਦੀ ਕਣਕ ਭੰਡਾਰ ਹੈ, ਉਸ ਦੀ ਤੁਰੰਤ ਰੋਡ ਮੂਵਮੈਂਟ ਰਾਹੀ ਨਿਕਾਸੀ ਕਰਵਾਉਣੀ ਯਕੀਨੀ ਬਣਾਈ ਜਾਵੇ ਤਾਂ ਜੋ ਸੀਜ਼ਨ ਦੌਰਾਨ ਆੜ੍ਹਤੀਆਂ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਔਕੜ ਪੇਸ਼ ਨਾ ਆਵੇ। ਮੀਟਿੰਗ ਦੌਰਾਨ ਉਨ੍ਹਾਂ ਸਮੂਹ ਅਧਿਕਾਰੀਆਂ/ਕਰਮਚਾਰੀਆਂ ਨੂੰ ਕਿਹਾ ਕਿ ਸੀਜ਼ਨ ਦੌਰਾਨ ਕਿਸਾਨਾਂ ਨੂੰ ਸੁੱਕਾ ਝੋਨਾ ਮੰਡੀਆ ਵਿਚ ਲਿਆਉਣ ਲਈ ਪ੍ਰੇਰਿਤ ਕੀਤਾ ਜਾਵੇ ਕਿਉਂ ਜੋ ਭਾਰਤ ਸਰਕਾਰ ਵੱਲੋਂ 17% ਨਮੀ ਵਾਲਾ ਝੋਨਾ ਹੀ ਖਰੀਦਿਆ ਜਾਣਾ ਹੈ। ਇਸ ਲਈ ਸਮੂਹ ਕਿਸਾਨ ਖਰੀਫ ਸੀਜਨ 2026-27 ਦੌਰਾਨ ਸੁੱਕਾ ਝੋਨਾ ਹੀ ਮੰਡੀਆ ਵਿਚ ਲੈ ਕੇ ਆਉਣ ਤਾਂ ਜੋ ਫਸਲ ਵੇਚਣ ਸਮੇਂ ਕਿਸੇ ਤਰ੍ਹਾਂ ਦੀ ਔਕੜ ਪੇਸ਼ ਨਾ ਆਵੇ ਅਤੇ ਕਿਸਾਨਾਂ ਨੂੰ ਸਰਕਾਰ ਦੁਆਰਾ ਨਿਰਧਾਰਤ ਐਮ.ਐਸ.ਪੀ 2461 ਰੁਪਏ ਪ੍ਰਤੀ ਕੁਇੰਟਲ ਹੀ ਪ੍ਰਾਪਤ ਹੋਵੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਕਿਹਾ ਕਿ ਪੈਡੀ ਸੀਜ਼ਨ ਵਿਚ ਕਿਸੇ ਵੀ ਕਿਸਾਨ/ਆੜ੍ਹਤੀਆ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਉਣ ਦਿੱਤੀ ਜਾਵੇ ਅਤੇ ਜੇਕਰ ਕੋਈ ਮਸਲਾ ਧਿਆਨ ਵਿਚ ਆਉਦਾ ਹੈ ਤਾਂ ਉਸ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇ। ਮੀਟਿੰਗ ਦੌਰਾਨ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਵੱਲੋਂ ਦੱਸਿਆ ਗਿਆ ਕਿ ਝੋਨੇ ਦੀ ਖਰੀਦ ਪਹਿਲੀ ਅਕਤੂਬਰ ਤੋਂ 30 ਨਵੰਬਰ ਤੱਕ ਮੁਕੰਮਲ ਹੋਵੇਗੀ।

# 'ਮਾਨ ਦੇ ਮੁਨਾਫੇ' ਮੁਹਿੰਮ ਰਾਹੀਂ ਪ੍ਰਾਪਤੀਆਂ ਲੈ ਕੇ ਲੋਕਾਂ 'ਚ ਪਹੁੰਚੇ ਸ਼ੈਰੀ ਕਲਸੀ

ਬਟਾਲਾ ( ਡਾਕਟਰ ਮਲਵਿੰਦਰ ਸਿੰਘ )- ਪੰਜਾਬ ਸਰਕਾਰ ਦੀਆਂ ਯੋਜਨਾਵਾਂ ਅਤੇ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਕਲੇਰ ਕਲਾਂ ਵਿੱਚ 'ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨਾਲ ਪਿੰਡ ਵਿੱਚ ਡੋਰ-ਟੂ-ਡੋਰ ਸੰਪਰਕ ਕੀਤਾ। ਵਿਧਾਇਕ ਸ਼ੈਰੀ ਕਲਸੀ ਨੇ ਵਾਸੀਆਂ ਨਾਲ ਮੁਲਾਕਾਤ ਕਰਕੇ ਸਰਕਾਰ ਵੱਲੋਂ ਲਾਗੂ ਕੀਤੀਆਂ ਵੱਖ-ਵੱਖ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਅਤੇ ਪੰਫਲੇਟ ਵੀ ਵੰਡੇ। ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਆਮ ਲੋਕਾਂ ਦੇ ਜੀਵਨ ਵਿੱਚ ਸਿੱਧਾ ਬਦਲਾਅ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਯੋਜਨਾਵਾਂ ਦਾ ਲਾਭ ਸਮਾਜ ਦੇ ਵੱਖ-ਵੱਖ ਵਰਗਾਂ ਤੱਕ ਪਹੁੰਚ ਰਿਹਾ ਹੈ ਅਤੇ ਇਸੇ ਤਹਿਤ ਆਮ ਆਦਮੀ ਪਾਰਟੀ ਦੇ ਆਗੂ ਹੁਣ ਸਰਕਾਰ ਦੀਆਂ ਪ੍ਰਾਪਤੀਆਂ ਦਾ ਵੇਰਵਾ ਲੈ ਕੇ ਸਿੱਧੇ ਲੋਕਾਂ ਵਿੱਚ ਪਹੁੰਚ ਰਹੇ ਹਨ। ਉਨ੍ਹਾਂ ਨੇ ਕਿਹਾ ਕਿ 'ਮਾਨ ਦੇ ਮੁਨਾਫੇ' ਮੁਹਿੰਮ ਰਾਹੀਂ ਲੋਕਾਂ ਨੂੰ ਦੱਸਿਆ ਜਾ ਰਿਹਾ ਹੈ ਕਿ ਸਰਕਾਰ ਵੱਲੋਂ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਦੌਰਾਨ ਕਿਹੜੇ



ਫੈਸਲੇ ਲਏ ਗਏ ਅਤੇ ਇਨ੍ਹਾਂ ਦਾ ਆਮ ਪਰਵਾਰਾਂ 'ਤੇ ਕੀ ਪ੍ਰਭਾਵ ਪਿਆ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਨੂੰ ਮਿਲਾ ਕੇ ਦੇਖਿਆ ਜਾਵੇ ਤਾਂ ਇੱਕ ਪਰਵਾਰ ਨੂੰ ਸਾਲਾਨਾ ਕਰੀਬ 1 ਲੱਖ 82 ਹਜ਼ਾਰ ਰੁਪਏ ਦਾ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਲਾਭ ਵੱਖ-ਵੱਖ ਸਰਕਾਰੀ ਸਹੂਲਤਾਂ ਅਤੇ ਯੋਜਨਾਵਾਂ ਰਾਹੀਂ ਲੋਕਾਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘਰੇਲੂ ਬਿਜਲੀ ਖਪਤਕਾਰਾਂ ਨੂੰ ਰਾਹਤ ਦੇਣ ਲਈ ਮੁਫ਼ਤ ਬਿਜਲੀ ਦੀ ਸਹੂਲਤ ਜਾਰੀ ਰੱਖੀ ਗਈ ਹੈ। ਇਸ ਨਾਲ ਪੰਜਾਬ ਦੇ ਪਰਿਵਾਰਾਂ ਨੂੰ ਬਿਜਲੀ ਦੇ ਜ਼ੀਰੋ ਬਿੱਲਾਂ ਰਾਹੀਂ ਰਾਹਤ ਮਿਲ ਰਹੀ ਹੈ। ਸਰਕਾਰ ਦਾ ਯਤਨ ਹੈ ਕਿ ਲੋਕਾਂ ਦੇ ਘਰੇਲੂ ਖਰਚਿਆਂ ਨੂੰ ਘਟਾਇਆ ਜਾਵੇ ਅਤੇ ਉਨ੍ਹਾਂ ਨੂੰ ਬੁਨਿਆਦੀ ਸਹੂਲਤਾਂ ਬਿਹਤਰ ਢੰਗ ਨਾਲ ਮੁਹੱਈਆ ਕਰਵਾਈਆਂ ਜਾਣ। ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ, ਸਿੱਖਿਆ ਦਾ ਮਾਹੌਲ ਅਤੇ ਵਿਦਿਆਰਥੀਆਂ ਲਈ ਬਿਹਤਰ ਮੌਕੇ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਡੀਕਲ ਸਿੱਖਿਆ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਪੰਜਾਬ ਦੇ ਵਿਦਿਆਰਥੀਆਂ ਦੀ ਵਧ ਰਹੀ ਭਾਗੀਦਾਰੀ ਵੀ ਸਿੱਖਿਆ ਖੇਤਰ ਵਿੱਚ ਹੋ ਰਹੇ ਬਦਲਾਅ ਦਾ ਸੰਕੇਤ ਹੈ। ਮੰਤਰੀ ਦੇ ਅਨੁਸਾਰ, ਪਹਿਲਾਂ ਪੰਜਾਬ ਤੋਂ ਕਰੀਬ 80 ਵਿਦਿਆਰਥੀ ਨੀਟ ਪ੍ਰੀਖਿਆ ਪਾਸ ਕਰਦੇ ਸਨ, ਜਦਕਿ ਹੁਣ ਇਹ ਗਿਣਤੀ ਵਧ ਕੇ ਕਰੀਬ 800 ਤੱਕ ਪਹੁੰਚ ਗਈ ਹੈ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ 'ਚ ਹਿੰਦੀ ਦਿਵਸ ਮਨਾਇਆ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿਖੇ ਹਿੰਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਬੱਚਿਆਂ ਨੇ ਹਿੰਦੀ ਭਾਸ਼ਾ ਨਾਲ ਸੰਬੰਧਿਤ ਸ਼ਾਨਦਾਰ ਨਾਟਕ, ਕਵਿਤਾਵਾਂ ਪੇਸ਼ ਕੀਤੀਆਂ। ਉਪਰੰਤ ਵਿਦਿਆਰਥੀਆਂ ਨੇ ਸਾਡੀ ਰਾਸ਼ਟਰੀ ਭਾਸ਼ਾ ਹਿੰਦੀ ਨੂੰ ਪ੍ਰਫੁੱਲਤ ਕਰਨ ਲਈ ਆਪਣੇ ਆਪਣੇ ਵਿਚਾਰ ਪ੍ਰਗਟ ਕੀਤੇ। ਬੱਚਿਆਂ ਨੇ ਹਿੰਦੀ ਭਾਸ਼ਾ ਦੇ ਨਾਲ ਸੰਬੰਧਤ ਵੱਖ-ਵੱਖ ਸਲੋਗਨ ਬੜੇ ਹੀ ਸੋਹਣੇ ਤਰੀਕੇ ਨਾਲ ਆਪਣੀ ਇਨੋਵੇਟਿਵ ਕਲਾਕ੍ਰਿਤੀ ਰਾਹੀਂ ਸਭ ਦੇ ਸਾਹਮਣੇ ਪੇਸ਼ ਕੀਤੇ। ਇਸ ਮੌਕੇ ਸਕੂਲ ਦੇ ਹਿੰਦੀ ਅਧਿਆਪਕਾਂ ਅੰਜਨਾ ਰਾਣੀ, ਰਿਪਨ ਸੁੰਦਰ, ਮੀਨੂ, ਦੀਪਿਕਾ, ਸ਼ੈਲਜਾ ਨੇ ਵੀ ਹਿੰਦੀ ਭਾਸ਼ਾ ਨਾਲ ਸੰਬੰਧਤ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਬੱਚਿਆਂ ਅਤੇ ਅਧਿਆਪਕਾਂ ਦੀ ਮਿਹਨਤ ਦੀ ਭਰਪੂਰ ਸਰਾਹਨਾ ਕਰਦੇ ਹੋਏ ਹਿੰਦੀ ਭਾਸ਼ਾ ਪ੍ਰਤੀ ਪਿਆਰ ਅਤੇ ਸਤਿਕਾਰ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਕੁਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਔਜਲਾ ਵੱਲੋਂ 22.07 ਕਿਲੋਮੀਟਰ ਸੜਕਾਂ ਦੇ ਅਪਗ੍ਰੇਡੇਸ਼ਨ ਦਾ ਨੀਂਹ ਪੱਥਰ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਹਲਕਾ ਮਜੀਠਾ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਦੇਣ ਵੱਲ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਅੰਮ੍ਰਿਤਸਰ ਤੋਂ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਵੱਲੋਂ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਦੇ ਤਹਿਤ ਹਲਕਾ ਮਜੀਠਾ ਵਿੱਚ ਲਗਭਗ 22.07 ਕਿਲੋਮੀਟਰ ਲੰਮੀਆਂ ਦੋ ਮਹੱਤਵਪੂਰਨ ਸੜਕਾਂ ਦੇ ਅਪਗ੍ਰੇਡੇਸ਼ਨ ਅਤੇ ਮਜ਼ਬੂਤੀਕਰਨ ਦੇ ਕੰਮਾਂ ਦਾ ਨੀਂਹ ਪੱਥਰ ਪਿੰਡ ਭੋਏਵਾਲ ਵਿੱਚ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਤੇ ਮੋਹਤਬਰਾਂ ਦੀ ਹਾਜ਼ਰੀ ਵਿੱਚ ਰੱਖਿਆ ਗਿਆ। ਇਨ੍ਹਾਂ ਕੰਮਾਂ ਦੀ ਕੁੱਲ ਦਰਸਾਈ ਗਈ ਲਾਗਤ ਕਰੀਬ 16.43 ਕਰੋੜ ਹੈ। ਇਸ ਮੌਕੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਸਮੇਤ ਕਾਂਗਰਸ ਪਾਰਟੀ ਦੇ ਆਗੂ, ਵਰਕਰ ਅਤੇ ਇਲਾਕਾ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਇਨ੍ਹਾਂ ਵਿਕਾਸ ਕਾਰਜਾਂ ਸੰਬੰਧੀ ਜਾਣਕਾਰੀ ਅਨੁਸਾਰ ਪਹਿਲੇ ਕੰਮ ਤਹਿਤ ਲਿੰਕ ਰੋਡ ਕੱਥੂਨੰਗਲ, ਟਾਹਲੀ ਸਾਹਿਬ ਰੋਡ ਤੋਂ ਭੋਏਵਾਲ ਵਾਇਆ ਕਾਜੀਕੋਟ ਕਲੇਰਬਾਲਾ ਨੂੰ ਅਪਗ੍ਰੇਡ ਕੀਤਾ ਜਾਵੇਗਾ। ਇਸ ਸੜਕ ਦੀ ਲੰਬਾਈ 11.50 ਕਿਲੋਮੀਟਰ ਹੈ ਅਤੇ ਇਸ ਲਈ 7.31 ਕਰੋੜ ਦੀ ਲਾਗਤ ਦਰਸਾਈ ਗਈ ਹੈ। ਇਸ ਸੜਕ ਦੀ ਚੌੜਾਈ 10 ਤੋਂ 12 ਫ਼ੁੱਟ ਤੱਕ ਹੋਵੇਗੀ। ਇਸੇ ਤਰ੍ਹਾਂ ਦੂਜੇ ਕੰਮ ਤਹਿਤ



ਅੰਮ੍ਰਿਤਸਰ-ਮਹਿਤਾ ਰੋਡ ਤੋਂ ਵਾਇਆ ਭੋਏਵਾਲ ਰਾਮਦਿਵਾਲੀ ਲਿੰਕ ਰੋਡ ਨੂੰ ਅਪਗ੍ਰੇਡ ਕੀਤਾ ਜਾਵੇਗਾ। ਇਸ ਦੀ ਲੰਬਾਈ 10.57 ਕਿਲੋਮੀਟਰ ਹੈ ਅਤੇ ਇਸ ਕੰਮ ਦੀ ਲਾਗਤ 9.12 ਕਰੋੜ ਦਰਸਾਈ ਗਈ ਹੈ। ਇਸ ਸੜਕ ਨੂੰ 10 ਤੋਂ 18 ਫ਼ੁੱਟ ਤੱਕ ਚੌੜਾ ਕਰਨ ਦੀ ਤਜਵੀਜ਼ ਹੈ। ਸਾਂਸਦ ਔਜਲਾ ਨੇ ਦੱਸਿਆ ਕਿ ਉਕਤ ਦੋਵੇਂ ਵਿਕਾਸ ਕਾਰਜ ਸੰਬੰਧਤ ਠੇਕੇਦਾਰ ਨੂੰ ਅਲਾਟ ਹੋ ਚੁੱਕੇ ਹਨ। ਇਸ ਮੌਕੇ ਭਗਵੰਤ ਪਾਲ ਸਿੰਘ ਸੱਚਰ ਵੱਲੋਂ ਹਲਕਾ ਮਜੀਠਾ ਦੀਆਂ ਹੋਰ ਵੀ ਅਹਿਮ ਸੜਕਾਂ ਤੇ ਪੁਲ ਦੇ ਨਿਰਮਾਣ, ਅਪਗ੍ਰੇਡੇਸ਼ਨ ਅਤੇ ਚੌੜਾਈ ਵਧਾਉਣ ਸਬੰਧੀ ਤਜਵੀਜ਼ਾਂ ਜਿਵੇਂ ਬੋਪਾਰਾਏ ਤੋ ਭੋਏਵਾਲ ਤੇ ਅੱਮੋਨੰਗਲ, ਤਲਵੰਡੀ ਖੁੰਮਣ ਤੋਂ ਹਮਜ਼ਾ ਤੇ ਰਾਮਦਿਵਾਲੀ ਦੇ ਪੁਲ ਦੀ ਮੰਗ ਸਾਂਸਦ ਗੁਰਜੀਤ ਸਿੰਘ ਔਜਲਾ ਦੇ ਸਾਹਮਣੇ ਰੱਖੀ ਗਈ। ਸਾਂਸਦ ਔਜਲਾ ਨੇ ਸੱਚਰ ਵੱਲੋਂ ਹਲਕੇ ਦੀਆਂ ਹੋਰ ਸੜਕਾਂ ਸੰਬੰਧੀ ਰੱਖੀਆਂ ਤਜਵੀਜ਼ਾਂ ਨੂੰ ਪ੍ਰਵਾਨ ਕਰਦਿਆਂ ਭਰੋਸਾ ਦਿੱਤਾ ਕਿ ਇਨ੍ਹਾਂ ਸਬੰਧੀ ਜਲਦ ਅਗਲੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ। ਇਸ ਮੌਕੇ ਪਰਮਜੀਤ ਸਿੰਘ ਭੋਏਵਾਲ, ਪ੍ਰਗਟ ਸਿੰਘ ਚੰਨਣਕੇ, ਰਣਜੀਤ ਸਿੰਘ ਅਰਜਨਮਾਗਾ, ਨਿਸ਼ਾਨ ਸਿੰਘ ਭੰਗਾਲੀ, ਗੁਰਪ੍ਰੀਤ ਸਿੰਘ ਰਾਮਦਿਵਾਲੀ, ਬਲਾਕ ਪ੍ਰਧਾਨ ਸੰਨੀ ਕਾਜੀਕੋਟ, ਨਵਦੀਪ ਸਿੰਘ ਸੋਨਾ, ਨਵਤੇਜ ਪਾਲ ਸਿੰਘ ਬਲਾਕ ਪ੍ਰਧਾਨ, ਬਲਕਾਰ ਸਿੰਘ ਬੋਪਾਰਾਏ, ਝਿਲਮਿਲ ਸਿੰਘ ਸਾਧਪੁਰ, ਜਗਦੇਵ ਸਿੰਘ ਚੋਗਾਵਾਂ, ਅਸ਼ੋਕ ਮੱਤੇਵਾਲ, ਸੁਖਬੀਰ ਸਿੰਘ ਬੋਪਾਰਾਏ, ਇਲਾਕੇ ਦੇ ਪੰਚ-ਸਰਪੰਚ, ਕਾਂਗਰਸੀ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਸਭਰਾ ਵਿਖੇ ਦਸਤਾਰ, ਦੁਮਾਲਾ ਤੇ ਕਵਿਤਾ ਮੁਕਾਬਲੇ 29 ਨੂੰ

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ (ਰਜਿ:) ਪੰਜਾਬ ਵੱਲੋਂ ਮਰਜੀਵੜੇ ਗੁਰਸਿੱਖ ਭਾਈ ਸੁੱਖਾ ਸਿੰਘ ਅਤੇ ਭਾਈ ਮਹਿਤਾਬ ਸਿੰਘ ਦੀ ਸਲਾਨਾ ਯਾਦ ਨੂੰ ਸਮਰਪਿਤ ਗੁਰਦੁਆਰਾ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਸਿੰਘ ਪਿੰਡ ਸਭਰਾ ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ ਵਿਖੇ ਦਸਤਾਰ ਦੁਮਾਲਾ ਤੇ ਕਵਿਤਾ ਮੁਕਾਬਲੇ 29 ਸਤੰਬਰ ਨੂੰ ਸਵੇਰੇ 9 ਵਜੇ ਤੋਂ ਲੈ ਕੇ ਦੁਪਹਿਰ 12 ਵਜੇ ਤੱਕ ਕਰਵਾਏ ਜਾ ਰਹੇ ਹਨ। ਦਸਤਾਰ ਦੁਮਾਲਾ ਮੁਕਾਬਲੇ ਵਿੱਚ ਚੌਥੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਲੜਕੇ ਅਤੇ ਲੜਕੀਆਂ ਅਤੇ ਕਵਿਤਾ ਮੁਕਾਬਲੇ ਵਿੱਚ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ, ਭਾਈ ਅਮਨਦੀਪ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਕਿਲਾ ਸਾਹਿਬ, ਭਾਈ ਰਣਜੀਤ ਸਿੰਘ ਸਭਰਾ ਅਤੇ ਪ੍ਰਚਾਰਕ ਭਾਈ ਗੁਰਪ੍ਰੀਤ ਸਿੰਘ ਜੋਤੀ ਸ਼ਾਹ ਨੇ ਪ੍ਰੈਸ ਨਾਲ ਗੱਲਬਾਤ ਦੌਰਾਨ ਕੀਤਾ। ਉਨਾ ਕਿਹਾ ਕਿ ਸੁਸਾਇਟੀ ਵੱਲੋਂ ਲੰਮੇ ਅਰਸੇ ਤੋਂ ਸਲਾਨਾ ਸਮਾਗਮ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਬੱਚਿਆਂ ਨੂੰ ਆਪਣੀ ਮਹਾਨ ਵਿਰਾਸਤ ਨਾਲ ਜੋੜਨ ਦੇ ਲਈ ਇਸ ਤਰ੍ਹਾਂ ਦੇ ਉਪਰਾਲੇ ਕੀਤੇ ਜਾਂਦੇ ਹਨ। ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਖਜ਼ਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ ਨੇ ਇਲਾਕੇ ਦੀਆਂ ਸੰਗਤਾਂ ਨੂੰ ਆਪਣੇ



ਬੱਚਿਆਂ ਸਮੇਤ ਇਹਨਾਂ ਮੁਕਾਬਲਿਆਂ ਵਿੱਚ ਪਹੁੰਚਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਟੇਜ ਸੈਕਟਰੀ ਹਰਜੀਤ ਸਿੰਘ ਲਹਿਰੀ, ਮੁੱਖ ਬੁਲਾਰੇ ਸੁਖਵਿੰਦਰ ਸਿੰਘ ਖਾਲੜਾ, ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ, ਆਕਾਸ਼ਦੀਪ ਸਿੰਘ, ਨਿੰਦਰਪਾਲ ਸਿੰਘ, ਵਜੀਰ ਸਿੰਘ, ਹਰਮਨਦੀਪ ਸਿੰਘ, ਸਾਜਨਪ੍ਰੀਤ ਸਿੰਘ, ਸੁਖਮਨਦੀਪ ਸਿੰਘ, ਹੁਸਨਦੀਪ ਸਿੰਘ, ਗਗਨਦੀਪ ਸਿੰਘ, ਰਣਬੀਰ ਸਿੰਘ, ਪ੍ਰੈਸ ਸਕੱਤਰ ਅਜੀਤ ਸਿੰਘ ਘਰਿਆਲਾ, ਗੁਰਪ੍ਰੀਤ ਸਿੰਘ ਸੈਡੀ, ਰਸ਼ਪਾਲ ਸਿੰਘ ਡੱਲ, ਸਲਵਿੰਦਰ ਸਿੰਘ, ਜਸਵਿੰਦਰ ਸਿੰਘ, ਰੂਪ ਸਿੰਘ, ਰਣਜੀਤ ਸਿੰਘ, ਦਿਲਬਾਗ ਸਿੰਘ ਆਦਿ ਹਾਜ਼ਰ ਸਨ।

# ਰੇਲਵੇ ਫਾਟਕ 'ਤੇ ਓਵਰਬ੍ਰਿਜ ਬਣਾਉਣ ਦੀ ਮੰਗ ਨੇ ਫੜਿਆ ਜ਼ੋਰ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਮੰਡੀ ਚੌਕ ਨੇੜੇ ਪੈਂਦਾ ਰੇਲਵੇ ਫਾਟਕ ਅਕਸਰ ਬੰਦ ਹੋਣ ਕਾਰਨ ਲੋਕਾਂ ਨੂੰ ਅਨੇਕਾਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੁਰਿੰਦਰਪਾਲ, ਲਲਿਤ ਕੰਵਲ ਤੇ ਸਚਿਨ ਨੇ ਦੱਸਿਆ ਕਿ ਇਹ ਫਾਟਕ ਰੇਲਵੇ ਸਟੇਸ਼ਨ ਦੇ ਬਿਲਕੁਲ ਨਜ਼ਦੀਕ ਹੈ ਅਤੇ ਕਿਸੇ ਰੇਲ ਗੱਡੀ ਅਥਵਾ ਇੰਜਨ ਨੂੰ ਸ਼ੰਟਿੰਗ ਕਰਨਾ ਹੋਵੇ ਤਾਂ ਵੀ ਇਹ ਫਾਟਕ ਬੰਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਸ ਫਾਟਕ ਤੋਂ ਪਾਰ ਇਕ ਸੜਕ ਇਤਿਹਾਸਕ ਸਥਾਨ ਤਾਲਿਬਪੁਰ ਪੰਡੋਰੀ ਅਤੇ ਦੂਸਰੀ ਸੜਕ ਪਠਾਨਕੋਟ ਵੱਲ ਨੂੰ ਜਾਂਦੀ ਹੈ। ਇਸ ਫਾਟਕ ਦੇ ਪਾਰਲੇ ਪਾਸੇ ਲੜਕੀਆਂ ਦਾ ਸਿਖਲਾਈ ਕਾਲਜ ਅਤੇ ਪਠਾਨਕੋਟ ਨੂੰ ਜਾਣ ਵਾਲੀ ਸੜਕ 'ਤੇ ਸਬਜ਼ੀ ਮੰਡੀ, ਦਾਣਾ ਮੰਡੀ, ਐਫ.ਸੀ.ਆਈ. ਵੇਅਰ ਹਾਊਸ, ਮਿਲਕ ਪਲਾਂਟ ਵੇਰਕਾ, ਬੇਅੰਤ ਇੰਜੀਨੀਅਰਿੰਗ ਕਾਲਜ ਤੋਂ ਇਲਾਵਾ ਹੋਰ ਅਨੇਕਾਂ ਸੰਸਥਾਨ ਅਤੇ ਕਾਰੋਬਾਰੀ ਅਦਾਰੇ ਹਨ ਜਿਨ੍ਹਾਂ ਨੂੰ ਜਾਣ ਵਾਸਤੇ ਅਕਸਰ ਫਾਟਕ ਬੰਦ ਹੋਣ ਕਾਰਨ ਲੋਕਾਂ ਨੂੰ ਕਾਫੀ ਦੇਰ ਫਾਟਕ 'ਤੇ ਰੁਕਣਾ ਪੈਂਦਾ ਹੈ, ਜਿਸ ਨਾਲ ਸਕੂਲ, ਕਾਲਜ, ਦਫਤਰਾਂ ਨੂੰ ਜਾਣ ਵਾਲੇ ਕਰਮਚਾਰੀ ਲੇਟ ਹੋ ਜਾਂਦੇ ਹਨ ਅਤੇ ਕਈ ਵਾਰ ਇਥੇ ਜਾਮ ਲੱਗ ਜਾਣ ਨਾਲ ਟਰੈਫਿਕ ਜਾਮ ਹੋ ਜਾਂਦੀ ਹੈ।



ਉਨ੍ਹਾਂ ਦੱਸਿਆ ਕਿ ਫਾਟਕ ਬੰਦ ਹੋਣ 'ਤੇ ਲੋਕ ਆਪਣੇ ਵਾਹਨ ਬੇਤਰਤੀਬੇ ਢੰਗ ਨਾਲ ਖੜ੍ਹੇ ਕਰ ਦਿੰਦੇ ਹਨ ਜਿਸ ਨਾਲ ਜਾਮ ਵਰਗੀ ਸਥਿਤੀ ਬਣ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਨੂੰ ਕੰਟਰੋਲ ਕਰਨ ਲਈ ਇੱਥੇ ਪੁਲਸ ਦਾ ਕੋਈ ਵੀ ਪੱਕਾ ਕਰਮਚਾਰੀ ਤੈਨਾਤ ਨਹੀਂ ਹੁੰਦਾ। ਲੋਕਾਂ ਨੇ ਪੰਜਾਬ ਅਤੇ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਕਿ ਇਸ ਰੇਲਵੇ ਫਾਟਕ 'ਤੇ ਓਵਰਬ੍ਰਿਜ ਬਣਾਇਆ ਜਾਵੇ। ਲੋਕਾਂ ਦੀ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਐਮ.ਪੀ ਸੁਖਜਿੰਦਰ ਸਿੰਘ ਰੰਧਾਵਾ ਪਾਸੋਂ ਮੰਗ ਕਿ ਉਹ ਕੇਂਦਰੀ ਰੇਲਵੇ ਮੰਤਰੀ 'ਤੇ ਜ਼ੋਰ ਦੇ ਕੇ ਇਲਾਕਾ ਵਾਸੀਆਂ ਦੀ 80 ਸਾਲਾਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਕੇ ਇਸ ਫਾਟਕ 'ਤੇ ਓਵਰਬ੍ਰਿਜ ਬਣਾਇਆ ਜਾਵੇ ਜਿਸ ਨਾਲ ਇਸ ਪ੍ਰੇਸ਼ਾਨੀ ਤੋਂ ਛੁਟਕਾਰਾ ਮਿਲ ਸਕੇ।

# ਫਤਿਹਪੁਰੀ ਦਾ ਵਿਛੋੜਾ ਮਜ਼ਦੂਰ ਵਰਗ ਲਈ ਗਹਿਰਾ ਸਦਮਾ : ਮੱਲ੍ਹੀ

ਗੁਰਦਾਸਪੁਰ (ਨ ਜ਼ ਸ)- ਨਵਾਂ ਜ਼ਮਾਨਾ ਅਖਬਾਰ ਦੇ ਮੁੱਖ ਸੰਪਾਦਕ ਚੰਦ ਫਤਿਹਪੁਰੀ ਦਾ ਵਿਛੋੜਾ ਮਾਰਕਸ ਦੇ ਪਾਂਧੀਆਂ, ਸਮਾਜਿਕ ਚਿੰਤਕ ਅਤੇ ਮਜ਼ਦੂਰ ਵਰਗ ਨੂੰ ਇਕ ਗਹਿਰਾ ਸਦਮਾ ਦੇ ਗਿਆ ਜਿਸ ਦੀ ਭਰਪਾਈ ਸ਼ਾਇਦ ਕਦੇ ਵੀ ਨਾ ਹੋ ਸਕੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਸਟੇਟ ਕੌਂਸਲ ਮੈਂਬਰ ਅਤੇ ਜ਼ਿਲ੍ਹਾ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਗੁਰਦਾਸਪੁਰ ਦੇ ਆਗੂ ਬਲਬੀਰ ਸਿੰਘ ਮੱਲ੍ਹੀ ਨੇ ਕਰਦਿਆਂ ਕਿਹਾ ਕਿ ਚੰਦ ਫਤਿਹਪੁਰੀ ਇਕ ਪੁਰਾਣੀ ਤੇ ਮੁਢਲੀ ਕਤਾਰ ਦੇ ਲੀਡਰ ਦੇ ਨਾਲ-ਨਾਲ ਉਹ ਇਕ ਉੱਚ ਕੋਟੀ ਦੇ ਲਿਖਾਰੀ, ਮਜ਼ਦੂਰ ਵਰਗ ਦੇ ਲੀਡਰ ਤੇ ਵੱਖਰੀ ਪਹਿਚਾਨ ਦੇ ਸੰਪਾਦਕ ਵੀ ਸਨ। ਉਹਨਾਂ ਦੀ ਉੱਚ ਵਿਦਵਤਾ ਤੇ ਸਧਾਰਨ ਜੀਵਨਸ਼ੈਲੀ ਹੈਰਾਨੀਜਨਕ ਹੀ ਨਹੀ ਸਗੋਂ ਇੱਕ ਅਚੰਭਾ ਵੀ ਸੀ। ਉਹ ਸਮਾਜਿਕ ਹਿੱਤਾਂ ਨੂੰ ਵੱਧ ਤਰਜੀਹ ਦਿੰਦੇ ਸਨ। ਮਜ਼ਦੂਰ ਵਰਗ ਦੇ ਹੱਕ ਵਿੱਚ ਲਿਖੀਆਂ ਸੰਪਾਦਕੀਆਂ ਵਿੱਚ ਉਹ ਲਿਖਦੇ ਸਨ ਕਿ ਕਿਵੇਂ ਕਾਰਪੋਰੇਟ ਕੰਪਨੀਆਂ ਮੁਨਾਫੇ ਦੀ ਹਵਸ ਵਿੱਚ ਵਿਅਕਤੀ ਦੀ ਕਿਰਤ ਸ਼ਕਤੀ ਨੂੰ ਨਿਚੋੜਦੀਆਂ ਹਨ। ਅਜਿਹੇ ਤਜਰਬੇਕਾਰ ਆਗੂ ਦਾ ਸੰਸਾਰ ਤੋਂ ਤੁਰ ਜਾਣਾ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਸਾਬਤ ਹੋ ਜਾਂਦਾ ਹੈ। ਪਰ ਉਹਨਾਂ ਦੀਆਂ ਲੋਕਪੱਖੀ ਸੰਪਾਦਕੀਆਂ ਉਹਨਾਂ ਦੀ ਸੋਚ ਨੂੰ ਹਮੇਸ਼ਾ ਜਿਊਂਦਾ ਰੱਖਣਗੀਆਂ।

# ਵਿਰੋਧੀ ਧਿਰ ਲੰਬੇ ਸਮੇਂ ਤੋਂ ਐੱਸ ਆਈ ਆਰ ਤੇ ਵੋਟਰ ਸੂਚੀ ਦਾ ਮੁੱਦਾ ਚੁੱਕ ਰਹੀ : ਔਜਲਾ

ਛੇਹਰਟਾ, (ਮਨੋਜ ਕੁਮਾਰ)- ਚੋਣ ਕਮਿਸ਼ਨ ਦੇ ਅੰਦਰ ਚੋਣ ਪ੍ਰਕਿਰਿਆ ਤੇ ਵੋਟਰ ਸੂਚੀਆਂ ਨਾਲ ਜੁੜੇ ਮੁੱਦਿਆਂ 'ਤੇ ਦੋ ਚੋਣ ਕਮਿਸ਼ਨਰਾਂ ਵੱਲੋਂ ਇਤਰਾਜ਼ ਦਰਜ ਕੀਤੇ ਜਾਣ ਦੀਆਂ ਮੀਡੀਆ ਰਿਪੋਰਟਾਂ ਦੌਰਾਨ ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਕਿਹਾ ਹੈ ਕਿ ਵਿਰੋਧੀ ਧਿਰ ਲੰਬੇ ਸਮੇਂ ਤੋਂ ਇਨ੍ਹਾਂ ਸਵਾਲਾਂ ਨੂੰ ਚੁੱਕਦੀ ਆ ਰਹੀ ਹੈ। ਔਜਲਾ ਨੇ ਕਿਹਾ ਕਿ ਰਾਹੁਲ ਗਾਂਧੀ ਤੇ ਵਿਰੋਧੀ ਧਿਰ ਲਗਾਤਾਰ ਵਿਸ਼ੇਸ਼ ਗਹਿਰਾ ਪੁਨਰ-ਨਿਰੀਖਣ (ਐੱਸ.ਆਈ. ਆਰ.), ਵੋਟਰ ਸੂਚੀਆਂ ਵਿਚੋਂ ਨਾਂਅ ਹਟਾਏ ਜਾਣ, ਡੁਪਲੀਕੇਟ ਵੋਟਾਂ ਤੇ ਚੋਣ ਪ੍ਰਕਿਰਿਆ ਵਿਚ ਪਾਰਦਰਸ਼ਤਾ ਵਰਗੇ ਮੁੱਦਿਆਂ ਨੂੰ ਲੈ ਕੇ ਸਵਾਲ ਉਠਾਉਂਦੇ ਰਹੇ ਹਨ। ਔਜਲਾ ਨੇ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਦੀ ਪ੍ਰਕਿਰਿਆ ਵਿਚ ਹੋਏ ਬਦਲਾਅ ਦਾ ਜ਼ਿਕਰ ਕਰਦਿਆਂ ਕਿਹਾ ਕਿ 2023 ਵਿਚ ਕੇਂਦਰ ਸਰਕਾਰ ਨੇ ਮੁੱਖ ਚੋਣ ਕਮਿਸ਼ਨਰ ਤੇ ਹੋਰ ਚੋਣ ਕਮਿਸ਼ਨਰਾਂ ਦੀ ਨਿਯੁਕਤੀ, ਸੇਵਾ ਸ਼ਰਤਾਂ ਤੇ ਕਾਰਜਕਾਲ ਸਬੰਧੀ ਨਵਾਂ ਕਾਨੂੰਨ ਬਣਾਇਆ। ਇਸ ਕਾਨੂੰਨ ਤਹਿਤ ਨਿਯੁਕਤੀ ਲਈ ਸਿਫ਼ਾਰਸ਼ ਕਰਨ ਵਾਲੀ ਕਮੇਟੀ ਵਿਚ ਪ੍ਰਧਾਨ ਮੰਤਰੀ, ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਤੇ ਪ੍ਰਧਾਨ ਮੰਤਰੀ ਵੱਲੋਂ ਨਾਮਜ਼ਦ ਕੇਂਦਰੀ ਕੈਬਨਿਟ ਮੰਤਰੀ ਨੂੰ ਸ਼ਾਮਲ ਕੀਤਾ ਗਿਆ ਹੈ। ਵਿਰੋਧੀ ਧਿਰ ਦਾ ਤਰਕ ਹੈ ਕਿ ਸੁਪਰੀਮ ਕੋਰਟ ਦੇ 2023 ਦੇ ਫ਼ੈਸਲੇ ਤੋਂ ਬਾਅਦ ਜਿਸ ਪ੍ਰਬੰਧ ਦੀ ਗੱਲ ਸਾਹਮਣੇ ਆਈ ਸੀ, ਉਸ ਵਿਚ ਪ੍ਰਧਾਨ ਮੰਤਰੀ, ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਤੇ ਭਾਰਤ ਦੇ ਚੀਫ ਜਸਟਿਸ ਸ਼ਾਮਲ ਸਨ। ਬਾਅਦ ਵਿਚ ਕਾਨੂੰਨ ਰਾਹੀਂ ਚੀਫ ਜਸਟਿਸ ਦੀ ਥਾਂ ਪ੍ਰਧਾਨ ਮੰਤਰੀ ਵੱਲੋਂ ਨਾਮਜ਼ਦ ਕੇਂਦਰੀ ਮੰਤਰੀ ਨੂੰ ਕਮੇਟੀ ਵਿਚ ਸ਼ਾਮਲ ਕੀਤਾ ਗਿਆ। ਇਸ ਕਾਰਨ ਵਿਰੋਧੀ ਧਿਰ ਵੱਲੋਂ ਇਹ ਸਵਾਲ ਉਠਾਇਆ ਜਾਂਦਾ ਰਿਹਾ ਹੈ ਕਿ ਤਿੰਨ ਮੈਂਬਰੀ ਕਮੇਟੀ ਵਿਚ ਸਰਕਾਰ ਦੇ ਦੋ ਨੁਮਾਇੰਦੇ ਹੋਣ ਕਾਰਨ ਵਿਰੋਧੀ ਧਿਰ ਦੇ ਮੈਂਬਰ ਦੀ ਭੂਮਿਕਾ ਸੀਮਤ ਹੋ ਜਾਂਦੀ ਹੈ। ਇਸ ਕਾਨੂੰਨ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਵੀ ਸੁਪਰੀਮ ਕੋਰਟ ਵਿਚ ਲੰਬਿਤ ਹਨ ਅਤੇ 23 ਸਤੰਬਰ 2026 ਨੂੰ ਦੋ ਮੈਂਬਰੀ ਬੈਂਚ ਨੇ ਮਾਮਲੇ ਨੂੰ ਪੰਜ ਮੈਂਬਰੀ ਸੰਵਿਧਾਨਕ ਬੈਂਚ ਅੱਗੇ ਭੇਜਣ ਲਈ ਕਿਹਾ ਹੈ। ਔਜਲਾ ਨੇ ਦੋਸ਼ ਲਗਾਇਆ ਕਿ ਵੋਟਰ ਸੂਚੀਆਂ ਦੀ ਪ੍ਰਕਿਰਿਆ ਵਿਚ ਅਜਿਹੇ ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ ਵਿਚ ਲੰਬੇ ਸਮੇਂ ਤੋਂ ਕਿਸੇ ਖੇਤਰ ਵਿਚ ਰਹਿ ਰਹੇ ਅਤੇ ਉੱਥੇ ਹੀ ਜੰਮੇ ਲੋਕਾਂ ਦੇ ਨਾਂਅ ਵੀ ਸੂਚੀ ਵਿਚੋਂ ਹਟਾਏ ਜਾਣ ਦੀਆਂ ਸ਼ਿਕਾਇਤਾਂ ਮਿਲੀਆਂ ਹਨ। ਔਜਲਾ ਨੇ ਕਿਹਾ ਕਿ ਅਜਿਹੇ ਲੋਕਾਂ ਕੋਲ ਪਛਾਣ ਤੇ ਹੋਰ ਲੋੜੀਂਦੇ ਦਸਤਾਵੇਜ਼ ਮੌਜੂਦ ਹੋਣ ਦੇ ਬਾਵਜੂਦ ਉਨ੍ਹਾਂ ਦੇ ਨਾਵਾਂ ਨੂੰ ਲੈ ਕੇ ਸਵਾਲ ਖੜ੍ਹੇ ਹੋਏ ਹਨ।



# ਸ਼ੇਰੋਂ ਖੰਡ ਮਿੱਲ ਮੋਰਚੇ ਦੇ 127ਵੇਂ ਦਿਨ ਸਰਕਾਰ ਦੇ ਝੂਠੇ ਸਬਜ਼ਬਾਗਾਂ ਦੀ ਨਿੰਦਾ

ਤਰਨ ਤਾਰਨ- ਆਮ ਆਦਮੀ ਪਾਰਟੀ ਵਲੋਂ ਸਤਾ ਵਿੱਚ ਆਉਣ ਤੋਂ ਪਹਿਲਾਂ 2022 ਦੀਆਂ ਵਿਧਾਨ ਸਭਾ ਚੋਣਾਂ ਸਮੇਂ ਸ਼ੇਰੋਂ ਖੰਡ ਮਿੱਲ ਦੀ ਜ਼ਮੀਨ ਵਿੱਚ ਇਲਾਕੇ ਦੇ ਲੋਕਾਂ ਦੇ ਹੋਏ ਵੱਡੇ ਇਕੱਠ ਵਿੱਚ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਦੇ

## • ਚੰਦ ਫਤਿਹਪੁਰੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਵਿਖਾਏ ਝੂਠੇ ਸਬਜ਼ਬਾਗਾਂ ਦੇ ਉਲਟ ਜਾ ਕੇ ਮਾਨ ਸਰਕਾਰ ਵਲੋਂ ਕਿਸਾਨਾਂ ਦੇ 60 ਫੀਸਦੀ ਸ਼ੇਅਰਾਂ ਵਾਲੀ ਖੰਡ ਮਿੱਲ ਦੀ 98 ਏਕੜ ਜ਼ਮੀਨ ਦੀ ਮਾਲਕੀ ਬਦਲਣ ਦੀ ਲੋਕ ਵਿਰੋਧੀ ਨੀਤੀ ਦੀ ਪੋਲ ਖੋਲ੍ਹਣ ਲਈ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ ਵੱਖ ਕਿਸਾਨ ਜਥੇਬੰਦੀਆਂ ਵੱਲੋਂ 21 ਮਈ ਤੋਂ ਖੰਡ ਮਿੱਲ ਦੀ ਹੋਂਦ ਬਚਾਉਣ ਲਈ ਲਗਾਏ ਪੱਕੇ ਮੋਰਚੇ ਦੇ 127ਵੇਂ ਦਿਨ ਵੀਰਵਾਰ ਨੂੰ ਮੋਰਚੇ ਵਿੱਚ ਹਾਜ਼ਰ ਕਿਸਾਨ ਆਗੂਆਂ ਨੇ ਮਾਨ ਸਰਕਾਰ ਵਲੋਂ ਲੋਕਾਂ ਦੇ ਟੈਕਸਾਂ ਦਾ ਅਰਬਾਂ ਰੁਪਿਆ ਖਰਚ ਕੇ ਲਗਾਤਾਰ ਕੀਤੀ ਜਾ ਰਹੀ ਸਿਰੇ ਦੀ ਝੂਠੀ ਇਸ਼ਤਿਹਾਰਬਾਜ਼ੀ ਦੀ ਜ਼ੋਰਦਾਰ ਨਿੰਦਾ ਕੀਤੀ। ਇਸ ਮੌਕੇ ਹਾਜ਼ਰੀਨ ਨੇ ਬੀਤੇ ਦਿਨੀਂ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ ਦੇ ਅਚਾਨਕ ਹੋਏ ਦੇਹਾਂਤ 'ਤੇ ਦੁੱਖ ਪ੍ਰਗਟ ਕਰਦਿਆਂ ਲੋਕਾਂ ਦੇ ਮਸਲਿਆਂ ਨੂੰ ਕਲਮ ਰਾਹੀਂ ਉਭਾਰਨ



ਵਾਲੇ ਉੱਘੇ ਪੱਤਰਕਾਰ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।

ਕਿਸਾਨ ਆਗੂਆਂ ਨਛੱਤਰ ਸਿੰਘ ਪੰਨੂੰ, ਇੰਦਰਜੀਤ ਸਿੰਘ ਮਰਹਾਣਾ, ਰਤਨ ਸਿੰਘ ਢੰਡ, ਪ੍ਰਿੰਸੀਪਲ ਦਲਬੀਰ ਸਿੰਘ ਦਿਓਲ, ਜੱਸਾ ਸਿੰਘ ਕੱਦਗਿੱਲ ਆਦਿ ਨੇ ਮਾਨ ਸਰਕਾਰ ਦੀ ਕਾਰਗੁਜ਼ਾਰੀ 'ਤੇ ਅਫਸੋਸ ਜ਼ਾਹਰ ਕਰਦੇ ਹੋਏ ਕਿਹਾ ਕਿ ਮੁੱਖ ਮੰਤਰੀ ਦੀ ਕਹਿਣੀ ਅਤੇ ਕਥਨੀ ਵਿੱਚ ਅੰਤਾਂ ਦਾ ਫਰਕ ਸਾਫ਼ ਤੌਰ ਤੇ ਵੇਖਣ ਨੂੰ ਮਿਲ ਰਿਹਾ ਹੈ। ਝੋਨੇ ਦੀ ਸਰਕਾਰੀ ਖਰੀਦ ਚਾਲੂ ਨਾ ਹੋਣ ਕਰਕੇ ਅਨਾਜ ਮੰਡੀਆਂ ਵਿੱਚ ਮੁਨਾਫ਼ਾਖੋਰ ਕਿਸਾਨਾਂ ਦੀ ਸ਼ਰੇਆਮ ਲੁੱਟ ਕਰ ਰਹੇ ਹਨ, ਨਸ਼ਿਆਂ ਦੀ ਓਵਰਡੋਜ਼ ਨਾਲ ਹਰ ਰੋਜ਼ ਨੌਜਵਾਨ ਮੌਤ ਦੇ ਮੂੰਹ ਜਾ ਰਹੇ ਹਨ, ਫਿਰੌਤੀਆਂ ਮੰਗਣ ਦਾ ਸਿਲਸਿਲਾ ਬਾਦਸਤੂਰ ਜਾਰੀ ਹੈ, ਕਿਸਾਨਾਂ - ਮਜ਼ਦੂਰਾਂ ਸਮੇਤ ਸੂਬੇ ਦਾ 8 ਲੱਖ ਮੁਲਾਜ਼ਮ ਅਤੇ ਪੈਨਸ਼ਨਰ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰਕੇ ਮਾਨ ਸਰਕਾਰ ਵਲੋਂ ਕੀਤੇ ਵਾਅਦੇ ਯਾਦ ਕਰਵਾਉਣ ਲਈ ਪਾਣੀ ਦੀਆਂ ਬੁਛਾੜਾਂ ਅਤੇ ਅੱਥਰੂ ਗੈਸ ਦੇ ਗੋਲਿਆਂ ਦਾ ਸਾਹਮਣਾ ਕਰ ਰਿਹਾ ਹੈ, ਰਿਸ਼ਵਤਖੋਰੀ ਹੱਦਾਂ ਬੰਨੇ ਟੱਪ ਗਈ ਹੈ। ਆਗੂਆਂ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਮਾਨ ਸਰਕਾਰ ਕੀਤੇ ਵਾਅਦੇ ਮੁਤਾਬਕ ਖੰਡ ਮਿੱਲ ਚਾਲੂ ਕਰੇ ਨਹੀਂ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ ਸਮੇਂ ਹੋਰ ਮੁੱਦਿਆਂ ਦੇ ਨਾਲ - ਨਾਲ ਖੰਡ ਮਿੱਲ ਚਾਲੂ ਕਰਨ ਦੇ ਮੁੱਦੇ ਦੀ ਗੂੰਜ ਵੀ ਪਿੰਡ - ਪਿੰਡ ਸੁਣਾਈ ਦੇਵੇਗੀ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਰਾਜਗੋਬਿੰਦ ਸਿੰਘ ਜਮਾਲਪੁਰ, ਜਸਬੀਰ ਸਿੰਘ ਨਿੱਝਰਪੁਰਾ, ਕਾ.ਚਰਨ ਸਿੰਘ ਤਰਨ ਤਾਰਨ, ਅਮਰੀਕ ਸਿੰਘ ਸ਼ੇਰੋਂ, ਬਲਦੇਵ ਸਿੰਘ ਸ਼ੇਰੋਂ, ਪਿਆਰਾ ਸਿੰਘ ਸਰਪੰਚ ਦੁੱਗਲ ਵਾਲਾ, ਬਲਦੇਵ ਸਿੰਘ ਪੰਚ ਦੁੱਗਲਵਾਲਾ, ਮਨਜੀਤ ਸਿੰਘ ਮਰਹਾਣਾ, ਕੇਹਰ ਸਿੰਘ ਮੁਗਲਚੱਕ, ਮੇਹਰ ਸਿੰਘ ਸ਼ਖੀਰਾ, ਮੰਗਲ ਸਿੰਘ ਮੁਗਲਚੱਕ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਕਰਨਬੀਰ ਸਿੰਘ ਗੰਡੀਵਿੰਡ ਨੇ ਸੰਘਰਸ਼ ਵਿੱਚ ਸ਼ਮੂਲੀਅਤ ਕੀਤੀ।

# ਸਾਵਧਾਨ !

ਮੋਬਾਇਲ ਸਾਈਬਰ ਅਪਰਾਧ ਦੀਆਂ ਕਈ ਕਿਸਮਾਂ ਹਨ। ਫਿਸ਼ਿੰਗ ਅਤੇ ਵਿਸ਼ਿੰਗ ਕਿਸਮ ਵਿੱਚ ਫਰਜ਼ੀ ਐੱਸ ਐੱਮ ਐੱਸ ਜਾਂ ਈਮੇਲ ਕਾਲ ਜ਼ਰੀਏ ਅਪਰਾਧੀ ਬੈਂਕ ਡਿਟੇਲਜ਼, ਪਾਸਵਰਡ ਜਾਂ ਓ ਟੀ ਪੀ ਦੀ ਜਾਣਕਾਰੀ ਹਾਸਲ ਕਰ ਲੈਂਦੇ ਹਨ। ਮਾਲਵੇਅਰ ਅਤੇ ਸਪਾਈਵੇਅਰ ਨਾਲ ਪਰਸਨਲ ਡਾਟਾ ਚੁਰਾ ਲੈਂਦੇ ਹਨ। ਰੈਨਸਮਵੇਅਰ ਨਾਲ ਮੋਬਾਇਲ ਦੇ ਡਾਟਾ ਨੂੰ ਲਾਕ ਕਰ ਦਿੰਦੇ ਹਨ ਅਤੇ ਖੋਲ੍ਹਣ ਲਈ ਫਿਰੌਤੀ (ਰੈਨਸਮ) ਦੀ ਮੰਗ ਕਰਦੇ ਹਨ। ਅਜਿਹੀ ਧੋਖਾਧੜੀ ਤੋਂ ਬਚਾਅ ਲਈ ਅਕਸਰ ਸਲਾਹ ਦਿੱਤੀ ਜਾਂਦੀ ਹੈ ਕਿ ਬੈਂਕ ਖਾਤਾ, ਪਿੰਨ ਜਾਂ ਓ ਟੀ ਪੀ ਕਿਸੇ ਨਾਲ ਸਾਂਝੇ ਨਾ ਕਰੋ। ਜੇ ਧੋਖਾਧੜੀ ਦਾ ਸ਼ਿਕਾਰ ਹੋ ਜਾਂਦੇ ਹੋ ਤਾਂ ਨੈਸ਼ਨਲ ਸਾਈਬਰ ਕ੍ਰਾਈਮ ਰਿਪੋਰਟਿੰਗ ਪੋਰਟਲ 'ਤੇ ਸ਼ਿਕਾਇਤ ਕਰੋ ਜਾਂ ਹੈਲਪਲਾਈਨ ਨੰਬਰ 1930 'ਤੇ ਕਾਲ ਕਰੋ।

ਮੋਬਾਇਲ ਕੰਪਨੀਆਂ ਵੀ ਸੰਨ੍ਹ ਲੱਗਣੋਂ ਰੋਕਣ ਲਈ ਤਰ੍ਹਾਂ-ਤਰ੍ਹਾਂ ਦੇ ਸੁਰੱਖਿਆ ਉਪਾਅ ਕਰਦੀਆਂ ਰਹਿੰਦੀਆਂ ਹਨ, ਪਰ ਅਪਰਾਧੀ ਝਟ ਤੋੜ ਲੱਭ ਲੈਂਦੇ ਹਨ ਤੇ ਠੱਗੀ ਦਾ ਨਵਾਂ ਢੰਗ ਈਜਾਦ ਕਰ ਲੈਂਦੇ ਹਨ। ਅੱਜਕੱਲ੍ਹ 'ਫਰੋਜ਼ਨ ਸਕ੍ਰੀਨ ਘੁਟਾਲਾ' ਸਾਈਬਰ ਅਪਰਾਧੀਆਂ ਦੇ ਨਵੇਂ ਹਥਿਆਰ ਵਜੋਂ ਸਾਹਮਣੇ ਆਇਆ ਹੈ। ਇਸ ਵਿੱਚ ਪੀੜਤ ਨੂੰ ਕਿਸੇ ਅਣਜਾਣ ਜਾਂ ਖਤਰਨਾਕ ਲਿੰਕ 'ਤੇ ਕਲਿੱਕ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ, ਜਿਸ ਤੋਂ ਬਾਅਦ ਮੋਬਾਇਲ ਸਕ੍ਰੀਨ ਫਰੀਜ਼ ਹੋ ਸਕਦੀ ਹੈ ਜਾਂ ਜਵਾਬ ਨਹੀਂ ਦੇ ਸਕਦੀ। ਇਸ ਅਚਾਨਕ ਅੜਿੱਕੇ ਦੀ ਵਰਤੋਂ ਘਬਰਾਹਟ ਪੈਦਾ ਕਰਨ ਅਤੇ ਪੀੜਤ ਨੂੰ ਵਿਸ਼ਵਾਸ ਦਿਵਾਉਣ ਲਈ ਕੀਤੀ ਜਾਂਦੀ ਹੈ ਕਿ ਫੋਨ ਜਾਂ ਯੂ ਪੀ ਆਈ ਖਾਤੇ ਵਿੱਚ ਕੁਝ ਗਲਤ ਹੋ ਗਿਆ ਹੈ। ਫਿਰ ਘੁਟਾਲੇਬਾਜ਼ ਪੀੜਤ ਨਾਲ ਸੰਪਰਕ ਕਰਦਾ ਹੈ, ਅਕਸਰ ਗਾਹਕ-ਸੁਰੱਖਿਆ ਪ੍ਰਤੀਨਿਧੀ ਜਾਂ ਤਕਨੀਕੀ ਸਹਾਇਤਾ ਕਾਰਜਕਾਰੀ ਵਜੋਂ ਪੇਸ਼ ਹੁੰਦਾ ਹੈ ਅਤੇ ਦਾਅਵਾ ਕਰਦਾ ਹੈ ਕਿ ਸਮੱਸਿਆ ਵਿਅਕਤੀ ਦੇ ਯੂ ਪੀ ਆਈ ਖਾਤੇ ਵਿੱਚ ਇੱਕ ਤਕਨੀਕੀ ਗਲਤੀ ਨਾਲ ਜੁੜੀ ਹੋਈ ਹੈ। ਪੀੜਤ ਨੂੰ ਬਾਅਦ ਵਿੱਚ ਇੱਕ ਐਪਲੀਕੇਸ਼ਨ ਡਾਊਨਲੋਡ ਅਤੇ ਇੰਸਟਾਲ ਕਰਨ ਲਈ ਮਨਾਉਂਦਾ ਹੈ, ਜਿਸ ਦਾ ਉਦੇਸ਼ ਕਥਿਤ ਤੌਰ 'ਤੇ ਫੋਨ ਨੂੰ 'ਅਨਫਰੀਜ਼' ਕਰਨਾ ਹੁੰਦਾ ਹੈ। ਸਾਈਬਰ ਅਪਰਾਧੀ ਸੰਚਾਰ ਨੂੰ ਅਸਲੀ ਦਿਖਾਉਣ ਲਈ ਇੱਕ ਐੱਸ ਐੱਮ ਐੱਸ ਭੇਜਦਾ ਹੈ। ਇੱਕ ਵਾਰ ਜਦੋਂ ਪੀੜਤ ਐਪਲੀਕੇਸ਼ਨ ਨੂੰ ਸਥਾਪਤ ਕਰ ਲੈਂਦਾ ਹੈ ਅਤੇ ਇਸ ਨੂੰ ਮੰਗੀਆਂ ਗਈਆਂ ਇਜਾਜ਼ਤਾਂ ਦੇ ਦਿੰਦਾ ਹੈ, ਤਾਂ ਘੁਟਾਲੇਬਾਜ਼ ਡਿਵਾਈਸ ਦੀ ਸਕ੍ਰੀਨ, ਸੁਨੇਹਿਆਂ, ਸੂਚਨਾਵਾਂ ਅਤੇ ਹੋਰ ਸੰਵੇਦਨਸ਼ੀਲ ਜਾਣਕਾਰੀ ਤੱਕ ਪਹੁੰਚ ਪ੍ਰਾਪਤ ਕਰ ਲੈਂਦਾ ਹੈ।

ਇਸ ਧੋਖੇ ਤੋਂ ਬਚਾਅ ਦਾ ਵਕਤੀ ਉਪਾਅ ਤਾਂ ਇਹ ਹੀ ਹੈ ਕਿ ਲੋਕ ਅਣਜਾਣ ਲਿੰਕਾਂ 'ਤੇ ਕਲਿੱਕ ਨਾ ਕਰਨ, ਗੈਰ-ਪ੍ਰਮਾਣਿਤ ਸਰੋਤਾਂ ਤੋਂ ਐਪਲੀਕੇਸ਼ਨਾਂ ਡਾਊਨਲੋਡ ਨਾ ਕਰਨ ਅਤੇ ਅਣਜਾਣ ਐਪਲੀਕੇਸ਼ਨਾਂ ਨੂੰ ਬੇਲੋੜੀਆਂ ਇਜਾਜ਼ਤਾਂ ਦੇਣ ਤੋਂ ਵੀ ਬਚਣ। ਓ ਟੀ ਪੀ, ਯੂ ਪੀ ਆਈ ਪਿੰਨ, ਸਕ੍ਰੀਨ-ਲਾਕ ਪਾਸਵਰਡ ਜਾਂ ਹੋਰ ਗੁਪਤ ਪ੍ਰਮਾਣ ਪੱਤਰ ਕਿਸੇ ਨਾਲ ਵੀ ਸਾਂਝੇ ਕਰਨ ਤੋਂ ਸਾਵਧਾਨ ਰਹਿਣ, ਖਾਸਕਰ ਉਨ੍ਹਾਂ ਤੋਂ, ਜਿਹੜੇ ਗਾਹਕ-ਸੁਰੱਖਿਆ ਪ੍ਰਤੀਨਿਧੀ ਹੋਣ ਦਾ ਦਾਅਵਾ ਕਰਦੇ ਹਨ।

## ਸ਼ਕਲ ਮੋਮਨਾਂ ਕੰਮ ਕਾਫਰਾਂ !

ਛਿੱਟ ਕਾਂਜੀ ਦੀ ਇੱਕ ਹੀ ਬਹੁਤ ਹੁੰਦੀ,
ਦੁੱਧ ਫਟ ਜਾਂਦਾ ਸਾਰੇ ਹੀ ਮੱਟ ਦਾ ਏ।
ਵੱਡੇ ਅਹੁਦੇ 'ਤੇ ਬੈਠ ਕੁਕਰਮ ਕਰਦਾ,
ਸੰਸਥਾ ਲਈ ਕਲੰਕ ਉਹ ਖੱਟਦਾ ਏ।
ਸ਼ਕਲ ਮੋਮਨਾਂ ਕੰਮ ਪਰ 'ਕਾਫਰਾਂ' ਦੇ,
ਸਾਰਾ ਜੱਗ ਅਖਾਣ ਇਹ ਰੱਟਦਾ ਏ।
ਭਾਅ ਥੋਕ ਦੇ ਪੈਂਦੀਆਂ ਲਾਹਨਤਾਂ ਨੂੰ,
ਸੁਣ-ਸੁਣ ਕੌਮ ਦਾ ਕਾਲਜਾ ਫਟਦਾ ਏ।
ਬਣਿਆਂ ਹੁੰਦਾ ਜੋ ਅਕਸ ਮਹਾਨਤਾ ਦਾ,
ਮੁੱਕੇ ਸ਼ਰਧਾ, ਸਤਿਕਾਰ ਵੀ ਘਟਦਾ ਏ।
ਲਾ ਸਿਰਾਂ ਦੀ ਬਾਜ਼ੀ ਇਤਿਹਾਸ ਬਣਦਾ,
ਆ 'ਫੁਕਰਾ' ਕੋਈ ਛੱਜ ਵਿੱਚ ਛਟਦਾ ਏ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਅਮਰ ਸ਼ਹੀਦ ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ

ਅਵਤਾਰ ਲੰਗੇਰੀ

ਕਾਮਰੇਡ ਦਰਸ਼ਨ ਸਿੰਘ ਦਾ ਜਨਮ ਜ਼ਿਲ੍ਹਾ ਹੁਸ਼ਿਆਰਪੁਰ ਦੇ ਇਨਕਲਾਬੀ ਪਿੰਡ ਲੰਗੇਰੀ ਵਿਖੇ ਮਾਤਾ ਸ੍ਰੀਮਤੀ ਰਾਓ ਅਤੇ ਪਿਤਾ ਸਰਦਾਰ ਦੇਵਾ ਸਿੰਘ ਦੇ ਘਰ ਮਿਤੀ 13 ਮਾਰਚ 1918 ਨੂੰ ਹੋਇਆ ।

ਜਾਰਜ ਗਿਫੋਰਡ, ਪ੍ਰੋਵਿੰਸ਼ੀਅਲ ਆਗੂ ਕਮਿਊਨਿਸਟ ਪਾਰਟੀ ਆਫ ਕੈਨੇਡਾ ਅਨੁਸਾਰ ਦਰਸ਼ਨ ਸਿੰਘ ਸੰਘਾ, ਜਿਵੇਂ ਕਿ ਉਹ ਕੈਨੇਡਾ ਵਿੱਚ ਜਾਣਿਆ ਜਾਂਦਾ ਸੀ, ਇਕ ਅਸਾਧਾਰਨ ਵਿਅਕਤੀ ਸੀ, ਇੱਕ ਸੱਚਾ ਅੰਤਰ-ਰਾਸ਼ਟਰਵਾਦੀ ਅਤੇ ਮਹਾਨ ਕਮਿਊਨਿਸਟ । ਜਦੋਂ ਉਹ ਨੌਜਵਾਨ ਦੇ ਤੌਰ 'ਤੇ ਆਪਣੀ ਕਿਸਮਤ ਨੂੰ ਅਜ਼ਮਾਉਣ ਅਤੇ ਪੜ੍ਹਾਈ ਲਈ ਕੈਨੇਡਾ ਆਇਆ, ਉਹ ਪਹਿਲਾਂ ਹੀ ਬ੍ਰਿਟਿਸ਼ ਸਾਮਰਾਜਵਾਦ ਤੋਂ ਆਜ਼ਾਦੀ ਲਈ ਭਾਰਤੀ ਲੜਾਈ ਨਾਲ ਫਿਕਰਮੰਦ ਅਤੇ ਰਾਜਨੀਤਕ ਇਨਕਲਾਬੀ ਸੋਚ ਨਾਲ ਲਬਰੇਜ਼ ਹੋ ਕੇ ਆਇਆ। ਇਹ ਇਸ ਲਈ ਕੁਦਰਤੀ ਹੀ ਸੀ ਕਿ ਉਹ ਕੈਨੇਡਾ ਵਿੱਚ ਨੌਜਵਾਨ ਕਮਿਊਨਿਸਟਾਂ ਨੂੰ ਮਿਲਿਆ ਅਤੇ ਉਹਨਾਂ ਨਾਲ ਮਿੱਤਰਤਾ ਕੀਤੀ, ਜਿਹੜੇ ਕਿ ਬਹੁਤਾ ਕਰਕੇ ਉਸੇ ਤਰੀਕੇ ਨਾਲ ਸੋਚਦੇ ਸਨ, ਜਿਵੇਂ ਉਸ ਨੇ ਕੀਤਾ।

ਜਦੋਂ ਕਿ ਬਹੁਤ ਸਾਰੇ ਕੈਨੇਡਾ ਦੇ ਪ੍ਰਵਾਸੀ ਆਪਣਾ ਇੱਕ ਪੈਰ ਪੁਰਾਣੇ ਦੇਸ਼ ਵਿੱਚ ਰੱਖਦੇ ਹਨ ਅਤੇ ਇੱਕ ਪੈਰ ਨਵੇਂ ਦੇਸ਼ ਵਿੱਚ। ਦਰਸ਼ਨ ਨੇ ਠੀਕ ਤਰ੍ਹਾਂ ਸਮਝ ਲਿਆ ਸੀ ਕਿ ਵਰਗ ਸੰਘਰਸ਼ ਵਿਸ਼ਵ ਵਿਆਪੀ ਸੀ ਅਤੇ ਉਥੇ ਹੀ ਇਸ ਦੀ ਹੋਂਦ ਸੀ, ਜਿੱਥੇ ਕਿਤੇ ਵਰਗ ਸਮਾਜ ਸੀ । ਉਹ ਜਿੱਥੇ ਕਿਤੇ ਵੀ ਰਿਹਾ, ਉਹ ਜਾਣਦਾ ਸੀ ਕਿ ਉਸ ਦੀ ਡਿਊਟੀ ਕਾਮਾ ਜਮਾਤ ਦੇ ਹਿੱਤਾਂ ਲਈ ਲੜਨਾ ਹੈ ਅਤੇ ਇਸ ਭਾਵਨਾ ਦੇ ਤਹਿਤ ਉਹ ਕੈਨੇਡਾ ਦੀ ਕਮਿਊਨਿਸਟ ਪਾਰਟੀ ਵਿੱਚ ਸ਼ਾਮਲ ਹੋ ਗਿਆ ਅਤੇ ਕੈਨੇਡੀ ਕਾਮਿਆਂ ਖਾਸ ਕਰ ਪ੍ਰਵਾਸੀ ਕੈਨੇਡੀਅਨ ਕਾਮਿਆਂ ਦੇ ਸੰਘਰਸ਼ ਵਿੱਚ ਉਹ ਇਕ ਤਕੜੀ ਤਾਕਤ ਬਣ ਗਿਆ। ਉਸ ਦਾ ਵਾਸਤਾ ਬੀ ਸੀ ਅਤੇ ਐਲਬਰਟਾ ਵਿੱਚ ਲੱਕੜ ਉਦਯੋਗ ਨਾਲ ਸੀ, ਇਸ ਲਈ ਉਹ ਇੰਟਰਨੈਸ਼ਨਲ ਵੁਡ ਵਰਕਰਜ਼ ਆਫ ਅਮਰੀਕਾ (ਆਈ. ਡਬਲਿਊ. ਏ.) ਵਿੱਚ ਸ਼ਾਮਲ ਹੋ ਗਿਆ ਅਤੇ ਬਹੁਤ ਹੀ ਜਲਦ ਉਸ ਨੇ ਸਿੱਧ ਕਰ ਦਿੱਤਾ ਕਿ ਉਹ ਇਕ ਚੰਗਾ ਆਰਗੇਨਾਈਜ਼ਰ ਅਤੇ ਬੁਲਾਰਾ ਹੈ । ਉਸ ਨੇ ਸੈਂਕੜੇ ਭਾਰਤੀਆਂ ਨੂੰ ਟਰੇਡ ਯੂਨੀਅਨ ਅੰਦੋਲਨ ਵਿੱਚ ਲਿਆ ਕੇ ਨਵਾਂ ਮੋੜ ਕੱਟਿਆ ਅਤੇ ਉਹਨਾਂ ਦੇ ਲਾਭ ਲਈ ਤੇ ਯੂਨੀਅਨ ਵਿੱਚ ਬਰਾਬਰਤਾ ਲਈ ਉਹ ਸਖਤੀ ਨਾਲ ਲੜਿਆ ।

ਸੰਨ 1937 ਵਿੱਚ ਮਾਤਰ 18 ਸਾਲ ਦੀ ਉਮਰ ਵਿੱਚ ਉਹ ਬਿਹਤਰ ਭਵਿੱਖ ਅਤੇ ਉੱਚ ਸਿੱਖਿਆ ਦੀ ਭਾਲ ਵਿੱਚ ਕੈਨੇਡਾ ਚਲੇ ਗਏ। ਉਸ ਸਮੇਂ ਕੈਨੇਡਾ ਵਿੱਚ ਭਾਰਤੀਆਂ ਅਤੇ ਗੋਰੇ ਮਜ਼ਦੂਰਾਂ ਵਿਚਕਾਰ ਨਸਲੀ ਵਿਤਕਰਾ ਅਤੇ ਆਰਥਿਕ ਸ਼ੋਸ਼ਣ ਚਰਮ ਸੀਮਾ 'ਤੇ ਸੀ, ਜਿਸ ਨੇ ਨੌਜਵਾਨ ਦਰਸ਼ਨ ਸਿੰਘ ਦੇ ਮਨ 'ਤੇ ਡੂੰਘਾ ਅਸਰ ਕੈਨੇਡਾ ਪਹੁੰਚ ਕੇ ਉਨ੍ਹਾਂ ਬ੍ਰਿਟਿਸ਼ ਕੋਲੰਬੀਆ ਯੂਨੀਵਰਸਿਟੀ (UBC) ਵਿੱਚ ਦਾਖਲਾ ਲਿਆ, ਪਰ ਦੇਸ਼-ਵਿਦੇਸ਼ ਦੇ ਸਮਾਜਿਕ-ਆਰਥਿਕ ਹਾਲਾਤ ਅਤੇ ਮਜ਼ਦੂਰਾਂ ਦੀ ਮੰਦਹਾਲੀ ਦੇਖ ਕੇ ਉਨ੍ਹਾਂ ਦਾ ਮਨ ਪਰੰਪਰਕ ਪੜ੍ਹਾਈ ਤੋਂ ਹਟ ਕੇ ਸਮਾਜਿਕ ਪਰਿਵਰਤਨ ਦੇ ਵਿਗਿਆਨਕ ਸਿਧਾਂਤ ਮਾਰਕਸਵਾਦ ਵੱਲ ਹੋ ਗਿਆ । ਉਨ੍ਹਾਂ ਨੇ ਮਾਰਕਸਵਾਦੀ ਸਾਹਿਤ ਦਾ ਗੰਭੀਰ ਅਧਿਐਨ ਕੀਤਾ ਅਤੇ ਆਪਣੇ-ਆਪ ਨੂੰ ਪੂਰੀ ਤਰ੍ਹਾਂ ਮਜ਼ਦੂਰ ਜਮਾਤ ਦੀ ਮੁਕਤੀ ਲੇਖੇ ਲਾ ਦਿੱਤਾ ।



ਸੰਨ 1947 ਦੇ ਆਸ-ਪਾਸ ਭਾਰਤ ਦੀ ਆਜ਼ਾਦੀ ਦੇ ਦੌਰ ਵਿੱਚ ਉਹ ਵਾਪਸ ਦੇਸ਼ ਪਰਤੇ। ਸੰਨ 1948 ਵਿੱਚ ਕਮਿਊਨਿਸਟ ਪਾਰਟੀ ਦੀ ਇਤਿਹਾਸਕ ਕਲਕੱਤਾ ਕਾਨਫ਼ਰੰਸ ਵਿੱਚ ਉਨ੍ਹਾ ਸਰਗਰਮ ਭੂਮਿਕਾ ਨਿਭਾਈ। ਭਾਰਤ ਵਾਪਸ ਆ ਕੇ ਉਨ੍ਹਾਂ ਆਪਣੀ ਬਾਕੀ ਦੀ ਪੂਰੀ ਜ਼ਿੰਦਗੀ ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਅਤੇ ਲੋਕਾਂ ਦੇ ਲੇਖੇ ਲਾਉਣ ਦਾ ਦ੍ਰਿੜ੍ਹ ਸੰਕਲਪ ਲਿਆ।

ਕੈਨੇਡਾ ਵਿੱਚ ਰਹਿੰਦਿਆਂ ਸਾਊਥ ਏਸ਼ੀਆਈ (ਵਿਸ਼ੇਸ਼ ਕਰਕੇ ਭਾਰਤੀ) ਲੋਕਾਂ ਨੂੰ ਵੋਟ ਪਾਉਣ ਦਾ ਹੱਕ ਨਹੀਂ ਸੀ। ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਨੇ ਹੋਰ ਅਗਾਂਹਵਧੂ ਆਗੂਆਂ ਨਾਲ ਮਿਲ ਕੇ ਕੈਨੇਡਾ ਸਰਕਾਰ ਵਿਰੁੱਧ ਇੱਕ ਲੰਮਾ ਸੰਘਰਸ਼ ਲੜਿਆ । ਉਨ੍ਹਾ ਦੇ ਯਤਨਾਂ ਸਦਕਾ ਹੀ 1947 ਵਿੱਚ ਭਾਰਤੀਆਂ ਨੂੰ ਕੈਨੇਡਾ ਵਿੱਚ ਵੋਟ ਦਾ ਅਧਿਕਾਰ ਮਿਲਿਆ, ਜੋ ਕੈਨੇਡੀਅਨ-ਪੰਜਾਬੀ ਇਤਿਹਾਸ ਦਾ ਇੱਕ ਸੁਨਹਿਰੀ ਪੰਨਾ ਹੈ।

ਪੰਜਾਬ ਵਿੱਚ ਆ ਕੇ ਉਨ੍ਹਾ ਧਾਰਮਿਕ ਕੱਟੜਤਾ, ਜਾਤ-ਪਾਤ ਅਤੇ ਫ਼ਿਰਕੂ ਪਾੜੇ ਵਿਰੁੱਧ ਲਗਾਤਾਰ ਮੁਹਿੰਮ ਚਲਾਈ। ਉਨ੍ਹਾਂ ਦਾ ਮੰਨਣਾ ਸੀ ਕਿ ਮਜ਼ਦੂਰਾਂ ਅਤੇ ਕਿਸਾਨਾਂ ਦਾ ਕੋਈ ਧਰਮ ਜਾਂ ਜਾਤ ਨਹੀਂ ਹੁੰਦੀ, ਉਨ੍ਹਾਂ ਦੀ ਸਾਂਝੀ ਦੁੱਖ-ਤਕਲੀਫ਼ ਹੀ ਉਨ੍ਹਾਂ ਦੀ ਸਾਂਝ ਦਾ ਆਧਾਰ ਹੈ । ਉਨ੍ਹਾ ਹਮੇਸ਼ਾ ਹਿੰਦੂ-ਸਿੱਖ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕੀਤਾ ।

ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਵਿੱਚ ਰਹਿੰਦਿਆਂ ਉਨ੍ਹਾ ਵੱਖ-ਵੱਖ ਅਹੁਦਿਆਂ 'ਤੇ ਸੇਵਾ ਨਿਭਾਈ। 1937 ਵਿੱਚ ਯੰਗ ਕਮਿਊਨਿਸਟ ਲੀਗ (ਕੈਨੇਡਾ) ਵਿੱਚ ਸ਼ਾਮਲ ਹੋਏ।1939 ਵਿੱਚ ਅਲਬਰਟਾ ਵਿੱਚ ਕੈਨੇਡਾ ਦੀ ਕਮਿਊਨਿਸਟ ਪਾਰਟੀ ਵਿੱਚ 1948 ਵਿਚ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਲਈ ਪੂਰੇ ਸਮੇਂ ਦੇ ਕਾਰਕੁਨ ਵਜੋਂ ਕੰਮ ਕਰਨਾ ਸ਼ੁਰੂ ਕੀਤਾ।1950-1963 ਜਲੰਧਰ ਸੀ ਪੀ ਆਈ ਲਈ ਜ਼ਿਲ੍ਹਾ ਸਕੱਤਰ ਵਜੋਂ ਸੇਵਾ ਕੀਤੀ।1963-1965 ਪੰਜਾਬ ਕਿਸਾਨ ਸਭਾ ਦੇ ਸਕੱਤਰ ਵਜੋਂ ਸੇਵਾ ਨਿਭਾਈ ।1963-1977 ਸੀ ਪੀ ਆਈ ਦੀ ਕੌਮੀ ਕੌਂਸਲ ਮੈਂਬਰ ਰਹੇ ।

1966-1968 ਸੂਬਾ ਕਮੇਟੀ, ਸੀ ਪੀ ਆਈ ਪੰਜਾਬ ਦੇ ਸਹਾਇਕ ਸਕੱਤਰ ਅਤੇ 1968 ਤੋਂ 1971 ਤੱਕ ਪੰਜਾਬ ਦੇ ਸੂਬਾ ਸਕੱਤਰ ਰਹੇ। ਸੀ. ਪੀ. ਆਈ.1972 ਅਤੇ 1977 ਵਿੱਚ ਉਹ ਗੜ੍ਹਸ਼ੰਕਰ ਹਲਕੇ ਤੋਂ ਵਿਧਾਨ ਸਭਾ ਦੇ ਮੈਂਬਰ ਵਜੋਂ ਚੁਣੇ ਗਏ। ਉਨ੍ਹਾ ਦੀ ਅਗਵਾਈ ਵਿੱਚ ਪਾਰਟੀ ਨੇ ਪੰਜਾਬ ਅੰਦਰ ਕਿਸਾਨੀ ਅਤੇ ਮਜ਼ਦੂਰੀ ਘੋਲਾਂ ਨੂੰ ਨਵੀਂ ਦਿਸ਼ਾ ਦਿੱਤੀ। ਉਹ ਇੱਕ ਬੁਲੰਦ ਤਕਰੀਰ ਦੇ ਮਾਲਕ ਅਤੇ ਨਿਧੜਕ ਸੰਗਠਨਕਰਤਾ ਸਨ ।

1980ਵਿਆਂ ਦੇ ਕਾਲੇ ਦੌਰ ਵਿੱਚ ਜਦੋਂ ਪੰਜਾਬ ਫ਼ਿਰਕੂ ਦਹਿਸ਼ਤਗਰਦੀ ਅਤੇ ਸਰਕਾਰੀ ਤਸ਼ੱਦਦ ਦੀ ਚੱਕੀ ਵਿੱਚ ਪਿਸ ਰਿਹਾ ਸੀ, ਤਾਂ ਕਾਮਰੇਡ ਕੈਨੇਡੀਅਨ ਨੇ ਕਿਸੇ ਵੀ ਕਿਸਮ ਦੇ ਅੱਤਵਾਦ ਅੱਗੇ ਝੁਕਣ ਤੋਂ ਇਨਕਾਰ ਕਰ ਦਿੱਤਾ ।

ਵਿਧਾਨ ਸਭਾ ਦੇ ਅੰਦਰ ਉਨ੍ਹਾ ਹਮੇਸ਼ਾ ਆਮ ਲੋਕਾਂ, ਕਿਸਾਨਾਂ ਅਤੇ ਮਜ਼ਦੂਰਾਂ ਦੇ ਮੁੱਦਿਆਂ ਨੂੰ ਜ਼ੋਰ-ਸ਼ੋਰ ਨਾਲ ਉਠਾਇਆ ।ਜਦੋਂ ਸਰਕਾਰ ਨੇ ਕੰਢੀ ਖੇਤਰ ਦੇ 22 ਪਿੰਡਾਂ ਦੀ ਉਪਜਾਊ ਜ਼ਮੀਨ ਨੂੰ ਮਿਲਟਰੀ ਛਾਉਣੀ ਬਣਾਉਣ ਲਈ ਅਕਵਾਇਰ ਕਰਨ ਦਾ ਫ਼ੈਸਲਾ ਕੀਤਾ, ਤਾਂ ਕਾਮਰੇਡ ਕੈਨੇਡੀਅਨ ਲੋਕਾਂ ਦੇ ਅੱਗੇ ਹੋ ਕੇ ਡਟ ਗਏ। ਉਨ੍ਹਾ ਇੱਕ ਵਿਸ਼ਾਲ ਜਨ-ਅੰਦੋਲਨ ਖੜ੍ਹਾ ਕੀਤਾ ਅਤੇ ਸਰਕਾਰ ਨੂੰ ਆਪਣਾ ਫ਼ੈਸਲਾ ਵਾਪਸ ਲੈਣ ਲਈ ਮਜਬੂਰ ਕੀਤਾ, ਜਿਸ ਨਾਲ ਹਜ਼ਾਰਾਂ ਗਰੀਬ ਪਰਵਾਰ ਬੇਘਰ ਹੋਣ ਤੋਂ ਬਚ ਗਏ।

ਕੰਢੀ ਖੇਤਰ ਵਿੱਚ ਪੀਣ ਵਾਲੇ ਪਾਣੀ ਦੀ ਭਾਰੀ ਕਿੱਲਤ ਸੀ। ਲੋਕਾਂ (ਖ਼ਾਸ ਕਰਕੇ ਧੀਆਂ-ਭੈਣਾਂ) ਦੀ ਤਕਲੀਫ਼ ਨੂੰ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਲਈ ਕਾਮਰੇਡ ਕੈਨੇਡੀਅਨ ਇੱਕ ਦਿਨ ਪੰਜਾਬ ਅਸੈਂਬਲੀ ਵਿੱਚ ਇੱਕ ਭਾਰੀ ਲੋਹੇ ਦਾ ਡੋਲ ਅਤੇ ਮੋਟੀ ਲੱਜ (ਰੱਸਾ) ਲੈ ਕੇ ਪੁੱਜ ਗਏ । ਉਨ੍ਹਾ ਨੇ ਸਦਨ ਦੇ ਫ਼ਰਸ਼ 'ਤੇ ਉਹ ਡੋਲ-ਲੱਜ ਰੱਖ ਕੇ ਸਰਕਾਰ ਨੂੰ ਵੰਗਾਰਿਆ ਅਤੇ ਦੱਸਿਆ ਕਿ ਪੰਜਾਬ ਦੀਆਂ ਧੀਆਂ-ਭੈਣਾਂ ਨੂੰ ਸੈਂਕੜੇ ਫੁੱਟ ਡੂੰਘੇ ਖੂਹਾਂ ਵਿੱਚੋਂ ਮਣਾਂ-ਮੂੰਹੀ ਭਾਰੀ ਲੱਜ ਨਾਲ ਪਾਣੀ ਕੱਢਣਾ ਪੈਂਦਾ ਹੈ। ਇਸ ਪ੍ਰਭਾਵਸ਼ਾਲੀ ਪ੍ਰਦਰਸ਼ਨ ਤੋਂ ਬਾਅਦ ਸਰਕਾਰ ਹਰਕਤ ਵਿੱਚ ਆਈ ਅਤੇ ਕੰਢੀ ਖੇਤਰ ਵਿੱਚ ਡੂੰਘੇ ਟਿਊਬਵੈੱਲ ਲਗਾ ਕੇ ਘਰ-ਘਰ ਪਾਣੀ ਪਹੁੰਚਾਉਣ ਦੀ ਯੋਜਨਾ ਸ਼ੁਰੂ ਹੋਈ।

ਕਾਮਰੇਡ ਕੈਨੇਡੀਅਨ ਦੀ ਵਧਦੀ ਲੋਕਪ੍ਰਿਯਤਾ, ਨਿਡਰਤਾ ਅਤੇ ਫ਼ਿਰਕੂ ਸਾਂਝ ਦੇ ਪ੍ਰਚਾਰ ਨੇ ਦਹਿਸ਼ਤਗਰਦਾਂ ਅੰਦਰ ਭਾਰੀ ਬੁਖਲਾਹਟ ਪੈਦਾ ਕਰ ਦਿੱਤੀ। ਉਹ ਸਮਝ ਗਏ ਸਨ ਕਿ ਕਾਮਰੇਡ ਕੈਨੇਡੀਅਨ ਵਰਗਾ ਹਰਮਨ-ਪਿਆਰਾ ਆਗੂ ਉਨ੍ਹਾਂ ਦੇ ਨਫ਼ਰਤ ਦੇ ਏਜੰਡੇ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਹੈ, ਜਿਸ ਦੇ ਚੱਲਦਿਆਂ 25 ਸਤੰਬਰ 1986 ਦਾ ਦਿਨ ਪੰਜਾਬ ਦੇ ਇਤਿਹਾਸ ਲਈ ਇੱਕ ਕਾਲਾ ਦਿਨ ਸਾਬਤ ਹੋਇਆ । ਜਦੋਂ ਉਹ ਕਸਬਾ ਮਾਹਿਲਪੁਰ ਤੋਂ ਆਪਣੇ ਜੱਦੀ ਪਿੰਡ ਲੰਗੇਰੀ ਵੱਲ ਨੂੰ ਆ ਰਹੇ ਸਨ, ਤਾਂ ਦਹਿਸ਼ਤਗਰਦਾਂ ਨੇ ਘਾਤ ਲਗਾ ਕੇ ਇਸ ਇਨਕਲਾਬੀ ਜਰਨੈਲ 'ਤੇ ਅੰਧਾਧੁੰਦ ਗੋਲੀਆਂ ਚਲਾ ਦਿੱਤੀਆਂ । ਕਾਮਰੇਡ ਦਰਸ਼ਨ ਸਿੰਘ ਕੈਨੇਡੀਅਨ ਹੱਕ-ਸੱਚ ਦੀ ਆਵਾਜ਼ ਬੁਲੰਦ ਕਰਦੇ ਹੋਏ ਸ਼ਹੀਦ ਹੋ ਗਏ। ਉਨ੍ਹਾ ਦੀ ਸ਼ਹਾਦਤ ਤੋਂ ਬਾਅਦ ਪੰਜਾਬ ਦੀਆਂ ਸਮੂਹ ਇਨਕਲਾਬੀ, ਜਮਹੂਰੀ, ਜਨਤਕ ਜਥੇਬੰਦੀਆਂ, ਮਜ਼ਦੂਰ-ਕਿਸਾਨ ਯੂਨੀਅਨਾਂ ਅਤੇ ਸਮੂਹ ਸਿਆਸੀ ਪਾਰਟੀਆਂ ਨੇ ਮਿਲ ਕੇ ਇੱਕ ਲਾਮਿਸਾਲ ਸ਼ਰਧਾਂਜਲੀ ਸਮਾਗਮ ਕੀਤਾ। ਹਜ਼ਾਰਾਂ ਦੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੇ ਲਾਲ ਝੰਡੇ ਬੁਲੰਦ ਕਰਕੇ ਆਪਣੇ ਮਹਿਬੂਬ ਆਗੂ ਨੂੰ ਅੰਤਮ ਵਿਦਾਈ ਦਿੱਤੀ।

ਦੁਨੀਆ ਭਰ ਵਿੱਚ ਬੈਠੇ ਕੈਨੇਡੀਅਨ ਸਾਹਿਬ ਦੀ ਸੋਚ ਨੂੰ ਸਮਰਪਤ ਪੰਜਾਬੀਆਂ ਅਤੇ ਸਨੇਹੀਆਂ ਵੱਲੋਂ ਪਿੰਡ ਦੇ ਸਰਪੰਚ ਮਨਜੀਤ ਸਿੰਘ ਲਾਲੀ ਦੀ ਅਗਵਾਈ ਹੇਠ ਉਨ੍ਹਾ ਦੇ ਜੱਦੀ ਪਿੰਡ ਲੰਗੇਰੀ ਅੰਦਰ ਅੱਠ ਏਕੜ ਭੂਮੀ ਉੱਤੇ ਇੱਕ ਸ਼ਾਨਦਾਰ ਅਮਰ ਸ਼ਹੀਦ ਦਰਸ਼ਨ ਸਿੰਘ ਕੈਨੇਡੀਅਨ ਯਾਦਗਾਰੀ ਸਟੇਡੀਅਮ ਅਤੇ ਸਪੋਰਟਸ ਕੰਪਲੈਕਸ ਦੀ ਸਥਾਪਨਾ ਕੀਤੀ ਗਈ, ਜੋ ਅੱਜ ਵੀ ਨੌਜਵਾਨਾਂ ਨੂੰ ਖੇਡਾਂ ਅਤੇ ਚੰਗੀ ਸੋਚ ਨਾਲ ਜੋੜਨ ਦਾ ਜ਼ਿੰਮਾ ਸਾਂਭੀ ਬੈਠਾ ਹੈ । ਉਨ੍ਹਾ ਦੇ ਸਤਿਕਾਰ ਵਿੱਚ ਕੈਨੇਡਾ ਦੇ ਇਤਿਹਾਸ ਅਤੇ ਮਜ਼ਦੂਰ ਲਹਿਰ ਵਿੱਚ ਉਨ੍ਹਾ ਦੇ ਬਹੁਮੁੱਲੇ ਯੋਗਦਾਨ ਨੂੰ ਦੇਖਦੇ ਹੋਏ ਸਾਲ 2023 ਵਿੱਚ ਕੈਨੇਡਾ ਅੰਦਰ ਸਥਾਨਕ ਲੋਕਾਂ, ਪ੍ਰਸ਼ਾਸਨ ਅਤੇ ਪੰਜਾਬੀ ਭਾਈਚਾਰੇ ਦੁਆਰਾ ਕੈਨੇਡਾ ਦੇ ਇੱਕ ਸ਼ਹਿਰ ਵਾਟਰ ਰਿਵਰ ਵਿੱਚ ਇੱਕ ਵਿਸ਼ੇਸ਼ ਯਾਦਗਾਰੀ ਤਖ਼ਤੀ ਸਥਾਪਤ ਕੀਤੀ ਗਈ, ਜੋ ਅੰਤਰਰਾਸ਼ਟਰੀ ਪੱਧਰ 'ਤੇ ਉਨ੍ਹਾਂ ਦੀ ਦੇਣ ਨੂੰ ਪ੍ਰਵਾਨਗੀ ਦਿੰਦੀ ਹੈ।ਉਸ ਸਮੇਂ ਦੇ ਹਾਲਾਤ ਦੇ ਮੱਦੇਨਜ਼ਰ ਉਹਨਾਂ ਵੱਲੋਂ ਲੋਕਾਂ ਨੂੰ ਦਰਪੇਸ਼ ਮਸਲਿਆਂ ਅਤੇ ਹਾਲਾਤ ਨੂੰ ਸਮਝਣ ਲਈ ਦੋ ਬੇਸ਼ਕੀਮਤੀ ਪੁਸਤਕਾਂ 'ਸੀ. ਆਈ. ਏ. ਦਾ ਖੰਜਰ' ਅਤੇ 'ਰਾਈਸ ਆਫ ਨਿਊ ਏਸ਼ੀਆ' ਨਾਮੀ ਪੁਸਤਕਾਂ ਲਿਖੀਆਂ।

ਅੱਜ ਜਦੋਂ ਸਮਾਜ ਅੰਦਰ ਆਰਥਿਕ ਨਾਬਰਾਬਰੀ, ਊਚ-ਨੀਚ ਦਾ ਪਾੜਾ, ਵਪਾਰੀਕਰਨ ਅਤੇ ਫ਼ਿਰਕੂ ਤਣਾਅ ਵਧ ਰਿਹਾ ਹੈ, ਤਾਂ ਸਮੂਹ ਇਨਸਾਫ਼ਪਸੰਦ ਲੋਕਾਂ, ਬੁੱਧੀਜੀਵੀਆਂ ਅਤੇ ਖ਼ਾਸ ਕਰਕੇ ਨੌਜਵਾਨ ਵਰਗ ਨੂੰ ਇਕੱਠੇ ਹੋਣ ਦੀ ਅਣਸਰਦੀ ਲੋੜ ਹੈ ।

# ਸੰਪਰਕ : 9194632-60181

# ਜਗਨ ਨਾਥ ਸਰਕਾਰ : ਬਿਹਾਰ 'ਚ ਕਮਿਊਨਿਸਟ ਲਹਿਰ ਦੇ ਨਿਰਮਾਤਾ

ਮੂਲ : ਅਨਿਲ ਰਾਜਿਮਵਾਲੇ
ਅਨੁਵਾਦ : ਐੱਮ ਐੱਸ ਭਾਟੀਆ

ਜਗਨ ਨਾਥ ਸਰਕਾਰ ਦਾ ਜਨਮ 25 ਸਤੰਬਰ 1919 ਨੂੰ ਉੜੀਸਾ ਦੇ ਪੁਰੀ ਵਿੱਚ ਹੋਇਆ । ਉਨ੍ਹਾ ਦੇ ਪਿਤਾ ਡਾ.ਅਖਿਲ ਨਾਥ (ਏ ਐੱਨ ) ਸਰਕਾਰ ਬਿਹਾਰ ਦੇ ਪ੍ਰਸਿੱਧ ਡਾਕਟਰ ਸਨ ਅਤੇ ਬਿਹਾਰ-ਉੜੀਸਾ ਸੂਬੇ ਵਿੱਚ ਅਸਿਸਟੈਂਟ ਸਰਜਨ ਦੇ ਅਹੁਦੇ 'ਤੇ ਸਨ । ਉਨ੍ਹਾ ਦੀ ਮਾਤਾ ਦਾ ਨਾਂਅ ਬਿਨਾਪਾਣੀ ਸੀ । ਕਿਹਾ ਜਾਂਦਾ ਹੈ ਕਿ ਜਦੋਂ ਜਗਨ ਨਾਥ ਸਰਕਾਰ ਆਪਣੀ ਮਾਂ ਦੀ ਕੁੱਖ ਵਿੱਚ ਸਨ, ਉਸ ਸਮੇਂ ਉਨ੍ਹਾ ਦੀ ਮਾਤਾ ਨੇ ਪੁਰੀ ਦੇ ਜਗਨ ਨਾਥ ਮੰਦਰ ਦੀ ਰਥ-ਯਾਤਰਾ ਦੌਰਾਨ ਰੱਥ ਦੀ ਰੱਸੀ ਖਿੱਚਣ ਦੀ ਪਵਿੱਤਰ ਸੇਵਾ ਵਿੱਚ ਹਿੱਸਾ ਲਿਆ ਸੀ । ਇਸੇ ਕਾਰਨ ਉਨ੍ਹਾ ਦਾ ਨਾਂਅ 'ਜਗਨ ਨਾਥ' ਰੱਖਿਆ ਗਿਆ । ਪ੍ਰਸਿੱਧ ਇਤਿਹਾਸਕਾਰ ਸਰ ਜਾਦੂਨਾਥ ਸਰਕਾਰ ਉਨ੍ਹਾ ਦੇ ਚਾਚਾ ਸਨ ।

ਪਟਨਾ ਮੈਡੀਕਲ ਕਾਲਜ ਅਤੇ ਹਸਪਤਾਲ ਦੀ ਸ਼ੁਰੂਆਤ 'ਟੈਂਪਲ ਮੈਡੀਕਲ ਸਕੂਲ' ਵਜੋਂ ਹੋਈ ਸੀ। 1925 ਵਿੱਚ ਇਸ ਦਾ ਨਾਂਅ ਬਦਲ ਕੇ 'ਪ੍ਰਿੰਸ ਆਫ਼ ਵੇਲਜ਼ ਮੈਡੀਕਲ ਕਾਲਜ' ਰੱਖਿਆ ਗਿਆ। ਡਾ. ਏ ਐੱਨ ਸਰਕਾਰ 1924 ਵਿੱਚ ਪਟਨਾ ਆ ਗਏ ਅਤੇ ਜਾਦੂਨਾਥ ਸਰਕਾਰ ਦੇ ਘਰ ਰਹਿਣ ਲੱਗੇ।

ਜਗਨ ਨਾਥ ਸਰਕਾਰ ਨੇ ਪਟਨਾ ਦੇ ਪ੍ਰਸਿੱਧ ਰਾਮ ਮੋਹਨ ਰਾਏ ਸੈਮੀਨਰੀ ਸਕੂਲ ਵਿੱਚ ਪੜ੍ਹਾਈ ਕੀਤੀ ਅਤੇ 1935 ਵਿੱਚ ਮੈਟ੍ਰਿਕ ਦੀ ਪ੍ਰੀਖਿਆ ਤੋਂ ਲੈ ਕੇ ਉਹ ਲਗਾਤਾਰ ਆਪਣੀ ਜਮਾਤ ਵਿੱਚ ਪਹਿਲੇ ਸਥਾਨ 'ਤੇ ਰਹੇ। ਇਸ ਤੋਂ ਬਾਅਦ ਉਨ੍ਹਾ ਪਟਨਾ ਸਾਇੰਸ ਕਾਲਜ ਵਿੱਚ ਆਈ ਐੱਸ ਸੀ ਵਿੱਚ ਦਾਖਲਾ ਲਿਆ। ਉੱਥੇ ਉਹ 'ਰੋਲ ਨੰਬਰ 13' ਦੇ ਨਾਂਅ ਨਾਲ ਮਸ਼ਹੂਰ ਹੋ ਗਏ । ਫਿਰ ਉਨ੍ਹਾ ਪਟਨਾ ਕਾਲਜ ਵਿੱਚ ਪੜ੍ਹਾਈ ਕੀਤੀ, ਜਿੱਥੇ ਉਨ੍ਹਾ ਦੇ ਚਾਚਾ ਵੀ ਪੜ੍ਹਾਉਂਦੇ ਸਨ। ਉਨ੍ਹਾ ਨੇ 1937 ਵਿੱਚ ਬੀ ਏ ਪਾਸ ਕੀਤਾ।

ਉਸ ਸਮੇਂ ਉੱਥੇ ਭਵਿੱਖ ਦੇ ਆਗੂ ਸੁਨੀਲ ਮੁਖਰਜੀ, ਅਲੀ ਅਸ਼ਰਫ਼ ਅਤੇ ਹੋਰ ਕਈ ਵਿਦਿਆਰਥੀ ਵੀ ਪੜ੍ਹ ਰਹੇ ਸਨ। ਚੰਦਰ ਸ਼ੇਖਰ ਸਿੰਘ ਨਾਲ ਵੀ ਉਨ੍ਹਾ ਦਾ ਸੰਪਰਕ ਹੋਇਆ। ਛੇਤੀ ਹੀ ਜਗਨ ਨਾਥ ਦਾ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਅਤੇ ਕਮਿਊਨਿਸਟ ਪਾਰਟੀ ਦੇ ਸੰਪਰਕ ਵਿੱਚ ਆ ਗਏ। ਉਨ੍ਹਾਂ ਦਿਨਾਂ ਪਟਨਾ ਅਤੇ ਪੂਰੇ ਬਿਹਾਰ ਵਿੱਚ ਏ ਆਈ ਐਸ ਐਫ ਤੇਜ਼ੀ ਨਾਲ ਉੱਭਰ ਰਹੀ ਸੀ ।

### ਕਮਿਊਨਿਸਟ ਪਾਰਟੀ ਵਿੱਚ ਸ਼ਾਮਲ ਹੋਣਾ

ਸੀ ਪੀ ਆਈ ਵੱਲੋਂ ਪੀ ਸੀ ਜੋਸ਼ੀ ਅਤੇ ਕਾਂਗਰਸ ਸੋਸ਼ਲਿਸਟ ਪਾਰਟੀ ਵੱਲੋਂ ਜੈਪ੍ਰਕਾਸ਼ ਨਾਰਾਇਣ ਵਿਚਕਾਰ ਇਹ ਸਮਝੌਤਾ ਹੋਇਆ ਸੀ ਕਿ ਬਿਹਾਰ ਵਿੱਚ ਵੱਖਰੀ ਕਮਿਊਨਿਸਟ ਪਾਰਟੀ ਨਹੀਂ ਬਣਾਈ ਜਾਵੇਗੀ, ਕਿਉਂਕਿ ਕਮਿਊਨਿਸਟ ਅਤੇ ਸੋਸ਼ਲਿਸਟ ਮਿਲ ਕੇ ਚੰਗਾ ਕੰਮ ਕਰ ਰਹੇ ਸਨ, ਪਰ ਜਲਦੀ ਹੀ ਮਤਭੇਦ ਪੈਦਾ ਹੋ ਗਏ, ਖ਼ਾਸ ਕਰਕੇ ਦੂਜੀ ਵਿਸ਼ਵ ਜੰਗ ਦੇ ਸੁਭਾਅ ਅਤੇ ਅਪਣਾਈ ਜਾਣ ਵਾਲੀ ਰਣਨੀਤੀ ਨੂੰ ਲੈ ਕੇ। ਇਸ ਦੇ ਨਤੀਜੇ ਵਜੋਂ 1939 ਵਿੱਚ ਮੁੰਗੇਰ ਵਿੱਚ ਕਮਿਊਨਿਸਟਾਂ ਨੇ ਮੀਟਿੰਗ ਕਰਕੇ ਬਿਹਾਰ ਵਿੱਚ ਸੀ ਪੀ ਆਈ ਦੀ ਇਕਾਈ ਕਾਇਮ ਕੀਤੀ ਅਤੇ ਇੱਕ ਕਮੇਟੀ ਬਣਾਈ । ਉਸ ਸਮੇਂ ਜਗਨ ਨਾਥ ਦਾ ਅਜੇ ਪਾਰਟੀ ਵਿੱਚ ਸ਼ਾਮਲ ਨਹੀਂ ਹੋਏ ਸਨ । ਉਨ੍ਹਾ ਨੂੰ ਪਾਰਟੀ ਵਿੱਚ ਸ਼ਾਮਲ ਹੋਣ ਲਈ ਕਿਹਾ ਗਿਆ ਤਾਂ ਉਨ੍ਹਾ ਨੇ ਕਿਹਾ ਕਿ ਉਹ ਐੱਮ ਏ ਦੀ ਪ੍ਰੀਖਿਆ ਦੇਣ ਤੋਂ ਬਾਅਦ ਪਾਰਟੀ ਵਿੱਚ ਸ਼ਾਮਲ ਹੋਣਗੇ, ਪਰ ਛੇਤੀ ਹੀ ਉਨ੍ਹਾ ਨੇ ਐੱਮ.ਏ. ਪੂਰੀ ਕੀਤੇ ਬਿਨਾਂ ਹੀ 1940 ਵਿੱਚ ਪਾਰਟੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕਰ ਲਿਆ।

ਉਸ ਸਮੇਂ ਪਾਰਟੀ ਗੁਪਤ ਤੌਰ 'ਤੇ ਕੰਮ ਕਰ ਰਹੀ ਸੀ। ਜਗਨ ਨਾਥ ਦਾ ਨੂੰ ਪਾਰਟੀ ਦੇ ਗੁਪਤ 'ਟੈਕ' ਪ੍ਰਬੰਧ ਦੀ ਜ਼ਿੰਮੇਵਾਰੀ ਦਿੱਤੀ ਗਈ। ਉਹ ਪਾਰਟੀ ਦੇ ਗੁਪਤ ਪਤੇ ਵਜੋਂ ਕੰਮ ਕਰਦੇ ਸਨ। ਬੰਬਈ ਸਥਿਤ ਪਾਰਟੀ ਹੈੱਡਕੁਆਰਟਰ ਤੋਂ ਆਉਣ-ਜਾਣ ਵਾਲੀਆਂ ਚਿੱਠੀਆਂ ਅਤੇ ਸੁਨੇਹੇ ਉਨ੍ਹਾਂ ਰਾਹੀਂ ਭੇਜੇ ਜਾਂਦੇ ਸਨ। ਸੁਨੇਹੇ ਪਹੁੰਚਾਉਣ ਵਾਲੇ 'ਕੂਰੀਅਰਾਂ' ਵਿੱਚ ਬੇਗੂਸਰਾਏ ਦੇ ਦੇਵਕੀ ਨੰਦਨ ਸਿੰਘ, ਹਿਲਸਾ ਦੇ ਫੁਲਵੰਤ ਪ੍ਰਸਾਦ ਅਤੇ ਮੁੰਗੇਰ ਦੇ ਹਰੀ ਸਿੰਘ ਸ਼ਾਮਲ ਸਨ।

26 ਜਨਵਰੀ 1940 ਨੂੰ ਛਪਰਾ, ਮੁੰਗੇਰ, ਦਰਭੰਗਾ, ਭਾਗਲਪੁਰ, ਪਟਨਾ ਆਦਿ ਵਿੱਚ ਵਿਦਿਆਰਥੀਆਂ ਦੀ ਵੱਡੀ ਹੜਤਾਲ ਹੋਈ। ਡਾਲਮੀਆ ਨਗਰ ਦੇ ਮਜ਼ਦੂਰ ਵੀ ਹੜਤਾਲ 'ਤੇ ਚਲੇ ਗਏ। ਤਜਰਬੇ ਦੀ ਘਾਟ ਕਾਰਨ ਕਈ ਸਾਥੀ ਗ੍ਰਿਫ਼ਤਾਰ ਹੋ ਗਏ, ਜਿਨ੍ਹਾਂ ਵਿੱਚ ਸੁਨੀਲ ਮੁਖਰਜੀ, ਰਾਹੁਲ ਸਾਂਕ੍ਰਿਤਿਆਇਨ, ਵਿਸ਼ਵਨਾਥ ਮਾਥੁਰ, ਬੀ.ਬੀ. ਮੁਖਰਜੀ ਅਤੇ ਰਤਨ ਰਾਏ ਆਦਿ ਸ਼ਾਮਲ ਸਨ। ਇਸ ਕਾਰਨ ਨਵੀਆਂ ਪ੍ਰੋਵਿੰਸ਼ੀਅਲ ਕਮੇਟੀਆਂ ਵਾਰ-ਵਾਰ ਬਣਾਉਣੀਆਂ ਪਈਆਂ।

1940 ਵਿੱਚ ਪੀ.ਸੀ. ਜੋਸ਼ੀ ਨੇ ਇੱਕ ਕੂਰੀਅਰ ਰਾਹੀਂ ਜਗਨ ਨਾਥ ਨੂੰ ਪਾਰਟੀ ਮੈਂਬਰਾਂ ਦੀ ਸੂਚੀ ਭੇਜਣ ਲਈ ਕਿਹਾ। ਇੱਕ ਹੋਰ ਕੂਰੀਅਰ ਰਾਹੀਂ ਜੋਸ਼ੀ ਨੇ ਉਨ੍ਹਾ ਨੂੰ ਤੁਰੰਤ ਕਲਕੱਤਾ ਆ ਕੇ ਸਿਖਲਾਈ ਲੈਣ ਲਈ ਕਿਹਾ। ਜਗਨ ਨਾਥ ਦਾ ਨੇ ਐੱਮ ਏ ਦੀ ਪ੍ਰੀਖਿਆ ਨਹੀਂ ਦਿੱਤੀ ਅਤੇ ਬਾਅਦ ਵਿੱਚ ਵੀ ਕਦੇ ਨਹੀਂ ਦਿੱਤੀ। ਉਹ ਚੁੱਪਚਾਪ ਘਰ ਤੋਂ ਨਿਕਲ ਕੇ ਕਲਕੱਤਾ ਚਲੇ ਗਏ।

### 1941 ਵਿੱਚ ਪ੍ਰੋਵਿੰਸ਼ੀਅਲ ਪਾਰਟੀ ਸਕੱਤਰ

ਲਾਹਿੜੀ ਨੇ ਬਿਹਾਰ ਦੀ ਨਵੀਂ ਪ੍ਰੋਵਿੰਸ਼ੀਅਲ ਕਮੇਟੀ ਬਣਾਈ, ਜਿਸ ਵਿੱਚ ਮੰਜ਼ਰ ਰਿਜ਼ਵੀ, ਸ਼ਿਆਮਲ ਕਿਸ਼ੋਰ ਝਾਅ, ਯੋਗਿੰਦਰ ਸ਼ਰਮਾ ਅਤੇ ਜਗਨ ਨਾਥ ਦਾ ਸ਼ਾਮਲ ਸਨ।ਸਿਰਫ਼ 22 ਸਾਲ ਦੀ ਉਮਰ ਵਿੱਚ ਪਾਰਟੀ ਵਿੱਚ ਸ਼ਾਮਲ ਹੋਏ ਥੋੜ੍ਹਾ ਹੀ ਸਮਾਂ ਹੋਇਆ ਸੀ ਅਤੇ ਪੋਸਟ-ਗ੍ਰੈਜੂਏਸ਼ਨ ਦੀ ਪੜ੍ਹਾਈ ਅਧੂਰੀ ਛੱਡੀ ਸੀ, ਫਿਰ ਵੀ ਜਗਨ ਨਾਥ ਸਰਕਾਰ ਨੂੰ 1941 ਵਿੱਚ ਮੁਸ਼ਕਲ ਦੌਰ ਦੌਰਾਨ ਬਿਹਾਰ ਪ੍ਰੋਵਿੰਸ਼ੀਅਲ ਕਮੇਟੀ ਦਾ ਸਕੱਤਰ ਚੁਣਿਆ ਗਿਆ।

1946 ਵਿੱਚ ਐੱਸ ਜੀ ਸਰਦੇਸਾਈ ਨੇ ਪਾਰਟੀ ਦੀ ਕੇਂਦਰੀ ਕਮੇਟੀ ਵੱਲੋਂ ਜਾਰੀ 'ਮਾਰ ਭਗਾਓ'—ਅਰਥਾਤ ਅੰਗਰੇਜ਼ਾਂ ਨੂੰ ਦੇਸ਼ ਵਿੱਚੋਂ ਕੱਢਣ ਦੇ ਮਤੇ ਬਾਰੇ ਪਾਰਟੀ ਮੈਂਬਰਾਂ ਨੂੰ ਜਾਣੂ ਕਰਵਾਇਆ। ਇਸ ਦਾ ਜਗਨ ਨਾਥ 'ਤੇ ਡੂੰਘਾ ਪ੍ਰਭਾਵ ਪਿਆ।

### ਬੀ ਟੀ ਆਰ ਦੌਰ ਵਿੱਚ ਜਗਨ ਨਾਥ ਦਾ

ਸੀ ਪੀ ਆਈ ਨੇ 15 ਅਗਸਤ 1947 ਨੂੰ ਭਾਰਤ ਦੀ ਆਜ਼ਾਦੀ ਦਾ ਸਵਾਗਤ ਕੀਤਾ । ਪੀ ਸੀ ਜੋਸ਼ੀ ਨੇ ਆਜ਼ਾਦੀ ਦੇ ਸਮਰਥਨ ਵਿੱਚ ਵੱਡੀਆਂ ਰੈਲੀਆਂ, ਜਲੂਸ ਅਤੇ ਮੀਟਿੰਗਾਂ ਕਰਵਾਈਆਂ।ਪਰ 1947 ਦੇ ਅੰਤ ਅਤੇ 1948 ਦੀ ਸ਼ੁਰੂਆਤ ਵਿੱਚ ਸੀ ਪੀ ਆਈ ਵਿੱਚ ਬੀ ਟੀ ਰਣਦੀਵੇ (ਬੀ ਟੀ ਆਰ) ਦੀ ਅਗਵਾਈ ਹੇਠ ਖੱਬੇ ਪੱਖੀ ਸੰਕੀਰਨ ਅਤੇ ਸਾਹਸਵਾਦੀ ਰਾਹ ਹਾਵੀ ਹੋ ਗਿਆ। ਉਨ੍ਹਾਂ ਨੇ ਪੀ ਸੀ ਜੋਸ਼ੀ ਦੀ ਥਾਂ ਪਾਰਟੀ ਦੇ ਜਨਰਲ ਸਕੱਤਰ ਦਾ ਅਹੁਦਾ ਸੰਭਾਲਿਆ।

'ਇਹ ਆਜ਼ਾਦੀ ਝੂਠ ਹੈ' ਦੇ ਨਾਅਰੇ ਹੇਠ ਪਾਰਟੀ ਨੇ ਹਥਿਆਰਬੰਦ ਸਮਾਜਵਾਦੀ ਇਨਕਲਾਬ ਦਾ ਸੱਦਾ ਦਿੱਤਾ। ਇਸ ਨਾਲ ਪਾਰਟੀ ਪੂਰੀ ਤਰ੍ਹਾਂ ਲੋਕਾਂ ਤੋਂ ਅਲੱਗ-ਥਲੱਗ ਹੋ ਗਈ ਅਤੇ ਬੁਰੀ ਤਰ੍ਹਾਂ ਟੁੱਟ ਗਈ। ਸਿਰਫ਼ ਤਿੰਨ ਸਾਲਾਂ ਵਿੱਚ ਪਾਰਟੀ ਦੀ ਮੈਂਬਰਸ਼ਿਪ 90 ਹਜ਼ਾਰ ਤੋਂ ਘਟ ਕੇ ਕੇਵਲ 9 ਹਜ਼ਾਰ ਰਹਿ ਗਈ।

ਬਿਹਾਰ ਦੇ ਜਗਨ ਨਾਥ ਅਤੇ ਕੁਝ ਹੋਰ ਸਾਥੀਆਂ ਨੂੰ ਤੁਰੰਤ ਵਿਚਾਰ-ਵਟਾਂਦਰੇ ਲਈ ਕਲਕੱਤਾ ਬੁਲਾਇਆ ਗਿਆ। ਉਸ ਸਮੇਂ ਪਾਰਟੀ ਦਾ ਮੁੱਖ ਦਫ਼ਤਰ ਬੰਬਈ ਤੋਂ ਕਲਕੱਤਾ ਤਬਦੀਲ ਹੋ ਗਿਆ ਸੀ।

**ਅੰਤ ਵਿੱਚ ਉਨ੍ਹਾਂ ਨੇ ਕਿਹਾ** : ਰੇਲਵੇ ਹੜਤਾਲ ਦੀ ਸ਼ੁਰੂਆਤ ਭਾਰਤ ਵਿੱਚ ਸਮਾਜਵਾਦੀ ਇਨਕਲਾਬ ਦੀ ਸ਼ੁਰੂਆਤ ਹੋਵੇਗੀ। ਇਸ ਤੋਂ ਬਾਅਦ ਉਨ੍ਹਾਂ ਤਿੰਨਾਂ ਨੂੰ ਤੁਰੰਤ ਵਾਪਸ ਜਾਣ ਲਈ ਕਿਹਾ ਗਿਆ, ਪਰ ਰੇਲਵੇ ਹੜਤਾਲ ਪੂਰੀ ਤਰ੍ਹਾਂ ਅਸਫਲ ਰਹੀ । ਸਾਰੀਆਂ ਰੇਲ ਗੱਡੀਆਂ ਪਹਿਲਾਂ ਵਾਂਗ ਚੱਲਦੀਆਂ ਰਹੀਆਂ । ਜਗਨ ਨਾਥ ਦਾ ਅਤੇ ਹੋਰ ਸਾਥੀ ਰੇਲਵੇ ਲਾਈਨਾਂ ਵੱਲ ਦੇਖਦੇ ਰਹੇ ਅਤੇ ਕਥਿਤ 'ਸਮਾਜਵਾਦੀ ਇਨਕਲਾਬ' ਦੀਆਂ ਉਮੀਦਾਂ ਚਕਨਾਚੂਰ ਹੋ ਗਈਆਂ। ਮਜ਼ਦੂਰ ਵਰਗ ਨੇ ਉਨ੍ਹਾਂ ਦੇ ਸੱਦੇ ਨੂੰ ਕੋਈ ਹੁੰਗਾਰਾ ਨਹੀਂ ਦਿੱਤਾ।

ਬੀ ਟੀ ਰਣਦੀਵੇ ਬਹੁਤ ਗੁੱਸੇ ਵਿੱਚ ਆ ਗਏ ਅਤੇ ਉਨ੍ਹਾਂ ਹੜਤਾਲ ਦੀ ਅਸਫਲਤਾ ਲਈ ਜ਼ਿੰਮੇਵਾਰ ਲੋਕਾਂ ਦੀ ਭਾਲ ਕਰਨ ਦੇ ਹੁਕਮ ਦਿੱਤੇ। ਜਗਨ ਨਾਥ ਅਤੇ ਹੋਰਾਂ ਨੇ ਜੋ ਰਿਪੋਰਟਾਂ ਸੰਭਵ ਸਨ, ਉਹ ਭੇਜੀਆਂ।

ਇਸ ਦੌਰਾਨ ਉਹ ਮੁਜ਼ੱਫਰਪੁਰ ਗਏ ਅਤੇ ਉਨ੍ਹਾ ਨੂੰ ਵਿਦਿਆਰਥੀ ਕ੍ਰਿਸ਼ਨ ਕੁਮਾਰ ਖੰਨਾ ਦਾ ਗੁਪਤ ਟਿਕਾਣਾ ਮਿਲਿਆ, ਜਿਸ ਨੂੰ ਪੁਲਿਸ ਨੇ ਘੇਰਿਆ ਹੋਇਆ ਸੀ। ਚੰਦਰ ਸ਼ੇਖਰ ਸਿੰਘ ਪਹਿਲਾਂ ਹੀ ਗ੍ਰਿਫ਼ਤਾਰ ਹੋ ਚੁੱਕੇ ਸਨ। ਜਗਨ ਨਾਥ ਦਾ ਮੱਕੀ ਦੇ ਖੇਤ ਵਿੱਚ ਇਸ ਤਰ੍ਹਾਂ ਲੁਕ ਗਏ ਜਿਵੇਂ ਪਖਾਨੇ ਲਈ ਗਏ ਹੋਣ, ਪਰ ਉਹ ਫੜੇ ਗਏ ਅਤੇ ਗ੍ਰਿਫ਼ਤਾਰ ਕਰ ਲਏ ਗਏ।

ਉਨ੍ਹਾ ਨੂੰ ਕਲਕੱਤਾ ਅਤੇ ਰਾਂਚੀ ਦੀਆਂ ਜੇਲ੍ਹਾਂ ਵਿੱਚ ਰੱਖਿਆ ਗਿਆ । ਜੇਲ੍ਹ ਵਿੱਚ ਉਹ ਰਾਜਨੀਤਕ ਕਲਾਸਾਂ ਲਗਾਉਂਦੇ ਸਨ । ਉਹ ਬਹੁਤ ਸੰਤੁਲਿਤ ਅਤੇ ਸੰਜੀਦਾ ਬੁਲਾਰੇ ਸਨ ਅਤੇ ਉਨ੍ਹਾ ਦੇ ਸਮਝਾਉਣ ਵਾਲੇ ਲੈਕਚਰ ਕੈਦੀਆਂ ਨੂੰ ਬਹੁਤ ਪਸੰਦ ਆਉਂਦੇ ਸਨ।

ਉਸ ਸਮੇਂ ਬਿਨੋਦ ਮੁਖਰਜੀ ਬਿਹਾਰ ਪਾਰਟੀ ਦੇ ਸਕੱਤਰ ਸਨ। ਉਨ੍ਹਾ ਹੁਕਮ ਦਿੱਤਾ ਕਿ ਜਗਨ ਨਾਥ ਸਰਕਾਰ ਅਤੇ ਹੋਰ ਸਾਥੀ ਜੇਲ੍ਹ ਵਿੱਚੋਂ ਫਰਾਰ ਹੋ ਜਾਣ ਅਤੇ ਇਸ ਦੀ ਯੋਜਨਾ ਬਣਾਉਣ ਲਈ ਕਿਹਾ। ਜਗਨ ਨਾਥ ਦਾ ਇਸ ਨਾਲ ਸਹਿਮਤ ਨਹੀਂ ਸਨ, ਪਰ ਪਾਰਟੀ ਦੇ ਫੈਸਲੇ ਨੂੰ ਮੰਨਣਾ ਪਿਆ।

ਯੋਜਨਾ ਪੂਰੀ ਕਰ ਲਈ ਗਈ—ਪੌੜੀ, ਰੱਸੀਆਂ, ਪੁਲਸ ਮੁਲਾਜ਼ਮਾਂ ਨੂੰ ਬੇਹੋਸ਼ ਕਰਨ ਲਈ ਦਵਾਈਆਂ ਅਤੇ ਖਿੜਕੀ ਦੀਆਂ ਸਲਾਖਾਂ ਕੱਟਣ ਲਈ ਔਜ਼ਾਰ ਤੱਕ ਤਿਆਰ ਕਰ ਲਏ ਗਏ, ਪਰ ਆਖ਼ਰਕਾਰ ਇਹ ਯੋਜਨਾ ਛੱਡਣੀ ਪਈ।

**1952-1956 ਦਾ ਦੌਰ** : 1952 ਵਿੱਚ ਜਗਨ ਨਾਥ ਸਰਕਾਰ ਨੂੰ ਦੁਬਾਰਾ ਪਾਰਟੀ ਦਾ ਸਕੱਤਰ ਬਣਾਇਆ ਗਿਆ ਅਤੇ ਉਹ 1956 ਤੱਕ ਇਸ ਅਹੁਦੇ 'ਤੇ ਰਹੇ।

ਉਨ੍ਹਾ ਦੀ ਅਗਵਾਈ ਹੇਠ ਪਾਰਟੀ ਤੇਜ਼ੀ ਨਾਲ ਵਧੀ ਅਤੇ ਮਜ਼ਬੂਤ ਹੋਈ। ਕਈ ਵੱਡੇ ਜਨ-ਅੰਦੋਲਨ ਖੜ੍ਹੇ ਕੀਤੇ ਗਏ।

1955 ਵਿੱਚ ਪਟਨਾ ਦੇ ਬੀ ਐੱਨ ਕਾਲਜ ਵਿੱਚ ਪੁਲਸ ਨੇ ਗੋਲੀਬਾਰੀ ਕੀਤੀ, ਜਿਸ ਵਿੱਚ ਦੀਨਾ ਨਾਥ ਪਾਂਡੇ ਦੀ ਮੌਤ ਹੋ ਗਈ। ਪਾਰਟੀ ਨੇ ਇਸ ਦੇ ਵਿਰੋਧ ਵਿੱਚ ਵੱਡਾ ਸੂਬਾ ਪੱਧਰੀ ਜਨ-ਅੰਦੋਲਨ ਸ਼ੁਰੂ ਕੀਤਾ ਅਤੇ ਇਸ ਮਕਸਦ ਲਈ ਆਲ ਪਾਰਟੀਜ਼ ਕੋਆਰਡੀਨੇਸ਼ਨ ਕਮੇਟੀ ਬਣਾਉਣ ਵਿੱਚ ਅਗਵਾਈ ਕੀਤੀ।

ਜਗਨ ਨਾਥ ਨੇ ਏ ਆਈ ਆਈ ਐੱਸ ਅਤੇ ਏ ਆਈ ਵਾਈ ਐਫ ਵੱਲੋਂ ਲਗਾਏ ਜਾਂਦੇ ਰਾਜਨੀਤਕ ਸਕੂਲਾਂ ਵਿੱਚ ਕਈ ਲੈਕਚਰ ਵੀ ਦਿੱਤੇ।

ਜੇ.ਪੀ. ਅੰਦੋਲਨ ਅਤੇ 'ਸੰਪੂਰਨ ਕ੍ਰਾਂਤੀ': 1974-75 ਦਾ ਜੇ.ਪੀ. ਅੰਦੋਲਨ ਅਤੇ ਉਸ ਦਾ 'ਸੰਪੂਰਨ ਕ੍ਰਾਂਤੀ' ਦਾ ਨਾਅਰਾ ਸੀ ਪੀ ਆਈ ਲਈ ਵੱਡੀ ਚੁਣੌਤੀ ਸੀ। ਬਿਹਾਰ ਵਿੱਚ ਜਗਨ ਨਾਥ ਸਰਕਾਰ ਦੀ ਅਗਵਾਈ ਹੇਠ ਸੀ ਪੀ ਆਈ ਨੇ ਜੇ.ਪੀ. ਅੰਦੋਲਨ ਦਾ ਸਿਆਸੀ ਮੁਕਾਬਲਾ ਕੀਤਾ ਅਤੇ ਇਸ ਨੂੰ ਪਿੱਛੇ ਧੱਕਣ ਵਿੱਚ ਭੂਮਿਕਾ ਨਿਭਾਈ।

'ਦਲ-ਰਹਿਤ ਲੋਕਤੰਤਰ ਅੰਦੋਲਨ' ਦੀ ਅਗਵਾਈ ਇੱਕ ਤਾਲਮੇਲ ਕਮੇਟੀ ਕਰ ਰਹੀ ਸੀ, ਜਿਸ ਦੇ ਮੁਖੀ ਆਰ ਐੱਸ ਐੱਸ. ਆਗੂ ਨਾਨਾਜੀ ਦੇਸ਼ਮੁਖ ਸਨ। ਬਿਹਾਰ ਵਿੱਚ ਸੱਜੇ ਪੱਖੀ ਪ੍ਰਤੀਕਿਰਿਆਵਾਦੀ ਰੁਝਾਨ ਨੂੰ ਰੋਕਣ ਵਿੱਚ ਸੀ ਪੀ ਆਈ ਨੇ ਮਹੱਤਵਪੂਰਨ ਭੂਮਿਕਾ ਨਿਭਾਈ।

ਇਹ ਜਗਨ ਨਾਥ ਸਰਕਾਰ ਦੇ ਕਾਰਜਕਾਲ ਦੌਰਾਨ ਹੀ ਹੋਇਆ ਕਿ ਬਿਹਾਰ ਪਾਰਟੀ ਨੇ ਹਿੰਦੀ ਵਿੱਚ ਰੋਜ਼ਾਨਾ ਅਖ਼ਬਾਰ 'ਜਨਸ਼ਕਤੀ' ਪ੍ਰਕਾਸ਼ਤ ਕਰਨਾ ਸ਼ੁਰੂ ਕੀਤਾ । ਉਨ੍ਹਾ ਨੇ ਡੀ ਏ ਰਾਜਿਮਵਾਲੇ, ਜੋ ਇਸ ਜੀਵਨੀ ਲੇਖਕ ਦੇ ਪਿਤਾ ਸਨ, ਨੂੰ ਕਿਹਾ:

ਸਾਨੂੰ ਜਨਸ਼ਕਤੀ ਨੂੰ ਚਲਾਉਣ ਅਤੇ ਸੰਭਾਲਣ ਲਈ ਇੱਕ ਇਮਾਨਦਾਰ, ਸੱਚਾ ਅਤੇ ਮਿਹਨਤੀ ਸਾਥੀ ਚਾਹੀਦਾ ਹੈ। ਤੁਸੀਂ ਆਪਣੀ ਨੌਕਰੀ ਛੱਡੋ ਅਤੇ ਜਨਸ਼ਕਤੀ ਦੀ ਜ਼ਿੰਮੇਵਾਰੀ ਸੰਭਾਲੋ।

ਡੀ.ਏ. ਰਾਜਿਮਵਾਲੇ ਨੇ ਤੁਰੰਤ ਆਪਣੀ ਨੌਕਰੀ ਤੋਂ ਅਸਤੀਫ਼ਾ ਦੇ ਦਿੱਤਾ ਅਤੇ ਅਖ਼ਬਾਰ ਦੀ ਜ਼ਿੰਮੇਵਾਰੀ ਸੰਭਾਲ ਲਈ। ਜਲਦੀ ਹੀ ਇਹ ਅਖ਼ਬਾਰ ਬਿਹਾਰ ਦਾ ਇੱਕ ਪ੍ਰਮੁੱਖ ਰੋਜ਼ਾਨਾ ਬਣ ਗਿਆ।

ਜਗਨ ਨਾਥ ਸਰਕਾਰ ਦੇ ਕਾਰਜਕਾਲ ਦੌਰਾਨ ਵੱਡੀ ਗਿਣਤੀ ਵਿੱਚ ਵਿਦਿਆਰਥੀ, ਅਧਿਆਪਕ, ਵਕੀਲ, ਡਾਕਟਰ ਅਤੇ ਬੁੱਧੀਜੀਵੀ ਪਾਰਟੀ ਵਿੱਚ ਸ਼ਾਮਲ ਹੋਏ।

ਕੇਂਦਰੀ ਸਕੱਤਰੇਤ ਵਿੱਚ: ਬਾਅਦ ਵਿੱਚ ਜਗਨ ਨਾਥ ਸਰਕਾਰ ਨੂੰ ਸੀ ਪੀ ਆਈ ਦੇ ਕੇਂਦਰੀ ਸਕੱਤਰੇਤ ਵਿੱਚ ਸ਼ਾਮਲ ਕੀਤਾ ਗਿਆ ਅਤੇ ਉਨ੍ਹਾ ਨੂੰ ਕੇਂਦਰੀ ਪੱਧਰ 'ਤੇ ਕੰਮ ਕਰਨ ਲਈ ਨਵੀਂ ਦਿੱਲੀ ਦੇ ਅਜੋਏ ਭਵਨ ਵਿੱਚ ਆਉਣਾ ਪਿਆ।

ਉਹ ਦਿੱਲੀ ਆਉਣ ਦੇ ਇੱਛੁਕ ਨਹੀਂ ਸਨ ਅਤੇ ਨਵੀਂ ਜ਼ਿੰਮੇਵਾਰੀ ਵਿੱਚ ਕਦੇ ਵੀ ਪੂਰੀ ਤਰ੍ਹਾਂ ਸੁਖੀ ਮਹਿਸੂਸ ਨਹੀਂ ਕਰ ਸਕੇ । ਉਹ ਬਿਹਾਰ ਵਰਗੀ ਇੱਕ ਵੱਡੀ ਜਨ-ਆਧਾਰ ਵਾਲੀ ਪਾਰਟੀ ਇਕਾਈ ਵਿੱਚ ਕੰਮ ਕਰਨ ਦੇ ਜ਼ਿਆਦਾ ਆਦੀ ਸਨ। ਇੱਕ ਸਮੇਂ ਉਨ੍ਹਾ ਦਾ ਨਾਂਅ ਸੀ ਪੀ ਆਈ ਦੇ ਜਨਰਲ ਸਕੱਤਰ ਦੇ ਅਹੁਦੇ ਲਈ ਵੀ ਚਰਚਾ ਵਿੱਚ ਆਇਆ।

ਜਗਨ ਨਾਥ ਸਰਕਾਰ ਨੇ ਵੱਡੀ ਗਿਣਤੀ ਵਿੱਚ ਲੇਖ ਅਤੇ ਕਿਤਾਬਾਂ ਲਿਖੀਆਂ । ਉਹ ਬਹੁਤ ਹੀ ਪੜ੍ਹਨ ਦੇ ਸ਼ੌਕੀਨ ਅਤੇ ਗੰਭੀਰ ਅਧਿਐਨਕਾਰੀ ਸਨ । ਉਨ੍ਹਾ ਦੀ ਪਤਨੀ ਨੀਲਿਮਾ ਦੀ ਵੀ ਪਾਰਟੀ ਦੇ ਕੰਮ ਵਿੱਚ ਸਰਗਰਮ ਸਨ। ਉਹ ਬਹੁਤ ਮਿਲਣਸਾਰ ਸਨ ਅਤੇ ਜਗਨ ਨਾਥ ਸਰਕਾਰ ਦੇ ਕੰਮ ਵਿੱਚ ਪੂਰਾ ਸਹਿਯੋਗ ਦਿੰਦੇ ਸਨ ।

ਇਸ ਦੌਰਾਨ ਜਗਨ ਨਾਥ ਸਰਕਾਰ ਨੂੰ ਦਿਮਾਗ ਵਿੱਚ ਖੂਨ ਦੇ ਥੱਕੇ ਹੋਣ ਕਾਰਨ ਲੰਮੇ ਸਮੇਂ ਤੱਕ ਸਿਹਤ ਸੰਬੰਧੀ ਮੁਸ਼ਕਲਾਂ ਰਹੀਆਂ। ਇਸ ਦੇ ਬਾਵਜੂਦ ਜਿੱਥੋਂ ਤੱਕ ਸੰਭਵ ਹੋ ਸਕਿਆ, ਉਹ ਪੜ੍ਹਦੇ, ਲਿਖਦੇ ਅਤੇ ਵਿਚਾਰ-ਵਟਾਂਦਰਾ ਕਰਦੇ ਰਹੇ।

ਜਗਨ ਨਾਥ ਸਰਕਾਰ ਦਾ 8 ਅਪ੍ਰੈਲ 2011 ਨੂੰ ਪਟਨਾ ਵਿੱਚ ਦੇਹਾਂਤ ਹੋ ਗਿਆ।

### ਜਗਨ ਨਾਥ ਸਰਕਾਰ ਦੀ ਵਿਰਾਸਤ

ਜਗਨ ਨਾਥ ਸਰਕਾਰ ਦੀ ਪੂਰੀ ਜ਼ਿੰਦਗੀ ਬਿਹਾਰ ਵਿੱਚ ਕਮਿਊਨਿਸਟ ਲਹਿਰ ਨੂੰ ਸੰਗਠਿਤ ਕਰਨ, ਮਜ਼ਦੂਰਾਂ ਅਤੇ ਵਿਦਿਆਰਥੀਆਂ ਵਿੱਚ ਕੰਮ ਕਰਨ, ਪਾਰਟੀ ਨੂੰ ਮੁਸ਼ਕਲ ਦੌਰਾਂ ਵਿੱਚ ਸੰਭਾਲਣ ਅਤੇ ਰਾਜਨੀਤਕ-ਵਿਚਾਰਧਾਰਕ ਚਰਚਾ ਨੂੰ ਅੱਗੇ ਵਧਾਉਣ ਲਈ ਸਮਰਪਿਤ ਰਹੀ। ਉਹ ਆਪਣੀ ਸਾਦਗੀ, ਸੰਤੁਲਿਤ ਸੋਚ, ਅਧਿਐਨਸ਼ੀਲਤਾ ਅਤੇ ਸੰਗਠਨਾਤਮਕ ਸਮਰੱਥਾ ਕਰਕੇ ਬਿਹਾਰ ਦੀ ਕਮਿਊਨਿਸਟ ਲਹਿਰ ਦੇ ਮਹੱਤਵਪੂਰਨ ਨਿਰਮਾਤਾਵਾਂ ਵਿੱਚ ਗਿਣੇ ਜਾਂਦੇ ਹਨ।

# ਸੰਪਰਕ : 99884-91002

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਹੋਈ ਪੱਲੇਦਾਰਾਂ ਦੀ ਅਹਿਮ ਮੀਟਿੰਗ

## ਜੇਕਰ ਸਾਡੀਆਂ ਸਮੱਸਿਆਵਾਂ ਦਾ ਹੱਲ ਨਾ ਹੋਇਆ ਤਾਂ ਕਰਾਂਗੇ ਹੜਤਾਲ : ਸਹੋਤਾ



**ਜਗਰਾਉਂ (ਸੰਜੀਵ ਅਰੋੜਾ)**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਪੱਲੇਦਾਰ ਯੂਨੀਅਨ ਦੀ ਸੰਘਰਸ਼ ਕਮੇਟੀ ਦੀ ਮੀਟਿੰਗ ਹੋਈ, ਜਿਸ ਦੇ ਵਿੱਚ ਪੰਜਾਬ ਦੇ ਵਿੱਚ ਪੱਲੇਦਾਰਾਂ ਨੂੰ ਆ ਰਹੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਮੁੱਖ ਮੰਤਰੀ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ, ਜਿਸ ਦੇ ਵਿੱਚ ਰਾਹੁਲ ਤਿਵਾੜੀ ਸੈਕਟਰੀ ਫੂਡ ਤੇ ਫੂਡ ਸਪਲਾਈ ਡਿਪਾਰਟਮੈਂਟ ਦੇ ਸਾਰੇ ਅਹੁਦੇਦਾਰ ਸ਼ਾਮਲ ਹੋਏ। ਇਸ ਮੌਕੇ ਪੰਜਾਬ ਦੀ ਸੰਘਰਸ਼ ਕਮੇਟੀ ਦੇ ਅਹੁਦੇਦਾਰ, ਪੰਜਾਬ ਪ੍ਰਧਾਨ ਰਮੇਸ਼ ਕੁਮਾਰ ਮੇਸ਼ੀ ਸਹੋਤਾ ਫੂਡ ਐਂਡ ਅਲਾਈਡ ਵਰਕਰ ਯੂਨੀਅਨ ਪੰਜਾਬ, ਖ਼ੁਸ਼ੀ ਮੁਹੰਮਦ ਜਨਰਲ ਸੈਕਟਰੀ ਫੂਡ ਗਰੇਨ ਐਂਡ ਅਲਾਈਡ ਵਰਕਰ ਯੂਨੀਅਨ, ਸਿਕੰਦਰਪਾਲ ਝੁਡਲਾਣਾ ਪ੍ਰਧਾਨ ਯੂਨੀਅਨ ਪ੍ਰਦੇਸ਼ ਪੱਲੇਦਾਰ ਯੂਨੀਅਨ, ਹਰਦੇਵ ਸਿੰਘ ਗੋਲਡੀ ਪ੍ਰਧਾਨ ਗੱਲਾ ਮਜ਼ਦੂਰ ਯੂਨੀਅਨ, ਕਰਮਦੀਨ ਦਿਹਿਲ ਪ੍ਰਧਾਨ ਐੱਫਸੀਆਈ ਐਂਡ ਏਜੰਸੀ ਆਜ਼ਾਦ ਯੂਨੀਅਨ, ਕਾਮਰੇਡ ਬਖਤਾਵਰ ਸਿੰਘ ਫਾਜ਼ਿਲਕਾ ਸਵਰਨ ਸਿੰਘ ਬਿੱਟੂ ਅਬੋਹਰ ਜਨਰਲ ਸੈਕਟਰੀ ਪੰਜਾਬ ਤੋਂ ਇਲਾਵਾ ਹੋਰ ਵੀ ਵੱਖ-ਵੱਖ ਯੂਨੀਅਨ ਦੇ ਆਗੂ ਸ਼ਾਮਲ ਹੋਏ। ਮੁੱਖ ਮੰਤਰੀ ਨਾਲ ਮੁਲਾਕਾਤ ਦੌਰਾਨ ਯੂਨੀਅਨ ਆਗੂਆਂ ਨੇ ਪੰਜਾਬ ਦੇ ਪੱਲੇਦਾਰਾਂ ਦੇ ਰੇਟਾਂ ਸਬੰਧੀ ਟਾਈਮ ਟੇਬਲ ਸਬੰਧੀ ਈਪੀਐਫ ਈਐਸਆਈ ਸਬੰਧੀ ਅਤੇ ਠੇਕੇਦਾਰੀ ਖ਼ਤਮ ਕਰਕੇ ਸਿੱਧਾ ਭੁਗਤਾਨ ਕਰਨ ਵਾਲੇ ਵਰਕਰਾਂ ਨੂੰ ਦੇਣ ਸਬੰਧੀ ਤੇ ਠੇਕੇਦਾਰੀ ਸਿਸਟਮ ਨੂੰ ਖ਼ਤਮ ਕਰਨ ਸਬੰਧੀ ਵਰਗੀਆਂ ਮੁੱਖ ਮੰਗਾਂ 'ਤੇ ਵਿਚਾਰ ਵਟਾਂਦਰਾ ਕੀਤਾ। ਮੇਸ਼ੀ ਸਹੋਤਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਯੂਨੀਅਨ ਆਗੂਆਂ ਨੂੰ ਇਹ ਵਿਸ਼ਵਾਸ ਦਿਵਾਇਆ ਕਿ ਉਹ ਮਜ਼ਦੂਰਾਂ ਦੇ ਨਾਲ ਹਨ ਮਜ਼ਦੂਰਾਂ ਦੇ ਹੱਕ ਦੇ ਵਿੱਚ ਫੈਸਲਾ ਲੈਣਗੇ, ਜਿਹੜੀਆਂ ਰਹਿੰਦੀਆਂ ਸ਼ਰਤਾਂ ਐੱਫਸੀਆਈ ਦੇ ਨਾਲ-ਨਾਲ ਭਾਰਤ ਸਰਕਾਰ ਨਾਲ ਸੰਬੰਧਤ, ਦਾ ਜਲਦ ਹੱਲ ਕਰਨ ਲਈ ਉਹ ਖੁਦ ਐੱਫਸੀਆਈ ਦੇ ਅਧਿਕਾਰੀਆਂ ਤੇ ਭਾਰਤ ਸਰਕਾਰ ਦੇ ਨੁਮਾਇੰਦਿਆਂ ਦੇ ਨਾਲ ਪਹਿਲ ਦੇ ਅਧਾਰ 'ਤੇ ਮੀਟਿੰਗ ਕਰਕੇ ਪੱਲੇਦਾਰਾਂ ਦੇ ਮਸਲਿਆਂ ਨੂੰ ਹੱਲ ਕਰਵਾਉਣ ਦੀ ਪੂਰੀ ਕੋਸ਼ਿਸ਼ ਕਰਨਗੇ। ਮੇਸ਼ੀ ਸਹੋਤਾ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਯੂਨੀਅਨ ਆਗੂਆਂ ਤੋਂ ਉਨ੍ਹਾਂ ਦੀਆਂ ਮੰਗਾਂ ਸਬੰਧੀ ਪੌਲਸੀ ਬਣਾਉਣ ਦੇ ਲਈ 3 ਅਕਤੂਬਰ ਤੱਕ ਦਾ ਸਮਾਂ ਮੰਗਿਆ ਹੈ, ਜਿਸ 'ਤੇ ਮੀਟਿੰਗ ਵਿੱਚ ਮੌਜੂਦ ਸਾਰੇ ਯੂਨੀਅਨ ਆਗੂਆਂ ਨੇ ਆਪਣੀ ਸਹਿਮਤੀ ਜਤਾਈ ਹੈ। ਉਨ੍ਹਾਂ ਕਿਹਾ ਕਿ ਜੇਕਰ ਆਉਣ ਵਾਲੀ 3 ਅਕਤੂਬਰ ਤੱਕ ਪੱਲੇਦਾਰ ਮਜ਼ਦੂਰਾਂ ਦੀਆਂ ਇਨ੍ਹਾਂ ਸਮੱਸਿਆਵਾਂ ਦਾ ਕੋਈ ਹੱਲ ਨਾ ਨਿਕਲਿਆ ਤੇ ਕੋਈ ਪੌਲਸੀ ਸਰਕਾਰ ਵੱਲੋਂ ਨਾ ਬਣਾਈ ਗਈ ਤਾਂ ਪੱਲੇਦਾਰ ਯੂਨੀਅਨ ਮੁੜ ਦੁਬਾਰਾ ਸੰਘਰਸ਼ ਦੇ ਰਾਹ 'ਤੇ ਜਾਣ ਲਈ ਮਜਬੂਰ ਹੋਣਗੇ, ਜਿਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਹੋਵੇਗੀ।

# ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਅਹੁਦੇ ਤੋਂ ਲਾਂਭੇ ਕਰਕੇ ਮਹਾਂ ਅਭਿਯੋਗ ਚਲਾਇਆ ਜਾਵੇ : ਲਿਬਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**-ਸੀਪੀਆਈ (ਐਮ ਐੱਲ) ਲਿਬਰੇਸ਼ਨ ਨੇ ਭਾਰਤ ਦੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਬੀਜੇਪੀ ਦਾ ਏਜੰਟ ਬਣ ਕੇ ਵੱਖ ਵੱਖ ਸੂਬਿਆਂ 'ਚ ਵਿਸ਼ੇਸ਼ ਤੌਰ 'ਤੇ ਮੁਸਲਿਮ ਧਾਰਮਿਕ ਘੱਟ ਗਿਣਤੀ ਦੀਆਂ ਤੇ ਵਿਰੋਧੀ ਧਿਰ ਦੇ ਸਮਰਥਕਾਂ ਦੀਆਂ ਕਰੋੜਾਂ ਵੋਟਾਂ ਕੱਟਣ ਬਦਲੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਗੁਪਤਾ ਨੂੰ ਤੁਰੰਤ ਅਹੁਦੇ ਤੋਂ ਲਾਂਭੇ ਕਰਕੇ ਉਸ ਖ਼ਿਲਾਫ਼ ਮਹਾਂ ਅਭਿਯੋਗ ਚਲਾਇਆ ਜਾਵੇ, ਕਿਉਂਕਿ ਹੁਣ ਇਹ ਸਾਹਮਣੇ ਆ ਚੁੱਕਾ ਹੈ ਕਿ ਮੁੱਖ ਚੋਣ ਕਮਿਸ਼ਨਰ ਦੂਜੇ ਦੋ ਚੋਣ ਕਮਿਸ਼ਨਰਾਂ ਦੀ ਸਹਿਮਤੀ ਬਗੈਰ ਹੀ ਮਨਮਾਨੇ ਢੰਗ ਨਾਲ ਇਕੱਲਾ ਹੀ ਅਹਿਮ ਫ਼ੈਸਲੇ ਸਮੁੱਚੇ ਦੇਸ਼ 'ਤੇ ਥੋਪਦਾ ਆ ਰਿਹਾ ਹੈ। ਸੀਪੀਆਈ (ਐਮ ਐਲ) ਲਿਬਰੇਸ਼ਨ ਦੇ ਜਨਰਲ ਸਕੱਤਰ ਕਾਮਰੇਡ ਦੀਪਾਂਕਰ ਭੱਟਾਚਾਰੀਆ ਵੱਲੋਂ ਰਾਸ਼ਟਰਪਤੀ ਨੂੰ ਲਿਖੇ ਇਸ ਪੱਤਰ ਦੀ ਕਾਪੀ ਨੂੰ ਪਾਰਟੀ ਵੱਲੋਂ ਇੱਥੇ ਜਾਰੀ ਕੀਤਾ ਗਿਆ ਹੈ।ਇਸ ਪੱਤਰ 'ਚ ਮੰਗ ਕੀਤੀ ਗਈ ਹੈ ਕਿ ਮੁੱਖ ਚੋਣ ਕਮਿਸ਼ਨਰ ਵੱਲੋਂ ਸੰਵਿਧਾਨਕ ਨਿਯਮਾਂ ਤੋਂ ਬਾਹਰ ਜਾ ਕੇ ਮਨਮਾਨੇ ਢੰਗ ਨਾਲ ਆਰੰਭ ਕੀਤੀ ਗਈ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੁਧਾਈ ਮੁਹਿੰਮ ਨੂੰ ਤੁਰੰਤ ਮੁਅੱਤਲ ਕੀਤਾ ਜਾਵੇ ਅਤੇ ਧੌਂਸ ਨਾਲ ਕੱਟੀਆਂ ਗਈਆਂ ਸਾਰੀਆਂ ਜਾਇਜ਼ ਵੋਟਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ।ਪੱਤਰ 'ਚ ਕਿਹਾ ਗਿਆ ਹੈ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੋਟਰਾਂ ਦਾ ਡਾਟਾ ਰੱਖਣ ਲਈ ਬਣਾਇਆ ਇਕ ਨਵਾਂ ਸਾਫਟਵੇਅਰ ਅਪਣੇ ਆਪ 'ਚ ਹੀ ਇੱਕ ਘਪਲਾ ਹੈ, ਕਿਉਂਕਿ ਇਸ ਸਾਫਟਵੇਅਰ ਰਾਹੀਂ ਸਹਾਇਕ ਰਿਟਰਨਿੰਗ ਅਫ਼ਸਰਾਂ (ਸਬ ਡਵੀਜ਼ਨਲ ਮੈਜਿਸਟ੍ਰੇਟ) ਤੇ ਰਿਟਰਨਿੰਗ ਅਫ਼ਸਰਾਂ (ਡਿਪਟੀ ਕਮਿਸ਼ਨਰਾਂ) ਤੱਕ ਵੀ ਲੋੜੀਂਦੀ ਪਹੁੰਚ ਦਾ ਅਖ਼ਤਿਆਰ ਨਹੀਂ ਦਿੱਤਾ ਗਿਆ, ਜੋ ਕਿ ਵੋਟਰਾਂ ਵੱਲੋਂ ਸ਼ਿਕਾਇਤਾਂ ਮਿਲਣ 'ਤੇ ਜਾਂਚ ਤੋਂ ਬਾਅਦ ਉਨ੍ਹਾਂ ਦੀਆਂ ਵੋਟਾਂ ਬਹਾਲ ਕਰਨ ਦਾ ਅਧਿਕਾਰ ਰੱਖਦੇ ਹਨ।ਲਿਬਰੇਸ਼ਨ ਨੇ ਰਾਸ਼ਟਰਪਤੀ ਤੋਂ ਮੰਗ ਕੀਤੀ ਹੈ ਕਿ ਇਸ ਮਨਮਾਨੇ ਐਸਆਈਆਰ ਤੋਂ ਬਾਅਦ ਹੋਈਆਂ ਸਾਰੀਆਂ ਚੋਣਾਂ ਤੇ ਉਪ ਚੋਣਾਂ ਰੱਦ ਕਰਕੇ ਨਵੇਂ ਸਿਰੇ ਤੋਂ ਕਰਵਾਈਆਂ ਜਾਣ।

ਪਾਰਟੀ ਦਾ ਕਹਿਣਾ ਹੈ ਕਿ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਬਾਰੇ ਸੁਪਰੀਮ ਕੋਰਟ ਦੇ ਫੈਸਲੇ ਦੀ ਭਾਵਨਾ ਅਨੁਸਾਰ ਸੰਵਿਧਾਨ 'ਚ ਲੋੜੀਂਦੀ ਸੋਧ ਕਰਕੇ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਕਰਨ ਵਾਲੀ ਕਮੇਟੀ 'ਚ ਪ੍ਰਧਾਨ ਮੰਤਰੀ, ਵਿਰੋਧੀ ਧਿਰ ਦੇ ਨੇਤਾ ਤੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਦੇ ਸ਼ਾਮਲ ਹੋਣ ਨੂੰ ਕਾਨੂੰਨੀ ਦਰਜਾ ਦਿੱਤਾ ਜਾ ਸਕੇ।ਪਾਰਟੀ ਨੇ ਮੰਗ ਕੀਤੀ ਕਿ ਚੋਣ ਕਮਿਸ਼ਨ ਦੀ ਕਾਰਵਾਈ 'ਚ ਨਿਰਪੱਖਤਾ, ਪਾਰਦਰਸ਼ਤਾ ਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾਵੇ।ਸੀਪੀਆਈ (ਐੱਮ ਐੱਲ) ਲਿਬਰੇਸ਼ਨ ਨੇ ਇਹ ਵੀ ਐਲਾਨ ਕੀਤਾ ਕਿ ਉਹ ਸਮੁੱਚੀ ਵਿਰੋਧੀ ਧਿਰ ਨਾਲ ਮਿਲ ਕੇ ਇਨ੍ਹਾਂ ਮੰਗਾਂ ਦੇ ਪੱਖ 'ਚ ਦੇਸ਼ ਵਿਆਪੀ ਲੋਕ ਅੰਦੋਲਨ ਖੜ੍ਹਾ ਕਰਨ ਲਈ ਪੂਰੀ ਤਾਕਤ ਨਾਲ ਕੰਮ ਕਰੇਗੀ।

# ਦਸਮੇਸ਼ ਸਕੂਲ ਜ਼ਿਲ੍ਹੇ 'ਚੋਂ 172 ਤਮਗੇ ਜਿੱਤ ਕੇ ਬਣਿਆ ਜ਼ਿਲ੍ਹਾ ਚੈਂਪੀਅਨ

## 150 ਖਿਡਾਰੀਆਂ ਦੀ ਪੰਜਾਬ ਸਟੇਟ ਖੇਡਾਂ ਲਈ ਹੋਈ ਚੋਣ



**ਸਰਦੂਲਗੜ੍ਹ (ਅਵਤਾਰ ਜਟਾਣਾ)**

ਦਸਮੇਸ਼ ਕਾਨਵੈਂਟ ਸਕੂਲ ਤੇ ਦਸਮੇਸ਼ ਇੰਟਰਨੈਸ਼ਨਲ ਸਕੂਲ ਸਰਦੂਲਗੜ੍ਹ ਦੇ ਖਿਡਾਰੀਆਂ ਨੇ 70ਵੀਆਂ ਜ਼ਿਲ੍ਹਾ ਪੱਧਰੀ ਸਕੂਲੀ ਖੇਡਾਂ 'ਚ ਸਰਦੂਲਗੜ੍ਹ ਜ਼ੋਨ ਵੱਲੋਂ ਖੇਡਦਿਆਂ ਵੱਖ-ਵੱਖ ਖੇਡਾਂ 'ਚ ਲੜਕੇ-ਲੜਕੀਆਂ ਨੇ 63 ਸੋਨ ਤਮਗੇ, 62 ਚਾਂਦੀ, 47 ਕਾਂਸੇ ਤਮਗਿਆਂ ਨਾਲ ਕੁੱਲ 172 ਤਮਗੇ ਜਿੱਤ ਕੇ ਜ਼ਿਲ੍ਹੇ ਵਿੱਚੋਂ ਸਭ ਤੋਂ ਵੱਧ ਤਮਗੇ ਜਿੱਤ ਕੇ ਜ਼ਿਲ੍ਹਾ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ। ਇਸ ਤਰ੍ਹਾਂ 150 ਖਿਡਾਰੀਆਂ ਦੀ ਪੰਜਾਬ ਸਟੇਟ ਲਈ ਚੁਣੇ ਜਾਣ 'ਤੇ ਸਰਦੂਲਗੜ੍ਹ ਏਰੀਏ ਲਈ ਬਹੁਤ ਮਾਣ ਵਾਲੀ ਗੱਲ ਹੈ। ਸਿਰਫ਼ ਮਾਰਸ਼ਲ ਆਰਟ ਖੇਡਾਂ ਵਿੱਚ ਹੀ ਨਹੀਂ, ਬਲਕਿ ਗਰੁੱਪ ਖੇਡਾਂ ਵਾਲੀਬਾਲ, ਰੱਸਾ-ਕੱਸੀ, ਬੈਡਮਿੰਟਨ, ਗਤਕਾ, ਹੈਂਡਬਾਲ, ਤੈਰਾਕੀ ਖੇਡਾਂ ਵਿੱਚ ਦਸਮੇਸ਼ੀਅਨ ਖਿਡਾਰੀਆਂ ਨੇ ਸੋਨ ਤਮਗੇ ਜਿੱਤੇ ਜਿਵੇਂ ਕਿ ਅੰਡਰ-14, 17, 19 ਲੜਕੇ-ਲੜਕੀਆਂ ਦੀਆਂ ਹੈਂਡਬਾਲ ਟੀਮਾਂ ਨੇ ਮਾਨਸਾ ਵਿਖੇ ਫਾਈਨਲ ਮੁਕਾਬਲੇ ਜਿੱਤ ਕੇ ਜ਼ਿਲ੍ਹੇ ਵਿੱਚੋਂ ਪਹਿਲੇ ਸਥਾਨ 'ਤੇ ਰਹਿੰਦਿਆਂ 5 ਸੋਨ ਤਮਗੇ ਤੇ 1 ਚਾਂਦੀ ਤਮਗਾ ਜਿੱਤਿਆ, ਜਿਨ੍ਹਾਂ ਵਿੱਚੋਂ 13 ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ। ਇਸੇ ਤਰ੍ਹਾਂ ਗੱਤਕਾ ਅੰਡਰ-19 ਲੜਕੇ-ਲੜਕੀਆਂ ਦੀਆਂ ਟੀਮਾਂ ਨੇ ਫਰੀ ਸੋਟੀ ਵਿੱਚ 3 ਸੋਨ ਤਮਗੇ ਜਿੱਤੇ ਤੇ 3 ਚਾਂਦੀ ਤਮਗੇ, ਅੰਡਰ-14, 17 ਲੜਕਿਆਂ ਨੇ 4 ਚਾਂਦੀ ਤਮਗੇ ਜਿੱਤ ਕੇ 9 ਗੱਤਕਾ ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ। ਵਾਲੀਬਾਲ ਅੰਡਰ-19 ਲੜਕਿਆਂ ਨੇ ਜ਼ਿਲ੍ਹੇ ਵਿੱਚ ਵਧੀਆ ਪ੍ਰਦਰਸ਼ਨ ਕਰਦਿਆਂ ਚਾਂਦੀ ਤਮਗਾ ਜਿੱਤਿਆ। ਇਸੇ ਤਰ੍ਹਾਂ ਫੁੱਟਬਾਲ ਅੰਡਰ-17, 19 ਲੜਕੇ-ਲੜਕੀਆਂ ਨੇ 2 ਚਾਂਦੀ ਤਮਗੇ ਜਿੱਤੇ। ਕੁਸ਼ਤੀ ਮੁਕਾਬਲਿਆਂ ਵਿੱਚ ਅੰਡਰ-17 ਲੜਕਿਆਂ ਨੇ 2 ਸੋਨ ਤਮਗੇ ਜਿੱਤੇ ਤੇ ਦੋਨਾਂ ਦੀ ਸਟੇਟ ਖੇਡਣ ਲਈ ਚੋਣ ਹੋਈ। ਇਸੇ ਤਰ੍ਹਾਂ ਰੱਸਾਕਸੀ ਅੰਡਰ-19 ਲੜਕਿਆਂ ਨੇ ਪਹਿਲੇ ਸਥਾਨ 'ਤੇ ਰਹਿੰਦਿਆਂ ਸੋਨ ਤਮਗਾ ਜਿੱਤਿਆ ਅਤੇ 10 ਰੱਸਾਕਸੀ ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ। ਬੈਡਮਿੰਟਨ ਅੰਡਰ-14, 19 ਲੜਕੇ-ਲੜਕੀਆਂ ਨੇ 1 ਸੋਨ, 2 ਚਾਂਦੀ ਤੇ 1 ਕਾਂਸੇ ਦਾ ਤਮਗਾ ਜਿੱਤਿਆ, 6 ਖਿਡਾਰੀ, ਖਿਡਾਰਣਾਂ ਦੀ ਸਟੇਟ ਲਈ ਚੋਣ ਹੋਈ। ਯੋਗਾ ਅੰਡਰ-19 ਲੜਕੀਆਂ ਨੇ 2 ਚਾਂਦੀ ਤਮਗੇ ਜਿੱਤੇ। ਸਕੇਟਿੰਗ ਅੰਡਰ-14 ਦੇ ਲੜਕੇ-ਲੜਕੀਆਂ 1 ਸੋਨ ਤੇ 3 ਚਾਂਦੀ ਤਮਗੇ ਜਿੱਤੇ। ਮਾਰਸ਼ਲ ਆਰਟ ਖੇਡਾਂ ਜੂਡੋ, ਕਰਾਟੇ, ਕੋਰਾਸ਼, ਤਾਈਕਵਾਡੋ ਦੇ ਮੁਕਾਬਲਿਆਂ ਵਿੱਚ 42 ਸੋਨ ਤਮਗੇ, 44 ਚਾਂਦੀ ਤੇ 35 ਕਾਂਸੇ ਦੇ ਤਮਗੇ ਜਿੱਤੇ ਕੇ 42 ਖਿਡਾਰੀਆਂ ਦੀ ਸਟੇਟ ਲਈ ਚੋਣ ਹੋਈ।

ਤੈਰਾਕੀ ਖਿਡਾਰੀਆਂ ਨੇ ਜ਼ਿਲ੍ਹੇ ਵਿੱਚੋਂ 5 ਸੋਨ, 3 ਚਾਂਦੀ ਤੇ 10 ਕਾਂਸੇ ਤਮਗਿਆਂ ਨਾਲ 19 ਤਮਗੇ ਜਿੱਤੇ ਤੇ 8 ਖਿਡਾਰੀਆਂ ਦੀ ਸਟੇਟ ਖੇਡਣ ਲਈ ਚੋਣ ਹੋਈ। ਸਕੂਲ ਦੇ ਪ੍ਰਿੰਸੀਪਲ ਭੁਪਿੰਦਰ ਸਿੰਘ ਸੰਧੂ ਨੇ ਜੇਤੂ ਖਿਡਾਰੀਆਂ ਤੇ ਅਲੱਗ-ਅਲੱਗ ਖੇਡਾਂ ਦੇ ਕੋਚਾਂ ਡੀ. ਪੀ. ਈ. ਮਨਦੀਪ ਸਿੰਘ, ਗੁਰਸੇਵਕ ਸਿੰਘ, ਗੁਰਜੀਤ ਸਿੰਘ, ਅਮਨਦੀਪ ਸਿੰਘ, ਰਮਨਦੀਪ ਸਿੰਘ, ਜੀਵਨਜੋਤ, ਬਲਜਿੰਦਰ ਵਿੱਕੀ, ਇਕਬਾਲ ਕੌਰ, ਰਮਨਦੀਪ ਕੌਰ, ਜਸਵੀਰ ਕੌਰ, ਕਿਰਨਦੀਪ ਕੌਰ ਨੂੰ ਵਧਾਈ ਦਿੱਤੀ।

## ਕਾਤਰਾਂ

### ਗਣਪਤੀ ਸ਼ੋਭਾ ਯਾਤਰਾ ਅੱਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਅੰਦਰ ਗਣਪਤੀ ਮਹਾਉਤਸਵ ਦੀਆਂ ਰੌਣਕਾਂ ਸਿਖ਼ਰਾਂ 'ਤੇ ਹਨ। ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਤੇ ਦੁਰਗਾ ਸ਼ਕਤੀ ਮੰਦਰ ਦੇ ਹਾਲ ਵਿਚ ਸ਼ਰਧਾਲੂਆਂ ਦਾ ਉਤਸ਼ਾਹ ਦੇਖਣਯੋਗ ਹੈ। ਮੰਦਰਾਂ ਵਿਚ ਰੋਜ਼ਾਨਾ ਸ਼ਾਮ ਨੂੰ ਆਰਤੀ ਤੇ ਕੀਰਤਨ ਦਰਬਾਰ ਸਜਾਏ ਜਾ ਰਹੇ ਹਨ। ਪ੍ਰਬੰਧਕਾਂ ਨੇ ਦੱਸਿਆ ਕਿ 25 ਸਤੰਬਰ ਨੂੰ ਸ਼ਹਿਰ ਵਿੱਚ ਇੱਕ ਗਣਪਤੀ ਉਤਸਵ ਨੂੰ ਸਮਰਪਤ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ, ਜਿਸ ਵਿੱਚ ਮਨਮੋਹਕ ਝਾਕੀਆਂ ਸ਼ਾਮਲ ਹੋਣਗੀਆਂ। ਇਹ ਯਾਤਰਾ ਵੱਖ-ਵੱਖ ਬਾਜ਼ਾਰਾਂ ਤੋਂ ਹੁੰਦੀ ਹੋਈ ਗੜ੍ਹੀ ਪੁਲ ਸਰਹਿੰਦ ਨਹਿਰ 'ਤੇ ਪਹੁੰਚੇਗੀ, ਜਿੱਥੇ ਗਣਪਤੀ ਜੀ ਦੀ ਮੂਰਤੀ ਜਲ-ਪ੍ਰਵਾਹ (ਵਿਸਰਜਿਤ) ਕੀਤੀ ਜਾਵੇਗੀ।

### ਇੰਦਰਜੀਤ ਸਿੰਘ ਕੰਗ ਨੂੰ ਸਦਮਾ, ਸਹੁਰੇ ਦਾ ਦੇਹਾਂਤ



**ਸਮਰਾਲਾ (ਸੁਰਜੀਤ ਸਿੰਘ)**-ਸਾਹਿਤ ਸਭਾ ਸਮਰਾਲਾ ਤੇ ਅਧਿਆਪਕ ਚੇਤਨਾ ਮੰਚ ਸਮਰਾਲਾ ਦੇ ਪ੍ਰੈੱਸ ਸਕੱਤਰ ਤੇ ਸਮਾਜਸੇਵੀ ਇੰਦਰਜੀਤ ਸਿੰਘ ਕੰਗ ਦੇ ਸਹੁਰਾ ਕਸ਼ਮੀਰਾ ਸਿੰਘ ਭੰਗੂ (ਸੇਹ) ਦਾ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਬੀਤੇ ਦਿਨ ਦੇਹਾਂਤ ਹੋ ਗਿਆ।ਉਨ੍ਹਾਂ ਦਾ ਅੰਤਿਮ ਸੰਸਕਾਰ ਪਿੰਡ ਸੇਹ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ।ਉਨ੍ਹਾਂ ਦੇ ਅਕਾਲ ਚਲਾਣੇ 'ਤੇ ਵੱਖ ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਸਾਹਿਤ ਸਭਾ ਦੇ ਪ੍ਰਧਾਨ ਸਿਮਰਜੀਤ ਸਿੰਘ ਕੰਗ, ਲੇਖਕ ਮੰਚ ਦੇ ਸਰਪ੍ਰਸਤ ਡਾ. ਪਰਮਿੰਦਰ ਸਿੰਘ ਬੈਨੀਪਾਲ, ਅਧਿਆਪਕ ਚੇਤਨਾ ਮੰਚ ਦੇ ਪ੍ਰਧਾਨ ਵਿਜੈ ਕੁਮਾਰ ਸ਼ਰਮਾ, ਪੰਜਾਬ ਪੈਨਸ਼ਨਰਜ਼ ਕਲਿਆਣ ਸੰਗਠਨ ਦੇ ਪ੍ਰਧਾਨ ਮੇਘ ਸਿੰਘ ਜਵੰਦਾ, ਕਹਾਣੀਕਾਰ ਸੰਦੀਪ ਸਮਰਾਲਾ, ਅਮਨ ਸਮਰਾਲਾ, ਮੁਖਤਿਆਰ ਸਿੰਘ, ਗੁਰਦੀਪ ਕੌਰ, ਯਤਿੰਦਰ ਕੌਰ ਮਾਹਲ, ਸੁਰਿੰਦਰ ਰਾਮਪੁਰੀ, ਐਡਵੋਕੇਟ ਨਰਿੰਦਰ ਸ਼ਰਮਾ, ਮਨੋਜ ਕੁਮਾਰ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀ:), ਪੁਖਰਾਜ ਸਿੰਘ ਘੁਲਾਲ, ਦੀਪ ਦਿਲਬਰ, ਕਮਲਜੀਤ ਘੁੰਗਰਾਲੀ ਸਿੱਖਾਂ ਆਦਿ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਕਸ਼ਮੀਰਾ ਸਿੰਘ ਭੰਗੂ (ਸੇਹ) ਦੀ ਅੰਤਿਮ ਅਰਦਾਸ 29 ਸਤੰਬਰ ਨੂੰ ਗੁਰਦੁਆਰਾ ਸਾਹਿਬ ਪਿੰਡ ਸੇਹ (ਸਮਰਾਲਾ) ਵਿਖੇ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਹੋਵੇਗੀ।

### ਮੈਡਮ ਸਵਨਾ ਵੱਲੋਂ ਲੋਕ ਮਿਲਣੀ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਹਲਕਾ ਫਾਜ਼ਿਲਕਾ ਦੇ ਪਿੰਡ ਚੁਵਾੜਿਆਂ ਵਾਲੀ ਵਿਖੇ ਮੈਡਮ ਖ਼ੁਸ਼ਬੂ ਸਾਵਣਸੁੱਖਾ ਸਵਨਾ ਵੱਲੋਂ ਲੋਕ ਮਿਲਣੀ ਕੀਤੀ ਗਈ।ਲੋਕ ਮਿਲਣੀ ਦੌਰਾਨ ਮੈਡਮ ਸਵਨਾ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਬੜੇ ਧਿਆਨ ਨਾਲ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦੇ ਕੇ ਕਈ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਵਾਇਆ।ਇਸ ਦੌਰਾਨ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰੀ ਰਸੋਈ' ਯੋਜਨਾ ਤਹਿਤ ਮੈਡਮ ਵੱਲੋਂ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੀ ਵੰਡੀਆਂ ਗਈਆਂ।ਇਸ ਮੌਕੇ ਮੈਡਮ ਸਵਨਾ ਨੇ ਕਿਹਾ ਕਿ ਉਹ ਹਮੇਸ਼ਾ ਹਲਕਾ ਵਾਸੀਆਂ ਦੇ ਦੁੱਖ-ਸੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਹਨ ਅਤੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰਦੇ ਰਹਿਣਗੇ।

# ਚਣੋ ਦੇ ਕਈ ਵਿਅਕਤੀ ਅਕਾਲੀ ਦਲ ਛੱਡ ਕੇ 'ਆਪ' 'ਚ ਸ਼ਾਮਲ

## ਵਿਧਾਇਕ ਲਖਬੀਰ ਸਿੰਘ ਰਾਏ ਨੇ ਕੀਤਾ ਸਵਾਗਤ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਆਮ ਆਦਮੀ ਪਾਰਟੀ ਨੂੰ ਹਲਕਾ ਫਤਿਹਗੜ੍ਹ ਸਾਹਿਬ ਵਿੱਚ ਉਸ ਸਮੇਂ ਬੱਲ ਮਿਲਿਆ, ਜਦੋਂ ਪਿੰਡ ਚਣੋ ਦੇ ਬਹੁਤ ਸਾਰੇ ਵਿਅਕਤੀ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਆਖ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ।ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਉਨ੍ਹਾਂ ਦਾ ਪਾਰਟੀ 'ਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ, ਉਦੋਂ ਤੋਂ ਹੀ ਲੋਕ ਹਿੱਤ ਵਿੱਚ ਕੰਮ ਕਰ ਰਹੀ ਹੈ।ਪੰਜਾਬ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਦੀ ਲੋਕ ਖੂਬ ਸ਼ਲਾਘਾ ਕਰ ਰਹੇ ਹਨ।ਇਨ੍ਹਾਂ ਕੰਮਾਂ ਦੀ ਬਦੌਲਤ ਹੀ ਲੋਕੀ ਆਪ ਮੁਹਾਰੇ ਆਮ ਆਦਮੀ ਪਾਰਟੀ ਦਾ ਹਿੱਸਾ ਬਣ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਆਉਣ ਵਾਲੇ ਹਰ ਵਿਅਕਤੀ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।ਇਸ ਮੌਕੇ ਜਰਨੈਲ ਸਿੰਘ ਤੇ ਦਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ੇਰ ਸਿੰਘ, ਗੁਰਪ੍ਰੀਤ ਸਿੰਘ, ਹਰਜੀਤ ਸਿੰਘ, ਨੈਬ ਸਿੰਘ, ਬਲਕਾਰ ਸਿੰਘ, ਸਰਜੰਟ ਸਿੰਘ, ਅਜੈਬ ਸਿੰਘ, ਮੰਗਾ ਸਿੰਘ, ਮਾਸਟਰ ਦਲਜੀਤ ਸਿੰਘ ਆਦਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੋਰਾ ਸਿੰਘ ਸਾਬਕਾ ਸਰਪੰਚ, ਰਣਧੀਰ ਸਿੰਘ, ਰਸਪ੍ਰੀਤ ਸਿੰਘ ਨੰਬਰਦਾਰ, ਹਰਿੰਦਰ ਸਿੰਘ, ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਮਾਲਾਹੇੜੀ, ਨਜੀਰ ਮੁਹੰਮਦ, ਬਲਕਾਰ ਸਿੰਘ ਆਦਿ ਹਾਜ਼ਰ ਸਨ।

# ਨਸ਼ੇ ਤੇ ਹੋਰ ਭਖਦੇ ਮਸਲਿਆਂ ਨੂੰ ਲੈ ਕੇ ਸਰਕਾਰ ਖਿਲਾਫ ਰੋਸ ਧਰਨਾ

## ਅਕਾਲੀ ਦਲ ਦੀ ਸਰਕਾਰ ਸਮੇਂ ਪੰਜਾਬ ਦਾ ਵਿਕਾਸ ਹੋਇਆ : ਹਰਸਿਮਰਤ



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜਿੱਥੇ ਪੂਰੇ ਪੰਜਾਬ ਦੇ ਹਲਕਿਆਂ ਵਿੱਚ ਆਪ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਸੂਬੇ ਪ੍ਰਤੀ ਨਾਕਾਮੀਆਂ ਨੂੰ ਲੈ ਕੇ ਪੰਜਾਬ ਬਚਾਓ ਰੈਲੀਆਂ ਕੀਤੀਆਂ ਗਈਆਂ, ਉੱਥੇ ਹੁਣ ਸਾਬਕਾ ਕੇਂਦਰੀ ਮੰਤਰੀ ਤੇ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਵੀ ਔਰਤਾਂ ਨਾਲ ਚਿੱਟੇ ਵਰਗੇ ਗੰਭੀਰ ਨਸ਼ੇ ਤੇ ਹੋਰ ਭਖਦੇ ਮਸਲਿਆਂ ਨੂੰ ਲੈ ਕੇ ਭਗਵੰਤ ਮਾਨ ਸਰਕਾਰ ਖਿਲਾਫ ਇੱਕ ਰੋਸ ਧਰਨਾ ਲਗਾਇਆ ਗਿਆ। ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਵਿੱਚ ਹੋਇਆ ਰੋਸ ਧਰਨਾ ਔਰਤਾਂ ਦੇ ਇਕੱਠ ਪੱਖੋਂ ਇੱਕ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਿਆ।ਇਸ ਮੌਕੇ ਬੀਬਾ ਹਰਸਿਮਰਤ ਕੌਰ ਬਾਦਲ ਨੇ ਬੀਬੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਪੰਜਾਬ ਦੇ ਜਿਹੜੇ ਵੀ ਕੋਨੇ 'ਤੇ ਜਾ ਕੇ ਔਰਤਾਂ ਨੂੰ ਮਿਲਦੀ ਹੈ ਤਾਂ ਔਰਤਾਂ ਅੱਖਾਂ ਵਿੱਚ ਬੇਵਸੀ ਦੇ ਹੰਝੂ ਲਿਆ ਕੇ ਉਨ੍ਹਾਂ ਨੂੰ ਇੱਕੋ ਸਵਾਲ ਕਰਦੀਆਂ ਹਨ ਕਿ ਬੀਬਾ ਜੀ ਚਿੱਟਾ ਨਸ਼ਾ ਬੰਦ ਕਰਵਾ ਦਿਓ, ਸਾਡੇ ਘਰਾਂ ਵਿੱਚ ਚਿੱਟੇ ਨਸ਼ੇ ਨਾਲ ਸਾਡੇ ਪੁੱਤਰਾਂ ਦੇ ਸੱਥਰ ਵਿਛ ਰਹੇ ਹਨ ਅਤੇ ਹੈਰਤਅੰਗੇਜ਼ ਗੱਲ ਇਹ ਹੈ ਕਿ ਜਿਹੜੇ ਵੀ ਘਰਾਂ ਵਿੱਚ ਚਿੱਟੇ ਨਸ਼ੇ ਨਾਲ ਨੌਜਵਾਨਾਂ ਦੀਆਂ ਮੌਤਾਂ ਹੁੰਦੀਆਂ ਹਨ ਤਾਂ ਸਰਕਾਰ ਦਾ ਕੋਈ ਵੀ ਨੁਮਾਇੰਦਾ ਜਾਂ ਕੋਈ ਐੱਮ ਐੱਲ ਏ ਉਨ੍ਹਾਂ ਦੇ ਪਰਿਵਾਰ ਦਾ ਹਾਲ-ਚਾਲ ਪੁੱਛਣ ਨਹੀਂ ਆਉਂਦਾ ਅਤੇ ਇਹ ਨਹੀਂ ਪੁੱਛਦੇ ਕਿ ਚਿੱਟਾ ਨਸ਼ਾ ਕੌਣ ਵੇਚਦਾ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਉਨ੍ਹਾਂ ਨੂੰ ਚਿੱਟੇ ਵਰਗੇ ਨਸ਼ੇ ਤੇ ਮੌਤ ਦੇ ਮੂੰਹ ਵਿੱਚ ਜਾ ਰਹੇ ਸਾਡੇ ਨੌਜਵਾਨਾਂ ਦੀ ਕੋਈ ਚਿੰਤਾ ਨਹੀਂ ਅਤੇ ਅਸਲ ਸੱਚ ਤਾਂ ਇਹ ਹੈ ਕਿ ਆਪ ਸਰਕਾਰ ਦੇ ਵਿਧਾਇਕ ਮੁੱਖ ਮੰਤਰੀ ਤੋਂ ਡਰਦੇ ਮੂੰਹ ਨਹੀਂ ਖੋਲ੍ਹਦੇ ਤੇ ਮੁੱਖ ਮੰਤਰੀ ਆਪਣੇ ਦਿੱਲੀ ਵਾਲੇ ਆਕਾ ਤੋਂ ਡਰਦਾ ਮੂੰਹ ਨਹੀਂ ਖੋਲ੍ਹਦਾ। ਉਨ੍ਹਾਂ ਕਿਹਾ ਕਿ ਸਾਡੀਆਂ ਔਰਤਾਂ ਦੇ ਖਾਤਿਆਂ ਵਿੱਚ ਪੈਸੇ ਪਾਕੇ ਬੀਬੀਆਂ ਨੂੰ ਗੁਮਰਾਹ ਕਰਨ ਦਾ ਯਤਨ ਕੀਤਾ ਗਿਆ ਹੈ, ਜਦਕਿ ਜੇਕਰ ਸਰਕਾਰ ਔਰਤਾਂ ਪ੍ਰਤੀ ਐਨਾ ਹੀ ਸਤਿਕਾਰ ਰੱਖਦੀ ਹੈ ਤਾਂ ਉਨ੍ਹਾਂ ਦੇ ਖਾਤਿਆਂ ਵਿੱਚ ਸੱਠ ਸੱਠ ਹਜ਼ਾਰ ਬਣਦਾ ਕਿਉਂ ਨਹੀਂ ਪਾਇਆ, ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੁਣ ਫਿਰ ਬੀਬੀਆਂ ਨੂੰ ਗੁੰਮਰਾਹ ਕਰਕੇ ਸਰਕਾਰ ਬਣਾਉਣ ਚੱਕਰ ਵਿੱਚ ਹੈ, ਪਰ ਹੁਣ ਸਾਡੀਆਂ ਬੀਬੀਆਂ ਉਨ੍ਹਾਂ ਦੇ ਝਾਂਸੇ ਵਿੱਚ ਨਹੀਂ ਆਉਣਗੀਆਂ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਬੜੇ ਖਤਰਨਾਕ ਦੌਰ ਵਿੱਚ ਦੀ ਗੁਜਰ ਰਿਹਾ ਹੈ, ਸੂਬੇ ਵਿੱਚ ਲੁੱਟਾਂ ਖੋਹਾਂ, ਗੈਂਗਸਟਰਵਾਦ ਦਾ ਬੋਲਬਾਲਾ ਹੈ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿੱਚ ਜੋ ਵੀ ਵਿਕਾਸ ਹੋਇਆ ਉਹ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਮੇਂ ਹੋਇਆ ਅਤੇ ਸਰਕਾਰ ਆਉਣ ਤੇ ਲੋਕ ਆਪਣੇ ਆਪ ਨੂੰ ਅਣਸੁਰੱਖਿਅਤ ਮਹਿਸੂਸ ਨਹੀਂ ਕਰਨਗੇ ਤੇ ਸੂਬੇ ਨੂੰ ਅਮਨ ਸ਼ਾਂਤੀ, ਖੁਸ਼ਹਾਲੀ ਤੇ ਵਿਕਾਸ ਵੱਲ ਤੋਰਿਆ ਜਾਵੇਗਾ।ਇਸ ਮੌਕੇ ਹੋਰਨਾਂ ਬੁਲਾਰਿਆਂ ਵਿੱਚ ਸੰਜੀਤ ਸਿੰਘ ਸੰਨੀ ਗਿੱਲ, ਰਾਜਵੰਤ ਸਿੰਘ ਮਾਹਲਾ, ਬੂਟਾ ਸਿੰਘ ਦੌਲਤਪੁਰਾ, ਗੋਵਰਧਨ ਪੋਪਲੀ, ਕਿਰਨਦੀਪ ਕੌਰ ਮਾਹਲਾ, ਮਾਸਟਰ ਗੁਰਦੀਪ ਸਿੰਘ ਮਹੇਸਰੀ, ਬਲਾਕ ਸੰਮਤੀ ਮੈਂਬਰ ਗੁਰਦਰਸ਼ਨ ਸਿੰਘ ਢਿਲੋਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤੇ ਹਲਕਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਅਤੇ ਉਨ੍ਹਾਂ ਦੀ ਧਰਮ ਪਤਨੀ ਅਮਨ ਗਿੱਲ ਤੇ ਪੂਰੇ ਹਲਕੇ ਦੀ ਟੀਮ ਨੇ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ।

# 15ਵਾਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਭਲਕ ਤੋਂ

**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬੀ ਰੰਗਮੰਚ ਦੇ ਖੇਤਰ ਵਿੱਚ ਵੱਖਰੀ ਪਹਿਚਾਣ ਬਣਾ ਚੁੱਕੇ ਪੰਜਾਬ ਦੇ ਪ੍ਰਮੁੱਖ ਰੰਗਮੰਚ ਗਰੁੱਪ ਨਾਟਿਅਮ ਵੱਲੋਂ 15ਵਾਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ 26 ਸਤੰਬਰ ਤੋਂ ਸਥਾਨਕ ਬਲਵੰਤ ਗਾਰਗੀ ਆਡੀਟੋਰੀਅਮ ਵਿੱਚ ਸ਼ੁਰੂ ਹੋ ਰਿਹਾ ਹੈ, ਜੋ 10 ਅਕਤੂਬਰ ਤੱਕ ਲਗਾਤਾਰ ਚੱਲੇਗਾ। ਇਹ ਜਾਣਕਾਰੀ ਨਾਟਿਅਮ ਪੰਜਾਬ ਦੇ ਮੁੱਖ ਸਰਪ੍ਰਸਤ ਡਾ: ਕਸ਼ਿਸ਼ ਗੁਪਤਾ, ਪ੍ਰਧਾਨ ਸੁਰਿੰਦਰ ਕੌਰ, ਡਾਇਰੈਕਟਰ ਕੀਰਤੀ ਕਿਰਪਾਲ, ਸਰਪ੍ਰਸਤ ਸੁਦਰਸ਼ਨ ਗੁਪਤਾ, ਫੈਸਟੀਵਲ ਡਾਇਰੈਕਟਰ ਗੁਰਨੂਰ ਤੇ ਸੁਨੀਲ ਬਾਂਸਲ ਨੇ ਅੱਜ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਫੈਸਟੀਵਲ ਵਿੱਚ ਨਾਟਕਾਂ ਦੇ ਨਾਲ ਨਾਲ ਸਾਹਿਤਕ ਪ੍ਰੋਗਰਾਮ, ਪੁਸਤਕ ਪ੍ਰਦਰਸ਼ਨੀਆਂ, ਬੱਚਿਆਂ ਲਈ ਵਰਕਸ਼ਾਪ ਤੇ ਓਪਨ ਮਾਈਕ ਸਮੇਤ ਕਈ ਹੋਰ ਪ੍ਰੋਗਰਾਮ ਵੀ ਹੋਣਗੇ। ਉਨ੍ਹਾਂ ਲੋਕਾਂ ਨੂੰ ਇਸ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਖੁੱਲ੍ਹਾ ਸੱਦਾ ਦਿੱਤਾ।

# ਕ੍ਰਿਕਟ ਨਮੋ ਲੀਗ ਦਾ ਫਾਈਨਲ ਮੈਚ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਪੂਜਾ)**-ਬੀਜੇਪੀ ਵੱਲੋਂ ਕ੍ਰਿਕਟ ਨਮੋ ਲੀਗ ਸ਼ੁਰੂ ਕੀਤੀ ਗਈ ਹੈ, ਜਿਸ ਦਾ ਫਾਈਨਲ ਮੈਚ 25 ਸਤੰਬਰ ਨੂੰ ਪਿੰਡ ਬਰਕੰਦੀ ਦੇ ਖੇਡ ਸਟੇਡੀਅਮ ਵਿੱਚ ਖੇਡਿਆ ਜਾਣਾ ਹੈ। ਕੁਲਵੰਤ ਸਿੰਘ ਨੇ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਤੂ ਟੀਮ ਨੂੰ 31 ਹਜ਼ਾਰ ਤੇ ਟਰਾਫੀ ਦਿੱਤੀ ਜਾਵੇਗੀ ਤੇ ਰਨਰਅਪ ਟੀਮ ਨੂੰ 21000 ਦਿੱਤਾ ਜਾਵੇਗਾ।ਉਨ੍ਹਾ ਕਿਹਾ ਕਿ ਸਾਡਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਬਚਾਉਣਾ ਹੈ, ਜੋ ਟੀਮ ਇਥੋਂ ਫਾਈਨਲ ਮੈਚ ਜੇਤੂ ਹੋਏਗੀ, ਉਹ ਪੰਚਕੂਲਾ ਵਿਖੇ ਪੰਜ ਸਟੇਟਾਂ ਦੇ ਜੋ ਮੈਚ ਹੋਣਗੇ, ਉਥੇ ਤਕਰੀਬਨ 11 ਲੱਖ ਰੁਪਏ ਦੇ ਇਨਾਮ ਦਿੱਤੇ ਜਾਣਗੇ।

# ਗੁਰਸ਼ਰਨ ਕੌਰ ਰੰਧਾਵਾ ਨੇ ਸਚਿਨ ਪਾਇਲਟ ਨਾਲ ਕੀਤੀ ਮੁਲਾਕਾਤ

## ਜ਼ਿਲ੍ਹਾ ਕਾਂਗਰਸ ਦੇ ਸੰਗਠਨ ਨੂੰ ਮਜ਼ਬੂਤ ਕਰਨ 'ਤੇ ਕੀਤੀ ਚਰਚਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਦਿਹਾਤੀ ਦੀ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਕਾਂਗਰਸ ਭਵਨ ਦਿੱਲੀ ਵਿਖੇ ਪੰਜਾਬ ਕਾਂਗਰਸ ਦੇ ਇੰਚਾਰਜ ਸ੍ਰੀ ਸਚਿਨ ਪਾਇਲਟ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੌਕੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ, ਕਾਂਗਰਸ ਪਾਰਟੀ ਦੀਆਂ ਜਥੇਬੰਦਕ ਗਤੀਵਿਧੀਆਂ ਤੇ ਜ਼ਿਲ੍ਹਾ ਪਟਿਆਲਾ ਨਾਲ ਸਬੰਧਤ ਵੱਖ-ਵੱਖ ਵਿਧਾਨ ਸਭਾ ਹਲਕਿਆਂ ਤੇ ਬਲਾਕਾਂ ਵਿੱਚ ਪਾਰਟੀ ਦੀ ਸਰਗਰਮੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਗੁਰਸ਼ਰਨ ਕੌਰ ਰੰਧਾਵਾ ਨੇ ਜ਼ਿਲ੍ਹਾ ਪਟਿਆਲਾ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਕਾਂਗਰਸ ਪਾਰਟੀ ਦੀ ਜ਼ਮੀਨੀ ਪੱਧਰ 'ਤੇ ਚੱਲ ਰਹੀ ਸਰਗਰਮੀ ਬਾਰੇ ਸਚਿਨ ਪਾਇਲਟ ਨੂੰ ਜਾਣੂ ਕਰਵਾਇਆ।ਉਨ੍ਹਾਂ ਵੱਲੋਂ ਪਾਰਟੀ ਵਰਕਰਾਂ ਨਾਲ ਕੀਤੇ ਜਾ ਰਹੇ ਸੰਪਰਕ, ਮਹਿਲਾ ਕਾਂਗਰਸ ਦੀਆਂ ਗਤੀਵਿਧੀਆਂ ਤੇ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ।ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਵਰਕਰਾਂ ਨਾਲ ਲਗਾਤਾਰ ਰਾਬਤਾ ਕਾਇਮ ਕਰਨਾ ਤੇ ਲੋਕਾਂ ਦੇ ਮੁੱਦਿਆਂ ਨੂੰ ਉਠਾਉਣਾ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਾਂਗਰਸ ਵੱਲੋਂ ਪਾਰਟੀ ਦੀਆਂ ਨੀਤੀਆਂ ਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਪਾਰਟੀ ਵਰਕਰਾਂ ਵਿੱਚ ਉਤਸ਼ਾਹ ਪੈਦਾ ਕਰਨ ਤੇ ਕਾਂਗਰਸ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਜਾਰੀ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਟਿਆਲਾ ਦੇ ਹਰੇਕ ਹਲਕੇ ਵਿੱਚ ਕਾਂਗਰਸ ਵਰਕਰਾਂ ਨਾਲ ਤਾਲਮੇਲ ਕਰਕੇ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾ ਰਿਹਾ ਹੈ।ਮੁਲਾਕਾਤ ਨੂੰ ਪਾਰਟੀ ਦੀਆਂ ਭਵਿੱਖੀ ਗਤੀਵਿਧੀਆਂ ਤੇ ਜਥੇਬੰਦਕ ਤਾਲਮੇਲ ਦੇ ਪੱਖੋਂ ਅਹਿਮ ਮੰਨਿਆ ਜਾ ਰਿਹਾ ਹੈ।ਬੀਬੀ ਰੰਧਾਵਾ ਨੇ ਦੱਸਿਆ ਕਿ ਪੇਪਰ ਲੀਕ, ਵੋਟ ਚੋਰੀ, ਪੰਜਾਬ ਵਿੱਚ ਵੱਧ ਰਹੇ ਨਸ਼ਿਆਂ, ਗੈਂਗਸਟਰਵਾਦ, ਔਰਤਾਂ ਉੱਤੇ ਹੋ ਰਹੇ ਅੱਤਿਆਚਾਰ ਵਰਗੇ ਗੰਭੀਰ ਮੁੱਦਿਆਂ 'ਤੇ ਵੀ ਚਰਚਾ ਹੋਈ, ਜਿਨ੍ਹਾਂ ਲਈ ਭਾਜਪਾ ਤੇ ਆਮ ਆਦਮੀ ਪਾਰਟੀ ਵਰਗੀਆਂ ਸਰਕਾਰਾਂ ਜ਼ਿੰਮੇਵਾਰ ਹਨ।ਇਸ ਮੌਕੇ ਉਹਨਾਂ ਦੇ ਨਾਲ ਪੀਏ ਗੁਰਪ੍ਰੀਤ ਬੈਦਵਾਨ, ਪ੍ਰਭ ਭਿੰਡਰ, ਦੀਪੂ ਭੰਡਾਰੀ, ਬਘੇਲ ਨੰਬਰਦਾਰ ਵੀ ਹਾਜ਼ਰ ਸਨ।

# ਚੰਦ ਫਤਿਹਪੁਰੀ ਦਾ ਵਿਛੋੜਾ ਖੱਬੀ ਲਹਿਰ ਤੇ ਪੱਤਰਕਾਰੀ ਲਈ ਵੱਡਾ ਘਾਟਾ : ਸੀ ਪੀ ਆਈ ਆਗੂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਖੱਬੇ ਪੱਖੀ ਲਹਿਰ ਦੇ ਸਿਰਕੱਢ ਆਗੂ, ਸਾਹਿਤਕਾਰ ਅਤੇ ਨਵਾਂ ਜ਼ਮਾਨਾਂ ਦੇ ਮੁੱਖ ਸੰਪਾਦਕ ਚੰਦ ਫਤਿਹਪੁਰੀ ਦੇ ਇੱਕ ਨਾਮੁਰਾਦ ਬਿਮਾਰੀ ਕਾਰਨ ਅਕਾਲ ਚਲਾਣੇ 'ਤੇ ਸੀ.ਪੀ.ਆਈ. ਇਲਾਕਾ ਕਮੇਟੀ ਨਿਹਾਲ ਸਿੰਘ ਵਾਲਾ ਦੇ ਆਗੂਆਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਇਸ ਮੌਕੇ ਕਾਮਰੇਡ ਜਗਜੀਤ ਸਿੰਘ, ਕਾਮਰੇਡ ਸੁਖਦੇਵ ਭੋਲਾ, ਗੁਰਦਿੱਤ ਸਿੰਘ ਦੀਨਾ, ਇੰਦਰਜੀਤ ਸਿੰਘ ਦੀਨਾ, ਸਿਕੰਦਰ ਮਧੇਕੇ, ਮਹਿੰਦਰ ਧੂੜਕੋਟ, ਨਵਜੋਤ ਕੌਰ ਬਿਲਾਸਪੁਰ, ਗੁਰਪ੍ਰੀਤ ਕੌਰ ਬੀੜ ਰਾਊਕੇ, ਕੇਵਲ ਸਿੰਘ, ਬੂਟਾ ਸਿੰਘ ਰਾਊਕੇ, ਸਤਵੰਤ ਖੋਟੇ, ਕਾਮਰੇਡ ਮੰਗਤ ਰਾਏ ਨਿਹਾਲ ਸਿੰਘ ਵਾਲਾ, ਕਾਮਰੇਡ ਕੁਲਵੰਤ ਸਿੰਘ, ਬਲਰਾਜ ਸਿੰਘ ਬੱਧਨੀ ਖੁਰਦ, ਜਗਸੀਰ ਮੀਨੀਆਂ ਤੇ ਮੁਕੰਦ ਸਿੰਘ ਕੁੱਸਾ ਨੇ ਕਿਹਾ ਕਿ ਚੰਦ ਫਤਿਹਪੁਰੀ ਦਾ ਵਿਛੋੜਾ ਖੱਬੀ ਲਹਿਰ, ਸਾਹਿਤ ਤੇ ਪੱਤਰਕਾਰੀ ਲਈ ਵੱਡਾ ਘਾਟਾ ਹੈ।ਉਨ੍ਹਾਂ ਕਿਹਾ ਕਿ ਚੰਦ ਫਤਿਹਪੁਰੀ ਸਿਆਸਤ, ਸਾਹਿਤ ਤੇ ਪੱਤਰਕਾਰੀ ਦੇ ਖੇਤਰ ਵਿੱਚ ਪੂਰੀ ਤਰ੍ਹਾਂ ਨਿਪੁੰਨ ਤੇ ਸਰਗਰਮ ਸ਼ਖ਼ਸੀਅਤ ਸਨ।ਉਨ੍ਹਾਂ ਵੱਲੋਂ ਲਿਖੇ ਸੰਪਾਦਕੀ ਲੇਖ ਟੁਣਕਣੇ ਤੇ ਖੜਕਣੇ ਮੁਹਾਵਰਿਆਂ ਨਾਲ ਭਰਪੂਰ ਹੁੰਦੇ ਸਨ, ਜੋ ਪਾਠਕਾਂ 'ਤੇ ਆਪਣੀ ਵੱਖਰੀ ਛਾਪ ਛੱਡਦੇ ਸਨ।ਉਨ੍ਹਾਂ ਨੇ ਨਵਾਂ ਜ਼ਮਾਨਾਂ ਦੀ ਦਿੱਖ ਨੂੰ ਬਦਲਣ ਤੇ ਇਸ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਬਹੁਤ ਹੰਭਲੇ ਮਾਰੇ ਅਤੇ ਕਾਮਯਾਬੀ ਹਾਸਲ ਕੀਤੀ। ਆਗੂਆਂ ਨੇ ਕਿਹਾ ਕਿ ਚੰਦ ਫਤਿਹਪੁਰੀ ਦੇ ਨਾਲ ਗੁਰਮੀਤ ਸ਼ੁਗਲੀ, ਰਜਿੰਦਰ ਮੰਡ ਤੇ ਜਤਿੰਦਰ ਪੰਨੂ ਵਰਗੀ ਤਕੜੀ ਟੀਮ ਨੇ ਨਵਾਂ ਜ਼ਮਾਨਾਂ ਦੀ ਲਗਾਤਾਰਤਾ ਨੂੰ ਕਾਇਮ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਈ।ਇਸ ਟੀਮ ਵਿੱਚੋਂ ਚੰਦ ਫਤਿਹਪੁਰੀ, ਗੁਰਮੀਤ ਸ਼ੁਗਲੀ ਤੇ ਰਜਿੰਦਰ ਮੰਡ ਦੇ ਵਿਛੋੜੇ ਨਾਲ ਨਵਾਂ ਜ਼ਮਾਨਾ ਇੱਕ ਲੰਮੇ-ਚੌੜੇ ਤਜਰਬੇ ਤੋਂ ਵਾਂਝਾ ਹੋ ਗਿਆ ਹੈ, ਜਿਸ ਦੀ ਪੂਰਤੀ ਕਰਨੀ ਬਹੁਤ ਮੁਸ਼ਕਲ ਹੈ।ਉਨ੍ਹਾਂ ਨਵਾਂ ਜ਼ਮਾਨਾਂ ਦੇ ਸਮੂਹ ਸਟਾਫ ਤੇ ਪਰਿਵਾਰਕ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਦੁੱਖ ਦੀ ਇਸ ਘੜੀ ਵਿੱਚ ਉਹ ਪਰਵਾਰ ਦੇ ਨਾਲ ਖੜ੍ਹੇ ਹਨ ਤੇ ਵਿੱਛੜੀ ਰੂਹ ਪ੍ਰਤੀ ਆਪਣੀ ਸ਼ਰਧਾਂਜਲੀ ਭੇਟ ਕਰਦੇ ਹਨ।

# ਬਾਬਾ ਫਰੀਦ ਆਈ ਟੀ ਆਈ ਵਿਖੇ ਆਈ ਟੀ ਸੀ ਲਿਮਟਿਡ ਵੱਲੋਂ ਰੁਜ਼ਗਾਰ ਮੇਲਾ



**ਗੁਰੂ ਹਰਸਹਾਏ (ਸਿਕਰੀ)**-ਬਾਬਾ ਫਰੀਦ ਆਈ ਟੀ ਆਈ ਗੁਰੂ ਹਰਸਹਾਏ ਵਿਖੇ ਆਈਟੀਸੀ ਲਿਮਟਿਡ ਫੂਡ ਡਵੀਜ਼ਨ ਕਪੂਰਥਲਾ ਵੱਲੋਂ ਰੁਜ਼ਗਾਰ ਮੇਲਾ ਲਗਾਇਆ ਗਿਆ।ਇਸ ਰੁਜ਼ਗਾਰ ਮੇਲੇ ਵਿੱਚ ਐੱਸ.ਸੀ.ਵੀ.ਟੀ. ਤੇ ਐੱਨ.ਸੀ.ਵੀ.ਟੀ. ਬੋਰਡ ਤੋਂ ਮਾਨਤਾ ਪ੍ਰਾਪਤ ਵੱਖ-ਵੱਖ ਟਰੇਡਾਂ, ਜਿਨ੍ਹਾਂ ਵਿੱਚ ਇਲੈਕਟ੍ਰੀਸ਼ੀਅਨ, ਵੈਲਡਰ, ਕੋਪਾ ਆਦਿ ਸ਼ਾਮਲ ਹਨ, ਦੇ ਆਈਟੀਆਈ ਪਾਸ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਕੰਪਨੀ ਦੇ ਨੁਮਾਇੰਦਿਆਂ ਵੱਲੋਂ ਰੁਜ਼ਗਾਰ ਲਈ ਪਹੁੰਚੇ ਉਮੀਦਵਾਰਾਂ ਦਾ ਲਿਖਤੀ ਟੈਸਟ ਲਿਆ ਗਿਆ।ਟੈਸਟ ਵਿੱਚ ਵਿਦਿਆਰਥੀਆਂ ਦੀ ਤਕਨੀਕੀ ਯੋਗਤਾ, ਵਿਸ਼ੇ ਨਾਲ ਸਬੰਧਤ ਗਿਆਨ ਤੇ ਹੁਨਰ ਦੀ ਪਰਖ ਕੀਤੀ ਜਾ ਰਹੀ ਹੈ।ਟੈਸਟ ਦੇ ਨਤੀਜਿਆਂ ਦੇ ਆਧਾਰ 'ਤੇ ਯੋਗ ਉਮੀਦਵਾਰਾਂ ਨੂੰ ਅਗਲੇ ਪੜਾਅ ਲਈ ਇੰਟਰਵਿਊ ਵਿੱਚ ਸ਼ਾਮਲ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਫਰੀਦ ਆਈ ਟੀ ਆਈ ਗੁਰੂ ਹਰਸਹਾਏ ਦੇ ਚੇਅਰਮੈਨ ਦਵਿੰਦਰ ਭਨੋਟ ਨੇ ਦੱਸਿਆ ਕਿ ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਸਿਰਫ਼ ਤਕਨੀਕੀ ਸਿੱਖਿਆ ਹੀ ਨਹੀਂ ਦਿੱਤੀ ਜਾਂਦੀ, ਸਗੋਂ ਉਨ੍ਹਾਂ ਨੂੰ ਸਿੱਖਿਆ ਪੂਰੀ ਕਰਨ ਉਪਰੰਤ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾਂਦੇ ਹਨ।ਉਨ੍ਹਾਂ ਦੱਸਿਆ ਕਿ ਅੱਜ ਲਏ ਜਾ ਰਹੇ ਟੈਸਟ ਵਿੱਚ ਜਿਹੜੇ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰਨਗੇ, ਉਨ੍ਹਾਂ ਨੂੰ ਕੰਪਨੀ ਵੱਲੋਂ ਇੰਟਰਵਿਊ ਲਈ ਬੁਲਾਇਆ ਜਾਵੇਗਾ ਤੇ ਯੋਗ ਪਾਏ ਜਾਣ ਵਾਲੇ ਉਮੀਦਵਾਰਾਂ ਨੂੰ ਮੌਕੇ 'ਤੇ ਹੀ ਜੁਆਇਨਿੰਗ ਲੈਟਰ ਦਿੱਤਾ ਜਾ ਸਕਦਾ ਹੈ।ਚੇਅਰਮੈਨ ਦਵਿੰਦਰ ਭਨੋਟ ਨੇ ਕਿਹਾ ਕਿ ਅਜਿਹੇ ਰੁਜ਼ਗਾਰ ਮੇਲੇ ਆਈਟੀਆਈ ਦੇ ਵਿਦਿਆਰਥੀਆਂ ਲਈ ਬਹੁਤ ਮਹੱਤਵਪੂਰਨ ਹਨ, ਕਿਉਂਕਿ ਇਸ ਨਾਲ ਉਨ੍ਹਾਂ ਨੂੰ ਆਪਣੀ ਤਕਨੀਕੀ ਯੋਗਤਾ ਦੇ ਆਧਾਰ 'ਤੇ ਸਿੱਧੇ ਤੌਰ 'ਤੇ ਨਾਮਵਰ ਕੰਪਨੀਆਂ ਵਿੱਚ ਰੁਜ਼ਗਾਰ ਹਾਸਲ ਕਰਨ ਦਾ ਮੌਕਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਬਾਬਾ ਫਰੀਦ ਆਈ ਟੀ ਆਈ ਵੱਲੋਂ ਪਹਿਲਾਂ ਵੀ ਵੱਖ-ਵੱਖ ਕੰਪਨੀਆਂ ਨਾਲ ਤਾਲਮੇਲ ਕਰਕੇ ਸੰਸਥਾ ਦੇ ਅਨੇਕਾਂ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਵਾਏ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਵਧੀਆ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣਾ ਹੈ।ਇਸ ਰੁਜ਼ਗਾਰ ਮੇਲੇ ਵਿੱਚ ਸ਼ਾਮਲ ਹੋਏ ਵਿਦਿਆਰਥੀਆਂ ਨੇ ਵੀ ਸੰਸਥਾ ਵੱਲੋਂ ਕਰਵਾਏ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਕੈਂਪ ਨੌਜਵਾਨਾਂ ਨੂੰ ਸਿੱਧੇ ਤੌਰ 'ਤੇ ਕੰਪਨੀਆਂ ਨਾਲ ਜੋੜਨ ਵਿੱਚ ਸਹਾਇਕ ਸਾਬਿਤ ਹੁੰਦੇ ਹਨ।

# ਸ਼ਿਵਰਾਜ ਸਿੰਘ ਚੌਹਾਨ ਨੇ ਕਿਸਾਨਾਂ ਨਾਲ ਕੀਤਾ ਸੰਵਾਦ

## ਸਹਾਇਕ ਕਿੱਤਿਆਂ, ਫਸਲੀ ਵਿਭਿੰਨਤਾ ਤੇ ਆਧੁਨਿਕ ਖੇਤੀ ਤਕਨੀਕਾਂ ਅਪਣਾਉਣ ਦਾ ਦਿੱਤਾ ਸੱਦਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਕਿਸਾਨ ਮੇਲਾ ਤੇ ਕਿਸਾਨ ਸੰਵਾਦ ਕਰਵਾਇਆ ਗਿਆ, ਜਿਸ ਵਿੱਚ ਭਾਰਤ ਸਰਕਾਰ ਦੇ ਖੇਤੀਬਾੜੀ, ਕਿਸਾਨ ਭਲਾਈ ਤੇ ਪੇਂਡੂ ਵਿਕਾਸ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਕੇਂਦਰੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਪੌਦਾ ਲਗਾ ਕੇ ਕਿਸਾਨ ਮੇਲੇ ਦੀ ਸ਼ੁਰੂਆਤ ਕੀਤੀ।ਉਨ੍ਹਾਂ ਖੇਤੀਬਾੜੀ ਨੂੰ ਹੋਰ ਲਾਹੇਵੰਦ ਤੇ ਟਿਕਾਊ ਬਣਾਉਣ ਲਈ ਆਧੁਨਿਕ ਤਕਨਾਲੋਜੀ, ਖੋਜ, ਫਸਲੀ ਵਿਭਿੰਨਤਾ ਤੇ ਸਹਾਇਕ ਕਿੱਤਿਆਂ ਨੂੰ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਕਿਸਾਨਾਂ ਨਾਲ ਸਿੱਧਾ ਸੰਵਾਦ ਕਰਦਿਆਂ ਕੇਂਦਰੀ ਮੰਤਰੀ ਨੇ ਸਰ੍ਹੋਂ ਤੋਂ ਪੈਦਾ ਹੋਣ ਵਾਲੇ ਸ਼ਹਿਦ ਦੀ ਮੰਡੀਕਰਨ ਦੀ ਸਮੱਸਿਆ ਬਾਰੇ ਹੱਲ ਲੱਭਣ ਲਈ ਖੋਜ ਕਰਨ ਲਈ ਕਿਹਾ।ਉਨ੍ਹਾਂ ਫਲਾਂ ਤੇ ਸਬਜ਼ੀਆਂ ਦੀ ਵਰਤੋਂਯੋਗਤਾ ਵਧਾਉਣ, ਮੁੱਲ-ਵਾਧਾ ਤੇ ਪ੍ਰੋਸੈਸਿੰਗ ਸਬੰਧੀ ਖੋਜ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਦੱਸੀ।ਉਨ੍ਹਾਂ ਏਕੀਕ੍ਰਿਤ ਖੇਤੀ ਪ੍ਰਣਾਲੀ ਨੂੰ ਉਤਸ਼ਾਹਤ ਕਰਨ ਤੇ ਕਿਸਾਨਾਂ ਦੀ ਆਮਦਨ ਦੇ ਵੱਖ-ਵੱਖ ਸਰੋਤ ਵਿਕਸਿਤ ਕਰਨ 'ਤੇ ਵੀ ਜ਼ੋਰ ਦਿੱਤਾ।ਇਸ ਮੌਕੇ ਅਗਾਂਹਵਧੂ ਕਿਸਾਨ ਗੁਰਪ੍ਰੀਤ ਸਿੰਘ ਨੇ ਕਾਰਬਨ ਕ੍ਰੈਡਿਟ ਬਾਰੇ ਪ੍ਰਾਪਤ ਕੀਤੇ ਲਾਭ ਬਾਰੇ ਜਾਣਕਾਰੀ ਸਾਂਝੀ ਕੀਤੀ।ਅਪਰਪਾਲ ਸਿੰਘ ਨੇ ਐੱਫ.ਪੀ.ਓ. ਨੂੰ ਦਰਪੇਸ਼ ਸਮੱਸਿਆਵਾਂ ਬਾਰੇ ਤੇ ਜਸਵੀਰ ਕੌਰ ਨੇ ਸ਼ਹਿਦ ਦੇ ਮੰਡੀਕਰਨ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ।ਡਾ. ਮੱਖਣ ਸਿੰਘ ਭੁੱਲਰ ਨਿਰਦੇਸ਼ਕ ਪਸਾਰ ਸਿੱਖਿਆ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦਿਆਂ ਪੀ ਏ ਯੂ ਵੱਲੋਂ ਕਿਸਾਨਾਂ ਦੀ ਭਲਾਈ ਲਈ ਕੀਤੀਆਂ ਜਾ ਰਹੀਆਂ ਪਸਾਰ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਅਟਾਰੀ, ਲੁਧਿਆਣਾ ਦੇ ਜ਼ੋਨਲ ਡਾਇਰੈਕਟਰ ਡਾ. ਪਰਵੇਂਦਰ ਸਿਉਰਾਨ ਨੇ ਮਾਣਯੋਗੀ ਕੇਂਦਰੀ ਮੰਤਰੀ ਦਾ ਸਵਾਗਤ ਕਰਦਿਆਂ ਕ੍ਰਿਸ਼ੀ ਵਿਗਿਆਨ ਕੇਂਦਰਾਂ ਵੱਲੋਂ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਤੇ ਉਨ੍ਹਾਂ ਦੇ ਹੋਰ ਮਜ਼ਬੂਤੀਕਰਨ ਲਈ ਚੱਲ ਰਹੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ।

ਇਸ ਦੌਰਾਨ ਡਾ. ਗੁਰਦੀਪ ਸਿੰਘ ਡਿਪਟੀ ਡਾਇਰੈਕਟਰ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਤੇ ਕਿਸਾਨ ਮੇਲੇ ਦੇ ਨੋਡਲ ਅਫਸਰ ਨੇ ਕੇਂਦਰੀ ਮੰਤਰੀ ਸ੍ਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਬੀਜਾਂ ਦੀ ਦੁਕਾਨ ਤੇ ਕਿਸਾਨਾਂ ਨੂੰ ਮੁਹੱਈਆ ਕਰਵਾਏ ਜਾ ਰਹੇ ਵੱਖ-ਵੱਖ ਬੀਜਾਂ ਬਾਰੇ ਜਾਣਕਾਰੀ ਦਿੱਤੀ।ਪ੍ਰੋਗਰਾਮ ਦੇ ਅੰਤ ਵਿੱਚ ਉੱਤਮ ਕਾਰਗੁਜ਼ਾਰੀ ਦਿਖਾਉਣ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਸਨਮਾਨਤ ਕੀਤਾ ਗਿਆ।

# ਸਿਸੋਦੀਆ ਦਾ ਵਿਧਾਇਕ ਕੋਹਲ਼ੀ ਤੇ ਬਲਜਿੰਦਰ ਢਿੱਲੋਂ ਨੇ ਕੀਤਾ ਸਵਾਗਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਵਿਖੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਭਾਰੀ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮਨੀਸ਼ ਸਿਸੋਦੀਆ ਦਾ ਪਟਿਆਲਾ ਪਹੁੰਚਣ 'ਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ,ਲੋਕ ਸਭਾ ਪਟਿਆਲਾ ਦੇ ਇੰਚਾਰਜ ਅਤੇ ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਪਟਿਆਲਾ ਨਗਰ ਨਿਗਮ ਮੇਅਰ ਕੁੰਦਨ ਗੋਗਿਆ, ਸੂਬਾ ਸਕੱਤਰ ਜਗਦੀਪ ਸਿੰਘ ਜੱਗਾ, ਸ਼ਹਿਰੀ ਜਿਲਾ ਪ੍ਰਧਾਨ ਨਵਲਦੀਪ ਸਿੰਘ ਅਤੇ ਪਾਰਟੀ ਆਗੂਆਂ, ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਸਵਾਗਤ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ 'ਚ ਆਪ ਦੇ ਵਲੰਟੀਅਰ ਤੇ ਆਗੂ ਹਾਜ਼ਰ ਸਨ! ਇਸ ਮੌਕੇ ਸਿਸੋਦੀਆ ਨੇ ਪਾਰਟੀ ਦੇ ਬੂਥ ਇੰਚਾਰਜ ਸਾਹਿਬਾਨ ਨਾਲ ਮੁਲਾਕਾਤ ਕਰਦਿਆਂ ਜ਼ਮੀਨੀ ਪੱਧਰ 'ਤੇ ਪਾਰਟੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।

ਉਨ੍ਹਾਂ ਵੱਲੋਂ ਬੂਥ ਪੱਧਰ 'ਤੇ ਵਰਕਰਾਂ ਦੀ ਭੂਮਿਕਾ, ਲੋਕਾਂ ਨਾਲ ਸਿੱਧੇ ਸੰਪਰਕ ਅਤੇ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਦਿਸ਼ਾ-ਨਿਰਦੇਸ਼ ਦਿੱਤੇ।ਇਸ ਦੇ ਨਾਲ ਹੀ ਬੂਥ ਇੰਚਾਰਜ ਸਾਹਿਬਾਨ ਨੂੰ ਸਰਟੀਫਿਕੇਟ ਅਤੇ ਆਈ-ਡੀ ਕਾਰਡ ਵੀ ਪ੍ਰਦਾਨ ਕੀਤੇ ਗਏ।ਇਸ ਮੌਕੇ ਵਿਧਾਇਕ ਅਜੀਤ ਪਾਲ ਕੋਹਲੀ ਅਤੇ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਸ੍ਰੀ ਮਨੀਸ਼ ਸਿਸੋਦੀਆ ਵੱਲੋਂ ਪਾਰਟੀ ਦੇ ਬੂਥ ਇੰਚਾਰਜਾਂ ਅਤੇ ਵਰਕਰਾਂ ਨਾਲ ਸਿੱਧੀ ਗੱਲਬਾਤ ਕਰਕੇ ਉਹਨਾਂ ਵੱਲੋਂ ਪਾਰਟੀ ਨੂੰ ਹੋਰ ਉੱਚਾਈਆਂ ਵੱਲ ਲਿਜਾਉਣ ਲਈ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਵਰਕਰ ਇੱਕ ਅਹਿਮ ਭੂਮਿਕਾ ਨਿਭਾਉਂਦੇ ਹਨ।

# ਬੇਅਦਬੀ ਦੀਆਂ ਘਟਨਾਵਾਂ ਸੰਬੰਧੀ ਗੁਰਦੁਆਰਾ ਪ੍ਰਬੰਧਕਾਂ ਨੇ ਅਧਿਕਾਰੀਆਂ ਨਾਲ ਕੀਤੀ ਮੁਲਾਕਾਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸਥਾਨਕ ਵੱਖ ਵੱਖ ਥਾਵਾਂ 'ਤੇ ਵਾਪਰੀਆਂ ਬੇਅਦਬੀਆਂ ਦੀਆਂ ਘਟਨਾਵਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੰਭੀਰ ਨੋਟਿਸ ਲਿਆ। ਇਸ ਸਬੰਧ ਵਿੱਚ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਕਿ ਪਟਿਆਲਾ ਦੇਵੀਗੜ੍ਹ ਰੋਡ ਤੇ ਸ਼ਹਿਰ ਦੇ ਨਿਹਾਲ ਬਾਗ ਸਰਕਟ ਹਾਊਸ ਨੇੜੇ ਦੋ ਬੇਅਦਬੀਆਂ ਦੀਆਂ ਘਟਨਾਵਾਂ ਦਾ ਵਾਪਰਨਾ ਬੇਹੱਦ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਖੰਡਤ ਕੀਤੇ ਗਏ ਗੁਟਕਾ ਸਾਹਿਬ ਦੀ ਸੂਚਨਾ ਸੰਗਤ ਵੱਲੋਂ ਇਹ ਮਾਮਲਾ ਧਿਆਨ ਵਿਚ ਲਿਆਂਦਾ ਸੀ, ਜਿਸ ਤੋਂ ਤੁਰੰਤ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ 'ਤੇ ਪ੍ਰਚਾਰਕ ਸਾਹਿਬਾਨਾਂ ਨੇ ਸੰਗਤਾਂ ਦੇ ਸਹਿਯੋਗ ਨਾਲ ਪਟਿਆਲਾ ਦੇਵੀਗੜ੍ਹ ਰੋਡ ਵਿਖੇ ਖੰਡਤ ਕੀਤੇ ਗਏ ਗੁਟਕਾ ਸਾਹਿਬ ਦੇ ਖਿੱਲਰੇ ਅੰਗਾਂ ਨੂੰ ਅਦਬ ਤੇ ਸਤਿਕਾਰ ਨਾਲ ਰੁਮਾਲਾ ਸਾਹਿਬ ਵਿੱਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਲਿਆਂਦਾ ਗਿਆ ਤੇ ਇਸੇ ਤਰ੍ਹਾਂ ਨਿਹਾਲ ਬਾਗ ਸਰਕਟ ਹਾਊਸ ਨੇੜੇ ਗੁਟਕਾ ਸਾਹਿਬ ਦੇ ਅੰਗ ਖਿਲਰੇ ਮਿਲੇ ਸਨ, ਜਿਸ ਨੂੰ ਸੰਗਤ ਨੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਹੁੰਚਾਇਆ। ਜਥੇਦਾਰ ਗੜ੍ਹੀ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧਕਾਂ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਤੇ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਇਸ ਦੀ ਤੁਰੰਤ ਸੂਚਨਾ ਜ਼ਿਲ੍ਹਾ ਪੁਲਸ ਪ੍ਰਸ਼ਾਸਨ ਨੂੰ ਦਿੱਤੀ ਅਤੇ ਸਬੰਧਤ ਉਚ ਅਧਿਕਾਰੀਆਂ ਦੀ ਟੀਮ ਨੇ ਗੁਰਦੁਆਰਾ ਪ੍ਰਬੰਧਕਾਂ ਨਾਲ ਤਾਲਮੇਲ ਬਣਾਇਆ ਤਾਂ ਤੁਰੰਤ ਜਾਂਚ ਤੁਰੰਤ ਬਾਅਦ ਸਬੰਧਤ ਵੱਖ ਵੱਖ ਥਾਣਿਆਂ ਵਿਖੇ ਦੋ ਮਾਮਲੇ ਦਰਜ ਕੀਤੇ।

ਉਪਰੰਤ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਅਗਵਾਈ ਵਿੱਚ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਤੇ ਗੁਰਦੁਆਰਾ ਪ੍ਰਬੰਧਕਾਂ ਨੇ ਐੱਸ ਪੀ ਸਿੱਟੀ ਮੋਹਿਤ ਅਗਰਵਾਲ ਨੂੰ ਐੱਸ ਐੱਸ ਪੀ ਪਟਿਆਲਾ ਦੇ ਨਾਂਅ ਮੰਗ ਪੱਤਰ ਦਿੱਤਾ ਤੇ ਬੇਅਦਬੀ ਦੀਆਂ ਘਟਨਾਵਾਂ ਬਾਬਤ ਜਾਣਕਾਰੀ ਦਿੱਤੀ। ਬੇਅਦਬੀ ਦੀਆਂ ਘਟਨਾਵਾਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਬੇਹੱਦ ਮੰਦਭਾਗਾ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਸਮਾਜ ਅੰਦਰ ਵਾਰ ਵਾਰ ਵਾਪਰਨ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਬੇਅਦਬੀਆਂ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਅਸਫਲ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਸਾਜ਼ਿਸ਼ਾਂ ਨੂੰ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੂੰ ਬੇਨਕਾਬ ਕਰਨਾ ਚਾਹੀਦਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹੈੱਡ ਗ੍ਰੰਥੀ ਅਵਤਾਰ ਸਿੰਘ, ਮੈਨੇਜਰ ਮਨਜੀਤ ਸਿੰਘ ਬਹਾਦਰਗੜ੍ਹ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਮਨਜੀਤ ਸਿੰਘ ਚੱਪੜ, ਸਰਬਜੀਤ ਸਿੰਘ, ਪ੍ਰਚਾਰਕ ਜਸਵੀਰ ਸਿੰਘ, ਗੁਰਪਿਆਰ ਸਿੰਘ ਜੌਹਰ, ਭਾਈ ਗੁਲਵਿੰਦਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ ਮੈਂਬਰ ਆਦਿ ਸ਼ਾਮਲ ਸਨ।

## ਗੁਰੂ ਨਾਨਕ ਕਾਲਜ ਬੁਢਲਾਡਾ ਦਾ ਨਤੀਜਾ ਸੌ ਫੀਸਦੀ ਰਿਹਾ



**ਬੁਢਲਾਡਾ (ਅਸ਼ੋਕ ਲਾਕੜਾ)**-ਉੱਤਰੀ ਭਾਰਤ ਦੀ ਸਿਰਮੌਰ ਸਿੱਖਿਆ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿੱਚ ਚੱਲ ਰਹੇ ਲਾਇਬ੍ਰੇਰੀ ਤੇ ਸੂਚਨਾ ਵਿਗਿਆਨ ਵਿਭਾਗ ਦੇ ਬੀ.ਲਿਬ ਸਾਇੰਸ ਦੇ ਦੂਜੇ ਸਮੈਸਟਰ ਦੇ ਨਤੀਜੇ 100 ਫੀਸਦੀ ਰਹੇ, ਜਿਸ 'ਚ ਜਸ਼ਨਦੀਪ ਕੌਰ ਨੇ 9.45 ਐੱਸ.ਜੀ.ਪੀ.ਏ. ਲੈ ਕੇ ਪਹਿਲਾ, ਖੁਸ਼ਬੂ ਰਾਣੀ ਨੇ 9.36 ਐੱਸ.ਜੀ.ਪੀ.ਏ. ਲੈ ਕੇ ਦੂਜਾ ਤੇ ਗੁਰਲੀਨ ਕੌਰ ਨੇ 9.16 ਐੱਸ.ਜੀ.ਪੀ.ਏ ਲੈ ਕੇ ਤੀਜਾ ਸਥਾਨ ਹਾਸਲ ਕਰਕੇ ਮੈਰਿਟ ਸੂਚੀ ਵਿੱਚ ਸਥਾਨ ਹਾਸਲ ਕੀਤਾ।ਇਸ ਸਮੇਂ ਵਿਦਿਆਰਥੀਆਂ ਤੇ ਪ੍ਰੋਫੈਸਰ ਸਾਹਿਬਾਨ ਨੂੰ ਵਧਾਈ ਦਿੰਦਿਆਂ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਸਮੇਂ ਵਾਈਸ ਪ੍ਰਿੰਸੀਪਲ ਡਾ. ਰੇਖਾ ਕਾਲੜਾ ਨੇ ਮੈਰਿਟ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਡਾ. ਇੰਦਰਜੀਤ ਸਿੰਘ, ਪ੍ਰੋਫੈਸਰ ਮਨੀਸ਼ਾ ਬਾਂਸਲ, ਸ. ਅਮਨਪ੍ਰੀਤ ਸਿੰਘ (ਸੁਪਰਡੈਂਟ), ਸਹਾਇਕ ਪ੍ਰੋਫੈਸਰ ਗੁਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ ਹਰਦੇਵ ਸਿੰਘ, ਮੈਡਮ ਵੀਨਾ ਰਾਣੀ (ਸਹਾਇਕ ਲਾਇਬ੍ਰੇਰੀਅਨ) ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਆਦਰਸ਼ ਮਾਡਲ ਸਕੂਲ ਵਿਖੇ ਵਿਸ਼ਵ ਪੰਜਾਬੀ ਦਿਵਸ ਮਨਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲ ਐਂਡ ਐਸੋਸੀਏਸ਼ਨ ਦੇ ਸਹਿਯੋਗ ਨਾਲ ਬਾਬਾ ਸ਼ੇਖ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਵਿਸ਼ਵ ਪੰਜਾਬੀ ਦਿਵਸ ਆਦਰਸ਼ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੰਗਰੂਰ ਵਿਖੇ ਪ੍ਰਿੰਸੀਪਲ ਜੋਗਾ ਸਿੰਘ ਤੂਰ ਦੀ ਰਹਿਨੁਮਾਈ ਹੇਠ ਮਨਾਇਆ ਗਿਆ।ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਨੁਮਾਇੰਦੇ ਸੁਰਿੰਦਰਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗੇਨਾਈਜ਼ਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਨਾਲ ਬਲਵੰਤ ਸਿੰਘ ਭੀਖੀ ਜ਼ਿਲ੍ਹਾ ਪ੍ਰਧਾਨ, ਪ੍ਰੋ. ਨਰਿੰਦਰ ਸਿੰਘ ਅਕਾਦਮਿਕ ਖੇਤਰ ਨਿਗਰਾਨ, ਹਰਵਿੰਦਰ ਕੌਰ, ਅਮਨਦੀਪ ਕੌਰ ਐਡੀਸ਼ਨਲ ਜ਼ੋਨਲ ਸਕੱਤਰ, ਇਸਤਰੀ ਕੌਂਸਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੈਡਮ ਗੁਰਪ੍ਰੀਤ ਕੌਰ ਦੇ ਬਾਖ਼ੂਬੀ ਸੰਚਾਲਨ ਅਧੀਨ ਵਿਦਿਆਰਥੀਆਂ ਵੱਲੋਂ 'ਮੇਰਾ ਦਸਤਖ਼ਤ, ਮੇਰਾ ਮਾਣ', ਪੈਂਤੀ ਅੱਖਰੀ ਲਿਖਣਾ, ਕਵਿਤਾਵਾਂ ਪੇਸ਼ ਕਰਨਾ ਨਾਲ ਸਬੰਧਤ ਵੱਖ ਵੱਖ ਗਤੀਵਿਧੀਆਂ ਕੀਤੀਆਂ ਗਈਆਂ।ਬੁਲਾਰਿਆਂ ਨੇ ਕਿਹਾ ਕਿ ਪੰਜਾਬੀ ਸਿਰਫ਼ ਸਾਡੀ ਮਾਤ ਭਾਸ਼ਾ ਹੀ ਨਹੀਂ, ਸਗੋਂ ਸਾਡੀ ਅਮੀਰ ਵਿਰਾਸਤ, ਸੱਭਿਆਚਾਰ ਤੇ ਪਹਿਚਾਣ ਦਾ ਅਹਿਮ ਹਿੱਸਾ ਹੈ।ਨਵੀਂ ਪੀੜ੍ਹੀ ਨੂੰ ਪੰਜਾਬੀ ਭਾਸ਼ਾ ਨਾਲ ਜੋੜਨ ਤੇ ਇਸ ਦੇ ਪ੍ਰਚਾਰ-ਪ੍ਰਸਾਰ ਲਈ ਅਜਿਹੇ ਉਪਰਾਲੇ ਲਗਾਤਾਰ ਕੀਤੇ ਜਾਣੇ ਚਾਹੀਦੇ ਹਨ।ਇਸ ਸਮੇਂ ਹੋਏ ਕਵੀ ਦਰਬਾਰ ਵਿੱਚ ਮੈਡਮ ਪਰਮਿੰਦਰ ਕੌਰ, ਮਨਜੀਤ ਕੌਰ, ਮਨਦੀਪ ਕੌਰ, ਹਰਵਿੰਦਰ ਕੌਰ, ਅਮਨਦੀਪ ਕੌਰ, ਪ੍ਰੋ: ਨਰਿੰਦਰ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ ਨੇ ਮਾਂ ਬੋਲੀ ਪੰਜਾਬੀ ਦੇ ਸਤਿਕਾਰ ਤੇ ਮਹਾਨਤਾ ਬਾਰੇ ਰਚਨਾਵਾਂ ਰਾਹੀਂ ਸਮਾਗਮ ਨੂੰ ਸ਼ਿਖ਼ਰ 'ਤੇ ਪਹੁੰਚਾ ਦਿੱਤਾ।ਸਕੂਲ ਪ੍ਰਿੰਸੀਪਲ ਜੋਗਾ ਸਿੰਘ ਨੇ ਸਮੂਹ ਅਧਿਆਪਕ ਸਾਹਿਬਾਨ ਤੇ ਪੰਜਾਬੀਆਂ ਨੂੰ ਵਿਸ਼ਵ ਪੰਜਾਬੀ ਦਿਵਸ ਦੀ ਵਧਾਈ ਦਿੱਤੀ ਤੇ ਬੁਲਾਰਿਆਂ ਦਾ ਧੰਨਵਾਦ ਕੀਤਾ।

## ਦੀ ਰੈਵੇਨਿਊ ਪਟਵਾਰ ਯੂਨੀਅਨ ਵੱਲੋਂ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੀ ਰੈਵੇਨਿਊ ਪਟਵਾਰ ਯੂਨੀਅਨ ਪੰਜਾਬ ਸੂਬਾ ਬਾਡੀ ਦੇ ਆਦੇਸ਼ ਮੁਤਾਬਕ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਤਿੰਨੇ ਤਹਿਸੀਲਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਸਬ ਡਵੀਜ਼ਨ ਦੋਦਾ ਵਿਖੇ ਤਹਿਸੀਲ ਪ੍ਰਧਾਨਾਂ ਦੀ ਪ੍ਰਧਾਨਗੀ ਹੇਠ ਤਹਿਸੀਲ ਪੱਧਰੀ ਧਰਨਾ ਲਗਾਇਆ ਗਿਆ, ਜਿਸ ਵਿੱਚ ਸਾਰੇ ਪਟਵਾਰੀਆਂ ਤੋਂ ਇਲਾਵਾ ਸੂਬਾ ਖਜ਼ਾਨਚੀ ਪਵਨ ਕੁਮਾਰ ਤੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਤਹਿਸੀਲ ਸ੍ਰੀ ਮੁਕਤਸਰ ਸਾਹਿਬ ਅਤੇ ਜ਼ਿਲ੍ਹਾ ਜਨਰਲ ਸਕੱਤਰ ਗੁਰਭੇਜ ਸਿੰਘ ਸਬ ਤਹਿਸੀਲ ਦੋਦਾ ਸ਼ਾਮਲ ਹੋਏ।ਇਸ ਧਰਨੇ ਵਿੱਚ ਰਿਟਾਇਰ ਪਟਵਾਰੀ, ਕਾਨੂੰਗੋ ਸਾਹਿਬਾਨ, ਨੰਬਰਦਾਰ ਸਾਹਿਬਾਨ ਤੇ ਚੌਕੀਦਾਰ ਯੂਨੀਅਨ ਦੇ ਸਾਥੀਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਧਰਨੇ ਦੌਰਾਨ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਲੰਬੇ ਸਮੇਂ ਤੋਂ ਪਟਵਾਰੀਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਸੰਬੰਧੀ ਜਲਦੀ ਹੱਲ ਕੀਤਾ ਜਾਵੇ, ਜੇਕਰ ਇਨ੍ਹਾਂ ਮੰਗਾਂ ਦੀ ਪੂਰਤੀ ਨਹੀਂ ਹੁੰਦੀ ਤਾਂ ਪੰਜਾਬ ਬਾਡੀ ਦੇ ਆਦੇਸ਼ ਮੁਤਾਬਿਕ ਅਗਲੇ ਸੰਘਰਸ਼ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤਿਆਰ ਰਹੇਗਾ।

## ਕੈਬਨਿਟ ਮੰਤਰੀ ਨੇ ਵਿਦਿਆਰਥਣਾਂ ਨੂੰ ਵੰਡੇ ਮੁਫ਼ਤ ਸਾਈਕਲ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਮਲੋਟ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਦੀਆਂ 109 ਵਿਦਿਆਰਥਣਾਂ ਨੂੰ ਮੁਫ਼ਤ ਸਾਈਕਲ ਵੰਡੇ।ਇਸ ਮੌਕੇ ਕੈਬਨਿਟ ਮੰਤਰੀ ਨੇ ਵਿਦਿਆਰਥਣਾਂ ਨੂੰ ਸਾਈਕਲ ਵੰਡਦਿਆਂ ਵਧਾਈ ਦਿੰਦਿਆਂ ਕਿਹਾ ਕਿ ਹੁਣ ਉਨ੍ਹਾਂ ਨੂੰ ਸਕੂਲ ਆਉਣ-ਜਾਣ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਵੇਗੀ।ਇਸ ਮੌਕੇ ਸਾਈਕਲ ਪ੍ਰਾਪਤ ਕਰਨ ਵਾਲੀਆਂ ਸਕੂਲੀ ਲੜਕੀਆਂ ਕਾਫੀ ਖੁਸ਼ ਨਜ਼ਰ ਆਈਆਂ ਤੇ ਉਨ੍ਹਾਂ ਪੰਜਾਬ ਸਰਕਾਰ ਤੇ ਕੈਬਨਿਟ ਮੰਤਰੀ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਚੇਅਰਪਰਸਨ ਕੁਲਦੀਪ ਕੌਰ, ਵਾਇਸ ਪ੍ਰਿੰਸੀਪਲ ਮਿਸਟਰਪ੍ਰੀਤ ਕੌਰ, ਮੈਂਬਰ ਕੌਂਸਲਰ ਲਾਲੀ ਗਗਨੇਜਾ, ਮੈਂਬਰ ਕੌਂਸਲਰ ਸੰਦੀਪ ਗਗਨੇਜਾ, ਗੁਰਮੀਤ ਕੌਰ, ਰਜਨੀ, ਮੀਨਾਕਸ਼ੀ, ਸੁਸ਼ੀਲ ਗਗਨੇਜਾ, ਸਤਪਾਲ ਮਿੱਡਾ ਤੋਂ ਇਲਾਵਾ ਨਿੱਜੀ ਸਹਾਇਕ ਅਰਸ਼ਦੀਪ ਸਿੰਘ ਸਿੱਧੂ ਤੇ ਨਿੱਜੀ ਸਹਾਇਕ ਸ਼ਿਵਰਾਜ ਸਿੰਘ ਸਮੇਤ ਸਕੂਲੀ ਬੱਚਿਆਂ ਦੇ ਮਾਪੇ ਆਦਿ ਮੌਜੂਦ ਸਨ।

## ਚੇਅਰਮੈਨ ਕਾਉਣੀ ਵੱਲੋਂ ਸਕੂਲ 'ਚ ਆਰ ਓ ਦਾ ਉਦਘਾਟਨ



**ਗਿੱਦੜਬਾਹਾ/ਮਲੋਟ (ਜਸਵੰਤ ਗਿੱਲ/ਓਮ ਪ੍ਰਕਾਸ਼)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਸ ਲੜੀ ਤਹਿਤ ਹਲਕਾ ਗਿੱਦੜਬਾਹਾ ਦੇ ਪਿੰਡ ਥਾਂਦਾ ਕਿਸ਼ਨਪੁਰਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿੱਚ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰ. ਸੁਖਜਿੰਦਰ ਸਿੰਘ ਕਾਉਣੀ ਵੱਲੋਂ ਬੱਚਿਆਂ ਲਈ ਸਾਫ ਤੇ ਠੰਢਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਲਗਾਏ ਗਏ ਆਰ.ਓ. ਤੇ ਚਿੱਲਰ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਥਾਂਦਾ ਕਿਸ਼ਨਪੁਰਾ ਵਿਖੇ ਆਰ.ਓ. ਤੇ ਠੰਢੇ ਪਾਣੀ ਲਈ ਚਿੱਲਰ ਲਗਾਉਣ ਲਈ 1.60 ਲੱਖ ਰੁਪਏ ਦੀ ਗ੍ਰਾਂਟ ਉਨ੍ਹਾਂ ਦੇ ਅਖਤਿਆਰੀ ਕੋਟੇ ਵਿੱਚੋਂ ਜਾਰੀ ਕੀਤੀ ਗਈ ਸੀ ਤੇ ਹੁਣ ਸਕੂਲ ਦੇ ਵਿਦਿਆਰਥੀਆਂ ਨੂੰ ਸਾਫ਼ ਤੇ ਠੰਢਾ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ।ਸਕੂਲ ਪ੍ਰਬੰਧਕਾਂ ਤੇ ਪਿੰਡ ਵਾਸੀਆਂ ਵੱਲੋਂ ਸਕੂਲ ਵਿੱਚ ਇਹ ਸਹੂਲਤ ਮੁਹੱਈਆ ਕਰਵਾਉਣ ਲਈ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ੍ਰ. ਸੁਖਜਿੰਦਰ ਸਿੰਘ ਕਾਉਣੀ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਕੂਲ ਮੁਖੀ ਹਰਵਿੰਦਰ ਸਿੰਘ ਤੋਂ ਇਲਾਵਾ ਸਮੂਹ ਸਟਾਫ, ਕਮੇਟੀ ਚੇਅਰਮੈਨ ਕਮਲਜੀਤ ਸਿੰਘ, ਮੈਂਬਰ ਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

## ਭਾਸ਼ਣ ਪ੍ਰਤੀਯੋਗਤਾ 'ਚ ਮਨਵੀਰ ਕੌਰ ਨੇ ਦੂਜਾ ਸਥਾਨ ਜਿੱਤਿਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਕਲਗੀਧਰ ਟਰਸਟ ਬੜੂ ਸਾਹਿਬ ਦੇ ਸਾਬਕਾ ਪ੍ਰਧਾਨ ਤੇ ਪਦਮਸ਼੍ਰੀ, ਵਿੱਦਿਆ ਮਾਰਤੰਡ, ਸ਼੍ਰੋਮਣੀ ਪੰਥ ਰਤਨ ਸੰਤ ਬਾਬਾ ਇਕਬਾਲ ਸਿੰਘ ਦੇ 100ਵੇਂ ਜਨਮ ਦਿਹਾੜੇ ਨੂੰ ਸਮਰਪਤ 'ਸੰਤ ਬਾਬਾ ਇਕਬਾਲ ਸਿੰਘ ਜੀ : ਜੀਵਨ ਅਤੇ ਫ਼ਲਸਫ਼ਾ' ਵਿਸ਼ੇ 'ਤੇ ਕਲੱਸਟਰ ਪੱਧਰੀ ਭਾਸ਼ਣ ਪ੍ਰਤੀਯੋਗਤਾ ਅਕਾਲ ਅਕੈਡਮੀ ਚੀਮਾ ਵਿੱਚ ਕਰਵਾਈ ਗਈ।ਇਸ ਮੁਕਾਬਲੇ ਵਿੱਚ ਅਕਾਲ ਅਕੈਡਮੀ ਚੀਮਾ (ਪੀ ਐੱਸ.ਈ.ਬੀ.) ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਮਨਵੀਰ ਕੌਰ ਨੇ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੇ ਭਾਸ਼ਣ ਪ੍ਰਤੀਯੋਗਤਾ ਵਿੱਚ ਦੂਜਾ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਮਨਵੀਰ ਕੌਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਹੋਰ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ 'ਚ ਵਿਸ਼ਵ ਪੰਜਾਬੀ ਦਿਵਸ ਮਨਾਇਆ



**ਨਾਭਾ (ਅਮਨ ਗਰਗ)**-ਮਾਂ ਬੋਲੀ ਪੰਜਾਬੀ ਨੂੰ ਵਿਸ਼ਵ ਪੱਧਰ ਤੇ ਮਾਣ ਬਖਸ਼ਣ ਹਿੱਤ ਆਪਣਾ ਪੰਜਾਬ ਫਾਊਂਡੇਸ਼ਨ ਦੁਆਰਾ ਸ਼ੁਰੂ ਕੀਤੀ ਮੁਹਿੰਮ ਵਿਸ਼ਵ ਪੰਜਾਬੀ ਦਿਵਸ ਨੂੰ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ, ਜਿਸ ਵਿੱਚ ਸਾਰੀਆਂ ਜਮਾਤਾਂ ਦੇ ਬੱਚਿਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ ਜਿਵੇਂ ਪੰਜਾਬੀ ਕਵਿਤਾ, ਭਾਸ਼ਣ ਪੈਂਤੀ ਅੱਖਰ ਲੇਖਣ ਤੇ ਸੋਲੋ ਕਵਿਤਾ ਪਾਠ, ਸੁੰਦਰ ਲਿਖਾਈ ਮੁਕਾਬਲਾ ਤੇ ਪੰਜਾਬੀ ਵਿੱਚ ਸੋਹਣੀ ਚਿੱਤਰਕਾਰੀ ਨੂੰ ਵੀ ਪੇਸ਼ ਕੀਤਾ ਗਿਆ, ਆਪਣੀ ਮਾਂ ਬੋਲੀ ਦੇ ਸਤਿਕਾਰ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਇਸ ਮੌਕੇ ਸਕੂਲ ਡਾਇਰੈਕਟਰ ਭੁਪਿੰਦਰ ਸਿੰਘ ਚੱਢਾ ਤੇ ਪ੍ਰਿੰਸੀਪਲ ਸਤਵਿੰਦਰ ਪ੍ਰੀਤ ਕੌਰ ਵੱਲੋਂ ਸਮੂਹ ਸਟਾਫ ਤੇ ਬੱਚਿਆਂ ਨੂੰ ਬਹੁਤ ਬਹੁਤ ਵਧਾਈ ਦਿੰਦੇ ਹੋਏ ਇਸ ਨੂੰ ਹੋਰ ਅੱਗੇ ਲਿਜਾਣ ਲਈ ਪ੍ਰੇਰਿਤ ਸੰਦੇਸ਼ ਦਿੱਤਾ ਗਿਆ।

## ਜਸਮੇਲ ਸਿੰਘ ਅਤਲਾ ਨਮਿੱਤ ਸ਼ਰਧਾਂਜਲੀ ਸਮਾਗਮ ਅੱਜ

**ਭੀਖੀ (ਧਰਮਵੀਰ ਸ਼ਰਮਾ)**-ਉੱਘੇ ਮੁਲਾਜ਼ਮ ਆਗੂ ਸਾਥੀ ਜਸਮੇਲ ਸਿੰਘ ਅਤਲਾ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਅੱਜ (ਮਿਤੀ 25 ਸਤੰਬਰ) ਉਨ੍ਹਾਂ ਦੇ ਜੱਦੀ ਪਿੰਡ ਅਤਲਾ ਖੁਰਦ ਦੇ ਗੁਰੂਘਰ



ਵਿਖੇ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਕਰਵਾਇਆ ਜਾ ਰਿਹਾ ਹੈ। ਸਾਥੀ ਜਸਮੇਲ ਸਿੰਘ ਅਤਲਾ ਦਾ ਮਿੱਠ ਬੋਲੜਾ ਸੁਭਾਅ, ਹਰੇਕ ਦੇ ਦੁੱਖ ਦਰਦ ਨੂੰ ਮਹਿਸੂਸ ਕਰਨ ਦਾ ਜਜ਼ਬਾ, ਆਪਣੇ ਚੰਗੇ ਮਾੜੇ ਦੀ ਪ੍ਰਵਾਹ ਨਾ ਕਰਦੇ ਜਬਰ ਜ਼ੁਲਮ ਖਿਲਾਫ ਅਵਾਜ਼ ਬੁਲੰਦ ਕਰਨ ਦਾ ਹੁਨਰ, ਉਸ ਨੂੰ ਦੂਜਿਆਂ ਤੋਂ ਅਲੱਗ ਤੇ ਵਿਲੱਖਣਤਾ ਬਖਸ਼ਦਾ ਸੀ, ਸਾਥੀ ਜਸਮੇਲ ਦਾ ਨਾਮ ਮੁਲਾਜ਼ਮ ਲਹਿਰ ਦੇ ਅਸਮਾਨ ਵਿੱਚ ਸਦਾ ਧਰੂ ਤਾਰੇ ਵਾਂਗ ਚਮਕਦਾ ਰਹੇਗਾ।ਉਨ੍ਹਾਂ ਦੀ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਵਿੱਚ ਵੱਖ-ਵੱਖ ਸਿਆਸੀ, ਸਮਾਜਿਕ, ਧਾਰਮਿਕ ਤੇ ਜਨਤਕ ਜਥੇਬੰਦੀਆਂ ਦੇ ਆਗੂ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕਰਨਗੇ।

# ਵਰਲਡ ਯੂਨੀਵਰਸਿਟੀ ਦੀ ਗਤਕਾ ਟੀਮ ਨੇ ਜਿੱਤਿਆ ਗੋਲਡ ਕੱਪ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਦੀ ਗਤਕਾ ਟੀਮ ਨੇ ਗਤਕਾ ਗੋਲਡ ਕੱਪ ਫਰੀਦਕੋਟ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਸਿੱਖ ਮਾਰਸ਼ਲ ਆਰਟ ਗਤਕੇ ਦੀ ਸਿਖਲਾਈ ਤੇ ਪ੍ਰਚਾਰ-ਪ੍ਰਸਾਰ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਤੇ ਡਾ. ਐੱਸ. ਪੀ. ਸਿੰਘ ਓਬਰਾਏ ਦੇ ਸਹਿਯੋਗ ਨਾਲ ਪਿਛਲੇ ਸੱਤ ਸਾਲਾਂ ਤੋਂ ਸਰੀਰਕ ਸਿੱਖਿਆ ਤੇ ਖੇਡ ਟੈਕਨੋਲੋਜੀ ਵਿਭਾਗ ਵਿੱਚ ਇੱਕ ਸਾਲਾ ਡਿਪਲੋਮਾ ਕੋਰਸ ਚਲਾਇਆ ਜਾ ਰਿਹਾ ਹੈ, ਜਿਸ ਦੀ ਸਮੁੱਚੀ ਫੀਸ ਟਰੱਸਟ ਵੱਲੋਂ ਅਦਾ ਕੀਤੀ ਜਾਂਦੀ ਹੈ।ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ-2026 ਮੌਕੇ ਜ਼ਿਲ੍ਹਾ ਗਤਕਾ ਐਸੋਸੀਏਸ਼ਨ ਫਰੀਦਕੋਟ ਵੱਲੋਂ ਸਰਕਾਰੀ ਬਰਜਿੰਦਰਾ ਕਾਲਜ, ਫਰੀਦਕੋਟ ਵਿਖੇ ਕਰਵਾਏ ਗਏ ਇਸ ਮੁਕਾਬਲੇ ਵਿੱਚ ਪੰਜਾਬ ਭਰ ਦੀਆਂ ਵੱਖ-ਵੱਖ ਗਤਕਾ ਟੀਮਾਂ ਨੇ ਭਾਗ ਲਿਆ।ਜੇਤੂ ਟੀਮ ਨੂੰ ਸਰਬਜੀਤ ਸਿੰਘ ਖਾਲਸਾ, ਮੈਂਬਰ ਪਾਰਲੀਮੈਂਟ, ਕੁਲਤਾਰ ਸਿੰਘ ਬਰਾੜ, ਚੇਅਰਮੈਨ ਜ਼ਿਲ੍ਹਾ ਗਤਕਾ ਐਸੋਸੀਏਸ਼ਨ ਫਰੀਦਕੋਟ ਤੇ ਮੱਘਰ ਸਿੰਘ, ਪ੍ਰਧਾਨ ਗਤਕਾ ਐਸੋਸੀਏਸ਼ਨ ਫਰੀਦਕੋਟ ਵੱਲੋਂ ਟਰਾਫੀ ਤੇ 21,000 ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ।ਗਤਕਾ ਕੋਚ ਤਲਵਿੰਦਰ ਸਿੰਘ ਨੇ ਦੱਸਿਆ ਕਿ ਸੱਭਿਆਚਾਰਕ ਪ੍ਰੋਗਰਾਮਾਂ ਦੌਰਾਨ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਯੂਨੀਵਰਸਿਟੀ ਦੀ ਟੀਮ ਨੇ ਸਿੱਖ ਮਾਰਸ਼ਲ ਆਰਟ ਗਤਕੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ।ਵਿਭਾਗ ਦੇ ਮੁਖੀ ਡਾ. ਵਰਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਯੂਨੀਵਰਸਿਟੀ ਦੀ ਗਤਕਾ ਟੀਮ ਪਿਛਲੇ ਚਾਰ ਸਾਲਾਂ ਤੋਂ ਆਲ ਇੰਡੀਆ ਇੰਟਰ-ਯੂਨੀਵਰਸਿਟੀ ਗਤਕਾ ਚੈਂਪੀਅਨਸ਼ਿਪ ਵਿੱਚ ਵੀ ਆਪਣੀ ਮਜ਼ਬੂਤ ਹਾਜ਼ਰੀ ਦਰਜ ਕਰਵਾ ਰਹੀ ਹੈ।ਉਨ੍ਹਾਂ ਟੀਮ ਦੀ ਇਸ ਪ੍ਰਾਪਤੀ 'ਤੇ ਖਿਡਾਰੀਆਂ ਤੇ ਕੋਚ ਨੂੰ ਵਧਾਈ ਦਿੱਤੀ।

## ਸੁੰਦਰੀ ਗਰਲਜ਼ ਕਾਲਜ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲੜਕੀਆਂ ਦੀ ਸਿੱਖਿਆ ਨੂੰ ਸਮਰਪਿਤ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੇ ਬੀ.ਸੀ.ਏ ਭਾਗ ਦੂਜਾ ਸਮੈਸਟਰ ਤੀਜੇ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ।ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਅਤੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਖੁਸ਼ੀ ਪ੍ਰਗਟ ਕਰਦੇ ਹੋਏ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਸ਼ਾਨਦਾਰ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ, ਕਿ ਇਹ ਸੰਸਥਾ ਹਮੇਸ਼ਾ ਤੋਂ ਧੀਆਂ ਦੇ ਉਜਵਲ ਭਵਿੱਖ ਲਈ ਵਚਨਬੱਧ ਰਹੇਗੀ।ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਕਿਹਾ ਕਿ ਜਿੱਥੇ ਸੰਸਥਾ ਸਹਿ-ਵਿਦਿਅਕ ਗਤੀਵਿਧੀਆਂ ਨੂੰ ਤਰਜੀਹ ਦਿੰਦੀ ਹੈ, ਉੱਥੇ ਹੀ ਇਸ ਸ਼ਾਨਦਾਰ ਨਤੀਜੇ ਨੇ, ਇਸ ਗੱਲ ਉੱਪਰ ਮੋਹਰ ਲਗਾ ਦਿੱਤੀ ਹੈ ਕਿ ਅਕਾਦਮਿਕ ਪੱਖੋਂ ਵੀ ਇਹ ਸੰਸਥਾ ਬੁਲੰਦੀਆਂ ਛੋਹ ਰਹੀ ਹੈ। ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ. ਰਣਜੀਤ ਕੌਰ ਨੇ ਦੱਸਿਆ ਕਿ ਹਰਪ੍ਰੀਤ ਕੌਰ ਪੁੱਤਰੀ ਗੁਰਮੇਲ ਸਿੰਘ ਨੇ 82.71% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਰਮਨਪ੍ਰੀਤ ਕੌਰ ਪੁੱਤਰੀ ਬਲਜਿੰਦਰ ਸਿੰਘ ਨੇ 81.14% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਨਵਜੋਤ ਕੌਰ ਪੁੱਤਰੀ ਨਿਰਭੈ ਸਿੰਘ ਨੇ 79.8% ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜਾਨਚੀ ਮੈਡਮ ਪ੍ਰਸ਼ੋਤਮ ਕੌਰ ਅਤੇ ਦ ਪੋਲਰ ਸਟਾਰ ਸਕੂਲ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਕਾਰਗੁਜ਼ਾਰੀ 'ਤੇ ਮੁਬਾਰਕਬਾਦ ਦਿੱਤੀ।

ਇਸ ਮੌਕੇ ਕਾਲਜ ਦੇ ਸੀਨੀਅਰ ਪ੍ਰੋ. ਜਸਵਿੰਦਰ ਸਿੰਘ, ਸੀਨੀਅਰ ਪ੍ਰੋ. ਰਵਿੰਦਰ ਸ਼ਰਮਾ, ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਕਿਰਨ ਖਾਂਨ, ਪ੍ਰੋ. ਅਮਨਦੀਪ ਕੌਰ ਕੰਪਿਊਟਰ ਸਾਇੰਸ, ਪ੍ਰੋ.ਸਵਰਾਜਦੀਪ ਕੌਰ, ਆਦਿ ਹਾਜ਼ਰ ਸਨ।

## ਹੋਲੀ ਹਾਰਟ ਸਕੂਲ ਵਿਖੇ ਪੰਜਾਬੀ ਦਿਵਸ ਉਤਸ਼ਾਹ ਨਾਲ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ, ਅਜੀਤਵਾਲ ਵਿਖੇ ਮਾਂ ਬੋਲੀ ਪੰਜਾਬੀ ਦੀ ਮਹੱਤਤਾ, ਅਮੀਰ ਸੱਭਿਆਚਾਰ ਅਤੇ ਮਾਣਮੱਤੇ ਇਤਿਹਾਸ ਨੂੰ ਸਮਰਪਿਤ ਪੰਜਾਬੀ ਦਿਵਸ ਬੜੀ ਧੂਮਧਾਮ, ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਖ਼ਾਸ ਸਮਾਗਮ ਦਾ ਮੁੱਖ ਮਨੋਰਥ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ, ਮਾਂ ਬੋਲੀ ਅਤੇ ਪੰਜਾਬੀ ਵਿਰਸੇ ਨਾਲ ਜੋੜਨਾ ਸੀ। ਸਮਾਗਮ ਦੀ ਸ਼ੁਰੂਆਤ ਸਕੂਲ ਦੀ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਦੀ ਸ਼ਾਨ ਵਿੱਚ ਪ੍ਰੇਰਨਾਦਾਇਕ ਵਿਚਾਰ ਅਤੇ ਕਵਿਤਾਵਾਂ ਪੇਸ਼ ਕੀਤੀਆਂ।ਇਸ ਤੋਂ ਬਾਅਦ ਸਕੂਲ ਕੈਂਪਸ ਵਿੱਚ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।ਸਮਾਗਮ ਦੌਰਾਨ ਵਿਦਿਆਰਥੀਆਂ ਦੇ ਗਿਆਨ ਅਤੇ ਰਚਨਾਤਮਿਕਤਾ ਨੂੰ ਪਰਖਣ ਲਈ ਕਈ ਮੁਕਾਬਲੇ ਕਰਵਾਏ ਗਏ, ਜਿਵੇਂ ਕਿ ਸੁੰਦਰ ਲਿਖਾਈ ਮੁਕਾਬਲਾ, ਪੰਜਾਬੀ ਕਵਿਤਾ ਉਚਾਰਨ, ਭਾਸ਼ਣ ਮੁਕਾਬਲਾ, ਅਤੇ ਪੰਜਾਬੀ ਸਾਹਿਤ ਤੇ ਵਿਰਸੇ ਨਾਲ ਸਬੰਧਤ ਪ੍ਰਸ਼ਨੋਤਰੀ (ਕੁਇਜ਼) ਮੁਕਾਬਲਾ।ਇਹਨਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਕੂਲ ਪ੍ਰਬੰਧਕ ਚੇਅਰਮੈਨ ਸੁਭਾਸ਼ ਪਲਤਾ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ, ਰਮਨ ਅਰੋੜਾ ਅਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

## 10 ਗ੍ਰਾਮ ਹੈਰੋਇਨ ਸਮੇਤ ਔਰਤ ਕਾਬੂ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਥਾਣਾ ਸਿਟੀ ਸੁਨਾਮ ਦੀ ਪੁਲਸ ਨੇ ਇੱਕ ਔਰਤ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਦਾ ਦਾਅਵਾ ਕੀਤਾ ਹੈ।ਜਾਣਕਾਰੀ ਮੁਤਾਬਕ ਥਾਣਾ ਸਿਟੀ ਸੁਨਾਮ ਦੇ ਏਐੱਸਆਈ ਦੀਪਇੰਦਰ ਸਿੰਘ 3703/ਪੀਬੀਆਈ ਦੀ ਅਗਵਾਈ ਹੇਠ ਪੁਲਸ ਪਾਰਟੀ ਗਸ਼ਤ ਤੇ ਚੈਕਿੰਗ ਦੌਰਾਨ ਮੌਜੂਦ ਸੀ।

ਇਸ ਦੌਰਾਨ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਮੁਲਜ਼ਮ ਅਮਰੋ ਪਤਨੀ ਗਾਂਧੀ ਪੁੱਤਰ ਇੰਦਰ ਸਿੰਘ, ਵਾਸੀ ਬਾਹਰਲਾ ਵਿਹੜਾ ਇੰਦਰਾ ਬਸਤੀ ਸੁਨਾਮ ਖ਼ਿਲਾਫ਼ ਮੁਕੱਦਮਾ ਥਾਣਾ ਸਿਟੀ ਵਿਖੇ ਦਰਜ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਮੁਲਜ਼ਮ ਦੇ ਕਬਜ਼ੇ 'ਚੋਂ 10 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ।

# ਪੀ ਏ ਯੂ ਦੇ ਵਿਦਿਆਰਥੀਆਂ ਨੇ ਕਿਸਾਨਾਂ ਤੇ ਔਰਤਾਂ ਨੂੰ ਕੀਤਾ ਜਾਗਰੂਕ



**ਲੁਧਿਆਣਾ (ਰੈਕਟਰ ਕਥੂਰੀਆ)**

ਪੀ.ਏ.ਯੂ. ਦੇ ਪਸਾਰ ਸਿੱਖਿਆ ਵਿਭਾਗ ਵੱਲੋਂ ਰਾਵੇ ਪ੍ਰੋਗਰਾਮ ਅਧੀਨ ਬਲਾਕ ਪੱਖੋਵਾਲ ਦੇ ਪਿੰਡ ਦੋਨੋਂ ਕਲਾਂ ਤੇ ਢੈਪਈ ਵਿਖੇ ਬੀ ਐੱਸ ਸੀ ਖੇਤੀਬਾੜੀ (ਆਨਰਜ਼) ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ। ਇਸ ਦੌਰਾਨ ਪਿੰਡ ਦੇ ਕਿਸਾਨਾਂ ਨੂੰ ਭੂਮੀ ਤੇ ਪਾਣੀ ਪਰਖ ਦੀ ਮਹੱਤਤਾ ਤੋਂ ਜਾਣੂੰ ਕਰਾਉਣ ਲਈ ਵਿਸ਼ੇਸ਼ ਸਮਾਰੋਹ ਕੀਤੇ ਗਏ। ਇਸਦੇ ਨਾਲ ਹੀ 50 ਦੇ ਕਰੀਬ ਔਰਤਾਂ ਲਈ ਇਕ ਰੋਜ਼ਾ ਸਿਖਲਾਈ ਕੈਂਪ ਲਾਇਆ ਗਿਆ। ਸਰੋਤ ਪ੍ਰਬੰਧਨ ਤੇ ਖਪਤਕਾਰ ਵਿਗਿਆਨ ਵਿਭਾਗ ਦੇ ਮਾਹਰ ਡਾ. ਸ਼ਿਵਾਨੀ ਰਾਣਾ ਨੇ ਔਰਤਾਂ ਨੂੰ ਵੱਖ-ਵੱਖ ਤਰੀਕਿਆਂ ਦੀ ਮੋਮਬੱਤੀਆਂ ਬਣਾਉਣ ਦੇ ਤਰੀਕੇ ਦੱਸੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਿੱਤਿਆਂ ਨਾਲ ਪਰਿਵਾਰ ਦੀ ਆਮਦਨ ਵਿਚ ਵਾਧਾ ਕੀਤਾ ਜਾ ਸਕਦਾ ਹੈ। ਵਿਦਿਆਰਥੀਆਂ ਨੇ ਕਿਸਾਨਾਂ ਨੂੰ ਭੂਮੀ ਤੇ ਪਾਣੀ ਪਰਖ ਬਾਰੇ ਪੀ.ਏ.ਯੂ. ਦੀਆਂ ਸਿਫ਼ਾਰਸ਼ਾਂ ਸੰਬੰਧੀ ਵਿਸਥਾਰ ਨਾਲ ਦੱਸਦਿਆਂ ਨਮੂਨੇ ਲੈਣ ਦੇ ਢੰਗਾਂ ਦੀ ਜਾਣਕਾਰੀ ਦਿੱਤੀ। ਨਾਲ ਹੀ ਉਨ੍ਹਾਂ ਨੇ ਭੂਮੀ ਵਿਚ ਪੋਸ਼ਕ ਤੱਤਾਂ ਦੀ ਪਰਖ, ਉਨ੍ਹਾਂ ਦੀ ਸੰਭਾਲ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਕਿਸਾਨਾਂ ਨੂੰ ਨਮੂਨਿਆਂ ਦੇ ਨਤੀਜੇ ਦੇਖਣ ਲਈ ਆਨਲਾਈਨ ਢੰਗ ਵੀ ਦੱਸੇ ਗਏ। ਇਸੇ ਸਮਾਗਮ ਦੇ ਹਿੱਸੇ ਵਜੋਂ ਪਾਣੀ ਪਰਖ ਕਿੱਟਾਂ ਕਿਸਾਨਾਂ ਨੂੰ ਵੰਡੀਆਂ ਗਈਆਂ। ਇਸ ਤੋਂ ਬਿਨਾਂ ਧਾਤਾਂ ਦਾ ਚੂਰਾ ਤੇ ਸਬਜ਼ੀਆਂ ਦੀਆਂ ਕਿੱਟਾਂ ਵੀ ਕਿਸਾਨਾਂ ਤੱਕ ਪਹੁੰਚਾਈਆਂ ਗਈਆਂ। ਸਮਾਰੋਹ ਵਿਚ ਸ਼ਾਮਲ ਹੋਈਆਂ ਔਰਤਾਂ ਨੂੰ ਉਨ੍ਹਾਂ ਦੇ ਕਾਰਜ ਨਾਲ ਸੰਬੰਧਤ ਖੇਤੀ ਸਾਹਿਤ ਵੀ ਵੰਡਿਆ ਗਿਆ। ਇਸ ਸਮਾਰੋਹ ਦੇ ਇੰਚਾਰਜ ਡਾ. ਲਖਵਿੰਦਰ ਕੌਰ ਨੇ ਦੋਵਾਂ ਸਮਾਗਮਾਂ ਵਿੱਚ ਸ਼ਾਮਲ ਹੋਣ ਵਾਲੇ ਮਾਹਿਰਾਂ, ਕਿਸਾਨਾਂ ਤੇ ਔਰਤਾਂ ਦਾ ਸਵਾਗਤ ਕੀਤਾ। ਪਸਾਰ ਮਾਹਿਰ ਡਾ. ਧਰਮਿੰਦਰ ਸਿੰਘ ਨੇ ਅੰਤ ਵਿਚ ਸਭ ਦਾ ਧੰਨਵਾਦ ਕਰਦਿਆਂ ਪੀ.ਏ.ਯੂ. ਦੀਆਂ ਵਿਗਿਆਨਕ ਖੇਤੀ ਸੰਬੰਧੀ ਸਿਫ਼ਾਰਸ਼ਾਂ ਅਪਨਾਉਣ ਦੀ ਪੇਂਡੂਆਂ ਨੂੰ ਅਪੀਲ ਕੀਤੀ।

# ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਇਲਾਕੇ 'ਚ ਦਹਿਸ਼ਤ

**ਪੁਲਸ ਪ੍ਰਸ਼ਾਸਨ ਹਰਕਤ 'ਚ, ਸਥਿਤੀ ਕਾਬੂ ਹੇਠ**



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ 'ਚ ਸਕੂਲ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਈਮੇਲ ਮਿਲਣ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਸਕੂਲ ਦੀ ਅਧਿਕਾਰਤ ਈਮੇਲ ਆਈਡੀ 'ਤੇ ਭੇਜੀ ਗਈ ਇਸ ਧਮਕੀ ਤੋਂ ਬਾਅਦ ਵਿਦਿਆਰਥੀਆਂ, ਮਾਪਿਆਂ ਤੇ ਸਕੂਲ ਪ੍ਰਬੰਧਕਾਂ ਵਿੱਚ ਚਿੰਤਾ ਤੇ ਡਰ ਦਾ ਮਾਹੌਲ ਬਣ ਗਿਆ ਹੈ। ਈਮੇਲ ਰਾਹੀਂ ਧਮਕੀ ਮਿਲਣ ਦੀ ਸੂਚਨਾ ਤੁਰੰਤ ਪੁਲਸ ਪ੍ਰਸ਼ਾਸਨ ਨੂੰ ਦਿੱਤੀ ਗਈ, ਜਿਸ ਤੋਂ ਬਾਅਦ ਪੁਲਸ ਵਿਭਾਗ ਪੂਰੀ ਤਰ੍ਹਾਂ ਹਰਕਤ ਵਿੱਚ ਆ ਗਿਆ। ਸੁਰੱਖਿਆ ਦੇ ਮੱਦੇਨਜ਼ਰ ਪੁਲਸ ਦੀਆਂ ਵੱਖ-ਵੱਖ ਟੀਮਾਂ, ਬੰਬ ਨਿਰੋਧਕ ਦਸਤੇ ਤੇ ਡੌਗ ਸਕੁਆਇਡ ਵੱਲੋਂ ਤੁਰੰਤ ਮੌਕੇ 'ਤੇ ਪਹੁੰਚ ਕੇ ਸਕੂਲ ਕੰਪਲੈਕਸ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਪੁਲਸ ਵੱਲੋਂ ਸਕੂਲ ਦੇ ਕੋਨੇ-ਕੋਨੇ, ਕਲਾਸਰੂਮਾਂ ਤੇ ਆਲੇ-ਦੁਆਲੇ ਦੇ ਖੇਤਰ ਦੀ ਚੱਪੇ-ਚੱਪੇ ਤੋਂ ਤਲਾਸ਼ੀ ਲਈ ਗਈ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਸੁਚੱਜੀ ਜਾਂਚ ਤੇ ਤਲਾਸ਼ੀ ਅਭਿਆਨ ਤੋਂ ਬਾਅਦ ਪੁਲਸ ਦੇ ਉੱਚ ਅਧਿਕਾਰੀਆਂ ਨੇ ਸਥਿਤੀ ਨੂੰ ਪੂਰੀ ਤਰ੍ਹਾਂ ਸਥਿਰ ਤੇ ਕਾਬੂ ਹੇਠ ਦੱਸਿਆ। ਪੁਲਸ ਅਧਿਕਾਰੀਆਂ ਮੁਤਾਬਕ ਅਜਿਹੀਆਂ ਧਮਕੀਆਂ ਅਕਸਰ ਸ਼ਰਾਰਤੀ ਅਨਸਰਾਂ ਵੱਲੋਂ ਆਮ ਜਨਤਾ ਵਿੱਚ ਦਹਿਸ਼ਤ, ਅਫ਼ਵਾਹਾਂ ਤੇ ਪੈਨਿਕ (ਘਬਰਾਹਟ) ਪੈਦਾ ਕਰਨ ਦੇ ਮਕਸਦ ਨਾਲ ਦਿੱਤੀਆਂ ਜਾਂਦੀਆਂ ਹਨ।

ਪੁਲਸ ਅਧਿਕਾਰੀ ਨੇ ਆਮ ਲੋਕਾਂ ਤੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਪੰਜਾਬ ਪੁਲਸ ਨਾਗਰਿਕਾਂ ਤੇ ਬੱਚਿਆਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਅਜਿਹੀਆਂ ਧਮਕੀਆਂ ਨਾਲ ਨਜਿੱਠਣ ਲਈ ਹਰ ਸੰਭਵ ਤੇ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ। ਫ਼ਿਲਹਾਲ ਪੁਲਸ ਦੇ ਸਾਇਬਰ ਸੈੱਲ ਵੱਲੋਂ ਇਹ ਪਤਾ ਲਗਾਉਣ ਦੀ ਗੰਭੀਰਤਾ ਨਾਲ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਧਮਕੀ ਭਰੀ ਈਮੇਲ ਕਿੱਥੋਂ ਤੇ ਕਿਸ ਆਈ.ਪੀ. ਐਡਰੈੱਸ ਤੋਂ ਭੇਜੀ ਗਈ ਹੈ। ਪੁਲਸ ਮੁਤਾਬਕ ਈਮੇਲ ਦੇ ਅਸਲ ਸਰੋਤ (ਸੋਰਸ) ਦੀ ਪਛਾਣ ਕੀਤੀ ਜਾ ਰਹੀ ਹੈ ਤੇ ਜਾਂਚ ਦੇ ਆਧਾਰ 'ਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਕੁੱਲ ਹਿੰਦ ਕਿਸਾਨ ਮਹਾਂ ਸਭਾ ਦਾ ਕੇਂਦਰੀ ਅਜਲਾਸ ਸਫ਼ਲਤਾਪੂਰਵਕ ਸੰਪੰਨ

### *147 ਮੈਂਬਰੀ ਕੇਂਦਰੀ ਕਮੇਟੀ ਦੀ ਚੋਣ, ਪੰਜਾਬ ਨੂੰ ਵੱਡੀ ਪ੍ਰਤੀਨਿਧਤਾ ਹੋਈ ਹਾਸਲ*

**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਕਿਸਾਨ ਮਹਾਂ ਸਭਾ ਦਾ ਦੋ ਰੋਜ਼ਾ ਕੇਂਦਰੀ ਅਜਲਾਸ 20-21 ਸਤੰਬਰ ਨੂੰ ਜਲੰਧਰ ਵਿਖੇ ਸ਼ਾਨਦਾਰ ਸਫ਼ਲਤਾ ਨਾਲ ਸੰਪੰਨ ਹੋ ਗਿਆ। ਅਜਲਾਸ 'ਚ 20 ਰਾਜਾਂ ਤੋਂ ਡੈਲੀਗੇਟਾਂ ਨੇ ਭਾਗ ਲਿਆ।ਇਸ ਮੌਕੇ ਜਥੇਬੰਦੀ ਦੀ ਮਜ਼ਬੂਤੀ ਤੇ ਅਗਲੇ ਟੀਚਿਆਂ ਨੂੰ ਮੁੱਖ ਰੱਖਦਿਆਂ ਸਰਬਸੰਮਤੀ ਨਾਲ ਡਾ. ਸਤਨਾਮ ਸਿੰਘ ਅਜਨਾਲਾ ਨੂੰ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਕੇਂਦਰੀ ਪ੍ਰਧਾਨ ਤੇ ਪ੍ਰਸ਼ੋਤਮ ਸ਼ਰਮਾ ਨੂੰ ਸਕੱਤਰ ਚੁਣਿਆ ਗਿਆ।ਅਜਲਾਸ ਦੌਰਾਨ 147 ਮੈਂਬਰੀ ਨਵੀਂ ਕੇਂਦਰੀ ਕਮੇਟੀ ਤੇ 57 ਮੈਂਬਰੀ ਕੌਮੀ ਕਾਰਜਕਾਰਨੀ ਦੀ ਚੋਣ ਵੀ ਕੀਤੀ ਗਈ, ਜਿਸ 'ਚ ਪੰਜਾਬ ਨੂੰ ਭਰਵੀਂ ਪ੍ਰਤੀਨਿਧਤਾ ਦਿੰਦਿਆਂ ਖਾਸ ਤੌਰ 'ਤੇ 22 ਮੈਂਬਰ ਸ਼ਾਮਲ ਕੀਤੇ ਗਏ।ਆਲ ਇੰਡੀਆ ਦੇ ਪਹਿਲੇ ਪ੍ਰਧਾਨ ਰੁਲਦੂ ਸਿੰਘ ਮਾਨਸਾ ਨੂੰ ਫਾਊਂਡਰ ਮੈਂਬਰ ਵਜੋਂ ਰਾਸ਼ਟਰੀ ਕਾਰਜਕਾਰਨੀ 'ਚ ਲਿਆ ਗਿਆ।ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਆਲ ਇੰਡੀਆ ਕਿਸਾਨ ਮਹਾਂ ਸਭਾ ਦੇ ਕੇਂਦਰੀ ਕਮੇਟੀ ਮੈਂਬਰ ਗੁਰਜੰਟ ਸਿੰਘ ਮਾਨਸਾ, ਗੁਰਨਾਮ ਸਿੰਘ ਭੀਖੀ, ਗੋਰਾ ਸਿੰਘ ਭੈਣੀ ਬਾਘਾ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਮੌਜੂਦਾ ਹਾਲਾਤਾਂ 'ਚ ਲੋਕ ਵਿਰੋਧੀ ਨੀਤੀਆਂ ਦਾ ਟਾਕਰਾ ਕਰਨ ਲਈ ਅਜਿਹੇ ਅਜਲਾਸ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਆਸ ਪ੍ਰਗਟਾਈ ਕਿ ਨਵੀਂ ਚੁਣੀ ਗਈ ਕਮੇਟੀ ਆਮ ਲੋਕਾਂ ਤੇ ਕਿਸਾਨਾਂ ਦੇ ਹੱਕਾਂ ਲਈ ਸੰਘਰਸ਼ਾਂ ਨੂੰ ਹੋਰ ਪ੍ਰਚੰਡ ਕਰੇਗੀ।

ਉਨ੍ਹਾਂ ਖੱਬੇਪੱਖੀ ਕਾਫ਼ਲੇ 'ਚੋਂ ਸਦਾ ਲਈ ਵਿੱਛੜ ਗਏ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਵੀ ਕੀਤਾ।ਆਗੂਆਂ ਨੇ ਅਜਲਾਸ ਨੂੰ ਸਫ਼ਲ ਬਣਾਉਣ ਲਈ ਤਨਦੇਹੀ ਨਾਲ ਜੁਟੇ ਸਮੂਹ ਵਰਕਰਾਂ, ਸਮੱਰਥਕਾਂ ਤੇ ਭਰਾਤਰੀ ਜਥੇਬੰਦੀਆਂ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ ਹੈ, ਜਿਨ੍ਹਾਂ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦਿੰਦਿਆਂ ਸਮਾਗਮ ਨੂੰ ਇਤਿਹਾਸਕ ਬਣਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡੀ।

# ਫਰੀਦਕੋਟ-ਕੋਟਕਪੂਰਾ ਸੜਕ 'ਤੇ ਆਰਜ਼ੀ ਪੁਲ ਢਿੱਠਾ, ਆਵਾਜਾਈ ਠੱਪ

**ਬੈਰੀਕੇਡਿੰਗ ਦੀ ਘਾਟ ਕਾਰਨ ਵੱਡੇ ਹਾਦਸੇ ਦਾ ਖ਼ਤਰਾ ਵਧਿਆ**



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਫਰੀਦਕੋਟ-ਕੋਟਕਪੂਰਾ ਸੜਕ 'ਤੇ ਸੇਮ ਡਰੇਨ 'ਤੇ ਨਿਰਮਾਣ ਅਧੀਨ ਪੁਲ ਦੇ ਨੇੜੇ ਬਣਾਇਆ ਗਿਆ ਅਸਥਾਈ (ਆਰਜ਼ੀ) ਪੁਲ ਕੱਲ੍ਹ ਅਚਾਨਕ ਡਿੱਗ ਗਿਆ।ਖੁਸ਼ਕਿਸਮਤੀ ਨਾਲ, ਇੱਕ ਵੱਡਾ ਹਾਦਸਾ ਟਲ ਗਿਆ, ਜਿਸ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।ਹਾਲਾਂਕਿ, ਡਿੱਗਣ ਨਾਲ ਇਸ ਵਿਅਸਤ ਸੜਕ 'ਤੇ ਵਾਹਨਾਂ ਦੀ ਆਵਾਜਾਈ ਪੂਰੀ ਤਰ੍ਹਾਂ ਠੱਪ ਹੋ ਗਈ ਹੈ, ਜਿਸ ਨਾਲ ਜਨਤਾ ਤੇ ਪੈਦਲ ਚੱਲਣ ਵਾਲਿਆਂ ਨੂੰ ਕਾਫ਼ੀ ਪਰੇਸ਼ਾਨੀ ਹੋਈ ਹੈ।

ਪੁਲ ਬੰਦ ਹੋਣ ਕਾਰਨ ਕੋਟਕਪੂਰਾ ਤੋਂ ਜਾਣ ਵਾਲੇ ਵਾਹਨ ਹੁਣ ਫਰੀਦਕੋਟ ਪਹੁੰਚਣ ਲਈ ਰਾਸ਼ਟਰੀ ਰਾਜਮਾਰਗ ਰਾਹੀਂ ਲੰਮਾ ਚੱਕਰ ਲਗਾਉਣ ਲਈ ਮਜਬੂਰ ਹਨ ਜਾਂ ਪਿੰਡ ਵੀਰੇਵਾਲਾ ਦੀਆਂ ਤੰਗ ਸੜਕਾਂ 'ਤੇ ਜਾਣ ਲਈ ਮਜਬੂਰ ਹਨ।ਸੜਕ ਬੰਦ ਹੋਣ ਬਾਰੇ ਲੋੜੀਂਦੀ ਜਾਣਕਾਰੀ ਦੀ ਘਾਟ ਕਾਰਨ, ਅੱਜ ਇਸ ਛੋਟੀ ਤੇ ਤੰਗ ਪੇਂਡੂ ਸੜਕ 'ਤੇ ਇੱਕ ਬੱਸ ਅਚਾਨਕ ਫਸ ਗਈ।ਇਨ੍ਹੀਂ ਦਿਨੀਂ, ਗਣੇਸ਼ ਉਤਸਵ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ ਤੇ ਸ਼ਰਧਾਲੂ ਗਣੇਸ਼ ਵਿਸਰਜਨ ਦੀਆਂ ਤਿਆਰੀਆਂ ਵਿੱਚ ਰੁੱਝੇ ਹੋਏ ਹਨ।ਕੋਟਕਪੂਰਾ ਵਾਲੇ ਪਾਸੇ ਤੋਂ ਮੂਰਤੀ ਵਿਸਰਜਨ ਲਈ ਫਰੀਦਕੋਟ ਜਾਣ ਵਾਲੇ ਲੋਕਾਂ ਨੂੰ ਸੜਕ ਬੰਦ ਹੋਣ ਕਾਰਨ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹਾਈਵੇਅ ਰਾਹੀਂ ਲੰਬੀ ਦੂਰੀ ਦੀ ਯਾਤਰਾ ਕਰਨਾ ਸਮਾਂ ਬਰਬਾਦ ਕਰਨ ਵਾਲਾ ਤੇ ਥਕਾਵਟ ਵਾਲਾ ਸਾਬਤ ਹੋ ਰਿਹਾ ਹੈ।ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਨੇ ਇਸ ਟੁੱਟੀ ਸੜਕ 'ਤੇ ਕੋਈ ਢੁਕਵੇਂ ਬੈਰੀਕੇਡ ਨਹੀਂ ਲਗਾਏ ਹਨ।ਇਹ ਸਿਰਫ਼ ਰਸਮੀ ਕਾਰਵਾਈ ਇਸ ਖੇਤਰ ਨੂੰ ਰਾਤ ਨੂੰ ਜਾਂ ਤੇਜ਼ ਰਫ਼ਤਾਰ ਵਾਹਨਾਂ ਲਈ ਵੱਡੇ ਹਾਦਸਿਆਂ ਦਾ ਸ਼ਿਕਾਰ ਬਣਾ ਰਹੀ ਹੈ।ਜੇਕਰ ਸਮੇਂ ਸਿਰ ਸਹੀ ਸਾਈਨ ਬੋਰਡ ਤੇ ਬੈਰੀਕੇਡ ਨਾ ਲਗਾਏ ਗਏ, ਤਾਂ ਕਿਸੇ ਵੀ ਸਮੇਂ ਕੁਝ ਅਣਸੁਖਾਵਾਂ ਵਾਪਰ ਸਕਦਾ ਹੈ।ਸਥਾਨਕ ਨਿਵਾਸੀਆਂ ਨੇ ਮੰਗ ਕੀਤੀ ਹੈ ਕਿ ਕੰਕਰੀਟ ਦੇ ਪੁਲ ਦੇ ਪੂਰਾ ਹੋਣ ਤੱਕ ਇੱਕ ਸੁਰੱਖਿਅਤ ਵਿਕਲਪਿਕ ਰਸਤਾ ਸਥਾਪਤ ਕੀਤਾ ਜਾਵੇ ਤੇ ਦੁਰਘਟਨਾ ਵਾਲੇ ਖੇਤਰਾਂ ਵਿੱਚ ਤੁਰੰਤ ਬੈਰੀਕੇਡਿੰਗ ਤੇ ਲਾਈਟਿੰਗ ਲਗਾਈ ਜਾਵੇ।

## ਖ਼ੂਨਦਾਨ ਕੈਂਪ ਦੌਰਾਨ 615 ਯੂਨਿਟ ਬਲੱਡ ਇਕੱਤਰ : ਢਿੱਲੋਂ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਬਾਬਾ ਫਰੀਦ ਦੇ ਆਗਮਨ ਪੁਰਬ ਨੂੰ ਸਮਰਪਿਤ ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫੇਅਰ ਸੁਸਾਇਟੀ ਫ਼ਰੀਦਕੋਟ ਵੱਲੋਂ ਸ਼ੇਖ ਫਰੀਦ ਵੋਕੇਸ਼ਨਲ ਸੈਂਟਰ ਅਤੇ ਵੇਰਕਾ ਕੋਟਕਪੂਰਾ ਰੋਡ ਫਰੀਦਕੋਟ ਵਿੱਖੇ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਕੈਂਪ ਨੂੰ ਕੈਨੇਰਾ ਬੈਂਕ, ਰੋਟਰੀ ਕਲੱਬ, ਰੈੱਡ ਕ੍ਰਾਸ ਫ਼ਰੀਦਕੋਟ, ਖੁਰਮੀ ਜਵੈੱਲਰ,ਮਾਸੂਮ ਪ੍ਰਵਾਜ, ਸੀਰ ਸੋਸਾਇਟੀ, ਜਲ ਜੀਵਨ ਬਚਾਓ ਮੋਰਚਾ,ਗਿਆਨ ਹੌਂਡਾ ਜ਼ਿਮੀਦਾਰ ਟਰੈਕਟਰਜ਼ ਸੋਨਾਲੀਕਾ, ਵਿਵੇਕ ਆਸ਼ਰਮ ਜੈਤੋ, ਅਨੰਤ ਕੁਟੀਆ ਅਤੇ ਕਿਸਾਨ ਜਥੇਬੰਦੀਆਂ ਆਦਿ ਵੱਲੋਂ ਸਹਿਯੋਗ ਪ੍ਰਾਪਤ ਹੋਇਆ।ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਮਨੁੱਖਤਾ ਦੀ ਸੇਵਾ ਦੇ ਉੱਚੇ ਮਾਪਦੰਡ ਸਥਾਪਿਤ ਕਰਦੇ ਹਨ।ਪ੍ਰਧਾਨ ਗੁਰਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਕੈਂਪ ਦੌਰਾਨ 615 ਯੂਨਿਟ ਬਲੱਡ ਇਕੱਤਰ ਹੋਇਆ।

## 'ਮਾਨ ਦੇ ਮੁਨਾਫ਼ੇ' ਘਰ-ਘਰ ਪਹੁੰਚਾਉਣ ਲਈ ਦਲਬੀਰ ਗਿੱਲ ਨੇ ਵਿੱਢੀ ਮੁਹਿੰਮ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਮਾਨ ਸਰਕਾਰ ਦੀਆਂ ਇਤਿਹਾਸਕ ਲੋਕ-ਭਲਾਈ ਗਰੰਟੀਆਂ ਨੂੰ ਘਰ-ਘਰ ਪਹੁੰਚਾਉਣ ਲਈ ਸਮਾਜ ਸੇਵੀ ਦਲਬੀਰ ਗਿੱਲ ਯੂ ਕੇ ਨੇ ਸਾਥੀਆਂ ਸਮੇਤ ਘਨੌਰ ਤੋਂ ਵਿਸ਼ੇਸ਼ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ।ਇਸ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਪਿੰਡ ਦੇ ਪਤਵੰਤੇ ਸੱਜਣ ਮੌਜੂਦ ਰਹੇ।ਇਸ ਮੌਕੇ ਉਨ੍ਹਾਂ ਨਾਲ ਹੋਰ ਆਪ ਅਹੁਦੇਦਾਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਡੋਰ-ਟੂ-ਡੋਰ ਦੌਰੇ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਰਾਬਤਾ ਕਾਇਮ ਕਰਦਿਆਂ ਦਲਬੀਰ ਨੇ ਦੱਸਿਆ ਕਿ ਮਾਨ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਅੱਜ ਪੰਜਾਬ ਦੇ ਹਰੇਕ ਆਮ ਪਰਿਵਾਰ ਨੂੰ ਸਿੱਧਾ ਮੁਨਾਫ਼ਾ ਹੋ ਰਿਹਾ ਹੈ।ਉਨ੍ਹਾਂ ਘਰਾਂ ਵਿੱਚ ਜਾ ਕੇ ਲੋਕਾਂ ਨੂੰ ਦੱਸਿਆ ਕਿ ਜ਼ੀਰੋ ਬਿਜਲੀ ਬਿੱਲ, ਮਾਵਾਂ-ਧੀਆਂ ਨੂੰ ਵਿੱਤੀ ਸਹਾਇਤਾ, ਸਰਕਾਰੀ ਬੱਸਾਂ 'ਚ ਮੁਫ਼ਤ ਸਫ਼ਰ, ਸਰਕਾਰੀ ਸਕੂਲਾਂ 'ਚ ਮੁਫ਼ਤ ਕਿਤਾਬਾਂ-ਵਰਦੀਆਂ, ਮੁਫ਼ਤ ਰਾਸ਼ਨ ਅਤੇ ਆਮ ਆਦਮੀ ਕਲੀਨਿਕਾਂ ਰਾਹੀਂ ਮਿਲ ਰਹੀਆਂ ਮੁਫ਼ਤ ਸਿਹਤ ਸਹੂਲਤਾਂ ਨੇ ਆਮ ਪਰਿਵਾਰਾਂ ਦੀਆਂ ਜੇਬਾਂ 'ਤੇ ਪੈਣ ਵਾਲਾ ਵੱਡਾ ਬੋਝ ਘਟਾਇਆ ਹੈ।

## ਭਲਾਈ ਸਕੀਮਾਂ ਬਾਰੇ ਲੋਕਾਂ ਨਾਲ ਜਾਣਕਾਰੀ ਕੀਤੀ ਸਾਂਝੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਹੇਠ 'ਮਾਨ ਦੇ ਮੁਨਾਫੇ—ਜੋ ਕਿਹਾ ਉਹ ਕੀਤਾ, ਹਰ ਗਰੰਟੀ ਪੂਰੀ' ਪ੍ਰੋਗਰਾਮ ਤਹਿਤ ਪਿੰਡ ਭਲਾਈਆਣਾ ਵਿਖੇ ਡੋਰ-ਟੂ-ਡੋਰ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਪ੍ਰੋਗਰਾਮ ਦੌਰਾਨ ਆਗੂਆਂ ਵੱਲੋਂ ਮਾਵਾਂ-ਧੀਆਂ ਸਕੀਮ, ਘਰੇਲੂ ਬਿਜਲੀ ਦੇ ਬਿੱਲਾਂ ਵਿੱਚ ਜ਼ੀਰੋ ਬਿੱਲ, ਬੱਸਾਂ ਵਿੱਚ ਮਹਿਲਾਵਾਂ ਲਈ ਮੁਫ਼ਤ ਸਫ਼ਰ, ਸਰਕਾਰੀ ਸਕੂਲਾਂ ਵਿੱਚ ਫੀਸਾਂ, ਕਿਤਾਬਾਂ ਅਤੇ ਵਰਦੀਆਂ ਮੁਫ਼ਤ ਮੁਹੱਈਆ ਕਰਵਾਉਣ, ਬੁਢਾਪਾ ਪੈਨਸ਼ਨ, ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਅਤੇ ਟੈਸਟ, ਰਾਸ਼ਨ ਕਿੱਟਾਂ ਅਤੇ ਮੁਫ਼ਤ ਤੀਰਥ ਯਾਤਰਾ ਸਮੇਤ ਹੋਰ ਸਹੂਲਤਾਂ ਸਬੰਧੀ ਲੋਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਲੋਕਾਂ ਨਾਲ ਕੀਤੇ ਗਏ ਵਾਅਦੇ ਪੂਰੇ ਕਰਨ ਲਈ ਸਰਕਾਰ ਵੱਲੋਂ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਵਿਕਾਸ ਕਾਰਜ ਵੀ ਲਗਾਤਾਰ ਜਾਰੀ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਦੀ ਰਫ਼ਤਾਰ ਹੋਰ ਤੇਜ਼ ਕਰਨ ਦੇ ਯਤਨ ਕੀਤੇ ਜਾਣਗੇ।

## 70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਆਰਚਰੀ ਮੁਕਾਬਲੇ ਕਰਵਾਏ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉੱਪ-ਜ਼ਿਲ੍ਹਾ ਸਿੱਖਿਆ ਅਫਸਰ ਡਾ. ਰਵਿੰਦਰਪਾਲ ਸ਼ਰਮਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ. ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-17/19 ਲੜਕੇ/ਲੜਕੀਆਂ ਦੇ ਆਰਚਰੀ ਦੇ ਮੁਕਾਬਲੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਆਰਚਰੀ ਰੇਂਜ ਵਿਖੇ ਕਰਵਾਏ ਗਏ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਪ੍ਰਿੰਸੀਪਲ ਜਸਪਾਲ ਸਿੰਘ ਮੰਡੋਰ ਤੇ ਆਰਚਰੀ ਟੂਰਨਾਮੈਂਟ ਦੇ ਇੰਚਾਰਜ ਪ੍ਰਿੰਸੀਪਲ ਰਾਜ ਕੁਮਾਰ ਨੌਗਾਵਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਆਰਚਰੀ ਰੇਂਜ ਵਿਖੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਇਸ ਮੌਕੇ ਸੁਰਿੰਦਰ ਸਿੰਘ ਕੋਚ, ਗੌਰਵ ਸ਼ਰਮਾ ਕੋਚ, ਕੁਲਵਿੰਦਰ ਸਿੰਘ ਕੋਚ, ਰਵੀ ਕੁਮਾਰ ਕੋਚ, ਮਨਪ੍ਰੀਤ ਸਿੰਘ ਕੋਚ, ਸ਼ਗਨਪ੍ਰੀਤ ਸਿੰਘ ਕੋਚ, ਪਵਨਦੀਪ ਸਿੰਘ ਗਿੱਲ ਕੋਚ, ਗੁਰਪ੍ਰੀਤ ਸਿੰਘ ਝੰਡਾ, ਰਾਜੇਸ਼ ਕੁਮਾਰ, ਹਰਪ੍ਰੀਤ ਸਿੰਘ ਹੈਪੀ, ਵਿਕਾਸ ਜਿੰਦਲ, ਗੌਰਵ ਵਿਰਦੀ, ਅਰੁਣ ਕੁਮਾਰ, ਰਾਧਾ ਰਾਣੀ, ਹਰਪ੍ਰੀਤ ਕੌਰ, ਮੋਨੀਕਾ, ਮਲਕੀਤ ਸਿੰਘ, ਜਸਪਾਲ ਕੌਰ, ਇੰਦਰਵੀਰਪਾਲ ਕੌਰ, ਰਾਕੇਸ਼ ਕੁਮਾਰ, ਸੁਨੀਲ ਕੁਮਾਰ, ਹਰਜੀਤ ਸਿੰਘ, ਬਲਕਾਰ ਸਿੰਘ ਤੇ ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

## ਮਾਡਰਨ ਕਾਲਜ ਵਿਖੇ ਐੱਨ ਐੱਸ ਐੱਸ ਦਿਵਸ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਕਾਲਜ ਬੀਰ ਕਲਾਂ ਵਿਖੇ ਐੱਨ ਐੱਸ ਐੱਸ ਦਿਵਸ ਬੜੇ ਉਤਸ਼ਾਹ ਤੇ ਸਾਦਗੀ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਵਿਦਿਆਰਥੀਆਂ ਨੂੰ ਰਾਸ਼ਟਰੀ ਸੇਵਾ ਯੋਜਨਾ (ਐੱਨ ਐੱਸ ਐੱਸ) ਦੇ ਉਦੇਸ਼ਾਂ ਤੇ ਸਮਾਜ ਪ੍ਰਤੀ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣੂ ਕਰਵਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਸਮਾਜ ਸੇਵਾ, ਸਫ਼ਾਈ, ਵਾਤਾਵਰਣ ਦੀ ਸੰਭਾਲ ਤੇ ਲੋਕ ਭਲਾਈ ਨਾਲ ਸੰਬੰਧਤ ਗਤੀਵਿਧੀਆਂ ਵਿੱਚ ਭਾਗ ਲੈਣ ਦਾ ਸੰਦੇਸ਼ ਦਿੱਤਾ।ਕਾਲਜ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐੱਨ ਐੱਸ ਐੱਸ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ, ਨੇਤ੍ਰਿਤਵ ਦੇ ਗੁਣ ਤੇ ਸਮਾਜਿਕ ਜ਼ਿੰਮੇਵਾਰੀ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਰਹੇ।

## ਸੁਨੀਲ ਗੁਪਤਾ ਨੇ ਸਪੈਸ਼ਲ ਬੱਚਿਆਂ ਨਾਲ ਮਨਾਇਆ ਜਨਮ ਦਿਨ



**ਨਾਭਾ (ਅਮਨ ਗਰਗ)**-ਮਾਨਵ ਸੇਵਾ ਉੱਤਮ ਸੇਵਾ ਦੇ ਮੈਂਬਰ ਸੁਨੀਲ ਗੁਪਤਾ ਨੇ ਜੀਵਨ ਜੋਤੀ ਪਬਲਿਕ ਸਕੂਲ ਦੁੱਲਦੀ ਗੇਟ ਵਿਖੇ ਸਪੈਸ਼ਲ ਬੱਚਿਆਂ ਨਾਲ ਜਨਮ ਦਿਨ ਮਨਾਇਆ।ਇਸ ਮੌਕੇ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਕਿਹਾ ਕਿ ਸਕੂਲ ਦੇ ਪ੍ਰਧਾਨ ਰਮਨ ਜਿੰਦਲ ਭੋਲਾ ਤੇ ਸਮੂਹ ਕਮੇਟੀ ਵੱਲੋਂ ਸਕੂਲ 'ਚ ਸਪੈਸ਼ਲ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਗਾਉਣਾ ਤੇ ਨੱਚਣਾ ਆਦਿ ਵੀ ਸਿਖਾਇਆ ਜਾਂਦਾ ਹੈ ਤਾਂ ਜੋ ਬੱਚੇ ਆਪਣਾ ਮੰਨ ਪ੍ਰਚਾਵਾ ਕਰ ਸਕਣ।ਇਸ ਦੇ ਨਾਲ ਬੱਚਿਆਂ ਨੂੰ ਪੜ੍ਹਾਈ ਵੀ ਕਰਵਾਈ ਜਾਂਦੀ ਹੈ।ਵਿਕਾਸ ਮਿੱਤਲ ਨੇ ਦੱਸਿਆ ਕਿ ਸੰਸਥਾ ਦੇ ਸੀਨੀਅਰ ਮੈਂਬਰ ਸੁਨੀਲ ਗੁਪਤਾ ਵੱਲੋਂ ਆਪਣੇ ਜਨਮ ਦਿਨ ਮੌਕੇ ਬੱਚਿਆਂ ਨੂੰ ਖਾਣ-ਪੀਣ ਦਾ ਸਾਮਾਨ ਤੇ ਸਟੇਸ਼ਨਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਉਹ ਇੱਥੇ ਆ ਕੇ ਮੈਂਬਰਾਂ ਦੇ ਜਨਮ ਦਿਨ ਤੇ ਤਿਉਹਾਰ ਮਨਾਉਂਦੇ ਰਹਾਂਗੇ।ਇਸ ਮੌਕੇ ਸਕੂਲ ਦੇ ਪ੍ਰਧਾਨ ਰਮਨ ਜਿੰਦਲ ਭੋਲਾ ਨੇ ਸੰਸਥਾ ਦੇ ਮੁੱਖ ਸੇਵਾਦਾਰ ਤੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਅੰਕੁਰ ਸਿੰਗਲਾ, ਰਵਿੰਦਰ ਸਿੰਘ, ਵਰੁਣ ਸਿੰਗਲਾ, ਨਰਿੰਦਰ ਮੋਹਨ ਸ਼ਰਮਾ, ਦੀਪਕ ਕੁਮਾਰ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਤੋਂ ਇਲਾਵਾ ਸਕੂਲ ਦਾ ਸਟਾਫ ਹਾਜ਼ਰ ਸੀ।

## ਗੁਰਦੁਆਰਾ ਠੱਠਾ ਸਾਹਿਬ ਵਿਖੇ ਆਯੁਰਵੈਦਿਕ ਕੈਂਪ ਲਗਾਇਆ



**ਜ਼ੀਰਾ (ਨਰਿੰਦਰ ਅਨੇਜਾ)**-ਡਾਇਰੈਕਟਰ ਆਯੁਰਵੇਦਾ ਪੰਜਾਬ ਡਾਕਟਰ ਰਮਨ ਖੰਨਾ ਤੇ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ ਫਿਰੋਜ਼ਪੁਰ ਡਾਕਟਰ ਰੁਪਿੰਦਰਦੀਪ ਕੌਰ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 11ਵਾਂ ਆਯੁਰਵੈਦਿਕ ਦਿਵਸ ਮਨਾਇਆ ਗਿਆ।ਇਸ ਮੌਕੇ ਗੁਰਦੁਆਰਾ ਠੱਠਾ ਸਾਹਿਬ ਜ਼ੀਰਾ ਵਿਖੇ ਆਯੁਰਵੈਦਿਕ ਕੈਂਪ ਲਗਾਇਆ ਗਿਆ, ਜਿਸ 265 ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਦਵਾਈਆਂ ਵੰਡੀਆਂ ਗਈਆਂ।ਕੈਂਪ ਵਿੱਚ ਲੋੜਵੰਦ ਮਰੀਜ਼ਾਂ ਦੀ ਸ਼ੂਗਰ ਵੀ ਚੈੱਕ ਕੀਤੀ ਗਈ।ਕੈਂਪ ਵਿੱਚ ਡਾਕਟਰ ਪ੍ਰਵੀਨ ਕੁਮਾਰ ਰਾਣਾ, ਡਾਕਟਰ ਜਸਕੰਵਲਪ੍ਰੀਤ ਕੌਰ ਤੇ ਡਾਕਟਰ ਸੁਮਨ ਕੁਮਾਰੀ ਆਯੂਰਵੈਦਿਕ ਮੈਡੀਕਲ ਅਫ਼ਸਰ ਵੱਲੋਂ ਡਿਊਟੀ ਨਿਭਾਈ ਗਈ ਅਤੇ ਲੋਕਾਂ ਨੂੰ ਆਯੁਰਵੇਦਾ ਤੇ ਯੋਗਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ।ਇਸ ਤੋਂ ਇਲਾਵਾ ਕਿੰਦਰ ਕੌਰ, ਰੂਥ ਭੱਟੀ, ਸੁਖਪ੍ਰੀਤ ਸਿੰਘ, ਰਮਨਦੀਪ ਸਿੰਘ ਉਪਵੈਦ ਤੇ ਮਨੀਸ਼ ਕੁਮਾਰ ਨੇ ਆਪਣੀ ਡਿਊਟੀ ਨਿਭਾਈ ਅਤੇ ਕੈਂਪ ਨੂੰ ਕਾਮਯਾਬ ਕਰਨ ਵਿੱਚ ਸਹਿਯੋਗ ਦਿੱਤਾ।

# 'ਛੇ ਸਾਲ ਨਸ਼ਾ ਮੁਕਤੀ ਅਭਿਆਨ' ਵਿਸ਼ੇ 'ਤੇ ਜਾਗਰੂਕਤਾ ਪ੍ਰੋਗਰਾਮ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਲਾਅ ਵਿਖੇ "ਛੇ ਸਾਲ ਨਸ਼ਾ ਮੁਕਤੀ ਅਭਿਆਨ" ਵਿਸ਼ੇ 'ਤੇ ਐੱਨ. ਸੀ. ਸੀ. ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ-ਕਮ-ਡਾਇਰੈਕਟਰ ਪ੍ਰੋ. (ਡਾ.) ਜਸਪਾਲ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦਾ ਮਕਸਦ ਕੈਡਿਟਾਂ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਵੱਧ ਰਹੀ ਸਮੱਸਿਆ ਅਤੇ ਇਸ ਦੇ ਸਿਹਤ, ਸਮਾਜ ਅਤੇ ਦੇਸ਼ ਦੇ ਭਵਿੱਖ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਸੀ। ਇਸ ਸਬੰਧੀ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੋਗਰਾਮ ਐੱਨ. ਸੀ. ਸੀ. ਲੈਫਟੀਨੈਂਟ (ਡਾ.) ਗੁਰਜਿੰਦਰ ਕੌਰ ਵੱਲੋਂ 11 ਪੰਜਾਬ ਬਟਾਲੀਅਨ ਐੱਨ. ਸੀ. ਸੀ., ਅੰਮ੍ਰਿਤਸਰ ਦੇ ਸਹਿਯੋਗ ਨਾਲ ਤਿਆਰ ਅਤੇ ਕੋਆਰਡੀਨੇਟ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਮੌਕੇ ਐੱਨ. ਸੀ. ਸੀ. ਕੈਡਿਟਾਂ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਸਕਿੱਟ, ਭਾਸ਼ਣ, ਸਮੂਹ ਚਰਚਾ ਅਤੇ ਸਹੁੰ ਚੁੱਕ ਸਮਾਗਮ ਆਯੋਜਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਕਿੱਟ ਅਤੇ ਭਾਸ਼ਣਾਂ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕੀਤਾ ਗਿਆ। ਇਸ ਮੌਕੇ ਸਿਵੰਦਰ ਅਸੀਜਾ, ਰੀਆ ਢੋਗਰਾ, ਕੈਡਿਟ ਖੁਸ਼ਪ੍ਰੀਤ ਅਤੇ ਰਮਨੀਕ ਆਦਿ ਨੇ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਡਾ. ਜਸਪਾਲ ਸਿੰਘ ਨੇ ਕਿਹਾ ਕਿ ਸਮੂਹ ਚਰਚਾ ਦੌਰਾਨ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ 'ਚ ਨਸ਼ਾ ਮੁਕਤੀ ਦਾ ਸੰਦੇਸ਼ ਪਹੁੰਚਾਉਣ ਸੰਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਉਪਰੰਤ ਵਿਦਿਆਰਥੀਆਂ ਅਤੇ ਕੈਡਿਟਾਂ ਨੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਸਿਹਤਮੰਦ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਲਈ ਵਚਨਬੱਧਤਾ ਪ੍ਰਗਟ ਕਰਦਿਆਂ ਸਹੁੰ ਚੁੱਕੀ।

# ਪੇਂਟਿੰਗ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਦਿਖਾਈ ਕਲਾਤਮਕ ਪ੍ਰਤਿਭਾ



ਧਾਰੀਵਾਲ, (ਮਨਦੀਪ ਵਿੱਕੀ) ਪੰਜਾਬ ਪੁਲਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ (ਸੀ.ਏ.ਡੀ.) ਪੰਜਾਬ ਵੱਲੋਂ ਪ੍ਰਾਪਤ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਗੁਰਦਾਸਪੁਰ ਦੇ ਨਿਰਦੇਸ਼ਾਂ ਹੇਠ ਅਤੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਦੇ ਪ੍ਰਬੰਧਾਂ ਅਨੁਸਾਰ, ਪੁਲਸ ਜ਼ਿਲ੍ਹਾ ਗੁਰਦਾਸਪੁਰ ਦੇ ਐਸ.ਐਸ.ਪੀ. ਆਦਿਤਿਆ, ਆਈ.ਪੀ.ਐਸ. ਦੀ ਰਹਿਨੁਮਾਈ ਹੇਠ ਜ਼ਿਲ੍ਹੇ ਦੇ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਰਚਨਾਤਮਕਤਾ, ਕਲਾਤਮਕ ਪ੍ਰਤਿਭਾ, ਸਮਾਜਿਕ ਜਾਗਰੂਕਤਾ ਅਤੇ ਕਮਿਊਨਿਟੀ ਆਊਟਰੀਚ ਨੂੰ ਉਤਸ਼ਾਹਿਤ ਕਰਨ ਲਈ ਬਲਾਕ ਪੱਧਰੀ ਪੇਂਟਿੰਗ ਮੁਕਾਬਲੇ ਕਰਵਾਏ ਜਾ ਰਹੇ ਹਨ।ਇਨ੍ਹਾਂ ਮੁਕਾਬਲਿਆਂ ਨੂੰ 30 ਸਤੰਬਰ ਤੱਕ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਸੀ।ਇਸੇ ਲੜੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲੇਰ ਕਲਾਂ ਵਿਖੇ ਬਲਾਕ ਧਾਰੀਵਾਲ-2 ਦੇ ਸਕੂਲਾਂ ਦੇ ਪੇਂਟਿੰਗ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਵਿੱਚ ਬਲਾਕ ਦੇ ਕੁੱਲ 16 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਪੰਜਾਬ ਪੁਲਸ ਵੱਲੋਂ ਕਰਵਾਏ ਜਾ ਰਹੇ ਇਨ੍ਹਾਂ ਪੇਂਟਿੰਗ ਮੁਕਾਬਲਿਆਂ ਲਈ ਮੁੱਖ ਵਿਸ਼ਿਆਂ ਵਿੱਚ 'ਨਸ਼ਿਆਂ ਨੂੰ ਨਾਂਹ', 'ਰਾਸ਼ਟਰੀ ਏਕਤਾ ਦਿਵਸ', 'ਕੂੜਾ ਪ੍ਰਬੰਧਨ' ਅਤੇ 'ਮੋਬਾਈਲ ਦੀ ਲਤ' ਸ਼ਾਮਲ ਹਨ।ਛੇਵੀਂ ਤੋਂ ਅੱਠਵੀਂ ਜਮਾਤ ਦੇ ਵਰਗ ਵਿੱਚ ਗੁਰਸਾਹਿਬ ਸਿੰਘ, ਗੀਤਾਂਜਲੀ ਅਤੇ ਪ੍ਰਭਜੋਤ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਪੇਂਟਿੰਗ ਮੁਕਾਬਲੇ ਵਿੱਚ ਨਵਨੀਤ, ਕਰਨਪ੍ਰੀਤ ਅਤੇ ਅੰਜਲੀ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ।ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਪੁਲਸ ਵਿਭਾਗ ਵੱਲੋਂ ਸਨਮਾਨ ਪੱਤਰ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

ਮੁਕਾਬਲਿਆਂ ਵਿੱਚ ਜੱਜ ਦੀ ਭੂਮਿਕਾ ਮਨਿੰਦਰਜੀਤ ਸਿੰਘ, ਸਰਬਜੀਤ ਕੌਰ ਅਤੇ ਬਿਕਰਮਜੀਤ ਸਿੰਘ ਵੱਲੋਂ ਬਾਖੂਬੀ ਨਿਭਾਈ ਗਈ। ਸਕੂਲ ਵੱਲੋਂ ਸਮੁੱਚੇ ਪ੍ਰੋਗਰਾਮ ਦੇ ਪ੍ਰਬੰਧ ਵੀਰ ਕੁਲਦੀਪ ਸਿੰਘ ਦੀ ਅਗਵਾਈ ਹੇਠ ਸੁਚੱਜੇ ਢੰਗ ਨਾਲ ਕੀਤੇ ਗਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕ ਸੋਚ, ਸਮਾਜਿਕ ਜ਼ਿੰਮੇਵਾਰੀ ਅਤੇ ਜਾਗਰੂਕਤਾ ਦੀ ਭਾਵਨਾ ਵੀ ਪੈਦਾ ਕਰਦੇ ਹਨ।ਸਾਂਝ ਕੇਂਦਰ ਦੇ ਇੰਚਾਰਜ ਪ੍ਰਭ ਦਿਆਲ ਸਿੰਘ, ਏ.ਐਸ.ਆਈ. ਵੀਰਪਾਲ ਕੌਰ, ਹੈੱਡ ਕਾਂਸਟੇਬਲ ਰਾਜਵੀਰ ਕੌਰ ਅਤੇ ਏ.ਐਸ.ਆਈ. ਹਰਪ੍ਰੀਤ ਕੌਰ ਵੀ ਇਸ ਮੌਕੇ ਮੌਜੂਦ ਸਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I, Rajni Wife of Rakesh Pal R/o House No. 104 Ward No. 10 Shakti Nagar Bhogpur District Jalandhar, Punjab 144201, have changed my name as Rajni Mahajan. All concerned note.

I, Makhan Ram S/o Ram Saroop R/o Village Bholewal, PO. Chandpur Rurki, Tehsil Balachaur, Distt. SBS Nagar, Punjab have changed my name from Makhan Ram to Makhan Singh. Please note.

I, Manjit Kaur W/o Dharam Pal, Mother of Manoj Kumar, R/o 40, Thind Enclave, P.O. Basti Guzan, Jalandhar, have changed my name from Manjeet Kaur to Manjit Kaur. (R)

I, Manbeer Singh S/o Sardul Singh R/o H.No 162, Gali No. 21B, Sahibzada, Fateh Singh Nagar, O/S Gate Hakima, Amritsar, Punjab-143001 have changed my name from Manbeer Singh to Singh is my surname and Manbeer is my given name.

I, Navraj Singh S/o Major Singh R/o Tehsil Ajnala, Jhanjoti, Distt. Amritsar, Punjab-143101 have changed my name from Navraj Singh to Singh is my surname and Navraj is my given name.

I Pawan Kumar S/O Amarjit Singh R/O Vpo Rail Teh Balachaur Distt Sbs Nagar Punjab Have Changed my Name To Kumar Pawan. Kumar is my Surname. All please note.

I Surinder Pal S/O Acchar Singh R/O Vpo Karawar Teh Balachaur Distt Sbs Nagar Punjab Have Changed My Name To Surinder Singh. All please note.

I Surinder Devi W/O Surinder Singh R/O Vpo Karawar Teh Balachaur Distt Sbs Nagar Punjab Have Changed My Name To Surinder Rani. All please note.

I Balbir Kaur W/O Kawaljit Singh R/O Vill Padhri Distrillery Khasa Distt.Amritsar Have Changed My Name To Balvir Kaur.

I, Vikrampartap Singh S/o Harjinder Singh R/o Vill.Nagoke Tehsil Khadur Sahib Distt.Tarn Taran Have Changed My Name From Vikrampartap Singh To Given Name Vikrampartap Surname Singh.

I Kulbir Kaur Hundal W/O Jagdish Singh Hundal R/O H.No.185 Celebration Enclave Verka Amritsar Have Changed My Name To Kulbir Kaur.

I, Unnati Setia D/o Yashpal Arora R/o H.no. 320, Guru Gobind Singh Nagar, Majitha Road, Amritsar-143001(pb) have changed my name from Unnati Setia to Unnati Arora, please note.

**ਜਲੰਧਰ (ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ 1 ਅਕਤੂਬਰ ਤੋਂ ਸ਼ੁਰੂ ਹੋ ਰਹੀ ਹੈ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਨਾ ਆਵੇ, ਇਸ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਵਾਰ ਕਰੀਬ 10.84 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ, ਜਿਸ ਦੀ ਸੁਚਾਰੂ ਅਤੇ ਨਿਰਵਿਘਨ ਖ਼ਰੀਦ ਲਈ 78 ਰੈਗੂਲਰ ਮੰਡੀਆਂ ਨੂੰ ਖ਼ਰੀਦ ਕੇਂਦਰ ਵਜੋਂ ਨਿਰਧਾਰਿਤ ਕੀਤਾ ਗਿਆ ਹੈ। ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਦੀ ਵਚਨਬੱਧਤਾ ਦੁਹਰਾਉਂਦਿਆਂ ਸ੍ਰੀ ਵਾਲੀਆ ਨੇ ਕਿਹਾ ਕਿ ਕਿਸਾਨਾਂ ਦੀ ਸਹੂਲਤ ਅਤੇ ਫ਼ਸਲ ਦੀ ਸਮੇਂ ਸਿਰ ਖ਼ਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖ਼ਰੀਦ ਪ੍ਰਕਿਰਿਆ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਝੋਨੇ ਲਈ ਨਮੀ ਦੀ ਹੱਦ 17 ਪ੍ਰਤੀਸ਼ਤ ਮਿੱਥੀ ਗਈ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਸੁੱਕੀ ਫ਼ਸਲ ਹੀ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਨਿਰਵਿਘਨ ਅਤੇ ਸੁਚਾਰੂ ਖ਼ਰੀਦ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਫ਼ਸਲ ਦੀ ਕਟਾਈ ਅਤੇ ਮੰਡੀ ਵਿੱਚ ਲਿਆਉਣ ਵੇਲੇ ਨਿਰਧਾਰਿਤ ਮਾਪਦੰਡਾਂ ਦੀ ਪਾਲਣਾ ਕੀਤੀ ਜਾਵੇ ਤਾਂ ਜੋ ਖ਼ਰੀਦ ਪ੍ਰਕਿਰਿਆ ਵਿੱਚ ਕਿਸੇ ਕਿਸਮ ਦੀ ਰੁਕਾਵਟ ਨਾ ਆਵੇ।

# ਪੰਜਾਬ 'ਵਰਸਿਟੀ ਚੰਡੀਗੜ੍ਹ ਦੀਆਂ ਸੈਨੇਟ ਚੋਣਾਂ 'ਚ ਸੰਦੀਪ ਸਿੰਘ ਸੀਕਰੀ ਰਹੇ ਜੇਤੂ



**ਅੱਡਾ ਸਰਾਂ (ਜਸਵੀਰ ਕਾਜਲ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸੈਨੇਟ ਚੋਣਾਂ ਦੇ ਗ੍ਰੈਜੂਏਟ ਹਲਕੇ ਦੇ ਐਲਾਨੇ ਨਤੀਜਿਆਂ ਵਿੱਚ ਸੰਦੀਪ ਸਿੰਘ ਸੀਕਰੀ ਨੇ ਪੰਜਾਬ ਕੱਟੇ ਤੋਂ ਸੈਨੇਟਰ ਚੁਣੇ ਜਾਣ ਦਾ ਮਾਣ ਹਾਸਲ ਕੀਤਾ ਹੈ। ਸੀਕਰੀ ਨੇ ਪਹਿਲੀ ਪਰੈਫਰੈਂਸ ਦੀਆਂ 3044 ਵੋਟਾਂ ਪ੍ਰਾਪਤ ਕਰਕੇ ਇਹ ਜਿੱਤ ਦਰਜ ਕੀਤੀ। ਚੋਣ ਨਤੀਜਿਆਂ ਵਿੱਚ ਮੁਕੇਸ਼ ਕੁਮਾਰ ਅਰੋੜਾ ਨੇ ਪਹਿਲੀ ਪਰੈਫਰੈਂਸ ਦੀਆਂ 3424 ਵੋਟਾਂ ਹਾਸਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦਕਿ ਅਸ਼ੋਕ ਗੋਇਲ ਨੇ 2786 ਪਹਿਲੀ ਪਰੈਫਰੈਂਸ ਵੋਟਾਂ ਹਾਸਲ ਕਰਕੇ ਚੰਡੀਗੜ੍ਹ ਕੱਟੇ ਤੋਂ ਸੈਨੇਟਰ ਵਜੋਂ ਜਿੱਤ ਦਰਜ ਕੀਤੀ। ਸੈਨੇਟਰ ਚੁਣੇ ਜਾਣ ਤੋਂ ਬਾਅਦ ਸੰਦੀਪ ਸਿੰਘ ਸੀਕਰੀ ਨੇ ਆਪਣੇ ਸਮੂਹ ਸਮਰਥਕਾਂ ਅਤੇ ਵੋਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਜਿੱਤ ਉਨ੍ਹਾਂ ਸਾਰੇ ਸਾਥੀਆਂ ਦੀ ਮਿਹਨਤ ਦੀ ਜਿੱਤ ਹੈ, ਜਿਨ੍ਹਾਂ ਨੇ ਚੋਣ ਦੌਰਾਨ ਖੁਦ ਸੰਦੀਪ ਸਿੰਘ ਸੀਕਰੀ ਬਣ ਕੇ ਦਿਨ-ਰਾਤ ਮਿਹਨਤ ਕੀਤੀ।

# ਰਿਹਾਇਸ਼ੀ ਖੇਤਰ 'ਚ ਲੱਗਿਆ ਅਣ-ਅਧਿਕਾਰਤ ਮੋਬਾਇਲ ਟਾਵਰ ਸੀਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਨਗਰ ਕੌਂਸਲ ਵੱਲੋਂ ਨਿਯਮਾਂ ਦੀ ਉਲੰਘਣਾ ਕਰਕੇ ਚੱਲ ਰਹੇ ਅਣ-ਅਧਿਕਾਰਤ ਮੋਬਾਈਲ ਟਾਵਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਅੱਜ ਇੱਕ ਨਿੱਜੀ ਜਾਇਦਾਦ 'ਤੇ ਲੱਗੇ ਮੋਬਾਈਲ ਟਾਵਰ ਨੂੰ ਸੀਲ ਕਰ ਦਿੱਤਾ ਗਿਆ। ਇਹ ਕਾਰਵਾਈ ਕੌਂਸਲ ਦੀ ਤਕਨੀਕੀ ਅਤੇ ਇਨਫੋਰਸਮੈਂਟ ਟੀਮ ਵੱਲੋਂ ਸਾਂਝੇ ਤੌਰ 'ਤੇ ਅਮਲ ਵਿੱਚ ਲਿਆਂਦੀ ਗਈ। ਜਾਣਕਾਰੀ ਅਨੁਸਾਰ ਇਲਾਕਾ ਨਿਵਾਸੀਆਂ ਵੱਲੋਂ ਇਸ ਮੋਬਾਈਲ ਟਾਵਰ ਕਾਰਨ ਆ ਰਹੀਆਂ ਭਾਰੀ ਦਿੱਕਤਾਂ ਸੰਬੰਧੀ ਪ੍ਰਸ਼ਾਸਨ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਸੀ। ਸ਼ਿਕਾਇਤਕਰਤਾਵਾਂ ਦਾ ਕਹਿਣਾ ਸੀ ਕਿ ਟਾਵਰ 'ਤੇ ਪੰਛੀਆਂ ਦੇ ਬੈਠਣ ਕਾਰਨ ਆਲੇ-ਦੁਆਲੇ ਦੇ ਘਰਾਂ ਦੀਆਂ ਛੱਤਾਂ 'ਤੇ ਗੰਦਗੀ ਅਤੇ ਮਾਸ ਦੇ ਟੁਕੜੇ ਡਿੱਗਦੇ ਸਨ, ਜਿਸ ਨਾਲ ਲੋਕਾਂ ਦਾ ਜਿਊਣਾ ਦੁੱਭਰ ਹੋਇਆ ਪਿਆ ਸੀ। ਇਸ ਸ਼ਿਕਾਇਤ ਦੇ ਆਧਾਰ 'ਤੇ ਨਗਰ ਕੌਂਸਲ ਵੱਲੋਂ ਜਾਇਦਾਦ ਮਾਲਕ ਸੰਜੀਵ ਕੁਮਾਰ ਅਤੇ ਸ਼ਾਮ ਲਾਲ (ਪੁੱਤਰਾਨ ਸ਼੍ਰੀ ਭਗਤ ਰਾਮ) ਨੂੰ ਕਈ ਵਾਰ ਨੋਟਿਸ ਜਾਰੀ ਕਰਕੇ ਟਾਵਰ ਦੀ ਪ੍ਰਵਾਨਗੀ ਸੰਬੰਧੀ ਦਸਤਾਵੇਜ਼ ਅਤੇ ਲਿਖਤੀ ਸਪੱਸ਼ਟੀਕਰਨ ਮੰਗਿਆ ਗਿਆ ਸੀ। ਲਗਭਗ ਦੋ-ਤਿੰਨ ਮਹੀਨੇ ਬੀਤ ਜਾਣ ਦੇ ਬਾਵਜੂਦ ਜਾਇਦਾਦ ਮਾਲਕਾਂ ਵੱਲੋਂ ਕੋਈ ਵੀ ਜਾਇਜ਼ ਦਸਤਾਵੇਜ਼ ਜਾਂ ਮਨਜ਼ੂਰੀ ਪੱਤਰ ਪੇਸ਼ ਨਹੀਂ



ਕੀਤਾ ਗਿਆ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਏ ਡੀ ਸੀ) ਦਫ਼ਤਰ ਵੱਲੋਂ ਵੀ ਮਾਮਲੇ ਵਿੱਚ ਕੀਤੀ ਗਈ ਕਾਰਵਾਈ ਦੀ ਰਿਪੋਰਟ ਤਲਬ ਕੀਤੀ ਗਈ ਸੀ। ਨਗਰ ਕੌਂਸਲ ਨੇ ਕਾਰਵਾਈ ਨੂੰ ਅੱਗੇ ਵਧਾਉਂਦਿਆਂ ਪਾਵਰਕਾਮ ਦੇ ਬਰਵਾਲਾ ਰੋਡ ਸਥਿਤ ਦਫ਼ਤਰ ਨੂੰ ਪੱਤਰ ਲਿਖ ਕੇ ਟਾਵਰ ਦਾ ਬਿਜਲੀ ਕੁਨੈਕਸ਼ਨ ਕੱਟਣ ਲਈ ਕਿਹਾ ਸੀ, ਜਿਸ 'ਤੇ ਕਾਰਵਾਈ ਕਰਦਿਆਂ ਬਿਜਲੀ ਵਿਭਾਗ ਨੇ ਪਿਛਲੇ ਹਫ਼ਤੇ ਹੀ ਕੁਨੈਕਸ਼ਨ ਕੱਟ ਦਿੱਤਾ ਸੀ। ਜਾਂਚ ਦੌਰਾਨ ਇਹ ਗੱਲ ਵੀ ਸਾਹਮਣੇ ਆਈ ਕਿ ਉਕਤ ਟਾਵਰ ਕਾਫ਼ੀ ਪੁਰਾਣਾ ਲੱਗਿਆ ਹੋਇਆ ਸੀ ਅਤੇ ਇਸ ਦੀ ਪ੍ਰਵਾਨਗੀ ਸਾਲ 2025 ਵਿੱਚ ਹੀ ਖ਼ਤਮ ਹੋ ਚੁੱਕੀ ਸੀ, ਜਿਸ ਨੂੰ ਬਾਅਦ ਵਿੱਚ ਰੀਨਿਊ ਨਹੀਂ ਕਰਵਾਇਆ ਗਿਆ। ਹਾਲਾਂਕਿ ਮਾਲਕਾਂ ਵੱਲੋਂ ਕੰਪਨੀ ਨਾਲ ਆਪਸੀ ਸਮਝੌਤਾ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਸੀ, ਪਰ ਸਮਰੱਥ ਅਥਾਰਟੀ (ਨਗਰ ਕੌਂਸਲ) ਦੀ ਐੱਨ ਓ ਸੀ ਅਤੇ ਪ੍ਰਵਾਨਗੀ ਤੋਂ ਬਿਨਾਂ ਇਹ ਗ਼ੈਰ-ਕਾਨੂੰਨੀ ਪਾਇਆ ਗਿਆ।

ਅੰਤਿਮ ਨੋਟਿਸ ਦੀ ਮਿਆਦ ਖ਼ਤਮ ਹੋਣ ਉਪਰੰਤ ਨਗਰ ਕੌਂਸਲ ਦੇ ਏ ਟੀ ਪੀ (ਸਹਾਇਕ ਟਾਊਨ ਪਲੈਨਰ), ਜੂਨੀਅਰ ਇੰਜੀਨੀਅਰ (ਜੇ ਈ), ਡਰਾਫਟਸਮੈਨ ਅਤੇ ਇਨਕਰੋਚਮੈਂਟ ਟੀਮ ਵੱਲੋਂ ਮੌਕੇ 'ਤੇ ਪਹੁੰਚ ਕੇ ਉਕਤ ਅਣ-ਅਧਿਕਾਰਤ ਮੋਬਾਈਲ ਟਾਵਰ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ।

ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਸ਼ਹਿਰ ਅੰਦਰ ਬਿਨਾਂ ਮਨਜ਼ੂਰੀ ਜਾਂ ਨਿਯਮਾਂ ਦੀ ਉਲੰਘਣਾ ਕਰਕੇ ਚੱਲ ਰਹੇ ਕਿਸੇ ਵੀ ਪ੍ਰੋਜੈਕਟ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# ਮਮਤਾ ਦਿਵਸ ਤੇ ਟੀਕਾਕਰਨ ਕੈਂਪ ਮਨਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸਿਹਤ ਵਿਭਾਗ ਵੱਲੋਂ ਸੈਕਟਰ ਕਾਈਨੌਰ ਅਧੀਨ ਵੱਖ-ਵੱਖ ਆਯੂਸ਼ਮਾਨ ਆਰੋਗਿਆ ਕੇਂਦਰਾਂ ਵਿੱਚ ਮਮਤਾ ਦਿਵਸ ਮਨਾਇਆ



ਗਿਆ। ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਲਖਮਿੰਦਰ ਸਿੰਘ ਨੇ ਕਿਹਾ ਕਿ ਹਫ਼ਤੇ ਦੇ ਹਰ ਬੁੱਧਵਾਰ ਨੂੰ ਮਮਤਾ ਦਿਵਸ ਮਨਾਇਆ ਜਾਂਦਾ ਹੈ।

ਮਮਤਾ ਦਿਵਸ ਦਾ ਮੁੱਖ ਮੰਤਵ ਬੱਚਿਆਂ ਨੂੰ ਮਾਰੂ ਰੋਗਾਂ ਪੋਲੀਓ, ਕਾਲੀ ਖਾਂਸੀ, ਟੀ ਬੀ, ਨਮੂਨੀਆ, ਖਸਰਾ, ਰੁਬੇਲਾ, ਅੰਧਰਾਤਾ, ਹੈਪੇਟਾਈਟਸ ਬੀ, ਦਿਮਾਗੀ ਬੁਖਾਰ, ਗਲਘੋਟੂ ਅਤੇ ਟੈਟਨਸ ਤੋਂ ਬਚਾਅ ਦੇ ਟੀਕੇ ਲਗਾਉਣਾ ਹੈ ਅਤੇ ਗਰਭਵਤੀ ਮਹਿਲਾਂਵਾ ਨੂੰ ਸੰਤੁਲਿਤ ਖੁਰਾਕ ਸਬੰਧੀ ਜਾਗਰੂਕ ਕਰਨਾ ਹੈ। ਇਸ ਮੌਕੇ ਤੇ ਸੁੰਦਰੀ ਦੇਵੀ ਐੱਲ ਐੱਚ ਵੀ ਨੇ ਕਿਹਾ ਕਿ ਗਰਭਵਤੀ ਮਹਿਲਾਂਵਾ ਆਪਣੇ ਗਰਭ ਵਿੱਚ ਪਲ ਰਹੇ ਬੱਚੇ ਅਤੇ ਆਪਣੀ ਸਿਹਤ ਦਾ ਪੂਰਾ ਖਿਆਲ ਰੱਖਣ ਤੇ ਆਪਣੀ ਡਾਈਟ ਵਿੱਚ ਹਰੀਆਂ ਸਬਜੀਆਂ ਅਤੇ ਫਲਾਂ ਦਾ ਇਸਤੇਮਾਲ ਕਰਨ ਤਾਂ ਜੋ ਜੱਚਾ-ਬੱਚਾ ਦੋਵੇਂ ਤੰਦਰੁਸਤ ਰਹਿਣ ਅਤੇ ਸਰੀਰ ਵਿੱਚ ਖੂਨ ਦੀ ਕਮੀ ਨਾ ਹੋਵੇ।ਇਸ ਮੌਕੇ ਤੇ ਬੇਅੰਤ ਸਿੰਘ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਕੁੜੀਆਂ ਮੁੰਡਿਆਂ ਤੋਂ ਕਿਸੀ ਵੀ ਖੇਤਰ ਵਿੱਚ ਪਿੱਛੇ ਨਹੀਂ ਹੈ,ਇਸ ਲਈ ਜੇਕਰ ਕੋਈ ਵੀ ਔਰਤ ਜਾ ਵਿਅਕਤੀ ਭਰੂਣ ਹੱਤਿਆ ਜਿਹਾ ਅਪਰਾਧ ਕਰਦਾ ਹੈ ਤਾਂ ਕਾਨੂੰਨ ਅਨੁਸਾਰ ਅਪਰਾਧੀ ਨੂੰ ਸਜਾ ਤੇ ਜੁਰਮਾਨਾ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਯੋਗ ਜੋੜਿਆਂ ਨੂੰ ਪਰਿਵਾਰ ਨਿਯੋਜਨ ਦੇ ਤਰੀਕੇ ਬੱਚਿਆਂ ਵਿੱਚ ਵੱਖਵਾ ਪਾਉਣ ਲਈ ਅਪਨਾਉਣੇ ਚਾਹੀਦੇ ਹਨ ਅਤੇ ਪਹਿਲੇ ਬੱਚੇ ਤੋਂ ਬਾਅਦ ਦੂਜੇ ਬੱਚੇ ਵਿੱਚ ਘੱਟੋ-ਘੱਟ 3 ਸਾਲ ਦਾ ਵੱਖਵਾ ਹੋਣਾ ਚਾਹੀਦਾ ਹੈ।

# ਵਰਿੰਦਰ ਨਿਮਾਣਾ ਦੀ ਪੁਸਤਕ 'ਮਹਿਕਾਂ ਵੰਡਦੀ ਧਰਤੀ' 'ਤੇ ਵਿਚਾਰ ਚਰਚਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਡੀ ਏ ਵੀ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾਕਟਰ ਅਨੂਪ ਕੁਮਾਰ, ਸਕੱਤਰ ਆਰ ਐਸ ਭੱਲਾ ਤੇ ਬੀ ਐਡ ਕਾਲਜ ਸਕੱਤਰ ਐਡਵੋਕੇਟ ਨਵਰੋਜ ਸ਼ਰਮਾ ਦੀ ਅਗਵਾਈ ਵਿੱਚ ਚੱਲ ਰਹੀ ਸੰਸਥਾ ਡੀਏਵੀ ਕਾਲਜ ਆਫ ਐਜੂਕੇਸ਼ਨ ਹੁਸ਼ਿਆਰਪੁਰ ਵਿਖੇ ਕਾਲਜ ਦੇ ਪ੍ਰਿੰਸੀਪਲ ਡਾ. ਵਿਧੀ ਭੱਲਾ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਨਾਮਵਰ ਲੇਖਕ ਵਰਿੰਦਰ ਸਿੰਘ ਨਿਮਾਣਾ ਦੀ ਵਾਰਤਕ ਪੁਸਤਕ ਮਹਿਕਾਂ ਵੰਡਦੀ ਧਰਤੀ ਉੱਤੇ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਵਿਚਾਰ ਚਰਚਾ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਹਰਜਿੰਦਰ ਕੌਰ ਮੁੱਖ ਮਹਿਮਾਨ ਵਜੋ ਹਾਜਰ ਹੋਏ ਜਦਕਿ ਉਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਬਾਗਬਾਨੀ ਵਿਭਾਗ ਹੁਸ਼ਿਆਰਪੁਰ ਦੇ ਡਿਪਟੀ ਡਾਇਰੈਕਟਰ ਡਾਕਟਰ ਜਸਪਾਲ ਸਿੰਘ ਢੇਰੀ ਨੇ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਵਿਚਾਰ ਚਰਚਾ ਵਿੱਚ ਜ਼ਿਲ੍ਹਾ ਭਾਸ਼ਾ ਤੇ ਖੋਜ ਅਫਸਰ ਡਾਕਟਰ ਜਸਵੰਤ ਰਾਏ, ਦਸ਼ਮੇਸ਼ ਗਰਲਜ ਕਾਲਜ ਚੱਕ ਅੱਲਾ ਬਖਸ਼ ਮੁਕੇਰੀਆਂ ਦੇ ਪੰਜਾਬੀ ਵਿਭਾਗ ਤੋਂ ਡਾਕਟਰ ਮਨਿੰਦਰਜੀਤ ਕੌਰ ਅਤੇ ਵਿਜੇ ਕਲਸੀ ਨੇ ਬਤੌਰ ਸਮੀਖਿਆਕਾਰ ਪੁਸਤਕ ਦੇ ਵੱਖ ਵੱਖ ਨੁਕਤਿਆਂ ਨਾਲ ਗੱਲ ਸਾਂਝੀ ਕੀਤੀ। ਇਸ ਮੌਕੇ ਬੋਲਦਿਆਂ ਜਿਲਾ ਸਿੱਖਿਆ ਅਫਸਰ ਹਰਜਿੰਦਰ ਕੌਰ ਨੇ ਕਿਹਾ ਕਿ ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸਬੰਧਤ ਪੰਜਾਬੀ ਲੇਖਕ ਵਰਿੰਦਰ ਨਿਮਾਣਾ ਪਿਛਲੇ ਦੋ ਦਹਾਕਿਆਂ ਤੋਂ ਪੰਜਾਬੀ ਸਾਹਿਤ ਸਿਰਜਣ ਦੇ ਖੇਤਰ ਵਿੱਚ ਜੁੱਟਿਆ ਹੋਇਆ ਹੈ ਅਤੇ ਲੇਖਕ ਦੀਆਂ ਦੋ ਪੁਸਤਕਾਂ ਸੰਧੂਰੀ



ਅੰਬੀਆਂ ਅਤੇ ਲੰਮਿਆਂ ਰਾਹਾਂ ਦਾ ਪਾਂਧੀ :ਜਰਨੈਲ ਸਿੰਘ ਲਿਦੜ ਸਿੱਖਿਆ ਵਿਭਾਗ ਦੀਆਂ ਲਾਈਬ੍ਰੇਰੀਆਂ ਦੀ ਚੋਣ ਸੂਚੀ ਵਿੱਚ ਸ਼ਾਮਿਲ ਹੋਣਾ ਪੂਰੇ ਜਿਲੇ ਲਈ ਮਾਣ ਵਾਲੀ ਗੱਲ ਹੈ। ਉਹਨਾਂ ਕਿਹਾ ਕਿ ਵਰਿੰਦਰ ਨਿਮਾਣਾ ਨੇ ਆਪਣੀਆਂ ਲਿਖਤਾਂ ਰਾਹੀਂ ਦੁਆਬੇ ਖੇਤਰ ਦੀ ਲੋਕ ਧਾਰਾ ਅਤੇ ਸੱਭਿਆਚਾਰਕ ਰੰਗਾਂ ਦੀ ਅਮੀਰੀ ਨੂੰ ਸੰਭਾਲਣ ਦਾ ਕਾਮਯਾਬ ਉਪਰਾਲਾ ਕੀਤਾ ਹੈ।

ਕਾਲਜ ਦੀ ਪ੍ਰਿੰਸੀਪਲ ਡਾਕਟਰ ਵਿਧੀ ਭੱਲਾ ਨੇ ਕਿਹਾ ਕਿ ਸੰਸਥਾ ਵਾਸਤੇ ਇਹ ਮਾਣ ਵਾਲੀ ਗੱਲ ਹੈ ਕਿ ਵਰਿੰਦਰ ਨਿਮਾਣਾ ਇਸ ਕਾਲਜ ਵਿੱਚ ਵੀ ਐਡ ਦਾ ਵਿਦਿਆਰਥੀ ਰਿਹਾ ਹੈ ਅਤੇ ਆਪਣੇ ਵਿਦਿਆਰਥੀ ਜ਼ਿੰਦਗੀ ਤੋਂ ਹੀ ਸਾਹਿਤ ਅਤੇ ਕਲਾ ਨਾਲ ਜੁੜੀ ਰਹਿਣ ਵਾਲੀ ਸ਼ਖਸ਼ੀਅਤ ਹੈ। ਇਸ ਮੌਕੇ ਸੁਖਦੇਵ ਕਾਜਲ, ਸੁਰਜੀਤ ਕੁਮਾਰ ਰਾਜਾ, ਕਮਲਜੀਤ ਸਿੰਘ, ਚੰਦਰ ਪ੍ਰਕਾਸ਼, ਪ੍ਰਵੀਨ ਕੁਮਾਰ ਕਾਲਜ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਆਦਿ ਵੀ ਹਾਜ਼ਰ ਸਨ।

# ਚੰਦ ਫਤਿਹਪੁਰੀ ਦੇ ਦੇਹਾਂਤ 'ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਦੁੱਖ ਦਾ ਪ੍ਰਗਟਾਵਾ

**ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)**- ਸੀਨੀਅਰ ਪੱਤਰਕਾਰ ਅਤੇ ਖੱਬੇ ਪੱਖੀ ਲਹਿਰ ਦੇ ਨਿਡਰ ਆਗੂ ਕਾਮਰੇਡ ਚੰਦ ਫਤਿਹਪੁਰੀ ਦੇ ਦੇਹਾਂਤ ਦੀ ਖ਼ਬਰ ਸੁਣਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਉਨ੍ਹਾਂ ਦੇ ਵਿਛੋੜੇ 'ਤੇ ਹਲਕਾ ਨਕੋਦਰ ਦੀਆਂ ਵੱਖ-ਵੱਖ ਜਥੇਬੰਦੀਆਂ, ਕਿਸਾਨ ਆਗੂਆਂ, ਪੱਤਰਕਾਰ ਯੂਨੀਅਨ, ਨੰਬਰਦਾਰ ਯੂਨੀਅਨ, ਸਮਾਜ ਸੇਵੀਆਂ, ਸਾਹਿਤ ਸਭਾ ਅਤੇ ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਸਾਂਝੇ ਬਿਆਨ ਵਿੱਚ ਬੁਲਾਰਿਆਂ ਨੇ ਕਿਹਾ ਕਿ ਕਾਮਰੇਡ ਚੰਦ ਫਤਿਹਪੁਰੀ ਦੇ ਵਿਛੋੜੇ ਦੀ ਖ਼ਬਰ ਨੇ ਉਨ੍ਹਾਂ ਨੂੰ ਗਹਿਰਾ ਸਦਮਾ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਚੰਦ ਫਤਿਹਪੁਰੀ ਨੇ ਆਪਣੀ ਪੂਰੀ ਜ਼ਿੰਦਗੀ ਮਜ਼ਦੂਰਾਂ, ਕਿਸਾਨਾਂ ਅਤੇ ਲਤਾੜੇ ਹੋਏ ਲੋਕਾਂ ਦੇ ਹੱਕਾਂ ਅਤੇ ਸਮਾਜਿਕ ਇਨਸਾਫ਼ ਦੀ ਲੜਾਈ ਨੂੰ ਸਮਰਪਿਤ ਕੀਤੀ। ਉਹ ਲੰਮਾ ਸਮਾਂ ਲੋਕ ਹਿੱਤਾਂ ਲਈ ਸੰਘਰਸ਼ ਕਰਦੇ ਰਹੇ ਅਤੇ ਆਪਣੀ ਕਲਮ ਰਾਹੀਂ ਵੀ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਦੇ ਰਹੇ। ਬੁਲਾਰਿਆਂ ਨੇ ਕਿਹਾ ਕਿ 'ਨਵਾਂ ਜ਼ਮਾਨਾ' ਦੀ ਸੰਪਾਦਕੀ ਰਾਹੀਂ ਉਨ੍ਹਾਂ ਦੀ ਕਲਮ ਹਮੇਸ਼ਾ ਲੋਕ-ਪੱਖੀ ਆਵਾਜ਼ ਬਣ ਕੇ ਗੂੰਜਦੀ ਰਹੀ ਅਤੇ ਅਗਾਂਹਵਧੂ ਵਿਚਾਰਧਾਰਾ ਦਾ ਮਾਰਗਦਰਸ਼ਨ ਕਰਦੀ ਰਹੀ। ਉਨ੍ਹਾਂ ਦਾ ਦੇਹਾਂਤ ਪੰਜਾਬ ਦੀ ਲੋਕ-ਪੱਖੀ ਪੱਤਰਕਾਰੀ ਅਤੇ ਇਨਕਲਾਬੀ ਲਹਿਰ ਲਈ ਵੱਡਾ ਘਾਟਾ ਹੈ, ਜਿਸ ਨੂੰ ਪੂਰਾ ਕਰਨਾ ਮੁਸ਼ਕਲ ਹੈ। ਉਨ੍ਹਾਂ ਨੇ ਕਾਮਰੇਡ ਚੰਦ ਫਤਿਹਪੁਰੀ ਦੇ ਪਰਵਾਰ ਤੇ ਸਨੇਹੀਆਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ।

# ਐੱਸ ਟੀ ਐੱਸ ਵਰਲਡ ਸਕੂਲ 'ਚ ਸ਼ਾਂਤੀ ਅਤੇ ਅਹਿੰਸਾ ਵਿਸ਼ੇ 'ਤੇ ਵਿਸ਼ੇਸ਼ ਸਭਾ

**ਗੁਰਾਇਆ (ਬਿੰਦਰ ਸੁਮਨ)**- ਐੱਸ ਟੀ ਐੱਸ ਵਰਲਡ ਸਕੂਲ ਵਿਖੇ ਜਮਾਤ ਸੱਤਵੀ ਬੀ ਦੇ ਵਿਦਿਆਰਥੀਆਂ ਵੱਲੋਂ ਸ਼੍ਰੀਮਤੀ ਗੀਤੂ ਵਿਨਾਇਕ ਦੀ ਅਗਵਾਈ ਹੇਠ ਸ਼ਾਂਤੀ ਅਤੇ ਅਹਿੰਸਾ ਵਿਸ਼ੇ 'ਤੇ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਇਸ ਸਭਾ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸ਼ਾਂਤੀ, ਸਹਿਣਸ਼ੀਲਤਾ, ਪਿਆਰ ਅਤੇ ਅਹਿੰਸਾ ਦੀ ਭਾਵਨਾ ਪੈਦਾ ਕਰਨਾ ਸੀ।



ਸਭਾ ਦੀ ਸ਼ੁਰੂਆਤ ਵਿੱਚ ਮੰਚ ਦਾ ਸੰਚਾਲਨ ਰਵਨੀਤ ਅਤੇ ਸਾਹਿਬ ਸਿੰਘ ਨੇ ਕੀਤੀ। ਇਸ ਤੋਂ ਬਾਅਦ ਹਰਸੀਰਤ ਨੇ ਨਵਾਂ ਸ਼ਬਦ, ਅਵਨੀਤ ਕੌਰ ਨੇ ਅੱਜ ਦਾ ਵਿਚਾਰ ਅਤੇ ਏਕਮ ਕੌਰ ਨੇ ਖ਼ਬਰਾਂ ਦੀਆਂ ਸੁਰਖੀਆਂ ਪੇਸ਼ ਕੀਤੀਆਂ।

ਵਿਦਿਆਰਥੀਆਂ ਨੇ ਭਾਸ਼ਣਾਂ ਰਾਹੀਂ ਸ਼ਾਂਤੀ ਅਤੇ ਅਹਿੰਸਾ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਅਸ਼ਮੀਤ ਅਤੇ ਤਨਪ੍ਰੀਤ ਨੇ ਪ੍ਰਭਾਵਸ਼ਾਲੀ ਭਾਸ਼ਣ ਪੇਸ਼ ਕੀਤੇ, ਵੈਸ਼ਨਵੀ ਨੇ ਆਪਣੀ ਸੁਰੀਲੀ ਕਵਿਤਾ ਰਾਹੀਂ ਸ਼ਾਂਤੀ ਦਾ ਸੁੰਦਰ ਸੰਦੇਸ਼ ਦਿੱਤਾ।

ਜਮਾਤ ਸੱਤਵੀ ਬੀ ਦੇ ਲੜਕਿਆਂ ਗੁਰਵੀਰ ,ਗੁਰਜੋਤ ਅਤੇ ਮਹਿਤਾਬ ਵੱਲੋਂ ਪੇਸ਼ ਕੀਤੇ ਗਏ ਛੋਟੇ ਨਾਟਕ ਨੇ ਵਿਦਿਆਰਥੀਆਂ ਨੂੰ ਆਪਸੀ ਮਤਭੇਦਾਂ ਨੂੰ ਹਿੰਸਾ ਦੀ ਬਜਾਏ ਗੱਲਬਾਤ ਅਤੇ ਸਮਝਦਾਰੀ ਨਾਲ ਸੁਲਝਾਉਣ ਦਾ ਸੰਦੇਸ਼ ਦਿੱਤਾ। ਇਸ ਉਪਰੰਤ ਸੱਤਵੀ-ਬੀ ਦੀਆਂ ਲੜਕੀਆ ਨੇ ਏਕ ਤੂ ਹੀ ਭਰੋਸਾ ਗੀਤ 'ਤੇ ਮਨਮੋਹਕ ਡਾਂਸ ਪੇਸ਼ ਕੀਤਾ।

ਸਭਾ ਦੌਰਾਨ ਇੱਕ ਵਿਸ਼ੇਸ਼ ਗਤੀਵਿਧੀ ਸ਼ਾਂਤੀ ਭੰਗ ਕਰਨ ਵਾਲਾ ਹੈ ਜਾਂ ਸ਼ਾਂਤੀ ਸਥਾਪਿਤ ਕਰਨ ਵਾਲਾ ਵੀ ਕਰਵਾਈ ਗਈ। ਵੱਖ-ਵੱਖ ਜਮਾਤ ਦੇ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਗਿਆ ਅਤੇ ਉਨ੍ਹਾਂ ਨੂੰ ਕਾਲੇ ਕਾਰਡ ਚੁਣਨ ਲਈ ਕਿਹਾ ਗਿਆ। ਕਾਰਡ 'ਤੇ ਦਿੱਤੀ ਸਥਿਤੀ ਨੂੰ ਪੜ੍ਹ ਕੇ ਵਿਦਿਆਰਥੀਆਂ ਨੇ ਦੱਸਿਆ ਕਿ ਉਹ ਵਿਵਹਾਰ (ਸ਼ਾਂਤੀ ਭੰਗ ਕਰਨ ਵਾਲਾ) ਹੈ ਜਾਂ (ਸ਼ਾਂਤੀ ਸਥਾਪਿਤ ਕਰਨ ਵਾਲਾ)। ਇਸ ਗਤੀਵਿਧੀ ਨੇ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਵਿਵਹਾਰ ਬਾਰੇ ਸੋਚਣ ਅਤੇ ਸ਼ਾਂਤੀਪੂਰਨ ਫ਼ੈਸਲੇ ਲੈਣ ਲਈ ਪ੍ਰੇਰਿਤ ਕੀਤਾ।

ਅੰਤ ਵਿੱਚ ਸਕੂਲ ਦੇ ਸਤਿਕਾਰਯੋਗ ਪ੍ਰਿੰਸੀਪਲ ਸ਼੍ਰੀਮਤੀ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਕਿਹਾ, ਜੀਵਨ ਵਿੱਚ ਆਉਣ ਵਾਲੇ ਮਸਲਿਆਂ ਨੂੰ ਗੁੱਸੇ ਜਾਂ ਹਿੰਸਾ ਨਾਲ ਨਹੀਂ, ਸਗੋਂ ਸ਼ਾਂਤੀ, ਧੀਰਜ, ਸਮਝਦਾਰੀ ਅਤੇ ਆਪਸੀ ਗੱਲਬਾਤ ਨਾਲ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਆਲੇ-ਦੁਆਲੇ ਸ਼ਾਂਤੀ ਅਤੇ ਸਦਭਾਵਨਾ ਦਾ ਮਾਹੌਲ ਬਣਾਉਣ ਲਈ ਪ੍ਰੇਰਿਤ ਕੀਤਾ।

# ਟੀਨੂੰ ਵੱਲੋਂ ਆਦਮਪੁਰ 'ਚ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ



**ਆਦਮਪੁਰ (ਪਰਮਜੀਤ ਸਿੰਘ)**- ਪੰਜਾਬ ਸਰਕਾਰ ਵਲੋਂ ਆਪਣੇ ਕਾਰਜਕਾਲ ਦੌਰਾਨ ਸੂਬੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਕੀਤੀਆਂ ਗਈਆਂ ਪਹਿਲਕਦਮੀਆਂ ਬਾਰੇ ਜਾਣੂ ਕਰਵਾਉਣ ਲਈ ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂੰ ਵੱਲੋਂ 'ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਆਦਮਪੁਰ ਵਿਖੇ ਡੋਰ-ਟੂ-ਡੋਰ ਅਭਿਆਨ ਦੀ ਸ਼ੁਰੂਆਤ ਕੀਤੀ ਗਈ। ਜਨ ਸੰਪਰਕ ਮੁਹਿੰਮ ਦੌਰਾਨ ਚੇਅਰਮੈਨ ਪਵਨ ਕੁਮਾਰ ਟੀਨੂੰ ਨੇ ਆਦਮਪੁਰ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਦਿਨ-ਰਾਤ ਕੰਮ ਰਹੀ ਹੈ। ਉਨ੍ਹਾਂ ਦੱਸਿਆ ਕਿ ਰਾਜ ਸਰਕਾਰ ਜਿਥੇ ਸੂਬੇ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਲੋਕਾਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ ਉਥੇ ਸਰਕਾਰ ਨੇ ਕਈ ਲੋਕ-ਪੱਖੀ ਉਪਰਾਲਿਆਂ ਦੀ ਸ਼ੁਰੂਆਤ ਕਰਕੇ ਸੂਬਾ ਵਾਸੀਆਂ ਨੂੰ ਵੱਡੀ ਰਾਹਤ ਪਹੁੰਚਾਈ ਹੈ। ਟੀਨੂੰ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਘਰੇਲੂ ਖਪਤਕਾਰਾਂ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ, ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ, ਮਾਵਾਂ-ਧੀਆਂ ਸਤਿਕਾਰ ਯੋਜਨਾ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਕੈਸ਼ਲੈਸ ਇਲਾਜ ਦੀ ਸਹੂਲਤ ਵਰਗੀਆਂ ਕਈ ਅਹਿਮ ਸਕੀਮਾਂ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀਆਂ ਹਨ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵਲੋਂ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਅਣਥੱਕ ਉਪਰਾਲੇ ਕੀਤੇ ਜਾ ਰਹੇ ਹਨ ਅਤੇ 71,000 ਤੋਂ ਵੱਧ ਸਰਕਾਰੀ ਨੌਕਰੀਆਂ ਨਿਰੋਲ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ।

# ਡਾ. ਇਸ਼ਾਂਕ ਨੇ ਪ੍ਰਾਇਮਰੀ ਸਕੂਲ ਖੇਡਾਂ ਦਾ ਕੀਤਾ ਉਦਘਾਟਨ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵਲੋਂ ਕਰਵਾਈਆਂ ਜਾ ਰਹੀਆਂ ਪ੍ਰਾਇਮਰੀ ਸਕੂਲਾਂ ਦੀਆਂ ਖੇਡਾਂ ਦੇ ਬਲਾਕ ਪੱਧਰੀ ਮੁਕਾਬਲਿਆਂ ਦਾ ਨੇੜਲੇ ਪਿੰਡ ਸਲੇਮਪੁਰ ਵਿਖੇ ਉਦਘਾਟਨ ਕਰਦਿਆਂ ਚੱਬੇਵਾਲ ਤੋਂ ਵਿਧਾਇਕ ਡਾ.ਇਸ਼ਾਂਕ ਕੁਮਾਰ ਨੇ ਕਿਹਾ ਕਿ ਰਾਜ ਸਰਕਾਰ ਨੇ ਜ਼ਮੀਨੀ ਪੱਧਰ 'ਤੇ ਖੇਡਾਂ ਨੂੰ ਵੱਡਾ ਹੁਲਾਰਾ ਦਿੱਤਾ, ਜਿਸ ਸਦਕਾ ਸੂਬੇ ਵਿਚ ਖੇਡ ਸੱਭਿਆਚਾਰ ਹੋਰ ਮਜ਼ਬੂਤ ਹੋਇਆ ਹੈ।

ਬਲਾਕ ਪੱਧਰੀ ਸਕੂਲੀ ਖੇਡਾਂ ਬਾਰੇ ਵਿਧਾਇਕ ਡਾ.ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਦਾ ਮੁੱਖ ਉਦੇਸ਼ ਵੀ ਸੂਬੇ ਦੇ ਹਰ ਕੋਨੇਂ ਵਿਚ ਹੇਠਲੇ ਪੱਧਰ ਤੱਕ ਹਰ ਉਮਰ ਵਰਗ ਦੇ ਚਾਹਵਾਨ ਖਿਡਾਰੀਆਂ ਨੂੰ ਆਪਣੀਆਂ ਪਸੰਦੀਦਾ ਖੇਡਾਂ ਵਿਚ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਪ੍ਰਦਾਨ ਕਰਨਾ ਹੈ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਖਿਡਾਰੀਆਂ ਦਾ ਵਿਸ਼ੇਸ ਸਨਮਾਨ ਕਰਦਿਆਂ ਉਨ੍ਹਾਂ ਨੂੰ ਨਕਦ ਇਨਾਮ ਨਾਲ ਨਿਵਾਜਿਆ ਜਾ ਰਿਹਾ ਹੈ।ਜਿਸ ਵਿੱਚ ਓਲੰਪਿਕ ਖੇਡਾਂ ਵਿੱਚ ਤਮਗੇ ਜਿੱਤਣ ਵਾਲੇ ਪੰਜਾਬੀ ਹਾਕੀ ਖਿਡਾਰੀਆਂ ਨੂੰ 1-1 ਕਰੋੜ ਰੁਪਏ ਦੀ ਰਾਸ਼ੀ ਅਤੇ ਸਰਕਾਰੀ ਨੌਕਰੀਆਂ ਦੇ ਕੇ ਉਨ੍ਹਾਂ ਦਾ ਮਾਣ ਵਧਾਇਆ ਹੈ।


ਫਾਰਮ ਨੰ. 3 [ਦੇਖੋ ਰੈਗੂਲੇਸ਼ਨ -15 (1)(ਏ)]
ਕਰਜ਼ਾ ਵਸੂਲੀ ਦਫਤਰ-I/II
ਕਰਜ਼ਾ ਵਸੂਲੀ ਟ੍ਰਿਬਿਊਨਲ
ਚੰਡੀਗੜ੍ਹ (ਡੀ ਆਰ ਟੀ 3)
ਧਰਾਤਲ ਮੰਜ਼ਲ ਐੱਸ ਸੀ ਓ 33-34-35,
ਸੈਕਟਰ 17-ਏ, ਚੰਡੀਗੜ੍ਹ-160017
ਡਿਮਾਂਡ ਨੋਟਿਸ
ਰਾਹੀਂ ਪਬਲੀਕੇਸ਼ਨ
ਕਰਜ਼ਾ ਵਸੂਲੀ ਅਤੇ ਦੀਵਾਲੀਆਪਨ ਐਕਟ 1993 ਅਤੇ ਆਮਦਨ ਕਰ ਐਕਟ 1961 ਦੀ ਦੂਜੀ ਅਨੁਸੂਚੀ ਦੇ ਰੂਲ 2 ਦੇ ਸੈਕਸ਼ਨ 25 ਤੋਂ 28 ਤਹਿਤ ਨੋਟਿਸ
ਆਰ ਸੀ/713/2025 09-09-2026
ਐਕਸਿਸ ਬੈਂਕ ਲਿਮਟਿਡ
ਬਨਾਮ
ਮੈਸ: ਕੇਸ਼ਵ ਫੀਡਜ਼ ਐਂਡ ਕੈਮੀਕਲਜ਼

ਸੇਵਾ 'ਚ (ਸੀ ਡੀ 1) ਮੈਸ: ਕੇਸ਼ਵ ਫੀਡਜ਼ ਐਂਡ ਕੈਮੀਕਲਜ਼, ਖਸਰਾ ਨੰ. 1079, ਖੱਤਾ ਨੰ. 1/1, ਕੰਗਣਵਾਲ ਰੋਡ, ਪਿੰਡ ਜਸਪਾਲ ਬਾਂਗੜ, ਲੁਧਿਆਣਾ, ਪੰਜਾਬ, ਨਾਲ ਹੀ : ਮੈਸ: ਕੇਸ਼ਵ ਫੀਡਜ਼ ਐਂਡ ਕੈਮੀਕਲਜ਼, ਮਾਲਕ ਪ੍ਰਿਯੰਕਾ ਜਿੰਦਲ ਪਤਨੀ ਸ੍ਰੀ ਵਿਪੁਲ ਜਿੰਦਲ ਵਾਸੀ 65-ਏ, ਪੁਰਾਣਾ ਨੰ. 1017/2, ਟੈਗੋਰ ਨਗਰ, ਸਿਵਲ ਲਾਈਨਜ਼, ਲੁਧਿਆਣਾ।
(ਸੀ ਡੀ 2) ਸ੍ਰੀ ਪ੍ਰਿਯੰਕਾ ਜਿੰਦਲ ਪਤਨੀ ਸ੍ਰੀ ਵਿਪੁਲ ਜਿੰਦਲ, ਵਾਸੀ 65-ਏ, ਪੁਰਾਣਾ ਨੰ. 1017/2, ਟੈਗੋਰ ਨਗਰ, ਸਿਵਲ ਲਾਈਨਜ਼, ਲੁਧਿਆਣਾ।
(ਸੀ ਡੀ 3) ਸ੍ਰੀ ਵਿਪੁਲ ਜਿੰਦਲ ਪੁੱਤਰ ਸ੍ਰੀ ਸ਼ਿਵ ਸ਼ੰਕਰ ਜਿੰਦਲ ਵਾਸੀ 65-ਏ, ਪੁਰਾਣਾ ਨੰ. 1017/2, ਟੈਗੋਰ ਨਗਰ, ਸਿਵਲ ਲਾਈਨਜ਼, ਲੁਧਿਆਣਾ।
(ਸੀ ਡੀ 4) ਸ੍ਰੀਮਤੀ ਵੀਨਾ ਜਿੰਦਲ ਪਤਨੀ ਸ੍ਰੀ ਸ਼ਿਵ ਸ਼ੰਕਰ ਜਿੰਦਲ ਵਾਸੀ 65-ਏ, ਪੁਰਾਣਾ ਨੰ. 1017/2, ਟੈਗੋਰ ਨਗਰ, ਸਿਵਲ ਲਾਈਨਜ਼, ਲੁਧਿਆਣਾ।
(ਸੀ ਡੀ 5) ਸ੍ਰੀ ਸ਼ਿਵ ਸ਼ੰਕਰ ਜਿੰਦਲ ਪੁੱਤਰ ਸ੍ਰੀ ਨਿਦਾਨ ਗੋਪਾਲ ਵਾਸੀ 65-ਏ, ਪੁਰਾਣਾ ਨੰ. 1017/2, ਟੈਗੋਰ ਨਗਰ, ਸਿਵਲ ਲਾਈਨਜ਼, ਲੁਧਿਆਣਾ।
(ਸੀ ਡੀ 6) ਸ੍ਰੀ ਚਮਨ ਲਾਲ ਜਿੰਦਲ, ਮਕਾਨ ਨੰ. ਬੀ 19-484, ਸੰਗਤ ਰੋਡ, ਨੇੜੇ ਕ੍ਰਿਸ਼ਨਾ ਮੰਦਰ, ਸਿਵਲ ਲਾਈਨਜ਼, ਲੁਧਿਆਣਾ।

ਨੋਟੀਫਾਈ ਕੀਤਾ ਜਾਂਦਾ ਹੈ ਕਿ ਪ੍ਰੀਜ਼ਾਇਡਿੰਗ ਅਫਸਰ, ਕਰਜ਼ਾ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀ ਆਰ ਟੀ 3) ਵੱਲੋਂ ਓ ਏ/955/2018 'ਚ ਰਕਮ ਰੁਪਏ 26471162.55/- (ਦੋ ਕਰੋੜ ਚੌਂਹਠ ਲੱਖ ਇਕੱਤਰ ਹਜ਼ਾਰ ਇੱਕ ਸੌ ਬਾਹਠ ਰੁਪਏ ਅਤੇ ਪਚਵੰਜਾ ਪੈਸੇ ਕੇਵਲ ) ਸਮੇਤ ਪੈਂਡੈਂਟ ਲਾਈਟ ਅਤੇ ਭਵਿੱਖੀ ਵਿਆਜ 8.00 ਫੀਸਦੀ ਦੀ ਦਰ 'ਤੇ ਸਧਾਰਨ ਵਿਆਜ ਸਾਲਾਨਾ 25/04/2018 ਤੋਂ ਵਸੂਲੀ ਤੱਕ ਅਤੇ ਲਾਗਤਾਂ ਰੁਪਏ 150000/-(ਇੱਕ ਲੱਖ ਪੰਜਾਹ ਹਜ਼ਾਰ ਰੁਪਏ ਕੇਵਲ) ਦੇ ਪਾਸ ਕੀਤੇ ਹੁਕਮਾਂ ਦੀ ਪਾਲਣਾ 'ਚ ਜਾਰੀ ਕੀਤੇ ਗਏ ਵਸੂਲੀ ਸਰਟੀਫਿਕੇਟ ਅਨੁਸਾਰ ਤੁਹਾਡੇ ਵਿਰੁੱਧ (ਸਾਂਝੇ ਅਤੇ ਵੱਖਰੇ-ਵੱਖਰੇ ਤੌਰ 'ਤੇ/ਪੂਰਨ/ਸੀਮਤ) ਬਕਾਇਆ ਹਨ।

2. ਤੁਹਾਨੂੰ, ਇਸ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 15 ਦਿਨਾਂ ਦੇ ਅੰਦਰ ਉਪਰੋਕਤ ਰਕਮ ਅਦਾ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲੋਂ ਬਕਾਇਆ ਕਰਜ਼ਾ ਵਸੂਲੀ ਐਕਟ, 1993 ਅਤੇ ਉਸ ਤਹਿਤ ਨਿਯਮਾਂ ਅਨੁਸਾਰ ਵਸੂਲੀ ਕੀਤੀ ਜਾਵੇਗੀ।

3. ਜਦੋਂ ਕਿ ਟ੍ਰਿਬਿਊਨਲ ਨੂੰ ਯਕੀਨ ਦਿਵਾਇਆ ਜਾ ਚੁੱਕਾ ਹੈ ਕਿ ਤੁਹਾਡੀ ਤਾਮੀਲ ਆਮ ਤਰੀਕੇ ਨਾਲ ਹੋਣੀ ਸੰਭਵ ਨਹੀਂ, ਇਸ ਲਈ ਟ੍ਰਿਬਿਊਨਲ ਸਨਮੁੱਖ 12.10.2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਲਈ ਤੁਹਾਨੂੰ ਪ੍ਰਕਾਸ਼ਨਾ ਰਾਹੀਂ ਇਹ ਨੋਟਿਸ ਦਿੱਤਾ ਜਾਂਦਾ ਹੈ।

4. ਤੁਹਾਨੂੰ, ਆਪਣੇ ਐੱਸਟਸ ਦੇ ਵੇਰਵੇ ਹਲਫੀਆ ਬਿਆਨ 'ਤੇ ਅਗਲੀ ਸੁਣਵਾਈ ਵਾਲੀ ਤਰੀਕ ਜਾਂ ਉਸ ਤੋਂ ਪਹਿਲਾਂ ਐਲਾਨ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

5. ਉਪਰੋਕਤ ਰਕਮ ਤੋਂ ਇਲਾਵਾ ਤੁਸੀਂ ਭੁਗਤਾਨ ਕਰਨ ਲਈ ਵੀ ਜਵਾਬਦੇਹ ਹੋ :

(ਏ) ਅਜਿਹਾ ਵਿਆਜ, ਜੋ ਕਿ ਸਰਟੀਫਿਕੇਟ/ਕਾਰਵਾਈ ਚਲਾਉਣ ਦੇ ਇਸ ਨੋਟਿਸ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਦੀ ਮਿਆਦ ਲਈ ਭੁਗਤਾਨਯੋਗ ਹੋਵੇਗਾ।

(ਬੀ) ਬਕਾਇਆ ਰਕਮ ਦੀ ਵਸੂਲੀ ਲਈ ਇਸ ਨੋਟਿਸ ਅਤੇ ਵਾਰੰਟਾਂ ਦੀ ਤਾਮੀਲ ਅਤੇ ਹੋਰ ਅਮਲ ਅਤੇ ਸਾਰੀਆਂ ਹੋਰ ਕਾਰਵਾਈਆਂ ਸੰਬੰਧੀ ਸਾਰੀਆਂ ਲਾਗਤਾਂ, ਚਾਰਜਿਜ਼ ਅਤੇ ਖਰਚੇ।

ਮੇਰੇ ਦਸਤਖਤਾਂ ਅਤੇ ਟ੍ਰਿਬਿਊਨਲ ਦੀ ਮੋਹਰ ਨਾਲ ਮਿਤੀ 09.09.2026 ਨੂੰ ਜਾਰੀ ਕੀਤਾ ਗਿਆ।

ਵਸੂਲੀ ਅਫਸਰ
ਕਰਜ਼ਾ ਵਸੂਲੀ ਟ੍ਰਿਬਿਊਨਲ
ਚੰਡੀਗੜ੍ਹ (ਡੀ ਆਰ ਟੀ-2)



SBI RETAIL ASSETS CENTRAL PROCESSING CENTRE (05296), CIVIL LINES, FOUNTAIN CHOWK, LUDHIANA

ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ ਨਿਮਨਹਸਤਾਖਰੀ ਨੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਨੋਟਿਸਾਂ 'ਚ ਦਰਸਾਈ ਰਕਮ ਵਾਪਸ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਅਤੇ ਗਰੰਟਰ ਰਕਮ ਅਦਾ ਕਰਨ 'ਚ ਅਸਫਲ ਰਹੇ ਹਨ, ਜਾਇਦਾਦ ਦੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤਿਆਂ ਵਿਰੁੱਧ ਇਨ੍ਹਾਂ ਮਿਤੀਆਂ ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਖਾਸ ਕਰਕੇ ਕਰਜ਼ਦਾਰ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਲਈ ਖਬਰਦਾਰ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕਰਨ 'ਤੇ ਸਟੇਟ ਬੈਂਕ ਆਫ ਇੰਡੀਆ, ਆਰ ਏ ਸੀ ਪੀ ਸੀ, ਸਿਵਲ ਲਾਈਨਜ਼, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁੱਲ ਰਕਮ ਜਮ੍ਹਾਂ ਇਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਵਸੂਲ ਕੀਤੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਅਤੇ ਗਰੰਟਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) ਸ੍ਰੀ ਸਰੋਜ ਕੁਮਾਰ ਪੁੱਤਰ ਸ੍ਰੀ ਕੁਨਾ ਰਾਮ ਵਾਸੀ ਮਕਾਨ ਨੰ. 151, ਗਲੀ ਨੰ. 1, ਗੋਬਿੰਦ ਨਗਰ, ਭਾਮੀਆਂ ਕਲਾਂ, ਮੁੰਡੀਆਂ ਕਲਾਂ, ਲੁਧਿਆਣਾ-141015 | ਜਾਇਦਾਦ /ਪਲਾਟ ਰਕਬਾ 75 ਵਰਗ ਗਜ਼, ਖਸਰਾ ਨੰ. 32//2/1-22-9-12-33//5/2-7/1-14/2-15-16-17/1-24/2-25-32//19-20-21-37//4/2-5-38//1-2 ਅਤੇ ਖੱਤਾ ਨੰ. 183/189-190, ਜਮ੍ਹਾਂਬੰਦੀ ਸਾਲ 2003-04, ਪਿੰਡ ਭਾਮੀਆਂ ਕਲਾਂ ਵਿਖੇ ਸਥਿਤ, ਹੱਦਬਸਤ ਨੰ. 181, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਹੱਦਾਂ ਹੇਠ ਅਨੁਸਾਰ : ਪੂਰਬ : ਗੁਆਂਢ 15', ਪੱਛਮ : ਗਲੀ 20 ਫੁੱਟ, 15' ਉੱਤਰ : ਗੁਆਂਢ 45', ਦੱਖਣ : ਗੁਆਂਢ 45', ਬੈਨਾਮਾ ਵਸੀਕਾ ਨੰ. 18304 ਮਿਤੀ 25/02/2010 ਅਨੁਸਾਰ ਸ੍ਰੀ ਸਰੋਜ ਕੁਮਾਰ ਪੁੱਤਰ ਸ੍ਰੀ ਕੁਨਾ ਰਾਮ ਦੇ ਨਾਂਅ 'ਤੇ। | 16.06.2025 | 20.09.2026 | ਸੰਕੇਤਕ ਕਬਜ਼ਾ / ਰੁਪਏ 14,93,841/- (ਚੌਦਾਂ ਲੱਖ ਤਿਰਾਨਵੇਂ ਹਜ਼ਾਰ ਅੱਠ ਸੌ ਇਕਤਾਲੀ ਰੁਪਏ ਕੇਵਲ) ਸਮੇਤ 14.06.2025 ਤੋਂ ਭਵਿੱਖੀ ਵਿਆਜ, ਲਾਗਤਾਂ, ਚਾਰਜਿਜ਼ ਅਤੇ ਇਸ 'ਤੇ ਹੋਰ ਖਰਚੇ। |

ਮਿਤੀ : 24.09.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ



ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.:- 160,161-2026-27-ADEN-LDH & 162-2026-27-ADEN-JRC ਤਾਰੀਕ : 22.09.2026

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 14.10.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 21.09.2026 | 30.09.2026 | 14.10.2026 / 15:00 ਵਜੇ |

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ |
|---|---|---|
| 1 | 160-2026-27-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਸੀਨੀਅਰ ਅਨੁਭਾਗੀ ਇੰਜੀਨੀਅਰ/ਪੀ-ਵੇ/ਨਵਾਂਸ਼ਹਿਰ ਸੈਕਸ਼ਨ ਵਿਚ ਪੀ-ਵੇ ਜੋਨ ਦੇ ਵਖ-ਵਖ ਕੰਮ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 8999993.76 | 180000.00 | 60 ਦਿਨ | 08 ਮਹੀਨੇ |

ਕੰਮ ਦੀ ਸਮਾਨ ਨੇਚਰ:- ``CTR/TRR/TFR/TTR ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਨੂੰ ਡਿਸਟ੍ਰੇਸ ਕਰਨਾ, (destressing) ns/ ਟ੍ਰੈਕ ਰਖਰਖਾਅ ਮਸ਼ੀਨ (ਜਿਵੇਂ ਟੈਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ਰੇਗੂਲੇਟਿੰਗ ਮਸ਼ੀਨ) ਦੇ ਲਈ ਪ੍ਰੀ0 ਅਤੇ ਪੋਸਟ-ਵਰਕ ਸ਼ਾਮਲ ਹਨ, ਨਾਲ ਹੀ ਟੀ-28 ਦੁਆਰਾ ਟੀਟੀਆਰ ਦਾ ਕੰਮ ਵੀ ਸ਼ਾਮਲ ਹੈ।''

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ |
|---|---|---|
| 2 | 161-2026-27-ADEN-LDH | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਫਿਰੋਜਪੁਰ ਡਵੀਜਨ ਵਿਚ ਨਾਨ-ਇੰਟਰਲਾਕ ਲੇਵਲ-ਕ੍ਰਾਸਿੰਗ ਗੇਟਸ (TVU 10,000 ਤੋਂ 20,000 ਦੇ ਵਿਚ) ਤੇ ਗੇਟ ਸਿਗਨਲਿੰਗ ਦੇ ਲਈ 14 ਲੇਵਲ-ਕ੍ਰਾਸਿੰਗ ਤੇ ਰਿਲੇ ਹਟ ਦਾ ਪ੍ਰਬੰਧ, ਟਾਈਪ ਪਲਾਨ ਨੰਬਰ HQ/01/02-2017/R-1 ਦੇ ਅਨੁਸਾਰ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 25425220.36 | 508500.00 | 60 ਦਿਨ | 10 ਮਹੀਨੇ |

ਸਮਾਨ ਨੇਚਰ ਦਾ ਕੰਮ: 'ਇਮਾਰਤ/ਆਵਾਸ ਦੀ ਉਸਾਰੀ''

| ਲ. | ਨਿਵਿਦਾ ਸੰਖਿਆ | ਨਿਵਿਦਾ ਦਾ ਵੇਰਵਾ |
|---|---|---|
| 3 | 162-2026-27-ADEN-JRC | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਦੇ ਦੇ ਤਹਿਤ ਫਿਰੋਜਪੁਰ ਡਵੀਜਨ ਵਿਚ ਨਾਨ-ਇੰਟਰਲਾਕ ਲੇਵਲ-ਕ੍ਰਾਸਿੰਗ ਗੇਟਸ (TVU 10,000 ਤੋਂ 20,000 ਦੇ ਵਿਚ) ਤੇ ਗੇਟ ਸਿਗਨਲਿੰਗ ਦੇ ਲਈ 10 ਲੇਵਲ-ਕ੍ਰਾਸਿੰਗ ਤੇ ਰਿਲੇ ਹਟ ਦਾ ਪ੍ਰਬੰਧ, ਟਾਈਪ ਪਲਾਨ ਨੰਬਰ HQ/01/02-2017/R-1 ਦੇ ਅਨੁਸਾਰ। |

| ਵਿਗਿਆਪਨ ਮੂਲ (ਰੂ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
|---|---|---|---|
| 18159944.10 | 363200.00 | 60 ਦਿਨ | 08 ਮਹੀਨੇ |

ਸਮਾਨ ਨੇਚਰ ਦਾ ਕੰਮ: 'ਇਮਾਰਤ/ਆਵਾਸ ਦੀ ਉਸਾਰੀ''

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। 3328/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਪੰਜਾਬ ਸਰਕਾਰ ਝੋਨੇ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ : ਬਰਸਟ

ਮੁਹਾਲੀ (ਗੁਰਜੀਤ ਬਿੱਲਾ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਗਾਮੀ ਸਾਉਣੀ ਸੀਜ਼ਨ 2026-27 ਦੌਰਾਨ ਸੂਬੇ ਦੀਆਂ ਮੰਡੀਆਂ ਵਿੱਚੋਂ ਝੋਨੇ ਦਾ ਇੱਕ-ਇੱਕ ਦਾਣਾ



ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹ ਜਾਣਕਾਰੀ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ 1 ਅਕਤੂਬਰ, 2026 ਤੋਂ ਸ਼ੁਰੂ ਹੋਣ ਵਾਲੇ ਸਾਉਣੀ ਖਰੀਦ ਸੀਜ਼ਨ ਲਈ ਝੋਨੇ ਦੇ ਸੁਚਾਰੂ ਖਰੀਦ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਹੋਈ ਮੀਟਿੰਗ ਦੌਰਾਨ ਦਿੱਤੀ। ਬਰਸਟ ਨੇ ਖਰੀਦ ਪ੍ਰਬੰਧਾਂ ਸਬੰਧੀ ਪੰਜਾਬ ਮੰਡੀ ਬੋਰਡ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਮੰਡੀ ਅਧਿਕਾਰੀਆਂ ਨਾਲ ਬੋਰਡ ਦੇ ਮੁੱਖ ਦਫ਼ਤਰ ਵਿਖੇ ਉੱਚ ਪੱਧਰੀ ਮੀਟਿੰਗ ਕੀਤੀ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਦੀਆਂ ਸਾਰੀਆਂ 1886 ਮੰਡੀਆਂ ਅਤੇ ਖਰੀਦ ਕੇਂਦਰ ਝੋਨੇ ਦੀ ਫਸਲ ਦੀ ਖਰੀਦ ਕਰਨ ਵਾਸਤੇ ਪੁਖਤਾ ਪ੍ਰਬੰਧਾਂ ਨਾਲ ਲੈਸ ਹੋਣ ਤਾਂ ਜੋ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਸਾਫ਼-ਸਫ਼ਾਈ, ਨਿਰਵਿਘਨ ਬਿਜਲੀ ਸਪਲਾਈ, ਪੀਣ ਵਾਲੇ ਪਾਣੀ ਦੀ ਸਹੂਲਤ, ਪਖਾਨੇ ਅਤੇ ਬੈਠਣ ਸਮੇਤ ਵਿਆਪਕ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਵਿਸ਼ੇਸ਼ ਤੌਰ ਤੇ ਕਿਹਾ ਕਿ ਖਰੀਦ ਪ੍ਰਕਿਰਿਆ ਦੌਰਾਨ ਮੰਡੀਆਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਢੁਕਵੇਂ ਛਾਂਦਾਰ ਖੇਤਰ ਅਤੇ ਬੈਠਣ ਦੇ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਉਨ੍ਹਾਂ ਦੇ ਆਰਾਮ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਇਆ ਜਾ ਸਕੇ। ਚੇਅਰਮੈਨ ਨੇ ਦੱਸਿਆ ਕਿ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਜਾਵੇਗਾ, ਜੋ ਕਿ 1 ਅਕਤੂਬਰ ਤੋਂ ਸ਼ੁਰੂ ਹੋਵੇਗਾ। ਕੰਟਰੋਲ ਰੂਮ ਵਿੱਚ ਟੈਲੀਫੋਨ ਨੰ. 0172-5101649 ਅਤੇ 0172-5101704 ਤੇ ਸੰਪਰਕ ਕੀਤਾ ਜਾ ਸਕੇਗਾ, ਤਾਂ ਜੋ ਸੀਜ਼ਨ ਦੌਰਾਨ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ।

# ਮੁਫ਼ਤ ਕਾਨੂੰਨੀ ਸੇਵਾਵਾਂ ਸੰਬੰਧੀ ਜਾਗਰੂਕਤਾ ਸੈਮੀਨਾਰ



ਨਵਾਂਸ਼ਹਿਰ (ਮਨੋਜ ਲਾਡੀ)- ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਮਾਨਯੋਗ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਮਾਣਯੋਗ ਸ੍ਰੀ ਜਤਿੰਦਰ ਪਾਲ ਸਿੰਘ ਖੁਰਮੀ ਜੀਆਂ ਦੇ ਅਤੇ ਮਾਣਯੋਗ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ, ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਡਾ. ਅਮਨਦੀਪ ਜੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੈਰਾ ਲੀਗਲ ਵਲੰਟੀਅਰਜ਼ ਵਾਸਦੇਵ ਪਰਦੇਸੀ ,ਦੇਸ ਰਾਜ ਬਾਲੀ, ਕਸ਼ਮੀਰ ਸਿੰਘ ਅਤੇ ਐਡਵੋਕੇਟ ਜਸ਼ਨਦੀਪ ਵੱਲੋਂ ਸਰਕਾਰੀ ਹਾਈ ਸਕੂਲ ਚਾਂਦਪੁਰ ਰੁੜਕੀ ਵਿਖੇ ਮੁਫ਼ਤ ਕਾਨੂੰਨੀ ਸੇਵਾਵਾਂ ਸਬੰਧੀ ਜਾਗਰੂਕਤਾ ਸੈਮੀਨਾਰ ਲਗਾਇਆ। ਉਨ੍ਹਾਂ ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ 'ਕੰਪਰੀਹੈਂਸਿਵ ਯੂਥ ਰਿਕਵਰੀ ਐਂਡ ਰੀਹੈਬਲੀਟੇਸ਼ਨ ਕੰਪੇਨ' (ਵਿਆਪਕ ਨੌਜਵਾਨ ਸੁਧਾਰ ਅਤੇ ਮੁੜ ਵਸੇਬਾ ਮੁਹਿੰਮ), ਦਾਜ ਦੀ ਸਮਾਜਿਕ ਬੁਰਾਈ, ਲਿੰਗ ਸਮਾਨਤਾ, ਸੰਵਿਧਾਨਕ ਮੁੱਲਾਂ, ਮਹਿਲਾਵਾਂ ਦੇ ਅਧਿਕਾਰਾਂ,ਪੋਕਸੋ ਐਕਟ ਅਤੇ ਨਾਲਸਾ / ਪਲਸਾ ਦੀਆਂ ਵੱਖ ਵੱਖ ਸਕੀਮਾਂ ਬਾਰੇ ਜਾਗਰੂਕ ਕੀਤਾ । ਉਨ੍ਹਾਂ ਵੱਲੋਂ ਟੋਲ ਫ੍ਰੀ ਨੰਬਰ 15100 ਅਤੇ ਨੈਸ਼ਨਲ ਲੋਕ ਅਦਾਲਤ ਤੇ ਸਥਾਈ ਲੋਕ ਅਦਾਲਤ ਬਾਰੇ ਵੀ ਜਾਣਕਾਰੀ ਦਿੱਤੀ।ਇਸ ਮੌਕੇ ਸਕੂਲ ਮੁੱਖ ਅਧਿਆਪਕ ਮਹਿੰਦਰ ਸਿੰਘ ਸਟਾਫ ਮੈਂਬਰ ਅੰਜੂ ਰਾਣੀ, ਸਰਬਜੀਤ ਕੌਰ, ਇੰਦਰਜੀਤ ਕੌਰ, ਅਤੇ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

# ਨਸ਼ਾ ਤਸਕਰਾਂ ਖ਼ਿਲਾਫ਼ ਬਿਨਾਂ ਸਿਆਸੀ ਦਬਾਅ ਦੇ ਕਾਰਵਾਈ ਦੀ ਮੰਗ

ਫਗਵਾੜਾ (ਡਾ. ਰਮਨ)- ਸਾਬਕਾ ਆਈ ਏ ਐਸ ਅਧਿਕਾਰੀ ਅਤੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਆਮ ਲੋਕਾਂ ਅਤੇ ਨੌਜਵਾਨਾਂ ਨਾਲ ਸਖ਼ਤੀ ਦਾ ਵਤੀਰਾ ਅਤੇ ਦੂਜੇ ਪਾਸੇ ਗੈਂਗਸਟਰਾਂ ਤੇ ਅਪਰਾਧੀਆਂ ਦੇ ਵਧ ਰਹੇ ਹੌਸਲੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੇ ਹਨ।



ਜੋ ਲੋਕ ਆਪਣੇ ਪਿੰਡ ਅਤੇ ਸਮਾਜ ਨੂੰ ਨਸ਼ੇ ਤੋਂ ਬਚਾਉਣ ਲਈ ਆਵਾਜ਼ ਚੁੱਕ ਰਹੇ ਹਨ, ਉਨ੍ਹਾਂ ਨੂੰ ਡਰਾਉਣ ਜਾਂ ਦਬਾਉਣ ਦੀ ਬਜਾਏ ਸਰਕਾਰ ਨੂੰ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ 'ਤੇ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ। ਧਾਲੀਵਾਲ ਨੇ ਕਿਹਾ ਕਿ ਨਸ਼ਾ ਰੋਕਣ ਵਾਲਿਆਂ ਨੂੰ ਡੰਡੇ ਅਤੇ ਗੈਂਗਸਟਰਾਂ ਨੂੰ ਸਰਪ੍ਰਸਤੀ ਵਰਗੀ ਧਾਰਨਾ ਲੋਕਤੰਤਰ ਅਤੇ ਕਾਨੂੰਨ ਦੇ ਰਾਜ ਲਈ ਬੇਹੱਦ ਗੰਭੀਰ ਸਥਿਤੀ ਹੈ। ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਪੰਜਾਬ ਵਿੱਚ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨਾਗਰਿਕ ਆਪਣੇ ਆਪ ਨੂੰ ਸੁਰੱਖਿਅਤ ਕਿਉਂ ਮਹਿਸੂਸ ਨਹੀਂ ਕਰ ਰਹੇ ਅਤੇ ਅਪਰਾਧੀਆਂ ਖ਼ਿਲਾਫ਼ ਕਾਰਵਾਈ ਕਦੋਂ ਪੂਰੀ ਤਰ੍ਹਾਂ ਪ੍ਰਭਾਵਸ਼ਾਲੀ ਹੋਵੇਗੀ। ਇਸ ਲਈ ਨਸ਼ਾ ਤਸਕਰਾਂ, ਅਪਰਾਧੀਆਂ ਅਤੇ ਗੈਂਗਸਟਰਾਂ ਖ਼ਿਲਾਫ਼ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਕਾਰਵਾਈ ਜ਼ਰੂਰੀ ਹੈ ਅਤੇ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨਾਗਰਿਕਾਂ ਨੂੰ ਇਨਸਾਫ਼ ਅਤੇ ਸੁਰੱਖਿਆ ਮਿਲਣੀ ਚਾਹੀਦੀ ਹੈ। ਪਿੰਡਾਂ ਅਤੇ ਸ਼ਹਿਰਾਂ ਵਿੱਚ ਨਸ਼ੇ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਨੌਜਵਾਨਾਂ ਅਤੇ ਸਮਾਜਿਕ ਕਾਰਕੁਨਾਂ ਨੂੰ ਸਰਕਾਰ ਦਾ ਸਹਿਯੋਗ ਮਿਲਣਾ ਚਾਹੀਦਾ ਹੈ, ਨਾ ਕਿ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੇ ਦਬਾਅ ਜਾਂ ਡਰ ਦਾ ਸਾਹਮਣਾ ਕਰਨਾ ਪਵੇ। ਨਸ਼ੇ ਖ਼ਿਲਾਫ਼ ਲੜਾਈ ਤਾਂ ਹੀ ਸਫ਼ਲ ਹੋ ਸਕਦੀ ਹੈ ਜਦੋਂ ਸਮਾਜ ਦੇ ਨਾਲ ਪੁਲਿਸ ਅਤੇ ਪ੍ਰਸ਼ਾਸਨ ਵੀ ਪੂਰੀ ਗੰਭੀਰਤਾ ਨਾਲ ਇਸ ਖ਼ਿਲਾਫ਼ ਖੜ੍ਹੇ ਹੋਣ।

# ਫੋਟੋਗ੍ਰਾਫਰਜ਼ ਵੈਲਫੇਅਰ ਕਲੱਬ ਵੱਲੋਂ ਅਰਵਿੰਦਰ ਸਿੰਘ ਸਨਮਾਨਤ



ਮੁਹਾਲੀ (ਗੁਰਜੀਤ ਬਿੱਲਾ)-ਫੋਟੋਗ੍ਰਾਫਰਸ ਵੈਲਫੇਅਰ ਕਲੱਬ, ਪਟਿਆਲਾ ਵੱਲੋਂ ਫੋਟੋਗ੍ਰਾਫਰਸ ਵੈਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੇ ਸਹਿਯੋਗ ਨਾਲ ਫੋਰਟ ਪਟਿਆਲਾ ਵਿਖੇ ਪਟਿਆਲਾ ਫੋਟੋ ਐਗਜ਼ੀਬਿਸ਼ਨ 2026 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਦੌਰਾਨ ਫੋਟੋਗ੍ਰਾਫਰਸ ਵੈਲਫੇਅਰ ਕਲੱਬ ਦੇ ਚੇਅਰਮੈਨ ਦਰਸ਼ਨ ਆਹੂਜਾ ਅਤੇ ਪ੍ਰਧਾਨ ਰਾਜ ਕੁਮਾਰ ਬੰਗਾ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਯੋਗਦਾਨ ਪਾਉਣ ਵਾਲਿਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਲੜੀ ਤਹਿਤ ਪੰਜਾਬ ਮੰਡੀ ਬੋਰਡ ਦੇ ਸੀਨੀਅਰ ਫੋਟੋਗ੍ਰਾਫਰ ਅਰਵਿੰਦਰ ਸਿੰਘ ਨੂੰ ਵੀ ਉਨ੍ਹਾਂ ਦੀਆਂ ਬਿਹਤਰੀਨ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਅਰਵਿੰਦਰ ਸਿੰਘ ਨੇ ਆਪਣੇ ਸਨਮਾਨ ਲਈ ਫੋਟੋਗ੍ਰਾਫਰਸ ਵੈਲਫੇਅਰ ਕਲੱਬ, ਪਟਿਆਲਾ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਪ੍ਰਗਟਾਇਆ। ਇੱਥੇ ਦੱਸਣਯੋਗ ਹੈ ਕਿ ਇਸ ਪ੍ਰਦਰਸ਼ਨੀ ਵਿੱਚ ਪੰਜਾਬ ਸਮੇਤ ਵੱਖ-ਵੱਖ ਰਾਜਾਂ, ਸਰਕਾਰੀ ਵਿਭਾਗਾਂ ਅਤੇ ਹੋਰ ਮੁੱਖ ਸੰਸਥਾਵਾਂ ਦੇ ਫੋਟੋਗ੍ਰਾਫਰਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਵੱਖ-ਵੱਖ ਕੰਪਨੀਆਂ ਵੱਲੋਂ ਆਧੁਨਿਕ ਤਕਨਾਲੋਜੀ ਵਾਲੇ ਕੈਮਰਿਆਂ ਅਤੇ ਫੋਟੋਗ੍ਰਾਫੀ ਦੇ ਨਵੇਂ ਉਪਕਰਣਾਂ ਦੀ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ, ਜੋ ਆਏ ਹੋਏ ਦਰਸ਼ਕਾਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀ।

# ਬਾਲ ਭਿਖਿਆ 'ਚ ਲੱਗੇ ਹੋਏ ਬੱਚੇ ਨੂੰ ਕੀਤਾ ਕਾਬੂ

ਬੰਗਾ (ਅਵਤਾਰ ਕਲੇਰ)- ਡਾਇਰੈਕਟਰ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਪ੍ਰਾਪਤ ਹਦਾਇਤਾਂ [illegible]



[illegible] ਸਟੈਂਡ ਰੋਡ, ਨਵਾਂਸ਼ਹਿਰ ਰੋਡ, ਗੜ੍ਹਸ਼ੰਕਰ ਚੌਂਕ ਅਤੇ ਮੇਨ ਬਾਜ਼ਾਰ ਬੰਗਾ ਤੇ ਬਾਲ ਭਿਖਾਰੀਆਂ ਦੀ ਭਾਲ ਕੀਤੀ ਗਈ। ਚੈਕਿੰਗ ਟੀਮ ਵਿੱਚ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨਿੱਜੀ ਤੌਰ 'ਤੇ ਸ਼ਾਮਲ ਸਨ। ਚੈਕਿੰਗ ਦੌਰਾਨ ਟੀਮ ਨੂੰ ਇੱਕ ਬੱਚੀ ਉਮਰ ਤਕਰੀਬਨ 12 ਸਾਲ , ਜੋ ਕਿ ਮੌਕੇ 'ਤੇ ਭੀਖ ਮੰਗਣ ਦੇ ਨਾਲ ਨਾਲ ਕੁਝ ਪੈੱਨ ਵੀ ਵੇਚ ਰਹੀ ਸੀ। ਟੀਮ ਵੱਲੋਂ ਬੱਚੀ ਨੂੰ ਰੈਸਕਿਉ ਕੀਤਾ ਗਿਆ। ਬੱਚੀ ਦੀ ਮੌਕੇ 'ਤੇ ਹੀ ਭੀਖ ਨਾ ਮੰਗਣ ਬਾਰੇ ਅਤੇ ਸਿੱਖਿਆ ਲਈ ਸਕੂਲ ਜਾਣ ਬਾਰੇ ਕੌਂਸਲਿੰਗ ਵੀ ਕੀਤੀ ਗਈ ਅਤੇ ਬੱਚੀ ਨੂੰ ਬਾਲ ਭਲਾਈ ਕਮੇਟੀ [illegible] ਕੀਤੀ ਜਾ ਸਕੇ। ਇਸ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੇ ਦੱਸਿਆ ਕਿ ਪ੍ਰੋਜੈਕਟ ਜੀਵਨ ਜੋਤ 2.0 ਤਹਿਤ ਲਗਾਤਾਰ ਹੀ ਬਾਲ ਭਿਖਿਆ ਸਬੰਧੀ ਚੈਕਿੰਗ ਕੀਤੀਆਂ ਜਾ ਰਹੀਆਂ ਹਨ ਜਿਸਦੇ ਸਾਲ 2026 ਵਿੱਚ ਹੁਣ ਤੱਕ ਕੁੱਲ 15 ਬੱਚਿਆਂ ( ਦਸ ਲੜਕੇ ਅਤੇ ਪੰਜ ਲੜਕੀਆਂ) ਨੂੰ ਬਾਲ ਭਿੱਖਿਆ ਤੋਂ ਹਟਾ ਕੇ ਸਿੱਖਿਆ ਨਾਲ ਜੋੜਿਆ ਜਾ ਚੁੱਕਿਆ ਹੈ। ਚੈਕਿੰਗ ਦੌਰਾਨ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਦੀ ਟੀਮ ਵੱਲੋਂ ਆਮ ਜਨਤਾ ਨੂੰ ਦੱਸਿਆ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਭੀਖ ਨਾ [illegible] ਸੁਰੱਖਿਆ ਅਫਸਰ ਕੰਚਨ ਅਰੋੜਾ, ਪੁਲਸ ਵਿਭਾਗ ਤੋਂ ਅੰਮ੍ਰਿਤ ਪਾਲ ਸਿੰਘ, ਸੰਦੀਪ ਕੌਰ ਸੀਨੀਅਰ ਕਾਂਸਟੇਬਲ, ਸਿਹਤ ਵਿਭਾਗ ਤੋ ਦਰਬਾਰ ਸਿੰਘ , ਸੀ ਡੀ ਪੀ ਓ ਦਫ਼ਤਰ ਤੋ ਆਂਗਣਵਾੜੀ ਵਰਕਰ ਸੀਮਾ ਰਾਣੀ ਦੇ ਨਾਲ ਨਾਲ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਤੋ ਸੰਤੋਸ਼ (ਡੀ ਈ ਓ) ਅਤੇ ਇੰਦਰਜੀਤ (ਡੀ ਈ ਓ) ਵੀ ਮੌਜੂਦ ਸਨ।

# ਸਾਫ ਹਵਾ ਤੇ ਸਿਹਤਮੰਦ ਪੰਜਾਬ ਲਈ ਪਰਾਲੀ ਨਾ ਸਾੜੋ : ਡਿਪਟੀ ਕਮਿਸ਼ਨਰ

ਨਵਾਂਸ਼ਹਿਰ (ਮਨੋਜ ਲਾਡੀ)- ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੀ ਰਹਿਨੁਮਾਈ ਹੇਠ ਮੁਹਿੰਮ ਕਾਫੀ ਤੇਜ਼ੀ ਨਾਲ ਚੱਲ ਰਹੀ ਹੈ। ਇਸ ਸਬੰਧ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਸਮੂਹ ਵਿਭਾਗਾਂ ਨਾਲ [illegible]



[illegible] ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਦਾ ਗੰਭੀਰ ਨੋਟਿਸ ਲਿਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਜ਼ਿਲ੍ਹੇ ਵਿੱਚ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਵੱਖ-ਵੱਖ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ ਗਈ।ਜਿਸ ਵਿੱਚ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 165 ਤੋਂ ਵੱਧ ਬੇਲਰ ਮਸ਼ੀਨਾਂ ਤੇ ਸਬਸੀਡੀ ਮੁਹਈਆ ਕਰਵਾਈਆਂ ਗਈਆਂ ਹਨ। ਚਾਲੂ ਸਾਲ 2026-27 ਦੌਰਾਨ ਜ਼ਿਲ੍ਹੇ ਨੂੰ ਉਪਲਬਧ ਟੀਚੇ ਅਨੁਸਾਰ ਮਸ਼ੀਨਾਂ ਖਰੀਦਣ ਲਈ ਸੈਂਕਸ਼ਨ ਪੱਤਰ ਕਿਸਾਨਾਂ ਨੂੰ ਜਾਰੀ ਕਰ ਦਿੱਤੇ ਗਏ ਹਨ, ਜਿਸ ਤਹਿਤ ਜ਼ਿਲ੍ਹੇ ਵਿੱਚ ਤਕਰੀਬਨ 320 ਤੋਂ ਵੱਧ ਮਸ਼ੀਨਾਂ ਪਰਾਲੀ ਦੀ ਸਾਂਭ ਸੰਭਾਲ ਲਈ ਸਬਸਿਡੀ ਤੇ ਮੁਹੱਈਆ ਕਰਵਾਈਆਂ ਗਈਆਂ ਹਨ। ਉਨ੍ਹਾਂ ਵੱਲੋਂ ਜਾਣਕਾਰੀ ਦਿੱਤੀ ਗਈ [illegible] ਇਸ ਮਸ਼ੀਨਰੀ ਦੇ ਨਾਲ ਝੋਨੇ ਦੀ ਪਰਾਲੀ ਦੀ ਸਾਂਭ ਸੰਭਾਲ ਬੜੇ ਹੀ ਆਸਾਨੀ ਨਾਲ ਕੀਤੀ ਜਾ ਸਕਦੀ ਹੈ। ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਸਾਰੇ ਕਿਸਾਨ ਜਿਨ੍ਹਾਂ ਕੋਲ ਮਸ਼ੀਨਾਂ ਉਪਲਬਧ ਹਨ ਉਹ ਆਪਣੀ ਮਸ਼ੀਨਾਂ ਦਾ ਪੂਰਾ ਇਸਤੇਮਾਲ ਕਰਨ ਅਤੇ ਜਿਹੜੇ ਕਿਸਾਨਾਂ ਕੋਲ ਮਸ਼ੀਨਾਂ ਉਪਲਬਧ ਨਹੀਂ ਹਨ ਉਹ ਆਪਣੇ ਪਿੰਡ ਦੀ ਸਹਿਕਾਰੀ ਸਭਾ ਜਾਂ ਸਬੰਧਤ ਬਲਾਕ ਖੇਤੀਬਾੜੀ ਅਫਸਰ ਨਾਲ ਸੰਪਰਕ ਕਰਕੇ ਮਸ਼ੀਨਰੀ ਕਿਰਾਏ ਤੇ ਲੈ ਸਕਦੇ ਹਨ।

# ਨਸ਼ੇ ਖ਼ਿਲਾਫ਼ ਪੰਜਾਬ ਨੂੰ ਇਕਜੁੱਟ ਹੋ ਕੇ ਅੱਗੇ ਆਉਣ ਦੀ ਲੋੜ : ਸੰਡਰੇਵਾਲ

ਪੋਜੇਵਾਲ (ਰਾਮ ਲਾਲ)- ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਚੱਲ ਰਹੀ ਮੁਹਿੰਮ ਨੂੰ ਲੋਕਾਂ ਵੱਲੋਂ ਮਿਲ ਰਹੇ ਭਰਪੂਰ ਸਮਰਥਨ ਨੂੰ ਦੇਖ ਕੇ ਸੂਬੇ ਦੀਆਂ ਵਿਰੋਧੀ ਪਾਰਟੀਆਂ ਘਬਰਾਹਟ ਵਿੱਚ ਹਨ। ਇਹ ਗੱਲ ਭਾਜਪਾ ਆਗੂ ਨੇ ਜਾਰੀ ਪ੍ਰੈੱਸ ਬਿਆਨ ਵਿੱਚ ਕਹੀ। ਉਨ੍ਹਾਂ ਕਿਹਾ ਕਿ ਨਸ਼ਾ ਪੰਜਾਬ ਦੀ ਨੌਜਵਾਨ ਪੀੜ੍ਹੀ ਅਤੇ ਸੂਬੇ ਦੇ ਭਵਿੱਖ ਲਈ ਗੰਭੀਰ ਚੁਣੌਤੀ ਹੈ, ਇਸ ਲਈ ਇਸ ਮੁੱਦੇ ਨੂੰ ਰਾਜਨੀਤੀ ਤੋਂ ਉੱਪਰ ਉਠ ਕੇ ਦੇਖਣ ਦੀ ਲੋੜ [illegible]



# ਸਾਲਾਨਾ ਸਰਾਧ ਜੋੜ ਮੇਲਾ 4 ਨੂੰ



[illegible] ਸੁਰਿੰਦਰ ਕੁਮਾਰ ਲੁੱਘਾ, ਬੂਟਾ ਰਾਮ, ਮੱਖਣ ਲਾਲ ਕੰਟਲੀ, ਹਰਭਜਨ ਰਾਮ, ਤਾਰਾ ਚੰਦ, ਸੰਜੀਵ ਕੁਮਾਰ, ਰਾਜਵਿੰਦਰ ਕੁਮਾਰ, ਸੁਰਿੰਦਰਪਾਲ ਕੁੱਕੂ, ਜਗਦੀਸ਼ ਲਾਲ ਆਦਿ ਹਾਜ਼ਰ ਸਨ।

# ਗਲਤ ਅਨਸਰ ਦੀ ਸੂਚਨਾ ਥਾਣੇ ਦਿਉ : ਥਾਣਾ ਮੁਖੀ

ਫਿਲਵਾ (ਪਲਵਿੰਦਰ ਸਿੰਘ ਜੈ ਰਾਮਪੁਰ)- ਥਾਣਾ ਫਿਲਵਾਂ ਦੇ ਮੁਖੀ ਜਸਦੀਪ ਸਿੰਘ ਨੇ ਫਿਲਵਾਂ ਦੇ ਦੁਕਾਨਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ । ਮੀਟਿੰਗ ਵਿੱਚ ਉਹਨਾਂ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਹਨਾਂ ਮੁਸ਼ਕਲਾਂ ਨੂੰ ਹੱਲ ਕਰਨ ਦਾ ਵੀ ਵਾਅਦਾ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਫਿੱਲਵਾ ਬਾਜ਼ਾਰ ਵਿੱਚ ਬਿਨਾਂ ਨੰਬਰੀ ਜੋ ਮੋਟਰਸਾਈਕਲ ਸਵਾਰ ਮੋਟਰਸਾਈਕਲ ਲੈ ਕੇ ਘੁੰਮਦੇ ਹਨ, ਅਤੇ ਮੋਟਰਸਾਈਕਲਾਂ ਤੇ ਤਿੰਨ ਤਿੰਨ ਜਣੇ ਵੀ ਸਵਾਰ ਹੁੰਦੇ ਹਨ, ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ। ਉਹਨਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਜੇਕਰ ਤੁਹਾਨੂੰ ਬਾਜ਼ਾਰ ਵਿੱਚ ਕੋਈ ਬਿਨਾਂ ਨੰਬਰੀ ਮੋਟਰਸਾਈਕਲ ਦਿਖਾਈ ਦਿੰਦਾ ਹੈ,ਜਾ ਕੋਈ ਗਲਤ ਅਨਸਰ ਦਿਖਾਈ ਦਿੰਦਾ ਹੈ ਤਾਂ ਉਹਦੀ ਸੂਚਨਾ ਤੁਰੰਤ ਥਾਣੇ ਦਿਉ ,ਉਸ ਦੀ ਪਹਿਚਾਣ ਗੁਪਤ ਰੱਖੀ ਜਾਊਗੀ। ਉਹਨਾਂ ਕਿਹਾ ਕਿ ਜਲਦੀ ਹੀ ਬਾਜ਼ਾਰ ਵਿੱਚ ਦੋ ਪੁਲਿਸ ਮੁਲਾਜ਼ਮ ਤੁਹਾਡੀ ਸੁਰੱਖਿਆ ਵਾਸਤੇ ਤਾਇਨਾਤ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵਿੰਦਰ ਸਿੰਘ ਏ ਐਸ ਆਈ,ਬਲਜੀਤ ਸਿੰਘ ਢਿੱਲੋ ਸਿਟੀ ਪ੍ਰਧਾਨ, ਸਵਿੰਦਰ ਪਾਲ ਸੁਖੀਜਾ, ਜੋਗਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਦੁਕਾਨਦਾਰ ਹਾਜ਼ਰ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੁਲਾਜ਼ਮਾਂ ਨੇ ਤਨਖ਼ਾਹ ਤੁਰੰਤ ਜਾਰੀ ਕਰਨ ਦੀ ਕੀਤੀ ਮੰਗ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਧੀਨ ਕੰਮ ਕਰ ਰਹੇ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਅਗਸਤ ਮਹੀਨੇ ਦੀ ਤਨਖ਼ਾਹ ਨਾ ਮਿਲਣ ਕਾਰਨ ਭਾਰੀ ਆਰਥਿਕ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਪੀ ਡਬਲਿਊ ਡੀ. ਫੀਲਡ ਐਂਡ ਵਰਕਸ਼ਾਪ



ਵਰਕਰਜ਼ ਯੂਨੀਅਨ ਵੱਲੋਂ ਤਨਖ਼ਾਹਾਂ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ ਹੈ। ਯੂਨੀਅਨ ਦੇ ਪ੍ਰਧਾਨ ਰਾਜੀਵ ਸ਼ਰਮਾ ਨੇ ਕਿਹਾ ਕਿ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮ ਵਿਭਾਗ ਦੇ ਕੰਮ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ, ਪਰ ਸਮੇਂ ਸਿਰ ਤਨਖ਼ਾਹ ਨਾ ਮਿਲਣ ਕਾਰਨ ਉਨ੍ਹਾਂ ਦੇ ਪਰਵਾਰਾਂ ਨੂੰ ਘਰੇਲੂ ਖਰਚੇ, ਬੱਚਿਆਂ ਦੀ ਪੜ੍ਹਾਈ ਅਤੇ ਹੋਰ ਜ਼ਰੂਰੀ ਲੋੜਾਂ ਪੂਰੀਆਂ ਕਰਨ ਵਿੱਚ ਮੁਸ਼ਕਿਲਾਂ ਆ ਰਹੀਆਂ ਹਨ। ਜਨਰਲ ਸਕੱਤਰ ਸ਼ਾਮ ਸਿੰਘ ਬਟਵਾਰਾ ਨੇ ਕਿਹਾ ਕਿ ਮੁਲਾਜ਼ਮਾਂ ਤੋਂ ਪੂਰੀ ਜ਼ਿੰਮੇਵਾਰੀ ਨਾਲ ਕੰਮ ਲਿਆ ਜਾਂਦਾ ਹੈ, ਇਸ ਲਈ ਉਨ੍ਹਾਂ ਦੀ ਮਿਹਨਤ ਦੀ ਤਨਖ਼ਾਹ ਵੀ ਨਿਰਧਾਰਤ ਸਮੇਂ 'ਤੇ ਮਿਲਣੀ ਚਾਹੀਦੀ ਹੈ। ਉਨ੍ਹਾਂ ਵਿਭਾਗੀ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਅਗਸਤ ਮਹੀਨੇ ਦੀ ਬਕਾਇਆ ਤਨਖ਼ਾਹ ਬਿਨਾਂ ਹੋਰ ਦੇਰੀ ਦੇ ਜਾਰੀ ਕੀਤੀ ਜਾਵੇ।ਇਸ ਮੌਕੇ ਕੈਸ਼ੀਅਰ ਜਗਦੀਸ਼ ਸਿੰਘ, ਰਾਜੇਸ਼ ਕੁਮਾਰ, ਅਵਤਾਰ ਸਿੰਘ, ਅਵਿਨਾਸ਼ ਕੁਮਾਰ, ਨਰਿੰਦਰ ਸਿੰਘ, ਸੋਹਣ ਸਿੰਘ, ਰਮਨ ਕੁਮਾਰ, ਸ਼ਸ਼ੀ ਪਾਲ, ਨਰੇਸ਼ ਕੁਮਾਰ, ਅਸ਼ਵਨੀ ਕੁਮਾਰ ਤੋਂ ਇਲਾਵਾ ਹੋਰ ਮੁਲਾਜ਼ਮ ਅਤੇ ਯੂਨੀਅਨ ਮੈਂਬਰ ਹਾਜ਼ਰ ਸਨ।

# ਅਸ਼ਮਿਤਾ ਮਹਿਲਾ ਖੋ-ਖੋ ਲੀਗ 'ਚ ਕੰਨਿਆ ਸਕੂਲ ਗਾਂਧੀ ਨਗਰ ਰਿਹਾ ਜੇਤੂ

ਆਦਮਪੁਰ (ਪਰਮਜੀਤ ਸਿੰਘ)- ਸਪੋਰਟਸ ਅਥਾਰਟੀ ਆਫ ਇੰਡੀਆ ਵੱਲੋਂ ਖੇਲੋ ਇੰਡੀਆ ਦੇ ਬੈਨਰ ਹੇਠ ਅਸਮਿਤਾ ਖੋ-ਖੋ ਲੀਗ ਦੇ ਮੁਕਾਬਲੇ ਲੜਕੀਆਂ ਤੇ ਔਰਤਾਂ ਲਈ ਪੂਰੇ ਭਾਰਤ ਦੇਸ਼ ਵਿੱਚ ਕਰਵਾਏ ਜਾ ਰਹੇ ਹਨ। ਇਸ ਲੜੀ ਤਹਿਤ ਜਲੰਧਰ ਜ਼ਿਲ੍ਹਾ ਖੋ-ਖੋ ਐਸੋਸੀਏਸ਼ਨ ਵੱਲੋਂ ਵੀ ਇੱਕ ਦਿਨਾ ਅਸਮਿਤਾ ਖੋ-ਖੋ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਸੈਂਟ ਥੋਮਸ ਸਕੂਲ ਸੂਰਾਨੂੰਸੀ ਵਿੱਚ ਕਰਵਾਇਆ ਗਿਆ। ਇਸ ਟੂਰਨਾਮੈਂਟ ਦੇ ਉਦਘਾਟਨੀ ਸਮਾਰੋਹ ਦੇ ਮੁੱਖ ਮਹਿਮਾਨ ਰਿੰਪੀ



ਪ੍ਰਭਾਕਰ ਕੌਂਸਲਰ ਮਿਊਂਸੀਪਲ ਕਾਰਪੋਰੇਸ਼ਨ ਜਲੰਧਰ ਨੇ ਟੂਰਨਾਮੈਂਟ ਦਾ ਉਦਘਾਟਨ ਰਿਬਨ ਕੱਟ ਕੇ ਕੀਤਾ ਤੇ ਟੀਮਾਂ ਨਾਲ ਜਾਣ ਪਹਿਚਾਣ ਕੀਤੀ। ਉਨ੍ਹਾਂ ਦੇ ਨਾਲ ਉਨ੍ਹਾਂ ਦੇ ਪਤੀ ਭਗਵੰਤ ਪ੍ਰਭਾਕਰ ਸਾਬਕਾ ਕੌਂਸਲਰ ਤੇ ਨਵੀਨ ਸ਼ੋਰੀ ਵੀ ਆਏ। ਉਦਘਾਟਨ ਮੌਕੇ ਵੱਖ-ਵੱਖ ਯੂਨਾਇਟਡ ਕ੍ਰਿਸਚੀਅਨ ਸੰਸਥਾਵਾਂ ਦੇ ਪ੍ਰਿੰਸੀਪਲ ਮਿਸਟਰ ਸਵੈਨ, ਸ੍ਰੀਮਤੀ ਨਸਰੀਨ, ਦਿਨੇਸ਼ ਕੁਮਾਰ, ਡਾਕਟਰ ਅਨੂੰ ਸਿਫਾਲੀ, ਕੋਆਰਡੀਨੇਟਰ ਨਿਸ਼ਾਨ ਮਸੀਹ ਅਤੇ ਰੈਵਰੈਂਡ ਐਸ. ਐਸ. ਗੈਮਲ ਮੌਜੂਦ ਸਨ। ਉਦਘਾਟਨੀ ਸਮਾਰੋਹ ਸਮੇਂ ਮੈਡਮ ਅਲਕਾ ਨੇ ਸਟੇਜ ਸੰਚਾਲਨ ਦੀ ਭੂਮਿਕਾ ਨਿਭਾਈ। ਜਲੰਧਰ ਜ਼ਿਲ੍ਹਾ ਖੋ-ਖੋ ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰਬਿੰਦਰ ਪਾਲ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਜੂਨੀਅਰ ਵਰਗ ਲੜਕੀਆਂ ਦੀਆਂ ਅੱਠ ਟੀਮਾਂ ਅਤੇ ਸੀਨੀਅਰ ਵਰਗ ਵਿੱਚ ਤਿੰਨ ਅਤੇ ਕੁੱਲ 11 ਟੀਮਾਂ ਨੇ ਭਾਗ ਲਿਆ। ਉਹਨਾਂ ਦੱਸਿਆ ਕਿ ਜੂਨੀਅਰ ਵਰਗ ਵਿੱਚ ਸਰਕਾਰੀ ਕੰਨਿਆ ਹਾਈ ਸਕੂਲ ਗਾਂਧੀਨਗਰ ਜੇਤੂ ਅਤੇ ਐਮ.ਜੀ.ਐਨ. ਸਕੂਲ ਆਦਰਸ਼ ਨਗਰ ਉਪ ਜੇਤੂ ਰਹੇ। ਤੀਸਰੇ ਸਥਾਨ 'ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਜ਼ਾਰਾ ਅਤੇ ਹੈਲਪਿੰਗ ਹੈਂਡ ਸਪੋਰਟਸ ਵੈਲਫੇਅਰ ਸੁਸਾਇਟੀ ਸੂਰਾਨੂੰਸੀ ਦੀਆਂ ਟੀਮਾਂ ਰਹੀਆਂ। ਸੀਨੀਅਰ ਵਰਗ ਵਿੱਚ ਹੰਸ ਰਾਜ ਮਹਿਲਾ ਮਹਾਂ ਵਿਦਿਆਲਿਆ ਜਲੰਧਰ ਦੀ ਟੀਮ ਜੇਤੂ ਅਤੇ ਪ੍ਰੇਮ ਚੰਦ ਮਰਕੰਡਾ ਐਸ.ਡੀ. ਕਾਲਜ ਜਲੰਧਰ ਦੀ ਟੀਮ ਉਪ-ਜੇਤੂ ਰਹੀ। ਤੀਸਰਾ ਸਥਾਨ ਹੈਲਪਿੰਗ ਹੈਂਡ ਵੈਲਫੇਅਰ ਸੋਸਾਇਟੀ ਸੂਰਾਨਾਸੀ ਦੀ ਟੀਮ ਨੇ ਪ੍ਰਾਪਤ ਕੀਤਾ। ਮੁਕਾਬਲਿਆਂ ਦੌਰਾਨ ਇੱਕ ਮੈਚ ਵਿੱਚ ਟੀਮਾਂ ਨਾਲ ਜਾਣ ਪਹਿਚਾਣ ਕਰਨ ਲਈ ਅਤੇ ਖਿਡਾਰਨਾਂ ਨੂੰ ਆਸ਼ੀਰਵਾਦ ਦੇਣ ਲਈ ਅਮਨ ਕੌਂਡਲ ਜ਼ਿਲਾ ਸਪੋਰਟਸ ਕੋਆਰਡੀਨੇਟਰ ਜਲੰਧਰ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਨਾਂ ਦੇ ਨਾਲ ਰਮਨ ਮਹਿਰਾ ਪੀ.ਟੀ.ਆਈ.ਨੇ ਵੀ ਸ਼ਮੂਲੀਅਤ ਕੀਤੀ। ਟੂਰਨਾਮੈਂਟ ਦੇ ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਸੈਂਟ ਥੋਮਸ ਸਕੂਲ ਦੇ ਪ੍ਰਿੰਸੀਪਲ ਡਾਕਟਰ ਅਨੂ ਸ਼ਿਫਾਲੀ ਨੇ ਟੀਮਾਂ ਨੂੰ ਮੈਡਲ, ਸਰਟੀਫਿਕੇਟ ਤੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਸੌਰਵ ਰਾਜ ਉਪ ਪ੍ਰਧਾਨ ਜਲੰਧਰ ਜ਼ਿਲ੍ਹਾ ਖੋ-ਖੋ ਐਸੋਸੀਏਸ਼ਨ, ਗੁਰਚਰਨ ਸਿੰਘ ਹਲਕਾ ਇੰਚਾਰਜ ਐਜੂਕੇਸ਼ਨ ਵਿੰਗ ਆਦਮਪੁਰ, ਨਿਰਮਲ ਸੈਣੀ, ਅਸ਼ਵਨੀ ਕੁਮਾਰ, ਰਾਜਨ ਕੁਮਾਰ ਸਟੇਟ ਅਫਸਰ, ਸੁਰੇਸ਼ ਕੁਮਾਰ ਅਤੇ ਜੈਕਬ ਭੱਟੀ ਆਦੀ ਮੌਜੂਦ ਸਨ। ਸਮਾਪਤੀ ਸਮਾਰੋਹ ਸਮੇਂ ਸਟੇਜ ਸੰਚਾਲਨ ਦੀ ਭੂਮਿਕਾ ਲੈਕਚਰਾਰ ਰਘਵਿੰਦਰ ਭਾਟੀਆ ਨੇ ਬਾਖੂਬੀ ਨਿਭਾਈ। ਸਮਾਗਮ ਦੇ ਅੰਤ ਵਿੱਚ ਹਰਬਿੰਦਰ ਪਾਲ ਜਨਰਲ ਸਕੱਤਰ ਜਲੰਧਰ ਜ਼ਿਲ੍ਹਾ ਖੋ-ਖੋ ਐਸੋਸੀਏਸ਼ਨ ਨੇ ਆਏ ਹੋਏ ਮੁੱਖ ਮਹਿਮਾਨ, ਹੋਰ ਪਤਵੰਤੇ ਸੱਜਣ, ਸਕੂਲ ਮੈਨੇਜਮੈਂਟ ਅਤੇ ਸਾਰੇ ਟੈਕਨੀਕਲ ਆਫੀਸ਼ੀਅਲਜ਼ ਦਾ ਟੂਰਨਾਮੈਂਟ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ।

# ਕਿਤਾਬ 'ਸੋਚਾਂ ਦੇ ਵਲਵਲਿਆਂ ਵਿੱਚੋਂ ਉੱਭਰੇ ਜਜ਼ਬਾਤ' ਰਿਲੀਜ਼

ਬੰਗਾ (ਅਵਤਾਰ ਕਲੇਰ)- ਨਾਮਵਰ ਲੇਖਿਕਾ ਮਨਪ੍ਰੀਤ ਕੌਰ ਸੋਢੀਆਂ ਦੀ ਪੁਸਤਕ 'ਸੋਚਾਂ ਦੇ ਵਲਵਲਿਆਂ ਵਿੱਚੋਂ ਉੱਭਰੇ ਜਜ਼ਬਾਤ' ਰਿਲੀਜ਼ ਕੀਤੀ ਗਈ। ਇਹ ਰਸਮ ਸਮਾਜ ਸੇਵੀ ਡਾ. ਬਖਸ਼ੀਸ਼



ਸਿੰਘ ਐਮ ਐਸ ਕਰਨ ਹਸਪਤਾਲ ਬੰਗਾ, ਸਤਪਾਲ ਸਾਹਲੋਂ ਸੰਪਾਦਕ ਅਦਬੀ ਮਹਿਕ, ਦਵਿੰਦਰ ਸਕੋਹਪੁਰੀ ਪ੍ਰਧਾਨ ਨਵਜੋਤ ਸਾਹਿਤ ਸੰਸਥਾ ਔੜ ਅਤੇ ਸੁਰਜੀਤ ਮਜਾਰੀ ਸੰਸਥਾਪਕ ਸਮਾਜਿਕ ਸਾਂਝ ਸੰਸਥਾ ਬੰਗਾ ਨੇ ਸਾਂਝੇ ਤੌਰ 'ਤੇ ਨਿਭਾਈ। ਇਹਨਾਂ ਪਤਵੰਤਿਆਂ ਨੇ ਉਕਤ ਕਿਤਾਬ ਅਤੇ ਇਸ ਦੀ ਲੇਖਿਕਾ ਮਨਪ੍ਰੀਤ ਕੌਰ ਸੋਢੀਆਂ ਬਾਰੇ ਵਿਚਾਰਾਂ ਦੀ ਸਾਂਝ ਪਾਈ। ਉਹਨਾਂ ਕਿਹਾ ਕਿ ਇਹ ਕਿਤਾਬ ਸਮਾਜ ਅੰਦਰ ਪਰਵਾਰਕ, ਸਮਾਜਿਕ, ਰਾਜਸੀ ਅਤੇ ਅਧਿਆਤਮਕ ਤੌਰ 'ਤੇ ਪ੍ਰੀਵਰਤਤ ਹੋ ਰਹੀਆਂ ਪ੍ਰਸਥਿਤੀਆਂ ਦਾ ਢੁਕਵਾਂ ਅਨੁਵਾਦ ਹੈ। ਉਹਨਾਂ ਇਸ ਕਿਤਾਬ ਲਈ ਇਸ ਦੀ ਲੇਖਿਕਾ ਮਨਪ੍ਰੀਤ ਕੌਰ ਸੋਢੀਆਂ ਨੂੰ ਵਧਾਈ ਦਿੰਦਿਆਂ ਉਸ ਵਲੋਂ ਕਾਵਿ ਦੇ ਨਾਲ ਨਾਲ ਵਾਰਤਕ ਖੇਤਰ ਵਿੱਚ ਪਰਪੱਕ ਲਿਖਤਾਂ ਨੂੰ ਸਾਹਿਤਕ ਵਿਹੜੇ ਦਾ ਭਾਗ ਦੱਸਿਆ। ਆਪਣੀਆਂ ਲਿਖਤਾਂ ਬਾਰੇ ਪਾਠਕਾਂ ਨੂੰ ਨਿਰਪੱਖ ਰਾਏ ਬਣਾਉਣ ਦੀ ਅਪੀਲ ਵੀ ਕੀਤੀ ਅਤੇ ਨਵਜੋਤ ਸਾਹਿਤ ਸੰਸਥਾ ਔੜ ਨਾਲ ਜੁੜਨ ਤੋਂ ਬਾਅਦ ਮਿਲੇ ਉਤਸ਼ਾਹ ਲਈ ਧੰਨਵਾਦੀ ਸ਼ਬਦ ਵੀ ਸਾਂਝੇ ਕੀਤੇ। ਮੰਚ ਦਾ ਸੰਚਾਲਨ ਡਾ. ਕੇਵਲ ਰਾਮ ਨਵਾਂਸ਼ਹਿਰ ਨੇ ਕੀਤਾ। ਇਸ ਮੌਕੇ ਸ਼ਾਇਰ ਗੁਰਨੇਕ ਸਿੰਘ ਸ਼ੇਰ, ਪ੍ਰਿੰ. ਰਾਮ ਕਿਸ਼ਨ ਕਟਾਰੀਆ, ਗਾਇਕ ਹਰੀ ਕ੍ਰਿਸ਼ਨ ਪਟਵਾਰੀ, ਗੀਤਕਾਰ ਦੇਸ ਰਾਜ ਬਾਲੀ, ਅਧਿਆਪਕ ਸ਼ਿਵ ਬਛੌੜੀ ਆਦਿ ਵੀ ਸ਼ਾਮਲ ਸਨ।

# ਅਸ਼ੋਕ ਕੁਮਾਰ ਦੀ ਕਾਵਿ ਪੁਸਤਕ 'ਵਟ ਆਈ ਅਬਜ਼ਰਵਡ ਇਨ ਮਾਈ ਲਾਈਫ' ਦਾ ਲੋਕ ਅਰਪਣ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਦਫ਼ਤਰ, ਜ਼ਿਲ੍ਹਾ ਭਾਸ਼ਾ ਅਫਸਰ, ਹੁਸ਼ਿਆਰਪੁਰ ਵੱਲੋਂ ਅਸ਼ੋਕ ਕੁਮਾਰ ਦੀ ਅੰਗਰੇਜ਼ੀ ਕਾਵਿ ਪੁਸਤਕ 'ਵਟ ਆਈ ਅਬਜਰਵਡ ਇੰਨ ਮਾਈ ਲਾਈਫ' ਦਾ ਲੋਕ ਅਰਪਣ ਸਬੰਧੀ ਸਮਾਗਮ ਰਚਾਇਆ ਗਿਆ। ਸਮਾਗਮ ਦੇ ਸ਼ੁਰੂ ਵਿੱਚ ਡਾ. ਜਸਵੰਤ ਰਾਏ, ਖੋਜ ਅਫ਼ਸਰ ਭਾਸ਼ਾ ਵਿਭਾਗ, ਹੁਸ਼ਿਆਰਪੁਰ ਨੇ ਆਏ ਹੋਏ ਮਹਿਮਾਨਾਂ ਲਈ ਜੀ ਆਇਆਂ ਸ਼ਬਦ ਆਖਦਿਆਂ ਕਿਹਾ ਕਿ ਭਾਸ਼ਾ ਵਿਭਾਗ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਲਈ ਮੱਕਾ ਹੈ। ਭਾਸ਼ਾ ਵਿਭਾਗ ਪੰਜਾਬੀ ਭਾਸ਼ਾ ਅਤੇ ਸਭਿਆਚਾਰ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਦੂਜੀਆਂ ਭਾਸ਼ਾਵਾਂ ਹਿੰਦੀ, ਉਰਦੂ ਅਤੇ ਅੰਗਰੇਜ਼ੀ ਦੇ ਸਾਹਿਤ ਲਈ ਵੀ ਲਗਾਤਾਰ ਤਰੱਦਦ ਕਰਦਾ ਆ ਰਿਹਾ ਹੈ। ਲੋਕ ਅਰਪਣ ਕੀਤੀ ਜਾ ਰਹੀ ਪੁਸਤਕ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਕਾਵਿ ਪੁਸਤਕ ਵਿੱਚ ਕਵੀ ਅਸ਼ੋਕ ਕੁਮਾਰ ਨੇ ਕੁਦਰਤ, ਨੈਤਿਕਤਾ, ਰੋਮਾਂਸਵਾਦ, ਆਤਮਿਕ ਅਤੇ ਰਹੱਸਵਾਦੀ ਵਿਸ਼ਿਆਂ ਨੂੰ ਲੈ ਕੇ ਬਹੁਤ ਮਾਰਮਿਕ ਕਿਸਮ ਦੀਆਂ ਕਵਿਤਾਵਾਂ ਦੀ ਸਿਰਜਣਾ ਕੀਤੀ ਹੈ। ਮਨੀਸ਼ ਮੋਦਗਿਲ ਨੇ ਅਸ਼ੋਕ ਕੁਮਾਰ ਦੀਆਂ ਕਵਿਤਾਵਾਂ ਨੂੰ ਬਚਪਨ, ਜਵਾਨੀ ਅਤੇ ਪ੍ਰੌੜ ਤਜਰਬੇ ਦੀਆਂ ਕਵਿਤਾਵਾਂ ਕਿਹਾ। ਕਵੀ ਰਾਜ ਕੁਮਾਰ ਘਾਸੀਪੁਰੀਆ ਨੇ ਅਸ਼ੋਕ ਕੁਮਾਰ ਦੀਆਂ ਕਵਿਤਾਵਾਂ ਨੂੰ ਅੰਗਰੇਜ਼ੀ ਸਾਹਿਤ ਵਿੱਚ ਇਕ ਮਿਆਰੀ ਇਜ਼ਾਫ਼ਾ ਕਿਹਾ। ਇਸ ਮੌਕੇ ਦਫਤਰ ਭਾਸ਼ਾ ਵਿਭਾਗ ਵਲੋਂ ਕਵੀ ਅਸ਼ੋਕ ਕੁਮਾਰ ਦਾ ਕਿਤਾਬਾਂ ਦੇ ਸੈੱਟ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਰਾਹੁਲ ਕੁਮਾਰ, ਪਰਮਜੀਤ ਸਿੰਘ, ਸ਼ਸ਼ੀ ਕੁਮਾਰ, ਪਰਵੇਸ਼ ਕੁਮਾਰ, ਪ੍ਰੇਮਦੀਪ ਸਿੰਘ, ਭਾਵਿਨ, ਰਾਹੁਲ ਅਤੇ ਲਾਲ ਸਿੰਘ ਹਾਜ਼ਰ ਸਨ।

# ਬੱਲਾਂ 'ਚ ਇੱਕੋ ਰਾਤ 10 ਮੋਟਰਾਂ ਦੀਆਂ ਕੇਬਲਾਂ ਚੋਰੀ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਮੋਰਿੰਡਾ ਨੇੜੇ ਪੈਂਦੇ ਪਿੰਡ ਬੱਲਾਂ ਵਿੱਚ ਚੋਰਾਂ ਵੱਲੋਂ ਇੱਕੋ ਰਾਤ ਵਿੱਚ ਕਰੀਬ 10 ਕਿਸਾਨਾਂ ਦੀਆਂ ਮੋਟਰਾਂ ਦੀਆਂ ਕੇਬਲਾਂ ਕੱਟ ਕੇ ਚੋਰੀ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਤੋਂ ਬਾਅਦ ਕਿਸਾਨਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਨੇ ਪ੍ਰਸ਼ਾਸਨ ਤੋਂ ਚੋਰੀ ਦੀਆਂ ਵਾਰਦਾਤਾਂ 'ਤੇ ਰੋਕ ਲਗਾਉਣ ਲਈ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।ਕਿਸਾਨ ਜਰਨੈਲ ਸਿੰਘ, ਪਿਆਰਾ ਸਿੰਘ, ਮਨਜੀਤ ਸਿੰਘ, ਸੰਗਤ ਸਿੰਘ, ਹਰਜੀਤ ਸਿੰਘ, ਸਰਬਜੀਤ ਸਿੰਘ, ਬਲਵੰਤ ਸਿੰਘ, ਸਾਧੂ ਸਿੰਘ, ਗੁਰਪ੍ਰੀਤ ਸਿੰਘ ਅਤੇ ਗੁਰਦੇਵ ਸਿੰਘ ਦੀਆਂ ਮੋਟਰਾਂ ਤੋਂ ਕੇਬਲਾਂ ਕੱਟ ਕੇ ਚੋਰੀ ਕੀਤੀਆਂ ਗਈਆਂ ਹਨ।ਕਿਸਾਨਾਂ ਨੇ ਦੱਸਿਆ ਕਿ ਉਹ ਆਪਣੀਆਂ ਜ਼ਮੀਨਾਂ ਠੇਕੇ 'ਤੇ ਲੈ ਕੇ ਖੇਤੀ ਕਰ ਰਹੇ ਹਨ। ਅਜਿਹੇ ਵਿੱਚ ਮੋਟਰਾਂ ਦੀਆਂ ਕੇਬਲਾਂ ਚੋਰੀ ਹੋਣ ਕਾਰਨ ਉਨ੍ਹਾਂ ਨੂੰ ਪਹਿਲਾਂ ਹੀ ਹੋ ਰਹੇ ਖੇਤੀਬਾੜੀ ਦੇ ਖਰਚਿਆਂ ਤੋਂ ਇਲਾਵਾ ਵਾਧੂ ਆਰਥਿਕ ਬੋਝ ਵੀ ਝੱਲਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪ੍ਰਸ਼ਾਸਨ ਨੂੰ ਕਈ ਵਾਰ ਜਾਣੂ ਕਰਵਾਇਆ ਜਾ ਚੁੱਕਾ ਹੈ ਅਤੇ ਲਿਖਤੀ ਸ਼ਿਕਾਇਤ ਵੀ ਦਿੱਤੀ ਗਈ ਹੈ।ਕਿਸਾਨਾਂ ਨੇ ਕਿਹਾ ਕਿ ਵਾਰ-ਵਾਰ ਸ਼ਿਕਾਇਤਾਂ ਦੇ ਬਾਵਜੂਦ ਚੋਰੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਲੋੜੀਂਦੀ ਕਾਰਵਾਈ ਨਹੀਂ ਹੋ ਰਹੀ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮਾਮਲੇ ਦੀ



ਗੰਭੀਰਤਾ ਨਾਲ ਜਾਂਚ ਕਰਕੇ ਕੇਬਲ ਚੋਰੀ ਕਰਨ ਵਾਲੇ ਵਿਅਕਤੀਆਂ ਦਾ ਪਤਾ ਲਗਾਇਆ ਜਾਵੇ ਅਤੇ ਉਨ੍ਹਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ 'ਤੇ ਰੋਕ ਲੱਗ ਸਕੇ।ਇਸ ਸਬੰਧੀ ਜਦੋਂ ਚੌਂਕੀ ਇੰਚਾਰਜ ਸੰਜੀਵ ਕੁਮਾਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਮਾਮਲੇ ਸਬੰਧੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਮੌਕੇ ਦਾ ਜਾਇਜ਼ਾ ਵੀ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਜੇਕਰ ਕੋਈ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸ ਦੇ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਜ਼ਰੂਰ ਕੀਤੀ ਜਾਵੇਗੀ।

# ਵਿਦਿਆਰਥੀਆਂ ਨੂੰ ਡੇਂਗੂ ਤੋਂ ਬਚਾਅ ਸੰਬੰਧੀ ਕੀਤਾ ਜਾਗਰੂਕ

ਮੋਰਿੰਡਾ (ਨਿਹਾਲ ਸਿੰਘ ਕਲਸੀ) ਡਾ.ਵਿਵੇਕ ਕਟਾਰੀਆ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸਿਹਤ ਵਿਭਾਗ ਬਲਾਕ ਸ੍ਰੀ ਚਮਕੌਰ ਸਾਹਿਬ ਵੱਲੋਂ ਡੇਂਗੂ ਦੀ ਰੋਕਥਾਮ ਅਤੇ ਬਚਾਅ ਸਬੰਧੀ ਲੋਕਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਸਰਕਾਰੀ ਮਿਡਲ ਸਕੂਲ ਓਇੰਦ ਵਿਖੇ ਵਿਦਿਆਰਥੀਆਂ ਨੂੰ ਡੇਂਗੂ ਬੁਖਾਰ, ਇਸ ਦੇ ਲੱਛਣਾਂ, ਬਚਾਅ ਦੇ ਉਪਾਵਾਂ, ਜਾਂਚ ਅਤੇ ਇਲਾਜ ਸਬੰਧੀ



ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਬੇਅੰਤ ਸਿੰਘ ਹੈਲਥ ਵਰਕਰ ਨੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਂਗੂ ਬੁਖਾਰ ਮੁੱਖ ਤੌਰ 'ਤੇ ਏਡੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਆਮ ਤੌਰ 'ਤੇ ਦਿਨ ਦੇ ਸਮੇਂ ਕੱਟਦਾ ਹੈ ਅਤੇ ਘਰਾਂ ਜਾਂ ਸਕੂਲਾਂ ਦੇ ਆਲੇ-ਦੁਆਲੇ ਖੜ੍ਹੇ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਡੇਂਗੂ ਦੇ ਮੁੱਖ ਲੱਛਣਾਂ ਵਿੱਚ ਤੇਜ਼ ਬੁਖਾਰ, ਸਿਰ ਦਰਦ, ਅੱਖਾਂ ਦੇ ਪਿੱਛੇ ਦਰਦ, ਸਰੀਰ ਅਤੇ ਜੋੜਾਂ ਵਿੱਚ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਮਤਲੀ, ਉਲਟੀ ਅਤੇ ਚਮੜੀ 'ਤੇ ਦਾਣੇ ਜਾਂ ਰੈਸ਼ ਆਦਿ ਸ਼ਾਮਲ ਹੋ ਸਕਦੇ ਹਨ।

ਡੇਂਗੂ ਹੋਣ ਦੀ ਸੂਰਤ ਵਿੱਚ ਡਾਕਟਰ ਦੀ ਸਲਾਹ ਅਨੁਸਾਰ ਇਲਾਜ, ਵੱਧ ਮਾਤਰਾ ਵਿੱਚ ਤਰਲ ਪਦਾਰਥਾਂ ਦਾ ਸੇਵਨ ਅਤੇ ਆਰਾਮ ਕਰਨਾ ਮਹੱਤਵਪੂਰਨ ਹੈ। ਇਸ ਮੌਕੇ ਸਕੂਲ ਦਾ ਸਟਾਫ਼ ਅਤੇ ਵਿਦਿਆਰਥੀ ਵੀ ਹਾਜ਼ਰ ਸਨ ਅਤੇ ਉਨ੍ਹਾਂ ਨੇ ਆਪਣੇ ਆਲੇ-ਦੁਆਲੇ ਡੇਂਗੂ ਮੱਛਰ ਦੀ ਪੈਦਾਵਾਰ ਨੂੰ ਰੋਕਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰਨ ਦਾ ਸੰਕਲਪ ਲਿਆ।

# ਬੀ ਜੇ ਕੇ ਪੀ ਵੱਲੋਂ ਪਾਰਦਰਸ਼ੀ ਤੇ ਜਵਾਬਦੇਹ ਪ੍ਰਸ਼ਾਸਨ ਦੇਣ ਦਾ ਦਾਅਵਾ : ਸੈਣੀ

ਪੋਜੇਵਾਲ (ਰਾਮ ਲਾਲ)- ਭਾਰਤੀ ਜਵਾਨ ਕਿਸਾਨ ਪਾਰਟੀ (ਬੀ ਜੇ ਕੇ ਪੀ) ਪੰਜਾਬ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਪਣੀ ਪਹਿਲੀ ਗਰੰਟੀ ਵਜੋਂ 'ਭ੍ਰਿਸ਼ਟਾਚਾਰ ਮੁਕਤ ਪੰਜਾਬ' ਦਾ ਐਲਾਨ ਕੀਤਾ ਗਿਆ ਹੈ। ਪਾਰਟੀ ਆਗੂਆਂ ਅਨੁਸਾਰ ਇਸ ਗਰੰਟੀ ਦਾ ਮੁੱਖ ਉਦੇਸ਼ ਪੰਜਾਬ ਵਿੱਚ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਸਥਾਪਤ ਕਰਨਾ ਹੈ। ਬੀ ਜੇ ਕੇ ਪੀ ਪੰਜਾਬ ਪ੍ਰਧਾਨ ਇੰਜੀਨੀਅਰ ਦਲਜੀਤ ਸਿੰਘ ਸੈਣੀ ਨੇ ਕਿਹਾ ਕਿ ਜੇਕਰ 2027 ਵਿੱਚ ਪੰਜਾਬ ਦੇ ਲੋਕ ਪਾਰਟੀ ਨੂੰ ਸਰਕਾਰ ਬਣਾਉਣ ਦਾ ਮੌਕਾ ਦਿੰਦੇ ਹਨ





ਤਾਂ ਪੰਜਾਬ ਨੂੰ ਮਜ਼ਬੂਤ, ਖੁਸ਼ਹਾਲ ਅਤੇ ਮਾਡਲ ਸੂਬਾ ਬਣਾਉਣ ਲਈ ਠੋਸ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਪਾਰਟੀ ਦੀ ਪਹਿਲੀ ਗਰੰਟੀ ਤਹਿਤ ਸਰਕਾਰੀ ਵਿਭਾਗਾਂ ਦੇ ਕੰਮਕਾਜ ਵਿੱਚ ਪੂਰੀ ਪਾਰਦਰਸ਼ਤਾ ਲਿਆਉਣ, ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਨ ਅਤੇ ਭ੍ਰਿਸ਼ਟਾਚਾਰ ਸਬੰਧੀ ਸ਼ਿਕਾਇਤਾਂ ਦੀ ਨਿਰਪੱਖ ਜਾਂਚ ਕਰਵਾਉਣ ਦੀ ਵਿਵਸਥਾ ਕੀਤੀ ਜਾਵੇਗੀ। ਉਨ੍ਹਾਂ ਮੁਤਾਬਕ ਜਾਂਚ ਦੌਰਾਨ ਦੋਸ਼ ਸਾਬਤ ਹੋਣ ਦੀ ਸੂਰਤ ਵਿੱਚ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਰਵਿਦਾਸੀਆ ਧਰਮ ਨੂੰ ਸਮਰਪਤ ਸਤਿਸੰਗ ਸਮਾਗਮ



ਅਲਾਵਲਪੁਰ (ਮਦਨ ਬੰਗੜ)- ਬੇਗਮਪੁਰਾ ਕਲਚਰਲ ਸੋਸਾਇਟੀ, ਐਡਮੰਟਨ, ਅਲਬਰਟਾ ਵੱਲੋਂ ਨਾਰਥ ਵੈਸਟ ਐਡਮੰਟਨ (ਕਨੇਡਾ) ਵਿਖੇ ਜਗਤਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਆਗਮਨ ਪੁਰਬ ਅਤੇ ਰਵਿਦਾਸੀਆ ਧਰਮ ਦੇ 18ਵੇਂ ਸਥਾਪਨਾ ਦਿਵਸ (20 ਫਰਵਰੀ 2027) ਨੂੰ ਮੁੱਖ ਰੱਖਦਿਆਂ ਰਵਿਦਾਸੀਆ ਧਰਮ ਨੂੰ ਸਮਰਪਿਤ ਵਿਸ਼ੇਸ਼ ਸਤਿਸੰਗ ਸਮਾਗਮ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਅੰਮ੍ਰਿਤ ਵੇਲੇ ਬੀਬੀ ਮਨਜੀਤ ਕੌਰ ਵੱਲੋਂ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਾਪ ਨਾਲ ਕੀਤੀ ਗਈ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਤ ਸੁਰਿੰਦਰ ਦਾਸ ਬਾਵਾ ਨੇ ਅੰਮ੍ਰਿਤਬਾਣੀ ਦੇ ਹਵਾਲੇ ਨਾਲ ਸੰਗਤਾਂ ਨੂੰ ਜਗਤਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ-ਸੰਘਰਸ਼ ਅਤੇ ਉਨ੍ਹਾਂ ਵੱਲੋਂ ਦਿੱਤੇ ਸੱਚ, ਬਰਾਬਰੀ ਅਤੇ ਮਨੁੱਖਤਾ ਦੇ ਸੰਦੇਸ਼ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਸੰਗਤਾਂ ਨੂੰ ਸੱਚ ਦੇ ਮਾਰਗ 'ਤੇ ਚੱਲਣ, ਗੁਰੂ ਚਰਨਾਂ ਨਾਲ ਜੁੜਨ ਅਤੇ ਨਾਮ ਜੱਪਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਕੀਰਤਨੀ ਜਥੇ ਵਿੱਚੋਂ ਜੀਵਨ ਸੋਹਲ ਵੱਲੋਂ ਸ਼ਬਦ ਕੀਰਤਨ ਰਾਹੀਂ ਹਾਜ਼ਰੀ ਲਗਵਾਈ ਗਈ। ਸਮਾਗਮ ਦੌਰਾਨ ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਸੰਤ ਸੁਰਿੰਦਰ ਦਾਸ ਬਾਵਾ ਵੱਲੋਂ ਸੰਗਤਾਂ ਨੂੰ ਰਵਿਦਾਸੀਆ ਧਰਮ ਨਾਲ ਸਬੰਧਿਤ ਧਾਰਮਿਕ ਸਾਹਿਤ ਵੀ ਭੇਟ ਕੀਤਾ ਗਿਆ। ਇਸ ਮੌਕੇ ਸੰਗਤ ਵੱਲੋਂ ਕੀਤੀਆਂ ਗਈਆਂ ਸਮੂਹ ਭੇਟਾਵਾਂ ਦੀ ਮਾਇਆ ਵੀ ਸੰਤ ਸੁਰਿੰਦਰ ਦਾਸ ਬਾਵਾ ਵੱਲੋਂ ਬੇਗਮਪੁਰਾ ਕਲਚਰਲ ਸੋਸਾਇਟੀ, ਐਡਮੰਟਨ ਦੀ ਪ੍ਰਬੰਧਕ ਕਮੇਟੀ ਨੂੰ ਭੇਟ ਕਰ ਦਿੱਤੀ ਗਈ।

# ਜਨਗਣਨਾ-2027 ਸੰਬੰਧੀ ਫੀਲਡ ਟਰੇਨਰਾਂ ਦੀ ਤਿੰਨ ਰੋਜ਼ਾ ਸਿਖਲਾਈ ਸ਼ੁਰੂ

ਮੁਹਾਲੀ (ਗੁਰਜੀਤ ਬਿੱਲਾ)- ਜਨਗਣਨਾ-2027 ਦੇ ਫੇਜ਼-99 (ਆਬਾਦੀ ਗਿਣਤੀ) ਦੇ ਸੁਚਾਰੂ ਅਤੇ ਸਹੀ ਢੰਗ ਨਾਲ ਸੰਚਾਲਨ ਲਈ ਫੀਲਡ ਟ੍ਰੇਨਰਾਂ (ਐਫ.ਟੀਜ਼) ਦੀ ਤਿੰਨ ਰੋਜ਼ਾ ਸਿਖਲਾਈ ਡਿਪਟੀ ਕਮਿਸ਼ਨਰ ਕੰਪਲੈਕਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਕਾਨਫਰੰਸ ਹਾਲ ਵਿਖੇ ਸ਼ੁਰੂ ਹੋਈ। ਇਹ ਸਿਖਲਾਈ ਪ੍ਰੋਗਰਾਮ ਪ੍ਰਿੰਸੀਪਲ ਸੈਂਸਸ ਅਫ਼ਸਰ (ਪੀ ਸੀ ਓ) ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਨਿਗਰਾਨੀ ਹੇਠ ਕਰਵਾਇਆ ਜਾ ਰਿਹਾ ਹੈ। ਨੈਸ਼ਨਲ ਟ੍ਰੇਨਰਾਂ ਵੱਲੋਂ ਸਿਖਲਾਈ ਪ੍ਰਾਪਤ ਦੋ ਮਾਸਟਰ ਟ੍ਰੇਨਰਾਂ ਵੱਲੋਂ ਫੀਲਡ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਜਾ ਰਹੀ ਹੈ। ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸੈਂਸਸ ਅਫ਼ਸਰ ਸ੍ਰੀਮਤੀ ਗੀਤਿਕਾ ਸਿੰਘ ਨੇ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕਰਦਿਆਂ ਫੀਲਡ ਟ੍ਰੇਨਰਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ, ਸਟੀਕਤਾ ਅਤੇ ਟੀਮ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਕੰਮ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਹੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਹਰੇਕ ਪੱਧਰ 'ਤੇ ਬਿਹਤਰ ਤਾਲਮੇਲ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨਾ ਜ਼ਰੂਰੀ ਹੈ। ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਕੁੱਲ 76 ਫੀਲਡ ਟ੍ਰੇਨਰਾਂ ਨੂੰ ਦੋ ਬੈਚਾਂ ਵਿੱਚ ਸਿਖਲਾਈ ਦਿੱਤੀ ਜਾ ਰਹੀ ਹੈ। ਪਹਿਲੇ ਬੈਚ ਦੀ ਸਿਖਲਾਈ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਸ਼ੁਰੂ ਹੋਈ, ਜਦਕਿ ਦੂਜੇ ਬੈਚ ਦੀ ਸਿਖਲਾਈ ਨਗਰ ਨਿਗਮ ਦਫ਼ਤਰ ਵਿਖੇ ਕਰਵਾਈ ਜਾਵੇਗੀ। ਸਿਖਲਾਈ ਪੂਰੀ ਹੋਣ ਉਪਰੰਤ ਇਹ ਫੀਲਡ ਟ੍ਰੇਨਰ ਅੱਗੇ ਐਨੂਮੇਰੇਟਰਾਂ ਅਤੇ ਸੁਪਰਵਾਈਜ਼ਰਾਂ ਨੂੰ ਸਿਖਲਾਈ ਦੇਣਗੇ, ਜੋ ਜ਼ਿਲ੍ਹੇ ਵਿੱਚ



ਆਬਾਦੀ ਗਿਣਤੀ ਦੇ ਮੈਦਾਨੀ ਪੱਧਰ 'ਤੇ ਅਸਲ ਕਾਰਜ ਨੂੰ ਅੰਜਾਮ ਦੇਣ ਵਾਲੀ ਟੀਮ ਹੋਵੇਗੀ। ਸ੍ਰੀਮਤੀ ਗੀਤਿਕਾ ਸਿੰਘ ਨੇ ਦੱਸਿਆ ਕਿ 22 ਤੋਂ 24 ਸਤੰਬਰ ਤੱਕ ਚੱਲਣ ਵਾਲੀ ਇਸ ਤਿੰਨ ਰੋਜ਼ਾ ਸਿਖਲਾਈ ਦੌਰਾਨ ਆਬਾਦੀ ਗਿਣਤੀ ਨਾਲ ਸਬੰਧਤ ਸਾਰੇ ਅਹਿਮ ਪਹਿਲੂਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਸਿਖਲਾਈ ਦੌਰਾਨ ਗਿਣਤੀ ਦੇ ਸਮੇਂ ਪੁੱਛੇ ਜਾਣ ਵਾਲੇ 40 ਸਵਾਲਾਂ, ਉਨ੍ਹਾਂ ਨੂੰ ਸਹੀ ਢੰਗ ਨਾਲ ਪੁੱਛਣ ਦੀ ਪ੍ਰਕਿਰਿਆ ਅਤੇ ਸਹੀ ਜਨਗਣਨਾ ਅੰਕੜੇ ਇਕੱਤਰ ਕਰਨ ਵਿੱਚ ਇਨ੍ਹਾਂ ਸਵਾਲਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

# ਪਰਸ ਚੋਰੀ ਕਰਨ ਵਾਲੀਆਂ ਦੋ ਪ੍ਰਵਾਸੀ ਔਰਤਾਂ ਕਾਬੂ, ਤੀਜੀ ਫਰਾਰ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਸਥਾਨਕ ਮੁੱਖ ਬਾਜ਼ਾਰ ਵਿੱਚ ਚਿੱਟੇ ਦਿਨ ਭੀੜ-ਭੜੱਕੇ ਦਾ ਫ਼ਾਇਦਾ ਚੁੱਕਦਿਆਂ ਤਿੰਨ ਔਰਤਾਂ ਵੱਲੋਂ ਖਰੀਦਦਾਰੀ ਕਰਨ ਆਈ ਇੱਕ ਮਹਿਲਾ ਦੇ ਪਰਸ ਵਿੱਚੋਂ ਹਜ਼ਾਰਾਂ ਰੁਪਏ ਦੀ ਨਕਦੀ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਹਾਲਾਂਕਿ ਮਹਿਲਾ ਦੇ ਤੁਰੰਤ ਰੌਲਾ ਪਾਉਣ 'ਤੇ ਬਾਜ਼ਾਰ ਦੇ ਦੁਕਾਨਦਾਰਾਂ ਨੇ ਭੱਜ ਰਹੀਆਂ ਤਿੰਨ ਵਿੱਚੋਂ ਦੋ ਪ੍ਰਵਾਸੀ ਔਰਤਾਂ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ, ਜਦਕਿ ਉਨ੍ਹਾਂ ਦੀ ਤੀਜੀ ਸਾਥਣ ਨਕਦੀ ਲੈ ਕੇ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਈ। ਜਾਣਕਾਰੀ ਅਨੁਸਾਰ ਡੇਰਾ ਪਿੰਡ ਦੀ ਰਹਿਣ ਵਾਲੀ ਇੱਕ ਮਹਿਲਾ ਤਹਿਸੀਲ ਵਿੱਚ ਰਜਿਸਟਰੀ ਦੇ ਸਿਲਸਿਲੇ ਵਿੱਚ ਆਈ ਸੀ। ਇਸ ਉਪਰੰਤ ਉਹ ਸੁਨਿਆਰੇ ਦੀ ਦੁਕਾਨ ਤੋਂ ਚਾਂਦੀ ਦੀਆਂ ਝਾਂਜਰਾਂ ਖਰੀਦਣ ਮਗਰੋਂ ਕਾਲੀ ਮਨਿਆਰੀ ਵਾਲੀ ਗਲੀ ਨੇੜੇ ਸੂਦ ਕਰਿਆਨਾ ਸਟੋਰ 'ਤੇ ਪੂਜਾ ਦੀ ਸਮੱਗਰੀ ਲੈਣ ਪਹੁੰਚੀ। ਇਸ ਦੌਰਾਨ ਪਿੱਛਾ ਕਰ ਰਹੀਆਂ ਤਿੰਨ ਔਰਤਾਂ ਨੇ ਚਲਾਕੀ ਨਾਲ ਉਸ ਦੇ ਬੈਗ ਵਿੱਚੋਂ ਚੈਨ ਵਾਲਾ ਛੋਟਾ ਪਰਸ ਕੱਢ ਲਿਆ, ਜਿਸ ਵਿੱਚ ਕਰੀਬ 10 ਤੋਂ 15 ਹਜ਼ਾਰ ਰੁਪਏ ਦੀ ਨਕਦੀ ਅਤੇ ਨਵੀਆਂ ਖਰੀਦੀਆਂ ਝਾਂਜਰਾਂ ਮੌਜੂਦ ਸਨ। ਪੀੜਤ ਮਹਿਲਾ ਅਜੇ ਦੁਕਾਨ ਤੋਂ ਦੋ ਕਦਮ ਬਾਹਰ ਹੀ ਨਿਕਲੀ ਸੀ ਕਿ ਉਸ ਨੂੰ ਪਰਸ ਖੁੱਲ੍ਹੇ ਹੋਣ ਦਾ ਸ਼ੱਕ ਹੋਇਆ। ਉਸ ਦੇ ਪਿੱਛੇ ਮੁੜਦਿਆਂ ਹੀ ਮੁਲਜ਼ਮ ਔਰਤਾਂ ਨੇ ਪਰਸ ਅਤੇ ਝਾਂਜਰਾਂ ਜ਼ਮੀਨ 'ਤੇ ਸੁੱਟ ਦਿੱਤੀਆਂ



ਪਰ ਨਕਦੀ ਕੱਢ ਕੇ ਭੱਜਣ ਲੱਗੀਆਂ। ਮਹਿਲਾ ਵੱਲੋਂ ਮੌਕੇ 'ਤੇ ਸ਼ੋਰ ਮਚਾਉਣ 'ਤੇ ਆਸ-ਪਾਸ ਦੇ ਦੁਕਾਨਦਾਰਾਂ ਨੇ ਮੁਸਤੈਦੀ ਦਿਖਾਉਂਦੇ ਹੋਏ ਗੋਲਗੱਪਿਆਂ ਦੀ ਦੁਕਾਨ ਨੇੜੇ ਦੋ ਔਰਤਾਂ ਨੂੰ ਦਬੋਚ ਲਿਆ। ਮੁੱਢਲੀ ਜਾਂਚ ਦੌਰਾਨ ਫੜੀਆਂ ਗਈਆਂ ਦੋਵੇਂ ਔਰਤਾਂ ਪ੍ਰਵਾਸੀ ਦੱਸੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚੋਂ ਇੱਕ ਕੋਲੋਂ ਆਧਾਰ ਕਾਰਡ ਵੀ ਮਿਲਿਆ ਹੈ। ਦੁਕਾਨਦਾਰਾਂ ਅਤੇ ਪੀੜਤਾ ਨੇ ਕਾਬੂ ਕੀਤੀਆਂ ਔਰਤਾਂ ਨੂੰ ਪੁਲਸ ਹਵਾਲੇ ਕਰ ਦਿੱਤਾ ਹੈ। ਪੁਲਸ ਵੱਲੋਂ ਪੀੜਤ ਮਹਿਲਾ ਦੀ ਸ਼ਿਕਾਇਤ ਤੇ ਕਾਰਵਾਈ ਕਰਦਿਆਂ ਫ਼ਰਾਰ ਹੋਈ ਤੀਜੀ ਔਰਤ ਦੀ ਭਾਲ ਅਤੇ ਨਕਦੀ ਦੀ ਬਰਾਮਦਗੀ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਨਦੀਆਂ ਤੇ ਦਰਿਆਵਾਂ ਦੇ ਨੇੜੇ ਨਹਾਉਣ 'ਤੇ ਪਾਬੰਦੀ ਦਾ ਹੁਕਮ

ਨਵਾਂਸ਼ਹਿਰ (ਮਨੋਜ ਲਾਡੀ)- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸੇ ਵੀ ਮੰਦਭਾਗੀ ਘਟਨਾ ਤੋਂ ਬਚਣ ਲਈ ਲੋਕਾਂ ਨੂੰ ਨਦੀਆਂ ਅਤੇ ਦਰਿਆਵਾਂ ਦੇ ਨੇੜੇ ਨਹਾਉਣ ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦੇ ਹੋਏ ਸਥਾਨਕ ਟੀਚਰ ਕਲੋਨੀ ਵਿਖੇ ਇਕ ਪਰਵਾਰ ਵੱਲੋਂ ਆਪਣੇ ਘਰ ਦੇ ਵਿਹੜੇ ਵਿਚ ਬੜੇ ਆਦਰ ਸਤਿਕਾਰ ਸਹਿਤ ਸ੍ਰੀ ਗਣਪਤੀ ਬੱਪਾ ਦੀ ਮੂਰਤੀ ਦਾ ਵਿਸਰਜਨ ਕੀਤਾ। ਜਾਣਕਾਰੀ ਦਿੰਦੇ ਹੋਏ ਪਰਵਾਰ ਦੇ ਮੁੱਖੀ ਰਾਜੀਵ ਕੁਮਾਰ ਨੇ ਦੱਸਿਆ ਕਿ ਗਣੇਸ਼ ਚਤੁਰਥੀ ਵਾਲੇ ਦਿਨ ਪਰਵਾਰ ਵੱਲੋਂ ਆਪਣੇ ਘਰ ਵਿਚ ਭਗਵਾਨ ਸ੍ਰੀ ਗਣੇਸ਼ ਦੀ ਮੂਰਤੀ ਦੀ ਵਿਧੀ ਪੂਰਵਕ ਸਥਾਪਨਾ ਕਰਵਾਈ ਗਈ। ਆਂਢ ਗੁਆਂਢ ਅਤੇ ਮਿੱਤਰਾਂ ਸੱਜਣਾਂ ਦੇ ਸਹਿਯੋਗ ਨਾਲ ਮਹਿਲਾ ਸੰਕੀਰਤਨ ਮੰਡਲੀ ਵੱਲੋਂ ਭਜਨ ਭੇਟਾਂ ਗਾ ਕੇ ਗਣਪਤੀ ਬੱਪਾ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।ਆਰਤੀ ਤੋਂ ਬਾਅਦ ਘਰ ਵਿਚ ਰੱਖੇ ਜਲ ਨਾਲ ਭਰੇ ਹੋਏ ਇਕ ਵੱਡੇ ਟੱਬ ਵਿਚ ਗਣੇਸ਼ ਦੀ ਮੂਰਤੀ ਦਾ ਵਿਸਰਜਨ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪਾਣੀ ਵਿਚ ਘੁਲੀ ਇਸ ਮਿੱਟੀ ਨੂੰ ਘਰ ਦੇ ਵਿਹੜੇ ਵਿਚ ਲਗਾਏ ਗਏ ਪੌਦਿਆਂ ਵਿਚ ਪਾ ਦਿੱਤਾ ਜਾਵੇਗਾ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਭਲਾਈ ਲਈ ਸਮੇਂ ਸਮੇਂ ਤੇ ਜਾਰੀ ਕੀਤੇ ਜਾਂਦੇ ਹੁਕਮਾਂ ਦੀ ਸ਼ਲਾਘਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਜੇਕਰ ਸਭ ਲੋਕ ਅਜੇਹਾ ਕਰਨ ਤਾਂ ਜਿੱਥੇ ਨਦੀਆਂ ਅਤੇ ਦਰਿਆਵਾਂ ਦੇ ਪਾਣੀ ਨੂੰ ਗੰਧਲਾ ਹੋਣ ਤੋਂ ਬਚਾਇਆ ਜਾ ਸਕੇ, ਉੱਥੇ ਹੀ ਕਿਸੇ ਮੰਦਭਾਗੀ ਘਟਨਾ ਤੋਂ ਵੀ ਬਚਿਆ ਜਾ ਸਕੇ। ਇਸ ਮੌਕੇ ਸੰਗੀਤਾ ਜੋਸ਼ੀ, ਐਡਵੋਕੇਟ ਉਰਵਸ਼ੀ ਜੋਸ਼ੀ, ਭਾਰਗਵ ਜੋਸ਼ੀ, ਮਨਜੀਤ ਜੋਸ਼ੀ, ਲਾਲੀ ਜੋਸ਼ੀ, ਸਾਕਸ਼ੀ, ਸ਼ਿਵਾ, ਬਲਰਾਮ, ਜਤਿੰਦਰ ਕੁਮਾਰ, ਪ੍ਰਸ਼ੋਤਮ ਬੈਂਸ, ਵੀਨਾ, ਸ਼ਿਵਾਨੀ, ਮੁਕੇਸ਼ ਰਾਜਸਥਾਨੀ ਅਤੇ ਉਨ੍ਹਾਂ ਦਾ ਪਰਵਾਰ ਆਦਿ ਵੀ ਹਾਜ਼ਰ ਸਨ।

# ਝੰਡਾ ਚੜ੍ਹਾਉਣ ਦੀ ਰਸਮ ਸ਼ਰਧਾਪੂਰਵਕ ਸੰਪੰਨ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਸ੍ਰੀ ਰਾਮ ਲੀਲ੍ਹਾ ਉਤਸਵ ਕਲੱਬ, ਪੁੱਡਾ ਮਾਰਕੀਟ (ਸ੍ਰੀ ਅਨੰਦਪੁਰ ਸਾਹਿਬ) ਵੱਲੋਂ ਸਲਾਨਾ ਸ੍ਰੀ ਰਾਮ ਲੀਲ੍ਹਾ ਮੰਚਨ ਦੀਆਂ ਤਿਆਰੀਆਂ ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕਲੱਬ ਦੇ ਪ੍ਰਧਾਨ ਰਾਮ ਪਰਾਸ਼ਰ ਬਿੱਲਾ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਿਸ ਵਿੱਚ ਪੂਰੀ ਸ਼ਰਧਾ, ਭਾਵਨਾ ਅਤੇ ਧਾਰਮਿਕ ਰੀਤੀ-ਰਿਵਾਜਾਂ ਨਾਲ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।ਇਸ ਮੌਕੇ ਕਲੱਬ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਅਭੀ ਸ਼ਰਮਾ, ਤੇਜਸ



ਪਰਾਸ਼ਰ, ਕਰਨ ਪੁਰੀ, ਬਲਰਾਮ ਪਰਾਸ਼ਰ, ਅਦਿੱਤਿਆ ਬੱਸੀ, ਧਰੂਪਲ ਪਰਾਸ਼ਰ, ਮਨੂ ਸ਼ਰਮਾ, ਭੁਪਿੰਦਰ ਜਗੋਤਾ, ਪਰਭਾਸ ਪਰਾਸ਼ਰ, ਵਿਜੈ ਸ਼ਰਮਾ ਨੇ ਪ੍ਰਭੂ ਸ੍ਰੀ ਰਾਮ ਦੇ ਚਰਨਾਂ ਵਿੱਚ ਅਰਦਾਸ ਕਰਕੇ ਮੰਚਨ ਦੀ ਸਫਲਤਾ ਲਈ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਨੌਜਵਾਨ ਆਗੂ ਬਲਰਾਮ ਪਰਾਸ਼ਰ ਨੇ ਦੱਸਿਆ ਕਿ ਅੱਸੂ ਦੇ ਪਵਿੱਤਰ ਨਵਰਾਤਰਿਆਂ ਦੇ ਸ਼ੁੱਭ ਅਵਸਰ 'ਤੇ 10 ਅਕਤੂਬਰ ਤੋਂ ਸ੍ਰੀ ਰਾਮ ਲੀਲ੍ਹਾ ਦਾ ਮੰਚਨ ਸ਼ੁਰੂ ਹੋਣ ਜਾ ਰਿਹਾ ਹੈ। ਇਹ ਮੰਚਨ 20 ਅਕਤੂਬਰ ਤੱਕ ਨਿਰੰਤਰ ਚੱਲੇਗਾ ਅਤੇ 20 ਅਕਤੂਬਰ ਨੂੰ ਦੁਸਹਿਰੇ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਕਲੱਬ ਦੇ ਪ੍ਰਮੁੱਖ ਅਹੁਦੇਦਾਰ, ਸਮਾਜ ਸੇਵੀ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਸੰਗਤਾਂ ਹਾਜ਼ਰ ਸਨ।

## ਪੰਜਾਬੀ ਮਾਂ-ਬੋਲੀ ਦੇ ਸਤਿਕਾਰ ਲਈ ਬਲੌਸਮਜ਼ ਕਾਨਵੈਂਟ ਸਕੂਲ ਵੱਲੋਂ ਵਿਸ਼ੇਸ਼ ਉਪਰਾਲਾ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਬਲੌਸਮਜ਼ ਕਾਨਵੈਂਟ ਸਕੂਲ ਲੀਲਾਂ ਮੇਘ ਸਿੰਘ ਜਗਰਾਉਂ ਵਿਖੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ, ਪੰਜਾਬੀ ਸੱਭਿਆਚਾਰ ਤੇ ਵਿਰਸੇ ਨਾਲ ਜੋੜਨ ਦੇ ਉਦੇਸ਼ ਨਾਲ ਵਿਸ਼ਵ ਪੰਜਾਬੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਲਈ ਪੰਜਾਬੀ ਭਾਸ਼ਾ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਦੀ ਮਹੱਤਤਾ, ਇਸ ਦੇ ਇਤਿਹਾਸ, ਸਾਹਿਤ ਤੇ ਸੱਭਿਆਚਾਰਕ ਵਿਰਸੇ ਬਾਰੇ ਜਾਣਕਾਰੀ ਦਿੱਤੀ ਗਈ। ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਵਰਤਣ ਤੇ ਇਸ ਦੀ ਅਮੀਰ ਵਿਰਾਸਤ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਨੇ ਪੰਜਾਬੀ ਭਾਸ਼ਾ ਨੂੰ ਸੰਭਾਲਣ, ਇਸ ਦਾ ਸਤਿਕਾਰ ਕਰਨ ਤੇ ਆਉਣ ਵਾਲੀ ਪੀੜ੍ਹੀ ਤੱਕ ਇਸ ਦੀ ਵਿਰਾਸਤ ਨੂੰ ਪਹੁੰਚਾਉਣ ਦਾ ਪ੍ਰਣ ਵੀ ਲਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਪੰਜਾਬੀ ਭਾਸ਼ਾ ਦੀ ਵਿਸ਼ੇਸ਼ਤਾ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਭਾਸ਼ਾ ਕਿਸੇ ਵੀ ਕੌਮ ਦੀ ਪਛਾਣ ਤੇ ਵਿਰਾਸਤ ਦਾ ਅਹਿਮ ਹਿੱਸਾ ਹੁੰਦੀ ਹੈ। ਇਸ ਲਈ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਆਪਣੀ ਮਾਂ-ਬੋਲੀ ਪੰਜਾਬੀ ਨੂੰ ਪਿਆਰ, ਸਤਿਕਾਰ ਅਤੇ ਮਾਣ ਨਾਲ ਅਪਣਾਈਏ ਅਤੇ ਇਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਈਏ। ਉਨ੍ਹਾਂ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ ਪੜ੍ਹਨ ਤੇ ਪੰਜਾਬੀ ਭਾਸ਼ਾ ਦੀਆਂ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਵੀ ਉਤਸ਼ਾਹਤ ਕੀਤਾ। ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਨਪ੍ਰੀਤ ਸਿੰਘ ਬਰਾੜ ਨੇ ਵਿਸ਼ਵ ਪੰਜਾਬੀ ਦਿਵਸ ਦੀਆਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਪੈਨਸ਼ਨਰ ਜੁਆਇੰਟ ਫਰੰਟ ਨੇ ਗ੍ਰਿਫ਼ਤਾਰੀਆਂ ਦਾ ਪ੍ਰੋਗਰਾਮ ਅੱਗੇ ਪਾਇਆ

**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਸੂਬਾ ਪੱਧਰੀ ਮੀਟਿੰਗ ਪੈਨਸ਼ਨਰਜ਼ ਭਵਨ ਵਿਖੇ ਕਰਮ ਸਿੰਘ ਧਨੋਆ ਦੀ ਪ੍ਰਧਾਨਗੀ ਹੇਠ ਹੋਈ। ਅਵਿਨਾਸ਼ ਸ਼ਰਮਾ, ਸੁਖਵਿੰਦਰ ਸਿੰਘ ਸੈਣੀ ਅਤੇ ਭਜਨ ਸਿੰਘ ਗਿੱਲ ਨੇ ਦੱਸਿਆ ਕਿ ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਕੀਤੇ ਸੰਘਰਸ਼ ਬਾਰੇ ਸਮੀਖਿਆ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਪਹਿਲੀ ਅਕਤੂਬਰ ਤੋਂ ਗ੍ਰਿਫ਼ਤਾਰੀਆਂ ਦਾ ਪ੍ਰੋਗਰਾਮ ਅੱਗੇ ਪਾਉਣ ਦਾ ਫੈਸਲਾ ਕੀਤਾ ਗਿਆ।

ਮੰਗਾਂ ਦੀ ਪ੍ਰਾਪਤੀ ਲਈ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਅਤੇ ਯੂ.ਟੀ. ਵੱਲੋਂ ਉਲੀਕੇ ਜਾਣ ਵਾਲੇ ਸੰਘਰਸ਼ਾਂ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ। ਸੁਰਿੰਦਰ ਰਾਮ ਕੁੱਸਾ ਨੇ ਦੱਸਿਆ ਕਿ 30 ਸਤੰਬਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਝੰਡਾ ਮਾਰਚ ਲਗਾਉਣ ਤੇ 10 ਅਕਤੂਬਰ ਦੀ ਸੰਗਰੂਰ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਜੁਆਇੰਟ ਫਰੰਟ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ। ਨਿਰਮਲ ਸਿੰਘ ਕਾਰਜਕਾਰੀ ਵਿਤ ਸਕੱਤਰ ਨੇ 29 ਜੁਲਾਈ ਦੀ ਰੈਲੀ ਤੋਂ ਲੈ ਕੇ ਹੁਣ ਤੱਕ ਦੇ ਆਮਦਨ ਖਰਚ ਦੇ ਵੇਰਵੇ ਸਾਂਝੇ ਕਰਦਿਆਂ ਫੰਡਾਂ ਦੀ ਤਫਸੀਲ ਮੀਟਿੰਗ ਵਿੱਚ ਰੱਖੀ।

# ਆਸਰਾ ਕਾਲਜ ਵਿਖੇ ਪੰਜਾਬੀ ਦਿਵਸ ਉਤਸ਼ਾਹ ਨਾਲ ਮਨਾਇਆ



**ਭਵਾਨੀਗੜ੍ਹ (ਰਾਜ ਖੁਰਮੀ)**

ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇ 'ਤੇ ਸਥਿਤ ਆਸਰਾ ਕਾਲਜ ਵਿਖੇ ਪੰਜਾਬੀ ਦਿਵਸ ਬੜੇ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ। ਸਮਾਗਮ ਵਿੱਚ ਕਾਲਜ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਸਟਾਫ਼ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਸਮਾਗਮ ਵਿੱਚ ਡਾ. ਆਰ. ਕੇ. ਗੋਇਲ ਚੇਅਰਮੈਨ ਡਾ. ਕੇਸ਼ਵ ਗੋਇਲ, ਐੱਮ. ਡੀ. ਤੇ ਅਰਪਿਤ ਗੋਇਲ ਕੈਂਪਸ ਡਾਇਰੈਕਟਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਪ੍ਰੋ. (ਡਾ.) ਸਤੀਸ਼ ਵਰਮਾ ਸਾਬਕਾ ਡਾਇਰੈਕਟਰ ਯੂਥ ਵੈੱਲਫੇਅਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪੰਜਾਬੀ ਭਾਸ਼ਾ ਨਾਲ ਸਬੰਧਤ ਕਵਿਤਾਵਾਂ, ਭਾਸ਼ਣ, ਕਵਿਤਾ ਉਚਾਰਨ, ਸੱਭਿਆਚਾਰਕ ਪੇਸ਼ਕਾਰੀਆਂ ਤੇ ਵਿਚਾਰ-ਵਟਾਂਦਰੇ ਪੇਸ਼ ਕੀਤੇ ਗਏ। ਮੁੱਖ ਬੁਲਾਰੇ ਪ੍ਰੋ. (ਡਾ.) ਸਤੀਸ਼ ਵਰਮਾ ਨੇ ਕਿਹਾ ਕਿ ਮਾਂ-ਬੋਲੀ ਕੇਵਲ ਸੰਚਾਰ ਦਾ ਸਾਧਨ ਨਹੀਂ, ਸਗੋਂ ਕਿਸੇ ਵੀ ਕੌਮ ਦੀ ਪਹਿਚਾਣ, ਇਤਿਹਾਸ ਤੇ ਸੱਭਿਆਚਾਰ ਦੀ ਰੂਹ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਤੇ ਇਸ ਦੇ ਵਿਕਾਸ ਵਿੱਚ ਵਿਦਿਆਰਥੀਆਂ ਦੀ ਭੂਮਿਕਾ ਅਹਿਮ ਹੈ। ਕਾਲਜ ਦੇ ਚੇਅਰਮੈਨ ਡਾ. ਆਰ. ਕੇ. ਗੋਇਲ ਨੇ ਕਿਹਾ ਕਿ ਪੰਜਾਬੀ ਭਾਸ਼ਾ ਦੀ ਸੰਭਾਲ ਸਿਰਫ਼ ਇੱਕ ਦਿਨ ਮਨਾਉਣ ਤੱਕ ਸੀਮਿਤ ਨਹੀਂ ਰਹਿਣੀ ਚਾਹੀਦੀ, ਸਗੋਂ ਹਰ ਪੰਜਾਬੀ ਨੂੰ ਰੋਜ਼ਾਨਾ ਜੀਵਨ ਵਿੱਚ ਮਾਂ-ਬੋਲੀ ਦਾ ਸਤਿਕਾਰ ਕਰਦਿਆਂ ਇਸ ਦੇ ਪ੍ਰਚਾਰ ਅਤੇ ਪ੍ਰਸਾਰ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਬੋਲੀ ਸਾਡੀ ਪਹਿਚਾਣ ਹੈ ਤੇ ਇਸ ਦੀ ਸੰਭਾਲ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਪੇਸ਼ਕਾਰੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਪ੍ਰਬੰਧਕਾਂ ਵੱਲੋਂ ਸਮਾਗਮ ਨੂੰ ਸਫ਼ਲ ਬਣਾਉਣ ਲਈ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰੋ. ਵਿਕਾਸ ਗੋਇਲ, ਡਾ. ਮੁਨੀਸ਼ ਗੋਇਲ, ਡਾ. ਰਿਤੂ ਚੋਪੜਾ, ਮੈਡਮ ਅੰਜੂ ਖੋਸਲਾ ਸਮੇਤ ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਮਾਈ ਭਾਰਤ ਵੱਲੋਂ ਪੌਦੇ ਲਗਾਉਣ ਤੇ ਸਫ਼ਾਈ ਅਭਿਆਨ




**ਭਵਾਨੀਗੜ੍ਹ (ਰਾਜ ਖੁਰਮੀ)**-ਮਾਈ ਭਾਰਤ ਸੰਗਠਨ ਵੱਲੋਂ ਬਲਾਕ ਭਵਾਨੀਗੜ੍ਹ ਵਿਖੇ ਵਾਤਾਵਰਨ ਦੀ ਸੰਭਾਲ ਤੇ ਸਫ਼ਾਈ ਨੂੰ ਲੈ ਕੇ ਵਿਸ਼ੇਸ਼ ਪੌਦੇ ਲਗਾਉਣ ਤੇ ਸਫ਼ਾਈ ਅਭਿਆਨ ਚਲਾਇਆ ਗਿਆ। ਇਹ ਅਭਿਆਨ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਭਵਾਨੀਗੜ੍ਹ ਵਿਖੇ ਡਿਪਟੀ ਡਾਇਰੈਕਟਰ ਰਾਹੁਲ ਸਾਹਨੀ ਦੀ ਅਗਵਾਈ ਹੇਠ ਕਾਲਜ ਦੀ ਪ੍ਰਿੰਸੀਪਲ ਪਰਵਿੰਦਰ ਕੌਰ ਦੇ ਸਹਿਯੋਗ ਨਾਲ ਕਰਵਾਇਆ ਗਿਆ। ਅਭਿਆਨ ਦਾ ਮੁੱਖ ਮਕਸਦ ਨੌਜਵਾਨਾਂ ਤੇ ਆਮ ਲੋਕਾਂ ਨੂੰ ਵਾਤਾਵਰਨ ਦੀ ਸੰਭਾਲ, ਸਫ਼ਾਈ ਤੇ ਪਲਾਸਟਿਕ ਦੀ ਵਰਤੋਂ ਤੋਂ ਹੋਣ ਵਾਲੇ ਨੁਕਸਾਨਾਂ ਪ੍ਰਤੀ ਜਾਗਰੂਕ ਕਰਨਾ ਸੀ। ਇਸ ਦੌਰਾਨ ਮਾਈ ਭਾਰਤ ਦੇ ਵਲੰਟੀਅਰਾਂ ਤੇ ਨੌਜਵਾਨਾਂ ਵੱਲੋਂ ਬਲਾਕ ਦੇ ਵੱਖ-ਵੱਖ ਹਿੱਸਿਆਂ ਵਿੱਚ ਫਲਦਾਰ ਤੇ ਛਾਂਦਾਰ ਪੌਦੇ ਲਗਾਏ ਗਏ। ਨੌਜਵਾਨਾਂ ਨੇ ਜਨਤਕ ਥਾਵਾਂ ਦੀ ਸਫ਼ਾਈ ਕਰਕੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਪ੍ਰੇਰਿਤ ਕੀਤਾ ਗਿਆ। ਸੰਗਠਨ ਦੇ ਨੁਮਾਇੰਦਿਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਲਾਸਟਿਕ ਦੀ ਵਰਤੋਂ ਘੱਟ ਕਰਨ ਅਤੇ ਕੂੜਾ ਇੱਧਰ-ਉੱਧਰ ਸੁੱਟਣ ਦੀ ਬਜਾਏ ਨਿਰਧਾਰਤ ਥਾਵਾਂ 'ਤੇ ਹੀ ਪਾਉਣ। ਅਭਿਆਨ ਦੇ ਅੰਤ ਵਿੱਚ ਸਥਾਨਕ ਨਿਵਾਸੀਆਂ ਤੇ ਹਾਜ਼ਰ ਨੌਜਵਾਨਾਂ ਨੂੰ ਲਗਾਏ ਗਏ ਪੌਦਿਆਂ ਦੀ ਸੰਭਾਲ ਕਰਨ ਦਾ ਸੰਕਲਪ ਵੀ ਦਿਵਾਇਆ ਗਿਆ। ਇਸ ਮੌਕੇ ਬਲਾਕ ਭਵਾਨੀਗੜ੍ਹ ਦੇ ਵਲੰਟੀਅਰ ਰਾਹੁਲ ਜੋਸ਼ੀ ਤੇ ਹਰਪ੍ਰੀਤ ਸਿੰਘ ਸਮੇਤ ਹੋਰ ਵਲੰਟੀਅਰ ਵੀ ਮੌਜੂਦ ਰਹੇ।

## ਰੈਵੇਨਿਊ ਪਟਵਾਰ ਯੂਨੀਅਨ ਵੱਲੋਂ ਹੱਕੀ ਮੰਗਾਂ ਨੂੰ ਲੈ ਕੇ ਧਰਨਾ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਦੀ ਰੈਵੇਨਿਊ ਪਟਵਾਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਤਹਿਸੀਲ ਗੁਰੂ ਹਰਸਹਾਏ ਵਿਖੇ ਸਮੂਹ ਪਟਵਾਰੀ ਸਾਥੀਆਂ ਵੱਲੋਂ ਤਹਿਸੀਲ ਪੱਧਰ 'ਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਸਬੰਧੀ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਜ਼ਿਲ੍ਹਾ ਪ੍ਰਧਾਨ ਵਿਜੇ ਚੌਧਰੀ, ਜ਼ਿਲ੍ਹਾ ਜਨਰਲ ਸਕੱਤਰ ਅਭੇ ਧਵਨ, ਜ਼ਿਲ੍ਹਾ ਖ਼ਜ਼ਾਨਚੀ ਪ੍ਰਭਸਿਮਰਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਧਰਨੇ-ਪ੍ਰਦਰਸ਼ਨ 'ਚ ਸ਼ਾਮਲ ਵੱਖ-ਵੱਖ ਬੁਲਾਰਿਆਂ ਨੇ ਪਟਵਾਰੀਆਂ ਦੀਆਂ ਹੱਕੀ ਮੰਗਾਂ ਸਬੰਧੀ ਦੱਸਿਆ ਕਿ 'ਸਟੇਟ ਕੇਡਰ ਦੇ ਫ਼ੈਸਲੇ ਨੂੰ ਮੁੜ ਜ਼ਿਲ੍ਹਾ ਕੇਡਰ ਬਹਾਲ ਕੀਤਾ ਜਾਵੇ'। ਨਵੇਂ ਭਰਤੀ ਹੋਏ ਪਟਵਾਰੀਆਂ ਦੀਆਂ ਤਨਖਾਹਾਂ ਵਧਾ ਕੇ ਪੁਰਾਣੇ ਪਟਵਾਰੀ ਸਾਥੀਆਂ ਦੇ ਬਰਾਬਰ ਕੀਤੀਆਂ ਜਾਣ। ?1056 ਪਟਵਾਰੀਆਂ ਦੀਆਂ ਘਟਾਈਆਂ ਗਈਆਂ ਪੋਸਟਾਂ ਨੂੰ ਮੁੜ ਬਹਾਲ ਕੀਤਾ ਜਾਵੇ। ਬੁਲਾਰਿਆਂ ਵੱਲੋਂ ਧਰਨੇ ਦੌਰਾਨ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਇਹ ਮੰਗਾਂ ਜਲਦ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਸੰਘਰਸ਼ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਤੇਜ਼ ਕੀਤਾ ਜਾਵੇਗਾ। ਇਸ ਨਾਲ ਆਮ ਜਨਤਾ ਨੂੰ ਹੋਣ ਵਾਲੀ ਖੱਜਲ-ਖੁਆਰੀ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਧਰਨੇ ਵਿੱਚ ਜਸਪਿੰਦਰ ਸਿੰਘ (ਤਹਿਸੀਲ ਪ੍ਰਧਾਨ), ਨਿਰੰਜਨ ਸਿੰਘ (ਜਨਰਲ ਸਕੱਤਰ), ਮੈਡਮ ਕਵਿਤਾ, ਮੈਡਮ ਸੋਨੀਆ, ਜੋਗਿੰਦਰ ਕੌਰ, ਪਿੰਦਾ ਪਟਵਾਰੀ ਤੇ ਹੋਰ ਕਈ ਪਟਵਾਰੀ ਸਾਥੀ ਧਰਨੇ-ਪ੍ਰਦਰਸ਼ਨ ਵਿੱਚ ਸ਼ਾਮਲ ਹੋਏ।

## ਪੰਜਾਬ ਸਰਕਾਰ ਨੇ ਲਈ ਆਯੁਰਵੇਦ ਵਿਭਾਗ ਦੀ ਸਾਰ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਭਗਵੰਤ ਮਾਨ ਸਰਕਾਰ ਨੇ ਪਿਛਲੀਆਂ ਸਰਕਾਰਾਂ ਵੱਲੋਂ ਅੱਖੋਂ ਪਰੋਖੇ ਕੀਤੇ ਗਏ ਆਯੁਰਵੇਦ ਵਿਭਾਗ ਦੀ ਸਾਰ ਲੈਂਦਿਆਂ ਇਸ ਦੀ ਕਾਇਆ ਕਲਪ ਕੀਤੀ ਹੈ। ਡਾ. ਬਲਬੀਰ ਸਿੰਘ ਸਰਕਾਰੀ ਆਯੁਰਵੈਦਿਕ ਕਾਲਜ ਪਟਿਆਲਾ ਵਿਖੇ 'ਸਵੱਸਥ ਭਵਿੱਖ ਲਈ ਆਯੁਰਵੇਦ' ਦੀ ਥੀਮ ਹੇਠ ਮਨਾਏ ਗਏ 11ਵੇਂ ਰਾਸ਼ਟਰੀ ਆਯੁਰਵੇਦ ਦਿਵਸ ਮੌਕੇ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਸਿਹਤ ਮੰਤਰੀ ਨੇ ਦੱਸਿਆ ਕਿ ਬਹੁਤ ਅਫ਼ਸੋਸ ਦੀ ਗੱਲ ਸੀ ਕਿ ਆਯੁਵੈਦਿਕ ਵਿਭਾਗ ਦਾ ਕੋਈ ਵਾਲੀ ਵਾਰਸ ਹੀ ਨਹੀਂ ਸੀ ਤੇ 1954 ਤੋਂ ਬਾਅਦ ਪਹਿਲੀ ਵਾਰ ਭਗਵੰਤ ਮਾਨ ਸਰਕਾਰ ਨੇ ਪਟਿਆਲਾ ਦੇ ਸਰਕਾਰੀ ਆਯੁਰਵੈਦਿਕ ਕਾਲਜ 'ਚ 23 ਰੈਗੂਲਰ ਅਧਿਆਪਕ ਤੇ ਪ੍ਰਿੰਸੀਪਲ ਸਮੇਤ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਦਾ ਵਾਈਸ ਚਾਂਸਲਰ ਤੇ ਸਪੈਸ਼ਲਿਸਟ ਅਮਲਾ ਨਿਯੁਕਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ 7.7 ਕਰੋੜ ਰੁਪਏ ਦੀ ਦਵਾਈ ਖਰੀਦੀ ਗਈ ਹੈ, 7 ਸਰਕਾਰੀ ਆਯੁਰਵੇਦਿਕ ਡਿਸਪੈਂਸਰੀਆਂ ਦੀ ਮੁਰੰਮਤ ਕਰਵਾਈ ਗਈ, 10 ਕਰੋੜ ਰੁਪਏ ਦਾ ਹੋਰ ਟੈਂਡਰ ਲਗਾਇਆ ਗਿਆ ਹੈ। ਇਸ ਮੌਕੇ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸੰਜੀਵ ਸੂਦ, ਰਜਿਸਟਰਾਰ ਡਾ. ਸੰਜੀਵ ਗੋਇਲ, ਡਾਇਰੈਕਟਰ ਆਯੁਰਵੈਦਾ ਡਾ. ਰਮਨ ਖੰਨਾ, ਸੀ ਐਮ ਯੋਗਸ਼ਾਲਾ ਦੇ ਕੁਆਰਡੀਨੇਟਰ ਅਮਰੇਸ਼ ਕੁਮਾਰ ਤੇ ਕਮਲੇਸ਼ ਮਿਸ਼ਰਾ, ਸਰਕਾਰੀ ਆਯੁਰਵੈਦਿਕ ਕਾਲਜ ਦੇ ਪ੍ਰਿੰਸੀਪਲ ਡਾ. ਚੰਦਰ ਸ਼ੇਖਰ ਸ਼ਰਮਾ, ਜ਼ਿਲ੍ਹਾ ਆਯੁਰਵੈਦਿਕ ਤੇ ਯੁਨਾਨੀ ਅਫ਼ਸਰ ਡਾ. ਮੋਹਨ ਲਾਲ, ਕੰਟਰੋਲਰ ਇਮਤਿਹਾਨ ਡਾ. ਅੰਜੂ ਬਾਲਾ, ਆਯੁਰਵੈਦਾ ਸਲਾਹਕਾਰ ਡਾ. ਰਾਜੀਵ ਮਹਿਤਾ ਅਤੇ ਵੱਡੀ ਗਿਣਤੀ ਆਯੁਰਵੈਦਿਕ ਮੈਡੀਕਲ ਅਫ਼ਸਰ ਤੇ ਵਿਦਿਆਰਥੀ ਮੌਜੂਦ ਸਨ।

# ਸਰਕਾਰੀ ਪੰਚਾਇਤੀ ਜ਼ਮੀਨਾਂ ਦੇ 33 ਫ਼ੀਸਦੀ ਹਿੱਸੇ 'ਚ ਬਾਗਬਾਨੀ ਦੀ ਮੰਗ

### ■ ਗ੍ਰੀਨ ਪੰਜਾਬ ਮਿਸ਼ਨ ਟੀਮ ਵੱਲੋਂ ਐੱਸ ਆਰ ਕਲੇਰ ਨੂੰ ਮੰਗ ਪੱਤਰ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਤੇ ਵਾਤਾਵਰਣ ਦੀ ਸੰਭਾਲ ਲਈ ਯਤਨਸ਼ੀਲ ਗ੍ਰੀਨ ਪੰਜਾਬ ਮਿਸ਼ਨ ਟੀਮ ਦੇ ਵਫ਼ਦ ਨੇ ਸਤਪਾਲ ਸਿੰਘ ਦੇਹੜਕਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ, ਸਾਬਕਾ ਵਿਧਾਇਕ ਐੱਸ. ਆਰ. ਕਲੇਰ ਨਾਲ ਮੁਲਾਕਾਤ ਕਰਕੇ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਵਾਤਾਵਰਣ ਸਬੰਧੀ ਨੀਤੀਆਂ ਸ਼ਾਮਲ ਕਰਨ ਲਈ ਮੰਗ ਪੱਤਰ ਸੌਂਪਿਆ। ਵਫ਼ਦ ਨੇ ਮੰਗ ਕੀਤੀ ਕਿ ਰਾਸ਼ਟਰੀ ਵਣ ਨੀਤੀ ਦੀ ਭਾਵਨਾ ਅਨੁਸਾਰ ਸਰਕਾਰੀ ਪੰਚਾਇਤੀ ਜ਼ਮੀਨਾਂ ਦੇ 33 ਫ਼ੀਸਦੀ ਹਿੱਸੇ ਵਿੱਚ ਬਾਗਬਾਨੀ ਕਰਵਾਉਣ ਦੀ ਨੀਤੀ ਨੂੰ ਚੋਣ ਮਨੋਰਥ ਪੱਤਰ ਦਾ ਹਿੱਸਾ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਨਾਲ ਵਾਤਾਵਰਣ ਨੂੰ ਲਾਭ ਹੋਣ ਦੇ ਨਾਲ ਪੰਚਾਇਤਾਂ ਦੀ ਆਮਦਨ ਵਿੱਚ ਵੀ ਵਾਧਾ ਹੋ ਸਕਦਾ ਹੈ। ਇਸ ਮੌਕੇ ਐੱਸ. ਆਰ. ਕਲੇਰ ਨੇ ਕਿਹਾ ਕਿ ਉਹ ਖੁਦ ਵੀ ਵਾਤਾਵਰਣ ਪ੍ਰੇਮੀ ਹਨ ਤੇ ਪੰਜਾਬ ਦੀ ਆਬੋ-ਹਵਾ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਨਿੱਜੀ ਤੌਰ 'ਤੇ ਯਤਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਘਰ ਵਿੱਚ ਵੀ ਹਜ਼ਾਰਾਂ ਦੀ ਗਿਣਤੀ ਵਿੱਚ ਪੌਦੇ ਲੱਗੇ ਹੋਏ ਹਨ। ਉਨ੍ਹਾਂ ਵਾਤਾਵਰਣ ਦੀ ਸੰਭਾਲ ਨੂੰ ਸਾਂਝੀ ਜ਼ਿੰਮੇਵਾਰੀ ਦੱਸਦਿਆਂ ਗ੍ਰੀਨ ਪੰਜਾਬ ਮਿਸ਼ਨ ਟੀਮ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਸ੍ਰੀ ਕਲੇਰ ਨੇ ਦੱਸਿਆ ਕਿ ਸਾਲ 2018 ਵਿੱਚ ਹਲਕਾ ਜਗਰਾਉਂ ਵਿੱਚ 'ਰੁੱਖ ਲਗਾਓ, ਵੰਸ਼ ਬਚਾਓ' ਮੁਹਿੰਮ ਚਲਾਈ ਗਈ ਸੀ, ਜਿਸ ਤਹਿਤ ਹਲਕੇ ਦੇ ਪਿੰਡਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਐੱਸ. ਆਰ. ਕਲੇਰ ਨੇ ਮੰਗ ਨੂੰ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਸ਼ਾਮਲ ਕਰਨ ਲਈ ਪਾਰਟੀ ਲੀਡਰਸ਼ਿਪ ਨਾਲ ਵਿਚਾਰ ਕਰਨ ਦਾ ਭਰੋਸਾ ਦਿੰਦਿਆਂ ਜਲਦ ਹੀ ਚੋਣ ਮਨੋਰਥ ਪੱਤਰ ਕਮੇਟੀ ਨਾਲ ਗ੍ਰੀਨ ਪੰਜਾਬ ਮਿਸ਼ਨ ਟੀਮ ਦੀ ਮੀਟਿੰਗ ਕਰਵਾਉਣ ਦੀ ਗੱਲ ਆਖੀ। ਇਸ ਮੌਕੇ ਕੈਪਟਨ ਨਰੇਸ਼ ਵਰਮਾ, ਮਾ. ਹਰਨਰਾਇਣ ਸਿੰਘ ਢਿੱਲੋਂ, ਕੰਚਨ ਗੁਪਤਾ, ਲਖਵਿੰਦਰ ਸਿੰਘ ਧੰਜਲ, ਰਾਜਪਾਲ ਜੈਨ, ਤਜਿੰਦਰ ਸਿੰਘ ਜੱਸਲ, ਹਰਪਿੰਦਰ ਸਿੰਘ ਮਲਕ, ਅਸ਼ੋਕ ਸੰਗਮ ਤੇ ਸਤਪਾਲ ਸਿੰਘ ਦੇਹੜਕਾ ਆਦਿ ਹਾਜ਼ਰ ਸਨ।

## ਸਰਕਾਰ ਹਾਈ ਕੋਰਟ ਦੇ ਫੈਸਲੇ ਨੂੰ ਹੂਬਹੂ ਲਾਗੂ ਕਰੇ : ਪ ਸ ਸ ਫ

**ਲੁਧਿਆਣਾ (ਐੱਮ ਐੱਸ ਭਾਟੀਆ)**-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ ਚੰਡੀਗੜ੍ਹ ਦੀ ਇਕਾਈ ਜ਼ਿਲ੍ਹਾ ਲੁਧਿਆਣਾ ਦੇ ਸਰਪ੍ਰਸਤ ਚਰਨ ਸਿੰਘ ਸਰਾਭਾ, ਚੇਅਰਮੈਨ ਗੁਰਮੇਲ ਸਿੰਘ ਮੈਲਡੇ, ਪ੍ਰਧਾਨ ਹਰਬੰਸ ਸਿੰਘ ਪੰਧੇਰ, ਜਰਨਲ ਸਕੱਤਰ ਸੁਰਿੰਦਰ ਸਿੰਘ ਬੈਂਸ, ਹਰਜਿੰਦਰ ਸਿੰਘ, ਜਗਮੇਲ ਸਿੰਘ ਪੱਖੋਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 1 ਸਤੰਬਰ 2026 ਤੋਂ 8% ਡੀ ਏ ਦੀ ਕਿਸ਼ਤ ਦਿੱਤੀ ਹੈ, ਉਸ ਵਿੱਚ ਪੰਜਾਬ ਸਰਕਾਰ ਨੂੰ ਚਾਹੀਦਾ ਸੀ ਕਿ ਉਹ 1 ਜਲਾਈ 2023 ਦੀ 4% ਕਿਸ਼ਤ ਤੇ 1 ਜਨਵਰੀ 2024 ਦੀ 4% ਕਿਸ਼ਤ ਦਾ ਅਤੇ ਬਕਾਇਆ ਰਾਸ਼ੀ ਦਾ ਚਿੱਠੀ ਵਿੱਚ ਜ਼ਿਕਰ ਕਰਨਾ ਚਾਹੀਦਾ ਸੀ, ਪ੍ਰੰਤੂ ਇਸ ਚਿੱਠੀ ਤੋਂ ਜਾਪਦਾ ਹੈ ਕਿ ਸਰਕਾਰ ਸੈਂਟਰ ਦੀ ਸਰਕਾਰ ਤੋਂ ਡੀ ਏ ਨੂੰ ਡੀ ਲਿੰਕ ਕਰਨਾ ਚਹੁੰਦੀ ਹੈ, ਜਦੋਂਕਿ ਮਾਨਯੋਗ ਹਾਈ ਕੋਰਟ ਨੇ 18% ਡੀ ਦੇਣ ਦਾ ਫੈਸਲਾ ਦਿੱਤਾ ਹੈ, ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਾਨਯੋਗ ਹਾਈ ਕੋਰਟ ਦੇ ਫੈਸਲੇ ਨੂੰ ਹੂਬਹੂ ਲਾਗੂ ਕਰੇ, ਇਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਧੋਖਾ ਹੈ।

## ਕਾਂਗਰਸ ਵੱਲੋਂ ਐੱਸ ਐੱਸ ਪੀ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ

### ਗੁਲਜ਼ਾਰ ਸਿੰਘ ਤੇ ਮੋਹਨਜੀਤ ਸਿੰਘ ਮਾਮਲੇ 'ਚ ਇਨਸਾਫ਼ ਦੀ ਮੰਗ




**ਦੋਰਾਹਾ (ਹਰਮਿੰਦਰ ਸੇਠ)**-ਗੁਲਜ਼ਾਰ ਸਿੰਘ ਤੇ ਮੋਹਨਜੀਤ ਸਿੰਘ ਨਾਲ ਹੋਏ ਕਥਿਤ ਅੱਤਿਆਚਾਰ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਵੱਲੋਂ ਐੱਸ ਐੱਸ ਪੀ ਦਫ਼ਤਰ ਖੰਨਾ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਕਾਂਗਰਸੀ ਆਗੂਆਂ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਦੇ ਨਾਲ-ਨਾਲ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਖ਼ਿਲਾਫ਼ ਕੇਸ ਦਰਜ ਕਰਨ ਦੀ ਮੰਗ ਰੱਖੀ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ, ਸਾਬਕਾ ਵਿਧਾਇਕ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ, ਸਮਰਾਲਾ ਹਲਕੇ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਸਾਬਕਾ ਨਗਰ ਕੌਂਸਲ ਪ੍ਰਧਾਨ ਬੰਤ ਸਿੰਘ ਦਬੁਰਜੀ ਤੇ ਰਾਜਵੀਰ ਰੁਬਲ ਸਮੇਤ ਪਾਰਟੀ ਦੇ ਹੋਰ ਆਗੂ ਤੇ ਵਰਕਰ ਹਾਜ਼ਰ ਸਨ। ਆਗੂਆਂ ਨੇ ਕਿਹਾ ਕਿ ਗੁਲਜ਼ਾਰ ਸਿੰਘ ਤੇ ਮੋਹਨਜੀਤ ਸਿੰਘ ਨਾਲ ਵਾਪਰੀ ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਪੀੜਤਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮਾਮਲੇ ਨਾਲ ਸਬੰਧਤ ਸਾਰੇ ਤੱਥਾਂ ਦੀ ਨਿਰਪੱਖ ਜਾਂਚ ਕਰਕੇ ਜ਼ਿੰਮੇਵਾਰ ਵਿਅਕਤੀਆਂ ਦੀ ਭੂਮਿਕਾ ਤੈਅ ਕੀਤੀ ਜਾਵੇ ਤੇ ਤੱਥਾਂ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਕਾਂਗਰਸੀ ਆਗੂਆਂ ਵੱਲੋਂ ਖੰਨਾ ਦੇ ਐੱਸ ਐੱਸ ਪੀ ਡਾ. ਦਰਪਣ ਆਹਲੂਵਾਲੀਆ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।

## ਜੇਤੂ ਟੀਮ ਦਾ ਹਰਚੰਦ ਸਿੰਘ ਬਰਸਟ ਵੱਲੋਂ ਸਨਮਾਨ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ ਹਰਚੰਦ ਸਿੰਘ ਬਰਸਟ ਵੱਲੋਂ ਬਾਰ ਐਸੋਸੀਏਸ਼ਨ ਸਮਾਣਾ ਦੇ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਚੁਣੀ ਗਈ ਉਨ੍ਹਾਂ ਦੀ ਸਮੁੱਚੀ ਜੇਤੂ ਟੀਮ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹਰਚੰਦ ਸਿੰਘ ਬਰਸਟ ਨੇ ਸਮੂਹ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਬਾਰ ਐਸੋਸੀਏਸ਼ਨ ਸਮਾਣਾ ਵੱਲੋਂ ਵਕੀਲਾਂ ਨਾਲ ਸਬੰਧਤ ਵੱਖ-ਵੱਖ ਮੰਗਾਂ ਸਬੰਧੀ ਹਰਚੰਦ ਸਿੰਘ ਬਰਸਟ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਮੀਤ ਪ੍ਰਧਾਨ ਰਾਜ ਕੁਮਾਰ ਮੁੰਢਾਹੀ, ਮਹਿਲਾ ਮੀਤ ਪ੍ਰਧਾਨ ਨਿਰਲੇਪ ਕੌਰ, ਸਕੱਤਰ ਹਰਮਨਦੀਪ ਸਿੰਘ ਸਿੱਧੂ, ਜੁਆਇੰਟ ਸਕੱਤਰ ਅਨਰੂਪ ਗਰਗ, ਲਾਇਬ੍ਰੇਰੀਅਨ ਗੁਰਜੀਤ ਕੌਰ ਬੱਲ, ਕੈਸ਼ੀਅਰ ਦਵਿੰਦਰ ਹਸੀਜਾ, ਕਾਰਜਕਾਰਨੀ ਮੈਂਬਰ ਸ਼ਬਦ ਕੌਰ, ਰਜਨੀ ਬਾਲਾ, ਸਿਮਰਨਜੀਤ ਸਿੰਘ ਅਤੇ ਸਿਧਾਰਥ ਗੋਇਲ ਤੋਂ ਇਲਾਵਾ ਸਾਬਕਾ ਪ੍ਰਧਾਨ ਐਡਵੋਕੇਟ ਨਵਦੀਪ ਸਿੰਘ ਢਿੱਲੋਂ, ਸਾਬਕਾ ਮੀਤ ਪ੍ਰਧਾਨ ਹਰਤੇਜ ਸਿੰਘ ਸੰਧੂ, ਪੀ.ਏ. ਹਰਿੰਦਰ ਸਿੰਘ ਧਬਲਾਨ, ਸ਼ਾਮ ਲਾਲ ਦੱਤ ਤੇ ਹੋਰ ਪਤਵੰਤੇ ਹਾਜ਼ਰ ਸਨ।

## ਮੈਗਾ ਸੁਪਰ ਸਪੈਸ਼ਲਿਸਟ ਸਿਹਤ ਕੈਂਪ 27 ਨੂੰ



**ਬਾਘਾ ਪੁਰਾਣਾ ਸਤੰਬਰ (ਮਨੀ ਸਿੰਗਲਾ)**-ਬਾਘਾ ਪੁਰਾਣਾ ਸ਼ਹਿਰ ਵਾਸੀਆਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪਹਿਲੀ ਵਾਰ ਇੱਕ ਵਿਸ਼ੇਸ਼ ਮੈਗਾ ਫਾਈਬਰੋ ਕੈਸਕੈਨ ਅਤੇ ਸੁਪਰ ਸਪੈਸ਼ਲਿਸਟ ਸਿਹਤ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਆਗਰਵਾਲ ਸਭਾ/ਐਸ.ਐਸ. ਜੈਨ ਸਭਾ ਦੇ ਪ੍ਰਧਾਨ ਸਮਾਜ ਸੇਵੀ ਵਿਜੇ ਬਾਂਸਲ ਨੇ ਦਿੰਦਿਆਂ ਦੱਸਿਆ ਕਿ ਇਹ ਕੈਂਪ ਸ਼ਹਿਰ ਵਾਸੀਆਂ ਲਈ ਇੱਕ ਵੱਡੀ ਸਿਹਤ ਸਹੂਲਤ ਸਾਬਤ ਹੋਵੇਗਾ। ਵਿਜੇ ਬਾਂਸਲ ਨੇ ਦੱਸਿਆ ਕਿ ਇਸ ਵਿਸ਼ੇਸ਼ ਸਿਹਤ ਕੈਂਪ ਵਿੱਚ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।

ਉਨ੍ਹਾਂ ਦੱਸਿਆ ਕਿ ਜਿਗਰ ਅਤੇ ਪੇਟ ਨਾਲ ਸਬੰਧਤ ਬਿਮਾਰੀਆਂ ਦੀ ਜਾਂਚ ਅਤੇ ਇਲਾਜ ਲਈ ਡਾਕਟਰ ਸੁਰੇਸ਼ ਗੋਇਲ, ਜਦ ਕਿ ਕੰਨ, ਨੱਕ ਅਤੇ ਗਲੇ ਦੀਆਂ ਸਮੱਸਿਆਵਾਂ ਲਈ ਡਾਕਟਰ ਅਨਮੋਲ ਰਤਨ ਆਪਣੀਆਂ ਸੇਵਾਵਾਂ ਦੇਣਗੇ। ਦੰਦਾਂ ਨਾਲ ਸਬੰਧਤ ਬਿਮਾਰੀਆਂ ਅਤੇ ਇਲਾਜ ਲਈ ਵੀ ਮਾਹਿਰ ਡਾਕਟਰ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ। ਇਹ ਮੈਗਾ ਸੁਪਰ ਸਪੈਸ਼ਲਿਸਟ ਸਿਹਤ ਕੈਂਪ 27 ਸਤੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਜੈਨ ਮਾਡਲ ਸਕੂਲ, ਬਾਘਾ ਪੁਰਾਣਾ ਵਿਖੇ ਲਗਾਇਆ ਜਾਵੇਗਾ।

# ਡੀ ਬੀ ਯੂ ਵੱਲੋਂ ਸੱਭਿਆਚਾਰਕ ਸ਼ਾਮ ਦਾ ਸ਼ਾਨਦਾਰ ਆਯੋਜਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਇੱਕ ਸ਼ਾਨਦਾਰ ਤੇ ਰੰਗੀਲੀ ਸੱਭਿਆਚਾਰਕ ਸ਼ਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋ-ਚਾਂਸਲਰ ਪ੍ਰੋ. (ਡਾ.) ਤਜਿੰਦਰ ਕੌਰ ਵਿਸ਼ੇਸ਼ ਸਨਮਾਨਤ ਮਹਿਮਾਨ ਵਜੋਂ ਹਾਜ਼ਰ ਰਹੇ। ਸਮਾਗਮ ਦੀ ਸ਼ੋਭਾ ਪ੍ਰੈਜ਼ੀਡੈਂਟ ਪ੍ਰੋ. (ਇੰਜ.) ਸੰਦੀਪ ਸਿੰਘ, ਉੱਪ-ਕੁਲਪਤੀ ਪ੍ਰੋ. (ਡਾ.) ਹਰਸ਼ ਸਦਾਵਰਤੀ ਤੇ ਉਪ-ਪ੍ਰਧਾਨ ਪ੍ਰੋ. (ਡਾ.) ਪਰਵਿੰਦਰ ਸਿੰਘ ਦੀ ਹਾਜ਼ਰੀ ਨਾਲ ਹੋਰ ਵਧੀ। ਵਿਸ਼ੇਸ਼ ਸਨਮਾਨਤ ਮਹਿਮਾਨਾਂ ਵਿੱਚ ਸ੍ਰੀ ਸੁਰਿੰਦਰ ਸਿੰਘ ਢਿੱਲੋਂ, ਏ.ਡੀ.ਸੀ. (ਡੀ) ਫਤਹਿਗੜ੍ਹ ਸਾਹਿਬ ਤੇ ਬੀਡੀਪੀਓ ਅਮਲੋਹ ਸ੍ਰੀ ਚੰਦ ਸਿੰਘ ਸ਼ਾਮਲ ਸਨ। ਸ਼ਾਮ ਦਾ ਮੁੱਖ ਆਕਰਸ਼ਣ ਬੇਸਬਰੀ ਨਾਲ ਉਡੀਕੀ ਜਾ ਰਹੀ ਬੰਦੇ ਬਣੋ ਬੰਦੇ ਦੀ ਪੇਸ਼ਕਾਰੀ ਰਹੀ, ਜਿਸ ਨੂੰ ਪ੍ਰਸਿੱਧ ਪੰਜਾਬੀ ਰੰਗਮੰਚ ਕਲਾਕਾਰ ਤੇ ਅਦਾਕਾਰ ਰਾਣਾ ਰਣਬੀਰ ਰਾਜਬੀਰ ਬੋਪਾਰਾਏ ਵੱਲੋਂ ਪੇਸ਼ ਕੀਤਾ ਗਿਆ। ਆਪਣੀ ਪ੍ਰਭਾਵਸ਼ਾਲੀ ਅਦਾਕਾਰੀ, ਦਮਦਾਰ ਕਥਾ-ਵਾਚਨ ਤੇ ਮੰਚ ਉੱਤੇ ਪ੍ਰਭਾਵਸ਼ਾਲੀ ਹਾਜ਼ਰੀ ਰਾਹੀਂ ਰਾਣਾ ਰਣਬੀਰ ਨੇ ਦਰਸ਼ਕਾਂ ਨਾਲ ਡੂੰਘਾ ਸੰਵਾਦ ਸਥਾਪਤ ਕੀਤਾ ਤੇ ਸਮਾਜ ਤੇ ਮਨੁੱਖੀ ਕਦਰਾਂ-ਕੀਮਤਾਂ ਨਾਲ ਸਬੰਧਤ ਵਿਚਾਰਉਤਪਾਦਕ ਦ੍ਰਿਸ਼ਟੀਕੋਣ ਪੇਸ਼ ਕੀਤੇ। ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਡਾ. ਤਜਿੰਦਰ ਕੌਰ ਵੱਲੋਂ ਰਾਣਾ ਰਣਬੀਰ ਤੇ ਉਸ ਦੀ ਟੀਮ ਰਾਜਬੀਰ ਬੋਪਾਰਾਏ, ਸੰਗੀਤਾ ਸ਼ਰਮਾ ਤੇ ਲਵਲੀਨ ਨੂੰ ਸਨਮਾਨਤ ਕੀਤਾ ਗਿਆ। ਇਸ ਸਫਲ ਸਮਾਗਮ ਨੇ ਦੇਸ਼ ਭਗਤ ਯੂਨੀਵਰਸਿਟੀ ਦੇ ਉਨ੍ਹਾਂ ਉਪਰਾਲਿਆਂ ਨੂੰ ਦਰਸਾਇਆ, ਜਿਨ੍ਹਾਂ ਰਾਹੀਂ ਯੂਨੀਵਰਸਿਟੀ ਆਪਣੇ ਵਿਦਿਆਰਥੀਆਂ ਤੇ ਵਿਸ਼ਾਲ ਯੂਨੀਵਰਸਿਟੀ ਭਾਈਚਾਰੇ ਨੂੰ ਅਕਾਦਮਿਕ ਗਤੀਵਿਧੀਆਂ ਤੋਂ ਪਰੇ ਅਜਿਹੇ ਮੌਕੇ ਪ੍ਰਦਾਨ ਕਰਦੀ ਹੈ, ਜੋ ਸੱਭਿਆਚਾਰਕ ਜਾਗਰੂਕਤਾ, ਸਿਰਜਣਾਤਮਕਤਾ, ਸਮਾਜਕ ਚਿੰਤਨ ਤੇ ਸਰਬਪੱਖੀ ਵਿਕਾਸ ਨੂੰ ਉਤਸ਼ਾਹਤ ਕਰਦੇ ਹਨ।

## ਅਰੋੜਾ ਨੇ ਡੋਰ ਟੂ ਡੋਰ ਮੁਹਿੰਮ ਦਾ ਕੀਤਾ ਆਗਾਜ਼



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਹਲਕੇ ਦੇ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਉਦੇਸ਼ ਨਾਲ ਪਿੰਡ ਮੰਗੇਵਾਲਾ ਵਿਖੇ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਮੋਗਾ ਹਲਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪਿੰਡ ਵਿੱਚ ਮੁਹਿੰਮ ਦੀ ਸ਼ੁਰੂਆਤ ਮੌਕੇ ਪਿੰਡ ਵਾਸੀਆਂ ਵੱਲੋਂ ਇਸ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਦੌਰਾਨ ਪਿੰਡ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ ਗਿਆ। ਪਿੰਡ ਦੇ ਸਰਬਪੱਖੀ ਵਿਕਾਸ, ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਸਬੰਧੀ ਪਿੰਡ ਵਾਸੀਆਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਵਿਧਾਇਕਾ ਅਰੋੜਾ ਨੇ ਕਿਹਾ ਕਿ ਪਿੰਡਾਂ ਦਾ ਵਿਕਾਸ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਵਿਕਾਸ ਕਾਰਜਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਅਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪੂਰਾ ਕਰਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਪਿੰਡ ਮੰਗੇਵਾਲਾ ਦੀ ਧਰਮਸ਼ਾਲਾ ਦਾ ਉਦਘਾਟਨ ਵੀ ਕੀਤਾ ਗਿਆ। ਧਰਮਸ਼ਾਲਾ ਦੇ ਉਦਘਾਟਨ ਮੌਕੇ ਸਰਪੰਚ ਚਰਨਜੀਤ ਕੌਰ, ਮੈਂਬਰ ਲਵਪ੍ਰੀਤ ਸਿੰਘ, ਅਮਰਜੀਤ ਸਿੰਘ, ਅਮਨਦੀਪ ਕੌਰ, ਮਨਜੀਤ ਕੌਰ, ਕਰਮਜੀਤ ਕੌਰ, ਬੀ.ਡੀ.ਪੀ.ਓ. ਸੁਖਦੀਪ ਸਿੰਘ, ਤਲਵਿੰਦਰ ਸਿੰਘ ਜੇ.ਈ., ਸਕੱਤਰ ਸੁਖਮੰਦਰ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਪ੍ਰੀਤ ਸਿੰਘ, ਸਮੂਹ ਗ੍ਰਾਮ ਪੰਚਾਇਤ ਪਿੰਡ ਮੰਗੇਵਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਫਤਿਹਪੁਰੀ ਦੇ ਦਿਹਾਂਤ 'ਤੇ ਪੱਤਰਕਾਰੀ ਤੇ ਸਮਾਜਿਕ ਹਲਕਿਆਂ 'ਚ ਸੋਗ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਪੰਜਾਬ ਦੀ ਨਿਡਰ, ਬੇਬਾਕ ਪੱਤਰਕਾਰੀ ਅਤੇ ਖੱਬੇ-ਪੱਖੀ ਲਹਿਰ ਦੇ ਉੱਘੇ ਚਿਹਰੇ, ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਸੰਪਾਦਕ ਅਤੇ ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੇ ਸੀਨੀਅਰ ਆਗੂ ਕਾਮਰੇਡ ਚੰਦ ਫਤਿਹਪੁਰੀ ਦੇ ਅਚਾਨਕ ਵਿਛੋੜੇ ਦੀ ਖ਼ਬਰ ਫੈਲਦਿਆਂ ਹੀ ਸਮੁੱਚੇ ਪੱਤਰਕਾਰੀ ਜਗਤ, ਰਾਜਨੀਤਕ ਗਲਿਆਰਿਆਂ ਅਤੇ ਸਮਾਜਿਕ ਹਲਕਿਆਂ ਵਿੱਚ ਡੂੰਘੇ ਸੋਗ ਦੀ ਲਹਿਰ ਦੌੜ ਗਈ। ਡਿਸਟ੍ਰਿਕਟ ਪ੍ਰੈੱਸ ਕਲੱਬ (ਪ੍ਰਿੰਟ ਮੀਡੀਆ) ਫ਼ਰੀਦਕੋਟ: ਅਮਿਤ ਕਵੀਆ (ਜ਼ਿਲ੍ਹਾ ਪ੍ਰਧਾਨ/ ਇੰਚਾਰਜ ਦੈਨਿਕ ਸਵੇਰਾ ਨਰਿੰਦਰ ਬੈੜ (ਵਾਇਸ ਚੇਅਰਮੈਨ/ ਗ ਬਾਣੀ, ਪਰਵਿੰਦਰ ਅਰੋੜਾ (ਸੀਨੀ. ਮੀਤ ਪ੍ਰਧਾਨ/ਇੰਚਾਰਜ ਦੈਨਿਕ ਭਾਸਕਰ, ਜਤਿੰਦਰ ਜੈਤੇ (ਵਾਇਸ ਪ੍ਰਧਾਨ/ ਇੰਚਾਰਜ ਦੈਨਿਕ ਜਾਗਰਣ, ਹਰਪ੍ਰੀਤ ਚਾਨਾ (ਵਾਇਸ ਪ੍ਰਧਾਨ/ਰੋਜ਼ਾਨਾ ਅਜੀਤ), ਐਲਿਗਜ਼ੈਂਡਰ ਡਿਸੂਜ਼ਾ (ਸਕੱਤਰ/ ਰਪੋਟਰ ਨਵਾਂ ਜ਼ਮਾਨਾ, ਜਸਵੰਤ ਸਿੰਘ ਪੁਰਬਾ (ਚੇਅਰਮੈਨ/ ਇੰਚਾਰਜ ਰੋਜ਼ਾਨਾ ਅਜੀਤ, ਜਗਦੀਸ਼ ਸਹਿਗਲ, ਰਾਮ ਕ੍ਰਿਸ਼ਨ ਕਟਾਰੀਆ, ਡਾ. ਰਣਜੀਤ ਸਿੰਘ, ਬਲਜਿੰਦਰ ਸਿੰਘ, ਮਨਪ੍ਰੀਤ ਸਿੰਘ ਸੰਧੂ, ਪ੍ਰਦੀਪ ਚਮਕ, ਜਸਬੀਰ ਜੱਸੀ, ਹਰਮਿੰਦਰ ਸਿੰਘ ਮਿੰਦਾ, ਪ੍ਰਦੀਪ ਗਰਗ, ਪ੍ਰਦੀਪ ਕੁਮਾਰ ਸਿੰਘ ਅਤੇ ਰਛਪਾਲ ਸਿੰਘ ਕੋਟਕਪੂਰਾ ਨੇ ਫਤਿਹਪੁਰੀ ਦੇ ਦਿਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਦੁੱਖ ਪ੍ਰਗਟ ਕਰਨ ਵਾਲਿਆਂ ਵਿਚ ਸਮਾਜ ਸੇਵੀ ਤੇ ਪੈਨਸ਼ਨਰ ਆਗੂ: ਅਸ਼ੋਕ ਕੌਸ਼ਲ, ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਗੁਰਚਰਨ ਸਿੰਘ ਮਾਨ, ਸੋਮ ਨਾਥ ਅਰੋੜਾ, ਅਤੇ ਇੰਦਰਜੀਤ ਸਿੰਘ ਗਿੱਲ। ਮਜ਼ਦੂਰ, ਕਿਸਾਨ ਤੇ ਮੁਲਾਜ਼ਮ ਆਗੂ: ਨਰੇਗਾ ਮਜ਼ਦੂਰ ਆਗੂ ਵੀਰ ਸਿੰਘ ਕੰਮੇਆਣਾ, ਗੋਰਾ ਪਿਪਲੀ; ਖੇਤ ਮਜ਼ਦੂਰ ਆਗੂ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਮੁਖਤਿਆਰ ਸਿੰਘ ਭਾਣਾ; ਕਿਸਾਨ ਆਗੂ ਸੁਲ੍ਹ ਸਿੰਘ ਤੂੰਬੜਭੰਨ; ਮੁਲਾਜ਼ਮ ਆਗੂ ਬਲਕਾਰ ਸਿੰਘ ਸਹੋਤਾ; ਅਤੇ ਨੌਜਵਾਨ ਆਗੂ ਚਰਨਜੀਤ ਸਿੰਘ ਚੰਮੇਲੀ ਵੀ ਸ਼ਾਮਿਲ ਹਨ। ਸਮੂਹ ਆਗੂਆਂ ਅਤੇ ਪੱਤਰਕਾਰ ਭਾਈਚਾਰੇ ਨੇ ਕਿਹਾ ਕਿ ਕਾਮਰੇਡ ਫਤਿਹਪੁਰੀ ਵੱਲੋਂ ਛੱਡੀ ਗਈ ਵਿਚਾਰਧਾਰਕ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੱਚ, ਇਨਸਾਫ਼ ਅਤੇ ਸਮਾਜਿਕ ਸਰੋਕਾਰਾਂ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੰਦੀ ਰਹੇਗੀ।

# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਕਾਰਡਾਂ ਦੀ ਕੀਤੀ ਵੰਡ

### ■ ਮਿਮਿਟ ਪਾਰਕ ਦੇ ਸੁੰਦਰੀਕਰਨ ਦਾ ਰੱਖਿਆ ਨੀਂਹ ਪੱਥਰ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਹਲਕਾ ਮਲੋਟ ਤੋਂ ਵਿਧਾਇਕ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਆਮ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਕਾਰਡ ਵੰਡੇ ਗਏ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਦਾ ਮੁੱਖ ਮਕਸਦ ਖੇਤਰ ਦੇ ਹਰ ਜ਼ਰੂਰਤਮੰਦ ਪਰਿਵਾਰ ਤੱਕ ਮਿਆਰੀ ਤੇ ਵਧੀਆ ਸਿਹਤ ਸਹੂਲਤਾਂ ਪਹੁੰਚਾਉਣਾ ਹੈ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ।

ਉਨ੍ਹਾਂ ਦੱਸਿਆ ਕਿ ਇਹ ਸਿਹਤ ਬੀਮਾ ਯੋਜਨਾ ਕਾਰਡ ਗਰੀਬ ਤੇ ਲੋੜਵੰਦ ਪਰਿਵਾਰਾਂ ਲਈ ਵੱਡਾ ਸਹਾਰਾ ਬਣਨਗੇ, ਜਿਸ ਨਾਲ ਹੁਣ ਕੋਈ ਵੀ ਵਿਅਕਤੀ ਇਲਾਜ ਦੇ ਖਰਚੇ ਕਰਕੇ ਚੰਗੀਆਂ ਸਿਹਤ ਸੇਵਾਵਾਂ ਤੋਂ ਵਾਂਝਾ ਨਹੀਂ ਰਹੇਗਾ। ਕਾਰਡ ਧਾਰਕ ਸਰਕਾਰੀ ਦੇ ਨਾਲ-ਨਾਲ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਵਾ ਸਕਣਗੇ। ਇਸੇ ਤਰ੍ਹਾਂ ਹੀ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਮਲੋਟ ਵਿਖੇ ਮਿਮਿਟ ਪਾਰਕ ਦੇ ਸੁੰਦਰੀਕਰਨ ਲਈ 17 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕੰਮ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਇਸ ਪਾਰਕ ਵਿੱਚ ਮਲੋਟ ਸ਼ਹਿਰ ਦੇ ਬਜ਼ੁਰਗ, ਬੱਚੇ, ਔਰਤਾਂ ਤੇ ਹੋਰ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਆਉਂਦੇ ਹਨ ਤੇ ਉਨ੍ਹਾਂ ਦੀ ਮੰਗ ਅਨੁਸਾਰ ਇਸ ਪਾਰਕ ਦੇ ਸੁੰਦਰੀਕਰਨ ਵਿੱਚ ਹੋਰ ਵਾਧਾ ਕੀਤਾ ਜਾਵੇਗਾ। ਇਸ ਮੌਕੇ ਐੱਸ.ਐੱਮ.ਓ. ਰਜਿੰਦਰ ਕੁਮਾਰ, ਕਾਰਜ ਸਾਧਕ ਅਫ਼ਸਰ ਮੰਗਤ ਰਾਮ, ਹਲਕਾ ਸੰਗਠਨ ਇੰਚਾਰਜ ਵਿਕਰਾਂਤ ਖੁਰਾਣਾ, ਬਲਾਕ ਪ੍ਰਧਨ ਜਸਮੀਤ ਬਰਾੜ, ਬਲਾਕ ਪ੍ਰਧਾਨ ਸੋਮ ਕਾਲੜਾ, ਆੜ੍ਹਤੀਆ ਯੂਨੀਅਨ ਵਾਈਸ ਪ੍ਰਧਾਨ ਹਰਪ੍ਰੀਤ ਸਿੰਘ ਤੋਂ ਇਲਾਵਾ ਸ਼ਹਿਰ ਵਾਸੀ ਹਾਜ਼ਰ ਸਨ।

## ਨਗਰ ਕੌਂਸਲ ਵੱਲੋਂ ਸਫ਼ਾਈ ਸੇਵਕਾਂ ਨੂੰ ਪੱਕਾ ਕਰਨ ਬਾਰੇ ਮਤਾ ਪਾਸ

**ਮਲੋਟ (ਰਜਿੰਦਰ ਜੁਨੇਜਾ)**

ਨਗਰ ਕੌਂਸਲ ਮਲੋਟ ਵੱਲੋਂ ਠੇਕੇ 'ਤੇ ਕੰਮ ਕਰ ਰਹੇ ਸਫ਼ਾਈ ਸੇਵਕਾਂ ਨੂੰ ਪੱਕਾ ਕਰਨ ਸਬੰਧੀ ਮਤਾ ਪਾਸ ਕਰਕੇ ਇੱਕ ਵੱਡਾ ਤੇ ਇਤਿਹਾਸਕ ਕਦਮ ਚੁੱਕਿਆ ਗਿਆ ਹੈ। ਇਹ ਅਹਿਮ ਫ਼ੈਸਲਾ ਨਗਰ ਕੌਂਸਲ ਪ੍ਰਧਾਨ ਸ਼ਿਵਚਰਨ ਗਰਗ ਦੀ ਅਗਵਾਈ ਹੇਠ ਲਿਆ ਗਿਆ। ਜ਼ਿਕਰਯੋਗ ਹੈ ਕਿ ਸਾਲ 2011 ਵਿੱਚ ਨਗਰ ਕੌਂਸਲ ਮਲੋਟ ਵੱਲੋਂ 61 ਸਫ਼ਾਈ ਸੇਵਕਾਂ ਨੂੰ ਪੱਕਾ ਕੀਤਾ ਗਿਆ ਸੀ। ਹੁਣ ਤਕਰੀਬਨ ਡੇਢ ਦਹਾਕੇ ਬਾਅਦ ਪੰਜਾਬ ਸਰਕਾਰ ਵੱਲੋਂ 39 ਸਫ਼ਾਈ ਸੇਵਕਾਂ ਨੂੰ ਪੱਕਾ ਕਰਨ ਅਤੇ ਆਊਟਸੋਰਸ 'ਤੇ ਕੰਮ ਕਰ ਰਹੇ ਸੀਵਰਮੈਨਾਂ ਨੂੰ ਕੰਟਰੈਕਟ ਬੇਸ 'ਤੇ ਲਿਆਉਣ ਦੀ ਪ੍ਰਕਿਰਿਆ ਚਲਾਈ ਜਾ ਰਹੀ ਹੈ। ਇਸੇ ਕੜੀ ਤਹਿਤ ਨਗਰ ਕੌਂਸਲ ਮਲੋਟ ਵੱਲੋਂ ਵੀ ਸਫ਼ਾਈ ਸੇਵਕਾਂ ਦੇ ਹਿੱਤ ਵਿੱਚ ਇਹ ਮਤਾ ਪਾਸ ਕੀਤਾ ਗਿਆ ਹੈ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਐੱਸ ਸੀ ਪਰਵਾਰਾਂ ਨਾਲ ਮੁਲਾਕਾਤ



**ਕੋਟ ਈਸੇ ਖਾਂ (ਅਰੋੜਾ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਤੇ ਸਮਾਜ ਦੇ ਹਰ ਵਰਗ ਨਾਲ ਸਿੱਧਾ ਰਾਬਤਾ ਕਾਇਮ ਕਰਨ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਪਿੰਡ ਲੋਹਾਰਾ ਵਿਖੇ ਐੱਸ.ਸੀ. ਪਰਵਾਰਾਂ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਗਈ। ਇਹ ਰਾਬਤਾ ਮੁਹਿੰਮ ਬਰਜਿੰਦਰ ਸਿੰਘ ਮੱਖਣ ਬਰਾੜ ਵੱਲੋਂ ਆਰੰਭੀ 'ਸ਼੍ਰੋਮਣੀ ਅਕਾਲੀ ਦਲ-ਐੱਸ ਸੀ ਪਰਵਾਰਾਂ ਦੇ ਦੁਆਰ' ਮੁਹਿੰਮ ਤਹਿਤ ਕੀਤੀ ਗਈ। ਇਸ ਮੌਕੇ ਸ੍ਰ. ਰਣਧੀਰ ਸਿੰਘ ਥਰਾਜ, ਜ਼ਿਲ੍ਹਾ ਪ੍ਰਧਾਨ ਐੱਸ.ਸੀ. ਵਿੰਗ ਤੇ ਸ੍ਰ. ਸੁਰਜੀਤ ਸਿੰਘ ਲੋਹਾਰਾ, ਹਲਕਾ ਪ੍ਰਧਾਨ ਐੱਸ.ਸੀ. ਵਿੰਗ ਨੇ ਪਿੰਡ ਦੇ ਐੱਸ.ਸੀ. ਪਰਵਾਰਾਂ ਨਾਲ ਘਰ-ਘਰ ਜਾ ਕੇ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਮੁਸ਼ਕਲਾਂ, ਮੰਗਾਂ ਤੇ ਦਰਪੇਸ਼ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ। ਇਸ ਦੌਰਾਨ ਪਰਵਾਰਾਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੇ ਮਸਲਿਆਂ ਨੂੰ ਜਾਣਨ ਤੇ ਉਨ੍ਹਾਂ ਦੀ ਆਵਾਜ਼ ਨੂੰ ਪਾਰਟੀ ਪੱਧਰ 'ਤੇ ਉਠਾਉਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਪਰਵਾਰਾਂ ਵੱਲੋਂ ਵੀ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲੇ ਆਗੂਆਂ ਦੇ ਧਿਆਨ ਵਿੱਚ ਲਿਆਂਦੇ ਗਏ। ਆਗੂਆਂ ਨੇ ਭਰੋਸਾ ਦਿੱਤਾ ਕਿ ਲੋਕਾਂ ਵੱਲੋਂ ਸਾਹਮਣੇ ਲਿਆਂਦੇ ਗਏ ਮਸਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਤੇ ਉਨ੍ਹਾਂ ਦੇ ਹੱਲ ਲਈ ਹਰ ਪੱਧਰ 'ਤੇ ਯਤਨ ਕੀਤੇ ਜਾਣਗੇ।

## ਰਾਜ ਪੱਧਰੀ ਮੁਕਾਬਲੇ 3 ਨੂੰ

**ਜਗਰਾਉਂ (ਅਮਿਤ ਖੰਨਾ)**-ਅਨੁਵ੍ਰਤ ਵਿਸ਼ਵ ਭਾਰਤੀ ਸੋਸਾਇਟੀ (ਏ ਐਨ ਯੂ ਵੀ ਬੀ ਐਚ) ਦੀ ਸਰਪ੍ਰਸਤੀ ਹੇਠ ਅਤੇ ਅਨੁਵ੍ਰਤ ਰਚਨਾਤਮਕਤਾ ਸੰਪਰਕ ਪੰਜਾਬ ਸਟੇਟ ਕੋਆਰਡੀਨੇਟਰ ਸ਼੍ਰੀਮਤੀ ਰੋਜ਼ੀ ਗੋਇਲ ਅਤੇ ਸ਼੍ਰੀ ਰਾਜੇਂਦਰ ਕੁਮਾਰ ਗੋਇਲ ਦੀ ਅਗਵਾਈ ਹੇਠ ਰਾਜ ਪੱਧਰੀ ਮੁਕਾਬਲਾ 3 ਅਕਤੂਬਰ 2026 ਨੂੰ ਸਵੇਰੇ 9:30 ਵਜੇ ਅਨੁਵ੍ਰਤ ਕਮੇਟੀ ਜਗਰਾਉਂ ਦੇ ਪ੍ਰਧਾਨ ਸ਼੍ਰੀ ਰਾਜਪਾਲ ਜੈਨ ਦੀ ਨਿਗਰਾਨੀ ਹੇਠ ਮਹਾਂਪ੍ਰਗਿਆ ਸਕੂਲ ਜਗਰਾਉਂ ਵਿਖੇ ਕਰਵਾਇਆ ਜਾ ਰਿਹਾ ਹੈ। ਮੁਕਾਬਲੇ ਵਿੱਚ, ਨੌਂ ਜ਼ਿਲ੍ਹਿਆਂ ਦੇ 27 ਸਕੂਲਾਂ ਦੇ 95 ਵਿਦਿਆਰਥੀ ਪੇਂਟਿੰਗ, ਲੇਖ ਲਿਖਣ, ਕਵਿਤਾ, ਭਾਸ਼ਣ ਲਿਖਣ, ਸੋਲੋ ਗਾਇਨ ਤੇ ਸਮੂਹ ਗਾਇਨ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਰਾਸ਼ਟਰੀ ਮੁਕਾਬਲੇ ਵਿੱਚ ਹਿੱਸਾ ਲੈਣਗੇ। ਇਸ ਮੁਕਾਬਲੇ ਵਿੱਚ ਮਹਾਪ੍ਰਗਿਆ ਸਕੂਲ ਜਗਰਾਉਂ ਦੇ ਡਾਇਰੈਕਟਰ ਸ੍ਰੀ ਵਿਸ਼ਾਲ ਜੈਨ ਮੁੱਖ ਯੋਗਦਾਨ ਪਾਉਣਗੇ। ਸ੍ਰੀ ਨਰੇਸ਼ ਵਰਮਾ (ਪੰਜਾਬ ਕੀ ਆਵਾਜ਼) ਤੇ ਸ੍ਰੀ ਸੁਨੀਲ ਮੱਕੜ ਇਸ ਮੁਕਾਬਲੇ ਵਿੱਚ ਮੁੱਖ ਭੂਮਿਕਾਵਾਂ ਨਿਭਾਉਣਗੇ। ਇਸ ਰਾਜ ਪੱਧਰੀ ਮੁਕਾਬਲੇ ਦੇ ਉਦਘਾਟਨ ਸਮੇਂ ਮੁੱਖ ਮਹਿਮਾਨ ਸਤਿਕਾਰਯੋਗ ਡਾ. ਅੰਕੁਰ ਗੁਪਤਾ ਸੀਨੀਅਰ ਸੁਪਰਡੈਂਟ ਆਫ਼ ਪੁਲਸ ਜਗਰਾਉਂ (ਦਿਹਾਤੀ) ਹੋਣਗੇ।

## ਸਰਕਾਰੀ ਪ੍ਰਾਇਮਰੀ ਸਕੂਲ ਨੰ. 4 ਦੀ ਬਦਲੇਗੀ ਨੁਹਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇੰਦਰਾ ਕਾਲੋਨੀ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਨੰਬਰ 4 ਦੇ ਵਿਹੜੇ ਨੂੰ ਪੱਕਾ ਕਰਨ ਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਉਦੇਸ਼ ਨਾਲ ਇੰਟਰਲਾਕ ਟਾਈਲਾਂ ਲਗਾਉਣ ਦਾ ਕੰਮ ਸ਼ੁਰੂ ਹੋ ਗਿਆ ਹੈ। ਇਸ ਪ੍ਰੋਜੈਕਟ ਦਾ ਰਸਮੀ ਉਦਘਾਟਨ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਕੀਤਾ ਗਿਆ। ਉਦਘਾਟਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਸਕੂਲ ਪ੍ਰਬੰਧਕਾਂ ਦੀ ਮੰਗ 'ਤੇ 7 ਲੱਖ 83 ਹਜ਼ਾਰ ਰੁਪਏ ਦਾ ਬਜਟ ਪਾਸ ਕੀਤਾ ਗਿਆ ਸੀ। ਇਹ ਕੰਮ 1 ਮਹੀਨੇ ਦੇ ਅੰਦਰ-ਅੰਦਰ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਸ਼ਹਿਰ ਦੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਸ ਮੌਕੇ ਚੇਅਰਮੈਨ ਧਰਮਵੀਰ ਸਿੰਘ ਧੰਮੀ, ਲੱਕੀ ਰਾਣਾ ਜੋਧਵਾਲ, ਬਲਵਿੰਦਰ ਸਿੰਘ, ਸੁਖਵੀਰ ਸਿੰਘ, ਮਹਿੰਦਰਪਾਲ ਤੇ ਨਿਰੰਜਨ ਸਿੰਘ ਨੂਰ ਸਮੇਤ ਹੋਰ ਸਥਾਨਕ ਆਗੂ ਹਾਜ਼ਰ ਸਨ।

# ਬਾਰ ਤੇ ਬੈਂਚ ਦਾ ਤਾਲਮੇਲ ਹੀ ਨਿਆਂ ਦੀ ਨੀਂਹ : ਮਨਦੀਪ ਸਿੰਘ

### ਬਾਰ ਐਸੋਸੀਏਸ਼ਨ ਦੀ ਨਵੀਂ ਟੀਮ ਨੇ ਜੱਜ ਸਾਹਿਬਾਨ ਨਾਲ ਚਾਹ ਦਾ ਕੱਪ ਕੀਤਾ ਸਾਂਝਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਬਾਰ ਐਸੋਸੀਏਸ਼ਨ ਸਮਾਣਾ ਦੀ ਪ੍ਰਧਾਨਗੀ ਦੀ ਚੋਣ ਭਾਵੇਂ ਪਹਿਲਾਂ ਹੀ ਸੰਪੰਨ ਹੋ ਚੁੱਕੀ ਹੈ, ਪਰ ਅੱਜ ਨਵੀਂ ਚੁਣੀ ਗਈ ਟੀਮ ਦੇ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਨਵੀਂ ਕਾਰਜਕਾਰਨੀ ਨੇ ਜੱਜ ਸਾਹਿਬਾਨ ਨਾਲ ਚਾਹ ਦਾ ਕੱਪ ਸਾਂਝਾ ਕੀਤਾ। ਇਸ ਮੌਕੇ ਹੋਰ ਵਕੀਲ ਸਾਹਿਬਾਨ ਵੀ ਹਾਜ਼ਰ ਰਹੇ, ਜਿੱਥੇ ਬਾਰ ਤੇ ਬੈਂਚ ਨੇ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕੀਤਾ।

ਇਸ ਮੌਕੇ ਐਡੀਸ਼ਨਲ ਸਿਵਲ ਜੱਜ ਸੀਨੀਅਰ ਡਵੀਜ਼ਨ ਸਮਾਣਾ ਸ੍ਰੀ ਮਨਦੀਪ ਸਿੰਘ ਨੇ ਸਮੁੱਚੇ ਜੱਜ ਸਾਹਿਬਾਨ ਵੱਲੋਂ ਬਾਰ ਐਸੋਸੀਏਸ਼ਨ ਦੀ ਨਵੀਂ ਟੀਮ ਨੂੰ ਦਿਲੋਂ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਬਾਰ ਤੇ ਬੈਂਚ ਇੱਕੋ ਗੱਡੀ ਦੇ ਦੋ ਪਹੀਏ ਹਨ ਅਤੇ ਦੋਹਾਂ ਦਾ ਆਪਸੀ ਤਾਲਮੇਲ ਬਣਾ ਕੇ ਰੱਖਣਾ ਬਹੁਤ ਜ਼ਰੂਰੀ ਹੈ, ਤਾਂ ਜੋ ਆਮ ਲੋਕਾਂ ਨੂੰ ਨਿਰਪੱਖ ਤੇ ਜਲਦੀ ਨਿਆਂ ਦਿੱਤਾ ਜਾ ਸਕੇ। ਉਨ੍ਹਾਂ ਨਵੀਂ ਟੀਮ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ ਨੇ ਸਾਰੇ ਜੱਜ ਸਾਹਿਬਾਨ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਟੀਮ ਵੱਲੋਂ ਅਦਾਲਤ ਦੇ ਡੈਕੋਰਮ ਨੂੰ ਪੂਰੀ ਤਰ੍ਹਾਂ ਬਹਾਲ ਰੱਖਿਆ ਜਾਵੇਗਾ ਤੇ ਸਮਾਣਾ ਅਦਾਲਤ ਵਿੱਚ ਤਾਇਨਾਤ ਸਾਰੇ ਜੁਡੀਸ਼ੀਅਲ ਅਫਸਰ ਸਾਹਿਬਾਨ ਨੂੰ ਬਾਰ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।

ਇਸ ਸਨਮਾਨ ਸਮਾਰੋਹ ਵਿੱਚ ਬਾਰ ਦੀ ਨਵੀਂ ਕਾਰਜਕਾਰਨੀ ਦੇ ਸਾਰੇ ਅਹੁਦੇਦਾਰ, ਜਿਨ੍ਹਾਂ ਵਿੱਚ ਪ੍ਰਧਾਨ ਐਡਵੋਕੇਟ ਕਰਮਜੀਤ ਸਿੰਘ ਰੰਧਾਵਾ, ਮੀਤ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਮੰਢਾਹੀ, ਮਹਿਲਾ ਮੀਤ ਪ੍ਰਧਾਨ ਐਡਵੋਕੇਟ ਨਿਰਲੇਪ ਕੌਰ, ਸਕੱਤਰ ਐਡਵੋਕੇਟ ਹਰਮਨਦੀਪ ਸਿੰਘ ਸਿੱਧੂ, ਜੁਆਇੰਟ ਸਕੱਤਰ ਐਡਵੋਕੇਟ ਅਨਰੂਪ ਗਰਗ, ਲਾਇਬ੍ਰੇਰੀਅਨ ਐਡਵੋਕੇਟ ਗੁਰਜੀਤ ਕੌਰ ਬੱਲ, ਕੈਸ਼ੀਅਰ ਐਡਵੋਕੇਟ ਦਵਿੰਦਰ ਹਸੀਜਾ ਤੇ ਐਗਜ਼ੀਕਿਊਟਿਵ ਮੈਂਬਰ ਐਡਵੋਕੇਟ ਸ਼ਬਦ ਕੌਰ, ਐਡਵੋਕੇਟ ਸਿਧਾਰਥ ਗੋਇਲ, ਐਡਵੋਕੇਟ ਰਜਨੀ ਬਾਲਾ, ਐਡਵੋਕੇਟ ਰਣਦੀਪ ਸਿੰਘ ਥਿੰਦ, ਐਡਵੋਕੇਟ ਸਿਮਰਨਜੀਤ ਸਿੰਘ ਤੋਂ ਇਲਾਵਾ ਬਾਰ ਐਸੋਸੀਏਸ਼ਨ ਸਮਾਣਾ ਦੇ ਮੈਂਬਰ ਹਾਜ਼ਰ ਸਨ।

## ਫੂਡ ਸੇਫਟੀ ਵਿੰਗ ਵੱਲੋਂ ਛਾਪੇਮਾਰੀ, ਖਾਧ ਪਦਾਰਥਾਂ ਦੇ ਲਏ ਸੈਂਪਲ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੰਨ ਸੁਰੱਖਿਆ ਤੇ ਸਫ਼ਾਈ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਲਈ ਫੂਡ ਸੇਫਟੀ ਵਿੰਗ, ਫ਼ਿਰੋਜ਼ਪੁਰ ਵੱਲੋਂ ਸਬਜ਼ੀ ਮੰਡੀ ਤੇ ਸ਼ਿਵਾਲਿਆ ਮੰਦਰ ਨੇੜੇ ਚੈਕਿੰਗ ਤੇ ਇੰਸਪੈਕਸ਼ਨ ਅਭਿਆਨ ਚਲਾਇਆ ਗਿਆ। ਇਸ ਮੁਹਿੰਮ ਦੌਰਾਨ ਟੀਮ ਵੱਲੋਂ ਵੱਖ-ਵੱਖ ਖਾਧ ਪਦਾਰਥਾਂ ਦੇ ਕੁੱਲ 4 ਸੈਂਪਲ ਜਾਂਚ ਲਈ ਭਰੇ ਗਏ, ਜਿਨ੍ਹਾਂ ਵਿੱਚ ਪਪੀਤਾ, ਕੇਲੇ, ਚਾਪ ਤੇ ਫਰੋਜ਼ਨ ਛੋਲਿਆਂ ਦੇ ਸੈਂਪਲ ਸ਼ਾਮਲ ਹਨ। ਚੈਕਿੰਗ ਅਭਿਆਨ ਦੌਰਾਨ ਵਿਭਾਗੀ ਟੀਮ ਨੂੰ ਕਰੀਬ 30 ਕਿਲੋਗ੍ਰਾਮ ਘਟੀਆ, ਗਲੇ-ਸੜੇ ਤੇ ਮਨੁੱਖੀ ਖਪਤ ਲਈ ਅਣਉਚਿਤ ਪਪੀਤੇ ਵੀ ਮੌਕੇ 'ਤੇ ਪਾਏ ਗਏ। ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਉਕਤ ਖਰਾਬ ਫਲਾਂ ਨੂੰ ਵਿਕਰੀ ਤੋਂ ਅਲੱਗ ਕਰਵਾਇਆ ਤੇ ਫੂਡ ਸੇਫਟੀ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਮੌਕੇ 'ਤੇ ਹੀ ਨਸ਼ਟ ਕਰਨ ਦੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ। ਅਧਿਕਾਰੀਆਂ ਨੇ ਦੱਸਿਆ ਕਿ ਭਰੇ ਗਏ ਸਾਰੇ ਸੈਂਪਲ ਵਿਗਿਆਨਕ ਜਾਂਚ ਲਈ ਲੈਬਾਰਟਰੀ ਭੇਜੇ ਜਾ ਰਹੇ ਹਨ। ਫੂਡ ਐਨਾਲਿਸਟ ਦੀ ਰਿਪੋਰਟ ਪ੍ਰਾਪਤ ਹੋਣ ਉਪਰੰਤ, ਰਿਪੋਰਟ ਦੇ ਨਤੀਜਿਆਂ ਦੇ ਆਧਾਰ 'ਤੇ 'ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006' ਤੇ ਲਾਗੂ ਨਿਯਮਾਂ ਅਧੀਨ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਫੂਡ ਸੇਫਟੀ ਵਿਭਾਗ ਨੇ ਫਲਾਂ ਤੇ ਸਬਜ਼ੀਆਂ ਦੇ ਸਮੂਹ ਵਪਾਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਮ ਜਨਤਾ ਦੀ ਸਿਹਤ ਨਾਲ ਖਿਲਵਾੜ ਨਾ ਕਰਨ ਤੇ ਸਿਰਫ਼ ਤਾਜ਼ਾ, ਸਾਫ਼-ਸੁਥਰਾ ਤੇ ਮਨੁੱਖੀ ਖਪਤ ਲਈ ਯੋਗ ਖਾਧ ਪਦਾਰਥ ਹੀ ਵੇਚਣ। ਖਰਾਬ ਜਾਂ ਗਲੇ-ਸੜੇ ਫਲ-ਸਬਜ਼ੀਆਂ ਵੇਚਣ ਵਾਲਿਆਂ ਵਿਰੁੱਧ ਆਉਣ ਵਾਲੇ ਦਿਨਾਂ ਵਿੱਚ ਵੀ ਸਖ਼ਤ ਕਾਰਵਾਈ ਜਾਰੀ ਰਹੇਗੀ।

## ਕੈਂਬ੍ਰਿਜ ਕਾਨਵੈਂਟ ਸਕੂਲ 'ਚ ਪੰਜਾਬੀ ਦਿਵਸ ਮਨਾਇਆ




**ਕੋਟ ਈਸੇ ਖਾਂ (ਅਰੋੜਾ)**-ਕੈਂਬ੍ਰਿਜ ਕਾਨਵੈਂਟ ਸਕੂਲ ਵਿਖੇ ਪੰਜਾਬੀ ਦਿਵਸ ਬੜੇ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ। ਇਸ ਮੌਕੇ ਸਕੂਲ ਦੀ ਸਵੇਰ ਦੀ ਪ੍ਰਾਰਥਨਾ ਸਭਾ ਦੌਰਾਨ ਵਿਦਿਆਰਥੀਆਂ ਵੱਲੋਂ ਪੰਜਾਬੀ ਭਾਸ਼ਾ ਦੀ ਮਹਾਨਤਾ ਨੂੰ ਦਰਸਾਉਂਦੀਆਂ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਗਈ। ਉਨ੍ਹਾਂ ਬੱਚਿਆਂ ਨੂੰ ਪੰਜਾਬੀ ਭਾਸ਼ਾ ਨਾਲ ਪਿਆਰ ਕਰਨ, ਆਪਣੀ ਮਾਂ-ਬੋਲੀ ਦਾ ਸਤਿਕਾਰ ਕਰਨ ਤੇ ਇਸ ਨੂੰ ਰੋਜ਼ਾਨਾ ਜੀਵਨ ਵਿੱਚ ਵੱਧ ਤੋਂ ਵੱਧ ਵਰਤਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀ ਸਿਰਫ਼ ਸਾਡੀ ਭਾਸ਼ਾ ਹੀ ਨਹੀਂ, ਸਗੋਂ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਤੇ ਪਹਿਚਾਣ ਦਾ ਅਹਿਮ ਹਿੱਸਾ ਹੈ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ ਨੇ ਸਭ ਦਾ ਮਨ ਮੋਹ ਲਿਆ। ਇਸ ਪੂਰੇ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ ਪ੍ਰਤੀ ਪਿਆਰ, ਸਤਿਕਾਰ ਤੇ ਮਾਣ ਦੀ ਭਾਵਨਾ ਪੈਦਾ ਕਰਨਾ ਸੀ।

# ਛੱਪੜਾਂ 'ਤੇ ਨਜਾਇਜ਼ ਕਬਜ਼ੇ ਨੂੰ ਲੈ ਕੇ ਐੱਸ ਡੀ ਐੱਮ ਦਫਤਰ ਅੱਗੇ ਧਰਨਾ ਅੱਜ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਰਮਦਾਸ ਬਲਾਕ ਦੇ ਪਿੰਡ ਨਾਸਰ ਦੇ ਛੱਪੜ ਦੇ ਕੁਝ ਹਿੱਸੇ 'ਤੇ ਨਜਾਇਜ਼ ਕਬਜ਼ਾ ਹੋਣ ਨਾਲ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਥੋੜੀ ਬਾਰਿਸ਼ ਹੋਣ ਨਾਲ ਹੀ ਛੱਪੜ ਦਾ ਪਾਣੀ ਗਲੀਆਂ ਤੇ ਘਰਾਂ ਵਿੱਚ ਆ ਵੜਦਾ ਹੈ।ਇਸੇ ਤਰ੍ਹਾਂ ਦੀ ਸਮੱਸਿਆ ਪਿੰਡ ਚੱਕ ਡੋਗਰਾਂ ਜਿੱਥੇ ਫੋਕਲ ਪੁਆਇੰਟ ਵੀ ਹੈ ਵਿਖੇ ਰਹੀ ਹੈ।ਇਹਨਾਂ ਪਿੰਡਾਂ ਵਿੱਚ ਗਰੀਬਾਂ ਨੂੰ ਪੰਜਾਬ ਸਰਕਾਰ ਦੇ ਹੁਕਮ ਅਨੁਸਾਰ ਪੰਜ ਪੰਜ ਮਰਲੇ ਦੇ ਪਲਾਟ ਮਿਲਣੇ ਚਾਹੀਦੇ ਹਨ, ਜੋ ਨਹੀਂ ਮਿਲੇ ਅਤੇ ਨਾ ਹੀ ਪਿੰਡਾਂ ਵਿੱਚ ਜੋ ਮੁਰੱਬੇਬੰਦੀ ਵੇਲੇ ਗਰੀਬਾਂ ਨੂੰ ਰੂੜੀ ਕੂੜਾ ਕਰਕੱਟ ਸੁੱਟਣ ਲਈ ਟੋਏ ਦਿੱਤੇ ਗਏ ਸਨ, ਉਹ ਵੀ ਵਾਰ ਵਾਰ ਮੰਗਣ 'ਤੇ ਨਹੀਂ ਦਿੱਤੇ ਗਏ।ਇਨ੍ਹਾਂ ਮਸਲਿਆਂ ਨੂੰ ਲੈ ਕੇ ਅਜਨਾਲਾ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਨੂੰ ਸੰਬੋਧਨ ਕਰਦਿਆਂ ਨਵ-ਨਿਯੁਕਤ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਅਤੇ ਸੀਨੀਅਰ ਕਿਸਾਨ ਆਗੂ ਸਾਬਕਾ ਥਾਣੇਦਾਰ ਲਖਬੀਰ ਸਿੰਘ ਤੇੜਾ ਰਾਜਪੂਤਾਂ ਨੇ ਦੱਸਿਆ ਕਿ ਮੁਰੱਬੇਬੰਦੀ ਵੇਲੇ ਪਿੰਡਾਂ ਲਈ ਛੱਪੜਾਂ, ਗਰੀਬਾਂ ਲਈ ਰੂੜੀ ਦੇ ਟੋਇਆਂ ਅਤੇ ਪੰਚਾਇਤ ਲਈ ਲੋੜ ਅਨੁਸਾਰ ਜ਼ਮੀਨ ਛੱਡੀ ਗਈ ਸੀ ਉਹ ਲੋੜਵੰਦ ਗਰੀਬਾਂ ਨੂੰ ਘਰ ਬਣਾਉਣ ਲਈ ਪੰਜ ਪੰਜ ਮਰਲੇ ਦੇ ਪਲਾਟ ਦੇਣਗੇ, ਪ੍ਰੰਤੂ ਅਜਿਹਾ ਨਹੀਂ ਹੋਇਆ। ਆਗੂਆਂ ਨੇ ਇਹਨਾਂ ਮਸਲਿਆਂ ਦੇ ਹੱਲ ਲਈ ਉਹ ਸਬੰਧਤ ਉੱਚ ਅਧਿਕਾਰੀਆਂ ਨੂੰ ਕਈ ਵਾਰ ਮਿਲ ਚੁੱਕੇ ਹਨ, ਪਰ ਇਹਨਾਂ ਅਧਿਕਾਰੀਆਂ ਨੇ ਵੀ ਲਾਰਾ ਲੱਪਾ ਲਾਉਣ ਤੋਂ ਬਗੈਰ ਹੋਰ ਕੁਝ ਨਹੀਂ ਕੀਤਾ।ਉਹਨਾਂ ਕਿਹਾ ਕਿ ਸਰਕਾਰ ਦਾ ਦਰਵਾਜ਼ਾ ਖੜਕਾਉਣ ਅਤੇ ਉਕਤ ਔਂਕੜਾਂ ਦੇ ਹੱਲ ਲਈ ਸਭ ਡਿਵੀਜ਼ਨ ਮਜਿਸਟਰੇਟ ਅਜਨਾਲਾ ਦੇ ਦਫਤਰ ਸਾਹਮਣੇ 25 ਸਤੰਬਰ ਸ਼ੁੱਕਰਵਾਰ ਨੂੰ ਵਿਸ਼ਾਲ ਰੋਸ ਧਰਨਾ ਦਿੱਤਾ ਜਾ ਰਿਹਾ ਹੈ।ਇਸ ਮੌਕੇ ਬਲਤੇਜ ਸਿੰਘ ਦਿਆਲਪੁਰਾ, ਪ੍ਰਗਟ ਮਸੀਹ, ਜਾਉਂਨ ਮਸੀਹ ਅਤੇ ਵਿਜੇ ਮਸੀਹ ਤਿੰਨੇ ਪਿੰਡ ਨਾਸਰ ਤੋਂ ਰਣਜੀਤ ਸਿੰਘ ਤੇ ਸਾਜਨਦੀਪ ਸਿੰਘ ਬੋਹਲੀਆਂ, ਹਰਨੇਕ ਸਿੰਘ ਨੇਪਾਲ, ਕੁਲਦੀਪ ਸਿੰਘ ਅਜਨਾਲਾ ਨੇ ਵੀ ਸੰਬੋਧਨ ਕੀਤਾ।

# ਮੰਗਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰਹੇਗਾ : ਆਸਲ, ਜੰਡ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਪੈਨਸ਼ਨਰਜ਼ ਐਂਡ ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਤਸੀਲ ਪੱਟੀ ਦੀ ਹਫਤਾਵਾਰੀ ਮੀਟਿੰਗ ਤਹਿਸੀਲ ਪ੍ਰਧਾਨ ਹਰਜਿੰਦਰ ਸਿੰਘ ਜੰਡ ਦੀ ਪ੍ਰਧਾਨਗੀ ਹੇਠ ਹੋਈ। ਜਗਤਾਰ ਸਿੰਘ ਆਸਲ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਸਰਕਾਰ ਪੈਨਸ਼ਨਰਾ ਅਤੇ ਮੁਲਾਜ਼ਮਾਂ ਦੀਆਂ ਸਾਰੀਆਂ ਮੰਗਾਂ ਪ੍ਰਵਾਨ ਨਹੀਂ ਕਰਦੀ ਉਸ ਸਮੇਂ ਤੱਕ ਸੰਘਰਸ਼ ਜਾਰੀ ਰਹੇਗਾ। ਉਹਨਾਂ ਕਿਹਾ ਕਿ 18% ਡੀਏ ਵਿੱਚੋਂ ਬਾਕੀ ਬਚਦਾ 10% ਡੀ ਏ ਦਾ ਐਲਾਨ ਵੀ ਕੀਤਾ ਜਾਵੇ। ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਹਰ ਤਰ੍ਹਾਂ ਦੇ ਬਕਾਏ ਜਲਦੀ ਅਤੇ ਇੱਕੋ ਕਿਸ਼ਤ ਵਿੱਚ ਦਿੱਤੇ ਜਾਣ, ਕੱਚੇ ਮੁਲਾਜ਼ਮ ਅਤੇ ਆਊਟ ਸੋਰਸ ਮੁਲਾਜ਼ਮ ਪੱਕੇ ਕੀਤੇ ਜਾਣ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਹਰਜਿੰਦਰ ਸਿੰਘ ਜੰਡ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਜੋ ਵਾਅਦੇ ਕੀਤੇ ਸਨ ਉਹ ਪੂਰੇ ਨਹੀਂ ਕੀਤੇ। ਪੈਂਸ਼ਨਰਜ਼ ਅਤੇ ਮੁਲਾਜ਼ਮ ਵਰਗ ਦੀ ਅਗਵਾਈ ਕਰ ਰਹੀ ਲੀਡਰਸ਼ਿਪ ਵਿੱਚ ਪੂਰਨ ਭਰੋਸਾ ਕੀਤਾ ਗਿਆ ਅਤੇ ਪਰਣ ਕੀਤਾ ਕੇ ਆਉਣ ਵਾਲੇ ਸਮੇਂ ਵਿੱਚ ਸੂਬਾਈ ਲੀਡਰਸ਼ਿਪ ਜੋ ਵੀ ਸੰਘਰਸ਼ ਉਲੀਕੇਗੀ ਉਹ ਪ੍ਰਵਾਨ ਕਰਦੇ ਹੋਏ ਉਹਨਾਂ ਦੀ ਅਗਵਾਈ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਮੀਟਿੰਗ ਨੂੰ ਪ੍ਰਿੰਸੀਪਲ ਮੰਗਤ ਰਾਮ ਜੋਸ਼ੀ, ਹਰਭਜਨ ਸਿੰਘ, ਮੋਹਣ ਸਿੰਘ, ਗੁਰਬਚਨ ਸਿੰਘ, ਦਲੇਰ ਸਿੰਘ, ਸੁਰਜੀਤ ਲਾਲ ਨੇ ਸੰਬੋਧਨ ਕੀਤਾ। ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਸਰਪ੍ਰਸਤ ਗੋਪਾਲ ਸਿੰਘ, ਚਾਨਣ ਸਿੰਘ ਗੁਰਦੀਪ ਸਿੰਘ, ਸਰਜੀਤ ਸਿੰਘ, ਸੁੱਖਾ ਸਿੰਘ, ਕੁਲਵਿੰਦਰ ਸਿੰਘ, ਬੀਰ ਮਸੀਹ, ਸੁਨੀਤਾ ਜੈਨ, ਜਸਵੰਤ ਸਿੰਘ ਪਟਵਾਰੀ, ਕਸ਼ਮੀਰ ਸਿੰਘ, ਇੰਦਰਜੀਤ ਕੌਰ, ਵੀਰੋ, ਸੁਰਜੀਤ ਕੌਰ, ਹਰ ਕਵਲਜੀਤ ਕੌਰ, ਦਰਸ਼ਨ ਸਿੰਘ ਲੈਕਚਰਾਰ, ਸਰਬਜੀਤ ਸਿੰਘ, ਕਸ਼ਮੀਰ ਸਿੰਘ, ਚਰਨ ਸਿੰਘ, ਹਰਭਜਨ ਸਿੰਘ ਹਰੀਕੇ, ਸੁਖਦੇਵ ਸਿੰਘ, ਲਖਬੀਰ ਸਿੰਘ, ਸੁਖਵਿੰਦਰ ਸਿੰਘ, ਦਇਆ ਸਿੰਘ, ਦੀਪ ਸਿੰਘ, ਨਿਰੰਜਨ ਸਿੰਘ, ਓਮ ਪ੍ਰਕਾਸ਼, ਕੁਲਦੀਪ ਸਿੰਘ ਆਦਿ ਹਾਜ਼ਰ ਸਨ।

# ਬੂਹ ਹਵੇਲੀਆਂ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਦੀ ਮੀਟਿੰਗ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵੱਲੋਂ ਪਿੰਡ ਬੂਹ ਹਵੇਲੀਆਂ ਵਿਖੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਕਰਵਾਈ ਗਈ।ਇਸ ਮੌਕੇ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਦਿਲਬਾਗ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਜਥੇਬੰਦੀ ਨੂੰ ਪਿੰਡ ਪੱਧਰ 'ਤੇ ਹੋਰ ਮਜ਼ਬੂਤ ਕਰਨ, ਵੱਧ ਤੋਂ ਵੱਧ ਕਿਸਾਨਾਂ ਨੂੰ ਜਥੇਬੰਦੀ ਨਾਲ ਜੋੜਨ ਅਤੇ ਕਿਸਾਨ ਹਿੱਤਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਸਰਬਸੰਮਤੀ ਨਾਲ 40 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਸੂਬਾ ਜਨਰਲ ਸਕੱਤਰ ਦਿਲਬਾਗ ਸਿੰਘ ਨੇ ਕਿਹਾ ਕਿ ਕਿਸੇ ਵੀ ਜਥੇਬੰਦੀ ਦੀ ਮਜ਼ਬੂਤੀ ਉਸ ਦੀ ਪਿੰਡ ਪੱਧਰੀ ਇਕਾਈ ਅਤੇ ਸਰਗਰਮ ਮੈਂਬਰਾਂ ਨਾਲ ਹੁੰਦੀ ਹੈ।ਇਸ ਲਈ ਕਿਸਾਨਾਂ ਨੂੰ ਜਥੇਬੰਦੀ ਨਾਲ ਜੋੜਨ ਦੇ ਨਾਲ-ਨਾਲ ਪਿੰਡ ਪੱਧਰ 'ਤੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨਾ ਬੇਹੱਦ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਇਕਜੁੱਟ ਹੋ ਕੇ ਉਠਾਉਣ ਅਤੇ ਉਨ੍ਹਾਂ ਦੇ ਹੱਲ ਲਈ ਸਾਂਝੀ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਵਿਰਕ ਨੇ ਨਵੀਂ ਬਣੀ 40 ਮੈਂਬਰੀ ਕਮੇਟੀ ਦੇ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਮੇਟੀ ਮੈਂਬਰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਣ। ਉਨ੍ਹਾਂ ਕਿਹਾ ਕਿ ਪਿੰਡ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਨੂੰ ਜਥੇਬੰਦੀ ਦੇ ਮੰਚ 'ਤੇ ਉਠਾਇਆ ਜਾਵੇਗਾ ਅਤੇ ਵੱਧ ਤੋਂ ਵੱਧ ਕਿਸਾਨਾਂ ਨੂੰ ਜਥੇਬੰਦੀ ਨਾਲ ਜੋੜਨ ਦੇ ਯਤਨ ਕੀਤੇ ਜਾਣਗੇ।

ਇਸ ਮੌਕੇ ਪ੍ਰਧਾਨ ਪ੍ਰਤਾਪ ਸਿੰਘ, ਜਨਰਲ ਸਕੱਤਰ ਅਜੈਬੀਰ ਸਿੰਘ, ਸੀਨੀਅਰ ਮੀਤ ਪ੍ਰਧਾਨ ਨਰੰਜਨ ਸਿੰਘ, ਮੀਤ ਪ੍ਰਧਾਨ ਸ਼ਕੀਨ ਸਿੰਘ, ਪ੍ਰੈੱਸ ਸਕੱਤਰ ਸੁਖਬੀਰ ਸਿੰਘ, ਸਹਾਇਕ ਪ੍ਰੈੱਸ ਸਕੱਤਰ ਹਰਪ੍ਰੀਤ ਸਿੰਘ ਤਰਗਾ, ਖ਼ਜ਼ਾਨਚੀ ਰਾਜਬਿੰਦਰ ਸਿੰਘ ਸੋਨਾ, ਸਹਾਇਕ ਖ਼ਜ਼ਾਨਚੀ ਦਲਵੀਰ ਸਿੰਘ ਸੰਧੂ, ਗੁਰਪ੍ਰੀਤ ਸਿੰਘ ਲਾਡੀ ਤਰਗਾ, ਬਲਹਾਰ ਸਿੰਘ ਤਰਗਾ, ਸੂਬਾ ਸਿੰਘ ਤਰਗਾ, ਗੁਰਦਿਆਲ ਸਿੰਘ ਮੱਤਾ, ਬਲਜਿੰਦਰ ਸਿੰਘ ਵਿਰਕ, ਗੁਰਮੁਖ ਸਿੰਘ ਜੰਗ, ਗੁਰਿੰਦਰ ਸਿੰਘ ਜੰਗ, ਹਰਜੀਤ ਸਿੰਘ ਬੱਲ, ਰਣਜੀਤ ਸਿੰਘ, ਅਜਮੇਰ ਸਿੰਘ, ਗੁਰਿੰਦਰ ਸਿੰਘ, ਸੰਦੀਪ ਸਿੰਘ, ਕਸ਼ਮੀਰ ਸਿੰਘ, ਮਲਕੀਤ ਸਿੰਘ ਜੱਸਾ ਵਿਰਕ ਆਦਿ ਹਾਜ਼ਰ ਸਨ।

# 26 ਤੋਂ 28 ਤੱਕ ਰਣਜੀਤ ਐਵੇਨਿਊ ਵਿਖੇ ਲੱਗੇਗਾ 'ਪੰਜਾਬ ਸਖੀ ਸ਼ਕਤੀ ਮੇਲਾ'

**ਅੰਮ੍ਰਿਤਸਰ (ਜਸਬੀਰ ਪੱਟੀ)** - ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਅਤੇ ਸਵੈ-ਨਿਰਭਰ ਬਣਾਉਣ ਦੇ ਉਦੇਸ਼ ਨਾਲ 'ਪੰਜਾਬ ਸਖੀ ਸ਼ਕਤੀ ਮੇਲਾ' 26 ਤੋਂ 28 ਸਤੰਬਰ ਤੱਕ ਰਣਜੀਤ ਐਵੇਨਿਊ ਦੀ ਦੁਸਹਿਰਾ ਗਰਾਊਂਡ ਵਿਖੇ ਕਰਵਾਇਆ ਜਾ ਰਿਹਾ ਹੈ।ਮੇਲਾ ਰੋਜ਼ਾਨਾ ਸਵੇਰੇ 9 ਵਜੇ ਤੋਂ ਰਾਤ 10 ਵਜੇ ਤੱਕ ਲੋਕਾਂ ਲਈ ਖੁੱਲ੍ਹਾ ਰਹੇਗਾ। 'ਪੰਜਾਬ ਸਖੀ ਸ਼ਕਤੀ ਮੇਲੇ' ਸਬੰਧੀ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ੍ਰੀਮਤੀ ਪਰਮਵੀ ਮਿਸ਼ਰਾ ਨੇ ਦੱਸਿਆ ਕਿ ਇਸ ਮੇਲੇ ਵਿੱਚ ਮਹਿਲਾ ਉੱਦਮੀਆਂ, ਸਵੈ-ਸਹਾਇਤਾ ਸਮੂਹਾਂ ਅਤੇ ਹੁਨਰਮੰਦ ਮਹਿਲਾਵਾਂ ਵੱਲੋਂ ਤਿਆਰ ਕੀਤੇ ਹੱਥ ਨਾਲ ਬਣੇ ਉਤਪਾਦ, ਹਸਤਕਲਾ, ਕੱਪੜੇ, ਸਜਾਵਟੀ ਸਮਾਨ, ਖਾਣ-ਪੀਣ ਦੀਆਂ ਵਸਤਾਂ ਅਤੇ ਹੋਰ ਘਰੇਲੂ ਉਤਪਾਦ ਪ੍ਰਦਰਸ਼ਿਤ ਅਤੇ ਵਿਕਰੀ ਲਈ ਉਪਲਬਧ ਹੋਣਗੇ।

# ਇੰਡੀਗੋ ਪਹਿਲੀ ਅਕਤੂਬਰ ਨੂੰ ਮੁੜ ਸ਼ੁਰੂ ਕਰੇਗੀ ਅੰਮ੍ਰਿਤਸਰ-ਕੋਲਕਾਤਾ ਸਿੱਧੀ ਉਡਾਣ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪੰਜਾਬ ਅਤੇ ਪੱਛਮੀ ਬੰਗਾਲ ਵਿਚਕਾਰ ਸਫ਼ਰ ਕਰਨ ਵਾਲੇ ਯਾਤਰੀਆਂ ਨੂੰ ਇੱਕ ਵਾਰ ਫਿਰ ਸਿੱਧੀ ਉਡਾਣ ਮਿਲੇਗੀ, ਕਿਉਂਕਿ ਇੰਡੀਗੋ ਪਹਿਲੀ ਅਕਤੂਬਰ ਤੋਂ ਸ੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ ਅੰਮ੍ਰਿਤਸਰ ਤੋਂ ਕੋਲਕਾਤਾ ਉਡਾਣ ਮੁੜ ਸ਼ੁਰੂ ਕਰ ਰਹੀ ਹੈ। ਇਹ ਉਡਾਣ ਹਫ਼ਤੇ ਵਿੱਚ ਤਿੰਨ ਦਿਨ ਚੱਲੇਗੀ। ਇਸ ਦੇ ਨਾਲ ਹੀ ਇੰਡੀਗੋ ਕੋਲਕਾਤਾ ਰਾਹੀਂ ਅੰਮ੍ਰਿਤਸਰ ਅਤੇ ਗੁਵਾਹਾਟੀ ਵਿਚਕਾਰ ਵੀ ਹਵਾਈ ਸੰਪਰਕ ਮੁਹੱਈਆ ਕਰੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ, ਇਨੀਸ਼ੀਏਟਿਵ ਦੇ ਕਨਵੀਨਰ (ਇੰਡੀਆ) ਅਤੇ ਅੰਮ੍ਰਿਤਸਰ ਵਿਕਾਸ ਮੰਚ ਦੇ ਜਨਰਲ ਸਕੱਤਰ ਯੋਗੇਸ਼ ਕਾਮਰਾ ਨੇ ਇਸ ਰੂਟ ਦੀ ਬਹਾਲੀ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ ਪੰਜਾਬ, ਪੱਛਮੀ ਬੰਗਾਲ ਅਤੇ ਉੱਤਰ-ਪੂਰਬ ਵਿਚਕਾਰ ਸਫ਼ਰ ਕਰਨ ਵਾਲੇ ਯਾਤਰੀਆਂ ਨੂੰ ਵੱਡਾ ਫਾਇਦਾ ਹੋਵੇਗਾ। ਗੁਮਟਾਲਾ ਨੇ ਕਿਹਾ ਕਿ ਮੌਜੂਦਾ ਜਾਰੀ ਸਮਾਂ-ਸਾਰਣੀ ਅਨੁਸਾਰ, ਕੋਲਕਾਤਾ-ਅੰਮ੍ਰਿਤਸਰ ਉਡਾਣ 6ਈ201 ਮੰਗਲਵਾਰ, ਵੀਰਵਾਰ ਅਤੇ ਸ਼ਨੀਵਾਰ ਨੂੰ ਚੱਲੇਗੀ, ਜੋ ਕੋਲਕਾਤਾ ਤੋਂ ਸਵੇਰੇ 9:45 ਵਜੇ ਰਵਾਨਾ ਹੋ ਕੇ ਦੁਪਹਿਰ 12:25 ਵਜੇ ਅੰਮ੍ਰਿਤਸਰ ਪਹੁੰਚੇਗੀ। ਵਾਪਸੀ ਦੀ ਅੰਮ੍ਰਿਤਸਰ-ਕੋਲਕਾਤਾ ਉਡਾਣ 6ਈ6344 ਦੁਪਹਿਰ 1:05 ਵਜੇ ਰਵਾਨਾ ਹੋ ਕੇ ਦੁਪਹਿਰ 3:35 ਵਜੇ ਕੋਲਕਾਤਾ ਪਹੁੰਚੇਗੀ, ਜਿਸ ਨਾਲ ਦੋਵਾਂ ਸ਼ਹਿਰਾਂ ਵਿਚਕਾਰ ਲਗਭਗ ਢਾਈ ਘੰਟੇ ਦਾ ਸਿੱਧਾ ਸਫ਼ਰ ਹੋਵੇਗਾ। ਉਡਾਣ 6ਈ201 ਗੁਵਾਹਾਟੀ ਤੋਂ ਸਵੇਰੇ 7:50 ਵਜੇ ਰਵਾਨਾ ਹੋ ਕੇ 9:05 ਵਜੇ ਕੋਲਕਾਤਾ ਪਹੁੰਚਣ ਤੋਂ ਬਾਅਦ 9:45 ਵਜੇ ਅੰਮ੍ਰਿਤਸਰ ਲਈ ਰਵਾਨਾ ਹੋਵੇਗੀ। ਵਾਪਸੀ ਵਿੱਚ ਉਡਾਣ 6ਈ6344 ਅੰਮ੍ਰਿਤਸਰ ਤੋਂ 3:35 ਵਜੇ ਕੋਲਕਾਤਾ ਪਹੁੰਚਣ ਤੋਂ ਬਾਅਦ ਸ਼ਾਮ 4:15 ਵਜੇ ਗੁਵਾਹਾਟੀ ਲਈ ਅੱਗੇ ਰਵਾਨਾ ਹੋ ਕੇ ਸ਼ਾਮ 5:30 ਵਜੇ ਪਹੁੰਚੇਗੀ। ਇਸ ਨਾਲ ਪੰਜਾਬ ਅਤੇ ਅਸਾਮ ਵਿਚਕਾਰ ਯਾਤਰੀਆਂ ਨੂੰ ਉਸੇ ਉਡਾਣ 'ਚ ਹੀ ਕੋਲਕਤਾ ਰਾਹੀਂ ਅੰਮ੍ਰਿਤਸਰ ਦਾ ਸੁਵਿਧਾਜਨਕ ਸੰਪਰਕ ਮਿਲੇਗਾ ਅਤੇ ਦਿੱਲੀ ਜਾਂ ਹੋਰ ਏਅਰਪੋਰਟ ਰਾਹੀਂ ਜਹਾਜ਼ ਬਦਲਣ ਅਤੇ ਲੰਮੇ ਇੰਤਜ਼ਾਰ ਤੋਂ ਰਾਹਤ ਮਿਲੇਗੀ।

# ਝੋਨੇ ਦੀ ਖਰੀਦ ਦੇ ਢੁਕਵੇਂ ਪ੍ਰਬੰਧ ਕੀਤੇ ਜਾਣ : ਐੱਸ ਕੇ ਐੱਮ



ਵਲਟੋਹਾ (ਰਣਜੀਤ ਸਿੰਘ) ਸੰਯੁਕਤ ਕਿਸਾਨ ਮੋਰਚਾ ਵੱਲੋਂ ਵੱਲੋਂ ਜ਼ੋਰ ਸ਼ੋਰ ਖੰਡ ਮਿੱਲ ਮੋਰਚੇ ਦੇ 126ਵੇਂ ਦਿਨ ਕਿਸਾਨਾਂ ਨੇ ਮੰਗ ਕੀਤੀ ਕਿ ਕੇਂਦਰ ਤੇ ਪੰਜਾਬ ਸਰਕਾਰ ਝੋਨੇ ਦੀ ਫ਼ਸਲ ਖਰੀਦਣ ਲਈ ਸੁਚੱਜੇ ਪ੍ਰਬੰਧ ਤੇਜ਼ ਕਰੇ।ਕਿਸਾਨ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਮਨਜੀਤ ਸਿੰਘ ਬੱਗੂ, ਤਰਲੋਕ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਮੇਘ ਸਿੰਘ, ਰੇਸ਼ਮ ਸਿੰਘ ਫੈਲੋਕੇ ਨੇ ਕਿਹਾ ਕਿ ਅਕਸਰ ਹਰ ਵਾਰ ਮੰਡੀਆਂ ਵਿੱਚ ਫ਼ਸਲ ਦੀ ਆਮਦ ਪੂਰੇ ਜ਼ੋਰ ਤੇ ਹੁੰਦੀ ਹੈ ਤਾਂ ਬਾਰਦਾਨੇ ਦੀ ਥੁੜ ਦਿਸਦੀ ਹੈ।ਬਹੁਤੀ ਵਾਰ ਮੰਡੀਆਂ 'ਚ ਢੋਆ ਢੁਆਈ ਦਾ ਪ੍ਰਬੰਧ ਨਾ ਹੋਣ ਕਾਰਨ ਕਿਸਾਨਾਂ ਨੂੰ ਵੱਡੀ ਮੁਸ਼ਕਲ ਖੜ੍ਹੀ ਹੋ ਜਾਂਦੀ ਹੈ।ਇਸੇ ਤਰ੍ਹਾਂ ਸ਼ੈੱਲਰਾਂ ਦੇ ਨਾ 'ਤੇ ਕਿਸਾਨਾਂ ਦੀ ਫ਼ਸਲ ਤੇ ਨਜਾਇਜ਼ 'ਜਜੀਆ' ਲੱਗ ਜਾਂਦਾ ਹੈ।ਮਾੜੇ ਪ੍ਰਬੰਧ ਕਾਰਨ ਕਿਸਾਨ, ਆੜ੍ਹਤੀਏ, ਸ਼ੈਲਰ ਮਾਲਕ ਆਪਸ ਵਿੱਚ ਉਲਝਦੇ ਹਨ।ਇਸ ਕਰਕੇ ਸਰਕਾਰ ਪਹਿਲਾਂ ਇਹਨਾਂ ਪ੍ਰਬੰਧਾਂ ਵੱਲ ਉਚੇਚਾ ਧਿਆਨ ਦੇਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਸਭਰਾ, ਜਸਬੀਰ ਸਿੰਘ ਨਿੱਜਰਪੁਰਾ, ਬਲਬੀਰ ਸਿੰਘ, ਬਲਕਾਰ ਸਿੰਘ ਕੋਟ, ਸਲਵੰਤ ਸਿੰਘ, ਸੁਖਬਾਜ ਸਿੰਘ ਸਿੱਧੂ, ਅਮਰੀਕ ਸਿੰਘ ਸ਼ੇਰੋਂ ਬਲਦੇਵ ਸਿੰਘ ਸ਼ੇਰੋਂ ਸਮੇਤ ਕਈ ਆਗੂ ਹਾਜ਼ਰ ਸਨ।

# ਸਫਾਈ ਕਰਮਚਾਰੀਆਂ ਦਾ ਪ੍ਰਦਰਸ਼ਨ ਦੂਜੇ ਦਿਨ ਵੀ ਜਾਰੀ



**ਪਠਾਨਕੋਟ (ਦਵਿੰਦਰ ਸਿੰਘ)**- ਪਠਾਨਕੋਟ ਵਿੱਚ ਤਨਖਾਹ ਨਾ ਮਿਲਣ ਤੋਂ ਨਾਰਾਜ਼ ਸਫਾਈ ਕਰਮਚਾਰੀਆਂ, ਸੀਵਰਮੈਨਾਂ ਅਤੇ ਡਰਾਈਵਰਾਂ ਦਾ ਪ੍ਰਦਰਸ਼ਨ ਦੂਜੇ ਦਿਨ ਵੀ ਜਾਰੀ ਰਿਹਾ।ਕਰਮਚਾਰੀਆਂ ਨੇ ਨਗਰ ਨਿਗਮ ਵਿੱਚ ਵਿਰੋਧ ਜਤਾਉਂਦਿਆਂ ਚੇਤਾਵਨੀ ਦਿੱਤੀ ਕਿ ਜੇਕਰ 25 ਤਾਰੀਖ ਤੱਕ ਉਨ੍ਹਾਂ ਦੇ ਖਾਤਿਆਂ ਵਿੱਚ ਤਨਖਾਹ ਨਹੀਂ ਆਈ ਤਾਂ ਪ੍ਰਦਰਸ਼ਨ ਹੋਰ ਤੇਜ਼ ਕੀਤਾ ਜਾਵੇਗਾ।ਯੂਨੀਅਨ ਨੇ ਇਸ ਤੋਂ ਬਾਅਦ ਅੰਦੋਲਨ ਹੋਰ ਤੇਜ਼ ਕਰਨ ਦੀ ਚੇਤਾਵਨੀ ਦਿੱਤੀ ਹੈ।ਯੂਨੀਅਨ ਆਗੂਆਂ ਨੇ ਦੱਸਿਆ ਕਿ 24 ਤਾਰੀਖ ਹੋ ਚੁੱਕੀ ਹੈ, ਪਰ ਕਰਮਚਾਰੀਆਂ ਨੂੰ ਅਜੇ ਤੱਕ ਤਨਖਾਹ ਨਹੀਂ ਮਿਲੀ।ਉਨ੍ਹਾਂ ਕਿਹਾ ਕਿ ਤਨਖਾਹ ਵਿੱਚ ਦੇਰੀ ਕਾਰਨ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕਰਮਚਾਰੀ ਆਗੂਆਂ ਮੁਤਾਬਕ ਅਕਾਊਂਟਸ ਬ੍ਰਾਂਚ ਨੇ 25 ਤਾਰੀਕ ਤੱਕ ਤਨਖਾਹ ਕਰਮਚਾਰੀਆਂ ਦੇ ਖਾਤਿਆਂ ਵਿੱਚ ਪਾਉਣ ਦਾ ਭਰੋਸਾ ਦਿੱਤਾ ਹੈ।ਯੂਨੀਅਨ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਨਿਰਧਾਰਤ ਸਮੇਂ ਤੱਕ ਕਰਮਚਾਰੀਆਂ ਦੀ ਤਨਖਾਹ ਨਹੀਂ ਮਿਲੀ ਤਾਂ ਉਹ ਆਪਣਾ ਅੰਦੋਲਨ ਹੋਰ ਤੇਜ਼ ਕਰਨਗੇ। ਉਨ੍ਹਾਂ ਨੇ ਪੰਜਾਬ ਸਰਕਾਰ ਅਤੇ ਨਗਰ ਨਿਗਮ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੀ ਤਨਖਾਹ ਜਲਦ ਜਾਰੀ ਕੀਤੀ ਜਾਵੇ। ਯੂਨੀਅਨ ਆਗੂਆਂ ਨੇ ਕਿਹਾ ਕਿ ਜੇਕਰ ਉਨ੍ਹਾਂ ਦੀ ਮੰਗ ਪੂਰੀ ਨਾ ਹੋਈ ਤਾਂ ਅੱਗੇ ਸੜਕ ਜਾਮ ਅਤੇ ਹੋਰ ਵਿਰੋਧ ਪ੍ਰਦਰਸ਼ਨ ਵੀ ਕੀਤੇ ਜਾ ਸਕਦੇ ਹਨ।

# ਗੁਰਦੁਆਰਾ ਮੰਜੀ ਸਾਹਿਬ ਵਿਖੇ ਮਨਾਇਆ ਭਾਈ ਲਾਲੋ ਜੀ ਦਾ ਜਨਮ ਦਿਹਾੜਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤੀ ਸਿੱਖ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਕਥਾਵਾਚਕ ਗਿਆਨੀ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ। ਗਿਆਨੀ ਵਿਸ਼ਾਲ ਸਿੰਘ ਨੇ ਭਾਈ ਲਾਲੋ ਦੇ ਜੀਵਨ ਸਬੰਧੀ ਵਿਚਾਰ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਸਮਾਜ ਲਈ ਇਕ ਸੁਚੱਜਾ ਮਾਰਗ ਦਰਸ਼ਨ ਹੈ, ਜਿਸ ਤੋਂ ਅਗਵਾਈ ਲੈ ਕੇ ਧਰਮ ਦੀ ਕਿਰਤ ਕਰਦਿਆਂ ਕਰਤਾ ਪੁਰਖ ਨਾਲ ਜੁੜਨ ਦੀ ਪ੍ਰੇਰਨਾ ਮਿਲਦੀ ਹੈ। ਉਨ੍ਹਾਂ ਸੰਗਤ ਨੂੰ ਭਾਈ ਲਾਲੋ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸਿਧਾਂਤ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਅਨੁਸਾਰ ਆਪਣਾ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਸੁਪ੍ਰਿੰਟੈਂਡੈਂਟ ਮਲਕੀਤ ਸਿੰਘ ਬਹਿੜਵਾਲ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਜਸਬੀਰ ਸਿੰਘ, ਰਾਮਗੜ੍ਹੀਆ ਜਥੇਬੰਦੀ ਪੰਜਾਬ ਤੋਂ ਹਰਜੀਤ ਸਿੰਘ ਰਾਮਗੜ੍ਹੀਆ, ਜਗਜੀਤ ਸਿੰਘ ਸੱਗੂ, ਰਾਮ ਸਿੰਘ ਧੀਮਾਨ, ਕੰਵਰਬੀਰ ਸਿੰਘ ਮੰਜ਼ਲ, ਗੁਰਮੀਤ ਸਿੰਘ ਬਠਿੰਡਾ, ਗੁਰਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੁਜਾਨਪੁਰ 'ਚ ਡਰੋਨ ਸ਼ੋਅ



ਪਠਾਨਕੋਟ (ਦਵਿੰਦਰ ਸਿੰਘ) ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਵੱਖ-ਵੱਖ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਕਰਵਾਏ ਜਾ ਰਹੇ ਹਨ।ਇਸੇ ਲੜੀ ਤਹਿਤ ਪੰਜਾਬ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸੰਦੇਸ਼ ਅਤੇ ਸਿੱਖਿਆਵਾਂ ਨੂੰ ਦਰਸਾਉਂਦੇ ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਇਸੇ ਤਹਿਤ ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਸੁਜਾਨਪੁਰ ਵਿੱਚ ਕਰਵਾਏ ਗਏ ਸ਼ਾਨਦਾਰ ਡਰੋਨ ਸ਼ੋਅ ਨੂੰ ਦੇਖਣ ਲਈ ਖੇਤਰ ਵਿੱਚੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਅਤੇ ਲੋਕ ਪਹੁੰਚੇ। ਡਰੋਨ ਸ਼ੋਅ ਦੀ ਸ਼ੁਰੂਆਤ ਮੌਕੇ ਡਾ. ਸਵਰਨ ਸਿੰਘ ਸਲਾਰੀਆ, ਹਲਕਾ ਇੰਚਾਰਜ ਸੁਜਾਨਪੁਰ-ਕਮ-ਚੇਅਰਮੈਨ ਰਾਜਪੂਤ ਕਲਿਆਣ ਬੋਰਡ ਪੰਜਾਬ, ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਮੌਕੇ ਡੇਰਾ ਸਵਾਮੀ ਜਗਤਗੀਰੀ ਪਠਾਨਕੋਟ ਤੋਂ ਸ੍ਰੀ ਸ੍ਰੀ 108 ਸਵਾਮੀ ਗੁਰਦੀਪ ਗਿਰੀ ਜੀ ਮਹਾਰਾਜ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਸੰਗਤਾਂ ਨੂੰ ਆਸ਼ੀਰਵਾਦ ਦਿੱਤਾ। ਡਰੋਨ ਸ਼ੋਅ ਤੋਂ ਪਹਿਲਾਂ ਖੇਤਰ ਦੇ ਪ੍ਰਸਿੱਧ ਕੀਰਤਨ ਜਥਿਆਂ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਪਵਿੱਤਰ ਬਾਣੀ ਦਾ ਕੀਰਤਨ ਕੀਤਾ ਗਿਆ। ਇਸ ਮੌਕੇ ਡਾ. ਸਵਰਨ ਸਿੰਘ ਸਲਾਰੀਆ ਅਤੇ ਸ੍ਰੀ ਸ੍ਰੀ 108 ਸਵਾਮੀ ਗੁਰਦੀਪ ਗਿਰੀ ਜੀ ਮਹਾਰਾਜ ਵੱਲੋਂ ਕੀਰਤਨ ਜਥਿਆਂ ਅਤੇ ਪਹੁੰਚੇ ਸੰਤ ਸਮਾਜ ਦੇ ਵਿਸ਼ੇਸ਼ ਮਹਿਮਾਨਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਸਵਰਨ ਸਿੰਘ ਸਲਾਰੀਆ ਨੇ ਕਿਹਾ ਕਿ ਡਰੋਨ ਸ਼ੋਅ ਰਾਹੀਂ ਗੁਰੂ ਜੀ ਦੇ ਜੀਵਨ ਅਤੇ ਸੰਦੇਸ਼ ਨੂੰ ਆਧੁਨਿਕ ਤਕਨੀਕ ਦੇ ਮਾਧਿਅਮ ਨਾਲ ਬਹੁਤ ਹੀ ਸੁੰਦਰ ਢੰਗ ਨਾਲ ਲੋਕਾਂ ਤੱਕ ਪਹੁੰਚਾਇਆ ਗਿਆ ਹੈ।

ਇਸ ਮੌਕੇ ਐਸ ਡੀ ਐਮ ਧਾਰਕਲਾਂ ਸ਼ੰਕਰ ਸ਼ਰਮਾ, ਸਵਾਮੀ ਨਿਤਿਆਨੰਦਪੁਰੀ ਹਰਿਆਲ ਗੁਰਦਾਸਪੁਰ, ਸਵਾਮੀ ਹਰੀ ਨਾਰਾਇਣ ਕੁਰੂਕਸ਼ੇਤਰ, ਚੇਅਰਮੈਨ ਸੂਫੀ ਸੰਤ ਸਮਾਜ ਪੰਜਾਬ ਬਾਬਾ ਸਾਹਿਬ ਸਿੰਘ ਪਠਾਨਕੋਟ, ਦੀਪਕ ਪੁਰੀ ਬ੍ਰਹਮਚਾਰੀ, ਸਵਾਮੀ ਸ਼ਿਵ ਆਤਮਾ ਲਮੀਨੀ, ਬਲਾਕ ਪ੍ਰਧਾਨ ਧਾਰ ਵਿੱਕੀ ਗੁਲੇਰੀਆ, ਸੁਜਾਨਪੁਰ ਆਪਰੇਸ਼ਨ ਇੰਚਾਰਜ ਬਖਸ਼ੀਸ਼ ਸਿੰਘ, ਠੇਕੇਦਾਰ ਅਮਰਜੀਤ ਸਿੰਘ ਐਸਸੀ ਵਿੰਗ ਪੰਜਾਬ, ਗੀਤੂ ਮਨਹਾਸ ਚੇਅਰਪਰਸਨ ਨਗਰ ਕੌਂਸਲ ਸੁਜਾਨਪੁਰ, ਟਰਾਂਸਪੋਰਟ ਇੰਚਾਰਜ ਆਪ ਪ੍ਰੇਮ ਜੀ, ਜ਼ਿਲ੍ਹਾ ਪ੍ਰਧਾਨ ਰਾਜਪੂਤ ਕਲਿਆਣ ਬੋਰਡ ਜਸਵੀਰ ਜੀ, ਧਾਰ ਐਸਸੀ ਵਿੰਗ ਪ੍ਰਧਾਨ ਮਿਲਖੀ ਜੀ, ਬਲਵਿੰਦਰ ਧਾਰ ਬਲਾਕ ਪ੍ਰਧਾਨ, ਵਿਕਾਸ ਸ਼ਰਮਾ ਸਨਾਤਨ ਵਿੰਗ ਇੰਚਾਰਜ, ਹੰਸਰਾਜ ਐਸਸੀ ਕੋਆਰਡੀਨੇਟਰ, ਸਰਪੰਚ ਦੇਵੀ ਦਿਆਲ, ਕੁਲਦੀਪ ਸਿੰਘ ਰਾਜਪੂਤ ਕਲਿਆਣ ਬੋਰਡ ਬਲਾਕ ਪ੍ਰਧਾਨ, ਨੀਲਮ ਕੌਂਸਲਰ, ਪ੍ਰੀਤਮ ਨਾਲ, ਡਾ. ਵਿੱਕੀ ਕਾਠਾ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

# ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਹੀ ਪੰਥ ਦੀ ਤਾਕਤ : ਗੜਗੱਜ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਮੀਰੀ ਪੀਰੀ ਖ਼ਾਲਸਾ ਮਾਰਚ ਆਪਣੇ ਤੀਜੇ ਪੜਾਅ ਤਹਿਤ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਬਾਬਾ ਬਕਾਲਾ ਸਾਹਿਬ ਤੋਂ ਪੰਥਕ ਜਾਹੋਜਲਾਲ ਨਾਲ ਆਪਣੇ ਅਗਲੇ ਪੜਾਅ ਗੁਰਦੁਆਰਾ ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਜੀ ਕੱਥੂਨੰਗਲ ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਤਰਨਾ ਦਲ ਬਾਬਾ ਬਕਾਲਾ ਸਾਹਿਬ ਦੇ ਮੁੱਖੀ ਬਾਬਾ ਜੋਗਾ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਜੇ ਧਾਰਮਿਕ ਦੀਵਾਨ ਸਮੇਂ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕਥਾ ਵੀਚਾਰ ਕਰਦਿਆਂ ਸੰਗਤ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਹੈ। ਅੱਠਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਵੱਲੋਂ 'ਬਾਬਾ ਵਸੇ ਗ੍ਰਾਮ ਬਕਾਲੇ' ਦਾ ਬਚਨ ਅਤੇ ਇਸ ਤੋਂ ਬਾਅਦ ਬਾਬਾ ਮੱਖਣ ਸ਼ਾਹ ਲੁਬਾਣਾ ਜੀ ਵੱਲੋਂ ਸੱਚੇ ਗੁਰੂ ਦੀ ਪਛਾਣ ਕਰਕੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਨੌਵੇਂ ਪਾਤਸ਼ਾਹ ਵਜੋਂ ਪ੍ਰਗਟ ਕਰਨਾ ਇਸ ਅਸਥਾਨ ਦੀ ਮਹਾਨ ਇਤਿਹਾਸਕ ਮਹੱਤਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਸੰਦੇਸ਼ ਵੀ ਇਹੀ ਹੈ ਕਿ ਪੰਥ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਸਮਰਪਿਤ ਹੋ ਕੇ ਇਕਜੁੱਟ ਰਹੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਇਤਿਹਾਸ ਵਿੱਚ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ। ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਨੂੰ ਇਹ ਪ੍ਰੇਰਨਾ ਦਿੰਦੀਆਂ ਹਨ ਕਿ ਗੁਰੂ ਪ੍ਰਤੀ ਨਿਸ਼ਚਾ ਅਤੇ ਸਿਦਕ ਕਦੇ ਕਮਜ਼ੋਰ ਨਹੀਂ ਹੋਣਾ ਚਾਹੀਦਾ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਥ ਦੀਆਂ ਸੰਸਥਾਵਾਂ ਅਤੇ ਜਥੇਬੰਦੀਆਂ ਸਿੱਖੀ ਦੀ ਚੜ੍ਹਦੀ ਕਲਾ ਲਈ ਮਹੱਤਵਪੂਰਨ ਹਨ। ਇਨ੍ਹਾਂ ਨੂੰ ਕਮਜ਼ੋਰ ਕਰਨ ਦੀ ਬਜਾਏ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਇਕਜੁੱਟ ਹੋ ਕੇ ਪੰਥ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਹੋਈਏ। ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ।

# ਬੱਲ ਸਰਾਏ ਤੇ ਬਾਬਾ ਬਕਾਲਾ ਸਾਹਿਬ ਵਿਖੇ ਸਿਹਤ ਕਾਰਡ ਵੰਡੇ



ਰਈਆ ( ਡੀ ਕੇ ਰੈਂਡੀ)-ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਬੱਲ ਸਰਾਏ ਅਤੇ ਕਸਬਾ ਬਾਬਾ ਬਕਾਲਾ ਸਾਹਿਬ ਵਿਖੇ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਵਿਧਾਇਕ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦੀ ਸਹੂਲਤ ਮੁਹੱਈਆ ਕਰਵਾਉਣ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਬਿਮਾਰੀ ਦੇ ਸਮੇਂ ਇਲਾਜ ਦਾ ਖ਼ਰਚਾ ਕਿਸੇ ਵੀ ਪਰਵਾਰ ਲਈ ਆਰਥਿਕ ਬੋਝ ਨਾ ਬਣੇ ਅਤੇ ਹਰ ਲੋੜਵੰਦ ਨੂੰ ਸਮੇਂ ਸਿਰ ਇਲਾਜ ਮਿਲ ਸਕੇ। ਉਨ੍ਹਾਂ ਕਿਹਾ ਕਿ ਸਿਹਤ ਕਾਰਡ ਲੋਕਾਂ ਲਈ ਮਿਆਰੀ ਸਿਹਤ ਸਹੂਲਤਾਂ ਤੱਕ ਆਸਾਨ ਪਹੁੰਚ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਪੰਜਾਬ ਸਰਕਾਰ ਦਾ ਯਤਨ ਹੈ ਕਿ ਸੂਬੇ ਦਾ ਹਰ ਪਰਵਾਰ ਸਿਹਤ ਪੱਖੋਂ ਸੁਰੱਖਿਅਤ ਹੋਵੇ ਅਤੇ ਕਿਸੇ ਵੀ ਨਾਗਰਿਕ ਨੂੰ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਾ ਰਹਿਣਾ ਪਵੇ। ਇਸ ਮੌਕੇ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਬਾਬਾ ਸ੍ਰੀ ਚੰਦ ਦਾ 532ਵਾਂ ਪ੍ਰਕਾਸ਼ ਉਤਸਵ ਸ਼ਰਧਾ ਨਾਲ ਮਨਾਇਆ



ਨਾਨਕ ਚੱਕ/ਫਤਿਹਗੜ੍ਹ (ਚੂੜੀਆਂ ਜਸਦੇਵ ਸਿੰਘ ਮਾਨ)-ਬਾਬਾ ਸ੍ਰੀ ਚੰਦ ਜੀ ਮਹਾਰਾਜ ਦਾ 532ਵਾਂ ਪ੍ਰਕਾਸ਼ ਉਤਸਵ ਇਤਿਹਾਸਕ ਅਸਥਾਨ ਮੰਦਰ ਭਗਵਾਨ ਬਾਬਾ ਸ੍ਰੀ ਚੰਦ ਜੀ ਨਾਨਕ ਚੱਕ ਨਜ਼ਦੀਕ ਅਲੀਵਾਲ ਜਿਲਾ ਗੁਰਦਾਸਪੁਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮੌਜੂਦਾ ਗੱਦੀ ਨਸ਼ੀਨ ਮਹੰਤ ਹਰੀ ਕੁੰਭ ਦਾਸ ਜੀ ਉਦਾਸੀਨ ਸਮੂਹ ਸੰਗਤ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਵੇਖਿਆ ਹੀ ਬਣਦਾ ਸੀ। ਇਸ ਮੌਕੇ ਮਹੰਤ ਹਰੀ ਕੁੰਭ ਦਾਸ ਨੇ ਨਤਮਸਤਕ ਹੋਣ ਵਾਲੀ ਸਮੁੱਚੀ ਸਾਧ ਸੰਗਤ ਦਾ ਧੰਨਵਾਦ ਕੀਤਾ।ਇਸ ਮੌਕੇ ਗੁਰਦੀਪ ਸਿੰਘ, ਮਾਸਟਰ ਸੰਦੀਪ ਸਿੰਘ, ਸੰਦੀਪ ਬੇਦੀ ਨਾਨਕ ਚੱਕ, ਯਾਦਵਿੰਦਰ ਸਿੰਘ ਕਾਦੀਆਂ ਰਾਜਪੂਤ, ਰਣਜੀਤ ਸਿੰਘ ਰੰਮੀ ਅਲੀਵਾਲ, ਇੰਦਰਜੀਤ ਸਿੰਘ ਨਾਨਕਚੱਕ, ਦੁਰਲੱਭਜੀਤ ਸਿੰਘ ਪੱਤੀ ਪਕੀਵਾਂ, ਰਣਜੀਤ ਸਿੰਘ ਕੋਟਲੀ ਥਾਬਲਾਂ, ਪ੍ਰਿੰਸ ਢੱਲਾ, ਗੁਰਬੀਰ ਸਿੰਘ, ਗੁਰਵਿੰਦਰ ਸਿੰਘ ਪਟਵਾਰੀ, ਧਰਮਬੀਰ ਸਿੰਘ, ਮਨਪ੍ਰੀਤ ਸਿੰਘ ਪਟਵਾਰੀ ਰਣਜੋਤ ਸਿੰਘ ਘਣੀਆ, ਰਣਜੀਤ ਸਿੰਘ ਘਣੀਏ ਕੇ ਬਾਂਗਰ, ਬਿੱਟੂ ਸੈਦਪੁਰ ਆਦਿ ਹਾਜ਼ਰ ਸਨ।

# ਚਰਨਜੀਤ ਸਿੰਘ ਮਜੀਠਾ ਨੂੰ ਸਦਮਾ, ਪਤਨੀ ਦਾ ਦੇਹਾਂਤ



**ਛੇਹਰਟਾ/ ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)** : ਸੀ ਪੀ ਆਈ (ਐਮ) ਅੰਮ੍ਰਿਤਸਰ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਮਜੀਠਾ ਦੀ ਪਤਨੀ ਸੱਤਿਆ ਰਾਣੀ ਦਾ ਵੀਰਵਾਰ ਨੂੰ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਦੇਹਾਂਤ ਹੋ ਗਿਆ। ਇਸ ਦੁਖਦਾਈ ਖ਼ਬਰ ਨਾਲ ਇਲਾਕੇ ਤੇ ਪਾਰਟੀ ਸਫ਼ਾਂ ਵਿਚ ਸੋਗ ਦੀ ਲਹਿਰ ਦੌੜ ਗਈ। ਜਾਣਕਾਰੀ ਅਨੁਸਾਰ ਵੀਰਵਾਰ ਸਵੇਰੇ ਕਰੀਬ 10:30 ਵਜੇ ਸੱਤਿਆ ਰਾਣੀ ਅਚਾਨਕ ਬੇਹੋਸ਼ ਹੋ ਕੇ ਡਿੱਗ ਪਏ। ਪਰਿਵਾਰਕ ਮੈਂਬਰਾਂ ਵੱਲੋਂ ਤੁਰੰਤ ਉਨ੍ਹਾਂ ਨੂੰ ਨਜ਼ਦੀਕੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸੱਤਿਆ ਰਾਣੀ ਆਪਣੇ ਪਿੱਛੇ ਤਿੰਨ ਧੀਆਂ ਤੇ ਦੋ ਪੁੱਤਰਾਂ ਦਾ ਭਰਿਆ-ਪੂਰਾ ਪਰਵਾਰ ਛੱਡ ਗਏ ਹਨ। ਉਨ੍ਹਾਂ ਦਾ ਅੰਤਿਮ ਸਸਕਾਰ ਮਜੀਠਾ ਵਿਖੇ ਨਮ ਅੱਖਾਂ ਨਾਲ ਕਰ ਦਿੱਤਾ ਗਿਆ। ਇਸ ਦੁੱਖ ਦੀ ਘੜੀ ਵਿਚ ਸ਼ਾਮਲ ਹੋਣ ਲਈ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਸੀ ਪੀ ਆਈ (ਐਮ) ਤੇ ਸੀਟੂ ਦੇ ਵੱਡੀ ਗਿਣਤੀ ਆਗੂ ਤੇ ਵਰਕਰ ਮੌਜੂਦ ਸਨ, ਜਿਨ੍ਹਾਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਪਰਿਵਾਰਕ ਸਰੋਤਾਂ ਅਨੁਸਾਰ ਵਿਛੜੀ ਰੂਹ ਨਮਿਤ ਅੰਤਿਮ ਰਸਮਾਂ (ਸ਼ਰਧਾਂਜਲੀ ਸਮਾਗਮ) 2 ਅਕਤੂਬਰ ਨੂੰ ਉਨ੍ਹਾਂ ਦੇ ਗ੍ਰਹਿ ਮਜੀਠਾ ਵਿਖੇ ਅਦਾ ਕੀਤੀਆਂ ਜਾਣਗੀਆਂ। ਸੱਤਿਆ ਰਾਣੀ ਦੀ ਬੇਵਕਤੀ ਮੌਤ 'ਤੇ ਪੁਤਲੀਘਰ ਸਥਿਤ ਪਾਰਟੀ ਦਫ਼ਤਰ ਵਿਚ ਸੀਟੂ ਵਰਕਰਾਂ ਦਾ ਕਾਮਰੇਡ ਕਿਰਪਾ ਰਾਮ ਦੀ ਪ੍ਰਧਾਨਗੀ ਹੇਠ ਇਕੱਠ ਕੀਤਾ ਗਿਆ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਭੈਣ ਸਤਿਆ ਰਾਣੀ ਮਿੱਠੇ ਸੁਭਾਅ ਦੇ ਮਾਲਕ ਸਨ। ਕਾਮਰੇਡ ਚਰਨਜੀਤ ਮਜੀਠਾ ਨਾਲ ਸੀਪੀਆਈ (ਐਮ) ਦੇ ਸੂਬਾ ਸਕੱਤਰੇਤ ਮੈਂਬਰ ਗੁਰਦਰਸ਼ਨ ਖਾਸਪੁਰ, ਲੁਧਿਆਣਾ ਜ਼ਿਲ੍ਹਾ ਦੇ ਸਕੱਤਰ ਬਲਜੀਤ ਸਿੰਘ ਸਾਹੀ, ਸੀਟੂ ਦੇ ਸੂਬਾ ਪ੍ਰਧਾਨ ਕਾਮਰੇਡ ਚੰਦਰਸ਼ੇਖਰ, ਸੀਟੂ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਮਹਾਂ ਸਿੰਘ ਰੋੜੀ ਤੇ ਸੀਟੂ ਦੇ ਸੂਬਾ ਮੀਤ ਪ੍ਰਧਾਨ ਊਸ਼ਾ ਰਾਣੀ ਨੇ ਵੀ ਦੁੱਖ ਸਾਂਝਾ ਕੀਤਾ। ਇਸ ਮੌਕੇ ਕਾਮਰੇਡ ਸੁਰਿੰਦਰ ਸਿੰਘ ਮੀਰਾਂਕੋਟ, ਰਣਜੀਤ ਸਿੰਘ ਬੱਲ, ਵਿਜੇ ਕੁਮਾਰ ਨਰਿੰਦਰ ਧੰਜਲ, ਰਾਜਾ ਰਾਮ, ਸੂਰਜ, ਧਰਮਪਾਲ, ਕੁਲਬੀਰ ਸਿੰਘ, ਯਸ਼ਪਾਲ ਸ਼ਰਮਾ ਆਦਿ ਹਾਜ਼ਰ ਸਨ।

# 2027 'ਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਸਕਿੱਲ 'ਵਰਸਿਟੀ ਬਣਾਵਾਂਗੇ : ਸੁਖਬੀਰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਥੇ 'ਪੰਜਾਬ ਬਚਾਓ' ਰੈਲੀ ਨੂੰ ਸੰਬੋਧਨ ਕੀਤਾ ਜਿਸ ਦੌਰਾਨ ਹਜ਼ਾਰਾਂ ਲੋਕਾਂ ਨੇ ਖੁੱਲ੍ਹੇ ਵਿਚ ਖੜ੍ਹੇ ਹੋ ਕੇ ਉਹਨਾਂ ਦੇ ਵਿਚਾਰ ਸੁਣੇ ਕਿਉਂਕਿ ਸਵੇਰੇ ਆਏ ਤੂਫਾਨ ਵਿਚ ਰੈਲੀ ਵਾਸਤੇ ਲਾਏ ਟੈਂਟ ਨੁਕਸਾਨੇ ਗਏ ਸਨ। ਉਹਨਾਂ ਨੇ ਹਲਕਾ ਇੰਚਾਰਜ ਜੋਧ ਸਿੰਘ ਸਮਰਾ ਤੇ ਉਹਨਾਂ ਦੀ ਟੀਮ ਵੱਲੋਂ ਇਸ ਰੈਲੀ ਨੂੰ ਸਫਲ ਬਣਾਉਣ ਲਈ ਪੂਰੇ ਸਮਰਪਣ ਤੇ ਦ੍ਰਿੜ੍ਹਤਾ ਨਾਲ ਕੀਤੀ ਮਿਹਨਤ ਦੀ ਸ਼ਲਾਘਾ ਕੀਤੀ। ਪਾਰਟੀ ਪ੍ਰਧਾਨ ਨੇ ਉਹਨਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹਲਕੇ ਤੋਂ ਪਾਰਟੀ ਉਮੀਦਵਾਰ ਵੀ ਐਲਾਨਿਆ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਪਾਰਟੀ ਕੇਡਰ ਤੇ ਉਤਸ਼ਾਹ ਤੇ ਹੌਂਸਲੇ ਨੂੰ ਵੇਖਦਿਆਂ ਸਪੱਸ਼ਟ ਹੋ ਗਿਆ ਹੈ ਕਿ ਪੰਜਾਬ ਵਿਚ ਇਕ ਅਜਿਹਾ ਤੂਫਾਨ ਸ਼ੁਰੂ ਹੋ ਗਿਆ ਹੈ ਇਸ ਮੌਕੇ ਕੀਤੇ ਵੱਡੇ ਐਲਾਨ ਵਿਚ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸੂਬੇ ਵਿਚ ਅਗਲੀਆਂ ਵਿਧਾਨ ਸਭਾ ਚੋਣਾਂ ਵਿਚ ਸੱਤਾ 'ਚ ਆਉਣ ਤੋਂ ਤੁਰੰਤ ਬਾਅਦ ਅਕਾਲੀ ਦਲ ਦੀ ਸਰਕਾਰ ਖਾਲੀ ਪਈਆਂ ਤਿੰਨ ਲੱਖ ਸਰਕਾਰੀ ਆਸਾਮੀਆਂ ਭਰੇਗੀ। ਉਹਨਾਂ ਕਿਹਾ ਕਿ ਇਹਨਾਂ ਆਸਾਮੀਆਂ ਵਿਚ ਸਿਰਫ ਪੰਜਾਬੀਆਂ ਦੀ ਭਰਤੀ ਕੀਤੀ ਜਾਵੇਗੀ ਅਤੇ ਆਮ ਆਦਮੀ ਪਾਰਟੀ (ਆਪ) ਸਰਕਾਰ ਵੱਲੋਂ ਬਾਹਰਲੇ ਲੋਕਾਂ ਦੀ ਭਰਤੀ ਵਾਸਤੇ ਲਿਆਂਦਾ ਗਿਆ ਕਾਨੂੰਨ ਖਾਰਜ ਕੀਤਾ ਜਾਵੇਗਾ। ਉਹਨਾਂ ਨੇ ਇਹ ਵੀ ਐਲਾਨ ਕੀਤਾ ਕਿ ਬੁਢਾਪਾ ਪੈਨਸ਼ਨ ਹਾਸਲ ਕਰਨ ਵਾਸਤੇ ਪੁਰਸ਼ਾਂ ਲਈ ਉਮਰ ਘਟਾ ਕੇ 60 ਸਾਲ ਅਤੇ ਔਰਤਾਂ ਲਈ 55 ਸਾਲ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਤਰਸੇਮ ਸਿੰਘ ਪਿਛਲੇ 35 ਸਾਲਾਂ ਤੋਂ ਕਾਂਗਰਸ ਪਾਰਟੀ ਦੇ ਮੈਂਬਰ ਰਹੇ ਹਨ। ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਉਹਨਾਂ ਨੇ ਪੰਜਾਬ ਲਈ ਕਾਰਜ ਯੋਜਨਾ ਤਿਆਰ ਕੀਤੀ ਹੈ। ਉਹਨਾਂ ਕਿਹਾ ਕਿ ਹੁਨਰ ਵਿਕਾਸ ਇਸ ਵੇਲੇ ਸਭ ਤੋਂ ਵੱਧ ਲੋੜੀਂਦਾ ਹੈ ਤੇ ਅਗਲੀ ਅਕਾਲੀ ਦਲ ਦੀ ਸਰਕਾਰ ਸਕਿੱਲ ਯੂਨੀਵਰਸਿਟੀ ਬਣਾਏਗੀ ਤੇ ਸਾਰੇ ਜ਼ਿਲ੍ਹਾ ਹੈਡਕੁਆਰਟਰਾਂ 'ਤੇ ਹੁਨਰ ਸਿਖਲਾਈ ਕੇਂਦਰ ਸਥਾਪਿਤ ਕਰੇਗੀ। ਉਹਨਾਂ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਆਪਣੇ ਉਦਮ ਸ਼ੁਰੂ ਕਰਨ ਵਾਸਤੇ ਵਿਆਜ਼ ਮੁਕਤ 10 ਲੱਖ ਰੁਪਏ ਦਾ ਕਰਜ਼ਾ ਦਿੱਤਾ ਜਾਵੇਗਾ ਅਤੇ ਸ਼ਗਨ ਸਕੀਮ ਤਹਿਤ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ ਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ।

# ਕੁੱਲ ਹਿੰਦ ਕਿਸਾਨ ਮਹਾਂਸਭਾ ਦੇ ਕੌਮੀ ਪ੍ਰਧਾਨ ਅਜਨਾਲਾ ਦਾ ਚੋਗਾਵਾਂ 'ਚ ਜ਼ੋਰਦਾਰ ਸਵਾਗਤ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਬਲਾਕ ਚੋਗਾਵਾਂ ਦੇ ਦਰਜਨਾਂ ਪਿੰਡਾਂ ਦੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਆਗੂਆਂ ਤੇ ਹੋਰਨਾਂ ਪਿੰਡਾਂ ਦੇ ਮੋਹਤਬਰਾਂ ਨੇ ਚੋਗਾਵਾਂ ਵਿਚ ਡਾਕਟਰ ਸਤਨਾਮ ਸਿੰਘ ਅਜਨਾਲਾ ਦਾ ਕੁੱਲ ਹਿੰਦ ਕਿਸਾਨ ਮਹਾਸਭਾ ਦਾ ਕੌਮੀ ਪ੍ਰਧਾਨ ਚੁਣੇ ਜਾਣ 'ਤੇ ਹਾਰਦਿਕ ਸਵਾਗਤ ਕੀਤਾ ਹੈ। ਵਿਰਸਾ ਸਿੰਘ ਟਪਿਆਲਾ ਤਹਿਸੀਲ ਸਕੱਤਰ ਜਮਹੂਰੀ ਕਿਸਾਨ ਸਭਾ, ਬਲਬੀਰ ਸਿੰਘ ਕੱਕੜ, ਵਿਸਾਖਾ ਸਿੰਘ ਭਗਵਾਂ ਤੇ ਅਮਰਜੀਤ ਸਿੰਘ ਭੀਲੋਵਾਲ ਦੀ ਅਗਵਾਈ ਵਿਚ ਡਾਕਟਰ ਸਤਨਾਮ ਸਿੰਘ ਅਜਨਾਲਾ ਨੂੰ ਚੋਗਾਵਾਂ ਪਹੁੰਚਣ 'ਤੇ ਫੁੱਲਾਂ ਦੀ ਵਰਖਾ ਕਰਕੇ ਹਾਰ ਅਤੇ ਇਨਕਲਾਬੀ ਵਧਾਈ ਵਜੋਂ ਸ਼ਾਲ ਭੇਟ ਕੀਤਾ ਗਿਆ। ਇਸ ਮੌਕੇ ਜੁੜੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਡਾਕਟਰ ਸਤਨਾਮ ਸਿੰਘ ਨੇ ਕਿਹਾ ਕਿ ਉਹ ਕਿਸਾਨਾਂ ਤੇ ਮਜ਼ਦੂਰਾਂ ਦੇ ਸੇਵਕ ਹਨ। ਉਨ੍ਹਾਂ ਨੇ ਸਵਾਗਤ ਕਰਨ ਲਈ ਸਾਰਿਆਂ ਦਾ ਧੰਨਵਾਦ ਕੀਤਾ। ਉੱਘੇ ਸਮਾਜ ਸੇਵਕ ਤੇ ਪੱਤਰਕਾਰ ਸ਼ਿਵ ਕੁਮਾਰ ਚੋਗਾਵਾਂ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਡਾਕਟਰ ਸਤਨਾਮ ਸਿੰਘ ਅਜਨਾਲਾ ਨੂੰ ਕੁੱਲ ਹਿੰਦ ਕਿਸਾਨ ਮਹਾਸਭਾ ਦਾ ਕੌਮੀ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੱਤੀ ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਮੁੱਖ ਆਗੂ ਵਿਕਰਮਜੀਤ ਸਿੰਘ ਕੋਹਾਲੀ, ਬਾਬਾ ਮੰਗਲ ਸਿੰਘ ਕੱਕੜ, ਗੁਰਮੁਖ ਸਿੰਘ, ਫੁੰਮਨ ਸਿੰਘ, ਜਗਰੂਪ ਸਿੰਘ ਕੁਹਾਲੀ, ਸੰਤੋਖ ਸਿੰਘ ਬੱਚੀਵਿੰਡ, ਹਰਵਿੰਦਰ ਸਿੰਘ ਬੱਚੀ ਵਿੰਡ, ਲਖਬੀਰ ਸਿੰਘ, ਸਰਦੂਲ ਸਿੰਘ, ਬਿੱਲਾ ਸਿੰਘ, ਗੁਰਨਾਮ ਸਿੰਘ ਤੱਲੇ ਵੀ ਹਾਜ਼ਰ ਸਨ ।

# ਤਰਸਿੱਕਾ, ਖੁਜਾਲਾ ਤੇ ਸੈਦੋ ਲਹਿਲ 'ਚ ਮੀਰੀ-ਪੀਰੀ ਮਾਰਚ ਦਾ ਸਵਾਗਤ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਸ੍ਰੀ ਅਕਾਲ ਤਖਤ ਸਾਹਿਬ ਤੋਂ ਸ਼ੁਰੂ ਹੋਏ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਪਿੰਡ ਤਰਸਿਕਾ, ਖੁਜਾਲਾ, ਸੈਦੋ ਲੇਹਲ, ਜਬੋਵਾਲ ਵਿਖੇ ਪਹੁੰਚਣ ਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਅੱਡਾ ਖੁਜਲਾ ਵਿਖੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਗੁਰਮਤਿ ਦੇ ਆਸ਼ੇ ਮੁਤਾਬਕ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਦਿੱਤੀ।ਸੰਗਤਾਂ ਵੱਲੋਂ ਬੜੇ ਹੀ ਉਤਸ਼ਾਹ ਨਾਲ ਜਲ ਪਾਣੀ ਦੀ ਸੰਗਤਾਂ ਦੀ ਸੇਵਾ ਕੀਤੀ ਗਈ ਅਤੇ ਸਿੰਘ ਸਾਹਿਬ ਜਥੇਦਾਰ ਕੁਲਦੀਪ ਸਿੰਘ ਗੜਗੱਜ, ਪੰਜ ਪਿਆਰੇ ਸਾਹਿਬਾਨ ਅਤੇ ਹੋਰ ਸੇਵਾਦਾਰਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲੇ ਭੇਟ ਕੀਤੇ ਗਏ। ਸਿੰਘ ਸਾਹਿਬ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਅੰਮ੍ਰਿਤਧਾਰੀ ਹੋ ਕੇ ਕਿਰਤ ਕਮਾਈ ਕਰਨ ਦੀ ਸੰਗਤਾਂ ਨੂੰ ਅਪੀਲ ਕੀਤੀ।

# ਗਲਤ ਅਨਸਰ ਦਿਖਾਈ ਦੇਣ ਤਾਂ ਇਸ ਦੀ ਸੂਚਨਾ ਥਾਣੇ ਦਿਉ : ਥਾਣਾ ਮੁਖੀ

ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)- ਥਾਣਾ ਢਿਲਵਾਂ ਦੇ ਮੁਖੀ ਜਸਦੀਪ ਸਿੰਘ ਨੇ ਢਿਲਵਾਂ ਦੇ ਦੁਕਾਨਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਮੀਟਿੰਗ ਵਿੱਚ ਉਹਨਾਂ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਹਨਾਂ ਮੁਸ਼ਕਲਾਂ ਨੂੰ ਹੱਲ ਕਰਨ ਦਾ ਵੀ ਵਾਅਦਾ ਕੀਤਾ। ਇਸ ਮੌਕੇ ਉਹਨਾਂ ਦੱਸਿਆ ਕਿ ਢਿਲਵਾਂ ਬਾਜ਼ਾਰ ਵਿੱਚ ਬਿਨਾਂ ਨੰਬਰੀ ਜੋ ਮੋਟਰਸਾਈਕਲ ਸਵਾਰ ਮੋਟਰਸਾਈਕਲ ਲੈ ਕੇ ਘੁੰਮਦੇ ਹਨ ਅਤੇ ਮੋਟਰਸਾਈਕਲਾਂ ਤੇ ਤਿੰਨ ਤਿੰਨ ਜਣੇ ਵੀ ਸਵਾਰ ਹੁੰਦੇ ਹਨ, ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ। ਉਹਨਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਤੁਹਾਨੂੰ ਬਾਜ਼ਾਰ ਵਿੱਚ ਕੋਈ ਬਿਨਾਂ ਨੰਬਰੀ ਮੋਟਰਸਾਈਕਲ ਦਿਖਾਈ ਦਿੰਦਾ ਹੈ, ਜਾਂ ਕੋਈ ਗਲਤ ਅਨਸਰ ਦਿਖਾਈ ਦਿੰਦਾ ਹੈ ਤਾਂ ਉਹਦੀ ਸੂਚਨਾ ਤੁਰੰਤ ਥਾਣੇ ਦਿਉ। ਉਸ ਦੀ ਪਹਿਚਾਣ ਗੁਪਤ ਰੱਖੀ ਜਾਊਗੀ। ਉਹਨਾਂ ਕਿਹਾ ਕਿ ਜਲਦੀ ਹੀ ਬਾਜ਼ਾਰ ਵਿੱਚ ਦੋ ਪੁਲਸ ਮੁਲਾਜ਼ਮ ਤੁਹਾਡੀ ਸੁਰੱਖਿਆ ਵਾਸਤੇ ਤਾਇਨਾਤ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਵਿੰਦਰ ਸਿੰਘ ਏ ਐਸ ਆਈ, ਬਲਜੀਤ ਸਿੰਘ ਢਿੱਲੋਂ ਸਿਟੀ ਪ੍ਰਧਾਨ, ਸਵਿੰਦਰ ਪਾਲ ਸੁਖੀਜਾ, ਜੋਗਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਦੁਕਾਨਦਾਰ ਹਾਜ਼ਰ ਸਨ।

# ਮੀਰੀ-ਪੀਰੀ ਖਾਲਸਾ ਮਾਰਚ ਦਾ ਪ੍ਰਿੰ. ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਨਿੱਘਾ ਸਵਾਗਤ



ਧਾਰੀਵਾਲ (ਮਨਦੀਪ ਵਿੱਕੀ)-ਮੀਰੀ-ਪੀਰੀ ਦਿਵਸ ਦੇ ਪਾਵਨ ਅਵਸਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਆਰੰਭ ਕੀਤੇ ਗਏ ਮੀਰੀ-ਪੀਰੀ ਖਾਲਸਾ ਮਾਰਚ ਨਗਰ ਕੀਰਤਨ ਦਾ ਇਤਿਹਾਸਕ ਅਸਥਾਨ ਗੁਰਦੁਆਰਾ ਬੁਰਜ ਸਾਹਿਬ ਵਿਖੇ ਪਹੁੰਚਣ 'ਤੇ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸਨੰਗਲ ਗੁਰਦਾਸਪੁਰ ਵੱਲੋਂ ਪ੍ਰਿੰਸੀਪਲ ਬਿਕਰਮਜੀਤ ਸਿੰਘ ਦੀ ਅਗਵਾਈ ਹੇਠ ਸਮੂਹ ਸਟਾਫ, ਵਿਦਿਆਰਥੀਆਂ, ਸਕੂਲ ਦੀ ਬੈਂਡ ਟੀਮ ਵੱਲੋਂ ਖਾਲਸਾ ਮਾਰਚ ਦਾ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਬਿਕਰਮਜੀਤ ਸਿੰਘ, ਸਕੂਲ ਦੇ ਸਮੂਹ ਅਧਿਆਪਕ, ਕਰਮਚਾਰੀ ਅਤੇ ਵਿਦਿਆਰਥੀਆਂ ਨੇ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਤਮਸਤਕ ਹੋ ਕੇ ਸਕੂਲ, ਵਿਦਿਆਰਥੀਆਂ ਅਤੇ ਸਮੂਹ ਮਨੁੱਖਤਾ ਦੀ ਚੜ੍ਹਦੀ ਕਲਾ, ਸੁੱਖ-ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ। ਪ੍ਰਿੰਸੀਪਲ ਬਿਕਰਮਜੀਤ ਸਿੰਘ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਭਾਈ ਕੁਲਦੀਪ ਸਿੰਘ ਗੜਗੱਜ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਦੇ ਮੈਨੇਜਰ ਸਤਨਾਮ ਸਿੰਘ, ਗੁਰਦੁਆਰਾ ਡੇਰਾ ਬਾਬਾ ਨਾਨਕ ਦੇ ਮੈਨੇਜਰ ਰਣਜੀਤ ਸਿੰਘ ਕਲਿਆਨਪੁਰ, ਬੀਬੀ ਜਸਬੀਰ ਕੌਰ ਜਫਰਵਾਲ ਮੈਂਬਰ ਸ਼੍ਰੋਮਣੀ ਕਮੇਟੀ, ਡਾ.ਗੁਰਜੀਤ ਸਿੰਘ ਪ੍ਰਿੰਸੀਪਲ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸ ਨੰਗਲ, ਜਗਰੂਪ ਸਿੰਘ ਪ੍ਰਚਾਰਕ, ਰਣਜੀਤ ਸਿੰਘ ਪ੍ਰਚਾਰਕ, ਗੁਰਵਿੰਦਰ ਸਿੰਘ ਪ੍ਰਚਾਰਕ, ਬੀਬੀ ਰਾਜਬੀਰ ਕੌਰ ਪ੍ਰਚਾਰਕ ਆਦਿ ਹਾਜ਼ਰ ਸਨ।

# ਸਵੀਪ ਟੀਮ ਵੱਲੋਂ ਵੋਟਰ ਜਾਗਰੂਕਤਾ ਪ੍ਰੋਗਰਾਮ

ਪਠਾਨਕੋਟ (ਦਵਿੰਦਰ ਸਿੰਘ) ਪੰਜਾਬ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲ੍ਹਾ ਚੋਣ ਅਧਿਕਾਰੀ ਡਾ. ਪੱਲਵੀ ਅਤੇ ਐਸ.ਡੀ.ਐਮ. ਧਾਰ ਕਲਾਂ ਸ਼ੰਕਰ ਸ਼ਰਮਾ ਦੀਆਂ ਹਦਾਇਤਾਂ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੁਨੇਰਾ ਵਿੱਚ ਸਵੀਪ ਦੇ ਜ਼ਿਲ੍ਹਾ ਨੋਡਲ ਅਧਿਕਾਰੀ ਡਾ. ਗੁਰਪ੍ਰੀਤ ਸਿੰਘ ਦੀ ਦੇਖ-ਰੇਖ ਹੇਠ ਵਿਸ਼ੇਸ਼ ਵੋਟਰ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਸੈਮੀਨਾਰ ਦੌਰਾਨ ਵਿਦਿਆਰਥੀਆਂ ਅਤੇ ਵੋਟਰਾਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ, ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ, ਵੋਟਰ ਸੂਚੀ ਵਿੱਚ ਆਪਣੇ ਨਾਮ ਦੀ ਜਾਂਚ ਕਰਨ, ਲੋੜੀਂਦੀਆਂ ਸੋਧਾਂ ਕਰਵਾਉਣ ਅਤੇ ਆਪਣੇ ਮਤਾਧਿਕਾਰ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਸੰਬੰਧੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਲਈ ਵੀ ਪ੍ਰੇਰਿਤ ਕੀਤਾ ਗਿਆ।ਵਿਧਾਨ ਸਭਾ ਹਲਕਾ ਨੋਡਲ ਅਧਿਕਾਰੀ ਦੀਪਕ ਕੁਮਾਰ, ਸੰਦੀਪ ਡੋਗਰਾ, ਸੰਜੀਵ, ਵਿਕਰਮ ਅਤੇ ਸਵੀਪ ਟੀਮ ਵੱਲੋਂ ਵਿਦਿਆਰਥੀਆਂ ਨੂੰ ਵੋਟਰ ਜਾਗਰੂਕਤਾ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਆਪਣੇ ਮਤਾਧਿਕਾਰ ਪ੍ਰਤੀ ਜਾਗਰੂਕ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਨੰਦ ਲਾਲ ਅਤੇ ਸਮੂਹ ਸਟਾਫ਼ ਵੱਲੋਂ ਵੋਟਰ ਜਾਗਰੂਕਤਾ ਸੈਮੀਨਾਰ ਨੂੰ ਸਫਲ ਬਣਾਉਣ ਲਈ ਪੂਰਾ ਸਹਿਯੋਗ ਦਿੱਤਾ ਗਿਆ।

# ਚੇਅਰਮੈਨ ਬਿਕਰਮਜੀਤ ਸਿੰਘ ਕੋਹਾੜ ਦੀ ਤਾਜਪੋਸ਼ੀ 28 ਨੂੰ

ਢਿਲਵਾਂ (ਪਲਵਿੰਦਰ ਸਿੰਘ ਜੈ ਰਾਮ ਪੁਰ)-ਮਾਰਕਿਟ ਕਮੇਟੀ ਢਿਲਵਾਂ ਦੇ ਚੇਅਰਮੈਨ ਬਿਕਰਮਜੀਤ ਸਿੰਘ ਕੋਹਾੜ ਦੀ ਤਾਜਪੋਸ਼ੀ 28 ਸਤੰਬਰ ਨੂੰ ਦਾਣਾ ਮੰਡੀ ਢਿਲਵਾਂ ਵਿਖੇ ਹੋਵੇਗੀ। ਬਲਜੀਤ ਸਿੰਘ ਢਿੱਲੋਂ ਸਿਟੀ ਪ੍ਰਧਾਨ, ਵਿੱਕੀ ਭੰਵਰਾ ਹਲਕਾ ਕੋਆਰਡੀਨੇਟਰ ਨੇ ਦੱਸਿਆ ਕਿ ਇਸ ਮੌਕੇ 9-30 ਵਜੇ ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੀ ਆਰੰਭਤਾ ਹੋਵੇਗੀ। ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਕੀਰਤਨ 11 ਵਜੇ ਤੋਂ 11-30 ਤੱਕ ਹੋਵੇਗਾ। ਚਾਹ ਦਾ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਹਲਕਾ ਇੰਚਾਰਜ ਹਰਸਿਮਰਨ ਸਿੰਘ ਘੁੰਮਣ ਵਿਸ਼ੇਸ਼ ਤੌਰ 'ਤੇ ਪੁੱਜਣਗੇ ।

# ਨਸ਼ੇ ਦਾ ਸੇਵਨ ਕਰਦਾ ਕਾਬੂ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**-ਢਿਲਵਾਂ ਪੁਲਸ ਨੇ ਨਸ਼ਾ ਕਰਦੇ ਵਿਅਕਤੀ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ ਢਿਲਵਾਂ ਜਸਦੀਪ ਸਿੰਘ ਨੇ ਦੱਸਿਆ ਕਿ ਜਦੋਂ ਸਬ ਇੰਸਪੈਕਟਰ ਕੁਲਦੀਪ ਸਿੰਘ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਨੈਸ਼ਨਲ ਹਾਈਵੇ ਆਰਮੀ ਸਕੂਲ ਗੁਡਾਣਾ ਤੋਂ ਥੋੜ੍ਹਾ ਦੂਰ ਪੁੱਜੀ ਤਾਂ ਇੱਕ ਵਿਅਕਤੀ ਰੋਡ ਕਿਨਾਰੇ ਨਸ਼ੇ ਦਾ ਸੇਵਨ ਕਰ ਰਿਹਾ ਸੀ। ਜਿਸ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ, ਜਿਸ ਨੇ ਆਪਣਾ ਨਾਮ ਗੁਰਪ੍ਰੀਤ ਸਿੰਘ ਪਿੰਡ ਡੋਗਰਾਂਵਾਲ ਥਾਣਾ ਸੁਭਾਨਪੁਰ ਜ਼ਿਲਾ ਕਪੂਰਥਲਾ ਦੱਸਿਆ। ਜਿਸ ਪਾਸੋਂ ਇੱਕ ਜਲਿਆ ਹੋਇਆ ਸਿਲਵਰ ਪੇਪਰ ਹੈਰੋਇਨ ਲੱਗਾ ਹੋਇਆ, ਇੱਕ 10 ਰੁਪਏ ਦਾ ਨੋਟ, ਇੱਕ ਲਾਈਟਰ ਬਰਾਮਦ ਹੋਇਆ। ਜਿਸ 'ਤੇ ਉਕਤ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ ਹੈ

# ਸੁਖਰਾਜ ਸਿੰਘ ਕਾਕਾ ਦੇ ਮੁੱਖ ਸ਼ੂਟਰ ਕੋਲੋਂ ਇੱਕ ਹੋਰ ਪਿਸਤੌਲ ਤੇ ਮੈਗਜ਼ੀਨ ਬਰਾਮਦ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਡੇਰਾ ਬਾਬਾ ਨਾਨਕ ਪੁਲਸ ਵੱਲੋਂ ਬੀਤੇ ਦਿਨੀ ਪਿੰਡ ਪੱਡਾ ਦੇ ਨੌਜਵਾਨ ਸੁਖਰਾਜ ਸਿੰਘ ਉਰਫ ਕਾਕਾ ਦੇ ਹੋਏ ਕਤਲ ਮਾਮਲੇ ਵਿੱਚ ਲੋੜੀਂਦੇ ਦੋ ਮੁਲਜ਼ਮਾਂ ਨੂੰ ਇੱਕ ਸਵਿਫਟ ਕਾਰ ਅਤੇ ਇੱਕ 30 ਬੋਰ ਪਿਸਤੌਲ ਸਮੇਤ ਗ੍ਰਿਫਤਾਰ ਕਰਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਤਿੰਨ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਸੀ।ਰਿਮਾਂਡ ਦੌਰਾਨ ਪੁਲਸ ਨੇ ਸਫਲਤਾ ਹਾਸਲ ਕਰਦਿਆਂ ਸੁਖਰਾਜ ਸਿੰਘ ਕਾਕਾ ਦੇ ਮੁੱਖ ਸ਼ੂਟਰ ਕੋਲੋਂ ਇੱਕ ਹੋਰ 32 ਬੋਰ ਪਿਸਤੌਲ ਅਤੇ ਮੈਗਜ਼ੀਨ ਬਰਾਮਦ ਕੀਤਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਸ ਐਚ ਓ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਬੀਤੇ ਦਿਨੀ ਪਿੰਡ ਪੱਡਾ ਦੇ ਵਿੱਚ ਸੁਖਰਾਜ ਸਿੰਘ ਕਾਕਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ ਤੇ ਉਸ ਕਤਲ ਕੇਸ ਵਿੱਚ ਤਿੰਨ ਵਿਅਕਤੀਆਂ ਦੇ ਖਿਲਾਫ ਬਾਈ ਨੇਮ ਅਤੇ ਦੋ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕਰਕੇ ਦੋ ਮੁਲਜ਼ਮਾਂ ਨੂੰ ਇਕ ਸਵਿਫਟ ਕਾਰ ਅਤੇ ਇਕ 30 ਬੋਰ ਪਿਸਤੌਲ ਸਮੇਤ ਗ੍ਰਿਫਤਾਰ ਕੀਤਾ ਗਿਆ।

ਮੁੱਖ ਸ਼ੂਟਰ ਰਵਿੰਦਰ ਸਿੰਘ ਉਰਫ ਕਾਕਾ ਕੋਲੋਂ ਹੋਰ ਸਖ਼ਤੀ ਨਾਲ ਪੁੱਛਗਿੱਛ ਕੀਤੀ ਗਈ ਤਾਂ ਉਸ ਕੋਲੋਂ ਇੱਕ ਹੋਰ 32 ਬੋਰ ਪਿਸਤੌਲ ਅਤੇ ਇੱਕ ਮੈਗਜ਼ੀਨ ਬਰਾਮਦ ਕੀਤਾ ਗਿਆ ਹੈ।ਪੁਲਸ ਵੱਲੋਂ ਉਸ ਖਿਲਾਫ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਤੇ ਜਿਸ ਨੂੰ ਫਿਰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਰਿਮਾਂਡ ਦੌਰਾਨ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# 'ਖੇਡਾਂ ਵਤਨ ਪੰਜਾਬ ਦੀਆਂ-2026' ਦੇ ਖੇਡ ਮੁਕਾਬਲਿਆਂ ਦਾ ਸ਼ਡਿਊਲ ਜਾਰੀ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਸੰਬੰਧੀ ਜ਼ਿਲ੍ਹਾ ਖੇਡ ਅਫ਼ਸਰ ਵੱਲੋਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦਾ ਸ਼ਡਿਊਲ ਜਾਰੀ ਕੀਤਾ ਗਿਆ ਹੈ। ਸ਼ਡਿਊਲ ਅਨੁਸਾਰ ਅਥਲੈਟਿਕਸ ਦੇ ਮੁਕਾਬਲੇ ਗੁਰੂ ਨਾਨਕ ਸਟੇਡੀਅਮ, ਕਪੂਰਥਲਾ ਵਿਖੇ 28 ਸਤੰਬਰ ਨੂੰ ਅੰਡਰ 14, 17, 21, 21-30 ਸਾਲ ਲੜਕੇ, 29 ਸਤੰਬਰ ਨੂੰ ਅੰਡਰ 14, 17, 21, 21-30 ਸਾਲ ਲੜਕੀਆਂ ਅਤੇ 30 ਸਤੰਬਰ ਨੂੰ 31-40, 41-50, 51-60, 61-70 ਅਤੇ 70+ ਮਰਦ/ਮਹਿਲਾਵਾਂ ਦੇ ਹੋਣਗੇ। [illegible] ਸਟੇਡੀਅਮ ਵਿਖੇ ਹੀ ਬਾਸਕਟਬਾਲ ਦੇ ਮੁਕਾਬਲੇ ਮਿਤੀ 01.10.2026 ਤੋਂ 03.10.2026 ਤੱਕ [illegible] ਮਿਤੀ 28.09.2026 ਤੋਂ [illegible] ਬੈਡਮਿੰਟਨ ਮੁਕਾਬਲੇ [illegible] ਮਿਤੀ 28 ਸਤੰਬਰ ਤੋਂ 30 ਸਤੰਬਰ ਤੱਕ [illegible] ਸਤੰਬਰ ਨੂੰ ਹੋਵੇਗਾ। [illegible] ਮਿਤੀ 1-2 ਅਕਤੂਬਰ ਨੂੰ ਕਰਵਾਈ ਜਾਵੇਗੀ।

# ਡਿਪਟੀ ਕਮਿਸ਼ਨਰ ਨੇ ਵੋਟਿੰਗ ਮਸ਼ੀਨਾਂ ਦੇ ਰੱਖ-ਰਖਾਅ ਤੇ ਸੁਰੱਖਿਆ ਦਾ ਲਿਆ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ [illegible] ਵੱਲੋਂ ਜ਼ਿਲ੍ਹਾ ਪੱਧਰੀ ਇਲੈਕਟ੍ਰਾਨਿਕ ਵੋਟਿੰਗ ਮਸ਼ੀਨ (ਈ.ਵੀ.ਐਮ.)



ਵੇਅਰ ਹਾਊਸ ਦਾ ਤਿਮਾਹੀ ਨਿਰੀਖਣ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਮੌਜੂਦ ਸਨ। ਨਿਰੀਖਣ ਦੌਰਾਨ [illegible] ਵੇਅਰ ਹਾਊਸ ਵਿੱਚ ਸਟੋਰ ਕੀਤੀਆਂ ਵੋਟਿੰਗ ਮਸ਼ੀਨਾਂ [illegible] ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੇਅਰਹਾਊਸ ਵਿੱਚ ਵੋਟਿੰਗ ਮਸ਼ੀਨਾਂ ਦੀ ਨਿਗਰਾਨੀ ਲਈ ਲਾਏ ਗਏ ਸੀ ਸੀ ਟੀ ਵੀ ਕੈਮਰਿਆਂ, ਅੱਗ ਬੁਝਾਊ ਯੰਤਰਾਂ, [illegible] ਸਮੇਤ ਹੋਰ ਸੁਰੱਖਿਆ ਇੰਤਜ਼ਾਮਾਂ ਦੀ ਬਾਰੀਕੀ ਨਾਲ ਜਾਂਚ ਕੀਤੀ।

# ਬਾਵਨ ਦੁਆਦਸ਼ੀ ਦੇ ਤਿਉਹਾਰ ਮੌਕੇ ਧਾਰਮਿਕ ਸਮਾਗਮ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਵਿਖੇ ਬਾਵਨ ਦੁਆਦਸ਼ੀ ਦੇ ਪਵਿੱਤਰ ਮੌਕੇ ਡੇਰਾਬੱਸੀ [illegible] ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। [illegible] ਨੂੰ ਆਪਣੀ ਵਿਰਾਸਤ ਅਤੇ ਰਵਾਇਤਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਗੁਰਤੇਜ ਸਿੰਘ ਬੈਨੀਪਾਲ ਅਤੇ ਰੇਡੀ ਬੈਨੀਪਾਲ ਨੇ ਕਿਹਾ ਕਿ ਸਾਲ 2021 ਵਿੱਚ ਡੇਰਾਬੱਸੀ ਦੀ ਰਾਮਤਲਾਈ ਵਿਖੇ ਬਾਵਨ ਦੁਆਦਸ਼ੀ ਦਾ ਤਿਉਹਾਰ [illegible] ਉਨ੍ਹਾਂ ਕਿਹਾ ਕਿ ਹਰ ਵਰ੍ਹੇ ਇਸ ਰਵਾਇਤੀ ਤਿਉਹਾਰ ਨੂੰ ਉਸੇ ਤਰ੍ਹਾਂ ਸ਼ਰਧਾ ਨਾਲ ਮਨਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਾਲ 2027 ਵਿੱਚ ਕਾਂਗਰਸ ਸਰਕਾਰ ਬਣਨ ਉਪਰੰਤ ਡੇਰਾਬੱਸੀ ਵਿਖੇ ਬਾਵਨ ਦੁਆਦਸ਼ੀ ਦਾ ਮੇਲਾ ਹੋਰ ਵੀ ਧੂਮਧਾਮ ਨਾਲ ਕਰਵਾਉਣ ਲਈ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਰਾਮਤਲਾਈ ਸ਼੍ਰੀਰਾਮਲੀਲਾ ਕਮੇਟੀ ਦੇ ਪ੍ਰਧਾਨ ਸੁਸ਼ੀਲ ਕੁਮਾਰ ਨੇ ਗੁਰਤੇਜ ਸਿੰਘ ਬੈਨੀਪਾਲ ਦਾ ਧੰਨਵਾਦ ਵੀ ਕੀਤਾ ਗਿਆ। [illegible]



ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਇਸ ਮੌਕੇ ਗੁਰਤੇਜ ਸਿੰਘ ਬੈਨੀਪਾਲ ਅਤੇ ਰੇਡੀ ਬੈਨੀਪਾਲ ਨੇ ਸਮਾਗਮ ਕਰਵਾਉਣ ਵਾਲੀ ਸੰਸਥਾ ਰਾਮਤਲਾਈ ਸ਼੍ਰੀਰਾਮਲੀਲਾ ਕਮੇਟੀ ਨੂੰ ਆਪਣੀ ਵੱਲੋਂ 11 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਭੇਟ ਕੀਤੀ। ਉਨ੍ਹਾਂ ਨੇ ਪ੍ਰਬੰਧਕਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਨਵੀਂ ਪੀੜ੍ਹੀ [illegible] ਜਾਵੇਗਾ। ਇਸ ਮੌਕੇ [illegible] ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

# ਰਜਵੰਤ ਧਾਮੀ ਮਹਿਲਾ ਵਿੰਗ ਦੀ ਕੋਆਰਡੀਨੇਟਰ ਨਿਯੁਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵੱਲੋਂ ਮਹਿਲਾ ਆਗੂ ਰਜਵੰਤ ਕੌਰ ਧਾਮੀ ਨੂੰ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੀ ਮਹਿਲਾ ਵਿੰਗ ਦੀ



ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਪ੍ਰਤੀ ਰਜਵੰਤ ਕੌਰ ਧਾਮੀ ਵੱਲੋਂ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਡਾਕਟਰ ਰਵਜੋਤ ਸਿੰਘ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਜਿਹੜੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਸ ਨੂੰ ਤਨਦੇਹੀ ਨਾਲ ਨਿਭਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਜਾਵੇਗਾ ਅਤੇ ਮਹਿਲਾਵਾਂ ਨੂੰ ਲਾਮਬੰਦ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਡਾਕਟਰ ਰਵਜੋਤ ਸਿੰਘ ਵੱਲੋਂ ਹਲਕਾ ਸ਼ਾਮਚੁਰਾਸੀ ਦੀ ਨੁਹਾਰ ਬਦਲਣ ਲਈ ਵੱਡੇ ਕਾਰਜ ਕੀਤੇ ਗਏ ਹਨ। [illegible] ਵਿਕਾਸ ਕਾਰਜਾਂ ਤਹਿਤ ਲੋਕਾਂ ਤੱਕ ਸਹੂਲਤਾਂ ਪਹੁੰਚਾਈਆਂ ਜਾ ਰਹੀਆਂ ਹਨ।

# ਭਗਤ ਨੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਵਰਿੰਦਾਵਨ ਧਾਮ ਲਈ ਬੱਸ ਕੀਤੀ ਰਵਾਨਾ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਵਰਿੰਦਾਵਨ ਧਾਮ ਲਈ ਇਕ ਹੋਰ ਬੱਸ ਰਵਾਨਾ ਕੀਤੀ ਗਈ। ਇਸ ਮੌਕੇ



[illegible] ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਇਹ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਇਕ ਨਿਵੇਕਲੀ ਤੇ ਵਿਲੱਖਣ ਪਹਿਲਕਦਮੀ ਹੈ, ਜੋ ਲੋਕਾਂ ਦੀ ਆਪਣੇ ਸਭ-ਸੰਬੰਧੀਆਂ ਨਾਲ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦੇ ਸੁਪਨੇ ਨੂੰ ਸੱਚ ਕਰਨ ਵਿੱਚ ਮਦਦ ਕਰ ਰਹੀ ਹੈ। [illegible] ਤੀਰਥ ਯਾਤਰਾ ਤੋਂ ਮੁਫ਼ਤ ਉਪਰੰਤ ਆਪਣੇ ਆਪ ਨੂੰ ਵੱਡਭਾਗਾ ਮਹਿਸੂਸ ਕਰ ਰਹੇ ਹਨ।

# ਜ਼ਿਲ੍ਹੇ 'ਚ ਝੋਨੇ ਦੀ ਸਰਕਾਰੀ ਖ਼ਰੀਦ 1 ਅਕਤੂਬਰ ਤੋਂ ਹੋਵੇਗੀ ਸ਼ੁਰੂ : ਡਿਪਟੀ ਕਮਿਸ਼ਨਰ

**ਜਲੰਧਰ (ਇਕਬਾਲ ਸਿੰਘ ਉੱਭੀ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ 1 ਅਕਤੂਬਰ ਤੋਂ ਸ਼ੁਰੂ ਹੋ ਰਹੀ ਹੈ ਅਤੇ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਕੋਈ ਦਿੱਕਤ ਪੇਸ਼ ਨਾ ਆਵੇ, ਇਸ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਵਾਰ ਕਰੀਬ 10.84 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ, ਜਿਸ ਦੀ ਸੁਚਾਰੂ ਅਤੇ ਨਿਰਵਿਘਨ ਖ਼ਰੀਦ ਲਈ 78 ਰੈਗੂਲਰ ਮੰਡੀਆਂ ਨੂੰ ਖ਼ਰੀਦ ਕੇਂਦਰ ਵਜੋਂ ਨੋਟੀਫਾਈ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਝੋਨੇ ਲਈ ਨਮੀ ਦੀ ਹੱਦ 17 ਪ੍ਰਤੀਸ਼ਤ ਮਿਥੀ ਗਈ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦੀ ਸੁੱਕੀ ਫ਼ਸਲ ਹੀ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਨਿਰਵਿਘਨ ਅਤੇ ਸੁਚਾਰੂ ਖ਼ਰੀਦ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨ ਹਾਰਵੈਸਟਰਾਂ ਦੇ ਚੱਲਣ 'ਤੇ ਪਾਬੰਦੀ ਲਗਾਈ ਗਈ ਹੈ, ਤਾਂ ਜੋ ਗਿੱਲੇ ਝੋਨੇ ਦੀ ਵਾਢੀ ਨਾ ਹੋ ਸਕੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੁੱਕਾ ਝੋਨਾ ਮੰਡੀਆਂ ਵਿੱਚ ਲੈ ਕੇ ਆਉਣ ਨਾਲ ਉਨ੍ਹਾਂ ਦੀ ਫ਼ਸਲ ਦੀ ਨਾਲੋ-ਨਾਲ ਖ਼ਰੀਦ ਹੋ ਸਕੇਗੀ ਅਤੇ ਉਨ੍ਹਾਂ ਨੂੰ ਜ਼ਿਆਦਾ ਦੇਰ ਮੰਡੀਆਂ ਵਿੱਚ ਬੈਠਣਾ ਨਹੀਂ ਪਵੇਗਾ। ਉਨ੍ਹਾਂ ਕਿਹਾ ਕਿ ਮੰਡੀਆਂ ਸੁੱਕਾ ਝੋਨਾ ਆਉਣ ਨਾਲ ਫ਼ਸਲ ਦੀ ਲਿਫ਼ਟਿੰਗ ਵਿੱਚ ਵੀ ਤੇਜ਼ੀ ਆਵੇਗੀ। ਡਿਪਟੀ ਕਮਿਸ਼ਨਰ ਨੇ ਸਮੂਹ ਕਿਸਾਨਾਂ ਨੂੰ ਝੋਨੇ ਦੀ ਕਟਾਈ ਤੋਂ ਬਾਅਦ ਬਚਦੀ ਪਰਾਲੀ ਅਤੇ ਹੋਰ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਨੂੰ ਸਾੜਨ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕੀਤਾ ਜਾਵੇ।

# ਪੰਜਾਬ ਨੂੰ ਨਸ਼ਾ ਮੁਕਤ ਕਰਕੇ ਭਾਜਪਾ ਪੰਜਾਬੀਆਂ ਦੀ ਸੁਰੱਖਿਆ, ਸੁਵਿਧਾਵਾਂ ਅਤੇ ਵਿਕਾਸ ਦੀ ਜ਼ਿੰਮੇਵਾਰੀ ਨਿਭਾਏਗੀ : ਅਸ਼ੋਕ ਸਰੀਨ ਹਿੱਕੀ

**ਜਲੰਧਰ (ਸ਼ੈਲੀ ਐਲਬਰਟ)**- ਭਾਰਤੀ ਜਨਤਾ ਪਾਰਟੀ ਜਲੰਧਰ ਸ਼ਹਿਰੀ ਦੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਸਰੀਨ ਹਿੱਕੀ ਦੀ ਅਗਵਾਈ ਹੇਠ ਅੱਜ ਪਰਾਗਪੁਰ ਜੀ.ਟੀ. ਰੋਡ ਸਥਿਤ ਵਿਖੇ 30 ਸਤੰਬਰ ਨੂੰ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਦੀ ਪ੍ਰਸਤਾਵਿਤ ਵਿਸ਼ਾਲ ਨਸ਼ਾ ਮੁਕਤੀ ਮਹਾਰੈਲੀ ਦੀਆਂ ਤਿਆਰੀਆਂ ਦਾ ਵਿਧੀਵਤ ਆਗਾਜ਼ ਕੀਤਾ ਗਿਆ। ਇਸ ਮੌਕੇ ਹਵਨ-ਯੱਗ, ਅਰਦਾਸ ਅਤੇ ਹਨੂਮਾਨ ਚਾਲੀਸਾ ਦਾ ਪਾਠ ਕਰਕੇ ਪ੍ਰੋਗਰਾਮ ਦੀ ਸਫਲਤਾ ਅਤੇ ਪੰਜਾਬ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ ਗਈ।



ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਪਰਾਗਪੁਰ ਵਿੱਚ ਹੋਣ ਵਾਲੀ ਇਹ ਇਤਿਹਾਸਕ ਮਹਾਰੈਲੀ ਪੰਜਾਬ ਦੇ ਭਵਿੱਖ ਦੀ ਦਿਸ਼ਾ ਤੈਅ ਕਰਨ ਵਾਲੀ ਰੈਲੀ ਸਾਬਤ ਹੋਵੇਗੀ। ਉਨ੍ਹਾਂ ਦੱਸਿਆ ਕਿ ਰੈਲੀ ਲਈ ਕਰੀਬ 50 ਏਕੜ ਜ਼ਮੀਨ 'ਤੇ ਵੱਡੇ ਪੱਧਰ 'ਤੇ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਪੰਜਾਬ ਦੇ ਕੋਨੇ-ਕੋਨੇ ਤੋਂ ਆਉਣ ਵਾਲੇ ਹਜ਼ਾਰਾਂ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਰਾਜ ਸਭਾ ਮੈਂਬਰ ਅਸ਼ੋਕ ਮਿੱਤਲ, ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ [illegible], ਸਾਬਕਾ ਸਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ, ਸਾਬਕਾ ਸੰਸਦੀ ਸਕੱਤਰ ਕ੍ਰਿਸ਼ਨ ਦੇਵ ਭੰਡਾਰੀ, ਭਾਜਪਾ ਜਲੰਧਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਜਗਬੀਰ ਬਰਾੜ, ਪ੍ਰਦੇਸ਼ ਸਕੱਤਰ ਕਰਮਜੀਤ ਕੌਰ ਚੌਧਰੀ, ਸਾਬਕਾ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ, ਸਾਬਕਾ ਵਿਧਾਇਕ ਸਰਬਜੀਤ ਸਿੰਘ ਮੱਕੜ, ਜ਼ਿਲ੍ਹਾ ਜਨਰਲ ਸਕੱਤਰ [illegible], ਮਨੀਸ਼ ਵਿਜ, ਰਾਜੀਵ ਢੀਂਗਰਾ [illegible], ਕੌਂਸਲਰ ਰਾਜੀਵ ਢੀਂਗਰਾ, ਕੁੱਕੂ ਸਰਤਾਜ, ਕੌਂਸਲਰ ਪਤੀ ਅਮਿਤ ਸਿੰਘ, ਸੰਧਿਆ, ਤਰਵਿੰਦਰ ਸੋਈ, ਯੋਗੇਸ਼ ਮਲਹੋਤਰਾ, ਬਾਬੂ ਅਰੋੜਾ, ਸਾਹਿਲ ਸ਼ਰਮਾ, ਅਜੀਤ ਹਰਿਆ, ਵਰੁਣ ਨਾਗਪਾਲ, ਗੋਲਡੀ ਭਾਟੀਆ, ਦੀਪਕ ਟੇਲੋ, ਅਜਮੇਰ ਸਿੰਘ ਬਾਦਲ, ਨਰੇਸ਼ ਵਾਲੀਆ, ਸੂਰਿਆ ਮਿਸ਼ਰਾ ਅਤੇ ਹਿਮਾਂਸ਼ੂ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਅਤੇ ਵਰਕਰ ਹਾਜ਼ਰ ਸਨ।

# ਸ੍ਰੀ ਹਨੂਮਤ ਸਕੂਲ 'ਚ ਪੰਜਾਬੀ ਦਿਵਸ ਮਨਾਇਆ

**ਜਲੰਧਰ (ਵਿਰਕ ਸੁਮਨ)**- ਸ੍ਰੀ ਹਨੂਮਤ ਸਕੂਲ ਵਿੱਚ ਪੰਜਾਬੀ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। [illegible] ਪੰਜਾਬੀ ਭਾਸ਼ਾ, ਸੱਭਿਆਚਾਰ ਅਤੇ ਵਿਰਾਸਤ ਪ੍ਰਤੀ [illegible]



[illegible] ਪੰਜਾਬੀ ਭਾਸ਼ਾ ਗਤੀਵਿਧੀਆਂ [illegible] ਕਰਨ ਲਈ ਇੱਕ ਰੁਚਿਕਰ ਮੰਚ ਪ੍ਰਦਾਨ ਕੀਤਾ। ਪੰਜਾਬੀ ਵਿਭਾਗ ਦੀ ਮੁਖੀ, ਮਿਸ ਸ਼ਿਫਾਲੀ ਸ਼ਰਮਾ ਦੀ ਯੋਗ ਅਗਵਾਈ ਹੇਠ ਪੰਜਾਬੀ ਅਧਿਆਪਕਾਂ ਵੱਲੋਂ ਇਹ ਗਤੀਵਿਧੀਆਂ ਬੜੇ ਉਤਸ਼ਾਹ ਅਤੇ ਰਚਨਾਤਮਕਤਾ ਨਾਲ ਕਰਵਾਈਆਂ ਗਈਆਂ। ਵਿਦਿਆਰਥੀਆਂ ਦੀ ਉਤਸ਼ਾਹਭਰੀ ਭਾਗੀਦਾਰੀ ਨੇ ਇਸ ਸਮਾਗਮ ਨੂੰ ਹੋਰ ਵੀ ਪ੍ਰਭਾਵਸ਼ਾਲੀ ਅਤੇ ਯਾਦਗਾਰ ਬਣਾ ਦਿੱਤਾ। ਪ੍ਰਿੰਸੀਪਲ ਆਰਤੀ ਸੋਬਤੀ ਨੇ ਪੰਜਾਬੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਲਈ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਭਾਸ਼ਾ ਸਾਡੀ ਸੱਭਿਆਚਾਰਕ ਪਛਾਣ ਅਤੇ ਵਿਰਾਸਤ ਦਾ ਅਟੁੱਟ ਹਿੱਸਾ ਹੈ।

# ਲਾਇਲਪੁਰ ਖ਼ਾਲਸਾ ਕਾਲਜ ਦੇ ਐਮ ਏ (ਭੂਗੋਲ) ਦੇ ਸਮੈਸਟਰ ਚੌਥਾ ਦਾ ਨਤੀਜਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਐਲਾਨੇ ਐਮ.ਏ. ਭੂਗੋਲ ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। [illegible] 8.60 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚ ਪਹਿਲਾ ਸਥਾਨ, ਪਾਰੁਲ ਨੇ 8.34 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਦੂਜਾ, ਗੁਰਵਿੰਦਰ ਸਿੰਘ ਨੇ 7.80 ਐਸ.ਜੀ.ਪੀ.ਏ. ਪ੍ਰਾਪਤ ਕਰਕੇ [illegible]



[illegible] ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਕਾਲਜ ਇਨ੍ਹਾਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰੇਗਾ ਅਤੇ ਆਉਣ ਵਾਲਿਆਂ ਨਤੀਜਿਆਂ ਵਿਚੋਂ ਵੀ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਣਗੇ, ਉਨ੍ਹਾਂ ਨੂੰ ਵੀ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾਣਗੀਆਂ। ਇਸ ਮੌਕੇ ਡਾ. ਪੂਜਾ ਰਾਣਾ, ਮੁਖੀ ਭੂਗੋਲ ਵਿਭਾਗ, ਡਾ. ਪ੍ਰਭਜੀਤ ਕੌਰ, ਪ੍ਰੋ. ਕਮਲਪ੍ਰੀਤ ਕੌਰ ਅਤੇ ਪ੍ਰੋ. ਕਾਰਤਿਕ ਵੀ ਹਾਜ਼ਰ ਸਨ।

# ਡੇਰਾਬੱਸੀ 'ਚ ਸਿਹਤ ਕਾਰਡ ਵੰਡਣ ਦੀ ਸ਼ੁਰੂਆਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਸੁਚੱਜੀਆਂ ਸਿਹਤ ਸਹੂਲਤਾਂ ਨਾਲ ਜੋੜਨ ਦੇ ਉਦੇਸ਼ ਤਹਿਤ ਐਮ ਐਮ ਐਸ ਵਾਈ (ਮੁੱਖ ਮੰਤਰੀ ਸਿਹਤ ਯੋਜਨਾ) ਅਧੀਨ ਸਿਹਤ ਵਿਭਾਗ ਬਲਾਕ ਡੇਰਾਬੱਸੀ ਵੱਲੋਂ ਕਮਿਊਨਿਟੀ ਸੈਂਟਰ, ਤਹਿਸੀਲ ਰੋਡ, ਡੇਰਾਬੱਸੀ ਵਿਖੇ ਸਿਹਤ ਕਾਰਡ ਵੰਡ ਸਮਾਰੋਹ ਕਰਵਾਇਆ ਗਿਆ। ਸਮਾਗਮ ਵਿੱਚ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਕਰੀਬ 2500



ਲਾਭਪਾਤਰੀਆਂ ਨੂੰ ਐਮ ਐਮ ਐਸ ਵਾਈ ਸਿਹਤ ਕਾਰਡ ਵੰਡੇ। ਇਸ ਮੌਕੇ ਲਾਭਪਾਤਰੀਆਂ ਨੂੰ ਐਮ ਐਮ ਐਸ ਵਾਈ ਸਿਹਤ ਯੋਜਨਾ ਤਹਿਤ ਮਿਲਣ ਵਾਲੀਆਂ ਸਿਹਤ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਹਰ ਵਰਗ ਤੱਕ ਆਸਾਨੀ ਨਾਲ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹਰ ਯੋਗ ਪਰਿਵਾਰ ਨੂੰ ਸਿਹਤ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਸਿਹਤ ਕਾਰਡ ਮਿਲਣ ਨਾਲ ਲਾਭਪਾਤਰੀਆਂ ਨੂੰ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਲੈਣ ਵਿੱਚ ਹੋਰ ਸਹੂਲਤ ਮਿਲੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਤੇ ਆਪਣੇ ਪਰਿਵਾਰ ਦੇ ਯੋਗ ਮੈਂਬਰਾਂ ਦੇ ਐਮ ਐਮ ਐਸ ਵਾਈ ਸਿਹਤ ਕਾਰਡ ਜ਼ਰੂਰ ਬਣਵਾਉਣ।

# ਮਾਨ ਸਰਕਾਰ ਨੇ ਲੋਕ ਹਿੱਤ 'ਚ ਅਹਿਮ ਕੰਮ ਕੀਤੇ : ਬ੍ਰਿਗੇਡੀਅਰ ਰਾਜਕੁਮਾਰ

**ਪੋਜੇਵਾਲ (ਰਾਮ ਲਾਲ)**- ਵਿਧਾਨ ਸਭਾ ਹਲਕਾ ਬਲਾਚੌਰ ਦੇ ਪਿੰਡ ਥਾਨਵਾਲਾ ਵਿਖੇ ਸਵਰਗੀ ਚੌਧਰੀ ਜਲਸੂ ਰਾਮ ਦੇ ਸਪੁੱਤਰ ਜਤਿੰਦਰ ਕੁਮਾਰ ਰਿੰਕੂ ਵੱਲੋਂ ਲੋਕ ਮਿਲਣੀ ਕਰਵਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ



ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ ਅਤੇ ਵਿਕਾਸ ਕਾਰਜਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਲੋਕ ਮਿਲਣੀ ਦੌਰਾਨ ਪੰਜਾਬ ਗੁੱਜਰ ਵੈਲਫੇਅਰ ਬੋਰਡ ਦੇ ਚੇਅਰਮੈਨ ਬ੍ਰਿਗੇਡੀਅਰ ਰਾਜਕੁਮਾਰ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਜਾਣਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਪ੍ਰਗਟ ਕੀਤੇ ਗਏ ਵਿਚਾਰ ਅਤੇ ਮਿਲਿਆ ਪਿਆਰ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਬ੍ਰਿਗੇਡੀਅਰ ਰਾਜਕੁਮਾਰ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੰਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ, ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਸੁਧਾਰ ਕਰਨ ਅਤੇ ਪਿੰਡਾਂ ਦੇ ਵਿਕਾਸ ਲਈ ਵੱਖ-ਵੱਖ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਉਣ ਅਤੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਸਬੰਧੀ ਸਰਕਾਰ ਦੀਆਂ ਪਹਿਲਕਦਮੀਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਕਰੀਬ 70 ਹਜ਼ਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ ਤਾਂ ਜੋ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮਿਲ ਸਕਣ।

ਇਸ ਮੌਕੇ ਤੇ ਸਰਪੰਚ ਜਸਵਿੰਦਰ ਕੌਰ, ਚੌਧਰੀ ਮਦਨ ਲਾਲ, ਚੌਧਰੀ ਰੂਪ ਲਾਲ, ਚੌਧਰੀ ਰੋਸ਼ਨ ਭਾਟੀਆ, ਪਰਮਜੀਤ, ਦਵਿੰਦਰ ਨਿੱਕਾ, ਰਾਜ ਕੁਮਾਰ, ਰਵੀ ਕੁਮਾਰ, ਵਿਜੇ ਕੁਮਾਰ, ਸ਼ਾਮ ਲਾਲ, ਅਤੇ ਪਿੰਡ ਵਾਸੀ ਮੌਜੂਦ ਸਨ।

# ਫੈਸਟੀਵਲ ਸੀਜ਼ਨ ਨੂੰ ਲੈ ਕੇ ਗੁਰਾਇਆ ਐਸੋਸੀਏਸ਼ਨ ਦੀ ਅਹਿਮ ਮੀਟਿੰਗ

**ਗੁਰਾਇਆ (ਬਿੰਦਰ ਸੁਮਨ)** ਫੈਸਟੀਵਲ ਸੀਜ਼ਨ ਦੇ ਮੱਦੇਨਜ਼ਰ ਗੁਰਾਇਆ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਮਨੋਜ ਗੋਗਨਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਚੇਅਰਮੈਨ ਧਰਮਿੰਦਰ ਬਿੱਲੂ, ਬਿੱਟੂ ਪਾਹਵਾ, ਵਾਈਸ ਪ੍ਰੈਜ਼ੀਡੈਂਟ ਪਿਆਰਾ ਸਿੰਘ ਅਤੇ ਜਨਰਲ ਸਕੱਤਰ ਵਿਪਨ ਆਨੰਦ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਗਏ ਕੰਮਾਂ ਅਤੇ ਗਤੀਵਿਧੀਆਂ ਬਾਰੇ ਵਿਚਾਰ-ਵਟਾਂਦਰਾ



ਕੀਤਾ ਗਿਆ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਵੱਖ-ਵੱਖ ਪ੍ਰੋਜੈਕਟਾਂ ਨੂੰ ਲੈ ਕੇ ਵੀ ਵਿਚਾਰ ਸਾਂਝੇ ਕੀਤੇ ਗਏ। ਮੀਟਿੰਗ ਵਿੱਚ ਆਉਣ ਵਾਲੇ ਫੈਸਟੀਵਲ ਸੀਜ਼ਨ ਨੂੰ ਮੁੱਖ ਮੁੱਦਾ ਬਣਾਉਂਦਿਆਂ ਗੁਰਾਇਆ ਦੇ ਬਾਜ਼ਾਰ ਵਿੱਚ ਟ੍ਰੈਫਿਕ ਵਿਵਸਥਾ ਬਾਰੇ ਵਿਸ਼ੇਸ਼ ਚਰਚਾ ਕੀਤੀ ਗਈ। ਪ੍ਰਧਾਨ ਮਨੋਜ ਗੋਗਨਾ ਨੇ ਕਿਹਾ ਕਿ ਦੁਸਹਿਰੇ ਅਤੇ ਦੀਵਾਲੀ ਸਮੇਤ ਹੋਰ ਤਿਉਹਾਰਾਂ ਦੌਰਾਨ ਬਾਜ਼ਾਰ ਵਿੱਚ ਲੋਕਾਂ ਅਤੇ ਵਾਹਨਾਂ ਦੀ ਆਵਾਜਾਈ ਕਾਫ਼ੀ ਵਧ ਜਾਂਦੀ ਹੈ। ਇਸ ਲਈ ਸਾਰੇ ਦੁਕਾਨਦਾਰਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਗੁਰਾਇਆ ਦੇ ਸਾਰੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਜੇਕਰ ਦੁਕਾਨਾਂ ਦੇ ਬਾਹਰ ਸਮਾਨ ਲਗਾਇਆ ਜਾਂਦਾ ਹੈ ਤਾਂ ਘੱਟ ਤੋਂ ਘੱਟ ਜਗ੍ਹਾ ਦੀ ਵਰਤੋਂ ਕੀਤੀ ਜਾਵੇ। ਵਿਪਨ ਆਨੰਦ ਨੇ ਕਿਹਾ ਕਿ ਜੇਕਰ ਸਾਰੇ ਦੁਕਾਨਦਾਰ ਥੋੜ੍ਹਾ ਜਿਹਾ ਸਹਿਯੋਗ ਕਰਨ ਤਾਂ ਫੈਸਟੀਵਲ ਸੀਜ਼ਨ ਦੌਰਾਨ ਬਾਜ਼ਾਰ ਵਿੱਚ ਬਿਹਤਰ ਵਿਵਸਥਾ ਬਣਾਈ ਰੱਖੀ ਜਾ ਸਕਦੀ ਹੈ। ਪਿਆਰਾ ਸਿੰਘ ਨੇ ਕਿਹਾ ਕਿ ਐਸੋਸੀਏਸ਼ਨ ਦਾ ਮਕਸਦ ਸਿਰਫ਼ ਦੁਕਾਨਦਾਰਾਂ ਦੇ ਹਿੱਤਾਂ ਦੀ ਗੱਲ ਕਰਨਾ ਹੀ ਨਹੀਂ, ਸਗੋਂ ਬਾਜ਼ਾਰ ਦੀ ਸੁਚੱਜੀ ਵਿਵਸਥਾ ਅਤੇ ਗਾਹਕਾਂ ਦੀ ਸਹੂਲਤ ਦਾ ਧਿਆਨ ਰੱਖਣਾ ਵੀ ਹੈ। ਮੀਟਿੰਗ ਦੌਰਾਨ ਐਸੋਸੀਏਸ਼ਨ ਵਿੱਚ ਕਰੀਬ ਇੱਕ ਦਰਜਨ ਨਵੇਂ ਮੈਂਬਰ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਸਵਾਗਤ ਅਤੇ ਧੰਨਵਾਦ ਕੀਤਾ ਗਿਆ। ਇਨ੍ਹਾਂ ਵਿੱਚ ਵਿਸ਼ੇਸ਼ ਤੌਰ 'ਤੇ ਦਲਵਿੰਦਰ ਬੱਬੀ ਸਮੇਤ ਹੋਰ ਨਵੇਂ ਮੈਂਬਰ ਸ਼ਾਮਲ ਹਨ।

ਅੰਤ ਵਿੱਚ ਪ੍ਰਧਾਨ ਮਨੋਜ ਗੋਗਨਾ ਨੇ ਕਿਹਾ ਕਿ ਗੁਰਾਇਆ ਦੇ ਦੁਕਾਨਦਾਰਾਂ ਦਾ ਆਪਸੀ ਪਿਆਰ, ਸਹਿਯੋਗ ਅਤੇ ਭਾਈਚਾਰਾ ਹੀ ਗੁਰਾਇਆ ਦੀ ਸਭ ਤੋਂ ਵੱਡੀ ਤਾਕਤ ਹੈ। ਇਸ ਮੌਕੇ ਜਗਜੀਤ ਸਿੰਘ ਲਾੜੀ, ਵਿਜੇ ਕੁਮਾਰ, ਯਸ਼ਪਾਲ, ਅਮਨ ਸ਼ਰਮਾ, ਕਮਲ ਕੁਮਾਰ, ਬਾਬੂ ਢੀਂਗਰਾ, ਨਿੱਕਾ, ਯੁਵਰਾਜ ਕੁਮਾਰ, ਮੋਨੂ ਆਦਿ ਹਾਜ਼ਰ ਸਨ।

# ਧਿਆਨ ਸਿੰਘ ਕਾਹਲੋਂ ਦੇ ਗੀਤ ਸੰਗ੍ਰਹਿ 'ਤੇਤਰੇ ਮੇਤਰੇ ਬੋਲ' 'ਤੇ ਵਿਚਾਰ ਚਰਚਾ ਭਲਕੇ

**ਚੰਡੀਗੜ੍ਹ (ਸੁਰਜੀਤ ਸੁਮਨ)**- ਕਵੀ ਮੰਚ (ਰਜਿ.), ਮੋਹਾਲੀ ਵੱਲੋਂ ਪੰਜਾਬ ਸਕੱਤਰੇਤ ਸਾਹਿਤ ਸਭਾ (ਰਜਿ.) ਚੰਡੀਗੜ੍ਹ ਦੇ ਸਹਿਯੋਗ ਨਾਲ ਧਿਆਨ ਸਿੰਘ ਕਾਹਲੋਂ



ਦੇ ਤਾਜ਼ਾ ਗੀਤ ਸੰਗ੍ਰਹਿ 'ਤੇਤਰੇ ਮੇਤਰੇ ਬੋਲ' 'ਤੇ ਵਿਚਾਰ ਚਰਚਾ 26 ਸਤੰਬਰ ਨੂੰ ਸਵੇਰੇ 10.30 ਵਜੇ ਸ਼ਾਸਤਰੀ ਮਾਡਲ ਸਕੂਲ, ਫੇਜ਼-1, ਮੋਹਾਲੀ ਵਿਖੇ ਕਰਵਾਈ ਜਾ ਰਹੀ ਹੈ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕੇਂਦਰੀ ਪੰਜਾਬੀ ਲੇਖਕ ਸਭਾ, ਚੰਡੀਗੜ੍ਹ ਦੇ ਸਾਬਕਾ ਪ੍ਰਧਾਨ ਡਾ. ਲਾਭ ਸਿੰਘ ਖੀਵਾ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਡਾਇਰੈਕਟਰ, ਸ਼ਾਸਤਰੀ ਮਾਡਲ ਸਕੂਲ, ਮੋਹਾਲੀ ਰਜਨੀਸ਼ ਕੁਮਾਰ ਤੇ ਪੰਜਾਬ ਸਕੱਤਰੇਤ ਸਾਹਿਤ ਸਭਾ (ਰਜਿ.) ਦੇ ਪ੍ਰਧਾਨ ਮਲਕੀਅਤ ਸਿੰਘ ਔਜਲਾ ਸ਼ਾਮਲ ਹੋਣਗੇ। ਰਣਜੋਧ ਸਿੰਘ ਰਾਣਾ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਭਗਤ ਰਾਮ ਰੰਗਾੜਾ ਵੱਲੋਂ ਕੀਤੀ ਜਾਵੇਗੀ ਅਤੇ ਕਿਤਾਬ ਬਾਰੇ ਪਰਚਾ ਰਾਜ ਕੁਮਾਰ ਸਾਹੋਵਾਲੀਆ ਵੱਲੋਂ ਪੜ੍ਹਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਵਿਚਾਰ ਚਰਚਾ ਵਿੱਚ ਸੀਨੀਅਰ ਪੱਤਰਕਾਰ ਦਰਸ਼ਨ ਸਿੰਘ ਸੋਢੀ, ਗੁਰਪ੍ਰੀਤ ਸਿੰਘ ਨਿਆਮੀਆਂ ਅਤੇ ਸੁਰਜੀਤ ਸੁਮਨ ਭਾਗ ਲੈ ਰਹੇ ਹਨ।

# ਜੈਨ- ਜ਼ੈਡ ਨੂੰ ਸਿਆਸਤ ਦੀ ਸਹੀ ਦਿਸ਼ਾ ਦਿਖਾਏਗੀ ਸੰਜੀਵ ਤਲਵਾੜ ਦੀ ਕਿਤਾਬ : ਡਾ. ਦਲਜੀਤ ਚੀਮਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਸਾਬਕਾ ਕੈਬਨਿਟ ਮੰਤਰੀ ਡਾ. ਦਲਜੀਤ ਸਿੰਘ ਚੀਮਾ ਨੇ ਲੇਖਕ ਸੰਜੀਵ ਤਲਵਾੜ ਦੀ ਨਵੀਂ ਕਿਤਾਬ



'ਜੈਨ- ਜ਼ੈਡ ਦੇਸ਼ ਦਾ ਭਵਿੱਖ ਜਾਂ ਸਿਆਸਤ ਦੇ ਮੂਹਰੇ' ਦੀ ਸਮੀਖਿਆ ਕਰਦਿਆਂ ਕਿਹਾ ਕਿ ਇਹ ਕਿਤਾਬ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਰਾਜਨੀਤੀ ਦੀਆਂ ਚੁਣੌਤੀਆਂ, ਜ਼ਿੰਮੇਵਾਰੀਆਂ ਅਤੇ ਦੇਸ਼ ਦੇ ਭਵਿੱਖ ਵਿੱਚ ਆਪਣੀ ਭੂਮਿਕਾ ਸਮਝਣ ਲਈ ਮਾਰਗਦਰਸ਼ਨ ਦੇਵੇਗੀ। ਹੁਸ਼ਿਆਰਪੁਰ ਵਿਖੇ ਹੋਈ ਇਕੱਤਰਤਾ ਦੌਰਾਨ ਡਾ. ਚੀਮਾ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ ਅਤੇ ਸਿਆਸਤ ਵਿੱਚ ਨਵੀਂ ਪੀੜ੍ਹੀ ਦੀ ਸਾਰਥਕ ਸ਼ਮੂਲੀਅਤ ਲੋਕਤੰਤਰ ਨੂੰ ਹੋਰ ਮਜ਼ਬੂਤ ਕਰਦੀ ਹੈ। ਉਨ੍ਹਾਂ ਕਿਹਾ ਕਿ ਸੰਜੀਵ ਤਲਵਾੜ ਨੇ ਆਪਣੀ ਕਿਤਾਬ ਰਾਹੀਂ ਜੈਨ- ਜ਼ੈਡ ਪੀੜ੍ਹੀ ਦੇ ਸਿਆਸੀ ਅਤੇ ਸਮਾਜਿਕ ਸਰੋਕਾਰਾਂ ਨੂੰ ਵਿਚਾਰਨ ਦਾ ਮਹੱਤਵਪੂਰਨ ਉਪਰਾਲਾ ਕੀਤਾ ਹੈ। ਡਾ. ਚੀਮਾ ਨੇ ਕਿਹਾ ਕਿ ਸਿਆਸਤ ਨੂੰ ਸਿਰਫ਼ ਸੱਤਾ ਦਾ ਸਾਧਨ ਨਹੀਂ, ਬਲਕਿ ਲੋਕ ਸੇਵਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਵਜੋਂ ਸਮਝਣ ਦੀ ਲੋੜ ਹੈ। ਇਹ ਕਿਤਾਬ ਰਾਜਨੀਤੀ ਵਿੱਚ ਆਉਣ ਦੇ ਇੱਛੁਕ ਨੌਜਵਾਨਾਂ ਲਈ ਵਿਚਾਰ ਅਤੇ ਮਾਰਗਦਰਸ਼ਨ ਦਾ ਇੱਕ ਉਪਯੋਗੀ ਸਰੋਤ ਬਣ ਸਕਦੀ ਹੈ। ਇਸ ਮੌਕੇ ਲੇਖਕ ਸੰਜੀਵ ਤਲਵਾੜ ਨੇ ਡਾ. ਦਲਜੀਤ ਚੀਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਿਤਾਬ ਦਾ ਉਦੇਸ਼ ਨੌਜਵਾਨਾਂ ਨੂੰ ਰਾਜਨੀਤੀ ਪ੍ਰਤੀ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਦੇਸ਼ ਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਬਾਰੇ ਸੋਚਣ ਲਈ ਪ੍ਰੇਰਿਤ ਕਰਨਾ ਹੈ।

# ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਅਰਬਨ ਅਸਟੇਟ ਫੇਸ-3 ਪਟਿਆਲਾ ਦਾ ਦੋ ਸਾਲਾ ਜਨਰਲ ਇਜਲਾਸ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਅਰਬਨ ਅਸਟੇਟ ਫੇਸ–3 ਪਟਿਆਲਾ ਦਾ ਦੋ ਸਾਲਾ ਜਨਰਲ ਇਜਲਾਸ 20 ਸਤੰਬਰ ਨੂੰ ਰੇਸ਼ਮ ਸਿੰਘ ਸਿੱਧੂ ਪ੍ਰਧਾਨ



ਦੀ ਪ੍ਰਧਾਨਗੀ ਹੇਠ ਹੋਇਆ। ਜਿਸ ਵਿੱਚ ਅਰਬਨ ਅਸਟੇਟ ਫੇਸ–1, ਫੇਸ–2 ਅਤੇ ਫੇਸ–3, ਸਲਾਰੀਆ ਵਿਹਾਰ, ਗੋਬਿੰਦ ਇਨਕਲੇਵ, ਲਤਾ ਇਨਕਲੇਵ, ਜਗਦੀਸ਼ ਇਨਕਲੇਵ, ਡੀਲਵਾਲ ਕਲੋਨੀ ਦੀਆਂ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਜਲਾਸ ਦੀ ਕਾਰਵਾਈ ਬਲਦੇਵ ਸਿੰਘ ਸੇਖੋਂ ਸਕੱਤਰ ਵੱਲੋਂ ਬਾਖੂਬੀ ਨਿਭਾਈ ਗਈ। ਉਹਨਾਂ ਵੱਲੋਂ 1 ਅਪ੍ਰੈਲ 2024 ਤੋਂ 31 ਮਾਰਚ 2026 ਤੱਕ ਦੇ ਲੇਖੇ ਜੋਖੇ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਇਸ ਤੋਂ ਇਲਾਵਾ ਪਿਛਲੇ ਦੋ ਸਾਲਾਂ ਵਿੱਚ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਗਏ ਕੰਮਾਂ ਬਾਰੇ ਵੀ ਚਾਨਣਾ ਪਾਇਆ ਗਿਆ। ਵਿੱਤ ਰਿਪੋਰਟ ਤੇ ਹਾਜ਼ਰ ਮੈਂਬਰਾਂ ਵੱਲੋਂ ਆਪੋ ਆਪਣੇ ਵਿਚਾਰ ਪੇਸ਼ ਕਰਦੇ ਹੋਏ ਵਿੱਤ ਰਿਪੋਰਟ ਤੇ ਤਸੱਲੀ ਪ੍ਰਗਟ ਕੀਤੀ ਗਈ। ਕਰਨਲ ਬੀ.ਪੀ.ਸਿੰਘ ਅਤੇ ਅਮਰਜੀਤ ਸਿੰਘ ਨੇ ਦੱਸਿਆ ਗਿਆ ਕਿ ਇਹ ਰਿਪੋਰਟ ਬਹੁਤ ਹੀ ਮਿਹਨਤ ਅਤੇ ਲਗਨ ਨਾਲ ਤਿਆਰ ਕੀਤੀ ਗਈ ਹੈ। ਹਾਜ਼ਰ ਮੈਂਬਰਾਂ ਨੇ ਸਰਵ ਸੰਮਤੀ ਨਾਲ ਵਿੱਤ ਰਿਪੋਰਟ ਨੂੰ ਪ੍ਰਵਾਨ ਕੀਤਾ। ਗੁਰਚਰਨ ਸਿੰਘ ਬੈਨੀਵਾਲ ਨੇ 19 ਨੁਕਤਿਆਂ ਵੱਲ ਧਿਆਨ ਦਿਵਾਇਆ। ਜਿਸ 'ਤੇ ਬਲਦੇਵ ਸਿੰਘ ਸੇਖੋਂ ਸਕੱਤਰ ਨੇ ਇਕੱਲੇ ਇਕੱਲੇ ਨੁਕਤੇ ਦਾ ਵਿਸਥਾਰ ਸਹਿਤ ਜਵਾਬ ਦਿੱਤਾ। ਇਸ ਉਪਰੰਤ ਰੇਸ਼ਮ ਸਿੰਘ ਸਿੱਧੂ ਨੇ ਪੁਰਾਣੀ ਗੁਰਦੁਆਰਾ ਕਮੇਟੀ ਭੰਗ ਕਰਕੇ ਨਵੀਂ ਕਮੇਟੀ ਚੁਣਨ ਲਈ ਕਿਹਾ। ਇਜਲਾਸ ਵਿੱਚ ਹਾਜ਼ਰ ਸਾਰੇ ਮੈਂਬਰਾਂ ਨੇ ਹੱਥ ਖੜੇ ਕਰਕੇ ਪੁਰਾਣੇ ਪ੍ਰਧਾਨ ਰੇਸ਼ਮ ਸਿੰਘ ਸਿੱਧੂ ਅਤੇ ਬਲਦੇਵ ਸਿੰਘ ਸੇਖੋਂ ਸਕੱਤਰ ਨੂੰ ਨਵੀਂ ਕਮੇਟੀ ਚੁਣਨ ਦੇ ਅਧਿਕਾਰ ਦਿੱਤੇ। ਇਜਲਾਸ ਵਿੱਚ ਰੇਸ਼ਮ ਸਿੰਘ ਸਿੱਧੂ, ਬਲਦੇਵ ਸਿੰਘ ਸੇਖੋਂ, ਮਨਜੀਤ ਸਿੰਘ ਸ਼ਾਹੀ, ਕ੍ਰਿਪਾਲ ਸਿੰਘ ਵਿਰਕ, ਹਰਜੀਤ ਸਿੰਘ ਜੋਸ਼ਨ, ਬਲਵਿੰਦਰ ਸਿੰਘ, ਅਮਰਜੀਤ ਸਿੰਘ ਫੇਸ–2, ਦਵਿੰਦਰ ਸਿੰਘ, ਡਾ. ਗੁਰਚਰਨ ਸਿੰਘ, ਹਰਬੰਸ ਸਿੰਘ ਸੇਠੀ, ਬਲਜਿੰਦਰ ਕੌਰ, ਸਰਤਾਜ ਕੌਰ, ਦਲਵਿੰਦਰ ਕੌਰ, ਪ੍ਰੋ. ਗੁਰਦਾਸ ਸਿੰਘ, ਕਰਨਲ ਦਾਰਾ ਸਿੰਘ, ਇੰਜੀ: ਜਤਿੰਦਰ ਸਿੰਘ ਕੰਡਾ, ਗੁਰਚਰਨ ਸਿੰਘ ਸਿੱਧੂ, ਜਨਕ ਰਾਜ ਸ਼ਰਮਾ, ਜਗਮੋਹਨ ਸਿੰਘ, ਗੁਰਚਰਨ ਸਿੰਘ ਬੈਨੀਵਾਲ, ਗੁਰਸੇਵਕ ਸਿੰਘ, ਹਰਭਜਨ ਸਿੰਘ, ਜਤਿੰਦਰ ਕੌਰ ਸੇਖੋਂ, ਕਰਮਜੀਤ ਕੌਰ, ਬਲਕਾਰ ਸਿੰਘ, ਐਡਵੋਕੇਟ ਨਰਿੰਦਰ ਸਿੰਘ ਰਟੌਲ, ਨਛੱਤਰ ਸਿੰਘ ਸਿੱਧੂ, ਰਜਿੰਦਰ ਸਿੰਘ ਥਿੰਦ, ਸਰਵਜੀਤ ਸਿੰਘ ਸੈਣੀ, ਜਸਪਾਲ ਸਿੰਘ ਸਰਵਾਰਾ, ਸੁਖਵੀਰ ਸਿੰਘ ਵਾਹਲਾ, ਗੁਰਚਰਨ ਸਿੰਘ, ਕਰਨਲ ਬੀ.ਪੀ. ਸਿੰਘ, ਗੁਰਪ੍ਰੀਤ ਸਿੰਘ, ਤਰਲੋਚਨ ਸਿੰਘ, ਐਡ. ਕੁਲਵੰਤ ਸਿੰਘ, ਅਮਰਜੀਤ ਸਿੰਘ ਕਟਾਰੀਆ, ਦਲਵੀਰ ਸਿੰਘ ਵਿਰਕ, ਭੁਪਿੰਦਰ ਸਿੰਘ, ਗੁਰਬਖਸ਼ ਕੌਰ, ਰਾਜਵਿੰਦਰ ਕੌਰ, ਨਿਸ਼ਾਨ ਸਿੰਘ ਬਾਜਵਾ, ਸ਼ੇਰ ਸਿੰਘ ਵਿਰਕ, ਗੁਰਪ੍ਰੀਤ ਕੌਰ ਪੰਨੂੰ, ਜਸਬੀਰ ਕੌਰ ਸੰਧੂ, ਡਾ. ਜਸਵਿੰਦਰ ਕੌਰ, ਡਾ. ਮਲਕੀਤ ਸਿੰਘ ਮਾਨ, ਸੁਖਜਿੰਦਰ ਸਿੰਘ ਸਿੱਧੂ, ਕੁਲਵਿੰਦਰ ਸਿੰਘ ਖੰਗੂੜਾ, ਅਜੈਪਾਲ ਸਿੰਘ, ਚਮਕੌਰ ਸਿੰਘ, ਬਲਬੀਰ ਸਿੰਘ, ਮਹਿਲ ਸਿੰਘ ਸੰਧੂ, ਅਮਨਦੀਪ ਸਿੰਘ, ਹਰਦੀਪ ਸਿੰਘ ਸਿੱਧੂ ਆਦਿ ਹਾਜ਼ਰ ਸਨ।

# 30 ਤੱਕ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ 'ਤੇ 10 ਫੀਸਦੀ ਰਿਬੇਟ ਦਾ ਲਾਭ ਲੈਣ ਸ਼ਹਿਰ ਵਾਸੀ : ਕਮਿਸ਼ਨਰ

**ਮੁਹਾਲੀ (ਗੁਰਜੀਤ ਬਿੱਲਾ)**- ਕਮਿਸ਼ਨਰ ਨਗਰ ਨਿਗਮ ਐਸ ਏ ਐਸ ਨਗਰ ਸੰਦੀਪ ਸਿੰਘ ਗਾੜ੍ਹਾ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਸਾਲ 2026-27 ਦਾ ਪ੍ਰਾਪਰਟੀ ਟੈਕਸ 30 ਸਤੰਬਰ ਤੱਕ ਜਮ੍ਹਾਂ ਕਰਵਾਉਣ 'ਤੇ 10 ਫੀਸਦੀ ਰਿਬੇਟ ਦਾ ਲਾਭ ਦਿੱਤਾ ਜਾ ਰਿਹਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਮਿਤੀ ਤੋਂ ਪਹਿਲਾਂ ਆਪਣਾ ਬਣਦਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾ ਕੇ 10 ਫੀਸਦੀ ਰਿਬੇਟ ਦਾ ਲਾਭ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਪ੍ਰਾਪਰਟੀ ਮਾਲਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ 26 ਅਤੇ 27 ਸਤੰਬਰ 2026 ਨੂੰ ਸ਼ਨੀਵਾਰ ਅਤੇ ਐਤਵਾਰ ਨੂੰ ਵੀ ਪ੍ਰਾਪਰਟੀ ਟੈਕਸ ਸ਼ਾਖਾ ਦਾ ਦਫ਼ਤਰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਖੁੱਲ੍ਹਾ ਰਹੇਗਾ, ਤਾਂ ਜੋ ਸ਼ਹਿਰ ਵਾਸੀ ਆਪਣਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾ ਸਕਣ। ਕਮਿਸ਼ਨਰ ਨਗਰ ਨਿਗਮ ਨੇ ਦੱਸਿਆ ਕਿ ਜਿਨ੍ਹਾਂ ਪ੍ਰਾਪਰਟੀ ਮਾਲਕਾਂ ਵੱਲੋਂ ਅਜੇ ਤੱਕ ਆਪਣੀ ਪ੍ਰਾਪਰਟੀ ਆਈ ਡੀ ਨਹੀਂ ਬਣਵਾਈ ਗਈ, ਉਹ ਆਪਣੀ ਪ੍ਰਾਪਰਟੀ ਨਾਲ ਸਬੰਧਤ ਲੋੜੀਂਦੇ ਦਸਤਾਵੇਜ਼ ਨਗਰ ਨਿਗਮ ਦੀ ਪ੍ਰਾਪਰਟੀ ਟੈਕਸ ਸ਼ਾਖਾ ਵਿੱਚ ਜਮ੍ਹਾਂ ਕਰਵਾ ਕੇ ਪ੍ਰਾਪਰਟੀ ਆਈ ਡੀ ਬਣਵਾ ਸਕਦੇ ਹਨ।

# ਪੈਨਸ਼ਨ ਨੂੰ ਲੈ ਕੇ ਮੁਲਾਜ਼ਮਾਂ ਦਾ ਧਰਨਾ, ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ




**ਪੋਜੇਵਾਲ (ਰਾਮ ਲਾਲ)**- ਪੁਰਾਣੀ ਪੈਨਸ਼ਨ ਸਕੀਮ ਨੂੰ ਮੁੜ ਲਾਗੂ ਕਰਨ ਅਤੇ ਮੁਲਾਜ਼ਮਾਂ ਨਾਲ ਜੁੜੀਆਂ ਹੋਰ ਮੰਗਾਂ ਨੂੰ ਲੈ ਕੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਧਰਨਾ ਦੇ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕੀਤਾ ਗਿਆ। ਧਰਨੇ ਦੌਰਾਨ ਮੁਲਾਜ਼ਮਾਂ ਨੇ ਹੱਥਾਂ ਵਿੱਚ ਵੱਖ-ਵੱਖ ਮੰਗਾਂ ਵਾਲੀਆਂ ਤਖ਼ਤੀਆਂ ਫੜ ਕੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ।

ਧਰਨਾਕਾਰੀਆਂ ਨੇ ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ, ਸਟੇਟ ਕੈਡਰ ਖ਼ਤਮ ਕਰੋ ਅਤੇ ਪੰਜਾਬ ਸਰਕਾਰ ਮੁਰਦਾਬਾਦ ਵਰਗੇ ਨਾਅਰਿਆਂ ਰਾਹੀਂ ਆਪਣਾ ਰੋਸ ਜ਼ਾਹਰ ਕੀਤਾ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਮੁਲਾਜ਼ਮਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੁੱਖ ਮੰਗ ਹੈ।

ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਜਲਦ ਹੱਲ ਕੀਤਾ ਜਾਵੇ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਮੰਗਾਂ ਸੰਬੰਧੀ ਠੋਸ ਕਦਮ ਨਾ ਚੁੱਕੇ ਗਏ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਜਥੇਬੰਦੀ ਦੇ ਨੁਮਾਇੰਦੇ ਹਾਜ਼ਰ ਰਹੇ।

# ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਡੋਰ-ਟੂ-ਡੋਰ ਦੀ ਸ਼ੁਰੂਆਤ

**ਨਕੋਦਰ, ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ, ਬਲਵਿੰਦਰ ਸਿੰਘ ਧਾਲੀਵਾਲ)**- ਹਲਕਾ ਨਕੋਦਰ ਦੇ ਪਿੰਡ ਸ਼ੰਕਰ ਵਿੱਚ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਡੋਰ-ਟੂ-ਡੋਰ ਦੀ ਸ਼ੁਰੂਆਤ ਕਰਦਿਆਂ ਸਰਕਾਰ ਦੀਆਂ ਪ੍ਰਾਪਤੀਆਂ ਦਾ ਪ੍ਰਚਾਰ ਕੀਤਾ। ਉਹਨਾਂ ਸ਼ੰਕਰ ਵਾਸੀਆਂ ਨੂੰ ਮਿਲ ਰਹੀਆਂ ਮਾਵਾਂ ਧੀਆਂ ਸਤਿਕਾਰ ਯੋਜਨਾ, ਬਿਜਲੀ ਦਾ ਬਿੱਲ ਜ਼ੀਰੋ, ਬੱਸਾਂ ਵਿੱਚ ਮਹਿਲਾਵਾਂ ਦਾ ਮੁਫ਼ਤ ਸਫਰ, ਸਰਕਾਰੀ ਸਕੂਲਾਂ ਵਿਚ ਫੀਸ, ਕਿਤਾਬਾਂ, ਵਰਦੀ ਮੁਫ਼ਤ, ਬੁਢਾਪਾ ਪੈਨਸ਼ਨ 1500 ਰੁਪਏ, ਆਮ ਆਦਮੀ ਕਲੀਨਕ ਵਿੱਚੋਂ ਮੁਫ਼ਤ ਦਵਾਈਆਂ ਅਤੇ ਟੈਸਟ, ਰਾਸ਼ਨ ਕਿੱਟਾਂ, ਮੁਫ਼ਤ ਤੀਰਥ ਯਾਤਰਾ, ਆਦਿ ਸਹੂਲਤਾਂ ਦਾ ਇੱਕ ਲੱਖ 82 ਹਜ਼ਾਰ ਪ੍ਰਤੀ ਪਰਵਾਰ ਅਤੇ ਇਸ ਤੋਂ



ਇਲਾਵਾ ਹੋਰ ਮੁਨਾਫਾ ਜਿਵੇਂ ਖੇਤਾਂ ਵਾਸਤੇ ਦਿਨ ਸਮੇਂ 8 ਘੰਟੇ ਬਿਜਲੀ ਮੁਫ਼ਤ, ਆਸ਼ੀਰਵਾਦ ਯੋਜਨਾ ਆਦਿ ਮੁਨਾਫਾ ਹੋ ਰਿਹਾ ਹੈ। ਬੀਬੀ ਮਾਨ ਨੇ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਹਰੇਕ ਪਰਵਾਰ ਨੂੰ ਇੰਨੀਆਂ ਸੁਖ ਸਹੂਲਤਾਂ ਦਿੱਤੀਆਂ। ਹਰੇਕ ਪਿੰਡ ਵਿੱਚ ਸਰਕਾਰ ਆਪ ਕੇ ਦੁਆਰ ਪਹੁੰਚ ਰਹੀ ਹੈ। ਬੀਬੀ ਮਾਨ ਨੇ ਇਸ ਮੌਕੇ ਤੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੀ ਮੈਂਬਰਸ਼ਿਪ ਲੈਣ ਦੀ ਅਪੀਲ ਕੀਤੀ। ਬੀਬੀ ਮਾਨ ਨਾਲ ਇਸ ਸਮੇਂ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਦਰਸ਼ਨ ਸਿੰਘ ਟਾਹਲੀ, ਅਮਨਦੀਪ ਸਿੰਘ ਬਲਾਕ ਪ੍ਰਧਾਨ, ਕੁਲਦੀਪ ਕੌਰ ਬਲਾਕ ਪ੍ਰਧਾਨ, ਅਮਨ ਸ਼ੰਕਰ, ਸਤਨਾਮ ਸਿੰਘ, ਲਖਵੀਰ ਸਿੰਘ ਲੱਖੀ, ਜਸਬੀਰ ਸਿੰਘ ਮੰਗਾ, ਸੁਦੇਸ਼ ਜੱਸਲ, ਮੋਹਣ ਸਿੰਘ, ਕੁਲਦੀਪ ਕਪਲਾ ਸੰਮਤੀ ਮੈਂਬਰ, ਪਿੰਡ ਪ੍ਰਧਾਨ ਸਤਨਾਮ ਸਿੰਘ ਅਤੇ ਸਮੁੱਚੀ ਟੀਮ ਹਾਜ਼ਰ ਸਨ।

# ਕੰਗ ਤੇ ਕਟਾਰੀਆ ਨੇ ਵਿਕਾਸ ਕਾਰਜਾਂ ਲਈ 11 ਲੱਖ ਰੁਪਏ ਦੇ ਚੈੱਕ ਦਿੱਤੇ

**ਬਲਾਚੌਰ, ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**- ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਇਨ੍ਹਾਂ ਕਾਰਜਾਂ ਲਈ



ਲੋੜੀਂਦੀਆਂ ਗ੍ਰਾਂਟਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸੇ ਤਹਿਤ ਸੰਸਦੀ ਮੈਂਬਰ ਮਲਵਿੰਦਰ ਸਿੰਘ ਕੰਗ ਤੇ ਵਿਧਾਇਕ ਸੰਤੋਸ਼ ਕਟਾਰੀਆ ਵੱਲੋਂ ਵਿਧਾਨ ਸਭਾ ਹਲਕਾ ਬਲਾਚੌਰ ਦੇ ਪਿੰਡ ਉਧਨਵਾਲ ਅਤੇ ਉਧਨਵਾਲ ਖੁਰਦ ਦੇ ਵਿਕਾਸ ਕਾਰਜਾਂ ਲਈ ਕੁੱਲ 11 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਭੇਂਟ ਕੀਤੇ ਗਏ। ਸੰਸਦੀ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜਬੂਤ ਕਰਨ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਨਾਲ ਹੀ ਸੂਬੇ ਦੀ ਤਰੱਕੀ ਨੂੰ ਹੋਰ ਗਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਦਿੱਤੀਆਂ ਜਾ ਰਹੀਆਂ ਗ੍ਰਾਂਟਾਂ ਦੀ ਵਰਤੋਂ ਪਾਰਦਰਸ਼ੀ ਢੰਗ ਨਾਲ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੀਆਂ ਜ਼ਰੂਰਤਾਂ ਅਨੁਸਾਰ ਕੀਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵਿਕਾਸ ਕਾਰਜਾਂ ਵਿੱਚ ਸਹਿਯੋਗ ਦੇਣ ਅਤੇ ਆਪਣੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਵਿਧਾਇਕ ਸੰਤੋਸ਼ ਕਟਾਰੀਆ, ਅਸ਼ੋਕ ਕਟਾਰੀਆ, ਸ਼ਿਵਕਰਨ ਚੇਚੀ ਅਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਸੇਠੀ ਉਧਨਵਾਲ, ਸ਼ਿਵਕਰਨ ਚੇਚੀ- ਸੀਨੀਅਰ ਵਾਈਸ ਚੇਅਰਮੈਨ ਗੁੱਜਰ ਵੈਲਫੇਅਰ ਬੋਰਡ ਪੰਜਾਬ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਹਾਜ਼ਰ ਸਨ।

# ਨਸ਼ਾ ਮੁਕਾਓ ਪੰਜਾਬ ਬਚਾਓ ਯਾਤਰਾ ਸੰਬੰਧੀ ਭਾਜਪਾ ਦਫ਼ਤਰ ਵਿਖੇ ਵਿਸ਼ੇਸ਼ ਮੀਟਿੰਗ



**ਦਸੂਹਾ (ਕਰਨੈਲ ਮਾਂਗਟ)**- ਦਸੂਹਾ ਵਿਖੇ ਭਾਰਤੀ ਜਨਤਾ ਪਾਰਟੀ ਦੇ ਦਫ਼ਤਰ ਵਿੱਚ "ਨਸ਼ਾ ਮੁਕਾਓ, ਪੰਜਾਬ ਬਚਾਓ ਯਾਤਰਾ" ਦੇ ਸਬੰਧ ਵਿੱਚ ਵਿਸ਼ੇਸ਼ ਮੀਟਿੰਗ ਦਸੂਹਾ ਦੇ ਮੰਡਲ ਪ੍ਰਧਾਨ ਓਂਕਾਰ ਸਿੰਘ ਦੀ ਅਗਵਾਈ ਹੇਠ ਕੀਤੀ ਗਈ। ਇਸ ਮੀਟਿੰਗ ਵਿਚ ਹਲਕਾ ਇੰਚਾਰਜ ਰਘੁਨਾਥ ਸਿੰਘ ਰਾਣਾ ਅਤੇ ਡਾ. ਹਰਸਿਮਰਤ ਸਿੰਘ ਸਾਹੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਦੌਰਾਨ ਯਾਤਰਾ ਦੀਆਂ ਤਿਆਰੀਆਂ ਅਤੇ ਪ੍ਰੋਗਰਾਮ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਵੱਲੋਂ ਪਾਰਟੀ ਕਾਰਜਕਰਤਾਵਾਂ ਨੂੰ ਯਾਤਰਾ ਦੇ ਉਦੇਸ਼ ਅਤੇ ਰੂਟ ਬਾਰੇ ਜਾਣਕਾਰੀ ਦਿੱਤੀ ਗਈ। ਯਾਤਰਾ ਨੂੰ ਸਫ਼ਲ ਬਣਾਉਣ ਲਈ ਕਾਰਜਕਰਤਾਵਾਂ ਦੀਆਂ ਵੱਖ-ਵੱਖ ਡਿਊਟੀਆਂ ਲਗਾਈਆਂ ਗਈਆਂ। 26 ਸਤੰਬਰ ਨੂੰ ਕੈਂਬਰਿਜ ਸਕੂਲ ਦੇ ਸਾਹਮਣੇ ਅਤੇ 27 ਸਤੰਬਰ ਨੂੰ ਸਾਹੀ ਪੰਪ ਵਿਖੇ ਪ੍ਰੋਗਰਾਮ ਤੈਅ ਕੀਤਾ ਗਿਆ।

ਦੋਵੇਂ ਦਿਨ ਹੋਣ ਵਾਲੇ ਪ੍ਰੋਗਰਾਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਅਤੇ ਨੌਜਵਾਨਾਂ ਨੂੰ ਜਾਗਰੂਕ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਮੀਟਿੰਗ ਵਿੱਚ ਨਸ਼ਿਆਂ ਵਿਰੁੱਧ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਕਰਨ ਸਬੰਧੀ ਵੀ ਚਰਚਾ ਕੀਤੀ ਗਈ। ਆਗੂਆਂ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਕਾਰਜਕਰਤਾਵਾਂ ਨੇ "ਨਸ਼ਾ ਮੁਕਾਓ, ਪੰਜਾਬ ਬਚਾਓ" ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਮੀਟਿੰਗ ਦੌਰਾਨ ਦੋਵੇਂ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਵੀ ਵਿਚਾਰ ਕੀਤਾ ਗਿਆ। ਇਸ ਮੌਕੇ ਕੁਲਦੀਪ ਸਿੰਘ ਮੰਡਲ ਪ੍ਰਧਾਨ, ਕਰਨਪਾਲ ਸਿੰਘ ਗੋਲਡੀ, ਰਾਮ ਸ਼ਰਨ ਪ੍ਰੈਸ਼ਰ, ਮਦਨ ਲਾਲ, ਬਲਜੀਤ ਕੌਰ, ਸੈਵੀ, ਰਮਨਦੀਪ ਕੌਰ, ਰੁਪਿੰਦਰ ਕੌਰ, ਵੰਦਨਾ ਸ਼ਰਮਾ, ਸੁੱਚਾ ਸਿੰਘ, ਨੀਲਮ ਸ਼ਰਮਾ, ਜਤਿੰਦਰ ਹੈਪੀ, ਪ੍ਰੇਮ ਕੁਮਾਰ, ਪੰਕਜ ਸਲਾਰੀਆ, ਸੋਨੂੰ ਦਸੂਹਾ ਆਦਿ ਹਾਜ਼ਰ ਸਨ।

# ਪ੍ਰਤਿਭਾਸ਼ਾਲੀ ਅਧਿਆਪਕਾਂ ਨੂੰ 'ਡਾ. ਮਨਮੋਹਨ ਸਿੰਘ ਗਿਆਨ ਰਤਨ ਐਵਾਰਡ' ਨਾਲ ਕੀਤਾ ਸਨਮਾਨਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸਾਹਿਤ ਸਭਾ ਸੁਲਤਾਨਪੁਰ ਲੋਧੀ ਵੱਲੋਂ ਪ੍ਰਤਿਭਾਸ਼ਾਲੀ ਅਤੇ ਮਾਣਮੱਤੇ ਅਧਿਆਪਕਾਂ ਦੇ ਸਨਮਾਨ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ਾਹਵਾਲਾ ਅੰਦਰੀਸਾ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਕੂਲ ਇੰਚਾਰਜ ਸਵਿਤਾ ਦੀ ਅਗਵਾਈ ਹੇਠ ਕਰਵਾਏ ਇਸ ਸਮਾਗਮ ਦੀ ਪ੍ਰਧਾਨਗੀ ਉੱਘੇ ਸਿੱਖ ਵਿਦਵਾਨ ਡਾ. ਪਰਮਜੀਤ ਸਿੰਘ ਮਾਨਸਾ, ਸਭਾ ਦੇ ਸਰਪ੍ਰਸਤ ਨਰਿੰਦਰ ਸਿੰਘ ਸੋਨੀਆ, ਪ੍ਰਧਾਨ ਡਾ. ਸਵਰਨ ਸਿੰਘ, ਪ੍ਰਿੰਸੀਪਲ ਲਖਬੀਰ ਸਿੰਘ ਅਤੇ ਸਕੂਲ ਇੰਚਾਰਜ ਮੈਡਮ ਸਵਿਤਾ ਨੇ ਕੀਤੀ।



ਸਭਾ ਦੇ ਪ੍ਰਧਾਨ ਡਾ. ਸਵਰਨ ਸਿੰਘ ਨੇ ਹਾਜ਼ਰ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ। ਡਾ. ਪਰਮਜੀਤ ਸਿੰਘ ਮਾਨਸਾ ਨੇ ਸਨਮਾਨਤ ਅਧਿਆਪਕਾਂ ਨੂੰ ਮੁਬਾਰਕਬਾਦ ਦਿੰਦਿਆਂ ਵਿਦਿਆਰਥੀਆਂ ਨੂੰ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਪੂਰੀ ਲਗਨ ਤੇ ਨਿਸ਼ਠਾ ਨਾਲ ਮਿਹਨਤ ਕਰਕੇ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਸਭਾ ਦੇ ਸਕੱਤਰ ਮੁਖਤਾਰ ਸਿੰਘ ਚੰਦੀ ਨੇ ਸਾਹਿਤ ਸਭਾ ਵੱਲੋਂ ਮਾਂ ਬੋਲੀ ਪੰਜਾਬੀ ਅਤੇ ਪੰਜਾਬੀ ਸਾਹਿਤ ਦੇ ਪ੍ਰਚਾਰ ਤੇ ਪਸਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਲਖਬੀਰ ਸਿੰਘ ਨੇ ਸਨਮਾਨਤ ਅਧਿਆਪਕਾਂ ਦੀਆਂ ਸਿੱਖਿਆ ਅਤੇ ਸਮਾਜਿਕ ਖੇਤਰ ਵਿੱਚ ਦਿੱਤੀਆਂ ਵਡਮੁੱਲੀਆਂ ਸੇਵਾਵਾਂ ਅਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਉਪਰੰਤ ਸਾਬਕਾ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਬਿਕਰਮਜੀਤ ਸਿੰਘ ਥਿੰਦ, ਲੈਕਚਰਾਰ ਇਤਿਹਾਸ ਬੀਬਾ ਪਰਮਜੀਤ ਕੌਰ, ਲੈਕਚਰਾਰ ਕਾਮਰਸ ਸੁਰਜੀਤ ਸਿੰਘ ਅਤੇ ਸਮਾਜਿਕ ਸਿੱਖਿਆ ਮਾਸਟਰ ਗੁਰਦੇਵ ਸਿੰਘ ਨੂੰ 'ਡਾ. ਮਨਮੋਹਨ ਸਿੰਘ ਗਿਆਨ ਰਤਨ ਐਵਾਰਡ' ਨਾਲ ਸਨਮਾਨਤ ਕੀਤਾ ਗਿਆ। ਐਵਾਰਡ ਵਿੱਚ ਸਨਮਾਨ ਚਿੰਨ੍ਹ, ਪ੍ਰਸ਼ੰਸਾ ਪੱਤਰ, ਕਿਤਾਬਾਂ ਅਤੇ ਦੁਸ਼ਾਲਾ ਸ਼ਾਮਲ ਸਨ। ਸਮਾਗਮ ਦਾ ਸੰਚਾਲਨ ਮੁਖਤਾਰ ਸਿੰਘ ਚੰਦੀ ਨੇ ਕਾਵਿਕ ਅੰਦਾਜ਼ ਵਿੱਚ ਕੀਤਾ। ਅੰਤ ਵਿੱਚ ਸਕੂਲ ਇੰਚਾਰਜ ਮੈਡਮ ਸਵਿਤਾ ਨੇ ਸਮਾਗਮ ਵਿੱਚ ਸ਼ਾਮਲ ਸਾਰੀਆਂ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਸਟਾਫ ਤੋਂ ਇਲਾਵਾ ਪ੍ਰਿੰਸੀਪਲ ਜਗਜੀਤ ਸਿੰਘ, ਲੈਕਚਰਾਰ ਕਸ਼ਮੀਰ ਸਿੰਘ, ਪੈਨਸ਼ਨਰ ਐਸੋਸੀਏਸ਼ਨ ਆਗੂ ਸੁੱਚਾ ਸਿੰਘ ਮਿਰਜਾਪੁਰ, ਦਰਸ਼ਨ ਸਿੰਘ ਸਤਾਬਗੜ੍ਹ, ਸਰਪੰਚ ਜੋਗਿੰਦਰ ਸਿੰਘ, ਮਾਸਟਰ ਗੁਰਸੇਵਕ ਸਿੰਘ ਖੰਨਾ, ਸਾਬਕਾ ਬੀ ਈ ਓ ਹਰਭਜਨ ਸਿੰਘ ਥਿੰਦ, ਮਾਸਟਰ ਜਗਮੋਹਨ ਸਿੰਘ ਥਿੰਦ, ਲਖਬੀਰ ਸਿੰਘ ਲੱਖੀ ਆਦਿ ਹਾਜ਼ਰ ਸਨ।

## ਵੱਡੀ ਮਾਤਰਾ 'ਚ ਨਸ਼ੀਲੇ ਪਦਾਰਥਾਂ ਸਮੇਤ 20 ਮੁਲਜ਼ਮ ਗ੍ਰਿਫ਼ਤਾਰ

**ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਪੁਲਸ ਵੱਲੋਂ ਨਸ਼ਿਆਂ ਦੀ ਗੈਰ-ਕਾਨੂੰਨੀ ਸਪਲਾਈ ਅਤੇ ਤਸਕਰੀ ਨੂੰ ਠੱਲ੍ਹ ਪਾਉਣ ਲਈ ਸਬ-ਡਿਵੀਜ਼ਨ ਨਕੋਦਰ ਵਿੱਚ ਵਿਸ਼ੇਸ਼ ਕਾਸੋ



(ਕੋਰਡਨ ਐਂਡ ਸਰਚ ਆਪ੍ਰੇਸ਼ਨ) ਚਲਾਇਆ ਗਿਆ।ਇਹ ਵਿਸ਼ੇਸ਼ ਆਪ੍ਰੇਸ਼ਨ ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਦੀ ਅਗਵਾਈ ਹੇਠ ਅਤੇ ਓਂਕਾਰ ਸਿੰਘ ਬਰਾੜ, ਡੀ ਐੱਸ ਪੀ ਸਬ-ਡਿਵੀਜ਼ਨ ਨਕੋਦਰ ਅਤੇ ਮਨਜੀਤ ਸਿੰਘ, ਡੀ.ਐੱਸ.ਪੀ. ਟ੍ਰੈਫਿਕ ਦੀ ਨਿਗਰਾਨੀ ਹੇਠ ਚਲਾਇਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਵਿਸ਼ੇਸ਼ ਕਾਸੋ ਦੌਰਾਨ ਪੁਲਸ ਟੀਮਾਂ ਵੱਲੋਂ ਸਬ-ਡਿਵੀਜ਼ਨ ਨਕੋਦਰ ਦੇ ਨਸ਼ਾ ਪ੍ਰਭਾਵਿਤ ਇਲਾਕਿਆਂ, ਨਸ਼ਿਆਂ ਦੇ ਹੌਟਸਪਾਟਸ, ਖਾਲੀ ਮਕਾਨਾਂ, ਸੁੰਨਸਾਨ ਥਾਵਾਂ ਅਤੇ ਹੋਰ ਸ਼ੱਕੀ ਸਥਾਨਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਆਪ੍ਰੇਸ਼ਨ ਦੌਰਾਨ ਕੁੱਲ 16 ਐਫ ਆਈ ਆਰ ਐਨ ਡੀ ਪੀ ਐਸ ਐਕਟ ਤਹਿਤ ਦਰਜ ਕਰਕੇ 19 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ 1 ਐਫ ਆਈ ਆਰ ਆਬਕਾਰੀ ਐਕਟ ਤਹਿਤ ਦਰਜ ਕਰਕੇ 1 ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਗਿਆ। ਇਸ ਤਰ੍ਹਾਂ ਸਬ-ਡਿਵੀਜ਼ਨ ਨਕੋਦਰ ਦੇ ਵੱਖ-ਵੱਖ ਥਾਣਿਆਂ ਵਿੱਚ ਕੁੱਲ 17 ਐਫ ਆਈ ਆਰ ਦਰਜ ਕਰਕੇ 20 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਆਪ੍ਰੇਸ਼ਨ ਦੌਰਾਨ ਕੁੱਲ 308.15 ਗ੍ਰਾਮ ਹੈਰੋਇਨ, 443 ਨਸ਼ੀਲੀਆਂ ਗੋਲੀਆਂ, 53 ਬਿਨਾਂ ਲੇਬਲ ਵਾਲੇ ਟੀਕੇ ਅਤੇ 1 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਬਰਾਮਦ ਕੀਤਾ ਗਿਆ। ਇਸ ਤੋਂ ਇਲਾਵਾ 22 ਬੋਤਲਾਂ ਸ਼ਰਾਬ, 01 .32 ਬੋਰ ਪਿਸਤੌਲ, 2 ਮੈਗਜ਼ੀਨ, 1 ਜ਼ਿੰਦਾ ਰੌਂਦ, 41,000 ਰੁਪਏ ਦੀ ਭਾਰਤੀ ਕਰੰਸੀ ਅਤੇ 01 ਆਈ-20 ਕਾਰ ਵੀ ਬਰਾਮਦ ਕੀਤੀ ਗਈ।

## ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਰੋਨ ਸ਼ੋਅ ਅੱਜ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ 25 ਸਤੰਬਰ ਨੂੰ ਬਲਾਚੌਰ ਦੇ ਡੀ ਏ ਵੀ ਸਕੂਲ ਸਪੋਰਟਸ ਗਰਾਊਂਡ ਵਿੱਚ ਵਿਸ਼ੇਸ਼ ਡਰੋਨ ਸ਼ੋਅ ਕਰਵਾਇਆ ਜਾਵੇਗਾ। ਇਸ ਦੌਰਾਨ ਡਰੋਨ ਤਕਨੀਕ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਦਰਸ਼ਨ, ਸਿੱਖਿਆਵਾਂ ਅਤੇ ਮਾਨਵਤਾ ਪ੍ਰਤੀ ਉਨ੍ਹਾਂ ਦੇ ਸੰਦੇਸ਼ ਨੂੰ ਆਕਰਸ਼ਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਏ ਡੀ ਸੀ (ਜ) ਸੁਨੀਲ ਫੋਗਾਟ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਡਰੋਨ ਸ਼ੋਅ ਦੀਆਂ ਤਿਆਰੀਆਂ ਅਤੇ ਵੱਖ-ਵੱਖ ਪ੍ਰਬੰਧਾਂ ਦੀ ਸਮੀਖਿਆ ਕੀਤੀ। ਏ ਡੀ ਸੀ ਨੇ ਦੱਸਿਆ ਕਿ ਪ੍ਰੋਗਰਾਮ ਦੀ ਸ਼ੁਰੂਆਤ ਸ਼ਾਮ 6 ਵਜੇ ਹੋਵੇਗੀ। ਇਸ ਦੌਰਾਨ ਰਾਗੀ ਸੰਤ ਵੱਲੋਂ ਗੁਰਬਾਣੀ ਅਤੇ ਕੀਰਤਨ ਰਾਹੀਂ ਸੰਗਤ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨਾਲ ਜੋੜਿਆ ਜਾਵੇਗਾ। ਇਸ ਤੋਂ ਬਾਅਦ ਰਾਤ 7.45 ਵਜੇ ਮੁੱਖ ਡਰੋਨ ਸ਼ੋਅ ਪੇਸ਼ ਕੀਤਾ ਜਾਵੇਗਾ। ਡਰੋਨ ਸ਼ੋਅ ਦੌਰਾਨ ਇੱਕੋ ਸਮੇਂ 500 ਡਰੋਨ ਅਸਮਾਨ ਵਿੱਚ ਉੱਡ ਕੇ ਵੱਖ-ਵੱਖ ਆਕ੍ਰਿਤੀਆਂ ਅਤੇ ਡਿਜੀਟਲ ਪੇਸ਼ਕਾਰੀਆਂ ਰਾਹੀਂ ਗੁਰੂ ਜੀ ਦੇ ਜੀਵਨ ਅਤੇ ਸੰਦੇਸ਼ ਨੂੰ ਪ੍ਰਦਰਸ਼ਿਤ ਕਰਨਗੇ।

## ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਮੋਰਿੰਡਾ ਪੁੱਜੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀਆਂ ਗਈਆਂ ਚਾਰ 'ਨਸ਼ਾ ਮੁਕਤ ਪੰਜਾਬ ਯਾਤਰਾਵਾਂ' ਵਿੱਚੋਂ ਇੱਕ ਯਾਤਰਾ ਮੋਰਿੰਡਾ ਪੁੱਜੀ। ਇਸ ਯਾਤਰਾ ਦੇ ਮੋਰਿੰਡਾ ਪਹੁੰਚਣ 'ਤੇ ਭਾਜਪਾ ਦੀ ਸੀਨੀਅਰ ਆਗੂ ਮੈਡਮ ਅੰਜੂ ਬਾਲਾ ਸਿੰਘ ਦੀ ਅਗਵਾਈ ਹੇਠ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸਥਾਨਕ ਲੋਕਾਂ ਨੇ ਸ਼ਮੂਲੀਅਤ ਕੀਤੀ। ਇਹ ਰੈਲੀ ਇਤਿਹਾਸਿਕ ਰਹੀ ਕਿਉਂਕਿ ਇਸ ਤੋਂ ਪਹਿਲਾਂ ਹਲਕਾ ਸ੍ਰੀ ਚਮਕੌਰ ਸਾਹਿਬ ਵਿੱਚ ਅੱਜ ਤੱਕ ਭਾਜਪਾ ਦਾ ਅਜਿਹਾ ਵੱਡਾ ਇਕੱਠ ਨਹੀਂ ਹੋ ਸਕਿਆ। ਇਸ ਮੌਕੇ ਸਾਬਕਾ ਕੇਂਦਰੀ ਮੰਤਰੀ ਅਨੁਰਾਗ ਸਿੰਘ ਠਾਕੁਰ, ਕੇਂਦਰੀ ਸੰਸਦੀ ਬੋਰਡ ਦੇ ਮੈਂਬਰ ਇਕਬਾਲ ਸਿੰਘ ਲਾਲਪੁਰਾ, ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ, ਸਾਬਕਾ ਵਿਧਾਇਕ ਇੰਦਰ ਇਕਬਾਲ ਸਿੰਘ ਅਟਵਾਲ ਅਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।



ਰੈਲੀ ਨੂੰ ਸੰਬੋਧਨ ਕਰਦਿਆਂ ਸਾਬਕਾ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਨੇ ਪੰਜਾਬੀਆਂ ਨੂੰ ਨਸ਼ਿਆਂ ਖਿਲਾਫ਼ ਫ਼ੈਸਲਾਕੁੰਨ ਹੋਣ ਦਾ ਸੱਦਾ ਦਿੱਤਾ। ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਅਤੇ ਭਾਜਪਾ ਦੇ ਸੰਸਦੀ ਬੋਰਡ ਦੇ ਮੈਂਬਰ ਇਕਬਾਲ ਸਿੰਘ ਲਾਲਪੁਰਾ ਨੇ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਵਾਲੀ ਇਸ ਪਵਿੱਤਰ ਧਰਤੀ 'ਤੇ ਨਸ਼ਿਆਂ ਦਾ ਵਪਾਰ ਹੋਣਾ ਬੇਹੱਦ ਸ਼ਰਮਨਾਕ ਹੈ। ਇਸ ਮੌਕੇ ਕਰਮਜੀਤ ਸਿੰਘ ਭੰਗੂ ਮੰਡਲ ਪ੍ਰਧਾਨ ਮੋਰਿੰਡਾ, ਕੁਲਦੀਪ ਸਿੰਘ, ਹਰਜੀਤ ਸਿੰਘ, ਪਵਨਜੀਤ ਸਿੰਘ, ਜਗਦੇਵ ਸਿੰਘ, ਸੁੱਚਾ ਸਿੰਘ, ਹਰਨੇਕ ਸਿੰਘ ਕਲਾਰਾ, ਜਗਦੀਪ ਸਿੰਘ ਸੰਗਤਪੁਰਾ, ਵਿਨੋਦ ਰਾਣਾ, ਸੁਰਜੀਤ ਸਿੰਘ ਰੰਗੀਆਂ, ਬਲਵੀਰ ਸਿੰਘ, ਪਵਿੱਤਰ ਸਿੰਘ ਬਰਸਾਲਪੁਰ, ਤਰਸੇਮ ਸਿੰਘ ਕਾਂਝਲਾ, ਜਸਮੇਰ ਸਿੰਘ ਮੰਦਵਾੜਾ ਹਾਜ਼ਰ ਸਨ।

## ਇੰਡੀਅਨ ਜਰਨਲਿਸਟਸ ਯੂਨੀਅਨ ਵੱਲੋਂ ਗਾਂਧੀ ਜਯੰਤੀ ਮੌਕੇ 'ਮੰਗ ਦਿਵਸ' ਮਨਾਇਆ ਜਾਵੇਗਾ

**ਵਿਜੇਵਾੜਾ/ਚੰਡੀਗੜ੍ਹ (ਨ ਜ ਸ)**- ਇੰਡੀਅਨ ਜਰਨਲਿਸਟਸ ਯੂਨੀਅਨ ਜੋ ਪੂਰੇ ਭਾਰਤ ਵਿੱਚ ਕਾਰਜਸ਼ੀਲ ਪੱਤਰਕਾਰਾਂ ਦੀ ਨੁਮਾਇੰਦਗੀ ਕਰਨ ਵਾਲੀ ਪ੍ਰਮੁੱਖ ਸੰਸਥਾ ਹੈ, ਨੇ ਐਲਾਨ ਕੀਤਾ ਹੈ ਕਿ 2 ਅਕਤੂਬਰ (ਗਾਂਧੀ ਜਯੰਤੀ) ਨੂੰ ਦੇਸ਼ ਭਰ ਵਿੱਚ ਮੰਗ ਦਿਵਸ ਵਜੋਂ ਮਨਾਇਆ ਜਾਵੇਗਾ। ਇਹ ਫ਼ੈਸਲਾ ਹਾਲ ਹੀ ਵਿੱਚ ਕਰਨਾਟਕ ਦੇ ਬੈਂਗਲੁਰੂ ਵਿਖੇ ਹੋਈ ਇੰਡੀਅਨ ਜਰਨਲਿਸਟਸ ਯੂਨੀਅਨ ਦੀ ਨੈਸ਼ਨਲ ਐਗਜ਼ੈਕਟਿਵ ਕਮੇਟੀ ਦੀ ਮੀਟਿੰਗ ਦੌਰਾਨ ਲਿਆ ਗਿਆ।ਇਸ ਦੇਸ਼-ਵਿਆਪੀ ਮੰਗ ਦਿਵਸ ਅੰਦੋਲਨ ਦੇ ਹਿੱਸੇ ਵਜੋਂ, ਇੰਡੀਅਨ ਜਰਨਲਿਸਟਸ ਯੂਨੀਅਨ ਨੇ ਆਪਣੀਆਂ ਸਬੰਧਤ ਸੂਬਾਈ ਯੂਨੀਅਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਭਾਰਤ ਦੇ ਮਾਨਯੋਗ ਰਾਸ਼ਟਰਪਤੀ ਅਤੇ ਸੂਬਿਆਂ ਦੇ ਮੁੱਖ ਮੰਤਰੀਆਂ ਨੂੰ ਮੰਗ ਪੱਤਰ ਭੇਜਣ ਅਤੇ ਮੀਡੀਆ ਪੇਸ਼ੇਵਰਾਂ ਨਾਲ ਸਬੰਧਤ ਮਹੱਤਵਪੂਰਨ ਸੰਵਿਧਾਨਕ ਅਤੇ ਕਾਨੂੰਨੀ ਮੁੱਦਿਆਂ 'ਤੇ ਕੇਂਦਰ ਸਰਕਾਰ ਵੱਲੋਂ ਤੁਰੰਤ ਦਖ਼ਲ ਦੀ ਮੰਗ ਕਰਨ। ਜਾਰੀ ਕੀਤੇ ਗਏ ਇੱਕ ਬਿਆਨ ਵਿੱਚ ਇੰਡੀਅਨ ਜਰਨਲਿਸਟਸ ਯੂਨੀਅਨ ਦੇ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਅਤੇ ਸਕੱਤਰ ਜਨਰਲ ਡੀ. ਸੋਮਾ ਸੁੰਦਰ ਨੇ ਚਾਰ ਮਹੱਤਵਪੂਰਨ ਮੰਗਾਂ ਉਜਾਗਰ ਕੀਤੀਆਂ, ਜੋ ਪ੍ਰੈੱਸ ਦੀ ਆਜ਼ਾਦੀ ਅਤੇ ਮੀਡੀਆ ਕਰਮਚਾਰੀਆਂ ਦੀ ਸਮਾਜਿਕ-ਆਰਥਿਕ ਸੁਰੱਖਿਆ ਨੂੰ ਕਾਇਮ ਰੱਖਣ ਲਈ ਅਹਿਮ ਹਨ। ਆਖ਼ਰੀ ਪ੍ਰੈੱਸ ਕਮਿਸ਼ਨ ਨੇ ਚਾਰ ਦਹਾਕਿਆਂ ਤੋਂ ਵੀ ਵੱਧ ਸਮਾਂ ਪਹਿਲਾਂ, 1982 ਵਿੱਚ ਆਪਣੀ ਰਿਪੋਰਟ ਪੇਸ਼ ਕੀਤੀ ਸੀ। ਪ੍ਰਸਾਰਣ ਟੈਲੀਵਿਜ਼ਨ, ਆਨਲਾਈਨ ਪੋਰਟਲਾਂ ਅਤੇ ਐਲਗੋਰਿਦਮ ਆਧਾਰਿਤ ਸੋਸ਼ਲ ਮੀਡੀਆ ਨੈੱਟਵਰਕਾਂ ਦੇ ਤੇਜ਼ੀ ਨਾਲ ਹੋਏ ਵਿਸਥਾਰ ਨੂੰ ਦੇਖਦਿਆਂ ਇੱਕ ਵਿਆਪਕ ਸਮੀਖਿਆ ਦੀ ਲੋੜ ਹੈ। ਆਈ ਜੇ ਯੂ ਕੇਂਦਰ ਸਰਕਾਰ ਤੋਂ ਮੰਗ ਕਰਦੀ ਹੈ ਕਿ ਪੱਤਰਕਾਰਾਂ ਅਤੇ ਨਿਊਜ਼ ਅਦਾਰਿਆਂ ਦੀ ਸਰੀਰਕ ਸੁਰੱਖਿਆ ਅਤੇ ਕਾਨੂੰਨੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਵਿਸ਼ੇਸ਼ ਕੇਂਦਰੀ ਕਾਨੂੰਨ ਬਣਾਇਆ ਜਾਵੇ, ਤਾਂ ਜੋ ਉਹ ਬਿਨਾਂ ਕਿਸੇ ਡਰ ਜਾਂ ਬਦਲੇ ਦੀ ਭਾਵਨਾ ਦੇ ਆਪਣੀਆਂ ਲੋਕਤੰਤਰੀ ਜ਼ਿੰਮੇਵਾਰੀਆਂ ਨਿਭਾ ਸਕਣ। ਇੰਡੀਅਨ ਜਰਨਲਿਸਟਸ ਯੂਨੀਅਨ ਦੀ ਲੀਡਰਸ਼ਿਪ ਨੇ ਸਾਰੇ ਸੂਬਿਆਂ ਦੀਆਂ ਪੱਤਰਕਾਰ ਯੂਨੀਅਨਾਂ, ਪ੍ਰੈੱਸ ਕਲੱਬਾਂ ਅਤੇ ਸਿਵਲ ਸੁਸਾਇਟੀ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ 2 ਅਕਤੂਬਰ ਨੂੰ 'ਮੰਗ ਦਿਵਸ' ਵਜੋਂ ਸਰਗਰਮੀ ਨਾਲ ਮਨਾਉਣ। ਇਸ ਮੌਕੇ ਪ੍ਰਦਰਸ਼ਨ, ਧਰਨੇ, ਮੀਟਿੰਗਾਂ ਕਰਨ ਦੇ ਨਾਲ-ਨਾਲ ਸਥਾਨਕ ਲੋਕ ਨੁਮਾਇੰਦਿਆਂ ਅਤੇ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪੇ ਜਾਣ।

## ਸਿਵਲ ਹਸਪਤਾਲ 'ਚ ਸਿਹਤ ਕਾਰਡ ਵੰਡ ਸਮਾਗਮ



**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਤੱਕ ਸਿਹਤ ਸੇਵਾਵਾਂ ਅਤੇ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਪਹੁੰਚਾਉਣ ਦੇ ਮੰਤਵ ਨਾਲ ਐੱਸ ਐੱਮ ਓ ਡਾ. ਸਰਿਤਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਖਰੜ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ (ਐੱਮ ਐੱਮ ਐੱਸ ਵਾਈ) ਤਹਿਤ ਸਿਹਤ ਕਾਰਡ ਵੰਡ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਚੇਅਰਮੈਨ, ਯੂਥ ਡਿਵੈਲਪਮੈਂਟ ਬੋਰਡ, ਪੰਜਾਬ ਪਰਮਿੰਦਰ ਸਿੰਘ ਗੋਲਡੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ। ਸਮਾਗਮ ਦੌਰਾਨ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ।

ਇਸ ਮੌਕੇ ਸਿਵਲ ਹਸਪਤਾਲ ਖਰੜ ਦੀ ਐੱਸ.ਐੱਮ.ਓ. ਡਾ. ਸਰਿਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਸਪਤਾਲ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ 1,000 ਤੋਂ ਵੱਧ ਸਿਹਤ ਕਾਰਡਾਂ ਦੀਆਂ ਹਾਰਡ ਕਾਪੀਆਂ ਤਿਆਰ ਹਨ। ਯੋਗ ਲਾਭਪਾਤਰੀ ਸਿਵਲ ਹਸਪਤਾਲ ਖਰੜ ਵਿਖੇ ਪਹੁੰਚ ਕੇ ਆਪਣੇ ਸਿਹਤ ਕਾਰਡ ਪ੍ਰਾਪਤ ਕਰ ਸਕਦੇ ਹਨ।

## ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ : ਧਾਲੀਵਾਲ

**ਫਗਵਾੜਾ (ਡਾ. ਰਮਨ)**- ਸਾਬਕਾ ਆਈ ਏ ਐੱਸ ਅਧਿਕਾਰੀ ਅਤੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਜਿਸ ਸੰਵਿਧਾਨਕ ਅਹੁਦੇ 'ਤੇ ਪੂਰੇ ਦੇਸ਼ ਵਿੱਚ ਨਿਰਪੱਖ ਚੋਣਾਂ ਕਰਵਾਉਣ ਦੀ ਜ਼ਿੰਮੇਵਾਰੀ ਹੋਵੇ, ਉਸ ਅਹੁਦੇ 'ਤੇ ਬੈਠੇ ਵਿਅਕਤੀ ਲਈ ਸਿਰਫ਼ ਨਿਰਪੱਖ ਹੋਣਾ ਹੀ ਨਹੀਂ, ਸਗੋਂ ਨਿਰਪੱਖ ਦਿਖਾਈ ਦੇਣਾ ਵੀ ਉਨ੍ਹਾਂ ਹੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਦੀ ਚੋਣ ਪ੍ਰਕਿਰਿਆ 'ਤੇ ਉੱਠੇ ਸਵਾਲ ਅਤੇ ਉਨ੍ਹਾਂ ਖ਼ਿਲਾਫ਼ ਲੰਬਿਤ ਮਹਾਂਦੋਸ਼ੀ ਪ੍ਰਸਤਾਵ ਨੇ ਸਥਿਤੀ ਨੂੰ ਹੋਰ ਵੀ ਗੰਭੀਰ ਬਣਾ ਦਿੱਤਾ ਹੈ। ਉਨ੍ਹਾਂ ਮੰਗ ਕੀਤੀ ਕਿ ਲੋਕਤੰਤਰ ਅਤੇ ਸੰਵਿਧਾਨਕ ਸੰਸਥਾਵਾਂ ਦੀ ਮਰਿਆਦਾ ਬਰਕਰਾਰ ਰੱਖਣ ਲਈ ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ। ਧਾਲੀਵਾਲ ਨੇ ਕਿਹਾ ਕਿ ਨੇਤਾ ਵਿਰੋਧੀ ਧਿਰ ਰਾਹੁਲ ਗਾਂਧੀ ਕਾਫ਼ੀ ਸਮੇਂ ਤੋਂ ਵੋਟਰ ਸੂਚੀ ਅਤੇ ਚੋਣ ਪ੍ਰਕਿਰਿਆ ਨੂੰ ਲੈ ਕੇ ਜੋ ਚਿੰਤਾਵਾਂ ਜਤਾ ਰਹੇ ਹਨ, ਉਹ ਅੱਜ ਰਾਸ਼ਟਰੀ ਚਿੰਤਾ ਦਾ ਵਿਸ਼ਾ ਬਣ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਚੋਣ ਕਮਿਸ਼ਨਰ ਨਾਲ ਜੁੜੇ ਹਾਲੀਆ ਘਟਨਾਕ੍ਰਮ ਅਤੇ ਸੁਪਰੀਮ ਕੋਰਟ ਵਿੱਚ ਚੱਲ ਰਹੀ ਸੁਣਵਾਈ ਨੇ ਦੇਸ਼ ਦੀ ਚੋਣ ਪ੍ਰਣਾਲੀ ਦੀ ਨਿਰਪੱਖਤਾ ਅਤੇ ਆਜ਼ਾਦੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੂੰ ਕਾਰਜਪਾਲਿਕਾ ਦੇ ਪ੍ਰਭਾਵ ਤੋਂ ਪੂਰੀ ਤਰ੍ਹਾਂ ਮੁਕਤ ਰੱਖਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਧਾਲੀਵਾਲ ਨੇ ਕਿਹਾ ਕਿ ਮਾਰਚ 2023 ਦੇ ਅਨੂਪ ਬਰਨਵਾਲ ਬਨਾਮ ਭਾਰਤ ਸੰਘ ਫ਼ੈਸਲੇ ਵਿੱਚ ਸੁਪਰੀਮ ਕੋਰਟ ਨੇ ਨਿਯੁਕਤੀ ਕਮੇਟੀ ਵਿੱਚ ਪ੍ਰਧਾਨ ਮੰਤਰੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਭਾਰਤ ਦੇ ਮੁੱਖ ਨਿਆਂਧੀਸ਼ ਨੂੰ ਸ਼ਾਮਲ ਕਰਨ ਦੀ ਵਿਵਸਥਾ ਤੈਅ ਕੀਤੀ ਸੀ, ਪਰ ਬਾਅਦ ਵਿੱਚ ਬਣੇ ਕਾਨੂੰਨ ਰਾਹੀਂ ਇਸ ਵਿੱਚ ਤਬਦੀਲੀ ਕਰ ਦਿੱਤੀ ਗਈ। ਉਨ੍ਹਾਂ ਕਿਹਾ ਕਿ ਹੁਣ ਇਸ ਪੂਰੇ ਮਾਮਲੇ 'ਤੇ ਵੱਡੇ ਬੈਂਚ ਦੀ ਸੁਣਵਾਈ ਦੇਸ਼ ਦੇ ਲੋਕਤੰਤਰਿਕ ਭਵਿੱਖ ਲਈ ਬੇਹੱਦ ਮਹੱਤਵਪੂਰਨ ਹੋਵੇਗੀ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ 'ਤੇ ਲੋਕਾਂ ਦਾ ਭਰੋਸਾ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਇਸ ਨੂੰ ਕਮਜ਼ੋਰ ਕਰਨ ਵਾਲੀ ਹਰ ਸਥਿਤੀ ਚਿੰਤਾ ਦਾ ਵਿਸ਼ਾ ਹੈ।

## ਵਿਦਿਆਰਥੀਆਂ ਵੱਲੋਂ ਪੰਜਾਬ ਪੁਲਸ ਅਕੈਡਮੀ ਦਾ ਵਿੱਦਿਅਕ ਦੌਰਾ



**ਫਿਲੌਰ (ਨਿਰਮਲ)**- ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਨੇ ਅੰਮ੍ਰਿਤਸਰ ਅਤੇ ਤਰਨ ਤਾਰਨ ਜ਼ਿਲ੍ਹਿਆਂ ਦੇ 500 ਵਿਦਿਆਰਥੀ ਪੁਲਸ ਕੈਡਿਟਾਂ ਲਈ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਸ ਅਕੈਡਮੀ ਫਿਲੌਰ ਦਾ ਵਿਸ਼ੇਸ਼ ਵਿੱਦਿਅਕ ਦੌਰਾ ਕਰਵਾਇਆ। ਕੈਡਿਟ ਆਪਣੇ-ਆਪਣੇ ਜ਼ਿਲ੍ਹਿਆਂ ਦੇ ਨੋਡਲ ਐੱਸ ਪੀ ਸੀ ਅਧਿਆਪਕਾਂ ਅਤੇ ਸੰਜ ਅਧਿਕਾਰੀਆਂ ਨਾਲ ਅਕੈਡਮੀ ਪਹੁੰਚੇ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੁਲਸ ਵਿਭਾਗ ਦੇ ਕੰਮਕਾਜ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਸਾਈਬਰ ਸੁਰੱਖਿਆ ਅਤੇ ਜ਼ਿੰਮੇਵਾਰ ਔਨਲਾਈਨ ਵਿਵਹਾਰ ਬਾਰੇ ਜਾਗਰੂਕ ਕਰਨਾ ਸੀ। ਅਕੈਡਮੀ ਵਿੱਚ ਪਹੁੰਚਣ 'ਤੇ ਵਿਦਿਆਰਥੀ ਪੁਲਸ ਕੈਡਿਟਾਂ ਨੂੰ ਪੁਲਿਸ ਅਧਿਕਾਰੀਆਂ ਨਾਲ ਗੱਲਬਾਤ ਕਰਨ ਅਤੇ ਗੱਲਬਾਤ ਕਰਨ ਦਾ ਮੌਕਾ ਮਿਲਿਆ। ਵਿਦਿਆਰਥੀਆਂ ਨੇ ਪੁਲਸ ਵਿਭਾਗ ਦੇ ਕੰਮਕਾਜ, ਪੁਲਿਸ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਅਤੇ ਪੁਲਿਸ ਦੇ ਭਾਈਚਾਰੇ ਨਾਲ ਸੰਬੰਧਾਂ ਨਾਲ ਜੁੜੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਲਈ। ਅਧਿਕਾਰੀਆਂ ਨਾਲ ਗੱਲਬਾਤ ਰਾਹੀਂ, ਕੈਡਿਟਾਂ ਨੂੰ ਪੁਲਸ ਸੇਵਾ ਅਤੇ ਸਮਾਜ ਵਿੱਚ ਇਸ ਦੀ ਭੂਮਿਕਾ ਨੂੰ ਨੇੜਿਓਂ ਵੇਖਣ ਦਾ ਮੌਕਾ ਮਿਲਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਅਕੈਡਮੀ ਦੇ ਵਾਤਾਵਰਣ ਅਤੇ ਸਿਖਲਾਈ ਗਤੀਵਿਧੀਆਂ ਨੂੰ ਵੀ ਨੇੜਿਓਂ ਦੇਖਿਆ। ਇਸ ਨਾਲ ਉਨ੍ਹਾਂ ਨੂੰ ਪੁਲਿਸ ਵਿਭਾਗ ਵਿੱਚ ਸਿਖਲਾਈ ਅਤੇ ਅਨੁਸ਼ਾਸਨ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਮਿਲੀ। ਇਸ ਦੌਰੇ ਦੌਰਾਨ ਪੰਜਾਬ ਪੁਲਿਸ ਅਕੈਡਮੀ ਦੀ ਆਈ ਟੀ ਟੀਮ ਵੱਲੋਂ ਇੰਟਰਨੈੱਟ ਅਤੇ ਆਨਲਾਈਨ ਪਲੇਟਫਾਰਮਾਂ ਦੀ ਸੁਰੱਖਿਅਤ ਵਰਤੋਂ ਬਾਰੇ ਵਿਸ਼ੇਸ਼ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਆਈਟੀ ਟੀਮ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਨਾਲ ਵਿਵਹਾਰ ਕਰਨ ਅਤੇ ਡਿਜੀਟਲ ਦੁਨੀਆ ਵਿੱਚ ਸੁਰੱਖਿਅਤ ਅਤੇ ਸਮਝਦਾਰੀ ਨਾਲ ਇੰਟਰਨੈੱਟ ਦੀ ਵਰਤੋਂ ਕਰਨ ਦੇ ਮਹੱਤਵ ਬਾਰੇ ਜਾਗਰੂਕ ਕੀਤਾ।

## ਵਿਸ਼ੇਸ਼ ਸੈਮੀਨਾਰ 10 ਨੂੰ

**ਬਲਾਚੌਰ (ਜਸਵਿੰਦਰ ਬੈਂਸ)**- ਇੱਥੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੂਬਾਈ ਆਗੂ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਜਾਣਕਾਰੀ ਦਿੱਤੀ ਕਿ ਪੰਡ ਬਚਾਓ, ਪੰਜਾਬ ਬਚਾਓ ਮੁਹਿੰਮ ਤਹਿਤ ਬਲਾਚੌਰ ਵਿਖੇ 10 ਅਕਤੂਬਰ ਨੂੰ ਇਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਪੰਜਾਬ ਦੇ ਉੱਘੇ ਚਿੰਤਕ ਅਤੇ ਵਿਦਵਾਨ ਡਾਕਟਰ ਪਿਆਰੇ ਲਾਲ ਗਰਗ, ਸਰਦਾਰ ਹਮੀਰ ਸਿੰਘ, ਸਾਥੀ ਤਰਸੇਮ ਜੋਧਾ ਅਤੇ ਕਰਨਲ ਸਿੰਘ ਜਖੇਪਲ ਮੁੱਖ ਬੁਲਾਰੇ ਹੋਣਗੇ। ਸਾਥੀ ਰਾਣਾ ਨੇ ਵਿਸਤਾਰਤ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ



ਧਰਤੀ ਹੇਠਲਾ ਡੂੰਘਾ ਹੋ ਰਿਹਾ ਪਾਣੀ ਅਤੇ ਪ੍ਰਦੂਸ਼ਣ ਕਾਰਨ ਗੰਧਲਾ ਹੋ ਰਿਹਾ ਪੀਣ ਵਾਲਾ ਪਾਣੀ, ਪੰਜਾਬ ਨਾਲ ਪਾਣੀਆਂ ਦੇ ਮੁੱਦੇ ਤੇ ਨਿਆਂ, ਮਾਰੂ ਨਸ਼ੇ ਵਰਗਿਆਂ ਮੁੱਦਿਆਂ ਤੇ ਪੰਜਾਬ ਦੇ ਵਿਦਵਾਨ ਚਰਚਾ ਕਰਨਗੇ। ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੇਸ਼ ਦੇ ਅੰਦਰ ਚੱਲ ਰਹੇ ਹਲਾਤ ਵਾਲੀਆਂ ਰਾਜਨੀਤਿਕ ਧਿਰਾਂ ਨੂੰ ਵੀ ਇਸ ਸੈਮੀਨਾਰ ਵਿੱਚ ਉਪਰੋਕਤ ਮੁੱਦਿਆਂ ਤੇ ਆਪਣੇ ਵਿਚਾਰ ਪੇਸ਼ ਕਰਨ ਲਈ ਸੱਦਾ ਦਿੱਤਾ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਸਰਦਾਰ ਹਰਪਾਲ ਸਿੰਘ ਮੱਕੋਵਾਲ, ਕਰਨੈਲ ਸਿੰਘ ਭੌਰਾ ਤੇ ਦੇਵਰਾਜ ਵੀ ਹਾਜ਼ਰ ਸਨ। ਆਗੂਆਂ ਨੇ ਦੱਸਿਆ ਕਿ ਇਸ ਮੌਕੇ ਚਾਹ ਅਤੇ ਲੰਗਰ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

## ਇਪਟਾ ਪੰਜਾਬ ਦਾ ਜਨਰਲ ਇਜਲਾਸ ਤੇ ਚੋਣ 26 ਤੋਂ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਇਪਟਾ (ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ) ਪੰਜਾਬ ਦਾ ਜਨਰਲ ਇਜਲਾਸ ਅਤੇ ਤਿੰਨ ਸਾਲਾ ਚੋਣ 26 ਅਤੇ 27 ਸਤੰਬਰ ਨੂੰ ਆਰ ਸੀ ਐੱਫ ਕਪੂਰਥਲਾ ਵਿਖੇ ਹੋਵੇਗੀ।ਇਸ ਮੌਕੇ ਉੜੀਸਾ, ਛਤੀਸਗੜ੍ਹ ਅਤੇ ਇਪਟਾ, ਪੰਜਾਬ ਦੇ ਕਾਰਕੁਨ ਅਤੇ ਰੰਗਕਰਮੀ ਸ਼ਮੂਲੀਅਤ ਕਰਨਗੇ।ਇਹ ਜਾਣਕਾਰੀ ਦਿੰਦਿਆਂ ਇਪਟਾ ਪੰਜਾਬ ਦੇ ਪ੍ਰਧਾਨ ਨਾਟਕਰਮੀ ਸੰਜੀਵਨ ਸਿੰਘ ਅਤੇ ਜਨਰਲ ਰੰਗਕਰਮੀ ਸਕੱਤਰ ਇੰਦਰਜੀਤ ਰੂਪੋਵਾਲੀ ਨੇ ਦੱਸਿਆ ਕਿ ਦੋਵੇਂ ਦਿਨ ਸ਼ਾਮ ਨੂੰ 7 ਵਜੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਇਪਟਾ ਦੇ ਮੁੱਢਲੇ ਕਾਰਕੁਨ ਸਵਰਗੀ ਜੋਗਿੰਦਰ ਬਾਹਰਲਾ ਦੇ ਓਪੇਰੇ 'ਹਾੜੀਆਂ ਸੌਣੀਆਂ' ਅਤੇ 'ਖੋਈਆਂ ਰੰਭੀਆਂ' ਤੋਂ ਇਲਾਵਾ ਨਾਟਕ, ਨੁਕੜ ਨਾਟਕ ਅਤੇ ਲੋਕ-ਹਿਤੈਸ਼ੀ ਗਾਇਕੀ ਅੰਮ੍ਰਿਤਸਰ, ਫਗਵਾੜਾ, ਜਲੰਧਰ ਅਤੇ ਕਪੂਰਥਲਾ ਦੀਆ ਇਪਟਾ ਦੀਆਂ ਨਾਟ-ਟੋਲੀਆਂ ਵੱਲੋਂ ਪੇਸ਼ ਕੀਤੀ ਜਾਵੇਗੀ।ਉਚੇਚੇ ਤੌਰ 'ਤੇ ਆਏ ਇਪਟਾ ਭੁਵਨੇਸ਼ਨਰ (ਉੜੀਸਾ) ਦੇ ਕਾਰਕੁਨ ਅਤੇ ਰੰਗਕਰਮੀ ਪੀ ਕੇ ਦਾਸ ਵੀ ਆਪਣੀ ਨਾਟ-ਮੰਡਲੀ ਨਾਲ ਆਪਣੇ ਫ਼ਨ ਦਾ ਮੁਜ਼ਾਹਰਾ ਕਰਨਗੇ। ਇਪਟਾ, ਪੰਜਾਬ ਦੇ ਮੀਡੀਆ ਅਤੇ ਸ਼ੋਸ਼ਲ ਮੀਡੀਆ ਕੋਆਰਡੀਨੇਟਰ ਅਤੇ ਸਮਾਗਮ ਦੇ ਕਨਵੀਨਰ ਡਾਕਟਰ ਹਰਭਜਨ ਸਿੰਘ ਦੱਸਿਆ ਕਿ ਦੂਸਰੇ ਦਿਨ 27 ਸਤੰਬਰ ਨੂੰ ਸਵੇਰੇ 10.30 ਵਜੇ ਜਨਰਲ ਇਜਲਾਸ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਇਪਟਾ ਪੰਜਾਬ ਦੀਆਂ ਰੰਗਮੰਚੀ, ਸੱਭਿਆਚਾਰਕ ਅਤੇ ਜਥੇਬੰਦਕ ਸਰਗਰਮੀਆਂ ਦੀ ਰਿਪੋਰਟ ਜਨਰਲ ਸਕੱਤਰ ਵੱਲੋਂ ਪੇਸ਼ ਕੀਤੀ ਜਾਵੇਗੀ।ਡੈਲੀਗੇਟਾਂ ਵੱਲੋਂ ਵਿਚਾਰ-ਵਟਾਂਦਰਾ ਉਪਰੰਤ ਆਉਣ ਵਾਲੇ ਤਿੰਨ ਸਾਲਾਂ ਦੀਆਂ ਸਰਗਰਮੀਆਂ ਦੀ ਰੂਪ-ਰੇਖਾ ਤਿਆਰ ਕੀਤੀ ਜਾਵੇਗੀ।ਅਤੇ ਬਾਅਦ ਦੁਪਹਿਰ ਇਪਟਾ ਦੇ ਰਾਸ਼ਟਰੀ ਸਕੱਤਰ ਸ਼ਲੈਂਦਰਾ ਦੇ ਦੇਖ-ਰੇਖ ਹੇਠ ਇਪਟਾ ਦੀ ਅਗਲੇ ਤਿੰਨ ਸਾਲਾਂ ਵਾਸਤੇ ਚੋਣ ਹੋਵੇਗੀ।

## ਵਿਧਾਇਕਾ ਨੇ 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਨਕੋਦਰ ਵਿਖੇ ਘਰ-ਘਰ ਜਾ ਕੇ ਲੋਕਾਂ ਨਾਲ ਕੀਤਾ ਸੰਪਰਕ

**ਜਲੰਧਰ (ਸੁਰਿੰਦਰ ਕੁਮਾਰ)**- 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਹਲਕਾ ਵਿਧਾਇਕਾ ਇੰਦਰਜੀਤ ਕੌਰ ਮਾਨ ਵੱਲੋਂ ਨਕੋਦਰ ਵਿਖੇ ਡੋਰ-ਟੂ-ਡੋਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਉਨ੍ਹਾਂ ਲੋਕਾਂ ਨਾਲ ਘਰ-ਘਰ ਜਾ ਕੇ ਮੁਲਾਕਾਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਆਪਣੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਲੋਕਾਂ ਦੀ



ਭਲਾਈ ਲਈ ਕੀਤੇ ਗਏ ਕੰਮਾਂ ਅਤੇ ਯੋਜਨਾਵਾਂ ਤੋਂ ਜਾਣੂ ਕਰਵਾਇਆ। ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਲੋਕ ਪੱਖੀ ਫੈਸਲਿਆਂ ਅਤੇ ਸਕੀਮਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਪਹਿਲਕਦਮੀਆਂ ਨੇ ਜ਼ਰੂਰੀ ਸੇਵਾਵਾਂ 'ਤੇ ਪਰਿਵਾਰਾਂ ਦੇ ਵਿੱਤੀ ਬੋਝ ਨੂੰ ਘਟਾਇਆ ਹੈ। ਮੁਫ਼ਤ ਬਿਜਲੀ, ਸਿਹਤ ਸੇਵਾਵਾਂ, ਸਿੱਖਿਆ ਅਤੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸਦਕਾ ਲੋਕਾਂ ਦੀ ਮਿਹਨਤ ਦੀ ਕਮਾਈ ਦੀ ਬੱਚਤ ਹੋ ਰਹੀ ਹੈ। ਜਨ ਸੰਪਰਕ ਮੁਹਿੰਮ ਦੌਰਾਨ ਲੋਕਾਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਕੈਸ਼ਲੈਸ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ।

## ਪੰਜਾਬੀ ਦਿਵਸ ਮੌਕੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ

**ਕਰਤਾਰਪੁਰ (ਹਰਮੇਸ਼ ਦੱਤ)**- ਦਿਆਲਪੁਰ ਜ਼ਿਲ੍ਹਾ ਕਪੂਰਥਲਾ ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ 'ਵਿਸ਼ਵ ਪੰਜਾਬੀ ਦਿਵਸ' ਦੇ ਮੌਕੇ 'ਤੇ ਵਿਦਿਆਰਥੀਆਂ ਵਿੱਚ ਪੰਜਾਬੀ ਭਾਸ਼ਾ ਪ੍ਰਤੀ ਪਿਆਰ, ਸਤਿਕਾਰ ਅਤੇ ਮਾਣ ਦੀ ਭਾਵਨਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਗਤੀਵਿਧੀਆਂ ਵਿੱਚ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ 23 ਸਤੰਬਰ—ਮੇਰਾ ਦਸਤਖ਼ਤ, ਮੇਰੀ ਪੰਜਾਬੀ , ਇੱਕ ਲਿਖਤ ਪੰਜਾਬੀ ਦੇ ਨਾਂਅ , ਆਪਣੇ ਹੱਥੀਂ ਪੰਜਾਬੀ ਪੈਂਤੀ , ਮੇਰਾ ਮੋਬਾਈਲ—ਮੇਰੀ ਪੰਜਾਬੀ , ਪੰਜਾਬੀ ਅਤੇ 19 ਮੁਹਿੰਮ, ਇੱਕ ਕਿਤਾਬ ਪੰਜਾਬੀ ਦੀ , ਵਿਰਾਸਤ ਦੀ ਆਵਾਜ਼ ਅਤੇ ਇੱਕ ਮਿੰਟ ਪੰਜਾਬੀ ਆਦਿ ਗਤੀਵਿਧੀਆਂ ਵਿੱਚ ਭਾਗ ਲਿਆ ਗਿਆ। ਵਿਦਿਆਰਥੀਆਂ ਨੇ ਪੰਜਾਬੀ ਵਿੱਚ ਦਸਤਖ਼ਤ ਕਰਨ, ਸੁੰਦਰ ਲਿਖਾਈ, ਪੰਜਾਬੀ ਪੈਂਤੀ ਲਿਖਣ, ਪੰਜਾਬੀ ਕਿਤਾਬਾਂ ਪੜ੍ਹਨ ਅਤੇ ਪੰਜਾਬੀ ਭਾਸ਼ਾ ਨਾਲ ਸਬੰਧਤ ਵੀਡੀਓ/ਸੁਨੇਹੇ ਤਿਆਰ ਕਰਨ ਵਰਗੀਆਂ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬੀ ਸਾਡੀ ਮਾਂ-ਬੋਲੀ ਅਤੇ ਸਾਡੀ ਅਮੀਰ ਵਿਰਾਸਤ ਦਾ ਅਹਿਮ ਹਿੱਸਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਨੂੰ ਰੋਜ਼ਾਨਾ ਜੀਵਨ ਵਿੱਚ ਵੱਧ ਤੋਂ ਵੱਧ ਵਰਤਣ ਲਈ ਪ੍ਰੇਰਿਤ ਕੀਤਾ।ਇਸ ਸਮੁੱਚੇ ਪ੍ਰੋਗਰਾਮ ਦਾ ਆਯੋਜਨ ਮੈਡਮ ਪਰਮਜੀਤ ਕੌਰ ਢਾਅ ਤੇ ਮੈਡਮ ਪਰਮਜੀਤ ਕੌਰ ਕਾਹਲੋਂ ਦੀ ਅਗਵਾਈ ਹੇਠ ਕੀਤਾ ਗਿਆ। ਅਧਿਆਪਕਾਂ ਵੱਲੋਂ ਗਤੀਵਿਧੀਆਂ ਦੀ ਯੋਜਨਾ ਬਣਾਉਣ ਅਤੇ ਵਿਦਿਆਰਥੀਆਂ ਨੂੰ ਭਾਗ ਲੈਣ ਲਈ ਉਤਸ਼ਾਹਿਤ ਕਰਨ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਪਰਮਜੀਤ ਕੌਰ, ਰੇਨੂੰ ਸ਼ਰਮਾ,ਕੰਚਨ ਸ਼ਰਮਾ, ਪਰਮਜੀਤ ਕੌਰ ਕਾਹਲੋਂ, ਅਰਚਨਾ, ਸੰਗੀਤਾ ਸ਼ਰਮਾ ਬੰਧਨਾਂ, ਰਜਨੀ ਜੋਸ਼ੀ, ਹਰਦੀਪ ਕੌਰ , ਆਂਚਲ,ਅਨੂ,ਪੂਨਮ, ਹਰਜਿੰਦਰ ਕੌਰ,ਮਹਿਕਦੀਪ ਕੌਰ, ਮੀਨਾਕਸ਼ੀ ਅਗਰਵਾਲ, ਬੰਧਨਾਂ, ਪ੍ਰਭਜੋਤ ਕੌਰ,ਮੀਨਾਕਸ਼ੀ ਚੌਧਰੀ, ਭੁਪਿੰਦਰ ਕੌਰ, ਰੇਨੂੰ ਬਾਲਾ, ਕੈਸ਼ੀ ਸਿਮਰਨ ਕੌਰ, ਮੁਸਕਾਨ ਸ਼ਰਮਾ, ਤਮੰਨਾ, ਹਰਮਨਦੀਪ ਕੌਰ, ਰਜਨੀ ਸ਼ਰਮਾ, ਰਜਨੀ ਜੋਸ਼ੀ, ਰਾਜ ਕੁਮਾਰ ਤੇ ਵਿਦਿਆਰਥੀ ਹਾਜ਼ਰ ਸਨ।



## ਵਿਸ਼ਵ ਆਯੁਰਵੇਦ ਦਿਵਸ ਮਨਾਇਆ



**ਜ਼ੀਰਕਪੁਰ (ਜਤਿੰਦਰ ਕੁਮਾਰ)**- ਦਸਮੇਸ਼ ਖਾਲਸਾ ਕਾਲਜ ਜ਼ੀਰਕਪੁਰ ਵਿਖੇ ਵਿਸ਼ਵ ਆਯੁਰਵੇਦ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਆਯੁਰਵੇਦ ਦੀ ਮਹੱਤਤਾ, ਇਸ ਦੇ ਪ੍ਰਾਚੀਨ ਗਿਆਨ ਅਤੇ ਕੁਦਰਤੀ ਔਸ਼ਧੀ ਪੌਦਿਆਂ ਦੇ ਗੁਣਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਆਯੁਰਵੇਦ, ਕੁਦਰਤੀ ਔਸ਼ਧੀ ਸਰੋਤਾਂ ਅਤੇ ਸਿਹਤਮੰਦ ਜੀਵਨ ਪ੍ਰਤੀ ਜਾਗਰੂਕ ਕਰਨਾ ਸੀ। ਕਾਲਜ ਦੇ ਵਿਗਿਆਨ ਵਿਭਾਗ ਵੱਲੋਂ ਕਰਵਾਏ ਵਿਸ਼ੇਸ਼ ਭਾਸ਼ਣ ਦੌਰਾਨ ਰਸਾਇਣ ਵਿਗਿਆਨ ਵਿਭਾਗ ਦੇ ਡਾ. ਸਿਮਰਪ੍ਰੀਤ ਨੇ ਆਯੁਰਵੇਦ ਦੀ ਮਹੱਤਤਾ ਅਤੇ ਰੋਜ਼ਾਨਾ ਜੀਵਨ ਵਿੱਚ ਕੁਦਰਤੀ ਸਰੋਤਾਂ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਆਲੇ-ਦੁਆਲੇ ਮਿਲਣ ਵਾਲੀਆਂ ਵੱਖ-ਵੱਖ ਔਸ਼ਧੀ ਜੜ੍ਹੀਆਂ-ਬੂਟੀਆਂ, ਉਨ੍ਹਾਂ ਦੇ ਕੁਦਰਤੀ ਗੁਣਾਂ ਅਤੇ ਰਵਾਇਤੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਸ ਮੌਕੇ ਉਪ ਪ੍ਰਿੰਸੀਪਲ ਪ੍ਰੋ. ਪ੍ਰਭਜੀਤ ਸਿੰਘ, ਪ੍ਰੋ. ਹਰਮਨ ਅਤੇ ਡਾ. ਵੰਦਨਾ ਵੀ ਹਾਜ਼ਰ ਸਨ। ਪ੍ਰੋ. ਪ੍ਰਭਜੀਤ ਸਿੰਘ ਨੇ ਕਿਹਾ ਕਿ ਆਯੁਰਵੇਦ ਭਾਰਤ ਦੇ ਪ੍ਰਾਚੀਨ ਗਿਆਨ ਅਤੇ ਕੁਦਰਤ ਨਾਲ ਜੁੜੀ ਜੀਵਨ-ਪ੍ਰਣਾਲੀ ਦਾ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਯੁਰਵੇਦ ਅਤੇ ਔਸ਼ਧੀ ਪੌਦਿਆਂ ਸਬੰਧੀ ਹਾਸਲ ਕੀਤੀ ਜਾਣਕਾਰੀ ਹੋਰਨਾਂ ਲੋਕਾਂ ਅਤੇ ਬੱਚਿਆਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ, ਤਾਂ ਜੋ ਸਮਾਜ ਵਿੱਚ ਕੁਦਰਤੀ ਸਰੋਤਾਂ ਪ੍ਰਤੀ ਜਾਗਰੂਕਤਾ ਵਧ ਸਕੇ।

## ਵਿਸ਼ਵ ਫਾਰਮਾਸਿਸਟ ਦਿਵਸ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿਖੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਪ੍ਰਧਾਨਗੀ ਅਤੇ ਡਾ. ਸੰਜੇ ਬੰਸਲ, ਵਿਭਾਗ ਮੁਖੀ, ਦੀ ਯੋਗ ਅਗਵਾਈ ਹੇਠ 'ਵਿਸ਼ਵ ਫਾਰਮਾਸਿਸਟ ਦਿਵਸ' ਮਨਾਇਆ ਗਿਆ। ਇਸ ਮੌਕੇ ਪੋਸਟਰ ਮੇਕਿੰਗ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਵੱਧ-ਚੜ੍ਹ ਕੇ ਭਾਗ ਲਿਆ। ਡਾ. ਸੰਜੇ ਬੰਸਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ 25 ਸਤੰਬਰ ਨੂੰ ਵਿਸ਼ਵ ਫਾਰਮਾਸਿਸਟ ਦਿਵਸ ਮਨਾਇਆ ਜਾਂਦਾ ਹੈ। ਇਸ ਸਾਲ ਦਾ ਕੇਂਦਰ ਐਂਟੀਮਾਈਕ੍ਰੋਬੀਅਲ ਰੇਜ਼ਿਸਟੈਂਸ ਵਿਰੁੱਧ ਜਾਗਰੂਕਤਾ ਅਤੇ ਜ਼ਿੰਮੇਵਾਰ ਦਵਾਈ ਵਰਤੋਂ 'ਤੇ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਮਰੀਜ਼ਾਂ ਦੀ ਸੁਰੱਖਿਆ, ਸਿਹਤ ਵਿੱਚ ਸੁਧਾਰ ਅਤੇ ਦਵਾਈਆਂ, ਖ਼ਾਸ ਕਰਕੇ ਐਂਟੀਬਾਇਓਟਿਕਸ ਦੀ ਸਮਝਦਾਰੀ ਅਤੇ ਜ਼ਿੰਮੇਵਾਰੀ ਨਾਲ ਵਰਤੋਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਇਸ ਦੇ ਨਾਲ ਹੀ ਸਿਹਤ ਸੰਭਾਲ ਦੇ ਖੇਤਰ ਵਿੱਚ ਫਾਰਮਾਸਿਸਟਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨਾ ਵੀ ਇਸ ਦਿਵਸ ਦਾ ਉਦੇਸ਼ ਹੈ।ਇਸ ਮੌਕੇ ਡਾ. ਸੰਜੇ ਬੰਸਲ, ਮੀਨਾ ਬੰਸਲ, ਸੰਦੀਪ ਕੁਮਾਰ, ਪੰਕਜ ਗੁਪਤਾ, ਸਵਿਤਾ ਕੁਮਾਰੀ, ਅਭਿਸ਼ੇਕ, ਮਲਕੀਤ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।



## ਸਾਂਝੀ ਤਾਲਮੇਲ ਕਮੇਟੀ ਵੱਲੋਂ ਰੈਲੀ 10 ਅਕਤੂਬਰ ਨੂੰ

**ਮੇਹਟਿਆਣਾ/ ਜਲੰਧਰ (ਜਗਤਾਰ ਸਿੰਘ ਭੂੰਗਰਨੀ/ ਰਾਜੇਸ਼ ਥਾਪਾ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਮਹੀਨਾਵਾਰ ਮੀਟਿੰਗ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਜਥੇਬੰਦੀ ਦੇ ਸੂਬਾਈ ਆਗੂ ਦਰਸ਼ਨ ਸਿੰਘ ਥਰੀਕੇ, ਨਵਾਂ ਜ਼ਮਾਨਾ ਅਖ਼ਬਾਰ ਦੇ ਸੰਪਾਦਕ ਅਤੇ ਸੀਨੀਅਰ ਪੱਤਰਕਾਰ ਕਾਮਰੇਡ ਚੰਦ ਫਤਿਹਪੁਰੀ , ਅੰਗਰੇਜ਼ ਸਿੰਘ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਦੀ ਪਤਨੀ ਸਵਰਨਜੀਤ ਕੌਰ ਅਤੇ ਕਈ ਹੋਰਾਂ ਦੇ ਸਦੀਵੀ ਵਿਛੋੜਾ ਦੇ ਜਾਣ ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ,ਸੂਬਾ ਜਨਰਲ ਸਕੱਤਰ ਪ੍ਰੇਮ ਚਾਵਲਾ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ,ਸੂਬਾਈ ਸੀਨੀਅਰ ਮੀਤ ਪ੍ਰਧਾਨ ਗੁਰਜੀਤ ਸਿੰਘ ਘੋੜੇਵਾਹ ,ਸਵਰਨ ਸਿੰਘ ਹਠੂਰ, ਮਨਜੀਤ ਸਿੰਘ ਗਿੱਲ , ਇਕਬਾਲ ਸਿੰਘ ਪਠਾਨਕੋਟ, ਅਵਤਾਰ ਸਿੰਘ ਤਾਰੀ, ਡਾਕਟਰ ਦਰਸ਼ਨ ਸਿੰਘ ਚੀਮਾ ਕਾਲਾ ਅਫਗਾਨਾ, ਕੁਲਵੰਤ ਸਿੰਘ ਚਾਨੀ, ਨਸੀਬ ਸਿੰਘ ਜੜੌਤ, ਹਰਜਿੰਦਰ ਸਿੰਘ ਸੀਲੋਂ ਲੁਧਿਆਣਾ, ਅਮਰੀਕ ਸਿੰਘ ਬਟਾਲਾ, ਦਵਿੰਦਰ ਪਾਲ ਨਵਾਂ ਸ਼ਹਿਰ, ਸਵਰਨ ਸਿੰਘ ਤਰਨ ਤਾਰਨ , ਵਿਜੇ ਕੁਮਾਰ ਸ਼ਰਮਾ ਜਲੰਧਰ , ਬਲਰਾਜ ਸਿੰਘ ਭੰਗੂ ਅੰਮ੍ਰਿਤਸਰ, ਕੁਲਵੰਤ ਸਿੰਘ ਘੁੱਕੇਵਾਲੀ, ਪਰਮਜੀਤ ਸਿੰਘ ਜਗਰਾਉਂ, ਬਲਵੰਤ ਸਿੰਘ ਸੰਧੂ ਫਿਰੋਜ਼ਪੁਰ , ਗੁਰਮੀਤ ਸਿੰਘ ਚੰਡੀਗੜ੍ਹ ਅਤੇ ਬਚਿੱਤਰ ਸਿੰਘ ਧੋਥੜ ਮੋਗਾ ਨੇ ਸਰਕਾਰ ਤੇ ਦੋਸ਼ ਲਾਇਆ



ਕਿ ਆਪਣੇ ਸਾਢੇ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਲਗਾਤਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲਮਕ ਅਵਸਥਾ ਵਿੱਚ ਪਈਆਂ ਸਾਰੀਆਂ ਮੰਗਾਂ ਨੂੰ ਮੰਨਣ ਦੀ ਬਜਾਏ ਆਨੇ ਬਹਾਨੇ ਕਰਕੇ ਟਾਲ ਮਟੋਲ ਕੀਤੀ ਹੈ। ਆਗੂਆਂ ਨੇ ਸਰਕਾਰ ਦੀ ਇਸ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੀਟਿੰਗ ਦੌਰਾਨ ਸਰਕਾਰ ਤੋਂ ਮੰਗ ਕੀਤੀ ਗਈ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ 18 ਸਤੰਬਰ ਨੂੰ ਆਪਣੇ ਨਿਵਾਸ ਸਥਾਨ ਤੇ ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਨਾਲ ਹੋਈ ਮੀਟਿੰਗ ਵਿੱਚ ਵੱਖ ਵੱਖ ਮੰਗਾਂ ਤੇ ਦਿੱਤੀ ਗਈ ਸਹਿਮਤੀ ਨੂੰ ਤੁਰੰਤ ਅਮਲੀ ਜਾਮਾ ਪਹਿਨਾਇਆ ਜਾਵੇ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਸਮੂਹ ਹੱਕੀ ਅਤੇ ਜਾਇਜ਼ ਮੰਗਾਂ ਪ੍ਰਵਾਨ ਕਰਕੇ ਲਾਗੂ ਕੀਤੀਆਂ ਜਾਣ । ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਵੱਲੋਂ ਉਲੀਕੇ ਗਏ ਐਕਸ਼ਨ ਪ੍ਰੋਗਰਾਮਾਂ ਅਨੁਸਾਰ 10 ਅਕਤੂਬਰ ਨੂੰ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਅਤੇ ਮੁਜ਼ਾਹਰੇ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਰਾਖੀ ਲਈ ਕੁਰਬਾਨੀ ਕਰਨ ਵਾਲੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਦੇ 21 ਅਕਤੂਬਰ ਨੂੰ ਮਨਾਏ ਜਾ ਰਹੇ 36ਵੇਂ ਬਰਸੀ ਸਮਾਗਮ ਲਈ ਤਿਆਰੀਆਂ ਜੰਗੀ ਪੱਧਰ ਤੇ ਜਾਰੀ ਹਨ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਕੀਰਤ ਸਿੰਘ ਚੰਡੀਗੜ੍ਹ, ਮੁਖਤਿਆਰ ਚੰਦ ਨੰਗਲ, ਅਜਮੇਰ ਸਿੰਘ ਅਖਾੜਾ ਮੋਗਾ, ਭੁਪਿੰਦਰ ਸਿੰਘ ਭਿੰਦਾ, ਮੋਹਨਜੀਤ ਸਿੰਘ ਗਰੇਵਾਲ ਲੁਧਿਆਣਾ, ਮਹਿੰਦਰ ਸਿੰਘ ਰੋਪੜ, ਬਲਵਿੰਦਰ ਸਿੰਘ ਬਟਾਲਾ, ਮੁਖਤਿਆਰ ਸਿੰਘ ਫਿਰੋਜ਼ਪੁਰ , ਚਮਕੌਰ ਸਿੰਘ, ਮਹਿੰਦਰ ਸਿੰਘ ਤਰਨ ਤਾਰਨ, ਜਸਵੀਰ ਸਿੰਘ ਲੁਧਿਆਣਾ, ਹਰਨੇਕ ਸਿੰਘ ਸਾਹੋਕੇ, ਸੰਤੋਖ ਸਿੰਘ ਜਲੰਧਰ, ਗੁਰਮੁੱਖ ਸਿੰਘ ਜਲੰਧਰ, ਭੁਪਿੰਦਰ ਸਿੰਘ ਜਲੰਧਰ, ਜਗਸੀਰ ਸਿੰਘ ਜਗਰਾਉਂ ਅਤੇ ਦੀਦਾਰ ਸਿੰਘ ਆਦਿ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਤੇ ਪੁਲਸ ਕਮਿਸ਼ਨਰ ਸ੍ਰੀ ਸਿੱਧ ਬਾਬਾ ਸੋਢਲ ਮੰਦਰ ਵਿਖੇ ਹੋਏ ਨਤਮਸਤਕ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਇਤਿਹਾਸਕ ਸ੍ਰੀ ਸਿੱਧ ਬਾਬਾ ਸੋਢਲ ਮੰਦਰ ਵਿਖੇ ਨਤਮਸਤਕ ਹੋਏ ਅਤੇ ਇਸ ਪਵਿੱਤਰ ਅਸਥਾਨ 'ਤੇ ਲੱਗਣ ਵਾਲੇ ਸਾਲਾਨਾ ਮੇਲੇ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਇਤਿਹਾਸਕ ਗੁਰਦੁਆਰਾ ਸਾਹਿਬ ਵਿਖੇ ਵੀ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਲਈ



ਅਰਦਾਸ ਕੀਤੀ। ਦੋਵਾਂ ਅਧਿਕਾਰੀਆਂ ਨੇ ਮੰਦਰ ਕੰਪਲੈਕਸ ਦਾ ਦੌਰਾ ਕੀਤਾ ਅਤੇ ਦੇਸ਼ ਤੇ ਵਿਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਉਣ ਵਾਲੇ ਸ਼ਰਧਾਲੂਆਂ ਦੀ ਸੁਚਾਰੂ ਅਤੇ ਨਿਰਵਿਘਨ ਆਵਾਜਾਈ ਯਕੀਨੀ ਬਣਾਉਣ ਲਈ ਕੀਤੀਆਂ ਗਈਆਂ ਤਿਆਰੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਮੇਲੇ ਦੌਰਾਨ ਸ਼ਰਧਾਲੂਆਂ ਦੀ ਸੁਰੱਖਿਆ ਅਤੇ ਸਹੂਲਤ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ ਕਿਉਂਕਿ ਮੇਲੇ ਦੌਰਾਨ 20 ਲੱਖ ਤੋਂ ਵੱਧ ਸ਼ਰਧਾਲੂਆਂ ਦੇ ਮੰਦਿਰ ਆਉਣ ਦੀ ਉਮੀਦ ਹੈ। ਡਿਪਟੀ ਕਮਿਸ਼ਨਰ ਅਤੇ ਪੁਲਿਸ ਕਮਿਸ਼ਨਰ ਨੇ ਕਿਹਾ ਕਿ ਭਾਰੀ ਇਕੱਠ ਦੇ ਮੱਦੇਨਜ਼ਰ ਧਾਰਮਿਕ ਅਸਥਾਨ ਅਤੇ ਹੋਰ ਅਹਿਮ ਥਾਵਾਂ 'ਤੇ ਲੋੜੀਂਦੇ ਕਰਮਚਾਰੀ ਤਾਇਨਾਤ ਕੀਤੇ ਜਾਣਗੇ। ਵੱਡੀ ਗਿਣਤੀ ਸ਼ਰਧਾਲੂਆਂ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਸੁਰੱਖਿਆ ਦੇ ਵਿਆਪਕ ਪ੍ਰਬੰਧ ਕੀਤੇ ਜਾਣਗੇ। ਮੇਲੇ ਦੌਰਾਨ ਪ੍ਰਬੰਧਾਂ ਸਬੰਧੀ ਬਿਹਤਰ ਤਾਲਮੇਲ ਅਤੇ ਕਿਸੇ ਵੀ ਲੋੜ 'ਤੇ ਤੁਰੰਤ ਕਾਰਵਾਈ ਕਰਨ ਲਈ ਮੰਦਰ ਕੰਪਲੈਕਸ ਵਿੱਚ ਇੱਕ ਵਿਸ਼ੇਸ਼ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਜਾਵੇਗਾ।ਇਸ ਮੌਕੇ ਮੰਦਰ ਟਰੱਸਟ ਦੇ ਨੁਮਾਇੰਦੇ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ। ਇਸ ਤੋਂ ਪਹਿਲਾਂ, ਬਾਬਾ ਸੋਢਲ ਮੰਦਰ ਅਤੇ ਗੁਰਦੁਆਰਾ ਸਾਹਿਬ ਦੋਵਾਂ ਦੀਆਂ ਕਮੇਟੀਆਂ ਵੱਲੋਂ ਡਿਪਟੀ ਕਮਿਸ਼ਨਰ ਅਤੇ ਪੁਲਸ ਕਮਿਸ਼ਨਰ ਦਾ ਸਨਮਾਨ ਵੀ ਕੀਤਾ ਗਿਆ।

## ਸਾਲਾਨਾ ਕੀਰਤਨ ਦਰਬਾਰ ਸੰਬੰਧੀ ਮੀਟਿੰਗ ਹੋਈ



**ਹੁਸ਼ਿਆਰਪੁਰ (ਓ ਪੀ ਰਾਣਾ)**- ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ ਪੰਜਾਬ ਵੱਲੋਂ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਸੈਚਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਪਿੰਡ ਸੈਚਾਂ ਵਿਖੇ 25ਵਾਂ ਸਾਲਾਨਾ ਮਹਾਨ ਕੀਰਤਨ ਦਰਬਾਰ 04 ਅਕਤੂਬਰ ਦਿਨ ਐਤਵਾਰ ਨੂੰ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ ਕਰਵਾਇਆ ਜਾ ਰਿਹਾ ਹੈ। ਕੀਰਤਨ ਦਰਬਾਰ ਦੀਆਂ ਤਿਆਰੀਆਂ ਸਬੰਧੀ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ ਅਤੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਮਹੱਲਾ ਪ੍ਰੇਮ ਗੜ੍ਹ ਵਿਖੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਪ੍ਰਧਾਨ ਇੰਜੀਨੀਅਰ ਜਗਦੀਸ਼ ਲਾਲ ਬੱਧਣ, ਇੰਜੀਨੀਅਰ, ਕੈਪਟਨ ਗਿਆਨ ਚੰਦ, ਕਸ਼ਮੀਰਾ ਸਿੰਘ, ਚੰਦਨ ਪਾਲ, ਗੁਰਦੀਪ ਜੱਸਲ, ਕੈਪਟਨ ਨਿਰਵੈਰ ਸਿੰਘ, ਬਲਵਿੰਦਰ ਸਿੰਘ ਅਤੇ ਹੋਰਨਾਂ ਸ਼ਖ਼ਸ਼ੀਅਤਾਂ ਨੇ ਦੱਸਿਆ ਕਿ ਕੀਰਤਨ ਦਰਬਾਰ ਦੀਆਂ ਤਿਆਰੀਆਂ ਸਮੂਹ ਸੰਗਤ ਦੇ ਸਹਿਯੋਗ ਨਾਲ ਚੱਲ ਰਹੀਆਂ ਹਨ।ਸਭਾ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਇਸ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਤੌਰ ਤੇ ਬਾਬਾ ਰਵਿੰਦਰ ਸਿੰਘ ਜੋਨੀ, ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਬਾਬਾ ਹਰਭਜਨ ਸਿੰਘ ਖਾਲਸਾ ਚੱਕ ਸੋਤਲਾ ਵਾਲੇ, ਬਾਬਾ ਜਸਵਿੰਦਰ ਸਿੰਘ ਟਾਂਡੀ ਔਲਖ ਵਾਲੇ, ਸੰਤ ਬਿਹਾਰੀ ਲਾਲ ਅਨੰਦਗੜ੍ਹ ਵਾਲੇ, ਸੰਤ ਸਤਨਾਮ ਦਾਸ ਗੱਜਰ ਮਹਿਦੂਦ ਵਾਲੇ, ਸੰਤ ਬਾਬਾ ਰਣਜੀਤ ਸਿੰਘ ਗੁਰਦੁਆਰਾ ਸ਼ਹੀਦ ਸਿੰਘਾਂ ਹੁਸ਼ਿਆਰਪੁਰ, ਬਾਬਾ ਸੁਖਪ੍ਰੀਤ ਸਿੰਘ ਨਰੂੜ ਵਾਲੇ, ਭਾਈ ਗੁਰਪ੍ਰੀਤ ਸਿੰਘ ਰਾੜਾ ਸਾਹਿਬ ਸ਼ਾਮ ਚੁਰਾਸੀ ਵਾਲੇ, ਭਾਈ ਸਤਿੰਦਰ ਸਿੰਘ ਆਲਮ ਹੁਸ਼ਿਆਰਪੁਰ ਵਾਲੇ ਵਿਸ਼ੇਸ਼ ਤੌਰ ਤੇ ਸੰਗਤ ਦੇ ਸਨਮੁੱਖ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਤੇ ਜੀਵਨ ਸੰਬੰਧੀ ਵਿਚਾਰਾਂ ਸਾਂਝੀਆਂ ਕਰਨਗੇ।

## ਸਿਲਵਰ ਮੈਡਲ ਜੇਤੂ ਪਹਿਲਵਾਨ ਸਰਗੁਣ ਕੌਰ ਢਾਹਾਂ ਦਾ ਸਕੂਲ ਪੁੱਜਣ 'ਤੇ ਸ਼ਾਨਦਾਰ ਸਵਾਗਤ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੀ ਹੋਣਹਾਰ ਵਿਦਿਆਰਥਣ ਅਤੇ ਪੰਜਾਬ ਪੱਧਰ 'ਤੇ ਸਿਲਵਰ ਮੈਡਲ ਜੇਤੂ



ਪਹਿਲਵਾਨ ਸਰਗੁਣ ਕੌਰ ਢਾਹਾਂ ਦਾ ਸਕੂਲ ਪਹੁੰਚਣ 'ਤੇ ਬਹੁਤ ਹੀ ਧੂਮਧਾਮ ਸਵਾਗਤ ਕੀਤਾ ਗਿਆ । ਬੀਤੇ ਦਿਨੀਂ ਜ਼ਿਲ੍ਹਾ ਫਾਜ਼ਿਲਕਾ ਵਿਖੇ ਆਯੋਜਿਤ ਹੋਈਆਂ 70ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੀ ਸਟੇਟ ਪੱਧਰੀ ਕੁਸ਼ਤੀ ਮੁਕਾਬਲਿਆਂ ਦੀ ਸਿਲਵਰ ਮੈਡਲ ਜੇਤੂ ਪਹਿਲਵਾਨ ਸਰਗੁਣ ਕੌਰ ਸਕੂਲ ਪਹੁੰਚੀ ਤਾਂ ਪ੍ਰਬੰਧਕਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਫੁੱਲਾਂ ਦੀ ਵਰਖਾ ਕਰਕੇ ਸ਼ਾਨਦਾਰ ਸਵਾਗਤ ਕੀਤਾ ਗਿਆ । ਇਸ ਸ਼ਾਨਦਾਰ ਪ੍ਰਾਪਤੀ ਲਈ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿੱਥੇ ਮੈਡਲ ਜੇਤੂ ਖਿਡਾਰਨ ਨੂੰ ਹਾਰ ਪਾ ਕੇ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਕੁਲਵਿੰਦਰ ਸਿੰਘ ਢਾਹਾਂ (ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ) ਨੇ ਇਸ ਮੌਕੇ ਵਿਸ਼ੇਸ਼ ਤੌਰ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ । ਉਨ੍ਹਾਂ ਦੱਸਿਆ ਕਿ ਪਿੰਡ ਢਾਹਾਂ ਦੀ ਸਰਗੁਣ ਕੌਰ ਢਾਹਾਂ ਪੁੱਤਰੀ ਬਲਜੀਤ ਸਿੰਘ ਅਤੇ ਡਾ. ਰਮਨਦੀਪ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਨੇ ਅੰਡਰ-14 ਸਾਲ ਉਮਰ ਵਰਗ ਦੇ 54 ਕਿਲੋ ਭਾਰ ਵਰਗ ਵਿੱਚ ਸੂਬਾ ਪੱਧਰ 'ਤੇ ਸਿਲਵਰ ਮੈਡਲ ਹਾਸਲ ਕਰਕੇ ਆਪਣੇ ਮਾਪਿਆਂ, ਸਕੂਲ ਅਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦਾ ਨਾਮ ਪੂਰੇ ਸੂਬੇ ਵਿੱਚ ਚਮਕਾਇਆ ਹੈ । ਉਨ੍ਹਾਂ ਕਿਹਾ ਕਿ ਸਰਗੁਣ ਕੌਰ ਦੀ ਇਹ ਕਾਮਯਾਬੀ ਬਾਕੀ ਵਿਦਿਆਰਥੀਆਂ ਖਾਸ ਕਰਕੇ ਧੀਆਂ ਲਈ ਖੇਡਾਂ ਵਿੱਚ ਅੱਗੇ ਵਧਣ ਵਾਸਤੇ ਪ੍ਰੇਰਨਾ ਦਾ ਵੱਡਾ ਸਰੋਤ ਬਣੇਗੀ। ਇਸ ਮੌਕੇ ਉਹਨਾਂ ਨੇ ਸਰਗੁਣ ਕੌਰ ਢਾਹਾਂ ਦੀ ਸਾਰੇ ਸਾਲ ਦੀ ਸਕੂਲ ਫੀਸ ਮਾਫ ਕਰਨ ਦੇ ਨਾਲ ਖੇਡ ਸਹੂਲਤਾਂ ਲਈ ਹੋਰ ਮਦਦ ਕਰਨ ਦਾ ਐਲਾਨ ਵੀ ਕੀਤਾ । ਇਸ ਖ਼ੁਸ਼ੀ ਭਰੇ ਮਾਹੌਲ ਵਿੱਚ ਸਕੂਲ ਦੇ ਪ੍ਰਿੰਸੀਪਲ ਵਨੀਤਾ ਚੋਟ ਨੇ ਵੀ ਜੇਤੂ ਖਿਡਾਰਨ ਅਤੇ ਉਸਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਸ਼ਾਨਦਾਰ ਸਵਾਗਤ ਅਤੇ ਸਨਮਾਨ ਸਮਾਰੋਹ ਦੌਰਾਨ ਜਗਜੀਤ ਸਿੰਘ ਸੋਢੀ, ਦਵਿੰਦਰ ਸਿੰਘ ਢਿੱਲੋਂ, ਭਾਈ ਜੋਗਾ ਸਿੰਘ, ਰਮਨ ਕੁਮਾਰ ਵਾਈਸ ਪ੍ਰਿੰਸੀਪਲ, ਮੈਡਮ ਜਸਵੀਰ ਕੌਰ, ਮੈਡਮ ਕੋਮਲ ਅਤੇ ਕੁਲਜੀਤ ਸਿੰਘ (ਸਾਰੇ ਖੇਡ ਅਧਿਆਪਕ), ਸਮੂਹ ਸਕੂਲ ਸਟਾਫ ਅਤੇ ਸਕੂਲ ਵਿਦਿਆਰਥੀ ਹਾਜ਼ਰ ਸਨ।

## ਫਲਦਾਰ ਪੌਦਿਆਂ ਦੀ ਖ਼ਰੀਦ ਸਿਰਫ਼ ਸਰਕਾਰੀ ਜਾਂ ਰਜਿਸਟਰਡ ਨਰਸਰੀਆਂ ਤੋਂ ਹੀ ਕਰੋ : ਰਾਜੇਸ਼ ਕੁਮਾਰ

**ਨਵਾਂਸ਼ਹਿਰ (ਮਨੋਜ ਲਾਡੀ)**- ਸਹਾਇਕ ਨਿਰਦੇਸ਼ਕ ਬਾਗਬਾਨੀ, ਡਾ. ਰਾਜੇਸ਼ ਕੁਮਾਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਦਾਬਹਾਰ ਫਲਦਾਰ ਪੌਦੇ ਲਾਉਣ ਲਈ ਸਤੰਬਰ-ਅਕਤੂਬਰ ਦੇ ਅਨੁਕੂਲ ਸਮੇਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਅਮਰੂਦ, ਨਿੰਬੂ, ਕਿੰਨੂੰ, ਮਾਲਟਾ, ਅੰਬ, ਲੀਚੀ, ਚੀਕੂ ਅਤੇ ਬੇਰ ਆਦਿ ਸਦਾਬਹਾਰ ਫਲਦਾਰ ਪੌਦੇ ਲਾਉਣ ਲਈ ਇਹ ਸਮਾਂ ਢੁਕਵਾਂ ਰਹਿੰਦਾ ਹੈ। ਡਾ. ਰਾਜੇਸ਼ ਕੁਮਾਰ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਫਲਦਾਰ ਪੌਦੇ ਬਾਗਬਾਨੀ ਵਿਭਾਗ ਦੀਆਂ ਨਰਸਰੀਆਂ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਅਤੇ ਰਾਸ਼ਟਰੀ ਬਾਗਬਾਨੀ ਬੋਰਡ ਤੋਂ ਮਾਨਤਾ ਪ੍ਰਾਪਤ/ਰਜਿਸਟਰਡ/ਲਾਇਸੰਸਧਾਰੀ ਨਰਸਰੀਆਂ ਤੋਂ ਹੀ ਖ਼ਰੀਦਣ। ਉਨ੍ਹਾਂ ਕਿਹਾ ਕਿ ਪੌਦੇ ਖ਼ਰੀਦਣ ਤੋਂ ਪਹਿਲਾਂ ਨਰਸਰੀ ਦੀ ਰਜਿਸਟ੍ਰੇਸ਼ਨ ਜਾਂ ਲਾਇਸੰਸ, ਪੌਦੇ ਦੀ ਕਿਸਮ, ਰੂਟਸਟਾਕ, ਉਮਰ ਅਤੇ ਸਿਹਤ ਸਬੰਧੀ ਜਾਣਕਾਰੀ ਜ਼ਰੂਰ ਜਾਂਚ ਲਓ। ਉਨ੍ਹਾਂ ਕਿਹਾ ਕਿ ਪੌਦੇ ਕੀਟ ਅਤੇ ਰੋਗਾਂ ਤੋਂ ਮੁਕਤ, ਸਿਹਤਮੰਦ, ਮਜ਼ਬੂਤ ਅਤੇ ਸਬੰਧਤ ਕਿਸਮ ਦੇ ਅਨੁਸਾਰ ਹੋਣੇ ਚਾਹੀਦੇ ਹਨ। ਪੌਦਿਆਂ ਦੀ ਖ਼ਰੀਦ ਸਮੇਂ ਬਿੱਲ ਜਾਂ ਰਸੀਦ ਜ਼ਰੂਰ ਪ੍ਰਾਪਤ ਕਰੋ ਅਤੇ ਪੌਦੇ ਦੀ ਕਿਸਮ, ਸਰੋਤ ਅਤੇ ਖ਼ਰੀਦ ਦੀ ਤਾਰੀਖ ਦਾ ਰਿਕਾਰਡ ਵੀ ਸੰਭਾਲ ਕੇ ਰੱਖੋ। ਉਨ੍ਹਾਂ ਦੱਸਿਆ ਕਿ ਗੈਰ-ਰਜਿਸਟਰਡ ਸਰੋਤਾਂ ਤੋਂ ਪੌਦੇ ਖ਼ਰੀਦਣ 'ਤੇ ਗਲਤ ਕਿਸਮ, ਮਾੜੀ ਕੁਆਲਿਟੀ ਜਾਂ ਰੋਗਗ੍ਰਸਤ ਪੌਦੇ ਮਿਲਣ ਦਾ ਖ਼ਤਰਾ ਰਹਿੰਦਾ ਹੈ, ਜਿਸ ਨਾਲ ਬਾਗ ਦੀ ਪੈਦਾਵਾਰ ਅਤੇ ਕਿਸਾਨਾਂ ਦੀ ਆਮਦਨ ਪ੍ਰਭਾਵਿਤ ਹੋ ਸਕਦੀ ਹੈ। ਸਹਾਇਕ ਨਿਰਦੇਸ਼ਕ ਬਾਗਬਾਨੀ ਨੇ ਕਿਸਾਨਾਂ ਨੂੰ ਕਿਹਾ ਕਿ ਬਾਗ ਲਾਉਣ ਤੋਂ ਪਹਿਲਾਂ ਬਾਗਬਾਨੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਮਿੱਟੀ ਦੀ ਜਾਂਚ, ਪਾਣੀ ਦੀ ਉਪਲਬਧਤਾ ਅਤੇ ਖੇਤਰ ਦੇ ਅਨੁਕੂਲ ਫਲਦਾਰ ਕਿਸਮ ਦੀ ਚੋਣ ਕੀਤੀ ਜਾਵੇ।



## 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 27 ਤੋਂ

**ਜਲੰਧਰ, (ਸ਼ੈਲੀ ਐਲਬਰਟ)** ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੀਆਂ ਮਿਤੀਆਂ ਵਿੱਚ ਬਦਲਾਅ ਕੀਤਾ ਗਿਆ ਹੈ। ਹੁਣ ਇਹ ਮੁਕਾਬਲੇ 27 ਸਤੰਬਰ ਤੋਂ 5 ਅਕਤੂਬਰ 2026 ਤੱਕ ਜ਼ਿਲ੍ਹੇ ਦੇ ਵੱਖ-ਵੱਖ ਚੋਣਵੇਂ ਖੇਡ ਸਥਾਨਾਂ 'ਤੇ ਕਰਵਾਏ ਜਾਣਗੇ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 27 ਤੋਂ 30 ਸਤੰਬਰ ਤੱਕ ਦੁਆਬਾ ਕਾਲਜ ਵਿਖੇ ਬੈਡਮਿੰਟਨ ਦੇ ਮੁਕਾਬਲੇ ਹੋਣਗੇ। ਇਸੇ ਤਰ੍ਹਾਂ 28 ਤੋਂ 30 ਸਤੰਬਰ ਤੱਕ ਐਥਲੈਟਿਕਸ, ਤੈਰਾਕੀ, ਸ਼ੂਟਿੰਗ, ਵੇਟ ਲਿਫ਼ਟਿੰਗ, ਹਾਕੀ, ਹੈਂਡਬਾਲ, ਗੱਤਕਾ, ਆਰਚਰੀ, ਕਿੱਕ ਬਾਕਸਿੰਗ, ਨੈੱਟਬਾਲ ਅਤੇ ਟੇਬਲ ਟੈਨਿਸ ਦੇ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਐਥਲੈਟਿਕਸ ਤੇ ਤੈਰਾਕੀ ਦੇ ਮੁਕਾਬਲੇ ਸਪੋਰਟਸ ਸਕੂਲ/ਕਾਲਜ ਜਲੰਧਰ, ਸ਼ੂਟਿੰਗ ਦੇ ਮੁਕਾਬਲੇ ਪੀ ਏ ਪੀ, ਜਲੰਧਰ, ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਵੇਟ ਲਿਫ਼ਟਿੰਗ ਅਤੇ ਹਾਕੀ ਦੇ ਮੁਕਾਬਲੇ ਖਾਲਸਾ ਕਾਲਜ ਜਲੰਧਰ ਵਿਖੇ ਹੋਣਗੇ। ਜਦਕਿ ਹੈਂਡਬਾਲ ਦੇ ਮੁਕਾਬਲੇ ਇਨੋਸੈਂਟ ਹਾਰਟ ਸਕੂਲ ਨੂਰਪੁਰ, ਗੱਤਕਾ ਸੰਤ ਅਵਤਾਰ ਸਿੰਘ ਯਾਦਗਾਰੀ ਸੀਨੀਅਰ ਸੈਕੰਡਰੀ ਸਕੂਲ ਸੀਚੇਵਾਲ, ਆਰਚਰੀ ਸਪੋਰਟਸ ਸਕੂਲ ਜਲੰਧਰ, ਕਿੱਕ ਬਾਕਸਿੰਗ ਪੀ.ਏ.ਪੀ. ਗਰਾਊਂਡ, ਜਲੰਧਰ, ਨੈੱਟਬਾਲ ਲਾ ਬਲੋਸਮ ਸਕੂਲ ਜਲੰਧਰ ਅਤੇ ਟੇਬਲ ਟੈਨਿਸ ਦੇ ਮੁਕਾਬਲੇ ਹੰਸ ਰਾਜ ਸਟੇਡੀਅਮ ਵਿਖੇ ਕਰਵਾਏ ਜਾਣਗੇ। ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ 29 ਸਤੰਬਰ ਤੋਂ 1 ਅਕਤੂਬਰ ਤੱਕ ਸਪੋਰਟਸ ਸਕੂਲ ਜਲੰਧਰ ਵਿਖੇ ਕਬੱਡੀ ਸਰਕਲ ਦੇ ਮੁਕਾਬਲੇ ਹੋਣਗੇ। ਜਦਕਿ ਰੈਸਲਿੰਗ ਦੇ ਮੁਕਾਬਲੇ 29 ਸਤੰਬਰ ਤੋਂ 2 ਅਕਤੂਬਰ ਤੱਕ ਹੰਸਰਾਜ ਸਟੇਡੀਅਮ ਜਲੰਧਰ ਵਿਖੇ ਕਰਵਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ 1 ਤੋਂ 3 ਅਕਤੂਬਰ ਤੱਕ ਸ਼ਤਰੰਜ, ਰੋਲਰ ਸਕੇਟਿੰਗ ਅਤੇ ਪਾਵਰ ਲਿਫ਼ਟਿੰਗ ਦੇ ਮੁਕਾਬਲੇ ਹੋਣਗੇ। ਸ਼ਤਰੰਜ ਤੇ ਰੋਲਰ ਸਕੇਟਿੰਗ ਮੁਕਾਬਲੇ ਪੁਲਿਸ ਡੀ.ਏ.ਵੀ. ਸਕੂਲ, ਜਲੰਧਰ ਅਤੇ ਪਾਵਰ ਲਿਫ਼ਟਿੰਗ ਦੇ ਮੁਕਾਬਲੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਹੋਣਗੇ। 2 ਤੋਂ 4 ਅਕਤੂਬਰ ਤੱਕ ਜੂਡੋ, ਬਾਕਸਿੰਗ, ਸਾਫ਼ਟ ਬਾਲ, ਫੁੱਟਬਾਲ, ਕਬੱਡੀ ਨੈਸ਼ਨਲ, ਟੈਨਿਸ ਕ੍ਰਿਕਟ, ਲਾਅਨ ਟੈਨਿਸ, ਵਾਲੀਬਾਲ ਸਮੈਸ਼ਿੰਗ ਤੇ ਸ਼ੂਟਿੰਗ ਦੇ ਮੁਕਾਬਲੇ ਹੋਣਗੇ। ਉਨ੍ਹਾਂ ਦੱਸਿਆ ਕਿ ਜੂਡੋ ਮੁਕਾਬਲੇ ਨਹਿਰੂ ਗਾਰਡਨ ਸਕੂਲ, ਸਾਫ਼ਟਬਾਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕਾਦੀਆਂਵਾਲੀ, ਫੁੱਟਬਾਲ ਦੁਆਬਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਜਲੰਧਰ, ਟੈਨਿਸ ਕ੍ਰਿਕਟ ਸਕੂਲ ਆਫ਼ ਐਮੀਨੈਂਸ ਲਾਡੋਵਾਲੀ ਰੋਡ, ਲਾਅਨ ਟੈਨਿਸ ਦੇ ਮੁਕਾਬਲੇ ਲਾਅਨ ਟੈਨਿਸ ਗਰਾਊਂਡ ਮਾਡਲ ਟਾਊਨ ਅਤੇ ਬਾਕਸਿੰਗ, ਕਬੱਡੀ ਨੈਸ਼ਨਲ, ਵਾਲੀਬਾਲ ਸਮੈਸ਼ਿੰਗ ਤੇ ਸ਼ੂਟਿੰਗ ਦੇ ਮੁਕਾਬਲੇ ਸਪੋਰਟਸ ਸਕੂਲ/ਕਾਲਜ ਜਲੰਧਰ ਵਿਖੇ ਹੋਣਗੇ। ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ ਫੈਂਸਿੰਗ ਤੇ ਖੋ-ਖੋ ਦੇ ਮੁਕਾਬਲੇ 2 ਤੋਂ 5 ਅਕਤੂਬਰ ਤੱਕ ਡੀ ਏ ਵੀ ਕਾਲਜ ਜਲੰਧਰ ਅਤੇ ਬਾਸਕਟਬਾਲ ਦੇ ਮੁਕਾਬਲੇ 3 ਤੋਂ 5 ਅਕਤੂਬਰ ਤੱਕ ਹੰਸਰਾਜ ਸਟੇਡੀਅਮ ਬਾਸਕਟਬਾਲ ਗਰਾਊਂਡ ਵਿਖੇ ਕਰਵਾਏ ਜਾਣਗੇ।

# ਪਟਵਾਰੀਆਂ ਵੱਲੋਂ ਰੋਸ ਧਰਨਾ

**ਦਸੂਹਾ (ਕਰਨੈਲ ਮਾਂਗਟ)**- ਤਹਿਸੀਲ ਕੰਪਲੈਕਸ ਦਸੂਹਾ ਵਿਖੇ ਦੀ ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੇ ਸੱਦੇ ਤੇ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਹੱਕੀ ਮੰਗਾਂ ਸਬੰਧੀ ਯੂਨੀਅਨ ਦੇ ਤਹਿਸੀਲ ਪ੍ਰਧਾਨ ਅਮਰਜੀਤ ਸਿੰਘ ਦੀ ਅਗਵਾਈ ਹੇਠ ਸਮੂਹ ਪਟਵਾਰੀਆਂ ਵੱਲੋਂ ਤਹਿਸੀਲ ਪੱਧਰ ਤੇ 11 ਤੋਂ 3 ਵਜੇ ਤੱਕ ਧਰਨਾ ਰੋਸ ਪ੍ਰਦਰਸ਼ਨ ਕੀਤਾ ਗਿਆ। ਜਿਸ ਵਿੱਚ ਤਹਿਸੀਲ ਪੱਧਰ ਤੇ ਵੱਖ ਵੱਖ ਪਟਵਾਰੀ ਇਸ ਰੋਸ ਧਰਨਾ ਪ੍ਰਦਰਸ਼ਨ ਵਿੱਚ ਸ਼ਾਮਿਲ ਹੋਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਤਹਿਸੀਲ ਪ੍ਰਧਾਨ ਅਮਰਜੀਤ ਸਿੰਘ ਨੇ ਦੱਸਿਆ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਲੰਬੇ ਸਮੇਂ ਤੋਂ ਪਟਵਾਰੀਆਂ ਦੀਆਂ ਹੱਕਾਂ ਅਤੇ ਜਾਇਜ਼ ਤਿੰਨ ਅਹਿਮ ਮੰਗਾਂ 17 ਜੁਲਾਈ 2020 ਤੋਂ ਭਰਤੀ ਹੋਏ ਪਟਵਾਰੀ ਸਾਥੀਆਂ ਦੀ ਤਨਖਾਹ ਵਿੱਚ ਵਾਧਾ ਕਰਨਾ, ਸਟੇਟ ਕੇਡਰ ਨੂੰ ਰੱਦ ਕਰਨਾ ਅਤੇ ਪਟਵਾਰੀਆਂ ਦੀਆਂ 4716 ਪੋਸਟਾਂ ਦੀ ਮੁੜ ਬਹਾਲੀ ਕਰਕੇ ਪੋਸਟਾਂ ਵਿੱਚ ਵਾਧਾ ਕਰਨਾ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ। ਜਿਸ ਦਾ ਹੁਣ ਤੱਕ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕੋਈ ਹੱਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਾਡੀਆਂ ਮੰਗਾਂ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਨਹੀਂ ਮੰਨੀਆਂ ਜਾਂਦੀਆਂ, ਉਸ ਸਮੇਂ ਤੱਕ ਲਾਲ ਲਕੀਰ ਅਤੇ ਐਗਰੀਸਟੈਕ ਫਾਰਮਰ ਆਈਡੀ ਵੈਰੀਫਿਕੇਸ਼ਨ ਦਾ ਕੰਮ ਅਣਮਿੱਥੇ ਸਮੇਂ ਲਈ ਬੰਦ ਕੀਤਾ ਜਾਵੇਗਾ ਅਤੇ ਨਾਲ ਹੀ ਰਾਸ਼ਨ ਕਾਰਡ ਵੈਰੀਫਿਕੇਸ਼ਨ ਸਬੰਧੀ ਪਟਵਾਰੀਆਂ ਵੱਲੋਂ ਸਿਰਫ ਜ਼ਮੀਨ ਦੀ ਰਿਪੋਰਟ ਹੀ ਕੀਤੀ ਜਾਵੇਗੀ।



ਉਨ੍ਹਾਂ ਕਿਹਾ ਕਿ ਅਗਰ ਸਰਕਾਰ ਵੱਲੋਂ ਧਰਨਾ ਪ੍ਰਦਰਸ਼ਨ ਨੂੰ ਰੋਕਣ ਸਬੰਧੀ ਕੋਈ ਵੀ ਹੱਥਕੰਡੇ ਅਪਣਾਏ ਗਏ ਤਾਂ ਜਲਦ ਹੀ ਜਥੇਬੰਦੀ ਵੱਡੇ ਪੱਧਰ ਤੇ ਕਲਮ ਛੋੜ ਹੜਤਾਲ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਤੇ ਅਮਰਜੀਤ ਸਿੰਘ ਤਹਿਸੀਲ ਪ੍ਰਧਾਨ, ਅਰਵਿੰਦਰ ਸਿੰਘ, ਸਤਿਗੁਰ ਸਿੰਘ, ਮਨਦੀਪ ਸਿੰਘ, ਮੁਲਖ ਰਾਜ, ਰਣਯੋਧ ਸਿੰਘ, ਸੁਖਵਿੰਦਰ ਸਿੰਘ ਗਗ ਦੀਵਾਨਾ, ਦੀਪਕ ਵੇਹਰਾ ਜਨਰਲ ਸਕੱਤਰ ਦਸੂਹਾ, ਨਵਜੋਤ ਕੌਰ, ਸੰਦੀਪ ਬਾਹਰੀ, ਬਲਵੀਰ ਸਿੰਘ ਗੜਦੀਵਾਲਾ, ਮਨਪ੍ਰੀਤ ਕੁਮਾਰੀ, ਗੁਰਪ੍ਰੀਤ ਕੌਰ, ਸੋਹਣ ਸਿੰਘ ਸੇਵਾ ਮੁਕਤ, ਨਾਮਿੰਦਰ ਸਿੰਘ ਸੇਵਾ ਮੁਕਤ, ਹਰਜਿੰਦਰ ਸਿੰਘ ਹੀਰਾ ਸੇਵਾ ਮੁਕਤ,ਜਤਿੰਦਰ ਕੁਮਾਰ,ਅਮਨਪ੍ਰੀਤ ਸਿੰਘ ਗੜਦੀਵਾਲਾ, ਭਾਰਤ ਭੂਸ਼ਣ ਗੜਦੀਵਾਲਾ, ਗੁਰਪ੍ਰੀਤ ਸਿੰਘ ਗੜਦੀਵਾਲਾ ਆਦਿ ਹਾਜ਼ਰ ਸਨ।

# ਵਿਧਵਾ ਤੇ ਨਿਆਸ਼ਰਿਤ ਔਰਤਾਂ ਲਈ 624 ਕਰੋੜ ਦੀ ਰਕਮ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜਿਕ ਸੁਰੱਖਿਆ ਨੂੰ ਲੋਕ-ਭਲਾਈ ਦੀ ਨੀਂਹ ਮੰਨਦਿਆਂ ਇਹ ਯਕੀਨੀ ਬਣਾ ਰਹੀ ਹੈ ਕਿ ਸੂਬੇ ਦੀ ਕੋਈ ਵੀ ਲੋੜਵੰਦ ਮਹਿਲਾ ਆਪਣੇ ਹੱਕ ਤੋਂ ਵਾਂਝੀ ਨਾ ਰਹੇ। ਉਨ੍ਹਾਂ ਕਿਹਾ ਕਿ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਸਿਰਫ਼ ਵਿੱਤੀ ਸਹਾਇਤਾ ਹੀ ਨਹੀਂ, ਸਗੋਂ ਸਨਮਾਨ, ਸੁਰੱਖਿਆ ਅਤੇ ਆਤਮ-ਵਿਸ਼ਵਾਸ ਨਾਲ ਭਰਪੂਰ ਜੀਵਨ ਜਿਊਣ ਦਾ ਮੌਕਾ ਦੇਣਾ ਵੀ ਸਰਕਾਰ ਦੀ ਮੁੱਖ ਤਰਜੀਹ ਹੈ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਵਿੱਤੀ ਸਹਾਇਤਾ ਸਕੀਮ ਤਹਿਤ ਮੌਜੂਦਾ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ ਕਰੀਬ 624 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ, ਜਿਸ ਨਾਲ 7 ਲੱਖ ਤੋਂ ਵੱਧ ਔਰਤਾਂ ਨੂੰ ਨਿਯਮਤ ਵਿੱਤੀ ਸਹਾਇਤਾ ਦਾ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਵਿੱਤੀ ਸਾਲ ਲਈ ਇਸ ਸਕੀਮ ਅਧੀਨ 1200 ਕਰੋੜ ਰੁਪਏ ਤੋਂ ਵੱਧ ਦਾ ਬਜਟ ਉਪਬੰਧ ਕੀਤਾ ਗਿਆ ਹੈ, ਜੋ ਇਸ ਗੱਲ ਦਾ ਸਪੱਸ਼ਟ ਪ੍ਰਮਾਣ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਮਾਜਿਕ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਹਰ ਯੋਗ ਲਾਭਪਾਤਰੀ ਤੱਕ ਬਿਨਾਂ ਕਿਸੇ ਰੁਕਾਵਟ ਦੇ ਸਮੇਂ ਸਿਰ ਵਿੱਤੀ ਸਹਾਇਤਾ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੰਤਰੀ ਨੇ ਕਿਹਾ ਕਿ ਇਸ ਸਕੀਮ ਦਾ ਲਾਭ ਲੈਣ ਵਾਲੀ ਹਰ ਮਹਿਲਾ ਦੀ ਜ਼ਿੰਦਗੀ ਸੰਘਰਸ਼, ਹਿੰਮਤ ਅਤੇ ਨਵੀਂ ਆਸ ਦੀ ਕਹਾਣੀ ਹੈ। ਪੰਜਾਬ ਸਰਕਾਰ ਦਾ ਮੰਤਵ ਕੇਵਲ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਨਹੀਂ, ਸਗੋਂ ਅਜਿਹੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ, ਆਤਮ-ਨਿਰਭਰ ਬਣਨ ਅਤੇ ਸਨਮਾਨ ਨਾਲ ਜੀਵਨ ਜਿਊਣ ਲਈ ਮਜ਼ਬੂਤ ਸਹਾਰਾ ਦੇਣਾ ਹੈ। ਡਾ. ਬਲਜੀਤ ਕੌਰ ਨੇ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੰਦਿਆਂ ਕਿਹਾ ਕਿ ਸਕੀਮ ਦੀ ਜਾਣਕਾਰੀ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਜ਼ਮੀਨੀ ਪੱਧਰ 'ਤੇ ਵਿਸ਼ੇਸ਼ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ, ਸੇਵਾ ਕੇਂਦਰਾਂ, ਪੰਚਾਇਤਾਂ, ਸ਼ਹਿਰੀ ਸਥਾਨਕ ਸੰਸਥਾਵਾਂ ਅਤੇ ਹੋਰ ਫੀਲਡ ਅਮਲੇ ਦੇ ਸਹਿਯੋਗ ਨਾਲ ਹਰ ਯੋਗ ਮਹਿਲਾ ਦੀ ਪਛਾਣ ਕਰਕੇ ਉਸ ਨੂੰ ਸਕੀਮ ਨਾਲ ਜੋੜਿਆ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜਾਣਕਾਰੀ ਦੀ ਘਾਟ, ਪ੍ਰਸ਼ਾਸਨਿਕ ਦੇਰੀ ਜਾਂ ਕਿਸੇ ਵੀ ਪੱਧਰ ਦੀ ਅਣਗਹਿਲੀ ਕਾਰਨ ਕੋਈ ਵੀ ਹੱਕਦਾਰ ਔਰਤ ਸਰਕਾਰ ਦੀ ਇਸ ਲੋਕ-ਭਲਾਈ ਸਕੀਮ ਤੋਂ ਵਾਂਝੀ ਨਹੀਂ ਰਹਿਣੀ ਚਾਹੀਦੀ।

# ਵਿਸ਼ਵ ਪੰਜਾਬੀ ਦਿਵਸ 'ਤੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)** ਪੰਜਾਬੀ ਦਿਵਸ ਦੇ ਮੌਕੇ ਤੇ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀ ਚੜ੍ਹਦੀ ਕਲਾ ਲਈ ਬੀ ਐੱਨ ਡੀ ਸਕੂਲ ਵਿਖੇ ਵਿਸ਼ੇਸ਼ ਪ੍ਰੋਗਰਾਮ ਦਾ



ਆਯੋਜਨ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਦੀ ਸਰਬ ਪ੍ਰਸਤੀ ਹੇਠ ਕਰਵਾਇਆ ਗਿਆ। ਪ੍ਰਾਇਮਰੀ ਵਿੰਗ ਤੇ ਇੰਚਾਰਜ ਮੈਡਮ ਰੁਕਸਾਨਾ ਨੇ ਆਪਣੀ ਦੇਖਰੇਖ ਹੇਠ ਮੇਰੇ ਦਸਤਖ਼ਤ ਮੇਰੀ ਪੰਜਾਬੀ, ਆਪਣੇ ਹੱਥੀ ਪੰਜਾਬੀ ਪੈਂਤੀ, ਮੇਰਾ ਮੋਬਾਇਲ ਮੇਰੀ ਪੰਜਾਬੀ, ਇੱਕ ਮਿੰਟ ਪੰਜਾਬੀ, ਵਿਰਾਸਤ ਦੀ ਆਵਾਜ਼, ਜਿਸ ਵਿੱਚ ਲੋਕ ਗੀਤ, ਮੁਹਾਵਰੇ, ਪੁਰਾਣੀਆਂ ਕਹਾਣੀਆਂ, ਪੁਰਾਣੀਆਂ ਯਾਦਾਂ ਦਾ ਉੱਲੇਖ ਕਰਵਾਇਆ ਗਿਆ। ਇੱਕ ਲੇਖ ਪੰਜਾਬੀ ਦੇ ਨਾਂਅ ਦੀਆਂ ਵੱਖ-ਵੱਖ ਕਿਰਿਆਵਾਂ ਪੰਜਾਬੀ ਭਾਸ਼ਾ ਨੂੰ ਸਮਰਪਿਤ ਕਰਵਾਈਆਂ ਗਈਆਂ। ਜਿਸ ਵਿੱਚ ਬੱਚਿਆਂ ਅਤੇ ਅਧਿਆਪਕਾਂ ਨੇ ਗਰਮ ਜੋਸ਼ੀ ਨਾਲ ਭਾਗ ਲਿਆ। ਇਸ ਮੌਕੇ ਤੇ ਪੰਜਾਬੀ ਭਾਸ਼ਾ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ ਅਤੇ ਪੰਜਾਬੀ ਸੂਫੀ ਕਵੀ ਬਾਬਾ ਫਰੀਦ ਜੀ ਦੇ ਜਨਮਦਿਨ ਤੇ ਉਹਨਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਬੱਚਿਆਂ ਨੇ ਪੰਜਾਬੀ ਨਾਟਕ ਪੇਸ਼ ਕੀਤਾ। ਇਸ ਮੌਕੇ ਤੇ ਇੰਜੀਨੀਅਰ ਅਨਿਲ ਮਹਿਤਾ, ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ, ਅਮਿਤ ਕੁਮਾਰ, ਗੁਰਮੇਲ ਸਿੰਘ, ਗੁਰਪ੍ਰੀਤ ਕੌਰ, ਇੰਚਾਰਜ ਮੈਡਮ ਰੁਕਸਾਨਾ, ਮੈਡਮ ਮਨਪ੍ਰੀਤ ਕੌਰ, ਮੈਡਮ ਮਨਜਿੰਦਰ ਕੌਰ, ਮੈਡਮ ਤਰਸੇਮ ਕੌਰ, ਮੈਡਮ ਮਨੀਸ਼ਾ, ਮੈਡਮ ਬਲਜੀਤ ਕੌਰ, ਮੈਡਮ ਸੁਰੇਸ਼ ਬਾਲਾ, ਮੈਡਮ ਹਰਿੰਦਰ ਕੌਰ, ਮੈਡਮ ਸਰਬਜੀਤ ਕੌਰ, ਮੈਡਮ ਹਰਿੰਦਰ ਕੌਰ, ਮੈਡਮ ਸੰਦੀਪ ਕੌਰ, ਮੈਡਮ ਦੀਕਸ਼ਾ, ਮੈਡਮ ਸੁਨੀਤਾ ਦੇਵੀ ਅਤੇ ਸਮੂਹ ਸਟਾਫ ਸ਼ਾਮਿਲ ਸਨ।

## ਜਨਮ ਦਿਨ ਮੁਬਾਰਕ



ਮਨਪ੍ਰੀਤ ਕੌਰ ਤਰਨ ਤਾਰਨ



ਰੀਤੀ ਗਰਗ



ਕਾਰਤਿਕ ਕੁਮਾਰ

# ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੀ ਕੌਮੀ ਮੀਟਿੰਗ ਸੰਪੰਨ

**ਜਲੰਧਰ (ਇਦਰਜੀਤ ਵਿਰਦੀ, ਰਾਜੇਸ਼ ਥਾਪਾ)**- ਦੇਸ਼ ਦੇ ਵੱਖ ਵੱਖ ਪ੍ਰਾਂਤਾਂ ਵਿੱਚ ਕੰਮ ਕਰਦੀਆਂ ਮੁਲਾਜ਼ਮ ਜਥੇਬੰਦੀਆਂ ਦੀ ਪ੍ਰਤੀਨਿਧਤਾ ਕਰਦੀ ਹੋਈ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ ਕੇਂਦਰੀ ਕਮੇਟੀ ਦੀ ਮੀਟਿੰਗ 12 ਤੇ 13 ਸਤੰਬਰ ਨੂੰ ਸ੍ਰੀਨਗਰ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਦੇਸ਼ ਦੇ 18 ਪ੍ਰਾਂਤਾਂ ਤੋਂ ਲਗਭਗ 26 ਮੁਲਾਜ਼ਮ ਜਥੇਬੰਦੀਆਂ ਨੇ ਭਾਗ ਲਿਆ।ਮੀਟਿੰਗ ਵਿੱਚ ਪ ਸ ਸ ਫ ਵੱਲੋਂ ਸੂਬਾ ਜਨਰਲ ਸਕੱਤਰ ਅਤੇ ਕੌਮੀ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ, ਪ ਸ ਸ ਫ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਕੌਮੀ ਕਾਰਜਕਾਰਣੀ ਮੈਂਬਰ ਕਰਮਜੀਤ ਸਿੰਘ ਬੀਹਲਾ ਅਤੇ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਸੂਬਾ ਪ੍ਰਧਾਨ ਅਤੇ ਕੌਮੀ ਵੋਮੈਨ ਸਬ-ਕਮੇਟੀ ਮੈਂਬਰ ਹਰਮਨਪ੍ਰੀਤ ਕੌਰ ਗਿੱਲ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਦੀ ਸ਼ੁਰੂਆਤ ਜਥੇਬੰਦੀ ਦੇ ਝੰਡੇ ਲਹਿਰਾਉਣ ਤੋਂ ਬਾਅਦ ਕੌਮੀ ਪ੍ਰਧਾਨ ਸੁਭਾਸ਼ ਲਾਂਬਾ ਨੇ ਕੀਤੀ। ਉਸ ਤੋਂ ਬਾਅਦ ਖੁੱਲ੍ਹੇ ਸੈਸ਼ਨ ਨੂੰ ਸੰਬੋਧਨ ਕਰਦਿਆਂ ਸੀ ਆਈ ਟੀ ਯੂ ਜੰਮੂ ਕਸ਼ਮੀਰ ਦੇ ਪ੍ਰਧਾਨ ਅਤੇ ਵਿਧਾਇਕ ਯੂਸੁਫ਼ ਤਾਰਾਗਾਮੀ ਨੇ ਦੇਸ਼ ਦੇ ਵੱਖ-ਵੱਖ ਪ੍ਰਾਂਤਾਂ ਤੋਂ ਆਏ ਹੋਏ ਡੈਲੀਗੇਟਾਂ ਨੂੰ ਜੀ ਆਇਆ ਆਖਦੇ ਹੋਏ ਜੰਮੂ ਕਸ਼ਮੀਰ ਦੇ ਇਤਿਹਾਸ ਦਾ ਜ਼ਿਕਰ ਕਰਦਿਆਂ ਦੇਸ਼ ਦੀ ਆਜ਼ਾਦੀ ਵਿੱਚ ਇਥੋਂ ਦੇ ਲੋਕਾਂ ਦਾ ਪਾਏ ਹੋਏ ਯੋਗਦਾਨ ਅਤੇ ਆਉਣ ਦੇ ਸਮੇਂ ਜੰਮੂ ਕਸ਼ਮੀਰ ਦੀਆਂ ਪ੍ਰਸਥਿਤੀਆਂ ਦਾ ਜ਼ਿਕਰ ਵੀ ਕੀਤਾ। ਇਸ ਉਪਰੰਤ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਸੁਭਾਸ਼ ਲਾਂਬਾ, ਜਨਰਲ ਸਕੱਤਰ ਏ ਸ੍ਰੀ ਕੁਮਾਰ, ਕੈਸ਼ੀਅਰ ਸ਼ਸ਼ੀਕਾਂਤ ਰਾਏ, ਕੌਮੀ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ,



ਸ੍ਰੀਨਗਰ ਵਿਖੇ ਹੋਈ ਕੌਮੀ ਮੀਟਿੰਗ ਨੂੰ ਇਸਤਰੀ ਮੁਲਾਜ਼ਮਾਂ ਦੀ ਕੌਮੀ ਆਗੂ ਹਰਮਨਪ੍ਰੀਤ ਕੌਰ ਗਿੱਲ ਸੰਬੋਧਨ ਕਰਦੀ ਹੋਈ।

ਜੁਆਇੰਟ ਸਕੱਤਰ ਰਾਸ਼ਿਦ ਨਜ਼ਰ, ਪ੍ਰਸ਼ਾਂਤ ਜਮੋਦੇ ਤੇ ਆਧਾਰਤ ਪ੍ਰਧਾਨਗੀ ਮੰਡਲ ਦੀ ਅਗਵਾਈ ਵਿੱਚ ਦੋ ਰੋਜ਼ਾ ਮੀਟਿੰਗ ਦੀ ਸ਼ੁਰੂਆਤ ਕੀਤੀ ਗਈ। ਸਭ ਤੋਂ ਪਹਿਲਾਂ ਪਿਛਲੀ ਫਰੀਦਾਬਾਦ ਮੀਟਿੰਗ ਤੋਂ ਲੈ ਕੇ ਹੁਣ ਤੱਕ ਵਿਛੜ ਚੁੱਕੇ ਮੁਲਾਜ਼ਮ ਤੇ ਕਿਰਤੀ ਆਗੂਆਂ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿੱਚ ਆਏ ਹੋਏ ਸਵਾਲਾਂ ਦੇ ਜਵਾਬ ਜਨਰਲ ਸਕੱਤਰ ਵੱਲੋਂ ਦਿੱਤੇ ਗਏ। ਮੀਟਿੰਗ ਵਿੱਚ ਪੰਜਾਬ ਵਲੋਂ ਸਾਥੀ ਤੀਰਥ ਸਿੰਘ ਬਾਸੀ ਵਲੋਂ ਰਿਪੋਰਟ ਪੇਸ਼ ਕੀਤੀ ਗਈ ਜਿਸ ਵਿੱਚ ਪੰਜਾਬ ਅੰਦਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਸਾਂਝੇ ਤੌਰ ਤੇ ਕੀਤੇ ਜਾ ਰਹੇ ਸੰਘਰਸ਼ਾਂ ਅਤੇ ਪ.ਸ.ਸ.ਫ. ਵਲੋਂ ਆਜ਼ਾਦਾਨਾ ਤੌਰ ਤੇ ਅਤੇ ਪ.ਸ.ਸ.ਫ. ਨਾਲ ਸਬੰਧਤ ਜਥੇਬੰਦੀਆਂ ਵਲੋਂ ਕੀਤੀਆਂ ਜਾ ਰਹੀਆਂ ਸਰਗਰਮੀਆਂ ਦੀ ਵਿਸਥਾਰ ਸਹਿਤ ਰਿਪੋਰਟ ਪੇਸ਼ ਕੀਤੀ ਅਤੇ ਹਰਮਨਪ੍ਰੀਤ ਕੌਰ ਗਿੱਲ ਵਲੋਂ ਸੂਬੇ ਅੰਦਰ ਇਸਤਰੀ ਮੁਲਾਜ਼ਮਾਂ ਵਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਅਤੇ ਮਿਡ ਡੇ ਮੀਲ, ਆਸ਼ਾ ਵਰਕਰਾਂ ਵਲੋਂ ਕੀਤੇ ਜਾ ਰਹੇ ਸੰਘਰਸ਼ਾਂ ਦੀ ਰਿਪੋਰਟ ਪੇਸ਼ ਕੀਤੀ। ਉਹਨਾਂ ਵਲੋਂ ਕੌਮੀ ਆਗੂਆਂ ਨੂੰ ਬੇਨਤੀ ਕੀਤੀ ਕਿ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਵਲੋਂ ਮਿਤੀ 2 ਅਕਤੂਬਰ ਨੂੰ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾਈ ਕਨਵੈਨਸ਼ਨ ਵਿੱਚ ਕਿਸੇ ਕੌਮੀ ਇਸਤਰੀ ਆਗੂ ਨੂੰ ਭੇਜਿਆ ਜਾਵੇ। ਇਸ ਉਪਰੰਤ ਅਗਲੇ ਪ੍ਰੋਗਰਾਮਾਂ ਸਬੰਧੀ ਐਲਾਨ ਕੀਤਾ ਗਿਆ ਕਿ ਮਿਤੀ 12 ਨਵੰਬਰ ਨੂੰ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਵਲੋਂ ਦਿੱਲੀ ਵਿਖੇ ਇੱਕ ਵਿਸ਼ਾਲ ਕੌਮੀ ਪੱਧਰੀ ਰੈਲੀ ਕੀਤੀ ਜਾਵੇਗੀ ਤਾਂ ਜੋ ਕੇਂਦਰ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਮੰਗਾਂ ਮੰਨਣ ਲਈ ਮਜਬੂਰ ਕੀਤਾ ਜਾ ਸਕੇ।ਇਸ ਰੈਲੀ ਨੂੰ ਸਫਲ ਬਣਾਉਣ ਲਈ ਦੇਸ਼ ਦੇ ਸਾਰੇ ਹੀ ਪ੍ਰਾਂਤਾਂ ਨੂੰ ਸੂਬਾ ਪੱਧਰੀ ਮਾਸ-ਮੀਟਿੰਗਾਂ/ ਕਨਵੈਨਸ਼ਨਾ ਕਰਨ ਦਾ ਹੋਕਾ ਦਿੱਤਾ ਗਿਆ ਜਿਸ ਵਿੱਚ ਕੌਮੀ ਆਗੂਆਂ ਵਲੋਂ ਸ਼ਮੂਲੀਅਤ ਕੀਤੀ ਜਾਵੇਗੀ।

# ਸੰਤ ਬਾਬਾ ਗੁਰਦਾਸ ਦਾਸ ਦੇ ਬਰਸੀ ਸਮਾਗਮ ਸ਼ਰਧਾ ਪੂਰਵਕ ਮਨਾਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਮਹਾਨ ਤਪੱਸਵੀ, ਬ੍ਰਹਮਗਿਆਨੀ ਧੰਨ ਧੰਨ ਸੰਤ ਬਾਬਾ ਗੁਰਦਾਸ ਦਾਸ ਜੀ ਦੇ ਬਰਸੀ ਸਮਾਗਮ ਡੇਰਾ ਮਹਾਨਪੁਰੀ ਸਾਹਰੀ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਬਾਬਾ ਬਲਵੀਰ ਦਾਸ ਜੀ ਰਹਿਨੁਮਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਅਖੰਡ ਪਾਠ ਦੇ ਭੋਗ ਤੇ ਸਰਬੱਤ ਦੇ ਭਲੇ ਦੀ ਅਰਦਾਸ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਸਭ ਭਾਈ ਮਨਜੀਤ ਸਿੰਘ ਟਾਂਡੇ ਵਾਲੇ, ਭਾਈ ਮਨਜਿੰਦਰ ਸਿੰਘ, ਭਾਈ ਮੱਖਣ ਸਿੰਘ ਚੌੜ ਗੁੱਬੀ ਡੇਰਾ ਮਹਾਨਪੁਰੀ ਸਾਹਰੀ ਆਦਿ ਜਥਿਆਂ ਨੇ ਰਸਭਿੰਨਾ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪੰਜਾਬ ਦੇ ਵੱਖ ਵੱਖ ਡੇਰਿਆਂ ਤੋਂ ਸੰਤ ਮਹਾਂਪੁਰਸ਼ਾਂ, ਸਮਾਜਕ ਤੇ ਬੁੱਧੀਜੀਵੀਆਂ ਵਲੋਂ ਸੰਤ ਗੁਰਦਾਸ ਦਾਸ ਜੀ ਦੇ ਮਹਾਨ ਜੀਵਨ ਅਤੇ ਸੰਗਤਾਂ ਲਈ ਕੀਤੇ ਪਰਉਪਕਾਰਾਂ ਬਾਰੇ ਵੱਡੀ ਗਿਣਤੀ 'ਚ ਹਾਜ਼ਰ ਸੰਗਤਾਂ ਨੂੰ ਜਾਣੂ ਕਰਾਇਆ। ਇਸ ਮੌਕੇ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਵਲੋਂ ਵੀ ਹਾਜਰੀ ਭਰੀ। ਸੰਤ ਬਲਵੀਰ ਦਾਸ ਵਲੋਂ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਸਮਾਜਕ ਤੇ ਰਾਜਨੀਤਕ ਸਖ਼ਸ਼ੀਅਤਾਂ ਨੂੰ ਸਨਮਾਨਿਤ ਕੀਤਾ ਅਤੇ ਧੰਨਵਾਦ ਕੀਤਾ। ਇਸ ਮੌਕੇ ਸੇਵਾਦਾਰ ਮਨਜਿੰਦਰ ਸਿੰਘ, ਪਰਮਵੀਰ ਸਿੰਘ, ਪ੍ਰੇਮ ਸਿੰਘ ਡਿਵਿਡਾ ਰਿਹਾਣਾ, ਪ੍ਰੇਮ



ਪਾਲ ਦਿੱਲੀ, ਜੋਗਿੰਦਰ ਲਾਲਾ, ਰਾਜ ਕੁਮਾਰ ਸਾਹਰੀ, ਓਂਕਾਰ ਸਿੰਘ ਕੰਦੋਲਾ, ਓਂਕਾਰ ਸਿੰਘ ਕੰਧਾਲੀ, ਸੁਲਿੰਦਰਜੀਤ ਪਾਲ ਛਿੰਦਾ, ਅਰਮਾਨ ਸਿੰਘ ਸੰਧਰਾਂ ਸੰਧੀਆਂ, ਸੋਹਣ ਸਿੰਘ ਲੰਬੜਦਾਰ, ਸਰਪੰਚ ਜਸਵੀਰ ਸਿੰਘ ਗੋਲਡੀ, ਅਰਵਿੰਦ ਜੇਤੇਵਾਲੀ, ਬਿੱਟੂ ਜੇਤੇਵਾਲੀ, ਲਛਮੀ ਦੇਵੀ, ਜਸਵੀਰ ਕੌਰ, ਬਲਜੀਤ ਕੌਰ, ਰਾਜ ਰਾਣੀ, ਬਿੱਟੂ ਸੇਖੈ, ਸ਼ਾਮ ਲਾਲ ਕੰਧਾਲੀ ਨਾਰੰਗਪੁਰ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਸੰਗਤਾਂ ਲਈ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਫਲਾਂ ਨਾਲ ਭਰੀ ਬਲੈਰੋ ਪਿਕਅੱਪ ਪਲਟੀ

**ਬਲਾਚੌਰ (ਜਸਵਿੰਦਰ ਬੈਂਸ)**- ਰੋਪੜ-ਫਗਵਾੜਾ ਨੈਸ਼ਨਲ ਹਾਈਵੇਅ 'ਤੇ ਕਾਠਗੜ੍ਹ ਨੇੜੇ ਤੜਕੇ ਸਮੇਂ ਫਲਾਂ ਨਾਲ ਭਰੀ ਇੱਕ ਬਲੈਰੋ ਪਿਕਅੱਪ ਗੱਡੀ ਅਚਾਨਕ ਬੇਕਾਬੂ ਹੋ ਕੇ ਪਲਟ ਗਈ। ਹਾਦਸੇ ਵਿੱਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਪ੍ਰਾਪਤ ਜਾਣਕਾਰੀ ਅਨੁਸਾਰ ਬਲੈਰੋ ਪਿਕਅੱਪ ਫਲਾਂ ਨਾਲ ਭਰੀ ਹੋਈ ਸੀ ਅਤੇ ਇਸ ਨੂੰ ਮੁਕਤੀ ਲਾਲ ਪੁੱਤਰ ਤੇਜਾ ਸਿੰਘ ਵਾਸੀ ਦੱਸਿਆ ਗਿਆ ਹੈ, ਜੋ ਰੋਪੜ ਤੋਂ ਬਲਾਚੌਰ ਵੱਲ ਜਾ ਰਿਹਾ ਸੀ। ਕਾਠਗੜ੍ਹ ਨੇੜੇ ਤੜਕੇ ਦੇ ਸਮੇਂ ਅਚਾਨਕ ਡਰਾਈਵਰ ਦੀ ਅੱਖ ਲੱਗਣ ਕਾਰਨ ਗੱਡੀ ਬੇਕਾਬੂ ਹੋ ਕੇ ਸੜਕ 'ਤੇ ਪਲਟ ਗਈ।



ਹਾਦਸੇ ਦੀ ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਸਥਿਤੀ ਨੂੰ ਸੰਭਾਲਿਆ। ਟੀਮ ਵੱਲੋਂ ਕਰੇਨ ਦੀ ਮਦਦ ਨਾਲ ਪਲਟੀ ਹੋਈ ਗੱਡੀ ਨੂੰ ਸਿੱਧਾ ਕਰਵਾਇਆ ਗਿਆ ਅਤੇ ਸੜਕ 'ਤੇ ਪਿਆ ਸਮਾਨ ਹਟਾ ਕੇ ਰੋਡ ਕਲੀਅਰ ਕਰਵਾਇਆ ਗਿਆ, ਤਾਂ ਜੋ ਆਵਾਜਾਈ ਪ੍ਰਭਾਵਿਤ ਨਾ ਹੋਵੇ। ਹਾਦਸੇ ਵਿੱਚ ਕਿਸੇ ਵਿਅਕਤੀ ਦੇ ਜ਼ਖ਼ਮੀ ਜਾਂ ਜਾਨੀ ਨੁਕਸਾਨ ਹੋਣ ਦੀ ਸੂਚਨਾ ਨਹੀਂ ਹੈ। ਇਸ ਹਾਦਸੇ ਨੇ ਇੱਕ ਵਾਰ ਫਿਰ ਲੰਬੇ ਸਫ਼ਰ ਦੌਰਾਨ ਡਰਾਈਵਰਾਂ ਵੱਲੋਂ ਪੂਰੀ ਸਾਵਧਾਨੀ ਵਰਤਣ ਅਤੇ ਨੀਂਦ ਜਾਂ ਥਕਾਵਟ ਮਹਿਸੂਸ ਹੋਣ 'ਤੇ ਵਾਹਨ ਨਾ ਚਲਾਉਣ ਦੀ ਲੋੜ ਨੂੰ ਉਜਾਗਰ ਕੀਤਾ ਹੈ।

# ਫ਼ੌਜ ਤੇ ਪੁਲਸ ਭਰਤੀ ਦੀ ਮੁਫ਼ਤ ਸਿਖਲਾਈ ਜਾਰੀ

**ਕਪੂਰਥਲਾ (ਮਨਜੀਤ ਮਾਨ)**- ਪੰਜਾਬ ਸਰਕਾਰ ਵੱਲੋਂ ਆਰਮੀ ਅਗਨੀਵੀਰ, ਪੈਰਾਮਿਲਟਰੀ ਫੋਰਸਿਜ਼ ਅਤੇ ਪੀ.ਐਸ.ਐਸ.ਐਸ.ਬੀ. ਦੀ ਭਰਤੀ ਲਈ ਮੁਫ਼ਤ ਫਿਜ਼ੀਕਲ ਟ੍ਰੇਨਿੰਗ ਅਤੇ ਲਿਖਤੀ



ਪੇਪਰ ਦੀ ਤਿਆਰੀ ਸੀ-ਪਾਈਟ ਕੈਂਪ, ਥੇਹ ਕਾਂਜਲਾ ਵਿਖੇ ਕਰਵਾਈ ਜਾ ਰਹੀ ਹੈ। ਟ੍ਰੇਨਿੰਗ ਦੌਰਾਨ ਸਿਖਲਾਈ, ਪੜ੍ਹਾਈ, ਰਿਹਾਇਸ਼ ਅਤੇ ਖਾਣਾ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਦਿੱਤਾ ਜਾਵੇਗਾ। ਸੀ-ਪਾਈਟ ਕੈਂਪ ਇੰਚਾਰਜ ਕੈਪਟਨ ਅਜੀਤ ਸਿੰਘ ਨੇ ਦੱਸਿਆ ਕਿ ਕਪੂਰਥਲਾ, ਜਲੰਧਰ, ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਦੇ ਜੋ ਨੌਜਵਾਨ ਆਰਮੀ ਅਗਨੀਵੀਰ ਦਾ ਲਿਖਤੀ ਪੇਪਰ ਪਾਸ ਕਰ ਚੁੱਕੇ ਹਨ, ਉਹ ਫਿਜ਼ੀਕਲ ਦੀ ਤਿਆਰੀ ਲਈ ਸੀ-ਪਾਈਟ ਕੈਂਪ, ਥੇਹ ਕਾਂਜਲਾ ਵਿਖੇ ਪਹੁੰਚ ਕੇ ਸਿਖਲਾਈ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੈਰਾਮਿਲਟਰੀ ਫੋਰਸਜ਼ (ਜਿਵੇਂ ਬੀ.ਐਸ.ਐਫ., ਸੀ.ਆਰ.ਪੀ.ਐਫ., ਆਈ.ਟੀ.ਬੀ.) ਅਤੇ ਪੰਜਾਬ ਪੁਲਿਸ ਦੀ ਫਿਜ਼ੀਕਲ ਟ੍ਰੇਨਿੰਗ ਦੇ ਨਾਲ-ਨਾਲ ਪੀ.ਐਸ.ਐਸ.ਐਸ.ਬੀ. ਦੀ ਭਰਤੀ ਲਈ ਲਿਖਤੀ ਪੇਪਰ ਦੀ ਤਿਆਰੀ ਕਰਨ ਵਾਲੇ ਉਮੀਦਵਾਰ ਵੀ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ। ਇੱਥੇ ਨੌਜਵਾਨਾਂ ਨੂੰ ਸਵੇਰੇ ਅਤੇ ਸ਼ਾਮ ਨਿਯਮਿਤ ਤੌਰ 'ਤੇ ਫਿਜ਼ੀਕਲ ਟ੍ਰੇਨਿੰਗ ਕਰਵਾਈ ਜਾਵੇਗੀ। ਕੈਂਪ ਵਿੱਚ ਉਮੀਦਵਾਰਾਂ ਲਈ ਜਿੰਮ ਅਤੇ ਖੇਡਾਂ ਦਾ ਖ਼ਾਸ ਪ੍ਰਬੰਧ ਹੈ। ਟ੍ਰੇਨਿੰਗ ਲਈ ਆਉਣ ਵਾਲੇ ਉਮੀਦਵਾਰ ਆਪਣੇ ਨਾਲ ਲੋੜੀਂਦੇ ਦਸਤਾਵੇਜ਼ਾਂ (ਜਿਵੇਂ ਕਿ ਆਧਾਰ ਕਾਰਡ, ਦਸਵੀਂ ਜਾਂ ਬਾਰ੍ਹਵੀਂ ਕਲਾਸ ਦਾ ਸਰਟੀਫਿਕੇਟ, ਜਾਤੀ ਸਰਟੀਫਿਕੇਟ ਅਤੇ ਦੋ ਪਾਸਪੋਰਟ ਸਾਈਜ਼ ਫੋਟੋਗ੍ਰਾਫ) ਦੀਆਂ ਫੋਟੋ ਕਾਪੀਆਂ ਲੈ ਕੇ ਕੈਂਪ ਵਿੱਚ ਰਿਪੋਰਟ ਕਰਨ।

# ਸੁਲਤਾਨਪੁਰ ਲੋਧੀ ਵਿਖੇ ਝੋਨੇ ਦੀ ਖਰੀਦ ਲਈ ਪੁਖਤਾ ਪ੍ਰਬੰਧ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਮਾਰਕੀਟ ਕਮੇਟੀ ਸੁਲਤਾਨਪੁਰ ਲੋਧੀ ਦੇ ਮੀਟਿੰਗ ਹਾਲ ਵਿਖੇ ਝੋਨੇ ਦੀ ਆਗਾਮੀ ਖਰੀਦ ਦੇ ਸੁਚਾਰੂ ਪ੍ਰਬੰਧਾਂ ਨੂੰ ਲੈ ਕੇ ਇੱਕ ਵਿਸ਼ੇਸ਼ ਮੀਟਿੰਗ ਦਾ ਸਫਲ ਆਯੋਜਨ ਕੀਤਾ ਗਿਆ।

ਮਾਨਯੋਗ ਉਪ ਮੰਡਲ ਮੈਜਿਸਟਰੇਟ (ਐਸ ਡੀ ਐਮ) ਸੁਲਤਾਨਪੁਰ ਲੋਧੀ, ਜਸਜੀਤ ਸਿੰਘ (ਪੀ ਸੀ ਐਸ.) ਦੀ ਪ੍ਰਧਾਨਗੀ ਹੇਠ ਹੋਈ ਇਸ ਉਸਾਰੂ ਮੀਟਿੰਗ ਵਿੱਚ ਸੈਕਟਰੀ ਮਾਰਕੀਟ ਕਮੇਟੀ ਸ੍ਰੀ ਜਤਿੰਦਰ ਪਾਲ ਸਿੰਘ, ਫੂਡ ਐਂਡ ਸਪਲਾਈਜ਼ ਵਿਭਾਗ ਦੇ ਇੰਸਪੈਕਟਰ ਸ੍ਰੀ ਮਨਪ੍ਰੀਤ ਸਿੰਘ, ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਸਰਦਾਰ ਬਲਦੇਵ ਸਿੰਘ ਅਤੇ ਐਸੋਸੀਏਸ਼ਨ ਦੇ ਹੋਰ ਮੈਂਬਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਦੇ ਨਾਲ ਹੀ ਸਰਕਾਰੀ ਖਰੀਦ ਨੂੰ ਸੁਚਾਰੂ ਬਣਾਉਣ ਲਈ ਮਾਰਕਫੈੱਡ, ਪਨਸਪ ਅਤੇ ਪੰਜਾਬ ਸਟੇਟ ਵੇਅਰਹਾਊਸ ਵਰਗੀਆਂ ਪ੍ਰਮੁੱਖ ਖਰੀਦ ਏਜੰਸੀਆਂ ਦੇ ਇੰਸਪੈਕਟਰ ਵੀ ਉਚੇਚੇ ਤੌਰ 'ਤੇ ਹਾਜ਼ਰ ਰਹੇ।

ਪ੍ਰਸ਼ਾਸਨ ਵੱਲੋਂ ਇਹ ਯਕੀਨੀ ਬਣਾਇਆ ਜਾਵੇਗਾ ਹੈ ਕਿ ਸਾਰੇ ਸਬੰਧਤ ਵਿਭਾਗਾਂ ਦੇ ਆਪਸੀ ਤਾਲਮੇਲ ਨਾਲ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਮੀਟਿੰਗ ਦੇ ਮੁੱਖ ਮੰਤਵ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪਹਿਲੀ ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਜਾ ਰਹੀ ਹੈ ਅਤੇ ਇਸ ਪ੍ਰਕਿਰਿਆ ਨੂੰ ਨਿਰਵਿਘਨ ਨੇਪਰੇ ਚਾੜ੍ਹਨ ਲਈ ਮੰਡੀਆਂ ਵਿੱਚ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ।ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਇੱਕ ਬਹੁਤ ਹੀ ਸਕਾਰਾਤਮਕ ਅਤੇ ਨਿਮਰ ਅਪੀਲ ਕੀਤੀ ਗਈ ਹੈ ਕਿ ਉਹ ਮੰਡੀਆਂ ਵਿੱਚ ਆਪਣੀ ਫਸਲ ਪੂਰੀ ਤਰ੍ਹਾਂ ਸੁਕਾ ਕੇ ਹੀ ਲਿਆਉਣ ਤਾਂ ਜੋ ਉਹਨਾਂ ਦਾ ਝੋਨਾ ਬਿਨਾਂ ਕਿਸੇ ਦੇਰੀ ਤੋਂ ਤੁਰੰਤ ਖਰੀਦਿਆ ਜਾ ਸਕੇ ਅਤੇ ਉਹਨਾਂ ਦੇ ਕੀਮਤੀ ਸਮੇਂ ਦੀ ਬੱਚਤ ਹੋ ਸਕੇ। ਇਸ ਉਪਰਾਲੇ ਨਾਲ ਖਰੀਦ ਏਜੰਸੀਆਂ ਨੂੰ ਵੀ ਆਪਣਾ ਕੰਮ ਸੁਚਾਰੂ ਢੰਗ ਨਾਲ ਕਰਨ ਵਿੱਚ ਵੱਡੀ ਮਦਦ ਮਿਲੇਗੀ, ਜਿਸ ਨਾਲ ਮੰਡੀਆਂ ਵਿੱਚ ਫਸਲ ਦੇ ਅੰਬਾਰ ਨਹੀਂ ਲੱਗਣਗੇ ਅਤੇ ਅਦਾਇਗੀ ਦੀ ਪ੍ਰਕਿਰਿਆ ਵੀ ਸਮੇਂ ਸਿਰ ਮੁਕੰਮਲ ਹੋ ਸਕੇਗੀ।

ਵਾਤਾਵਰਣ ਦੀ ਸੰਭਾਲ ਅਤੇ ਮਨੁੱਖੀ ਜਾਨਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ, ਮੀਟਿੰਗ ਦੌਰਾਨ ਸਮੂਹ ਆੜ੍ਹਤੀਆ ਐਸੋਸੀਏਸ਼ਨ ਅਤੇ ਹਾਜ਼ਰ ਮੈਂਬਰਾਂ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਉਹ ਆਪਣੇ ਨਾਲ ਜੁੜੇ ਕਿਸਾਨਾਂ ਨੂੰ ਪਰਾਲੀ ਅਤੇ ਨਾੜ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕਰਨ।

# ਲਾਇਲਪੁਰ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂਅ ਕੀਤਾ ਰੌਸ਼ਨ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਬੀ ਐਸ ਸੀ (ਨਾਨ-ਮੈਡੀਕਲ) ਸਮੈਸਟਰ-5 ਦੇ ਵਿਦਿਆਰਥੀ ਤੇਜਵੀਰ ਸਿੰਘ ਮਿਨਹਾਸ ਨੇ 'ਨੈਸ਼ਨਲ



ਅਨਵੇਸ਼ਿਕਾ ਐਕਸਪੈਰੀਮੈਂਟਲ ਸਕਿੱਲ ਟੈਸਟ' ਤੇ 'ਜੌਏ ਆਫ਼ ਫਿਜ਼ਿਕਸ' ਪ੍ਰੋਗਰਾਮ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਂ ਰੌਸ਼ਨ ਕੀਤਾ ਹੈ। ਇਹ ਪ੍ਰੋਗਰਾਮ 12 ਤੋਂ 14 ਸਤੰਬਰ ਤੱਕ ਸਿੱਖਿਆ ਸੋਪਾਨ ਆਸ਼ਰਮ, ਕਾਨਪੁਰ ਵਿਖੇ ਆਯੋਜਿਤ ਕੀਤਾ ਗਿਆ ਸੀ। ਇਹ ਪ੍ਰੋਗਰਾਮ ਉੱਘੇ ਭੌਤਿਕ ਵਿਗਿਆਨੀ ਅਤੇ ਪਦਮ ਸ਼੍ਰੀ ਪੁਰਸਕਾਰ ਜੇਤੂ ਪ੍ਰੋਫੈਸਰ ਐਚ ਸੀ ਵਰਮਾ ਦੀ ਅਗਵਾਈ ਹੇਠ ਕਰਵਾਇਆ ਗਿਆ ਸੀ। ਸ਼ੁਰੂਆਤੀ ਜਾਂਚ ਪ੍ਰੀਖਿਆ (ਸਕ੍ਰੀਨਿੰਗ ਟੈਸਟ) ਤੋਂ ਬਾਅਦ, ਜੂਨੀਅਰ (9ਵੀਂ ਤੋਂ 12ਵੀਂ ਜਮਾਤ) ਅਤੇ ਸੀਨੀਅਰ (ਅੰਡਰ-ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ) ਵਰਗਾਂ ਵਿੱਚ ਮੁਕਾਬਲੇ ਲਈ ਦੇਸ਼ ਭਰ ਵਿੱਚੋਂ 900 ਵਿਦਿਆਰਥੀਆਂ ਦੀ ਚੋਣ ਕੀਤੀ ਗਈ ਸੀ। ਸੈਮੀ-ਫਾਈਨਲ ਲਈ ਸੀਨੀਅਰ ਵਰਗ ਵਿੱਚੋਂ 6 ਵਿਦਿਆਰਥੀਆਂ ਨੂੰ ਚੁਣਿਆ ਗਿਆ, ਜਿਨ੍ਹਾਂ ਵਿੱਚ ਤੇਜਵੀਰ ਸਿੰਘ ਮਿਨਹਾਸ ਵੀ ਸ਼ਾਮਲ ਸਨ। ਉਨ੍ਹਾਂ ਨੇ ਆਪਣੇ ਪ੍ਰਯੋਗਿਕ ਹੁਨਰ, ਵਿਗਿਆਨਕ ਸੂਝ-ਬੂਝ ਅਤੇ ਸਮੱਸਿਆ-ਹੱਲ ਕਰਨ ਦੀ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਭਾਗ ਲੈਣ ਵਾਲਿਆਂ ਨੂੰ ਪ੍ਰਯੋਗਿਕ ਭੌਤਿਕ ਵਿਗਿਆਨ ਬਾਰੇ ਕੀਮਤੀ ਜਾਣਕਾਰੀ ਅਤੇ ਤਜਰਬਾ ਹਾਸਲ ਹੋਇਆ ਅਤੇ ਉਨ੍ਹਾਂ ਨੇ ਆਈ ਆਈ ਟੀ ਕਾਨਪੁਰ ਦਾ ਦੌਰਾ ਵੀ ਕੀਤਾ, ਜਿਸ ਵਿੱਚ 'ਟੈਂਡੇਟ੍ਰੋਨ ਪਾਰਟੀਕਲ ਐਕਸਲਰੇਟਰ' ਵਾਲੀ ਨਿਊਕਲੀਅਰ ਫਿਜ਼ਿਕਸ ਲੈਬਾਰਟਰੀ ਵੀ ਸ਼ਾਮਲ ਸੀ। ਵਾਪਸੀ 'ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਸੰਧੂ ਨੇ ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਡਾ. ਨਰਵੀਰ ਸਿੰਘ ਅਤੇ ਵਿਭਾਗ ਦੇ ਹੋਰ ਅਧਿਆਪਕਾਂ ਨਾਲ ਮਿਲ ਕੇ ਤੇਜਵੀਰ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ।

# ਨਸ਼ਿਆਂ ਵਿਰੁੱਧ ਜਾਗਰੂਕਤਾ ਸੰਬੰਧੀ ਸੈਮੀਨਾਰ

**ਸੁਲਤਾਨਪੁਰ ਲੋਧੀ (ਹਨੀ)**- ਐੱਸ ਡੀ ਕਾਲਜ ਫਾਰ ਵੁਮੈਨ ਸੁਲਤਾਨਪੁਰ ਲੋਧੀ ਵਿਖੇ ਐਂਟੀ-ਡਰੱਗ ਕਲੱਬ ਵੱਲੋਂ ਐੱਨ ਐੱਸ ਐੱਸ ਵਿਭਾਗ ਦੇ ਸਹਿਯੋਗ ਨਾਲ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ



ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੀ ਅਗਵਾਈ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਨੇ ਕੀਤੀ । ਇਸ ਦੌਰਾਨ ਬੱਡੀ ਕਲੱਬ ਦੇ ਇੰਚਾਰਜ ਮੈਡਮ ਰਜਨੀ ਬਾਲਾ ਨੇ ਵਿਦਿਆਰਥਣਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਤੌਰ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਹਨਾਂ ਵਿਦਿਆਰਥਣਾਂ ਨੂੰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਜਾਗਰੂਕ ਕਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਅਤੇ ਇੱਕ ਸਿਹਤਮੰਦ ਤੇ ਸਕਾਰਾਤਮਕ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਪਰਿਵਾਰ, ਦੋਸਤਾਂ ਤੇ ਸਮਾਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਵੀ ਉਤਸ਼ਾਹਿਤ ਕੀਤਾ।

# ਵਿਸ਼ਵ ਪੰਜਾਬੀ ਦਿਵਸ ਮਨਾਇਆ

**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਕਪੂਰਥਲਾ ਵਿਖੇ ਵਿਸ਼ਵ ਪੰਜਾਬੀ ਦਿਵਸ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਹੇਠ



ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਨਾਲ ਜੋੜਨਾ ਅਤੇ ਪੰਜਾਬੀ ਭਾਸ਼ਾ ਦੇ ਅਮੀਰ ਵਿਰਸੇ, ਸਾਹਿਤ ਤੇ ਸੱਭਿਆਚਾਰ ਦੀ ਮਹੱਤਤਾ ਤੋਂ ਜਾਣੂ ਕਰਾਉਣਾ ਸੀ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾਵਾਂ, ਪੰਜਾਬੀ ਮੁਹਾਰਨੀ ਦਾ ਉਚਾਰਨ, ਲੇਖਨ ਅਤੇ ਪੰਜਾਬੀ ਲਿਪੀ ਨਾਲ ਜਾਣ ਪਛਾਣ ਆਦਿ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਸਕੂਲ ਦੇ ਪ੍ਰਧਾਨ ਗੁਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸੁਨੇਹਾ ਦਿੰਦੇ ਹੋਏ ਕਿਹਾ ਕਿ ਪੰਜਾਬੀ ਬੋਲੀ ਸਾਡੀ ਰੂਹ ਦੀ ਖ਼ੁਰਾਕ ਹੈ, ਇਸ ਦਾ ਸਤਿਕਾਰ ਕਰਨਾ ਸਾਡੀ ਸਾਰਿਆਂ ਦੀ ਜਿੰਮੇਵਾਰੀ ਹੈ। ਉਹਨਾਂ ਨੇ ਵਿਦਿਆਰਥੀਆਂ ਨੂੰ ਪੰਜਾਬੀ ਮੁਹਾਰਨੀ ਦੇ ਸ਼ੁੱਧ ਉਚਾਰਨ ਦਾ ਸੰਦੇਸ਼ ਦਿੱਤਾ ਅਤੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਨੂੰ ਪੜ੍ਹਨ, ਬੋਲਣ ਅਤੇ ਇਸ ਦੀ ਅਮੀਰ ਵਿਰਾਸਤ ਨੂੰ ਅੱਗੇ ਵਧਾਉਣ ਲਈ ਪ੍ਰੇਰਿਤ ਕੀਤਾ।

# ਸਤਲੋਕ ਧਾਮ ਰੱਤੇਵਾਲ ਵਿਖੇ ਖ਼ੂਨਦਾਨ ਕੈਂਪ ਭਲਕੇ

**ਬਲਾਚੌਰ (ਜਸਵਿੰਦਰ ਬੈਂਸ)**- ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਖ਼ੂਨਦਾਨ ਕੈਂਪ 26 ਸਤੰਬਰ ਨੂੰ ਸਤਲੋਕ ਧਾਮ ਰੱਤੇਵਾਲ ਵਿਖੇ ਲਗਾਇਆ ਜਾ ਰਿਹਾ ਹੈ।

ਇਹ ਕੈਂਪ ਹੋਮੀ ਭਾਬਾ ਕੈਂਸਰ ਹਸਪਤਾਲ ਚੰਡੀਗੜ੍ਹ ਵੱਲੋਂ ਲਗਾਇਆ ਜਾਵੇਗਾ। ਇਹ ਖ਼ੂਨਦਾਨ ਕੈਂਪ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਚੱਲੇਗਾ।

ਕੈਂਪ ਦਾ ਮੁੱਖ ਉਦੇਸ਼ ਲੋੜਵੰਦ ਮਰੀਜ਼ਾਂ ਲਈ ਖ਼ੂਨ ਦੀ ਉਪਲਬਧਤਾ ਵਿੱਚ ਸਹਿਯੋਗ ਦੇਣ ਦੇ ਨਾਲ-ਨਾਲ ਲੋਕਾਂ ਨੂੰ ਖ਼ੂਨਦਾਨ ਵਰਗੀ ਮਹਾਨ ਸੇਵਾ ਨਾਲ ਜੋੜਨਾ ਹੈ।

ਇਸ ਮੌਕੇ ਸਮਾਜ ਸੇਵੀ ਦਰਗੇਸ਼ ਜੰਡੀ ਨੇ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਨੇਕ ਕਾਰਜ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਅਤੇ ਆਪਣਾ ਕੀਮਤੀ ਖ਼ੂਨ ਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸੇਵਾ ਹੈ, ਕਿਉਂਕਿ ਸਾਡੇ ਵੱਲੋਂ ਦਾਨ ਕੀਤਾ ਗਿਆ ਖ਼ੂਨ ਕਿਸੇ ਲੋੜਵੰਦ ਮਰੀਜ਼ ਲਈ ਜੀਵਨ ਬਚਾਉਣ ਦਾ ਸਾਧਨ ਬਣ ਸਕਦਾ ਹੈ।

# ਪੰਜਾਬੀ ਸਰਬਕਲਾ ਸਾਹਿਤ ਅਕਾਦਮੀ ਦਾ ਸਮਾਗਮ ਕਰਵਾਇਆ

**ਫਿਲੌਰ (ਨਿਰਮਲ)**- ਪੰਜਾਬੀ ਸਰਬਕਲਾ ਸਾਹਿਤ ਅਕਾਦਮੀ ਰਜਿ ਫ਼ਿਲੌਰ ਵੱਲੋਂ ਅਟਵਾਲ ਹਾਊਸ ਕਲੋਨੀ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਅਤੇ ਸ਼ਬਦ ਕੀਰਤਨ ਨਾਲ ਹੋਈ। ਇਸ ਉਪਰੰਤ ਕਲਾਕਾਰਾਂ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਪੇਸ਼ਕਾਰੀਆਂ ਦਿੱਤੀਆਂ ਗਈਆਂ। ਪੰਜਾਬੀ ਗਾਇਕ ਅਖਤਰ ਅਲੀ ਮਤੋਈ, ਰਜਨੀ ਸਾਗਰ ਪਟਿਆਲਾ, ਅਸ਼ੋਕ ਫ਼ਿਲੌਰੀ ਅਤੇ ਹੋਰਨਾਂ ਗਾਇਕਾਂ ਨੇ



ਪੰਜਾਬੀ ਸੱਭਿਆਚਾਰ ਨਾਲ ਸਬੰਧਤ ਗੀਤ ਪੇਸ਼ ਕਰਕੇ ਸਰੋਤਿਆਂ ਨੂੰ ਆਪਣੀ ਗਾਇਕੀ ਨਾਲ ਕੀਲ ਕੇ ਰੱਖ ਦਿੱਤਾ। ਮੰਚ ਸੰਚਾਲਨ ਦੀ ਸੇਵਾ ਮੱਖਣ ਸ਼ੇਰਗਿੱਲ ਨੇ ਬਾਖੂਬੀ ਨਿਭਾਈ। ਅਕਾਦਮੀ ਦੇ ਨਿਰਦੇਸ਼ਕ ਰਾਜਬੀਰ ਸਿੰਘ ਮੱਲ੍ਹੀ ਨੇ ਦੱਸਿਆ ਕਿ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ, ਕਲਾ ਅਤੇ ਵਿਰਸੇ ਨਾਲ ਜੋੜਨ ਦੇ ਮੰਤਵ ਨਾਲ ਅਕਾਦਮੀ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੌਕੇ ਸਰਪ੍ਰਸਤ ਹਰਦੀਪ ਸਿੰਘ ਬਲੱਗਣ, ਅੰਤਰਰਾਸ਼ਟਰੀ ਢੋਲ ਵਾਦਕ ਉਸਤਾਦ ਜਨਕ ਰਾਜ, ਪ੍ਰਧਾਨ ਦਲਵਿੰਦਰ ਸਿੰਘ ਦਿਆਲਪੁਰੀ, ਮੀਤ ਪ੍ਰਧਾਨ ਤੇ ਪ੍ਰਮੁੱਖ ਕੋਚ ਚਰਨਜੀਤ ਸਿੰਘ, ਪ੍ਰੈੱਸ ਸਕੱਤਰ ਸੁਨੀਲ ਜੁਨੇਜਾ, ਅਮਰਜੀਤ ਕੌਰ ਬਾਜਵਾ, ਜਨਰਲ ਸਕੱਤਰ ਲਵਪ੍ਰੀਤ ਸਿੰਘ ਭੰਗੂ ਖਾਲਸਾ, ਕਾਨੂੰਨੀ ਸਲਾਹਕਾਰ ਅਮਰਿੰਦਰ ਸਿੰਘ ਮੱਲ੍ਹ, ਜੁਆਇੰਟ ਸਕੱਤਰ ਤੇ ਕੋਰੀਓਗ੍ਰਾਫਰ ਬਲਿਹਾਰ ਸਿੰਘ ਸ਼ੇਰਗਿੱਲ, ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ। ਵਿਸ਼ੇਸ਼ ਸਹਿਯੋਗ: ਹਰਦੇਵ ਸਿੰਘ ਦਿਓਲ ਕੈਨੇਡਾ, ਚੈਨ ਸਿੰਘ ਗਿੱਲ ਯੂਕੇ, ਪਿਆਰਾ ਸਿੰਘ ਗਿੱਲ ਯੂ ਐਸ ਏ, ਕਰਤਾਰ ਸਿੰਘ ਗਿੱਲ ਲੰਬਰਦਾਰ ਯੂਕੇ, ਹਰਦੀਪ ਸਿੰਘ ਬਲੱਗਣ ਯੂ ਐੱਸ ਏ, ਸਤਨਾਮ ਸਿੰਘ ਮੰਡ ਇਟਲੀ, ਕੁੰਦਨ ਸਿੰਘ ਔਜਲਾ ਯੂਕੇ, ਪ੍ਰਿਥੀਪਾਲ ਸਿੰਘ ਚੌਹਾਨ ਕੈਨੇਡਾ, ਸਾਗਰ ਪ੍ਰੀਤ ਸਿੰਘ ਮੱਲ੍ਹੀ ਕੈਨੇਡਾ, ਸਿਮਰਨਜੀਤ ਸਿੰਘ ਮੱਲ੍ਹੀ ਕੈਨੇਡਾ, ਹਰਮਨਜੀਤ ਸਿੰਘ ਭੁੱਲਰ ਕੈਨੇਡਾ, ਗੁਰਮੇਲ ਸਿੰਘ ਧਰਮਕੋਟੀਆ ਯੂਐਸਏ, ਹਰਪ੍ਰੀਤ ਸਿੰਘ ਹੈਰੀ ਫਰਾਂਸ, ਹਰਵਿੰਦਰ ਸਿੰਘ ਗਿੱਲ ਯੂਐਸਏ, ਸੁਰਜੀਤ ਸਿੰਘ ਜੌਹਲ ਇਟਲੀ, ਗੁਰਮੀਤ ਸਿੰਘ ਸੈਣੀ ਜਪਾਨ, ਗੁਰਮੇਲ ਸਿੰਘ ਸੰਧੂ ਲਹੌਰੀਆ ਕੈਨੇਡਾ, ਮੇਜਰ ਦਲਵੀਰ ਸਿੰਘ ਕੈਨੇਡਾ, ਸੰਤੋਖ ਸਿੰਘ ਲਹਿਲ ਕੈਨੇਡਾ, ਰਣਵੀਰ ਸਿੰਘ ਸਾਬੀ ਢਿੱਲੋਂ ਕੈਨੇਡਾ, ਸੁੱਖਾ ਨਰਵਾਲ ਜਰਮਨੀ, ਦਵਿੰਦਰ ਸਿੰਘ ਬਬਲੂ ਯੂਕੇ ਅਤੇ ਕੁਲਦੀਪ ਸਿੰਘ ਪੂਰੇਵਾਲ ਯੂ ਕੇ।

# ਪ੍ਰੋ. ਕੁਲਵੰਤ ਸਿੰਘ ਸੰਧੂ ਤੇ ਡਾ. ਇਕਬਾਲ ਕੌਰ ਵੱਲੋਂ ਕਾਲਜ ਨੂੰ ਪੰਜਾਬੀ ਪੁਸਤਕਾਂ ਦਾਨ

**ਜਲੰਧਰ (ਨ ਜ਼ ਸ)**- ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਪ੍ਰੋ. ਕੁਲਵੰਤ ਸਿੰਘ ਸੰਧੂ ਅਤੇ ਡਾ. ਇਕਬਾਲ ਕੌਰ ਵੱਲੋਂ ਆਪਣੀ ਨਿੱਜੀ ਲਾਇਬਰੇਰੀ ਵਿੱਚੋਂ ਪੰਜਾਬੀ ਦੀਆਂ ਵਡਮੁੱਲੀਆਂ ਪੁਸਤਕਾਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲਾਡੋਵਾਲੀ ਰੋਡ ਦੀ ਲਾਇਬਰੇਰੀ ਲਈ ਦਾਨ ਕੀਤੀਆਂ ਗਈਆਂ। ਇਸ ਪਹਿਲ ਦਾ ਕਾਲਜ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।



ਇਸ ਮੌਕੇ ਕਾਲਜ ਦੀ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਕੌਰ ਨੇ ਪ੍ਰੋ. ਕੁਲਵੰਤ ਸਿੰਘ ਸੰਧੂ ਅਤੇ ਡਾ. ਇਕਬਾਲ ਕੌਰ ਸੰਧੂ ਸਾਬਕਾ ਮੁੱਖੀ ਪੰਜਾਬੀ ਵਿਭਾਗ ਕੇਐਮਵੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਿੱਜੀ ਸੰਗ੍ਰਹਿ ਵਿੱਚੋਂ ਪੁਸਤਕਾਂ ਨੂੰ ਵਿਦਿਆਰਥੀਆਂ ਅਤੇ ਪਾਠਕਾਂ ਲਈ ਉਪਲਬਧ ਕਰਵਾਉਣਾ ਗਿਆਨ ਦੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਵਾਲੀ ਸ਼ਲਾਘਾਯੋਗ ਪਹਿਲ ਹੈ। ਉਨ੍ਹਾਂ ਕਿਹਾ ਕਿ ਪੁਸਤਕਾਂ ਸਿਰਫ਼ ਗਿਆਨ ਦਾ ਸਰੋਤ ਨਹੀਂ ਹੁੰਦੀਆਂ, ਸਗੋਂ ਇਹ ਸਾਡੀ ਭਾਸ਼ਾ, ਵਿਰਾਸਤ ਅਤੇ ਸੱਭਿਆਚਾਰਕ ਚੇਤਨਾ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਸਾਧਨ ਵੀ ਹਨ। ਓ ਐੱਸ ਡੀ ਡਾ. ਨਵਜੋਤ ਕੌਰ ਨੇ ਕਿਹਾ ਕਿ ਕਾਲਜ ਦੀ ਲਾਇਬਰੇਰੀ ਵਿੱਚ ਪੰਜਾਬੀ ਸਾਹਿਤ ਨਾਲ ਸੰਬੰਧਤ ਅਜਿਹੇ ਕੀਮਤੀ ਸੰਗ੍ਰਹਿ ਦਾ ਸ਼ਾਮਲ ਹੋਣਾ ਵਿਦਿਆਰਥੀਆਂ ਨੂੰ ਪੰਜਾਬੀ ਸਾਹਿਤ ਨਾਲ ਹੋਰ ਡੂੰਘਾਈ ਨਾਲ ਜੋੜਨ ਵਿੱਚ ਸਹਾਇਕ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਗਿਆਨ, ਸਾਹਿਤ ਅਤੇ ਸੱਭਿਆਚਾਰਕ ਵਿਰਸੇ ਨਾਲ ਜੁੜੀਆਂ ਅਜਿਹੀਆਂ ਪਹਿਲਕਦਮੀਆਂ ਨੂੰ ਹਮੇਸ਼ਾ ਉਤਸ਼ਾਹਿਤ ਕੀਤਾ ਜਾਵੇਗਾ।

ਇਸ ਮੌਕੇ ਪ੍ਰੋ. ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਪੁਸਤਕਾਂ ਅਲਮਾਰੀਆਂ ਵਿੱਚ ਬੰਦ ਰਹਿਣ ਲਈ ਨਹੀਂ, ਸਗੋਂ ਪੜ੍ਹੀਆਂ ਜਾਣ ਅਤੇ ਨਵੀਂ ਪੀੜ੍ਹੀ ਦੇ ਵਿਚਾਰਾਂ ਨੂੰ ਰੌਸ਼ਨ ਕਰਨ ਲਈ ਹੁੰਦੀਆਂ ਹਨ।

ਆਪਣੀ ਨਿੱਜੀ ਲਾਇਬਰੇਰੀ ਦੀਆਂ ਪੁਸਤਕਾਂ ਵਿਦਿਆਰਥੀਆਂ ਤੱਕ ਪਹੁੰਚਾਉਣਾ ਸਾਡੇ ਲਈ ਖੁਸ਼ੀ ਦੀ ਗੱਲ ਹੈ। ਸਾਡੀ ਕੋਸ਼ਿਸ਼ ਹੈ ਕਿ ਪੰਜਾਬੀ ਸਾਹਿਤ ਦੀਆਂ ਵਡਮੁੱਲੀਆਂ ਰਚਨਾਵਾਂ ਵੱਧ ਤੋਂ ਵੱਧ ਨੌਜਵਾਨਾਂ ਤੱਕ ਪਹੁੰਚਣ ਅਤੇ ਉਨ੍ਹਾਂ ਵਿੱਚ ਪੜ੍ਹਨ ਦੀ ਰੁਚੀ ਹੋਰ ਪ੍ਰਬਲ ਹੋਵੇ। ਡਾ. ਇਕਬਾਲ ਕੌਰ ਨੇ ਵੀ ਕਿਹਾ ਕਿ ਆਪਣੀਆਂ ਪੁਸਤਕਾਂ ਨੂੰ ਵਿਦਿਆਰਥੀਆਂ ਲਈ ਉਪਲਬਧ ਕਰਵਾਉਣ ਨਾਲ ਇਨ੍ਹਾਂ ਪੁਸਤਕਾਂ ਦੀ ਸਾਰਥਕਤਾ ਹੋਰ ਵਧਦੀ ਹੈ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਵਿਦਿਆਰਥੀ ਇਨ੍ਹਾਂ ਪੁਸਤਕਾਂ ਦਾ ਲਾਭ ਲੈ ਕੇ ਪੰਜਾਬੀ ਭਾਸ਼ਾ ਅਤੇ ਸਾਹਿਤ ਨਾਲ ਆਪਣਾ ਰਿਸ਼ਤਾ ਹੋਰ ਮਜ਼ਬੂਤ ਕਰਨਗੇ। ਇਸ ਮੌਕੇ ਤੇ ਪੰਜਾਬੀ ਵਿਭਾਗ ਦੇ ਡਾ ਲਖਵੀਰ ਸਿੰਘ, ਲਾਇਬਰੇਰੀ ਦੇ ਇੰਚਾਰਜ ਸਵਿਤਾ ਅਤੇ ਡਾ. ਸੋਨੀਆ ਕੁੰਦਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਪੱਤਰਕਾਰ ਲਲਿਤ ਮੋਹਨ ਦੀ ਮਾਤਾ ਦੀ ਮੌਤ 'ਤੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ, ਸੁਰਜੀਤ ਢੇਰ)**- ਦੀ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਲਲਿਤ ਮੋਹਨ ਵਾਸੀ ਨੰਗਲ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਨ੍ਹਾਂ ਦੀ ਮਾਤਾ ਚਮੇਲੀ



ਦੇਵੀ 84 ਪਤਨੀ ਸਵਰਗਵਾਸੀ ਇੰਦਰ ਮੋਹਨ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਈ। ਇਸ ਦੁੱਖ ਦੀ ਘੜੀ ਵਿੱਚ ਵੱਖ ਵੱਖ ਪੱਤਰਕਾਰ ਭਾਈਚਾਰੇ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਤੇ ਪ੍ਰਧਾਨ ਰਕੇਸ਼ ਸੈਣੀ, ਗੁਰਪ੍ਰੀਤ ਗਰੇਵਾਲ, ਪ੍ਰੀਤਮ ਸਿੰਘ ਬਰਾਗੀ, ਸੁਭਾਸ਼ ਸ਼ਰਮਾ, ਸੁਰਜੀਤ ਸਿੰਘ ਢੇਰ, ਸਤਨਾਮ ਸਿੰਘ,ਅਬੀ ਰਾਣਾ, ਭਰਬਾਤ ਭੱਟੀ,ਰਣਬੀਰ ਸਿੰਘ ਸੈਣੀ, ਕੁਲਵਿੰਦਰਜੀਤ ਸਿੰਘ ਭਾਟੀਆ, ਸੁਪਿੰਦਰ ਸਿੰਘ, ਰਜੇਸ਼ ਪਟਿਆਲ, ਅਸ਼ੋਕ ਚੋਪੜਾ, ਰਕੇਸ਼ ਰਾਣਾ, ਧਰਮਪਾਲ, ਹਰਭਜਨ ਢਿੱਲੋਂ,ਜੁਝਾਰ ਸਿੰਘ,ਰਾਜਾ, ਸ਼ਿਵ ਕੁਮਾਰ ਕਾਲੀਆ ਨੇ ਲਲਿਤ ਮੋਹਨ ਦੇ ਦੁੱਖ ਵਿਚ ਸ਼ਰੀਕ ਹੋਏ ਅਤੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ।ਉਹ ਆਪਣੇ ਪਿੱਛੇ ਪੁੱਤਰ,ਧੀ ਸਮੇਤ ਹੱਸਦਾ ਵੱਸਦਾ ਵੱਡਾ ਪਰਿਵਾਰ ਛੱਡ ਗਈ।ਉਨ੍ਹਾਂ ਦੀ ਰਸਮ ਪਗੜੀ 27 ਸਤੰਬਰ ਨੂੰ ਲਕਸ਼ਮੀ ਨਰਾਇਣ ਮੰਦਰ ਨੰਗਲ ਟਾਉਨਸ਼ਿਪ ਵਿਖੇ ਹੋਵੇਗੀ।

# ਪ੍ਰਾਇਮਰੀ ਬਲਾਕ ਦੀਆਂ ਖੇਡਾਂ ਦਾ ਆਗਾਜ਼

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਕੋਟ ਫਤੂਹੀ ਬਲਾਕ ਦੀਆਂ ਬਲਾਕ ਪੱਧਰੀ ਪ੍ਰਾਇਮਰੀ ਖੇਡਾਂ ਦਾ ਆਗਾਜ ਸ਼ਾਨੋ-ਸ਼ੌਕਤ ਨਾਲ ਕਲੱਸਟਰ ਇਨਚਾਰਜ ਮੈਡਮ ਦਰਸ਼ਨ ਕੌਰ ਸੀ.ਐੱਚ.ਟੀ ਅਜਨੋਹਾ, ਬਲਜਿੰਦਰ ਪਾਲ ਸੀ.ਐੱਚ.ਟੀ ਇੰਨਚਾਰਜ ਅੱਛਰਵਾਲ, ਕਰਮਵੀਰ ਸੀ.ਐੱਚ.ਟੀ ਇੰਨਚਾਰਜ ਨਡਾਲੋਂ, ਜਤਿੰਦਰ ਕੁਮਾਰ ਸੀ ਐੱਚ ਟੀ ਇੰਚਾਰਜ ਐਮਾਂ ਜੱਟਾਂ, ਗੁਰਪ੍ਰੀਤ ਕੌਰ ਸੀ.ਐੱਚ.ਟੀ. ਇੰਨਚਾਰਜ ਮਜਾਰਾ ਡੀਂਗਰੀਆਂ, ਸੀਮਾ ਜੱਸੀ ਕਲਸਟਰ ਇੰਚਾਰਜ ਅਹਿਰਾਣਾ ਖੁਰਦ ਅਤੇ ਮੀਨਾਕਸ਼ੀ ਸੀ.ਐੱਚ.ਟੀ. ਇੰਨਚਾਰਜ ਬਹਿਬਲਪੁਰ ਦੀ ਅਗਵਾਈ ਵਿੱਚ ਅਤੇ ਸੁਖਜੀਵਨ ਸਿੰਘ, ਬਲਵੀਰ ਸਿੰਘ, ਪਲਵਿੰਦਰ ਕੌਰ, ਰਵਿੰਦਰ ਕੌਰ, ਪਰਮਜੀਤ ਕੌਰ, ਕੁਲਵੰਤ ਕੌਰ, ਨਿਸ਼ਾ ਕੁਮਾਰੀ, ਜੋਤੀ, ਸਰਬਜੀਤ ਕੌਰ, ਹਰਦੇਵ ਗਿੱਲ, ਰਾਜਵਿੰਦਰ ਕੌਰ, ਗੁਰਜੀਤ ਦੇਵੀ, ਅਮਰਜੀਤ, ਕਮਲਾ ਦੇਵੀ, ਕੁਲਵੀਰ ਕੌਰ ਅਤੇ ਸਤਵੀਰ ਕੌਰ (ਸਾਰੇ ਹੈੱਡ-ਟੀਚਰ) ਦੀ ਦੇਖਰੇਖ ਵਿੱਚ ਕਲੱਸਟਰ ਅਜਨੋਹਾ ਵਿਖੇ ਹੋਇਆ।ਇਨ੍ਹਾਂ ਖੇਡਾਂ ਦਾ ਉਦਘਾਟਨ ਪ੍ਰਿੰਸੀਪਲ ਹਰਮਨੋਜ ਕੁਮਾਰ, ਬੀ.ਐਨ.ਓ ਪਵਨ ਕੁਮਾਰ, ਸੀ.ਐਚ.ਟੀ ਹਰਬੰਸ ਲਾਲ ਸੀ, ਐਚ.ਟੀ ਰਾਮ ਸਰੂਪ, ਸੀ.ਐਚ.ਟੀ ਪ੍ਰਦੀਪ



ਕੁਮਾਰ ਅਤੇ ਚੇਅਰਮੈਨ ਗੁਰਮੀਤ ਸਿੰਘ ਨੇਂ ਸਾਂਝੇ ਤੌਰ ਤੇ ਕੀਤਾ।ਇਹਨਾਂ ਖੇਡਾਂ ਵਿੱਚ ਕੋਟ ਫਤੂਹੀ ਬਲਾਕ ਦੇ ਸੱਤ ਕਲੱਸਟਰਾਂ ਦੇ ਪ੍ਰਾਇਮਰੀ ਸਕੂਲਾਂ ਦੇ ਵਿਦਿਆਰਥੀ ਵੱਖ-ਵੱਖ ਖੇਡਾਂ ਵਿੱਚ ਭਾਗ ਲੈ ਰਹੇ ਹਨ।ਪਹਿਲੇ ਦਿਨ ਖੇਡੇ ਕਬੱਡੀ (ਲੜਕੇ) ਪਹਿਲੇ ਮੈਚ ਵਿੱਚ ਅੱਛਰਵਾਲ ਕਲੱਸਟਰ ਦੀ ਟੀਮ ਨੇ ਐਮਾ ਜੱਟਾਂ ਕਲੱਸਟਰ ਨੂੰ ਹਰਾਇਆ, ਦੂਜੇ ਮੈਚ ਵਿੱਚ ਮਜਾਰਾ ਡੀਂਗਰੀਆ ਕਲੱਸਟਰ ਨੇ ਅਜਨੋਹਾ ਕਲੱਸਟਰ ਨੂੰ ਹਰਾਇਆ, ਤੀਜੇ ਮੈਚ ਵਿੱਚ ਬਹਿਬਲਪੁਰ ਕਲੱਸਟਰ ਨੇ ਅਹਿਰਾਣਾ ਖੁਰਦ ਕਲੱਸਟਰ ਨੂੰ ਹਰਾਇਆ।ਸੌ ਮੀਟਰ ਦੌੜ ਵਿੱਚ ਜੈਬੀਅਲ ਨੇ ਪਹਿਲਾ, ਨਵਜੋਤ ਨੇ ਦੂਜਾ ਅਤੇ ਅਮਾਨਤ ਮਸੀਹ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰਾਂ ਸ਼ਤਰੰਜ (ਲੜਕੇ) ਵਿੱਚ ਅਹਿਰਾਣਾ ਖੁਰਦ ਕਲੱਸਟਰ ਨੇ ਪਹਿਲਾ, ਬਹਿਬਲ ਪੁਰ ਕਲੱਸਟਰ ਨੇ ਦੂਜਾ ਅਤੇ ਐਮਾ ਜੱਟਾਂ ਕਲੱਸਟਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਦੋ ਸੌ ਮੀਟਰ ਦੌੜ ਵਿੱਚ ਜੈਬੀਅਲ ਨੇ ਪਹਿਲਾ, ਨਵਜੋਤ ਨੇ ਦੂਜਾ ਅਤੇ ਉਬੈਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਚਾਰ ਸੌ ਮੀਟਰ ਦੌੜ ਵਿੱਚ ਮਨੋਜ ਨੇ ਪਹਿਲਾ, ਰਣਵੀਰ ਨੇ ਦੂਜਾ ਅਤੇ ਉਬੈਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਛੇ ਸੌ ਮੀਟਰ ਦੌੜ ਵਿੱਚ ਆਰੀਅਨ ਨੇ ਪਹਿਲਾ, ਜੈਬੀਅਲ ਨੇ ਦੂਜਾ ਅਤੇ ਹਾਫਿਜ਼ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਰਿਲੇਅ ਵਿੱਚ ਸਰਵੇਸ਼ ਨੇ ਪਹਿਲਾ, ਨਵਜੋਤ ਨੇ ਦੂਜਾ ਅਤੇ ਜਸ਼ਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਸੁਰਿੰਦਰ ਸਿੰਘ ਡਾਟਾ, ਨਰਿੰਦਰ ਅਜਨੋਹਾ, ਹੇਮਰਾਜ, ਸੇਠੀ ਰਾਮ, ਮੱਖਣ ਸਿੰਘ, ਗੁਰਬਿੰਦਰ ਸਿੰਘ, ਅਭਿਸ਼ੇਕ ਗਰਗ, ਕੰਚਨ ਰਾਣੀ, ਹਰਪ੍ਰੀਤ ਕੌਰ, ਦਵਿੰਦਰ ਕੁਮਾਰ, ਅਨਿਲ ਕੁਮਾਰ, ਆਸਥਾ, ਹਰਮਨਪ੍ਰੀਤ ਸਿੰਘ, ਪ੍ਰੀਆ, ਧਰਮਵੀਰ, ਸੁਖਵਿੰਦਰ ਕੌਰ, ਪਰਮਜੀਤ ਕੌਰ, ਸਾਹਿਲ ਹਾਂਡਾ, ਪ੍ਰਭਜੋਤ ਕੌਰ, ਅਨੁਰੀਤ, ਲਕਸ਼ਮੀ ਦੇਵੀ, ਨੇਹਾ, ਕਮਲਜੀਤ ਸਿੰਘ, ਸੁਮਨ, ਜਗਦੇਵ ਸਿੰਘ, ਅਜੇ ਕੁਮਾਰ, ਸੁਰਿੰਦਰ ਕੌਰ, ਨਰੇਸ਼ ਕੁਮਾਰ, ਸਗਲੀ ਰਾਮ, ਸਰਬਜੀਤ ਸਿੰਘ, ਸਿਮਰਨਜੀਤ ਸਿੰਘ, ਅਵਤਾਰ ਸਿੰਘ, ਅਮਨਦੀਪ ਕੌਰ, ਲਖਜੀਤ ਕੌਰ, ਸੰਦੀਪ ਸਿੰਘ, ਅਮਨਦੀਪ ਸਿੰਘ, ਰਵਿੰਦਰ ਸਿੰਘ, ਏਕਤਾ ਰਾਣੀ ਆਦਿ ਸਮੇਤ ਵੱਖ-ਵੱਖ ਸਕੂਲਾਂ ਦੇ ਗਾਈਡ ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਯੂਥ ਕਾਂਗਰਸ ਦੀ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਨਵੀਂ ਦਿੱਲੀ ਸਥਿਤ ਇੰਦਰਾ ਭਵਨ ਵਿਖੇ ਪੰਜਾਬ ਕਾਂਗਰਸ ਦੇ ਪ੍ਰਭਾਰੀ ਸਚਿਨ ਪਾਇਲਟ, ਇੰਡੀਅਨ ਯੂਥ ਕਾਂਗਰਸ ਦੇ ਰਾਸ਼ਟਰੀ ਪ੍ਰਭਾਰੀ ਮਨੀਸ਼ ਸ਼ਰਮਾ ਅਤੇ ਰਾਸ਼ਟਰੀ ਪ੍ਰਧਾਨ ਉਦੈ ਭਾਨੂ ਦੀ ਮੌਜੂਦਗੀ ਵਿੱਚ ਪੰਜਾਬ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ



ਮੀਟਿੰਗ ਵਿੱਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਯੂਥ ਕਾਂਗਰਸ ਦੇ ਪ੍ਰਧਾਨ ਹਿਤਰਾਜ ਜੰਡੀ ਨੇ ਵੀ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਸੰਗਠਨ ਦੀ ਦਿਸ਼ਾ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਖ਼ਾਸ ਤੌਰ 'ਤੇ ਜ਼ਿਲ੍ਹਾ ਪੱਧਰ ਤੋਂ ਲੈ ਕੇ ਜ਼ਮੀਨੀ ਪੱਧਰ ਤੱਕ ਯੂਥ ਕਾਂਗਰਸ ਦੇ ਸੰਗਠਨ ਨੂੰ ਹੋਰ ਸਰਗਰਮ ਅਤੇ ਮਜ਼ਬੂਤ ਬਣਾਉਣ, ਪਾਰਟੀ ਵਰਕਰਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਆਪਸੀ ਤਾਲਮੇਲ ਨੂੰ ਹੋਰ ਬਿਹਤਰ ਕਰਨ ਸਬੰਧੀ ਚਰਚਾ ਹੋਈ। ਮੀਟਿੰਗ ਵਿੱਚ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਨੌਜਵਾਨ ਵਰਗ ਦੀ ਭੂਮਿਕਾ ਅਤੇ ਯੂਥ ਕਾਂਗਰਸ ਦੀਆਂ ਗਤੀਵਿਧੀਆਂ ਨੂੰ ਜ਼ਮੀਨੀ ਪੱਧਰ 'ਤੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਦੇ ਵੱਖ-ਵੱਖ ਪਹਿਲੂਆਂ 'ਤੇ ਵੀ ਵਿਚਾਰ ਕੀਤਾ ਗਿਆ।

ਜ਼ਿਲ੍ਹਾ ਯੂਥ ਕਾਂਗਰਸ ਪ੍ਰਧਾਨ ਹਿਤਰਾਜ ਜੰਡੀ ਨੇ ਕਿਹਾ ਕਿ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਲਈ ਯੂਥ ਵਰਕਰਾਂ ਦੀ ਸਰਗਰਮ ਭਾਗੀਦਾਰੀ ਅਹਿਮ ਹੈ।


ੴ ਸਤਿਗੁਰ ਪ੍ਰਸਾਦਿ ॥

ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੀ ਯਾਦ ਨੂੰ ਸਮਰਪਿਤ

## ਸਾਲਾਨਾ ਜੋੜ ਮੇਲਾ

12, 13 ਅਤੇ 14 ਅੱਸੂ ਸੰਮਤ 558 (28 ਤੋਂ 30 ਸਤੰਬਰ 2026) ਦਿਨ ਸੋਮਵਾਰ, ਮੰਗਲਵਾਰ ਤੇ ਬੁੱਧਵਾਰ ਨੂੰ ਗੁਰਦੁਆਰਾ ਤਪ ਅਸਥਾਨ, ਗੁਰਦੁਆਰਾ ਕਿਸ਼ਨ ਕੰਵਰ ਜੀ ਤਲਾਬ, ਗੁਰਦੁਆਰਾ ਭਾਈ ਸੁੱਖਾ ਜੀ ਅਤੇ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ (ਸਮਾਧ) ਰਾਮਦਾਸ, ਸ੍ਰੀ ਅੰਮ੍ਰਿਤਸਰ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।

**ਸ੍ਰੀ ਅਖੰਡ ਪਾਠ ਸਾਹਿਬ** : 28 ਸਤੰਬਰ 2026 ਦਿਨ ਸੋਮਵਾਰ ਨੂੰ ਸਵੇਰੇ 10.30 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਵੇਗਾ, ਜਿਸ ਦਾ ਭੋਗ 30 ਸਤੰਬਰ 2026 ਦਿਨ ਬੁੱਧਵਾਰ ਨੂੰ ਸਵੇਰੇ 8.30 ਵਜੇ ਪਵੇਗਾ।

**ਧਾਰਮਿਕ ਦੀਵਾਨ** : ਗੁਰਦੁਆਰ ਤਪ ਅਸਥਾਨ, ਗੁਰਦੁਆਰਾ ਕਿਸ਼ਨ ਕੰਵਰ ਜੀ ਤਲਾਬ ਅਤੇ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ (ਸਮਾਧ) ਵਿਖੇ ਮਿਤੀ 29 ਤੋਂ 30 ਸਤੰਬਰ 2026 ਤੀਕ ਲਗਾਤਾਰ ਧਾਰਮਿਕ ਦੀਵਾਨ ਸਜਣਗੇ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਕਥਾਵਾਚਕ, ਢਾਡੀ ਤੇ ਕਵੀਸ਼ਰ ਜਥੇ ਇਲਾਹੀ ਗੁਰਬਾਣੀ ਦੇ ਕੀਰਤਨ, ਬੀਰ ਰਸ ਵਾਰਾਂ ਅਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

**ਅੰਮ੍ਰਿਤ ਸੰਚਾਰ** : 30 ਸਤੰਬਰ 2026 ਨੂੰ ਸਵੇਰੇ 10.00 ਵਜੇ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ (ਸਮਾਧ) ਵਿਖੇ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਤਿਆਰ ਬਰ ਤਿਆਰ ਹੋ ਕੇ ਸਮੇਂ ਸਿਰ ਪੁੱਜਣ ਦੀ ਕਿਰਪਾਲਤਾ ਕਰਨ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ।

ਆਓ ! ਸਾਲਾਨਾ ਜੋੜ ਮੇਲੇ ਸਮੇਂ ਧਾਰਮਿਕ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਹਾਜ਼ਰੀਆਂ ਭਰੀਏ ਅਤੇ ਗੁਰੂ ਜਸ ਸਰਵਣ ਕਰਕੇ ਜੀਵਨ ਸਫ਼ਲਾ ਕਰੀਏ।

ਗੁਰੂ ਪੰਥ ਦਾ ਦਾਸ, **ਐਡਵੋਕੇਟ ਹਰਜਿੰਦਰ ਸਿੰਘ ਧਾਮੀ**
ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਜਾਰੀ ਕਰਤਾ : ਮੈਨੇਜਰ, ਗੁਰਦੁਆਰਾ ਬਾਬਾ ਬੁੱਢਾ ਜੀ ਰਾਮਦਾਸ, ਸ੍ਰੀ ਅੰਮ੍ਰਿਤਸਰ। (84371-08023)